14-DEC-PAGE-1.qxd 12/13/2023 10:09 PM Page 1

ਵੀਰਵਾਰ, 14 ਦਸੰਬਰ, 2023
29 ਮੱਘਰ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 194

# ਨਵਾਂ ਜ਼ਮਾਨਾ

DAILY NAWAN ZAMANA • THURSDAY, 14 DECEMBER, 2023 ਜਲੰਧਰ

ਕੀਮਤ/PRICE : 5.00 ਰੁਪਏ | Regd. No : Pb/JL-123/2021-23, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12

‘ਨਵਾਂ ਜ਼ਮਾਨਾ’ ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

# ਹਾਕਮਾਂ ਦੇ ਕੰਨ ਖੋਲ੍ਹਣ ਲਈ ਲੋਕ ਸਭਾ 'ਚ ਧੂੰਆਂ ਬੰਬ ਚਲਾਏ

## ਅੰਦਰ ਤੇ ਬਾਹਰ ਤਾਨਾਸ਼ਾਹੀ ਖ਼ਿਲਾਫ਼ ਨਾਅਰੇ ਲਾਉਣ ਵਾਲੀ ਮਹਿਲਾ ਸਣੇ ਚਾਰ ਗ੍ਰਿਫ਼ਤਾਰ



ਪੀਲੇ ਰੰਗ ਦੀ ਗੈਸ ਛੱਡੇ ਜਾਣ ਦੌਰਾਨ ਲੋਕ ਸਭਾ ਦੇ ਮੈਂਬਰ ਨੌਜਵਾਨਾਂ ਵੱਲ ਦੇਖਦੇ ਹੋਏ।



ਸੰਸਦ ਦੇ ਬਾਹਰ ਅਮੋਲ ਸ਼ਿੰਦੇ ਨੂੰ ਫੜਦੀ ਪੁਲਸ ਤੇ ਗ੍ਰਿਫ਼ਤਾਰੀ ਦੌਰਾਨ ਨਾਅਰੇ ਲਾਉਂਦੀ ਨੀਲਮ।

**ਨਵੀਂ ਦਿੱਲੀ :** ਦੋ ਬੰਦਿਆਂ ਨੇ ਬੁੱਧਵਾਰ ਬਾਅਦ ਦੁਪਹਿਰ ਲੋਕ ਸਭਾ ਦੀ ਵਿਜ਼ਟਰ ਗੈਲਰੀ ਵਿੱਚੋਂ ਹੇਠਾਂ ਛਾਲਾਂ ਮਾਰ ਕੇ ਪੀਲੀ ਗੈਸ ਛੱਡ ਕੇ ਸਨਸਨੀ ਫੈਲਾ ਦਿੱਤੀ। ਲੋਕ ਸਭਾ ਮੈਂਬਰਾਂ ਨੇ ਹਿੰਮਤ ਕਰਕੇ ਉਨ੍ਹਾਂ ਨੂੰ ਫੜ ਲਿਆ, ਜਦਕਿ ਸੰਸਦ ਦੇ ਬਾਹਰੋਂ ਵੀ ਪੁਲਸ ਨੇ ਇਕ ਮਰਦ ਤੇ ਇਕ ਮਹਿਲਾ ਨੂੰ ਕਾਬੂ ਕੀਤਾ। ਟੈਲੀਵਿਜ਼ਨ ਦੀ ਫੁਟੇਜ਼ ਤੋਂ ਨਜ਼ਰ ਆਇਆ ਕਿ ਬੈਂਚਾਂ 'ਤੇ ਛਾਲਾਂ ਮਾਰਦੇ ਸਾਗਰ ਸ਼ਰਮਾ (ਲਖਨਊ) ਤੇ ਮਨੋਰੰਜਨ (ਮੈਸੂਰ) ਨੂੰ ਸਾਂਸਦ ਫੜਨ ਦੀ ਕੋਸ਼ਿਸ਼ ਕਰ ਰਹੇ ਹਨ। ਕਾਂਗਰਸ ਸਾਂਸਦ ਗੁਰਜੀਤ ਸਿੰਘ ਔਜਲਾ ਨੇ ਕਿਹਾ ਕਿ ਉਨ੍ਹਾ ਇਕ ਨੌਜਵਾਨ ਨੂੰ ਸਭ ਤੋਂ ਪਹਿਲਾਂ ਫੜਿਆ ਤੇ ਗੈਸ ਵਾਲਾ ਗੋਲਾ ਚੁੱਕ ਕੇ ਬਾਹਰ ਸੁੱਟਿਆ। ਜੇ ਡੀ (ਯੂ) ਦੇ ਮੈਂਬਰ ਰਾਮਪ੍ਰੀਤ ਮੰਡਲ ਨੇ ਕਿਹਾ ਕਿ ਦੂਜੇ ਨੌਜਵਾਨ ਨੂੰ ਹਨੂੰਮਾਨ ਬੇਨੀਵਾਲ ਨੇ ਕਾਬੂ ਕੀਤਾ। ਇਕ ਨੌਜਵਾਨ ਨਾਅਰੇ ਲਾ ਰਿਹਾ ਸੀ—ਤਾਨਾਸ਼ਾਹੀ ਨਹੀਂ ਚੱਲੇਗੀ।

ਸਾਗਰ ਮੈਸੂਰ ਤੋਂ ਭਾਜਪਾ ਸਾਂਸਦ ਪ੍ਰਤਾਪ ਸਿਮ੍ਹਾ ਦੇ ਗੈੱਸਟ ਵਜੋਂ ਗੈਲਰੀ ਵਿਚ ਆਇਆ ਸੀ।

ਇਸ ਘਟਨਾ ਤੋਂ ਬਾਅਦ ਲੋਕ ਸਭਾ ਤੇ ਰਾਜ ਸਭਾ ਦੀ ਕਾਰਵਾਈ ਕੁਝ ਸਮੇਂ ਲਈ ਉਠਾ ਦਿੱਤੀ ਗਈ। ਪੁਲਸ ਨੇ ਹਿਸਾਰ ਦੀ 42 ਸਾਲਾ ਨੀਲਮ ਤੇ ਮਹਾਰਾਸ਼ਟਰ ਦੇ ਲਾਤੂਰ ਇਲਾਕੇ ਦੇ 25 ਸਾਲਾ ਅਮੋਲ ਸ਼ਿੰਦੇ ਨੂੰ ਸੰਸਦ ਦੇ ਬਾਹਰ ਟਰਾਂਸਪੋਰਟ ਭਵਨ ਕੋਲੋਂ ਫੜਿਆ। ਉਹ ਵੀ ਪੀਲੇ ਧੂੰਏਂ ਨਾਲ ਪ੍ਰੋਟੈੱਸਟ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਕਿਸੇ ਜਥੇਬੰਦੀ ਨੇ ਨਹੀਂ ਭੇਜਿਆ, ਉਹ ਖੁਦ ਪੁੱਜੇ। ਪੁਲਸ ਇਨ੍ਹਾਂ ਤੋਂ ਇਲਾਵਾ ਗੁਰੂਗਰਾਮ ਦੇ ਲਲਿਤ ਝਾਅ ਤੇ ਇਕ ਹੋਰ ਦੀ ਭਾਲ ਕਰ ਰਹੀ ਹੈ। ਨੀਲਮ ਦੇ ਛੋਟੇ ਭਰਾ ਨੇ ਜੀਂਦ 'ਚ ਦੱਸਿਆ ਕਿ ਉਨ੍ਹਾਂ ਨੂੰ ਪਤਾ ਨਹੀਂ ਕਿ ਉਹ ਦਿੱਲੀ ਕਦੋਂ ਪਹੁੰਚੀ। ਉਹ ਤਾਂ ਸਮਝ ਰਹੇ ਸਨ ਕਿ ਉਹ ਪੜ੍ਹਨ ਲਈ ਹਿਸਾਰ ਵਿਚ ਹੈ। ਉਹ ਦੋ ਦਿਨ ਪਹਿਲਾਂ ਆਈ ਸੀ ਤੇ ਮੰਗਲਵਾਰ ਪਰਤ ਗਈ ਸੀ। ਉਹ ਬੀ ਏ, ਐੱਮ ਏ, ਬੀ ਐੱਡ, ਐੱਮ ਐੱਡ, ਸੀ ਟੀ ਈ ਟੀ, ਐੱਮ ਫਿਲ ਤੇ ਐੱਨ ਈ ਟੀ ਹੈ। ਉਸ ਨੇ ਕਈ ਵਾਰ ਬੇਰੁਜ਼ਗਾਰੀ ਦੇ ਮੁੱਦੇ ਚੁੱਕੇ ਅਤੇ ਉਹ ਕਿਸਾਨਾਂ ਦੇ ਪ੍ਰੋਟੈੱਸਟ ਵਿਚ ਵੀ ਸ਼ਾਮਲ ਹੋਈ ਸੀ।

ਪੁਲਸ ਨੇ ਦੱਸਿਆ ਕਿ ਇਹ ਸਾਰੇ ਆਨਲਾਈਨ ਮਿਲੇ ਸਨ। ਅਜਿਹਾ ਕੋਈ ਸਬੂਤ ਨਹੀਂ, ਜਿਸ ਤੋਂ ਇਨ੍ਹਾਂ ਦੇ ਦਹਿਸ਼ਤਗਰਦ ਜਥੇਬੰਦੀ ਨਾਲ ਸੰਬੰਧ ਹੋਣ ਦਾ ਅੰਦਾਜ਼ਾ ਲੱਗੇ।

ਲੋਕ ਸਭਾ ਵਿਚ ਕਾਂਗਰਸ ਦੇ ਆਗੂ ਅਧੀਰ ਰੰਜਨ ਚੌਧਰੀ ਨੇ ਦੱਸਿਆ—ਦੋ ਨੌਜਵਾਨ ਗੈਲਰੀ ਵਿੱਚੋਂ ਕੁੱਦੇ ਤੇ ਅਜਿਹੀ ਚੀਜ਼ ਸੁੱਟੀ, ਜਿਸ ਵਿੱਚੋਂ ਗੈਸ ਨਿਕਲੀ। ਇਹ ਸੁਰੱਖਿਆ ਚੂਕ ਸੀ, ਕਿਉਂਕਿ ਅੱਜ ਹੀ 2001 ਵਿਚ ਸੰਸਦ 'ਤੇ ਹਮਲੇ ਦੌਰਾਨ ਸ਼ਹੀਦ ਹੋਣ ਵਾਲੇ ਜਵਾਨਾਂ ਦੀ ਸ਼ਹਾਦਤ ਨੂੰ ਯਾਦ ਕੀਤਾ ਜਾ ਰਿਹਾ ਸੀ। ਤ੍ਰਿਣਮੂਲ ਕਾਂਗਰਸ ਦੇ ਕਲਿਆਣਾ ਬੈਨਰਜੀ ਨੇ ਕਿਹਾ ਕਿ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਡੇ-ਵੱਡੇ ਬਿਆਨ ਦਿੰਦੇ ਹਨ, ਪਰ ਸੰਸਦ ਦੀ ਸੁਰੱਖਿਆ ਕਰ ਨਹੀਂ ਪਾਉਂਦੇ।

> **ਨੀਲਮ ਨੇ ਗ੍ਰਿਫ਼ਤਾਰੀ ਤੋਂ ਪਹਿਲਾਂ ਕਿਹਾ-ਮੇਰਾ ਨਾਂਅ ਨੀਲਮ ਹੈ। ਭਾਰਤ ਸਰਕਾਰ ਸਾਡੇ 'ਤੇ ਜ਼ੁਲਮ ਢਾਹ ਰਹੀ ਹੈ, ਜਦੋਂ ਅਸੀਂ ਆਪਣੇ ਹੱਕਾਂ ਲਈ ਆਵਾਜ਼ ਬੁਲੰਦ ਕਰਦੇ ਹਾਂ, ਸਾਨੂੰ ਕੁੱਟਿਆ ਜਾਂਦਾ ਹੈ ਤੇ ਜੇਲ੍ਹਾਂ ਵਿਚ ਸੁੱਟ ਦਿੱਤਾ ਜਾਂਦਾ ਹੈ। ਸਾਡੇ 'ਤੇ ਅੰਨ੍ਹਾ ਤਸ਼ੱਦਦ ਹੁੰਦਾ ਹੈ। ਅਸੀਂ ਕਿਸੇ ਜਥੇਬੰਦੀ ਨਾਲ ਸੰਬੰਧਤ ਨਹੀਂ। ਅਸੀਂ ਵਿਦਿਆਰਥੀ ਹਾਂ ਤੇ ਬੇਰੁਜ਼ਗਾਰ ਹਾਂ। ਸਾਡੇ ਮਾਪੇ ਮਜ਼ਦੂਰੀ ਕਰਦੇ ਹਨ, ਕਿਸਾਨ ਹਨ ਤੇ ਕੁਝ ਛੋਟੇ ਦੁਕਾਨਦਾਰ ਹਨ। ਸਾਡੀਆਂ ਆਵਾਜ਼ਾਂ ਦਬਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਤਾਨਾਸ਼ਾਹੀ ਨਹੀਂ ਚੱਲੇਗੀ। ਸੰਵਿਧਾਨ ਬਚਾਓ। ਮਨੀਪੁਰ ਨੂੰ ਇਨਸਾਫ ਦਿਓ। ਮਹਿਲਾਵਾਂ 'ਤੇ ਅੱਤਿਆਚਾਰ ਨਹੀਂ ਚੱਲੇਗਾ। ਭਾਰਤ ਮਾਤਾ ਦੀ ਜੈ। ਜੈ ਭੀਮ, ਜੈ ਭਾਰਤ।**

## ਮਹਾਂਦੇਵ ਐਪ ਦਾ ਮਾਲਕ ਰਵੀ ਉੱਪਲ ਦੁਬਈ 'ਚ ਫੜਿਆ

**ਨਵੀਂ ਦਿੱਲੀ :** ਮਹਾਂਦੇਵ ਆਨਲਾਈਨ ਸੱਟੇਬਾਜ਼ੀ ਐਪ ਦੇ ਦੋ ਮੁੱਖ ਮਾਲਕਾਂ ਵਿੱਚੋਂ ਇੱਕ ਰਵੀ ਉੱਪਲ ਨੂੰ ਐਨਫੋਰਸਮੈਂਟ ਡਾਇਰੈਕਟੋਰੇਟ (ਈ ਡੀ) ਦੀ ਬੇਨਤੀ 'ਤੇ ਇੰਟਰਪੋਲ ਵੱਲੋਂ ਜਾਰੀ ਰੈੱਡ ਕਾਰਨਰ ਨੋਟਿਸ ਦੇ ਆਧਾਰ 'ਤੇ ਦੁਬਈ ਦੀ ਪੁਲਸ ਨੇ ਹਿਰਾਸਤ 'ਚ ਲੈ ਲਿਆ ਹੈ। ਉੱਪਲ (43) ਨੂੰ ਪਿਛਲੇ ਹਫਤੇ ਹਿਰਾਸਤ 'ਚ ਲਿਆ ਗਿਆ ਅਤੇ ਐਨਫੋਰਸਮੈਂਟ ਡਾਇਰੈਕਟੋਰੇਟ ਦੇ ਅਧਿਕਾਰੀ ਉਸ ਨੂੰ ਭਾਰਤ ਲਿਆਉਣ ਲਈ ਦੁਬਈ ਦੇ ਅਧਿਕਾਰੀਆਂ ਦੇ ਸੰਪਰਕ 'ਚ ਹਨ। ਐਨਫੋਰਸਮੈਂਟ ਡਾਇਰੈਕਟੋਰੇਟ ਕਥਿਤ ਗੈਰ-ਕਾਨੂੰਨੀ ਸੱਟੇਬਾਜ਼ੀ ਨਾਲ ਸੰਬੰਧਤ ਮਨੀ ਲਾਂਡਰਿੰਗ ਮਾਮਲੇ 'ਚ ਉੱਪਲ ਦੀ ਜਾਂਚ ਕਰ ਰਿਹਾ ਹੈ। ਈ ਡੀ ਤੋਂ ਇਲਾਵਾ ਛੱਤੀਸਗੜ੍ਹ ਤੇ ਮੁੰਬਈ ਪੁਲਸ ਵੀ ਮਾਮਲੇ ਦੀ ਜਾਂਚ ਕਰ ਰਹੀਆਂ ਹਨ।

## ਪਰਾਲੀ ਨਾ ਸੜਨ ਦੇ ਬਾਵਜੂਦ ਦਿੱਲੀ ਦੀ ਹਵਾ ਬਹੁਤ ਖਰਾਬ

**ਨਵੀਂ ਦਿੱਲੀ :** ਕੌਮੀ ਰਾਜਧਾਨੀ 'ਚ ਬੁੱਧਵਾਰ ਘੱਟੋ-ਘੱਟ ਤਾਪਮਾਨ 7.4 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ, ਜੋ ਆਮ ਨਾਲੋਂ ਇੱਕ ਡਿਗਰੀ ਘੱਟ ਹੈ। ਦੂਜੇ ਪਾਸੇ ਪੰਜਾਬ, ਹਰਿਆਣਾ ਤੇ ਹੋਰ ਰਾਜਾਂ 'ਚ ਪਰਾਲੀ ਨੂੰ ਅੱਗ ਲੱਗਣੀ ਕਈ ਦਿਨਾਂ ਤੋਂ ਲਗਭਗ ਬੰਦ ਹੈ। ਇਸ ਦੇ ਬਾਵਜੂਦ ਰਾਜਧਾਨੀ ਦੀ ਹਵਾ ਕਾਫੀ ਖਰਾਬ ਹੈ। ਸ਼ਹਿਰ ਦਾ ਏਅਰ ਕੁਆਲਿਟੀ ਇੰਡੈਕਸ 377 'ਤੇ ਰਿਹਾ, ਜੋ 'ਬਹੁਤ ਖਰਾਬ' ਸ਼੍ਰੇਣੀ 'ਚ ਆਉਂਦਾ ਹੈ।

## ਤੇਂਦੂਆ ਵਾਹਨ ਦੀ ਲਪੇਟ 'ਚ ਆ ਕੇ ਮਰਿਆ

**ਨਵੀਂ ਦਿੱਲੀ :** ਦਿੱਲੀ ਦੇ ਅਲੀਪੁਰ ਇਲਾਕੇ 'ਚ ਬੁੱਧਵਾਰ ਸਵੇਰੇ ਕੌਮੀ ਮਾਰਗ-44 'ਤੇ ਤੇਜ਼ ਰਫਤਾਰ ਵਾਹਨ ਦੀ ਲਪੇਟ 'ਚ ਆਉਣ ਨਾਲ ਤੇਂਦੂਏ ਦੀ ਮੌਤ ਹੋ ਗਈ। ਲੋਕਾਂ ਅਨੁਸਾਰ ਇਸ ਨੂੰ ਇੱਕ ਦਿਨ ਪਹਿਲਾਂ ਮੁਖਮੈਲਪੁਰ ਅਤੇ ਇਬਰਾਹੀਮਪੁਰ ਇਲਾਕੇ ਦੇ ਖੇਤਾਂ 'ਚ ਦੇਖਿਆ ਗਿਆ ਸੀ। ਜੰਗਲਾਤ ਵਿਭਾਗ ਅਤੇ ਪ੍ਰਸ਼ਾਸਨ ਨੇ ਗੰਭੀਰਤਾ ਨਹੀਂ ਦਿਖਾਈ ਤੇ ਇਹ ਕਿਸੇ ਗੱਡੀ ਦੀ ਲਪੇਟ 'ਚ ਆਉਣ ਕਰਕੇ ਮਾਰਿਆ ਗਿਆ।

## ਹਿਮਾਚਲ ਦੇ ਉਤਲੇ ਜ਼ਿਲ੍ਹਿਆਂ 'ਚ ਹਲਕੀ ਬਰਫਬਾਰੀ

**ਸ਼ਿਮਲਾ :** ਹਿਮਾਚਲ ਦੇ ਕੁੱਲੂ, ਕਿਨੌਰ ਅਤੇ ਲਾਹੌਲ ਤੇ ਸਪਿਤੀ ਜ਼ਿਲ੍ਹਿਆਂ ਦੇ ਉੱਚਾਈ ਵਾਲੇ ਖੇਤਰਾਂ ਅਤੇ ਪਹਾੜੀ ਖੇਤਰਾਂ ਵਿਚ 24 ਘੰਟਿਆਂ ਦੌਰਾਨ ਹਲਕੀ ਬਰਫਬਾਰੀ ਹੋਈ। ਸਥਾਨਕ ਮੌਸਮ ਕੇਂਦਰ ਮੁਤਾਬਕ ਕਲਪਾ 'ਚ 0.2 ਸੈਂਟੀਮੀਟਰ ਅਤੇ ਕਿਨੌਰ ਜ਼ਿਲ੍ਹੇ ਦੇ ਸਾਂਗਲਾ 'ਚ 0.1 ਸੈਂਟੀਮੀਟਰ ਬਰਫਬਾਰੀ ਹੋਈ। ਮੌਸਮ ਵਿਭਾਗ ਅਨੁਸਾਰ 16 ਦਸੰਬਰ ਤੋਂ ਤਾਜ਼ਾ ਪੱਛਮੀ ਗੜਬੜ ਹਿਮਾਲੀਅਨ ਖੇਤਰ ਨੂੰ ਪ੍ਰਭਾਵਤ ਕਰ ਸਕਦੀ ਹੈ, ਪਰ ਵਿਭਾਗ ਨੇ 19 ਦਸੰਬਰ ਤੱਕ ਖੇਤਰ 'ਚ ਮੌਸਮ ਖੁਸ਼ਕ ਰਹਿਣ ਦੀ ਭਵਿੱਖਬਾਣੀ ਕੀਤੀ ਹੈ।

## ਜੰਮੂ-ਕਸ਼ਮੀਰ 'ਚ ਆਨੰਦ ਮੈਰਿਜ ਐਕਟ ਲਾਗੂ

**ਜੰਮੂ :** ਜੰਮੂ-ਕਸ਼ਮੀਰ ਪ੍ਰਸ਼ਾਸਨ ਵੱਲੋਂ ਆਨੰਦ ਮੈਰਿਜ ਐਕਟ ਤਹਿਤ ਵਿਆਹਾਂ ਦੀ ਰਜਿਸਟ੍ਰੇਸ਼ਨ ਲਈ ਨਿਯਮ ਬਣਾਏ ਗਏ ਹਨ, ਜਿਨ੍ਹਾਂ ਨਾਲ ਸਿੱਖਾਂ ਦੇ ਵਿਆਹਾਂ ਨੂੰ ਮਾਨਤਾ ਦਿੱਤੀ ਜਾਵੇਗੀ। ਇਸ ਨਾਲ ਸਿੱਖਾਂ ਦੀ ਲੰਮੇ ਸਮੇਂ ਦੀ ਮੰਗ ਪੂਰੀ ਹੋ ਗਈ ਹੈ। ਵਿਆਹਾਂ ਦੀ ਰਜਿਸਟ੍ਰੇਸ਼ਨ ਲਈ 'ਜੰਮੂ ਅਤੇ ਕਸ਼ਮੀਰ ਆਨੰਦ ਮੈਰਿਜ ਰਜਿਸਟ੍ਰੇਸ਼ਨ ਨਿਯਮ 2023' ਬਣਾਏ ਗਏ ਹਨ। ਜਾਰੀ ਕੀਤੇ ਸਰਕਾਰੀ ਨੋਟੀਫਿਕੇਸ਼ਨ ਅਨੁਸਾਰ ਸੰਬੰਧਤ ਤਹਿਸੀਲਦਾਰ ਆਪਣੇ ਖੇਤਰੀ ਅਧਿਕਾਰ ਖੇਤਰ ਦੇ ਅੰਦਰ ਅਜਿਹੇ ਵਿਆਹਾਂ ਦੇ ਰਜਿਸਟਰਾਰ ਹੋਣਗੇ। ਕਾਨੂੰਨ, ਨਿਆਂ ਅਤੇ ਸੰਸਦੀ ਮਾਮਲਿਆਂ ਬਾਰੇ ਵਿਭਾਗ ਵੱਲੋਂ 30 ਨਵੰਬਰ ਨੂੰ ਜਾਰੀ ਨੋਟੀਫਿਕੇਸ਼ਨ ਵਿੱਚ ਕਿਹਾ ਗਿਆ ਹੈ—ਸਿੱਖ ਜੋੜੇ ਆਪਣੇ ਵਿਆਹ ਤੋਂ ਬਾਅਦ ਤਿੰਨ ਮਹੀਨਿਆਂ ਦੇ ਅੰਦਰ ਰਜਿਸਟ੍ਰੇਸ਼ਨ ਲਈ ਅਰਜ਼ੀ ਦੇ ਸਕਦੇ ਹਨ, ਪਰ ਜੇ ਸਮਾਂ ਸੀਮਾ ਖਤਮ ਹੋਣ ਤੋਂ ਬਾਅਦ ਰਸਮੀ ਕਾਰਵਾਈਆਂ ਪੂਰੀਆਂ ਹੋ ਜਾਂਦੀਆਂ ਹਨ ਤਾਂ ਲੇਟ ਫੀਸ ਭਰਨੀ ਪਵੇਗੀ। ਜ਼ਿਲ੍ਹਾ ਗੁਰਦੁਆਰਾ ਪ੍ਰਬੰਧਕ ਕਮੇਟੀ ਜੰਮੂ ਦੇ ਮੀਤ ਪ੍ਰਧਾਨ ਬਲਵਿੰਦਰ ਸਿੰਘ ਨੇ ਦੱਸਿਆ—ਇਹ ਲੰਮੇ ਸਮੇਂ ਦੀ ਮੰਗ ਸੀ ਅਤੇ ਅਸੀਂ ਉਪ ਰਾਜਪਾਲ ਦੇ ਆਪਣੇ ਵਾਅਦੇ ਨੂੰ ਨਿਭਾਉਣ ਲਈ ਧੰਨਵਾਦੀ ਹਾਂ।

## ਵਿਦਿਆਰਥਣ ਦੀ ਲਾਸ਼ ਮਿਲੀ

**ਜਲੰਧਰ :** ਇਥੇ ਬਸਤੀ ਬਾਵਾ ਖੇਲ 'ਚੋਂ ਦੋ ਦਿਨ ਪਹਿਲਾਂ ਲਾਪਤਾ ਮੁਟਿਆਰ ਦੀ ਅਰਜੁਨ ਨਗਰ 'ਚ ਸਥਿਤ ਪਲਾਟ 'ਚ ਸੜੀ ਹੋਈ ਲਾਸ਼ ਮਿਲੀ ਹੈ। 18 ਸਾਲਾਂ ਦੀ ਰਾਗਿਨੀ 12ਵੀਂ 'ਚ ਪੜ੍ਹਦੀ ਸੀ। ਬੁੱਧਵਾਰ ਸਵੇਰੇ ਉਸ ਦੇ ਘਰ ਦੇ ਲਾਗੇ ਖਾਲੀ ਪਲਾਟ 'ਚ ਉਸ ਦੀ ਸੜੀ ਲਾਸ਼ ਮਿਲੀ। ਇਸ ਤੋਂ ਬਾਅਦ ਏ ਡੀ ਸੀ ਪੀ ਹਰਿੰਦਰ ਸਿੰਘ ਗਿੱਲ ਅਤੇ ਹੋਰ ਪੁਲਸ ਅਧਿਕਾਰੀ ਮੌਕੇ 'ਤੇ ਪਹੁੰਚੇ। ਕੁੜੀ ਦੇ ਪਿਤਾ ਜਲੰਧਰ 'ਚ ਈ-ਰਿਕਸ਼ਾ ਚਲਾਉਂਦੇ ਹਨ ਤੇ ਮਾਂ ਲੋਕਾਂ ਦੇ ਘਰਾਂ 'ਚ ਕੰਮ ਕਰਦੀ ਹੈ। ਇਹ ਪਰਵਾਰ ਮੂਲ ਰੂਪ ਤੋਂ ਉੱਤਰ ਪ੍ਰਦੇਸ਼ ਦੇ ਬਹਿਰਾਈਚ ਜ਼ਿਲ੍ਹੇ ਦੇ ਪਿੰਡ ਕੌੜੀ ਦਾ ਰਹਿਣ ਵਾਲਾ ਹੈ। ਰਾਗਿਨੀ ਪੰਜ ਭੈਣ-ਭਰਾਵਾਂ 'ਚੋਂ ਸਭ ਤੋਂ ਵੱਡੀ ਸੀ। ਉਸ ਦੇ ਲਾਪਤਾ ਹੋਣ ਤੋਂ ਬਾਅਦ ਉਸ ਦੇ ਰਿਸ਼ਤੇਦਾਰਾਂ ਨੇ ਮੰਗਲਵਾਰ ਸ਼ਾਮ ਬਸਤੀ ਬਾਬਾ ਖੇਲ ਥਾਣੇ 'ਚ ਗੁੰਮਸ਼ੁਦਗੀ ਦੀ ਸ਼ਿਕਾਇਤ ਦਰਜ ਕਰਵਾਈ ਸੀ। ਮੁੱਢਲੀ ਜਾਂਚ ਤੋਂ ਬਾਅਦ ਪੁਲਸ ਇਸ ਨੂੰ ਕਤਲ ਦੱਸ ਰਹੀ ਹੈ। ਵਿਦਿਆਰਥਣ ਦਾ ਸਰੀਰ ਪੂਰੀ ਤਰ੍ਹਾਂ ਸੜ ਗਿਆ ਹੈ, ਪਰ ਉਸ ਦੀ ਜੁੱਤੀ ਨਹੀਂ ਸੜੀ ਤੇ ਨਾ ਹੀ ਕੱਪੜੇ ਸੜੇ।

# ਈ ਵੀ ਰਾਮਾਸਾਮੀ ਇੱਕ ਕਰਮਯੋਗੀ ਸੀ : ਡਾਕਟਰ ਅਟਵਾਲ

## ■ ਪੇਰੀਆਰ ਦੀ ਕਿਤਾਬ 'ਤੇ ਗੋਸ਼ਟੀ

**ਜਲੰਧਰ, (ਗਿਆਨ ਸੈਦਪੁਰੀ)**-'ਤਰਕਹੀਣਤਾ ਵਿੱਚੋਂ ਗੁਲਾਮੀ ਨਿਕਲਦੀ ਹੈ ਤੇ ਗੁਲਾਮੀ ਗ਼ਰੀਬੀ ਅਤੇ ਸ਼ੋਸ਼ਣ ਦਾ ਕਾਰਨ ਬਣਦੀ ਹੈ। ਪੇਰੀਆਰ ਤਰਕਹੀਣਤਾ, ਕਿਸਮਤਵਾਦ ਤੇ ਜੋਤਿਸ਼ ਦਾ ਕੱਟੜ ਵਿਰੋਧੀ ਸੀ। ਕਿਹਾ ਜਾ ਸਕਦਾ ਹੈ ਕਿ ਪੇਰੀਆਰ ਕਰਮਯੋਗੀ ਸੀ।' ਉਕਤ ਵਿਚਾਰਾਂ ਦਾ ਪ੍ਰਗਟਾਵਾ ਡਾ. ਹਰਜਿੰਦਰ ਸਿੰਘ ਅਟਵਾਲ ਸਾਹਿਤ ਸੰਪਾਦਕ 'ਨਵਾਂ ਜ਼ਮਾਨਾ' ਨੇ ਬੁੱਧਵਾਰ ਸ਼ਹੀਦ ਵਿਸ਼ਣੂ ਗਣੇਸ਼ ਪਿੰਗਲੇ ਹਾਲ ਦੇਸ਼ ਭਗਤ ਯਾਦਗਾਰ ਜਲੰਧਰ ਵਿਖੇ ਕੀਤਾ। ਉਹ ਨਵੇਂ ਯੁੱਗ ਦੇ ਸੁਕਰਾਤ ਵਜੋਂ ਜਾਣੇ ਜਾਂਦੇ ਈ ਵੀ ਰਾਮਾਸਾਮੀ ਪੇਰੀਆਰ ਦੀ ਸਮੁੱਚੀ ਰਚਨਾ ਦੀ ਅਨੁਵਾਦਤ ਕਿਤਾਬ ਦੇ ਲੋਕ ਅਰਪਣ ਸਮਾਗਮ ਅਤੇ ਵਿਚਾਰ-ਗੋਸ਼ਟੀ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾ ਕਿਹਾ ਕਿ ਜਦੋਂ ਸਾਡਾ ਦੇਸ਼ ਗੁਲਾਮ ਸੀ ਤਾਂ ਪੇਰੀਆਰ ਉਸ ਵੇਲੇ ਮਨੁੱਖ ਦੇ ਸਵੈਮਾਣ ਅਤੇ ਔਰਤ ਦੀ ਆਜ਼ਾਦੀ ਦੀ ਗੱਲ ਕਰਦੇ ਹਨ। ਪੇਰੀਆਰ ਦੇ ਸੰਘਰਸ਼ ਵਿੱਚ ਰੂਸ ਦੇ ਮਨੁੱਖਵਾਦੀ ਪ੍ਰਬੰਧ ਦੀ ਉਤਸ਼ਾਹਜਨਕ ਭੂਮਿਕਾ ਨਿਭਾਉਣ ਦੀ ਗੱਲ ਕਰਦਿਆਂ ਡਾ. ਅਟਵਾਲ ਨੇ ਕਿਹਾ ਕਿ ਪੇਰੀਆਰ ਜਦੋਂ ਰੂਸ ਗਏ ਤਾਂ ਉੱਥੋਂ ਦੇ ਲੋਕਾਂ ਦੀ ਜ਼ਿੰਦਗੀ ਵੇਖ ਕੇ ਉਨ੍ਹਾ ਦੇ ਦਿਲੋ-ਦਿਮਾਗ਼ 'ਤੇ ਇਹ ਗੱਲ ਘਰ ਕਰ ਗਈ ਕਿ ਭਾਰਤੀਆਂ ਦੀ ਜ਼ਿੰਦਗੀ ਵੀ ਰੂਸੀਆਂ ਵਰਗੀ ਹੋਣੀ ਚਾਹੀਦੀ ਹੈ।

ਸੰਬੰਧਤ ਕਿਤਾਬ ਦੀ ਗੱਲ ਕਰਦਿਆਂ ● ਬਾਕੀ ਸਫ਼ਾ 2 'ਤੇ





ਡਾ. ਹਰਜਿੰਦਰ ਸਿੰਘ ਅਟਵਾਲ ਸੰਬੋਧਨ ਕਰਦੇ ਹੋਏ। ਮੰਚ 'ਤੇ ਸੁਸ਼ੋਭਿਤ ਕਾਮਰੇਡ ਮੰਗਤ ਰਾਮ ਪਾਸਲਾ, ਡਾ. ਕਰਮਜੀਤ ਸਿੰਘ, ਡਾ. ਜਸਵੰਤ ਰਾਏ ਤੇ ਹੋਰ।

# ਨਰੇਗਾ ਕਾਮਿਆਂ ਦੇ ਹੱਕਾਂ 'ਤੇ ਡਾਕਾ ਬਰਦਾਸ਼ਤ ਨਹੀਂ ਹੋਵੇਗਾ : ਗਦਾਈਆ

## ਨਰੇਗਾ ਕਾਮਿਆਂ ਵੱਲੋਂ ਨਾਭਾ ਵਿਖੇ ਬੀ ਡੀ ਪੀ ਓ ਦਫ਼ਤਰ ਅੱਗੇ ਲਗਾਇਆ ਗਿਆ ਰੋਸ ਧਰਨਾ



**ਨਾਭਾ (ਵਰਿੰਦਰ ਵਰਮਾ)** ਨਰੇਗਾ ਕਾਮਿਆਂ ਵੱਲੋਂ ਹੱਕਾਂ ਦੀ ਪ੍ਰਾਪਤੀ ਤੱਕ ਸੰਘਰਸ਼ ਜਾਰੀ ਰਹੇਗਾ, ਕਾਮਿਆਂ ਦੇ ਹੱਕਾਂ 'ਤੇ ਡਾਕਾ ਬਰਦਾਸ਼ਤ ਨਹੀਂ ਕਰਾਂਗੇ, ਨਰੇਗਾ ਕਾਮਿਆਂ ਦੀ ਲਹਿਰ ਦੀ ਉਸਾਰੀ ਕਰਕੇ ਸਰਕਾਰਾਂ ਦੇ ਇਸ਼ਾਰੇ ਤੇ ਮਨਮਾਨੀਆਂ ਕਰ ਰਹੀ ਅਫ਼ਸਰਸ਼ਾਹੀ ਨੂੰ ਨੱਥ ਪਾਈ ਜਾਵੇਗੀ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਰਜਿ. ਏਟਕ ਦੇ ਸੂਬਾ ਪ੍ਰਧਾਨ ਕਾਮਰੇਡ ਕਸ਼ਮੀਰ ਸਿੰਘ ● ਬਾਕੀ ਸਫ਼ਾ 2 'ਤੇ

# ਸੁਪਰੀਮ ਕੋਰਟ ਨੇ ਆਪਣਾ ਫੈਸਲਾ ਬਦਲਿਆ, ਸਮਝੌਤੇ 'ਤੇ ਮੋਹਰ ਨਾ ਲੱਗਣ ਦਾ ਵੈਧਤਾ ਨਾਲ ਲੈਣਾ-ਦੇਣਾ ਨਹੀਂ

**ਨਵੀਂ ਦਿੱਲੀ :** ਸੁਪਰੀਮ ਕੋਰਟ ਦੀ ਸੱਤ ਮੈਂਬਰੀ ਸੰਵਿਧਾਨਕ ਬੈਂਚ ਨੇ ਬੁੱਧਵਾਰ ਫੈਸਲਾ ਸੁਣਾਇਆ ਕਿ ਕਿਸੇ ਸਮਝੌਤੇ 'ਤੇ ਮੋਹਰ ਨਾ ਲੱਗਣ ਜਾਂ ਢੁਕਵੀਂ ਮੋਹਰ ਨਾ ਹੋਣ ਦਾ ਦਸਤਾਵੇਜ਼ ਦੀ ਵੈਧਤਾ ਨਾਲ ਕੋਈ ਲੈਣਾ-ਦੇਣਾ ਨਹੀਂ, ਕਿਉਂਕਿ ਇਸ ਨੁਕਸ ਨੂੰ ਦੂਰ ਕੀਤਾ ਜਾ ਸਕਦਾ ਹੈ। ਚੀਫ ਜਸਟਿਸ ਡੀ ਵਾਈ ਚੰਦਰਚੂੜ ਦੀ ਅਗਵਾਈ ਵਾਲੀ ਬੈਂਚ ਨੇ ਸਰਬਸੰਮਤੀ ਨਾਲ ਫੈਸਲਾ ਸੁਣਾਉਂਦਿਆਂ ਆਪਣੇ ਹੀ ਪਹਿਲੇ ਫੈਸਲੇ ਨੂੰ ਰੱਦ ਕਰ ਦਿੱਤਾ, ਜਿਸ ਵਿਚ ਕਿਹਾ ਗਿਆ ਹੈ ਕਿ ਜੇ ਇਕਰਾਰਨਾਮਾ ਕਰਨ ਵਾਲੀਆਂ ਧਿਰਾਂ ਵਿਚਕਾਰ ਝਗੜਿਆਂ ਨੂੰ ਸੁਲਝਾਉਣ ਲਈ ਕਿਸੇ ਸਮਝੌਤੇ 'ਤੇ ਮੋਹਰ ਨਹੀਂ ਲੱਗੀ ਤਾਂ ਇਹ ਗੈਰਕਾਨੂੰਨੀ ਜਾਂ ਨਾਮੰਨਣਯੋਗ ਨਹੀਂ ਹੈ। ਬੈਂਚ ਨੇ ਕਿਹਾ—ਜਿਨ੍ਹਾਂ ਸਮਝੌਤਿਆਂ 'ਤੇ ਮੋਹਰ ਨਹੀਂ ਲੱਗੀ, ਉਹ ਅਵੈਧ ਨਹੀਂ ਹਨ। ਕਿਸੇ ਵੀ ਸਮਝੌਤੇ ਦੀ ਮੋਹਰ ਦੀ ਘਾਟ ਨੂੰ ਦੂਰ ਕੀਤਾ ਜਾ ਸਕਦਾ ਹੈ।

# ਅੱਜ-ਨਾਮਾ

ਤਾਜ਼ਾ ਚੋਣਾਂ ਵਿੱਚ ਹਾਰ ਦਾ ਅਸਰ ਜਾਪੇ,
ਔਕੜ ਕਾਂਗਰਸ ਪੰਜਾਬ ਦੀ ਬਣੀ ਬੇਲੀ।
ਲੀਡਰ ਛੱਡ ਇੱਕ ਭਾਜਪਾ ਵੱਲ ਤੁਰਿਆ,
ਦੂਜਾ ਪਾਰਟੀ ਦੀ ਛੱਡ ਗਿਆ ਤਣੀ ਬੇਲੀ।
ਭਾਜਪਾ ਵੱਲ ਨੂੰ ਜਾਂਦੇ ਪਏ ਏਸ ਕਰ ਕੇ,
ਉਸ ਵਿੱਚ ਜਾਪਦੀ ਛਾਂ ਕੁਝ ਘਣੀ ਬੇਲੀ।
ਪਹਿਲਾਂ ਗਏ ਫਿਰ ਛੱਡ ਰਹੇ ਭਾਜਪਾ ਨੂੰ,
ਜਿਨ੍ਹਾਂ ਦੀ ਬਾਤ ਨਾ ਓਥੇ ਸੀ ਬਣੀ ਬੇਲੀ।
ਪਰਵਾਸੀ ਪੰਛੀ ਜਿਉਂ ਵੇਖਦੇ ਰੁੱਤ ਬਦਲੀ,
ਜ਼ਿੰਦਾ ਰਹਿਣ ਲਈ ਜਾਂਦੇ ਹਨ ਉੱਡ ਬੇਲੀ।
ਏਦਾਂ ਈ ਲੀਡਰ ਉਡਾਰੀ ਹਨ ਮਾਰ ਜਾਂਦੇ,
ਜਿੱਧਰ ਦਿੱਸ ਪਿਆ ਏਧਰ ਤੋਂ ਗੁੱਡ ਬੇਲੀ।

-ਤੀਸ ਮਾਰ ਖਾਂ

# ਹਿਰਾਸਤ 'ਚੋਂ ਭੱਜਿਆ ਜੱਸਾ ਹੈਪੋਵਾਲ ਫੱਟੜ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਪੰਜਾਬ ਪੁਲਸ ਦੀ ਐਂਟੀ ਗੈਂਗਸਟਰ ਟਾਸਕ ਫੋਰਸ (ਏ ਜੀ ਟੀ ਐੱਫ) ਨੇ ਵੱਡੀ ਕਾਰਵਾਈ ਕਰਦਿਆਂ ਮਾਂ-ਧੀ ਦੇ ਦੋਹਰੇ ਕਤਲ ਸਮੇਤ ਘੱਟੋ-ਘੱਟ ਛੇ ਕਤਲ ਕੇਸਾਂ 'ਚ ਸ਼ਾਮਲ ਖ਼ਤਰਨਾਕ ਗੈਂਗਸਟਰ ਕਰਨਜੀਤ ਸਿੰਘ ਉਰਫ਼ ਜੱਸਾ ਹੈਪੋਵਾਲ ਵੱਲੋਂ ਜ਼ੀਰਕਪੁਰ ਦੇ ਪੀਰਮੁਛੱਲਾ ਇਲਾਕੇ 'ਚ ਪੁਲਸ ਦੀ ਹਿਰਾਸਤ 'ਚੋਂ ਭੱਜਣ ਦੀ ਕੋਸ਼ਿਸ਼ ਨੂੰ ਨਾਕਾਮ ਕਰ ਦਿੱਤਾ, ਜਿਸ ਦੌਰਾਨ ਉਸ ਦੀਆਂ ਲੱਤਾਂ 'ਤੇ ਗੋਲੀਆਂ ਵੱਜੀਆਂ।

ਡੀ ਜੀ ਪੀ ਪੰਜਾਬ ਗੌਰਵ ਯਾਦਵ ਨੇ ਬੁੱਧਵਾਰ ਦੱਸਿਆ ਕਿ 30 ਨਵੰਬਰ ਨੂੰ ਕਾਊਂਟਰ ਇੰਟੈਲੀਜੈਂਸ ਜਲੰਧਰ ਦੀ ਟੀਮ ਵੱਲੋਂ ਵਿਦੇਸ਼ 'ਚ ਰਹਿੰਦੇ ਫਰਾਰ ਗੈਂਗਸਟਰ ਰਾਜੇਸ਼ ਕੁਮਾਰ ਉਰਫ਼ ਸੋਨੂੰ ਖੱਤਰੀ ਅਤੇ ਅੱਤਵਾਦੀ ਹਰਵਿੰਦਰ ਰਿੰਦਾ ਦੇ ਮੁੱਖ ਸ਼ੂਟਰ ਗੈਂਗਸਟਰ ਜੱਸਾ ਹੈਪੋਵਾਲ ਨੂੰ ਜਲੰਧਰ ਦੇ ਬਾਹਰੀ ਇਲਾਕੇ ਤੋਂ ਗ੍ਰਿਫ਼ਤਾਰ ਕੀਤਾ ਸੀ। ਇਸ ਤੋਂ ਬਾਅਦ ਜੱਸੇ ਨੂੰ ਮੈਟਰੋ ਪਲਾਜ਼ਾ ਗੋਲੀਬਾਰੀ ਮਾਮਲੇ, ਜਿਸ ਵਿੱਚ ਉਸ ਨੇ ਆਪਣੇ ਦੋ ਸਾਥੀਆਂ ਨਾਲ 21 ਜੁਲਾਈ ਨੂੰ ਇੱਕ ਵਿਅਕਤੀ ਨੂੰ ਮਾਰਨ ਦੀ ਕੋਸ਼ਿਸ਼ ਕੀਤੀ ਸੀ, ਵਿੱਚ ਪ੍ਰੋਡਕਸ਼ਨ ਵਾਰੰਟ 'ਤੇ ਲਿਆਂਦਾ ਸੀ।

ਯਾਦਵ ਨੇ ਦੱਸਿਆ ਕਿ ਉਨ੍ਹਾਂ ਦੇ ਖੁਲਾਸਿਆਂ ਤੋਂ ਬਾਅਦ ਏ ਡੀ ਜੀ ਪੀ ਪ੍ਰਮੋਦ ਬਾਨ ਦੀ ਸਮੁੱਚੀ ਨਿਗਰਾਨੀ ਹੇਠ ਏ ਜੀ ਟੀ ਐੱਫ ਦੀ ਪੁਲਸ ਟੀਮ ਜੱਸਾ ਹੈਪੋਵਾਲ ਨੂੰ ਪੀਰਮੁਛੱਲਾ ਸਥਿਤ ਬਣੇ ਹੋਟਲ ਮਿਡ ਟਾਊਨ ਨੇੜੇ ਸੁੰਨਸਾਨ ਥਾਂ 'ਤੇ ਲੈ ਕੇ ਜਾ ਰਹੀ ਸੀ, ਜਿੱਥੇ ਕਿ ਉਕਤ ਗੈਂਗਸਟਰ ਨੇ ਕਥਿਤ ਤੌਰ 'ਤੇ ਮੈਟਰੋ ਗੋਲੀਬਾਰੀ ਘਟਨਾ ਵਿੱਚ ਵਰਤੇ ਚੀਨੀ ਪਿਸਤੌਲ ਨੂੰ ਲੁਕਾਉਣ ਦਾ ਦਾਅਵਾ ਕੀਤਾ ਸੀ।

ਉਹਨਾ ਦੱਸਿਆ ਕਿ ਨਿਰਧਾਰਤ ਸਥਾਨ 'ਤੇ ਪਹੁੰਚਣ ਤੋਂ ਬਾਅਦ ਗੈਂਗਸਟਰ ਨੇ ਪੁਲਸ ਕਰਮਚਾਰੀ ਨੂੰ ਧੱਕਾ ਦੇ ਕੇ ਪੁਲਸ ਹਿਰਾਸਤ ਵਿੱਚੋਂ ਭੱਜਣ ਦੀ ਕੋਸ਼ਿਸ਼ ਕੀਤੀ, ਜਿਸ ਕਾਰਨ ਏ ਜੀ ਟੀ ਐੱਫ ਦੀ ਟੀਮ ਨੂੰ ਉਸ ਨੂੰ ਭੱਜਣ ਤੋਂ ਰੋਕਣ ਲਈ ਗੋਲੀਆਂ ● ਬਾਕੀ ਸਫ਼ਾ 2 'ਤੇ



14-DEC-PAGE-1.qxd 12/13/2023 10:11 PM Page 2



## ਸ੍ਰੀ ਤਾਰਾ ਚੰਦ ਵਿੱਦਿਆ ਮੰਦਰ ਵਿਖੇ ਸਰਸਵਤੀ ਪੂਜਾ ਕਰਵਾਈ

**ਭੀਖੀ (ਧਰਮਵੀਰ ਸ਼ਰਮਾ)**-ਸਥਾਨਕ ਸ੍ਰੀ ਤਾਰਾ ਚੰਦ ਸਰਵਹਿੱਤਕਾਰੀ ਵਿੱਦਿਆ ਮੰਦਰ ਵਿਖੇ ਵਿੱਦਿਆ ਦੀ ਦੇਵੀ ਮਾਤਾ ਸਰਸਵਤੀ ਦੀ ਮੂਰਤੀ ਦਾ ਆਗਮਨ ਹੋਇਆ। ਇਸ ਮੌਕੇ ਸਕੂਲ ਵਿੱਚ ਸਰਸਵਤੀ ਪੂਜਾ ਕਰਵਾਈ ਗਈ। ਅੰਤਰਰਾਸ਼ਟਰੀ ਗਿੱਧਾ ਕੋਚ ਪਾਲ ਸਿੰਘ ਸਮਾਓਂ ਨੇ ਮਾਤਾ ਸਰਸਵਤੀ ਦੀ ਮੂਰਤੀ ਸਕੂਲ ਨੂੰ ਭੇਟ ਕੀਤੀ ਤੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾ ਆਪਣੀ ਜ਼ਿੰਦਗੀ ਦੇ ਤਜਰਬੇ ਸਾਂਝੇ ਕਰਦੇ ਹੋਏ ਵਿਦਿਆਰਥੀਆਂ ਨੂੰ ਆਪਣੇ ਅਧਿਆਪਕਾਂ ਅਤੇ ਜਿਸ ਵਿੱਦਿਅਕ ਅਦਾਰੇ ਵਿੱਚ ਸਿੱਖਿਆ ਪ੍ਰਾਪਤ ਕਰਦੇ ਹਨ, ਉਸ ਦਾ ਸਨਮਾਨ ਕਰਨ ਲਈ ਪ੍ਰੇਰਿਆ। ਸਕੂਲ ਮੈਨੇਜਮੈਂਟ ਕਮੇਟੀ ਵੱਲੋਂ ਮੁੱਖ ਮਹਿਮਾਨ ਪਾਲ ਸਿੰਘ ਸਮਾਓਂ ਨੂੰ ਸਨਮਾਨਤ ਕੀਤਾ ਗਿਆ। ਸਕੂਲ ਮੈਨੇਜਮੈਂਟ ਕਮੇਟੀ ਪ੍ਰਧਾਨ ਸਤੀਸ਼ ਕੁਮਾਰ, ਪ੍ਰਬੰਧਕ ਅੰਮ੍ਰਿਤ ਲਾਲ, ਵਾਇਸ ਪ੍ਰਧਾਨ ਪ੍ਰਸ਼ੋਤਮ ਮੱਤੀ, ਸੀਨੀਅਰ ਵਾਇਸ ਪ੍ਰਧਾਨ ਬ੍ਰਿਜ ਲਾਲ, ਐਡਵੋਕੇਟ ਮਨੋਜ ਕੁਮਾਰ ਰੌਕੀ, ਮੱਖਣ ਲਾਲ ਤੇ ਸਕੂਲ ਮੈਨੇਜਮੈਂਟ ਕਮੇਟੀ ਡਾ. ਯਸ਼ਪਾਲ ਸਿੰਗਲਾ ਵਿਸ਼ੇਸ਼ ਰੂਪ ਵਿੱਚ ਹਾਜ਼ਰ ਸਨ।

## ਬਸੀ ਪਠਾਣਾਂ 'ਚ ਮੋਬਾਇਲ ਟਾਵਰ ਦੀਆਂ ਬੈਟਰੀਆਂ ਤੇ ਹੋਰ ਸਮਾਨ ਚੋਰੀ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਬਸੀ ਪਠਾਣਾਂ ਵਿਖੇ ਜੀਓ ਕੰਪਨੀ ਦੇ ਟਾਵਰ 'ਚੋਂ ਬੈਟਰੀਆਂ ਅਤੇ ਹੋਰ ਸਮਾਨ ਚੋਰੀ ਹੋ ਜਾਣ ਦਾ ਸਮਾਚਾਰ ਹੈ। ਪੁਲਸ ਨੂੰ ਦਿੱਤੀ ਗਈ ਸ਼ਿਕਾਇਤ 'ਚ ਕੰਪਨੀ ਦੇ ਲੀਗਲ ਮੈਨੇਜਰ ਲਵਦੀਪ ਸਿੰਘ ਨੇ ਦੱਸਿਆ ਕਿ ਬਸੀ ਪਠਾਣਾਂ ਦੇ ਆਰ.ਆਰ. ਢਾਬੇ ਦੇ ਪਿਛਲੇ ਪਾਸੇ ਉਨ੍ਹਾਂ ਦੀ ਕੰਪਨੀ ਦਾ ਟਾਵਰ ਲੱਗਿਆ ਹੋਇਆ ਹੈ ਜਿੱਥੋਂ ਮਿਤੀ 9-9-23 ਨੂੰ ਨਾਮਾਲੂਮ ਵਿਅਕਤੀ ਬੈਟਰੀਆਂ ਅਤੇ ਹੋਰ ਸਮਾਨ ਚੋਰੀ ਕਰਕੇ ਲੈ ਗਏ।ਨਾਮਾਲੂਮ ਵਿਅਕਤੀਆਂ ਵਿਰੁੱਧ ਥਾਣਾ ਬਸੀ ਪਠਾਣਾਂ ਵਿਖੇ ਮੁਕੱਦਮਾ ਦਰਜ ਕਰਵਾ ਕੇ ਸਿਟੀ ਪੁਲਸ ਦੇ ਸਹਾਇਕ ਥਾਣੇਦਾਰ ਪਰਮਜੀਤ ਸਿੰਘ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

## ਜਨਤਾ ਦੇ ਸਹਿਯੋਗ ਬਿਨਾਂ ਪੁਲਸ ਦਾ ਨਸ਼ਿਆਂ 'ਤੇ ਸ਼ਿਕੰਜਾ ਕੱਸਣਾ ਮੁਸ਼ਕਲ : ਐੱਸ ਪੀ

**ਕਾਲਾਂਵਾਲੀ (ਸੁਰਿੰਦਰ ਪਾਲ ਸਿੰਘ)** : ਡੱਬਵਾਲੀ ਦੇ ਪੁਲਸ ਕਪਤਾਨ ਸੁਮੇਰ ਸਿੰਘ ਨੇ ਥਾਣਾ ਕਾਲਾਂਵਾਲੀ ਵਿਖੇ ਪੱਤਰਕਾਰ ਵਾਰਤਾ ਦੌਰਾਨ ਕਿਹਾ ਕਿ ਨਸ਼ਾ ਅਪਰਾਧ ਦਾ ਪਿਤਾ ਹੈ। ਸਾਨੂੰ ਤਿੰਨ ਗੱਲਾਂ 'ਤੇ ਧਿਆਨ ਦੇਣਾ ਹੋਵੇਗਾ ਕਿ ਨਸ਼ਾ ਕੌਣ ਲੈ ਰਿਹਾ ਹੈ, ਕੌਣ ਪ੍ਰਦਾਨ ਕਰ ਰਿਹਾ ਹੈ ਅਤੇ ਅੱਗੇ ਸਪਲਾਈ ਕੌਣ ਕਰ ਰਿਹਾ ਹੈ? ਇਸ ਲੜੀ ਨੂੰ ਤੋੜਨ ਲਈ ਸਾਨੂੰ ਸਾਰਿਆਂ ਨੂੰ ਮਿਲ ਕੇ ਕੰਮ ਕਰਨਾ ਹੋਵੇਗਾ। ਐਸ ਪੀ ਨੇ ਕਿਹਾ ਕਿ ਨਸ਼ਾ ਖਤਮ ਕਰਨ ਲਈ ਪੁਲਸ ਹਰ ਕਦਮ ਤੇ ਆਮ ਲੋਕਾਂ ਦੇ ਨਾਲ ਹੈ। ਜ਼ਿਲ੍ਹੇ ਭਰ ਵਿੱਚ ਵੱਖ-ਵੱਖ ਪ੍ਰੋਗਰਾਮ ਕਰਵਾਏ ਜਾ ਰਹੇ ਹਨ, ਜਿੱਥੇ ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕੀਤਾ ਜਾ ਰਿਹਾ ਹੈ।ਪੁਲਸ ਸੁਪਰਡੈਂਟ ਨੇ ਕਿਹਾ ਕਿ ਜਨਤਾ ਦੇ ਸਹਿਯੋਗ ਤੋਂ ਬਿਨਾਂ ਇਕੱਲੀ ਪੁਲਸ ਨਸ਼ਿਆਂ 'ਤੇ ਸ਼ਿਕੰਜਾ ਕੱਸ ਨਹੀਂ ਸਕਦੀ। ਉਨ੍ਹਾਂ ਕਿਹਾ ਕਿ ਜੇਕਰ ਕੋਈ ਪੁਲਸ ਮੁਲਾਜ਼ਮ ਸਮੱਗਲਰਾਂ ਨਾਲ ਮਿਲੀਭੁਗਤ ਕਰਦਾ ਹੈ ਤਾਂ ਸਾਨੂੰ ਸੂਚਿਤ ਕਰੋ, ਤੁਰੰਤ ਕਾਰਵਾਈ ਕੀਤੀ ਜਾਵੇਗੀ।ਇਸ ਮੌਕੇ ਕਾਲਾਂਵਾਲੀ ਦੇ ਉਪ ਪੁਲਸ ਕਪਤਾਨ ਗੁਰਦਿਆਲ ਸਿੰਘ, ਐਸ ਐਚ ਓ ਰਾਮਫਲ ਅਤੇ ਪੀ ਆਰ ਓ ਮਦਨ ਲਾਲ ਸਮੇਤ ਥਾਣਾ ਕਾਲਾਂਵਾਲੀ ਦਾ ਸਟਾਫ ਅਤੇ ਮੰਡੀ ਕਾਲਾਂਵਾਲੀ ਦੇ ਪੱਤਰਕਾਰ ਹਾਜ਼ਰ ਸਨ।

## ਪੈਸੇ ਨਾ ਦੇਣ ਤੇ ਗਾਲੀ-ਗਲੋਚ ਦੇ ਦੋਸ਼ 'ਚ 6 ਲੋਕ ਨਾਮਜ਼ਦ

**ਜਲਾਲਾਬਾਦ, (ਜੀਤ ਕੁਮਾਰ)** ਪਿੰਡ ਪ੍ਰਭਾਤ ਸਿੰਘ ਵਾਲਾ ਵਿਖੇ ਇਕ ਵਿਅਕਤੀ ਦੀ ਕੁੱਟਮਾਰ ਕਰਨ ਦੇ ਦੋਸ਼ ਵਿੱਚ ਥਾਣਾ ਸਦਰ ਜਲਾਲਾਬਾਦ ਦੀ ਪੁਲਸ ਨੇ 6 ਲੋਕਾਂ ਦੇ ਖਿਲਾਫ਼ ਪਰਚਾ ਦਰਜ ਕੀਤਾ ਗਿਆ ਹੈ। ਮੁਦੱਈ ਅਸ਼ੋਕ ਕੁਮਾਰ ਪੁੱਤਰ ਜਗਨ ਨਾਥ ਵਾਸੀ ਪ੍ਰਭਾਤ ਸਿੰਘ ਵਾਲਾ ਨੇ ਪੁਲਸ ਕੋਲ ਬਿਆਨ ਦਰਜ ਕਰਾਏ ਗਏ ਹਨ ਕਿ ਦਲਜੀਤ ਸਿੰਘ ਉਰਫ ਗੋਪੀ ਅਤੇ ਜਸਵੰਤ ਸਿੰਘ ਉਰਫ ਜੱਸੀ ਵਗੈਰਾ ਨੇ 6 ਦਸੰਬਰ 2023 ਨੂੰ ਉਸਦੀ ਦੁਕਾਨ ਵਿੱਚ ਆ ਕੇ ਸਮਾਨ ਲੈ ਕੇ ਪੈਸੇ ਨਹੀਂ ਦਿੱਤੇ ਅਤੇ ਪੈਸੇ ਮੰਗਣ 'ਤੇ ਗਾਲੀ-ਗਲੋਚ ਕੀਤਾ, ਦੁਕਾਨ ਨੂੰ ਅੱਗ ਲਾਉਣ ਅਤੇ ਧਮਕੀਆਂ ਦਿੱਤੀਆਂ ਗਈਆਂ ਹਨ, ਜਿਸ 'ਤੇ ਪੁਲਸ ਨੇ ਮੁਦੱਈ ਅਸ਼ੋਕ ਕੁਮਾਰ ਦੇ ਬਿਆਨਾਂ ਦੇ ਅਧਾਰ ਤੇ ਦਲਜੀਤ ਸਿੰਘ ਉਰਫ਼ ਗੋਪੀ ਪੁੱਤਰ ਮਹਿੰਦਰ ਸਿੰਘ ਵਾਸੀ ਪ੍ਰਭਾਤ ਸਿੰਘ ਵਾਲਾ, ਜਸਵੰਤ ਸਿੰਘ ਉਰਫ਼ ਜੱਸੀ ਪੁੱਤਰ ਗੁਰਦੀਪ ਸਿੰਘ ਵਾਸੀ ਪਿੰਡ ਢੰਡੀ ਕਦੀਮ ਅਤੇ 3-4 ਅਣਪਛਾਤੇ ਵਿਅਕਤੀਆਂ ਖਿਲਾਫ਼ ਧਾਰਾ 436, 506, 148, 149 ਆਈਪੀਸੀ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ।

## ਨਵਦੀਪ ਸ਼ੇਖਰ ਪੁੱਜੇ ਸਰਵਹਿੱਤਕਾਰੀ ਵਿੱਦਿਆ ਮੰਦਰ

**ਜਗਰਾਉਂ, (ਅਮਿਤ ਖੰਨਾ)** ਸ੍ਰੀਮਤੀ ਸਤੀਸ਼ ਗੁਪਤਾ ਸਰਵਹਿੱਤਕਾਰੀ ਵਿੱਦਿਆ ਮੰਦਰ ਸੀਨੀਅਰ ਸੈਕੰਡਰੀ ਸਕੂਲ ਵਿਖੇ ਪੂਰੇ ਪੰਜਾਬ ਦੀ ਬਾਲ ਵਾਟਿਕਾ ਦੀ ਟੋਲੀ ਦੀ ਬੈਠਕ ਸੰਪੂਰਨ ਹੋਈ। ਇਸ ਮੌਕੇ ਪੰਜਾਬ ਪ੍ਰਾਂਤ ਦੇ ਮਹਾਂਮੰਤਰੀ ਸ੍ਰੀ ਨਵਦੀਪ ਸ਼ੇਖਰ ਜੀ ਮੁੱਖ ਮਹਿਮਾਨ ਵਜੋਂ ਪਹੁੰਚੇ ਸਨ। ਸ੍ਰੀ ਨਵਦੀਪ ਸ਼ੇਖਰ ਜੀ ਨੇ ਸਕੂਲ ਦੀ ਪ੍ਰਾਰਥਨਾ ਸਭਾ ਵਿੱਚ ਬੱਚਿਆਂ ਨਾਲ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਬੱਚਿਆਂ ਨੂੰ ਦੇਖ ਕੇ ਮੈਨੂੰ ਮੇਰਾ ਬਚਪਨ ਯਾਦ ਆਉਂਦਾ ਹੈ। ਉਨ੍ਹਾਂ ਕਿਹਾ ਕਿ ਹਉਮੈ ਮਨੁੱਖ ਦੇ ਅੱਗੇ ਵੱਧਣ ਦੇ ਰਸਤੇ ਵਿੱਚ ਬਹੁਤ ਵੱਡੀ ਰੁਕਾਵਟ ਬਣਦੀ ਹੈ, ਜਿਸ ਨਾਲ ਆਪਸੀ ਸਬੰਧ ਟੁੱਟ ਜਾਂਦੇ ਹਨ। ਇਸ ਲਈ ਆਪਣੇ ਮਨ ਵਿੱਚ ਕਿਸੇ ਪ੍ਰਤੀ ਬੁਰੀ ਭਾਵਨਾ ਨਹੀਂ ਰੱਖਣੀ ਚਾਹੀਦੀ ਹੈ। ਵਿੱਦਿਆ ਭਾਰਤੀ ਦਾ ਉਦੇਸ਼ ਬੱਚਿਆਂ ਨੂੰ ਸੰਸਕਾਰ ਯੁਕਤ ਸਿੱਖਿਆ ਦੇਣਾ ਹੈ ਤੇ ਇਹ ਸੰਸਕਾਰ ਹੀ ਜੀਵਨ ਭਰ ਮਨੁੱਖ ਦੇ ਨਾਲ ਚੱਲਦੇ ਹਨ। ਵਿੱਦਿਆ ਭਾਰਤੀ ਕਿਤਾਬੀ ਗਿਆਨ ਦੇ ਨਾਲ-ਨਾਲ ਸਰੀਰਕ, ਮਾਨਸਿਕ ਅਧਿਆਤਮਿਕ ਤੇ ਯੋਗ ਵਿੱਦਿਆ ਵੀ ਸਿਖਾਉਂਦੀ ਹੈ ਜਿਸ ਨਾਲ ਤੰਦਰੁਸਤ ਰਿਹਾ ਜਾ ਸਕਦਾ ਹੈ। ਇਸ ਮੌਕੇ ਪ੍ਰਬੰਧਕ ਐਡਵੋਕੇਟ ਵਿਵੇਕ ਭਾਰਦਵਾਜ, ਪ੍ਰਿੰਸੀਪਲ ਸ੍ਰੀਮਤੀ ਨੀਲੂ ਨਰੂਲਾ, ਐਮਐਲ ਬੀ ਗੁਰੂਕੁਲ ਦੇ ਬਾਲ ਵਾਟਿਕਾ ਪ੍ਰਮੁੱਖ ਸ੍ਰੀਮਤੀ ਨੀਲਮ, ਸਮੂਹ ਸਟਾਫ ਤੇ ਬੱਚੇ ਸ਼ਾਮਲ ਸਨ।

## ਗੁਰੂ ਨਾਨਕ ਆਈ ਕੇਅਰ ਸੈਂਟਰ ਨੇ ਕੀਤੇ ਮੁਫ਼ਤ ਅਪ੍ਰੇਸ਼ਨ

**ਸੰਗਤ ਮੰਡੀ (ਰਾਜਦੀਪ ਜੋਸ਼ੀ)** ਗੁਰੂ ਨਾਨਕ ਆਈ ਕੇਅਰ ਸੈਂਟਰ ਘੁੱਦਾ ਵੱਲੋਂ ਚਿੱਟਾ ਮੋਤੀਆ ਦੇ ਨਾਲ ਸਬੰਧਤ ਮਰੀਜ਼ਾਂ ਦੇ ਅਤਿ ਆਧੁਨਿਕ ਤਕਨੀਕ ਰਾਹੀਂ ਮੁਫਤ ਅਪ੍ਰੇਸ਼ਨ ਕੀਤੇ ਗਏ।ਬਠਿੰਡਾ ਦਿਹਾਤੀ ਪ੍ਰੈਸ ਕਲੱਬ ਤੇ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਵੱਲੋਂ ਲੰਘੇ ਦਿਨੀਂ ਪਿੰਡ ਚੁੱਘੇ ਖੁਰਦ ਵਿਖੇ ਅੱਖਾਂ ਦਾ ਮੁਫਤ ਜਾਂਚ ਕੈਂਪ ਲਾਇਆ ਗਿਆ ਸੀ, ਜਿਸ ਵਿੱਚ ਜਿੱਥੇ ਮਰੀਜ਼ਾਂ ਨੂੰ ਦਵਾਈਆਂ ਮੁਫ਼ਤ ਦਿੱਤੀਆਂ ਗਈਆਂ, ਉਥੇ ਹੀ ਲੋੜਵੰਦ ਮਰੀਜ਼ਾਂ ਦੇ ਅਪ੍ਰੇਸ਼ਨ ਵੀ ਮੁਫ਼ਤ ਕਰਾਏ ਗਏ ਹਨ।ਇਨ੍ਹਾਂ ਅਪ੍ਰੇਸ਼ਨਾਂ ਲਈ ਅਬਇੰਦਰ ਸਿੰਘ ਢਿੱਲੋਂ ਵਾਸੀ ਯੂਐਸਏ ਤੇ ਉਨਾਂ ਦੇ ਭਰਾ ਯਾਦਵਿੰਦਰ ਸਿੰਘ ਪੁੱਤਰ ਸਵ: ਬੇਅੰਤ ਸਿੰਘ (ਸੇਵਾ ਮੁਕਤ ਹੈੱਡਮਾਸਟਰ) ਵਾਸੀ ਭੁੱਚੋ ਕਲਾਂ ਵੱਲੋਂ ਆਪਣੇ ਪਿਤਾ ਦੀ ਯਾਦ ਵਿੱਚ ਸੇਵਾ ਕੀਤੀ ਗਈ ਹੈ।ਇਹ ਅਪ੍ਰੇਸ਼ਨ ਡਾ. ਕਰਨ ਸਾਰਵਾਲ ਤੇ ਉਨ੍ਹਾਂ ਦੀ ਟੀਮ ਵੱਲੋਂ ਕੀਤੇ ਗਏ। ਮਰੀਜ਼ਾਂ ਦੇ ਲੈਂਜ ਪਾਏ ਗਏ।ਹਸਪਤਾਲ ਦੇ ਪ੍ਰਬੰਧਕਾਂ ਨੇ ਕਿਹਾ ਕਿ ਹੋਰ ਕੋਈ ਵੀ ਲੋੜਵੰਦ ਮਰੀਜ਼ ਮੁਫ਼ਤ ਅਪ੍ਰੇਸ਼ਨ ਕਰਾਉਣਾ ਚਾਹੁੰਦਾ ਹੈ ਤਾਂ ਉਹ ਗੁਰੂ ਨਾਨਕ ਆਈ ਕੇਅਰ ਸੈਂਟਰ (ਸਿਵਲ ਹਸਪਤਾਲ ਘੁੱਦਾ ਦੇ ਸਾਹਮਣੇ) ਸੰਪਰਕ ਕਰ ਸਕਦਾ ਹੈ।ਅਪ੍ਰੇਸ਼ਨਾਂ ਮੌਕੇ ਕਲੱਬ ਚੇਅਰਮੈਨ ਗੁਰਜੀਤ ਚੌਹਾਨ ਵੱਲੋਂ ਵਿਸ਼ੇਸ਼ ਸੇਵਾਵਾਂ ਦਿੱਤੀਆਂ ਗਈਆਂ।

# ਹਿੰਦ-ਪਾਕਿ ਦੋਸਤੀ ਮੰਚ ਦੇ ਜਰਮਨ ਸ਼ਾਖਾ ਦੇ ਪ੍ਰਧਾਨ ਨਾਲ ਧੋਖਾਧੜੀ, ਬੈਗ ਬਦਲਿਆ

### ਲੁਫਥਾਂਸਾ ਏਅਰਲਾਈਨਜ਼ ਦੇ ਮੁਲਾਜ਼ਮਾਂ ਤੇ ਕੋਰੀਅਰ ਕੰਪਨੀ ਦੀ ਮਿਲੀਭੁਗਤ ਹੋਣ ਦਾ ਸ਼ੱਕ




**ਜਲੰਧਰ**-ਹਿੰਦ-ਪਾਕਿ ਦੋਸਤੀ ਮੰਚ ਦੇ ਜਰਮਨ ਸ਼ਾਖਾ ਦੇ ਪ੍ਰਧਾਨ ਗਿਆਨ ਸਿੰਘ, ਜੋ ਕਿ ਅਟਾਰੀ ਸਰਹੱਦ ਵਿਖੇ ਮੋਮਬੱਤੀਆਂ ਜਗਾਉਣ ਦੇ ਪ੍ਰੋਗਰਾਮ ਵਿਚ ਸ਼ਿਰਕਤ ਕਰਨ ਲਈ ਬੀਤੀ 8 ਅਗਸਤ ਨੂੰ ਉਚੇਚੇ ਤੌਰ 'ਤੇ ਜਰਮਨ ਤੋਂ ਭਾਰਤ ਆਏ ਸਨ, ਨੇ ਪ੍ਰੈੱਸ ਕਲੱਬ ਜਲੰਧਰ ਵਿਖੇ ਪ੍ਰੈੱਸ ਕਾਨਫਰੰਸ ਦੌਰਾਨ ਦੱਸਿਆ ਕਿ ਦਿੱਲੀ ਪੁੱਜਣ 'ਤੇ ਲੁਫਥਾਂਸਾ ਦੇ ਅਧਿਕਾਰੀਆਂ ਨੇ ਉਹਨਾ ਨੂੰ ਕਿਹਾ ਕਿ ਤੁਹਾਡਾ ਬੈਗ ਇਸ ਫਲਾਈਟ ਵਿਚ ਨਹੀਂ ਪੁੱਜਾ ਤੇ ਉਹ ਅਗਲੀ ਫਲਾਈਟ ਵਿਚ ਆਉਣ 'ਤੇ ਤੁਹਾਡੇ ਜਲੰਧਰ ਵਿਚਲੇ ਪਤੇ 'ਤੇ ਡਲਿਵਰ ਕਰ ਦਿੱਤਾ ਜਾਵੇਗਾ।

ਅਗਲੇ ਦਿਨ ਲੁਫਥਾਂਸਾ ਏਅਰਲਾਈਨਜ਼ ਦੇ ਨੁਮਾਇੰਦੇ ਨੇ ਫੋਨ 'ਤੇ ਦੱਸਿਆ ਕਿ ਤੁਹਾਡਾ ਬੈਗ ਸਾਡੇ ਕੋਲ ਪੁੱਜ ਗਿਆ ਹੈ, ਅਸੀਂ ਇਸ ਨੂੰ ਵੀ ਵੀ ਇੰਟਰਨੈਸ਼ਨਲ ਕੋਰੀਅਰ ਦੇ ਮਾਲਕ ਮਿਸਟਰ ਕਥੂਰੀਆ ਨੂੰ ਸੀਲ ਤੇ ਰੈਪ ਕਰ ਕੇ ਹੈਂਡਓਵਰ ਕਰ ਦਿੱਤਾ ਹੈ ਤੇ ਇਹ ਤੁਹਾਨੂੰ 10 ਅਗਸਤ ਤੱਕ ਮਿਲ ਜਾਵੇਗਾ, ਪਰ ਕੋਰੀਅਰ ਕੰਪਨੀ ਦੇ ਮੁਲਾਜ਼ਮਾਂ ਨੇ ਬੈਗ 14 ਅਗਸਤ ਨੂੰ ਪਹੁੰਚਾਇਆ।

ਉਸ ਦਿਨ ਉਹ ਹਿੰਦ-ਪਾਕਿ ਦੋਸਤੀ ਮੰਚ ਦੇ ਪ੍ਰੋਗਰਾਮ ਵਿਚ ਸ਼ਿਰਕਤ ਕਰਨ ਲਈ ਗਏ ਹੋਏ ਸਨ। ਘਰ ਵਿਚਲੇ ਮੁਲਾਜ਼ਮਾਂ ਨੇ ਜਦੋਂ ਬੈਗ ਨੂੰ ਖੋਲ੍ਹਿਆ ਤਾਂ ਦੇਖਿਆ ਕਿ ਇਸ ਬੈਗ ਵਿਚ, ਜੋ ਸਾਮਾਨ ਹੈ, ਉਹ ਉਹਨਾ ਦਾ ਨਹੀਂ ਹੈ। ਉਨ੍ਹਾਂ ਦੇ ਕੀਮਤੀ ਸਾਮਾਨ ਦੀ ਥਾਂ ਰੱਦੀ ਤੇ ਪੁਰਾਣੇ ਕੱਪੜੇ ਭਰੇ ਪਏ ਸਨ। ਮੁਲਾਜ਼ਮਾਂ ਨੇ ਗਿਆਨ ਸਿੰਘ ਨੂੰ ਸੂਚਿਤ ਕੀਤਾ ਤਾਂ ਉਨ੍ਹਾ ਆਪਣੇ ਮੁਲਾਜ਼ਮਾਂ ਨੂੰ ਇਹ ਬੈਗ ਕੋਰੀਅਰ ਕੰਪਨੀ ਨੂੰ ਵਾਪਸ ਕਰਨ ਲਈ ਕਿਹਾ।

ਮੁਲਾਜ਼ਮਾਂ ਨੇ ਉਹ ਬੈਗ ਕੋਰੀਅਰ ਕੰਪਨੀ ਦੇ ਨੁਮਾਇੰਦਿਆਂ ਨੂੰ ਵਾਪਸ ਕਰ ਦਿੱਤਾ। ਬੈਗ ਵਿਚ ਉਨ੍ਹਾ ਦੀ ਪਤਨੀ ਦੇ ਪੂਰਵਜ਼ਾਂ ਦੇ ਗਹਿਣੇ, ਜਾਇਦਾਦ ਦੇ ਜ਼ਰੂਰੀ ਕਾਗਜ਼ਾਤ, ਦੋਸਤਾਂ ਦੁਆਰਾ ਭੇਜਿਆ ਹੋਇਆ ਕੈਸ਼, ਸਟੀਰੀਓ ਤੇ ਪ੍ਰੋਟੀਨ ਦੇ ਪੈਕੇਟ ਆਦਿ ਸਨ, ਜਿਸ ਦੀ ਕੀਮਤ 40 ਤੋਂ 50 ਲੱਖ ਦੇ ਕਰੀਬ ਹੈ। ਗਿਆਨ ਸਿੰਘ ਦਾ ਕਹਿਣਾ ਹੈ ਕਿ ਇਹ ਧੋਖਾਧੜੀ ਸਿਰਫ ਉਹਨਾ ਨਾਲ ਹੀ ਨਹੀਂ ਹੋਈ, ਸਗੋਂ ਹੋਰ ਐੱਨ ਆਰ ਆਈਜ਼ ਦੇ ਵੀ ਬੈਗਾਂ ਵਿਚਲਾ ਸਾਮਾਨ ਗਾਇਬ ਹੋਣ ਤੇ ਬਦਲਣ ਦੀਆਂ ਖ਼ਬਰਾਂ ਹਨ।

ਉਹਨਾ ਦੱਸਿਆ ਕਿ ਲੁਫਥਾਂਸਾ ਏਅਰਲਾਈਨਜ਼ ਨੂੰ ਕਈ ਈ-ਮੇਲ ਭੇਜੀਆਂ ਅਤੇ ਕਿਹਾ ਕਿ ਉਹ ਆਪਣੇ ਦਿੱਲੀ ਵਿਚਲੇ ਮੁਲਾਜ਼ਮਾਂ ਤੇ ਕੋਰੀਅਰ ਕੰਪਨੀ 'ਤੇ ਢੁਕਵੀਂ ਕਾਰਵਾਈ ਕਰੇ, ਤਾਂ ਕਿ ਉਹਨਾ ਦਾ ਬੈਗ ਵਾਪਸ ਮਿਲ ਸਕੇ, ਪਰ ਲੁਫਥਾਂਸਾ ਏਅਰਲਾਈਨਜ਼ ਨੇ ਕੋਈ ਢੁਕਵੀਂ ਕਾਰਵਾਈ ਨਹੀਂ ਕੀਤੀ। ਮਜਬੂਰ ਹੋ ਕੇ ਉਹਨਾ ਜਲੰਧਰ ਦੇ ਕਮਿਸ਼ਨਰ ਨੂੰ ਮਸਲੇ ਦੇ ਹੱਲ ਲਈ ਬੇਨਤੀ ਕੀਤੀ ਤਾਂ ਕਮਿਸ਼ਨਰ ਸਨੇ ਇਹ ਕੇਸ 23 ਸਤੰਬਰ ਨੂੰ ਏ ਸੀ ਪੀ ਹਰਜਿੰਦਰ ਸਿੰਘ ਵਿਰਦੀ ਨੂੰ ਸਪੁਰਦ ਕਰ ਦਿੱਤਾ ਅਤੇ ਦੋਸ਼ੀਆਂ ਖ਼ਿਲਾਫ਼ ਢੁਕਵੀਂ ਕਾਰਵਾਈ ਕਰਨ ਲਈ ਕਿਹਾ, ਪਰ ਉਨ੍ਹਾ ਵੀ ਟਾਲ-ਮਟੋਲ ਹੀ ਕੀਤਾ। ਉਨ੍ਹਾ ਮੁੱਖ ਮੰਤਰੀ ਤੇ ਡੀ ਜੀ ਪੀ ਨੂੰ ਅਪੀਲ ਕੀਤੀ ਹੈ ਕਿ ਉਹ ਇਹ ਮਸਲੇ ਦੇ ਹੱਲ ਲਈ ਢੁੱਕਵੀਂ ਕਾਰਵਾਈ ਕਰਨ, ਤਾਂ ਕਿ ਅੱਗੇ ਤੋਂ ਇਹੋ ਜਿਹੀ ਕਾਰਵਾਈ ਕਰਨ ਵਾਲੇ ਮੁਲਜ਼ਮਾਂ ਨੂੰ ਨੱਥ ਪਾਈ ਜਾ ਸਕੇ।

## ਕਾਮਰੇਡ ਧਰਮ ਸਿੰਘ ਫੱਕਰ ਦੀ ਬਰਸੀ ਇਨਕਲਾਬੀ ਜੋਸ਼ੋ-ਖਰੋਸ਼ ਨਾਲ ਮਨਾਈ ਜਾਵੇਗੀ : ਚੌਹਾਨ, ਉੱਡਤ



**ਮਾਨਸਾ (ਆਤਮਾ ਸਿੰਘ ਪਮਾਰ)** ਮੁਜਾਰਾ ਲਹਿਰ ਦੇ ਥੰਮ ਉੱਘੇ ਸੁਤੰਤਰਤਾ ਸੰਗਰਾਮੀ ਕਾਮਰੇਡ ਧਰਮ ਸਿੰਘ ਫੱਕਰ ਦੀ 50ਵੀਂ ਬਰਸੀ ਉਨ੍ਹਾਂ ਦੇ ਜੱਦੀ ਪਿੰਡ ਦਲੇਲ ਸਿੰਘ ਵਾਲਾ ਵਿਖੇ 20 ਦਸੰਬਰ ਨੂੰ ਸਵੇਰੇ 11 ਵਜੇ ਕੀਤੀ ਜਾਵੇਗੀ। ਬਰਸੀ ਸਮਾਗਮ ਦੌਰਾਨ ਪ੍ਰਸਿਧ ਨਾਟਕ ਟੀਮਾਂ ਵੱਲੋ ਇਨਕਲਾਬੀ ਨਾਟਕ, ਗੀਤ ਤੇ ਕੋਰੀਓਗ੍ਰਾਫ਼ੀਆਂ ਪੇਸ਼ ਕੀਤੀਆਂ ਜਾਣਗੀਆਂ। ਸੀਪੀਆਈ ਦੇ ਜ਼ਿਲ੍ਹਾ ਸਕੱਤਰ ਤੇ ਪੰਜਾਬ ਖੇਤ ਮਜ਼ਦੂਰ ਸਭਾ ਦੇ ਸੂਬਾਈ ਆਗੂ ਕਾਮਰੇਡ ਕ੍ਰਿਸ਼ਨ ਚੌਹਾਨ ਤੇ ਏਟਕ ਦੇ ਸੂਬਾਈ ਆਗੂ ਐਡਵੋਕੇਟ ਕਾ. ਕੁਲਵਿੰਦਰ ਸਿੰਘ ਉੱਡਤ ਨੇ ਦਿੰਦਿਆਂ ਕਿਹਾ ਕਿ ਮਹਿਬੂਬ ਨੇਤਾ ਕਾਮਰੇਡ ਧਰਮ ਸਿੰਘ ਫੱਕਰ ਦੀ 50 ਵੀ ਬਰਸੀ ਪੂਰੇ ਇਨਕਲਾਬੀ ਜੋਸ਼ੋ ਖਰੋਸ਼ ਨਾਲ ਮਨਾਈ ਜਾਵੇਗੀ ਤੇ ਬਰਸੀ ਸਮਾਗਮ ਨੂੰ ਸੀਪੀਆਈ ਦੇ ਕੌਮੀ ਕੌਂਸਲ ਮੈਂਬਰ ਕਾਮਰੇਡ ਹਰਦੇਵ ਸਿੰਘ ਅਰਸ਼ੀ, ਸੰਯੁਕਤ ਕਿਸਾਨ ਮੋਰਚੇ ਦੇ ਸੀਨੀਅਰ ਆਗੂ ਸਾਥੀ ਰੁਲਦੂ ਸਿੰਘ ਮਾਨਸਾ ਆਦਿ ਆਗੂ ਸੰਬੋਧਨ ਕਰਨਗੇ । ਕਮਿਊਨਿਸਟ ਆਗੂਆਂ ਨੇ ਕਿਹਾ ਕਿ ਆਪਣੇ ਮਹਿਬੂਬ ਨੇਤਾ ਕਾਮਰੇਡ ਧਰਮ ਸਿੰਘ ਫੱਕਰ ਦੀ 50ਵੀਂ ਬਰਸੀ ਦੀ ਤਿਆਰੀ ਹਿੱਤ ਪੂਰਾ ਪਿੰਡ ਦਲੇਲ ਸਿੰਘ ਵਾਲਾ, ਸੀਪੀਆਈ ਦੀ ਜ਼ਿਲ੍ਹਾ ਕਮੇਟੀ ਤੇ ਜਨਤਕ ਜਥੇਬੰਦੀਆਂ ਸਿਰ ਜੋੜ ਕੇ ਲੱਗੀਆਂ ਹੋਈਆਂ ਹਨ। ਇੱਕ-ਦੋ ਦਿਨ ਵਿੱਚ ਬਰਸੀ ਦੀ ਤਿਆਰੀ ਸਬੰਧੀ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਜਾਣਗੇ।

## ਦੇਵ ਨੇ 50 ਨੌਜਵਾਨਾਂ ਨੂੰ ਆਮ ਆਦਮੀ ਪਾਰਟੀ 'ਚ ਕੀਤਾ ਸ਼ਾਮਲ

**ਨਾਭਾ (ਵਰਿੰਦਰ ਵਰਮਾ)** ਪੰਜਾਬ ਦੇ ਹਰਮਨ ਪਿਆਰੇ ਅਤੇ ਕ੍ਰਾਂਤੀਕਾਰੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਵਿੱਚ ਨੌਜਵਾਨਾਂ ਨੂੰ ਵੱਡੇ ਪੱਧਰ 'ਤੇ ਸਰਕਾਰੀ ਵਿਭਾਗਾ ਵਿੱਚ ਨੌਕਰੀਆਂ ਦਿੱਤੀਆਂ ਜਾ ਰਹੀਆਂ ਹਨ। ਜਿਨ੍ਹਾਂ ਨੂੰ ਦੇਖ ਕੇ ਨੌਜਵਾਨ ਵਰਗ ਆਮ ਆਦਮੀ ਪਾਰਟੀ ਨਾਲ ਜੁੜ ਰਹੇ ਹਨ

।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਨ ਸਭਾ ਨਾਭਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਆਪਣੇ ਦਫਤਰ ਵਿੱਚ ਵੱਖ-ਵੱਖ ਪਾਰਟੀਆਂ ਤੋਂ ਨੌਜਵਾਨਾਂ ਨੂੰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਕਰਨ ਉਪਰੰਤ ਕੀਤਾ।

ਇਸ ਮੌਕੇ ਉਨਾਂ ਦੇ ਨਾਲ ਤੇਜਿੰਦਰ ਸਿੰਘ ਖਹਿਰਾ, ਮਨਪ੍ਰੀਤ ਸਿੰਘ ਕਾਲੀਆ, ਧਰਮਿੰਦਰ ਸਿੰਘ ਸੁਖੇਵਾਲ, ਭੁਪਿੰਦਰ ਸਿੰਘ ਕੱਲਰ ਮਾਜਰੀ, ਜਸਵੀਰ ਸਿੰਘ ਵਜੀਦਪੁਰ ਆਦਿ ਮੌਜੂਦ ਸਨ।

## ਲਿੰਕ ਸੜਕ 'ਤੇ ਖੜ੍ਹੇ ਕੀਤੇ ਟਿੱਪਰ ਚਾਲਕ ਖ਼ਿਲਾਫ਼ ਕਾਠਗੜ੍ਹ ਪੁਲਸ ਨੇ ਕੀਤਾ ਮਾਮਲਾ ਦਰਜ




**ਬਲਾਚੌਰ/ਕਾਠਗੜ੍ਹ, (ਸੁਭਾਸ਼ ਭਾਟੀਆ)**- ਥਾਣਾ ਕਾਠਗੜ੍ਹ ਪੁਲਸ ਨੇ ਆਵਾਜਾਈ 'ਚ ਵਿਘਨ ਪਾਉਣ ਵਾਲੇ ਇੱਕ ਅਣਪਛਾਤੇ ਟਿੱਪਰ ਚਾਲਕ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਪੁਲਸ ਥਾਣਾ ਕਾਠਗੜ੍ਹ ਦੇ ਐੱਸ ਆਈ ਰਾਕੇਸ਼ਵਿੰਦਰ ਸਿੰਘ ਨੇ ਦੱਸਿਆ ਕਿ ਸਮੇਤ ਪੁਲਸ ਪਾਰਟੀ ਗਸ਼ਤ ਦੌਰਾਨ ਪਿੰਡ ਬੱਛੂਆਂ ਤੋਂ ਪਿੰਡ ਸੋਭੂਵਾਲ ਸਾਈਡ ਨੂੰ ਜਾ ਰਹੇ ਸੀ ਤਾਂ ਗੁਰਦੁਆਰਾ ਸਾਹਿਬ ਨੇੜੇ ਇਕ ਟਿੱਪਰ ਸੜਕ ਦੇ ਬਿਲਕੁਲ ਵਿਚਕਾਰ ਖੜ੍ਹਾ ਸੀ ਜੋ ਕਿ ਆਉਣ ਜਾਣ ਵਾਲੇ ਲੋਕਾਂ ਦੀ ਆਵਾਜਾਈ 'ਚ ਵਿਘਨ ਪਾ ਰਿਹਾ ਸੀ ਅਤੇ ਮੌਕੇ 'ਤੇ ਟਿੱਪਰ ਦਾ ਡਰਾਈਵਰ ਹਾਜ਼ਰ ਨਹੀਂ ਮਿਲਿਆ। ਐੱਸ ਆਈ ਨੇ ਦੱਸਿਆ ਕਿ ਟਿੱਪਰ ਚਾਲਕ ਨੇ ਅਜਿਹਾ ਕਰਕੇ ਆਵਾਜਾਈ 'ਚ ਵਿਘਨ ਪਾਇਆ ਹੈ ਜਿਸ ਖਿਲਾਫ ਪੁਲਸ ਨੇ 283 ਆਈ ਪੀ ਸੀ ਤਹਿਤ ਅਣਪਛਾਤੇ ਟਿੱਪਰ ਚਾਲਕ ਖਿਲਾਫ਼ ਮਾਮਲਾ ਦਰਜ ਕੀਤਾ ਹੈ।

## 1020 ਨਸ਼ੇ ਦੀਆਂ ਗੋਲੀਆਂ ਸਮੇਤ ਮੋਟਰਸਾਈਕਲ ਚਾਲਕ ਗ੍ਰਿਫਤਾਰ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਬਡਾਲੀ ਆਲਾ ਸਿੰਘ ਪੁਲਸ ਵੱਲੋਂ ਇੱਕ ਮੋਟਰਸਾਈਕਲ ਸਵਾਰ ਵਿਅਕਤੀ ਨੂੰ ਨਸ਼ੇ ਲਈ ਵਰਤੀਆਂ ਜਾਣ ਵਾਲੀਆਂ ਪਾਬੰਦੀਸ਼ੁਦਾ 1020 ਗੋਲੀਆਂ ਸਮੇਤ ਗ੍ਰਿਫਤਾਰ ਕੀਤੇ ਜਾਣ ਦਾ ਸਮਾਚਾਰ ਹੈ।ਥਾਣਾ ਬਡਾਲੀ ਆਲਾ ਸਿੰਘ ਦੀ ਇਕ ਪੁਲਸ ਪਾਰਟੀ ਬਡਾਲੀ ਆਲਾ ਸਿੰਘ ਦੇ ਇੱਟਾਂ ਦੇ ਭੱਠੇ ਨਜ਼ਦੀਕ ਮੌਜੂਦ ਸੀ ਤਾਂ ਸਾਹਮਣਿਓਂ ਆ ਰਿਹਾ ਇੱਕ ਮੋਟਰਸਾਈਕਲ ਚਾਲਕ ਪੁਲਸ ਪਾਰਟੀ ਨੂੰ ਦੇਖ ਕੇ ਪਿੱਛੇ ਮੁੜਨ ਲੱਗ ਪਿਆ ਜਿਸ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਸ ਦਾ ਨਾਮ ਪਤਾ ਪੁੱਛਿਆ ਤਾਂ ਉਸ ਨੇ ਆਪਣੀ ਪਹਿਚਾਣ ਜਤਿੰਦਰ ਸਿੰਘ ਉਰਫ ਕਾਕਾ ਵਾਸੀ ਪਿੰਡ ਚੁੰਨੀ ਕਲਾਂ ਵਜੋਂ ਦੱਸੀ। ਜਿਸ ਉਪਰੰਤ ਸਬ-ਇੰਸਪੈਕਟਰ ਬਲਵਿੰਦਰ ਸਿੰਘ ਵੱਲੋਂ ਲਈ ਗਈ ਤਲਾਸ਼ੀ ਦੌਰਾਨ ਉਕਤ ਵਿਅਕਤੀ ਦੇ ਕਬਜ਼ੇ 'ਚੋਂ 17 ਪੱਤੇ ਲੋਮੋਟਿਲ (ਕੁੱਲ 1020 ਗੋਲੀਆਂ) ਬਰਾਮਦ ਹੋਈਆਂ।ਇਸ ਸਬੰਧੀ ਥਾਣਾ ਬਡਾਲੀ ਆਲਾ ਸਿੰਘ ਵਿਖੇ ਦਰਜ ਕੀਤੇ ਗਏ ਮੁਕੱਦਮੇ 'ਚ ਜਤਿੰਦਰ ਸਿੰਘ ਉਰਫ ਕਾਕਾ ਨੂੰ ਗ੍ਰਿਫਤਾਰ ਕਰ ਲਿਆ ਗਿਆ।


**ਉਤਰ ਰੇਲਵੇ**

ਆਜ਼ਾਦੀ ਕਾ ਅੰਮ੍ਰਿਤ ਮਹੋਤਸਵ

**ਨਿਵਿਦਾ ਸੂਚਨਾ**

**ਭੰਡਾਰ ਦੀ ਸਪਲਾਈ ਲਈ ਮੰਗ ਨਿਵਿਦਾ ਇਲੈਕਟ੍ਰਿਕ ਨਿਵਿਦਾ ਈ ਪ੍ਰਣਾਲੀ ਦੇ ਤਹਿਤ**

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਸੀਨੀ. ਮੰਡਲ ਸਮਗਰੀ ਪ੍ਰਬੰਧਕ/ਉਤਰ ਰੇਲਵੇ/ਭੰਡਾਰ ਬਰਾਂਚ/ਫਿਰੋਜਪੁਰ ਦੁਆਰਾ ਸੰਭਰਨਕਰਤਾਵਾਂ ਤੋਂ ਹੇਠਾਂ ਲਿਖਤ ਮਦਾਂ ਦੇ ਲਈ ਨਿਵਿਦਾ ਦੀ ਮੰਗ ਕੀਤੀ ਜਾਂਦੀ ਹੈ:-

| ਲ.ਨੰ. | ਨਿਵਿਦਾ ਨੰ. | ਮਾਲ ਦਾ ਵੇਰਵਾ | ਮਾਤਰਾ | ਨਿਵਿਦਾ ਖੁਲਣ ਦੀ ਮਿਤੀ |
|---|---|---|---|---|
| 01. | 94235977 | Manufacturing, fabrication and supplying retroreflective sign boards | 334 SQM | 10.01.2024 |

ਨਿਵਿਦਾ ਸ਼ਰਤਾਂ:- IREPS ਦੀ ਵੈਬਸਾਈਟ www.ireps.gov.in 'ਤੇ ਉਪਲਬਧ ਹਨ। ਸਾਰੇ ਇਛੁਕ ਵਿਕ੍ਰੇਤਾਵਾਂ ਨੂੰ ਈ-ਟੈਂਡਰ ਵਿਚ ਭਾਗ ਲੈਣ ਅਤੇ ਪੰਜੀਕਰਨ ਕਰਾਉਣ ਦੇ ਲਈ ਭਾਰਤ ਸਰਕਾਰ ਆਈ ਟੀ ਅਧਿਨਿਯਮ 2000 ਦੇ ਤਹਿਤ ਪ੍ਰਾਧੀਕ੍ਰਿਤ ਪ੍ਰਮਾਣਿਤ ਏਜੰਸੀ ਤੋਂ ਕਲਾਸ-III ਡਿਜੀਟਲ ਪ੍ਰਮਾਣ ਪੱਤਰ (ਜੇਕਰ ਪਹਿਲਾਂ ਤੋਂ ਪ੍ਰਾਪਤ ਨਹੀਂ ਕੀਤਾ ਹੋਵੇ ਤਾਂ ਪ੍ਰਾਪਤ ਕਰਨਾ ਹੋਵੇਗਾ) ਹੱਥ ਨਾਲ ਲਿਖੀ ਨਿਵਿਦਾ ਸਵੀਕਾਰ ਨਹੀਂ ਕੀਤੀ ਜਾਵੇਗੀ।

ਟੈਂਡਰ ਨੋਟਿਸ ਨੰ.:- 06/2023-24 ਤਾਰੀਕ : 12.12.2023 3916/23

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



**ਉੱਤਰ ਰੇਲਵੇ**

ਆਜ਼ਾਦੀ ਕਾ ਅੰਮ੍ਰਿਤ ਮਹੋਤਸਵ

**ਟੈਂਡਰ ਸੂਚਨਾ**

**ਭੰਡਾਰ ਦੀ ਆਪੂਰਤੀ ਲਈ ਮੰਗ ਟੈਂਡਰ ਇਲੈਕਟ੍ਰੋਨਿਕ ਟੈਂਡਰ ਈ ਪ੍ਰਣਾਲੀ ਦੇ ਅੰਤਰਗਤ**

ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਸੀਨੀ. ਮੰਡਲ ਸਾਮਗਰੀ ਪ੍ਰਬੰਧਕ/ਉੱਤਰ ਰੇਲਵੇ/ਭੰਡਾਰ ਬਰਾਂਚ/ਫਿਰੋਜ਼ਪੁਰ ਦੁਵਾਰਾ ਸੰਭਰਣਕਰਤਾਵਾਂ ਤੋਂ ਹੇਠਾ ਲਿਖੇ ਮਦਾਂ ਦੇ ਲਈ-ਟੈਂਡਰ ਮੰਗ ਕੀਤੀ ਜਾਂਦੀ ਹੈ:-

| ਲ. ਨੰ: | ਟੈਂਡਰ ਨੰਬਰ | ਮਾਲ ਦਾ ਵੇਰਵਾ | ਮਾਤਰਾ | ਟੈਂਡਰ ਖੁਲਣ ਦੀ ਮਿਤੀ |
|---|---|---|---|---|
| 01 | 94235860 | SUPPLY IN STALLATION AND COMMISSIONING OF ROTARY SCREW ELECTRICAL DRIVEN AIR COMPRESSOR | 01 NOS | 10.01.2024 |

ਟੈਂਡਰ ਸ਼ਰਤਾਂ ireps ਦੀ ਵੈਬਸਾਈਟ www.ireps.gov.in ਉਤੇ ਉਪਲਬਧ ਹੈ । ਸਾਰੇ ਇਛੁਕ ਵਿਕ੍ਰੇਤਾਵਾਂ ਨੂੰ ਈ-ਟੈਂਡਰ ਵਿਚ ਭਾਗ ਲੈਣਾ ਅਤੇ ਰਜਿਸਟਰਡ ਕਰਾਣ ਦੇ ਲਈ ਭਾਰਤ ਸਰਕਾਰ ਆਈ ਟੀ ਅਧਿਨਿਯਮ 2000 ਦੇ ਤਹਿਤ ਪ੍ਰਾਧਿਕ੍ਰਿਤ ਪ੍ਰਮਾਣਿਤ ਏਜੰਸੀ ਤੋਂ ਕਲਾਸ - III ਡਿਜੀਟਲ ਪ੍ਰਮਾਣ ਪੱਤਰ (ਜੇਕਰ ਪਹਿਲਾ ਤੋਂ ਪ੍ਰਾਪਤ ਨਹੀਂ ਕੀਤਾ ਹੈ) ਪ੍ਰਾਪਤ ਕਰਨਾ ਹੋਵੇਗਾ । ਹੱਥ ਨਾਲ ਲਿਖੀ ਟੈਂਡਰ ਸਵੀਕਾਰ ਨਹੀਂ ਕੀਤੀ ਜਾਵੇਗੀ ।

ਟੈਂਡਰ ਨੋਟਿਸ ਨੰ: 07/2023–2024 ਮਿਤੀ : 12.12.2023

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 3915/23



**ਉਤਰ ਰੇਲਵੇ**

ਆਜ਼ਾਦੀ ਕਾ ਅੰਮ੍ਰਿਤ ਮਹੋਤਸਵ

**ਈ-ਨਿਵਿਦਾ ਸੂਚਨਾ**

ਨਿਵਿਦਾ ਸੂਚਨਾ ਪੱਤਰ ਨੰ.: 350-2023-24-ADEN-JUC Date : 12.12.2023

ਮੰਡਲ ਇੰਜੀਨੀਅਰ-ਤੀਜਾ, ਫਿਰੋਜਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਈ-ਟੈਂਡਰ ਬੋਲੀ ਅੰਤਮ ਮਿਤੀ 02.01.2024 ਸਮਾਂ 15:00 ਵਜੇ ਤਕ www.ireps.gov.in ਤੇ ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹਨ ਅਤੇ ਐਸੇ ਕਿਸੇ ਵੀ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਟੈਂਡਰ ਫਾਰਮ ਦੀ ਬਿਆਨਾ ਰਾਸ਼ੀ ਦੀ ਜਗ੍ਹਾ ਦਾ ਭੁਗਤਾਨ www.ireps.gov.in ਪੋਰਟਲ 'ਤੇ ਉਪਲਬਧ ਆਨ ਲਾਈਨ ਸਾਧਨਾਂ ਦੇ ਮਾਧਿਅਮ ਨਾਲ ਜਿਵੇਂ ਨੈਟ ਬੈਂਕਿੰਗ, ਡੇਬਿਟ ਕਾਰਡ ਕਰੈਡਿਟ ਕਾਰਡ ਆਦਿ ਦੇ ਭੁਗਤਾਨ ਨਾਲ ਕਰ ਸਕਦੇ ਹਨ। ਡਿਮਾਂਡ ਡ੍ਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਮਾਧਿਅਮ ਨਾਲ ਭੁਗਤਾਨ ਦੀ ਇਜਾਜਤ ਨਹੀਂ ਹੈ।

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਏਕਲ ਬੋਲੀ ਪ੍ਰਣਾਲੀ |
| ਨਿਵਿਦਾ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਸਮਾਪਨ ਦੀ ਮਿਤੀ ਅਤੇ ਸਮਾਂ |
| 12.12.2023 | 19.12.2023 | 02.01.2024 / 15.00 ਵਜੇ |

| ਲ.ਨ. | ਨਿਵਿਦਾ ਨੰ. | ਨਿਵਿਦਾ ਦਾ ਵੇਰਵਾ | | | |
|---|---|---|---|---|---|
| 1 | 350-2023-24-ADEN-JUC | ਸਹਾਇਕ ਮੰਡਲ ਇੰਜੀਨੀਅਰ/ਜਲੰਧਰ ਸ਼ਹਿਰ ਦੇ ਤਹਿਤ ਸਾਹਨੇਵਾਲ-ਅੰਮ੍ਰਿਤਸਰ ਸੈਕਸ਼ਨ ਤੇ ਜਲੰਧਰ ਸਿਟੀ ਸਟੇਸ਼ਨ ਤੇ 6 ਮੀਟਰ ਚੌੜੇ ਕਵਰਡ ਫੁਟ ਓਵਰ ਬ੍ਰਿਜ ਦੇ ਪ੍ਰਾਵਧਾਨ ਦੇ ਸਬੰਧ ਵਿਚ ਵਖ-ਵਖ ਕੰਮ। | | | |
| | ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ | |
| | 74,18,730.30/- | 1,48,400.00/- | 60 ਦਿਨ | 06 ਮਹੀਨੇ | |
| | ਸਮਾਨ ਨੇਚਰ ਦਾ ਕੰਮ :"ਕੋਈ ਵੀ ਸਿਵਿਲ ਕੰਮ ਟ੍ਰੈਕ ਦੇ ਇਲਾਵਾ।" | | | | |

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਵੇਗੀ।

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 3908/23


## ...ਸ.ਫਾ 1 ਦੇ ਬਾਕੀ

### ਈ ਵੀ ਰਾਮਾਸਾਮੀ...

ਡਾਕਟਰ ਅਟਵਾਲ ਨੇ ਕਿਹਾ ਕਿ ਡਾ. ਜਸਵੰਤ ਰਾਏ ਨੇ ਨਿੱਠ ਕੇ ਕੰਮ ਕੀਤਾ ਹੈ। ਉਨ੍ਹਾ ਕਿਹਾ ਕਿ ਕਿਤਾਬ ਦੇ ਹਰ ਚੈਪਟਰ ਦੇ ਸ਼ੁਰੂ ਵਿੱਚ ਇੱਕ ਢੁਕਵਾਂ ਸ਼ੇਅਰ ਦਰਜ ਹੈ। ਇਹ ਸ਼ੇਅਰ ਪੜ੍ਹਨ ਉਪਰੰਤ ਜਦੋਂ ਚੈਪਟਰ ਪੜ੍ਹਦੇ ਹਾਂ ਤਾਂ ਅਰਥ ਹੋਰ ਸਪੱਸ਼ਟ ਹੋ ਕੇ ਉੱਘੜਦੇ ਹਨ। ਡਾ. ਅਟਵਾਲ ਨੇ ਗੋਸ਼ਟੀ ਦੇ ਹਵਾਲੇ ਨਾਲ ਪੇਰੀਆਰ ਦੀ ਮਹਾਨਤਾ ਦੀ ਗੱਲ ਕਰਦਿਆਂ ਕਿਹਾ ਕਿ ਕੰਮ ਕਰਨ ਵਾਲੇ ਮਹਾਨ ਬੰਦਿਆਂ ਨੂੰ ਆਪਣਾ ਕੰਮ ਪ੍ਰਚਾਰਨ ਤੇ ਪ੍ਰਸਾਰਨ ਦੀ ਲੋੜ ਨਹੀਂ ਹੁੰਦੀ। ਉਨ੍ਹਾ ਕਿਹਾ ਕਿ ਪੇਰੀਆਰ ਸਮਝਦੇ ਸਨ ਕਿ ਜਦੋਂ ਤੱਕ ਤਰਕ ਦੇ ਆਧਾਰ 'ਤੇ ਵਿਗਿਆਨਕ ਸੋਚ ਨਹੀਂ ਅਪਣਾਈ ਜਾਂਦੀ, ਓਦੋਂ ਤੱਕ ਲੋਕਾਈ ਲਈ ਉਹ ਕੁਝ ਨਹੀਂ ਹੋ ਸਕਦਾ, ਜੋ ਕੁਝ ਅਸੀਂ ਲੋਚਦੇ ਹਾਂ।

ਕਿਤਾਬ ਦੇ ਅਨੁਵਾਦਕ ਡਾ. ਜਸਵੰਤ ਰਾਏ ਜ਼ਿਲ੍ਹਾ ਭਾਸ਼ਾ ਅਫ਼ਸਰ ਹੁਸ਼ਿਆਰਪੁਰ ਨੇ ਅਨੁਵਾਦ ਦੇ ਅਨੁਭਵਾਂ ਦੀ ਗੱਲ ਕਰਦਿਆਂ ਕਿਹਾ ਕਿ ਮੈਂ ਪੇਰੀਆਰ ਦੇ ਸੰਘਰਸ਼ ਨੂੰ ਮੰਗੂ ਰਾਮ ਮੁੱਗੋਵਾਲੀਆ, ਡਾਕਟਰ ਅੰਬੇਡਕਰ ਅਤੇ ਗ਼ਦਰੀ ਬਾਬਿਆਂ ਦੇ ਅੰਦੋਲਨ ਨਾਲ ਜੋੜ ਕੇ ਸਮਝਣ ਦੀ ਕੋਸ਼ਿਸ਼ ਕੀਤੀ ਹੈ। ਉਨ੍ਹਾ ਕਿਤਾਬ ਦੀ ਵੰਨ-ਸੁਵੰਨਤਾ ਦੀ ਗੱਲ ਕਰਦਿਆਂ ਕਿਹਾ ਕਿ ਇਸ ਵਿੱਚ ਅਨੇਕਾਂ ਵਿਸ਼ੇ ਹਨ। ਆਤਮ ਸਨਮਾਨ, ਤਰਕਸ਼ੀਲਤਾ, ਮਾਤ ਭਾਸ਼ਾ, ਜੋਤਿਸ਼, ਪਦਾਰਥਵਾਦ, ਸਮਾਜਵਾਦ, ਵਿਆਹ ਪ੍ਰਣਾਲੀ, ਅੰਧ-ਵਿਸ਼ਵਾਸ, ਚਰਿੱਤਰ ਅਤੇ ਔਰਤ ਦੇ ਅਧਿਕਾਰ ਆਦਿ ਵਿਸ਼ਿਆਂ ਦਾ ਬਾਕਮਾਲ ਵਰਨਣ ਹੈ। ਡਾ. ਜਸਵੰਤ ਰਾਏ ਨੇ ਕਿਹਾ ਕਿ ਪੇਰੀਆਰ ਨੂੰ ਸਭ ਤੋਂ ਵੱਧ ਰੂਸ ਦੀ ਤਰਜ਼-ਏ-ਜ਼ਿੰਦਗੀ ਨੇ ਟੁੰਬਿਆ ਸੀ। ਉਹਨਾ ਪੇਰੀਆਰ ਦੀ ਇੱਕੋ-ਇੱਕ ਧੀ ਦੇ ਬਚਪਨ ਵਿੱਚ ਹੀ ਵਿੱਛੜ ਜਾਣ ਦੇ ਹਵਾਲੇ ਨਾਲ ਕਿਹਾ ਕਿ ਉਹ ਸਮਝਦੇ ਸਨ ਕਿ ਉਨ੍ਹਾ ਦੇ ਸ਼ਬਦ ਤੇ ਵਿਚਾਰ ਹੀ ਉਨ੍ਹਾ ਦੇ ਵਾਰਸ ਹੋਣਗੇ।

ਦੇਸ਼ ਭਗਤ ਯਾਦਗਾਰ ਕਮੇਟੀ ਦੇ ਸਹਾਇਕ ਸਕੱਤਰ ਚਰੰਜੀ ਲਾਲ ਕੰਗਣੀਵਾਲ ਨੇ ਕਿਹਾ ਕਿ ਵਿਚਾਰ-ਚਰਚਾ ਸੁਣ ਕੇ 1920 ਤੋਂ 1930 ਦੇ ਦਹਾਕੇ ਦਾ ਦ੍ਰਿਸ਼ ਸਾਹਮਣੇ ਆ ਗਿਆ ਹੈ। ਕੰਗਣੀਵਾਲ ਨੇ ਛੂਤ-ਛਾਤ ਤੇ ਜਾਤ-ਪਾਤ ਦੇ ਦਰਦ ਨੂੰ ਭਾਵਪੂਰਤ ਸ਼ਬਦਾਂ ਵਿੱਚ ਬਿਆਨ ਕਰਦਿਆਂ ਸਵਾਲ ਉਠਾਇਆ ਕਿ ਇਹ ਅਜੇ ਤੱਕ ਖ਼ਤਮ ਕਿਉਂ ਨਹੀਂ ਹੋ ਸਕਿਆ।

ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਾਬਕਾ ਜਨਰਲ ਸਕੱਤਰ ਡਾ. ਕਰਮਜੀਤ ਸਿੰਘ ਨੇ ਭਾਰਤ ਵਿਚਲੀ ਨਸਲਪ੍ਰਸਤੀ ਨੂੰ ਬਿਆਨ ਕਰਦਿਆਂ ਕਿਹਾ ਕਿ ਦੱਖਣ ਵਿੱਚ ਇੱਕ ਵਿਸ਼ੇਸ਼ ਪਸ਼ੂ ਹੈ ਤੇ ਉੱਤਰ ਵਿੱਚ ਇੱਕ ਦੂਜਾ ਪਸ਼ੂ ਵਿਸ਼ੇਸ਼ ਰੂਪ ਨਾਲ ਸਨਮਾਨਿਆ ਜਾਂਦਾ ਹੈ। ਇਹੀ ਸੋਚਣ ਦਾ ਵਿਸ਼ਾ ਹੈ।

'ਸੰਗਰਾਮੀ ਲਹਿਰ' ਦੇ ਸੰਪਾਦਕ ਕਾਮਰੇਡ ਮੰਗਤ ਰਾਮ ਪਾਸਲਾ ਨੇ ਧੰਨਵਾਦੀ ਸ਼ਬਦ ਬੋਲਦਿਆਂ ਕਿਹਾ ਕਿ ਸਮਾਜ ਲਈ ਬਿਹਤਰ ਕਰਨਾ ਲੋਚਦੇ ਵੱਖ-ਵੱਖ ਵਰਗਾਂ ਨੂੰ ਇਕੱਠੇ ਹੋ ਕੇ ਸੰਵਾਦ ਰਚਾਉਣ ਦੀ ਲੋੜ ਹੈ। ਸਾਰੀਆਂ ਧਿਰਾਂ ਨੂੰ ਸਾਂਝ ਵਧਾਉਣ ਲਈ ਅੱਗੇ ਆਉਣਾ ਚਾਹੀਦਾ ਹੈ। ਉਨ੍ਹਾ ਕਿਤਾਬ 'ਤੇ ਹੋਈ ਚਰਚਾ ਦੀ ਗੱਲ ਕਰਦਿਆਂ ਕਿਹਾ ਕਿ ਇਸ ਬਾਰੇ ਜੋ ਸਪੱਸ਼ਟਤਾ ਸਾਹਮਣੇ ਆਈ ਹੈ, ਉਸ ਤੋਂ ਸਮਾਗਮ ਦੀ ਸਾਰਥਿਕਤਾ 'ਤੇ ਤਸੱਲੀ ਹੋਈ ਹੈ। ਉਨ੍ਹਾ ਇਹ ਵੀ ਸਪੱਸ਼ਟ ਕੀਤਾ ਕਿ ਸਮਾਜਕ ਲੜਾਈ ਦੀ ਸਫ਼ਲਤਾ ਸਿਆਸੀ ਲੜਾਈ ਦੀ ਸਾਂਝ ਨਾਲ ਹੀ ਸੰਭਵ ਹੈ।

ਇਸ ਮੌਕੇ ਕਿਤਾਬ ਦੇ ਲੋਕ ਅਰਪਣ ਕਰਨ ਦੀ ਰਸਮ ਵੀ ਅਦਾ ਕੀਤੀ ਗਈ।

ਦਰਸ਼ਕਾਂ ਵਿੱਚੋਂ ਵੀ ਕਈਆਂ ਨੇ ਕਿਤਾਬ ਬਾਰੇ ਆਪਣੇ ਵਿਚਾਰ ਪ੍ਰਗਟ ਕੀਤੇ। ਉਨ੍ਹਾ ਵਿੱਚ ਸੁਰਿੰਦਰ ਕੌਰ, ਜਸਵੰਤ ਬੋਧ, ਮੰਗਲ ਸਿੰਘ ਟਾਂਡਾ, ਜੈਪਾਲ ਸਿੰਘ, ਮੋਹਣ ਲਾਲ ਰਾਹੀ, ਮਲਕੀਤ ਬਾਹੋਵਾਲ, ਡਾ. ਸਤਨਾਮ ਸਿੰਘ ਅਜਨਾਲਾ ਸ਼ਾਮਲ ਸਨ। ਇਸ ਮੌਕੇ ਮਾਸਟਰ ਹਰਕੰਵਲ ਸਿੰਘ, ਕਹਾਣੀਕਾਰ ਭਗਵੰਤ ਰਸੂਲਪੁਰੀ, ਸ਼ਾਇਰ ਮਦਨ ਵੀਰਾ, ਕਾਮਰੇਡ ਪਰਮਜੀਤ ਸਿੰਘ, ਕਾਮਰੇਡ ਗੁਰਨਾਮ ਸਿੰਘ ਦਾਊਦ ਆਦਿ ਵੀ ਹਾਜ਼ਰ ਸਨ। ਮੰਚ ਸੰਚਾਲਨ ਦੀ ਜ਼ਿੰਮੇਵਾਰੀ ਕਾਮਰੇਡ ਮਹੀਪਾਲ ਹੁਰਾਂ ਬਾਖੂਬੀ ਨਿਭਾਈ।

### ਨਰੇਗਾ ਕਾਮਿਆਂ ਦੇ...

ਗਦਾਈਆ ਨੇ ਨਾਭਾ ਦੇ ਬੀ ਡੀ ਪੀ ਓ ਦਫ਼ਤਰ ਵਿਖੇ ਧਰਨੇ 'ਤੇ ਬੈਠੇ ਨਰੇਗਾ ਕਾਮਿਆਂ ਨੂੰ ਸੰਬੋਧਨ ਕਰਦਿਆਂ ਕੀਤਾ। ਕਾਮਰੇਡ ਗਦਾਈਆ ਨੇ ਕਿਹਾ ਕਿ ਨਰੇਗਾ ਦੀ ਬਿਨਾਂ ਰੋਟੀ ਤੋਂ ਦਿਹਾੜੀ 431 ਰੁਪਏ ਨਾ ਦੇ ਕੇ ਧ੍ਰੋਹ ਕਾਮਾ ਰਹੀਆਂ ਸਰਕਾਰਾਂ ਨੂੰ ਮਾਫ਼ ਨਹੀਂ ਕੀਤਾ ਜਾਵੇਗਾ। ਮਸ਼ੀਨੀਕਰਨ ਦੇ ਕਾਰਨ ਕਾਮਿਆਂ ਲਈ ਨਰੇਗਾ ਦੀ ਮਹੱਤਤਾ ਹੋਰ ਵਧ ਗਈ ਹੈ। ਇਸ ਪੇਂਡੂ ਕਿਰਤੀਆਂ ਲਈ ਕੰਮ ਦਿਨ 200 ਕਰਨੇ ਹੀ ਪੈਣਗੇ। ਨਰੇਗਾ 2005 ਨੂੰ ਹੋਂਦ 'ਚ ਆਉਣ ਸਮੇਂ ਕਾਮਿਆਂ ਦੀ ਦਿਹਾੜੀ 6 ਘੰਟੇ ਸੀ, ਜੋ ਬਾਅਦ 'ਚ 9 ਘੰਟੇ ਕਰ ਦਿੱਤੀ। ਇਸ ਲਈ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਰਜਿ. ਏਟਕ ਪਹਿਲਾਂ ਵਾਲੀ ਦਿਹਾੜੀ 6 ਘੰਟੇ ਕਰਵਾ ਕੇ ਹੀ ਦਮ ਲਵੇਗੀ। ਨਰੇਗਾ ਕਾਮਿਆਂ ਨੂੰ ਕੰਮ ਕਰਨ ਲਈ ਕੋਈ ਵੀ ਸੰਦ ਨਹੀਂ ਦਿੱਤਾ ਜਾਂਦਾ ਹੈ, ਜਦੋਂ ਕਿ ਮਟੀਰੀਅਲ ਵਾਲੇ ਪੈਸਿਆਂ 'ਚੋਂ ਸੰਦ ਦੇਣੇ ਚਾਹੀਦੇ ਹਨ। ਇਸ ਸਮੇਂ ਧਰਨੇ ਨੂੰ ਸੰਬੋਧਨ ਕਰਦਿਆਂ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਰਜਿ. ਦੀ ਤਹਿਸੀਲ ਆਗੂ ਰਿੰਪੀ, ਦਰਸ਼ਨ ਕੌਰ, ਰਾਮ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਕੱਲ੍ਹ ਤੋਂ 7 ਨਰੇਗਾ ਕਾਮੇ 15 ਦਸੰਬਰ ਤੱਕ ਭੁੱਖ ਹੜਤਾਲ 'ਤੇ ਬੈਠਣਗੇ ਤੇ 15 ਦਸੰਬਰ ਨੂੰ ਮਾਰਚ ਕਰਕੇ ਐੱਸ ਡੀ ਐੱਮ ਰਾਹੀਂ ਮੁੱਖ ਮੰਤਰੀ ਦੇ ਨਾਂਅ ਮੰਗ ਪੱਤਰ ਭੇਜਿਆ ਜਾਵੇਗਾ।

### ਹਿਰਾਸਤ 'ਚੋਂ ਭੱਜਿਆ...

ਚਲਾਉਣੀਆਂ ਪਈਆਂ, ਜਿਸ ਦੇ ਨਤੀਜੇ ਵਜੋਂ ਉਹ ਜ਼ਖਮੀ ਹੋ ਗਿਆ। ਉਹਨਾ ਨਾਲ ਹੀ ਦੱਸਿਆ ਕਿ ਇਸ ਪੂਰੇ ਘਟਨਾਕ੍ਰਮ ਦੌਰਾਨ ਏ ਜੀ ਟੀ ਐੱਫ ਦਾ ਕਰਮਚਾਰੀ ਏ ਐੱਸ ਆਈ ਦਰਸ਼ਨ ਸਿੰਘ ਵੀ ਜ਼ਖ਼ਮੀ ਹੋ ਗਿਆ, ਜੋ ਉਸ ਨੂੰ ਭੱਜਣ ਤੋਂ ਰੋਕ ਰਿਹਾ ਸੀ। ਦੋਵਾਂ ਨੂੰ ਇਲਾਜ ਲਈ ਨਜ਼ਦੀਕੀ ਹਸਪਤਾਲ ਲਿਜਾਇਆ ਗਿਆ ਹੈ।

ਡੀ ਜੀ ਪੀ ਨੇ ਦੱਸਿਆ ਕਿ ਪੁਲਸ ਟੀਮਾਂ ਨੇ ਉਸ ਦੇ ਦੱਸੇ ਹੋਏ ਪਤੇ ਤੋਂ ਉਕਤ ਚੀਨੀ ਪਿਸਤੌਲ ਅਤੇ ਪੰਜ ਜ਼ਿੰਦਾ ਕਾਰਤੂਸ ਬਰਾਮਦ ਕੀਤੇ ਹਨ। ਘਟਨਾ ਦੀ ਫੋਰੈਂਸਿਕ ਅਤੇ ਵਿਗਿਆਨਕ ਤਰੀਕੇ ਨਾਲ ਜਾਂਚ ਕੀਤੀ ਜਾ ਰਹੀ ਹੈ, ਜਦਕਿ ਫੋਰੈਂਸਿਕ ਟੀਮਾਂ ਪਹਿਲਾਂ ਹੀ ਮੌਕੇ 'ਤੇ ਪਹੁੰਚ ਚੁੱਕੀਆਂ ਹਨ।


**AXIS BANK** ਰਿਟੇਲ ਐਸਟਸ ਸੈਂਟਰ : ਐਕਸਿਸ ਬੈਂਕ, ਲਿਮਟਿਡ, ਦੂਜੀ ਅਤੇ ਤੀਜੀ ਮੰਜ਼ਲ, ਜਾਇਦਾਦ ਨੰ. 7-ਈ, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001, ਕਾਰਪੋਰੇਟ ਦਫਤਰ : ਤੀਜੀ ਮੰਜ਼ਲ, ਬਲਾਕ-ਬੀ, ਬੰਬੇ ਡਾਇੰਗ ਮਿਲਜ਼ ਕੰਪਾਊਂਡ, ਪਾਂਡੁਰੰਗ ਬੁਧਕਰ ਮਾਰਗ, ਵਰਲੀ, ਮੁੰਬਈ-400025, ਰਜਿ.ਦਫਤਰ : 'ਤ੍ਰਿਸ਼ੂਲ', ਤੀਜੀ ਮੰਜ਼ਲ, ਸਾਹਮਣੇ ਸਮਰਥੇਸ਼ਵਰ ਟੈਂਪਲ, ਲਾਅ ਗਾਰਡਨ ਐਲਿਸਬ੍ਰਿਜ, ਅਹਿਮਦਾਬਾਦ-380006

**ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਡਿਮਾਂਡ ਨੋਟਿਸ**

ਜਦੋਂ ਕਿ ਹੇਠਾਂ ਦਰਸਾਏ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਰੰਟਰਾਂ/ ਰਹਿਣਕਾਰਾਂ ਨੇ ਐਕਸਿਸ ਬੈਂਕ ਲਿਮਟਿਡ ਤੋਂ ਵਿੱਤੀ ਸਹਾਇਤਾ ਪ੍ਰਾਪਤ ਕੀਤੀ ਸੀ। ਅਸੀਂ ਦੱਸਦੇ ਹਾਂ ਕਿ ਵਿੱਤੀ ਸਹਾਇਤਾ ਹਾਸਲ ਕਰਨ ਦੇ ਬਾਵਜੂਦ, ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੇ ਨਿਰਧਾਰਤ ਮਿਤੀਆਂ 'ਤੇ ਮੂਲ ਅਤੇ ਵਿਆਜ ਰਕਮਾਂ ਦੀ ਮੁੜ ਅਦਾਇਗੀ 'ਚ ਅਨੇਕਾਂ ਭੁੱਲਾਂ ਕੀਤੀਆਂ ਹਨ। ਭਾਰਤੀ ਰਿਜ਼ਰਵ ਬੈਂਕ ਵੱਲੋਂ ਜਾਰੀ ਨਿਰਦੇਸ਼ਾਂ/ਗਾਈਡ ਲਾਈਨਾਂ ਅਨੁਸਾਰ ਹੇਠਾਂ ਦਰਸਾਈਆਂ ਸੰਬੰਧਤ ਮਿਤੀਆਂ 'ਤੇ ਖਾਤੇ ਨੂੰ ਨਾਨ-ਪ੍ਰਫਾਰਮਿੰਗ ਐੱਸਟ ਵਰਗੀਕ੍ਰਿਤ ਕਰ ਦਿੱਤਾ ਗਿਆ ਹੈ, ਨਤੀਜੇ ਵਜੋਂ ਐਕਸਿਸ ਬੈਂਕ ਦੇ ਅਧਿਕਾਰਤ ਅਫਸਰ ਨੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 ਅਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ, ਸਰਫੇਸੀ ਐਕਟ, 2002 ਦੇ ਸੈਕਸ਼ਨ 13 (2) ਤਹਿਤ ਹੇਠਾਂ ਦਰਸਾਈਆਂ ਸੰਬੰਧਤ ਮਿਤੀਆਂ ਨੂੰ ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੂੰ ਨੋਟਿਸ 'ਚ ਦਰਸਾਈ ਰਕਮ ਅਦਾਇਗੀ ਦੀ ਮਿਤੀ ਤੱਕ ਸਮੇਤ ਇਸ ਉੱਪਰ ਇਕਰਾਰਨਾਮੇ ਅਨੁਸਾਰ ਭਵਿੱਖੀ ਵਿਆਜ ਅਤੇ ਅਚਨਚੇਤੀ ਖਰਚੇ, ਲਾਗਤ ਚਾਰਜਿਜ਼ ਆਦਿ ਨੋਟਿਸਾਂ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਅਦਾ ਕਰਨ ਲਈ ਡਿਮਾਂਡ ਨੋਟਿਸ ਜਾਰੀ ਕੀਤੇ ਸਨ। ਉਨ੍ਹਾਂ ਦੇ ਆਖਰੀ ਜਾਣਕਾਰੀ ਵਾਲੇ ਪਤਿਆਂ 'ਤੇ ਉਨ੍ਹਾਂ ਨੂੰ ਜਾਰੀ ਕੀਤੇ ਗਏ ਨੋਟਿਸ ਬਿਨਾਂ ਤਾਮੀਲ ਦੇ ਵਾਪਸ ਆ ਗਏ ਹਨ, ਇਸ ਲਈ ਉਨ੍ਹਾਂ ਨੂੰ ਉਹੀ ਜਾਣਕਾਰੀ ਹਿਤ ਇਸ ਜਨਤਕ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ।

| ਕਰਜ਼ਦਾਰ, ਸਹਿ-ਕਰਜ਼ਦਾਰ ਅਤੇ ਗਰੰਟਰ ਦਾ ਨਾਂਅ/ਕਾਨੂੰਨੀ ਵਾਰਸ/ਪਤਾ | ਸਕਿਉਰਡ ਐੱਸਟਸ ਦਾ ਜਾਇਦਾਦੀ ਪਤਾ | ਐੱਨ ਪੀ ਏ ਮਿਤੀ / ਡਿਮਾਂਡ ਨੋਟਿਸ ਦੀ ਮਿਤੀ / ਬਕਾਇਆ ਖੜੀ ਰਕਮ / ਕਰਜ਼ਾ ਰਕਮ |
|---|---|---|
| 1. ਸ੍ਰੀ ਮਲਕੀਤ ਸਿੰਘ ਪੁੱਤਰ ਅਮਰੀਕ ਸਿੰਘ 2. ਸ੍ਰੀ ਮਨਜੀਤ ਸਿੰਘ ਪੁੱਤਰ ਅਮਰੀਕ ਸਿੰਘ ਅਤੇ 3. ਸ੍ਰੀਮਤੀ ਸਤਵੀਰ ਕੌਰ ਪਤਨੀ ਮਲਕੀਤ ਸਿੰਘ ਸਾਰੇ ਵਾਸੀ ਮਕਾਨ ਨੰ: 400, ਰੋੜੀ ਮੁਹੱਲਾ, ਵੇਰਕਾ, ਅੰਮ੍ਰਿਤਸਰ-143501, ਨਾਲ ਹੀ : ਪਲਾਟ ਪ੍ਰਾਈਵੇਟ ਨੰ: 14 ਮਿਨ 'ਤੇ ਨਿਰਮਤ ਮਕਾਨ, ਪਿੰਡ ਵੇਰਕਾ, ਆਬਾਦੀ ਸ਼ਮਸ਼ੇਰ ਸਿੰਘ ਐਵੇਨਿਊ, ਤਹਿ: ਤੇ ਜ਼ਿਲ੍ਹਾ ਅੰਮ੍ਰਿਤਸਰ-143501, ਨਾਲ ਹੀ : ਸ੍ਰੀ ਮਲਕੀਤ ਸਿੰਘ ਪੁੱਤਰ ਅਮਰੀਕ ਸਿੰਘ # 53, ਪਾਵਰ ਕਾਲੋਨੀ, ਮਜੀਠਾ ਰੋਡ, ਅੰਮ੍ਰਿਤਸਰ-143001 ਕਰਜ਼ਾ ਖਾਤਾ ਨੰ: ਪੀ ਐੱਚ ਆਰ 068506389313 | ਬੈਨਾਮਾ ਦਸਤਾਵੇਜ਼ ਨੰ: 2020-21/93/1/10677 ਮਿਤੀ 8 ਜਨਵਰੀ 2021 ਅਨੁਸਾਰ ਸ: ਮਲਕੀਤ ਸਿੰਘ ਅਤੇ ਸ: ਮਨਜੀਤ ਸਿੰਘ ਪੁੱਤਰ ਸ: ਅਮਰੀਕ ਸਿੰਘ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਪਲਾਟ ਪ੍ਰਾਈਵੇਟ ਨੰ: 14 ਮਿਨ 'ਤੇ ਨਿਰਮਤ ਮਕਾਨ, ਰਕਬਾ 122.22 ਵਰਗ ਗਜ਼ ਖਸਰਾ ਨੰ: 48//15/2, 49//11, 12/2, 48//16/1, 49//19, 20 ਮਿਨ, ਖੱਤਾ ਖਾਤੌਨੀ ਨੰ: 1019/1321, 1259/1779, ਜਮ੍ਹਾਂਬੰਦੀ ਸਾਲ 2016-2017, ਪਿੰਡ ਵੇਰਕਾ, ਆਬਾਦੀ ਸਮਸ਼ੇਰ ਸਿੰਘ ਐਵੇਨਿਊ, ਤਹਿ: ਅਤੇ ਜ਼ਿਲ੍ਹਾ ਅੰਮ੍ਰਿਤਸਰ ਨਾਲ ਸੰਬੰਧਤ ਸਭ ਕੁਝ। ਹੱਦਾਂ : (ਬੈਨਾਮੇ ਅਨੁਸਾਰ) : ਪੂਰਬ : ਪਲਾਟ ਨੰ: 14 ਮਿਨ, ਪੱਛਮ : ਪਲਾਟ ਨੰ: 14 ਮਿਨ, ਉੱਤਰ : ਹੋਰਨਾਂ ਦੀ ਜਾਇਦਾਦ, ਦੱਖਣ : ਸੜਕ 33' ਚੌੜੀ। | 8 ਅਗਸਤ 2023 / 28 ਸਤੰਬਰ 2023 / ਰੁਪਏ : 1324494/- (ਤੇਰਾਂ ਲੱਖ ਚੌਵੀ ਹਜ਼ਾਰ ਚਾਰ ਸੌ ਚਰਾਨਵੇਂ ਰੁਪਏ ਸਿਰਫ) / ਰੁਪਏ : 1287910/- (ਬਾਰਾਂ ਲੱਖ ਸਤਾਸੀ ਹਜ਼ਾਰ ਨੌਂ ਸੌ ਦਸ ਰੁਪਏ ਸਿਰਫ) |
| 1. ਸ੍ਰੀ ਮਹਾਵੀਰ ਸ਼ਰਮਾ ਪੁੱਤਰ ਟੀਕਮ ਚੰਦਰਾ ਸ਼ਰਮਾ ਅਤੇ 2. ਸ੍ਰੀ ਟੀਕਮ ਚੰਦਰਾ ਸ਼ਰਮਾ ਪੁੱਤਰ ਚੇਤਰਾਮ ਸ਼ਰਮਾ ਸਾਰੇ ਵਾਸੀ ਪਿੰਡ ਤੇ ਡਾਕ: ਅਕਾਲਗੜ੍ਹ, ਢਪੱਈ, ਅੰਮ੍ਰਿਤਸਰ-143116 ਨਾਲ ਹੀ : ਬਣਿਆ ਮਕਾਨ ਜਿਸ ਦੇ ਪਲਾਟ ਦਾ ਪ੍ਰਾਈਵੇਟ ਨੰ: 104, ਪਿੰਡ ਰੱਖਸ਼ਿਕਾਰਗਾਹ, ਆਬਾਦੀ ਨਿਊ ਗਰੀਨ ਫੀਲਡ ਨੇੜੇ ਖਾਲਸਾ ਡੇਅਰੀ ਤਹਿ: ਤੇ ਜ਼ਿਲ੍ਹਾ ਅੰਮ੍ਰਿਤਸਰ ਨਾਲ ਹੀ : ਸ੍ਰੀ ਮਹਾਵੀਰ ਸ਼ਰਮਾ ਪੁੱਤਰ ਟੀਕਮ ਚੰਦਰਾ ਸ਼ਰਮਾ ਪ੍ਰੋਪ: ਮੈਸਰਜ਼ ਮਹਾਵੀਰ ਇਲੈਕਟ੍ਰੀਕਲ ਵਰਕਸ ਪਿੰਡ ਤੇ ਡਾਕ: ਅਕਾਲਗੜ੍ਹ, ਢਪੱਈ, ਅੰਮ੍ਰਿਤਸਰ-143116 ਕਰਜ਼ਾ ਖਾਤਾ ਨੰ: ਪੀ ਐੱਚ ਆਰ 068507303740 | ਬੈਨਾਮਾ ਦਸਤਾਵੇਜ਼ ਨੰ: 2022-23/93/1/1297 ਮਿਤੀ 29 ਅਪ੍ਰੈਲ-2022 ਅਨੁਸਾਰ ਸ੍ਰੀ ਮਹਾਵੀਰ ਸ਼ਰਮਾ ਪੁੱਤਰ ਟੀਕਮ ਚੰਦਰ ਸ਼ਰਮਾ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਪਲਾਟ ਪ੍ਰਾਈਵੇਟ ਨੰ: 104 'ਤੇ ਨਿਰਮਤ ਮਕਾਨ, ਰਕਬਾ 122.59 ਵਰਗ ਗਜ਼, ਖਸਰਾ ਨੰ: 59//5, 58//6, 58//7, 58//14/1 ਮਿਨ, ਖੱਤਾ ਨੰ: 568/2, ਖਤੌਨੀ ਨੰ: 1332-1333-1334-1335, ਜਮ੍ਹਾਂਬੰਦੀ ਸਾਲ 2017-2018, ਰੱਖਸ਼ਿਕਾਰਗਾਹ, ਆਬਾਦੀ ਨਿਊ ਗਰੀਨ ਫੀਲਡ, ਨੇੜੇ ਖਾਲਸਾ ਡੇਅਰੀ ਤਹਿ: ਤੇ ਜ਼ਿਲ੍ਹਾ ਅੰਮ੍ਰਿਤਸਰ ਨਾਲ ਸੰਬੰਧਤ ਸਭ ਕੁੱਝ। ਹੱਦਾਂ : (ਬੈਨਾਮੇ ਅਨੁਸਾਰ) : ਪੂਰਬ : ਹੋਰਨਾਂ ਦੀ ਮਲਕੀਅਤ, ਪੱਛਮ : ਗਲੀ 20' ਚੌੜੀ, ਉੱਤਰ : ਪਲਾਟ ਨੰ: 103, ਦੱਖਣ : ਹੋਰਨਾਂ ਦੀ ਮਲਕੀਅਤ | 8 ਅਗਸਤ 2023 / 28 ਸਤੰਬਰ 2023 / ਰੁਪਏ : 1319993/- (ਤੇਰਾਂ ਲੱਖ ਉਨੀ ਹਜ਼ਾਰ ਨੌਂ ਸੌ ਤਿਰਾਨਵੇਂ ਰੁਪਏ ਸਿਰਫ) / ਰੁਪਏ : 1250301/- (ਬਾਰਾਂ ਲੱਖ ਪੰਜਾਹ ਹਜ਼ਾਰ ਤਿੰਨ ਸੌ ਇੱਕ ਰੁਪਏ ਸਿਰਫ) |
| 1. ਸ੍ਰੀ ਫਾਜ਼ਲ ਮਸੀਹ ਪੁੱਤਰ ਨਬੂਬ ਮਸੀਹ ਅਤੇ 2. ਸ੍ਰੀਮਤੀ ਅਮਰਜੀਤ ਕੌਰ ਪਤਨੀ ਫਾਜ਼ਲ ਮਸੀਹ ਦੋਵੇਂ ਵਾਸੀ ਨਵੀਪੁਰ ਕਾਲੋਨੀ, ਨਵੀਪੁਰ ਜ਼ਿਲ੍ਹਾ ਗੁਰਦਾਸਪੁਰ-143521 ਨਾਲ ਹੀ : ਰਿਹਾਇਸ਼ ਜਾਇਦਾਦ/ਪਲਾਟ ਜਿਸ ਦਾ ਪ੍ਰਾਈਵੇਟ ਨੰ: 222 ਗੋਲਡਨ ਐਵੇਨਿਊ ਕਾਲੋਨੀ ਪਿੰਡ ਲੇਹਲ ਤਹਿ: ਤੇ ਜ਼ਿਲ੍ਹਾ ਗੁਰਦਾਸਪੁਰ-143521 ਨਾਲ ਹੀ : ਸ੍ਰੀ ਫਾਜਲ ਮਸੀਹ ਪੁੱਤਰ ਨਬੂਬ ਮਸੀਹ-ਗਾਰਡਜ਼ ਪੰਜਾਬ ਹੋਮਗਾਰਡ ਪੁਰਾਣੀ ਬਿਲਡਿੰਗ ਖੇਤੀਬਾੜੀ ਦਫਤਰ ਗੁਰਦਾਸਪੁਰ ਜ਼ਿਲ੍ਹਾ ਗੁਰਦਾਸਪੁਰ-143521 ਕਰਜ਼ਾ ਖਾਤਾ ਨੰ: ਪੀ ਐੱਚ ਆਰ 068505711407 | ਬੈਨਾਮਾ ਦਸਤਾਵੇਜ ਨੰ: 2020-21/150/1/846 ਮਿਤੀ 7 ਜਨਵਰੀ 2021 ਅਨੁਸਾਰ ਸ੍ਰੀ ਫਜਲ ਮਸੀਹ ਪੁੱਤਰ ਨਬੂਬ ਮਸੀਹ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਪਲਾਟ ਪ੍ਰਾਈਵੇਟ ਨੰ: 222, ਰਕਬਾ 0-6 ਮਰਲੇ, (183.33 ਵਰਗ ਗਜ਼), ਗੋਲਡਨ ਐਵੇਨਿਊ ਕਾਲੋਨੀ, ਪਿੰਡ ਲੇਹਲ, ਹਦਬਸਤ ਨੰ: 386, ਤਹਿ: ਤੇ ਜ਼ਿਲ੍ਹਾ ਗੁਰਦਾਸਪੁਰ ਨਾਲ ਸੰਬੰਧਤ ਸਭ ਕੁਝ। ਹੱਦਾਂ : (ਬੈਨਾਮੇ ਅਨੁਸਾਰ) ਪੂਰਬ : ਪਲਾਟ ਨੰ: 231 ਸਾਈਡ-30', ਪੱਛਮ : ਗਲੀ 20 ਫੁੱਟ ਸਾਈਡ -30', ਉੱਤਰ : ਪਲਾਟ ਨੰ: 221 ਸਾਈਡ 55', ਦੱਖਣ : ਪਲਾਟ ਨੰ: 223, ਸਾਈਡ-55' | 8 ਜੂਨ 2023 / 28 ਸਤੰਬਰ 2023 / ਰੁਪਏ : 1381884/- (ਤੇਰਾਂ ਲੱਖ ਇਕਆਸੀ ਹਜ਼ਾਰ ਅੱਠ ਸੌ ਚੁਰਾਸੀ ਰੁਪਏ ਸਿਰਫ) / ਰੁਪਏ : 1360000/- (ਤੇਰਾਂ ਲੱਖ ਸੱਠ ਹਜ਼ਾਰ ਰੁਪਏ ਸਿਰਫ) |
| 1. ਸ੍ਰੀ ਰਾਜਦੀਪ ਸਿੰਘ ਪੁੱਤਰ ਦਰਸ਼ਨ ਸਿੰਘ ਅਤੇ 2. ਸ੍ਰੀਮਤੀ ਬਲਜੀਤ ਕੌਰ ਪਤਨੀ ਦਰਸ਼ਨ ਸਿੰਘ ਦੋਵੇਂ ਵਾਸੀ ਮਕਾਨ ਨੰ: 191 ਗਲੀ ਨੰ: 2, ਅਰਮਾਨ ਨਗਰ, ਜਲੰਧਰ, ਪੰਜਾਬ-144023 ਨਾਲ ਹੀ : # ਪਲਾਟ ਨੰ: 16, ਪਿੰਡ ਢਿੱਲਵਾਂ, ਤਹਿ: ਤੇ ਜ਼ਿਲ੍ਹਾ ਜਲੰਧਰ ਕਰਜ਼ਾ ਖਾਤਾ ਨੰ: ਪੀ ਐੱਚ ਆਰ 015506107409 | ਬੈਨਾਮਾ ਦਸਤਾਵੇਜ ਨੰ: 2020-21/186/1/1494 ਮਿਤੀ 20 ਜੁਲਾਈ 2020 ਅਨੁਸਾਰ ਸ੍ਰੀਮਤੀ ਬਲਜੀਤ ਕੌਰ ਪਤਨੀ ਦਰਸ਼ਨ ਸਿੰਘ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਪਲਾਟ ਨੰ: 16, ਰਕਬਾ 04 ਮਰਲੇ-214 ਵਰਗ ਫੁੱਟ, ਖੇਵਟ/ਖਤੌਨੀ ਨੰ: 55/64, ਖਸਰਾ ਨੰ: 29//25/1, 31//1/2, 32//5/1, ਹਦਬਸਤ ਨੰ: 191, ਜਮ੍ਹਾਂਬੰਦੀ ਸਾਲ 2015-16, ਪਿੰਡ ਢਿੱਲਵਾਂ, ਤਹਿ: ਤੇ ਜ਼ਿਲ੍ਹਾ ਜਲੰਧਰ ਨਾਲ ਸੰਬੰਧਤ ਸਭ ਕੁਝ। ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਹੋਰ, ਪੱਛਮ : ਸੜਕ, ਉੱਤਰ : ਹੋਰ, ਦੱਖਣ : ਪਲਾਟ ਨੰ: 17 | 8 ਅਕਤੂਬਰ 2023 / 16 ਅਕਤੂਬਰ 2023 / ਰੁਪਏ : 1268660/- (ਬਾਰਾਂ ਲੱਖ ਅਠਾਟ ਹਜ਼ਾਰ ਛੇ ਸੌ ਸੱਠ ਰੁਪਏ ਸਿਰਫ) / ਰੁਪਏ : 12,30,000/- (ਬਾਰਾਂ ਲੱਖ ਤੀਹ ਹਜ਼ਾਰ ਰੁਪਏ ਸਿਰਫ) |
| 1. ਸ੍ਰੀ ਬਲਦੇਵ ਸਿੰਘ ਪੁੱਤਰ ਸੰਪੂਰਨ ਸਿੰਘ ਅਤੇ 2. ਸ੍ਰੀ ਜਸਪਾਲ ਸਿੰਘ ਪੁੱਤਰ ਬਲਦੇਵ ਸਿੰਘ ਦੋਵੇਂ ਵਾਸੀ ਮੁਹੱਲਾ ਅਰੋੜਾ ਰਸਤਾ, ਵਾਰਡ ਨੰ: 8, ਸੁਲਤਾਨਪੁਰ ਲੋਧੀ ਕਪੂਰਥਲਾ-144626 ਨਾਲ ਹੀ : ਨਿਊ ਸੈਂਟਰਲ ਟਾਊਨ ਸਾਹਮਣੇ ਬੇਬੇ ਨਾਨਕੀ ਨਗਰ ਨੇੜੇ ਸੁਖਮਨੀ ਹਸਪਤਾਲ ਜ਼ਿਲ੍ਹਾ ਕਪੂਰਥਲਾ-144626 ਨਾਲ ਹੀ : ਮਕਾਨ ਜਿਸ ਦਾ ਖੱਤਾ ਨੰ: 262/348, ਖਸਰਾ ਨੰ: 21//10/1/4 (3-17, 21//12/2/2) (2-18, 21//9/1 (5-2), 9//25/1/1 (0-9) ਜੋ ਕਿ ਪਿੰਡ ਬਾਹੀਬਲ ਨਗਰ, ਬਹਾਦਰ ਤਹਿ: ਸੁਲਤਾਨਪੁਰ ਲੋਧੀ ਜ਼ਿਲ੍ਹਾ ਕਪੂਰਥਲਾ ਵਿਖੇ ਸਥਿਤ। ਕਰਜ਼ਾ ਖਾਤਾ ਨੰ: ਪੀ ਐੱਚ ਆਰ 015501206744 | ਬੈਨਾਮਾ ਵਸੀਕਾ ਨੰ: 1322, ਮਿਤੀ 21.1.2015 ਅਨੁਸਾਰ ਬਲਦੇਵ ਸਿੰਘ ਪੁੱਤਰ ਸੰਪੂਰਨ ਸਿੰਘ ਦੇ ਨਾਂਅ 'ਤੇ ਰਜਿਸਟਰਡ ਜਾਇਦਾਦ/ਜ਼ਮੀਨ ਰਕਬਾ 4 ਮਰਲੇ 'ਤੇ ਨਿਰਮਤ ਮਕਾਨ, ਕੁੱਲ ਜ਼ਮੀਨ 12 ਕਨਾਲ-6 ਮਰਲੇ ਦਾ 2/123 ਹਿੱਸਾ, ਖੱਤਾ ਨੰ: 262/348, ਖਸਰਾ ਨੰ: 21//10/1/4 (3-17), 21//12/2/2 (2-18), 21//9/1 (5-2), 9//25/1/1 (0-9), ਕਿੱਤੇ-4, ਜਮ੍ਹਾਂਬੰਦੀ ਸਾਲ 2008-09, ਪਿੰਡ ਬਾਹੀਬਲ, ਬਹਾਦਰ, ਤਹਿ: ਸੁਲਾਤਾਨਪੁਰ ਲੋਧੀ, ਜ਼ਿਲ੍ਹਾ ਕਪੂਰਥਲਾ ਨਾਲ ਸੰਬੰਧਤ ਸਭ ਕੁਝ। ਹੱਦਾਂ (ਬੈਨਾਮੇ ਅਨੁਸਾਰ) : ਪੂਰਬ : ਸੜਕ, ਪੱਛਮ : ਹੋਰ ਮਾਲਕ, ਉੱਤਰ : ਸੜਕ, ਦੱਖਣ : ਸੁਮਨ ਪਤਨੀ ਯੋਗੇਸ਼ ਜੈਨ। | 8 ਸਤੰਬਰ 2023 / 17 ਅਕਤੂਬਰ 2023 / ਰੁਪਏ : 512139/- (ਪੰਜ ਲੱਖ ਬਾਰਾਂ ਹਜ਼ਾਰ ਇੱਕ ਸੌ ਉਨਤਾਲੀ ਰੁਪਏ ਸਿਰਫ) / ਰੁਪਏ : 1515000/- (ਪੰਦਰਾ ਲੱਖ ਪੰਦਰਾਂ ਹਜ਼ਾਰ ਰੁਪਏ ਸਿਰਫ) |
| 1. ਸ੍ਰੀ ਸੰਜੈ ਪੁੱਤਰ ਬਾਬੂ ਰਾਮ ਅਤੇ 2. ਸ੍ਰੀ ਵਰੁਨ ਪੁੱਤਰ ਸੰਜੈ ਦੋਵੇਂ ਵਾਸੀ ਨੇੜੇ ਮਜੀਠਾ ਪੈਲੇਸ ਪਿੰਡ ਮਜੀਠਾ ਅੰਮ੍ਰਿਤਸਰ-143601 ਨਾਲ ਹੀ : ਮਕਾਨ ਨੰ: 6/172 ਜੋ ਕਿ ਪਿੰਡ ਮਜੀਠਾ ਤਹਿ: ਮਜੀਠਾ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਸਥਿਤ ਨਾਲ ਹੀ : ਸ੍ਰੀ ਸੰਜੈ ਪੁੱਤਰ ਬਾਬੂ ਰਾਮ ਪ੍ਰੋਪ: ਮੈਸਰਜ਼ ਸੰਜੈ ਟਰੇਡਰਜ਼ ਨੇੜੇ ਮਜੀਠਾ ਪੈਲੇਸ ਪਿੰਡ ਮਜੀਠਾ ਅੰਮ੍ਰਿਤਸਰ-143601 ਕਰਜ਼ਾ ਖਾਤਾ ਨੰ: ਪੀ ਐੱਚ ਆਰ 068505867402 | ਬੈਨਾਮਾ ਦਸਤਾਵੇਜ਼ ਨੰ: 2020-21/92/1/1693 ਮਿਤੀ 8 ਮਾਰਚ 2021 ਅਨੁਸਾਰ ਸ੍ਰੀ ਸੰਜੀਵ ਪੁੱਤਰ ਬਾਊਰਾਮ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ ਨੰ: 6/172, ਰਕਬਾ 05 ਮਰਲੇ, ਖਸਰਾ ਨੰ: 90//24/1/1 (0-6), 90//17/2/1 (3-5), 90//17/2/2 (0-6), 90//24/1/2 (0-17), 98//1/1 (2-5), 1/2 (1-18) 2/1 (1-12), 2/2 (3-9), 10/1 (1-12), 10/2 (4-19), 11/1 (5-17), 90//24/2 (3-3), 90//18/1/1 (1-0), 90//9/3 (1-0), 90//12/1 (1-14) ਪਿੰਡ ਮਜੀਠਾ, ਤਹਿ: ਮਜੀਠਾ, ਜ਼ਿਲ੍ਹਾ ਅੰਮ੍ਰਿਤਸਰ ਨਾਲ ਸੰਬੰਧਤ ਸਭ ਕੁਝ। ਹੱਦਾਂ (ਬੈਨਾਮੇ ਅਨੁਸਾਰ) : ਪੂਰਬ : ਮਕਾਨ ਨੰ: 6/173, ਪੱਛਮ : ਕਸ਼ਮੀਰ ਸਿੰਘ ਪੁੱਤਰ ਇਕਬਾਲ ਸਿੰਘ ਦੀ ਮਲਕੀਅਤ, ਉੱਤਰ : ਕਸ਼ਮੀਰ ਸਿੰਘ ਪੁੱਤਰ ਇਕਬਾਲ ਸਿੰਘ ਦੀ ਮਲਕੀਅਤ, ਦੱਖਣ : ਰਸਤਾ। | 8 ਅਕਤੂਬਰ 2023 / 27 ਅਕਤੂਬਰ 2023 / ਰੁਪਏ : 1577123/- (ਪੰਦਰਾਂ ਲੱਖ ਸੱਤਤਰ ਹਜ਼ਾਰ ਇੱਕ ਸੌ ਤੇਈ ਰੁਪਏ ਸਿਰਫ) / ਰੁਪਏ : 1542001/- (ਪੰਦਰਾਂ ਲੱਖ ਬਤਾਲੀ ਹਜ਼ਾਰ ਇੱਕ ਰੁਪਏ ਸਿਰਫ) |
| 1. ਸ੍ਰੀ ਸੁਰਿੰਦਰਪਾਲ ਸਿੰਘ ਪੁੱਤਰ ਤਰਲੋਕ ਸਿੰਘ ਅਤੇ 2. ਸ੍ਰੀਮਤੀ ਮਨਦੀਪ ਕੌਰ ਪਤਨੀ ਸ੍ਰੀ ਸੁਰਿੰਦਰਪਾਲ ਸਿੰਘ ਦੋਵੇਂ ਵਾਸੀ ਮਕਾਨ ਨੰ: 57, ਗਲੀ ਨੰ: 1, ਤੀਰਥ ਰੋਡ, ਬਿਊਟੀ ਐਵੇਨਿਊ, ਅੰਮ੍ਰਿਤਸਰ-143001 ਨਾਲ ਹੀ : ਮਕਾਨ ਜਿਸ ਦਾ ਪਲਾਟ ਨੰ: 37, ਬਿਊਟੀ ਐਵੇਨਿਊ, ਪਿੰਡ ਮਾਹਲ ਤਹਿ: ਅੰਮ੍ਰਿਤਸਰ-2, ਅੰਮ੍ਰਿਤਸਰ-143001 ਕਰਜ਼ਾ ਖਾਤਾ ਨੰ: ਪੀ ਐੱਚ ਆਰ 068506204840 | ਬੈਨਾਮਾ ਦਸਤਾਵੇਜ਼ ਨੰ: 2021-22/93/1/4430 ਮਿਤੀ 02 ਜੁਲਾਈ 2021 ਅਨੁਸਾਰ ਸ੍ਰੀ ਸੁਰਿੰਦਰਪਾਲ ਪੁੱਤਰ ਤਰਲੋਕ ਸਿੰਘ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ ਪਲਾਟ ਨੰ: 37, ਰਕਬਾ 113 ਵਰਗ ਗਜ਼, ਖਸਰਾ ਨੰ: 310 ਮਿਨ, ਖੱਤਾ ਖਤੌਨੀ ਨੰ: 131/165, ਜਮ੍ਹਾਂਬੰਦੀ ਸਾਲ 2017-2018, ਪਿੰਡ ਮਾਹਲ, ਸਬ-ਅਰਬਨ ਆਬਾਦੀ ਬਿਊਟੀ ਐਵੇਨਿਊ, ਤਹਿ: ਅੰਮ੍ਰਿਤਸਰ-2 ਜ਼ਿਲ੍ਹਾ ਅੰਮ੍ਰਿਤਸਰ ਨਾਲ ਸੰਬੰਧਤ ਸਭ ਕੁਝ। ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਪਲਾਟ ਨੰ: 44, ਪੱਛਮ : ਰਸਤਾ/ਗਲੀ, ਉੱਤਰ : ਪਲਾਟ ਨੰ: 38, ਦੱਖਣ : ਪਲਾਟ ਨੰ: 36 | 8 ਸਤੰਬਰ 2023 / 30 ਅਕਤੂਬਰ 2023 / ਰੁਪਏ : 1898558/- (ਅਠਾਰਾਂ ਲੱਖ ਅਠਾਨਵੇਂ ਹਜ਼ਾਰ ਪੰਜ ਸੌ ਅਠਵੰਜਾ ਰੁਪਏ ਸਿਰਫ) / ਰੁਪਏ : 1865237/- (ਅਠਾਰਾਂ ਲੱਖ ਪੈਂਹਠ ਹਜ਼ਾਰ ਦੋ ਸੌ ਸੈਂਤੀ ਰੁਪਏ ਸਿਰਫ) |
| 1. ਸ੍ਰੀ ਗਗਨਦੀਪ ਸਿੰਘ ਪੁੱਤਰ ਜਗਦੀਸ਼ ਸਿੰਘ ਅਤੇ 2. ਸ੍ਰੀਮਤੀ ਰਿੰਪੀ ਪਤਨੀ ਗਗਨਦੀਪ ਸਿੰਘ ਦੋਵੇਂ ਵਾਸੀ ਮਕਾਨ ਨੰ: 106, ਮੁਹੱਲਾ ਕਰਾਰ ਖਾਂ, ਜਲੰਧਰ-144008 ਨਾਲ ਹੀ : ਸ੍ਰੀ ਗਗਨਦੀਪ ਸਿੰਘ ਪੁੱਤਰ ਜਗਦੀਸ਼ ਸਿੰਘ ਮਕਾਨ ਨੰ: 70, ਖਸਰਾ ਨੰ: 120, 654/121, 655/121 ਪਿੰਡ ਨਾਗਰਾ ਆਬਾਦੀ ਨੈਸ਼ਨਲ ਪਾਰਕ ਤਹਿ: ਅਤੇ ਜ਼ਿਲ੍ਹਾ ਜਲੰਧਰ-144001 ਨਾਲ ਹੀ : ਸ੍ਰੀ ਗਗਨਦੀਪ ਸਿੰਘ ਪੁੱਤਰ ਜਗਦੀਸ਼ ਸਿੰਘ ਪ੍ਰੋਪ: ਮੈਸਰਜ਼ ਜੀ ਐੱਸ ਵੈਜੀਟੇਬਲਸ ਟ੍ਰੇਡਰਜ਼ ਦੁਕਾਨ ਨੰ: 20, ਪੁਰਾਣੀ ਸਬਜ਼ੀ ਮੰਡੀ, ਨੇੜੇ ਡੋਲਫੀਨ ਹੋਟਲ ਜਲੰਧਰ-144001 ਕਰਜ਼ਾ ਖਾਤਾ ਨੰ: ਪੀ ਐੱਚ ਆਰ 015506198744 | ਬੈਨਾਮਾ ਦਸਤਾਵੇਜ਼ ਨੰ: 2021-2022/187/1/2660 ਮਿਤੀ 28 ਜੂਨ 2021 ਅਨੁਸਾਰ ਸ੍ਰੀ ਗਗਨਦੀਪ ਸਿੰਘ ਪੁੱਤਰ ਜਗਦੀਸ਼ ਸਿੰਘ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ ਨੰ: 70, ਰਕਬਾ 5 ਮਰਲੇ, ਖੱਤਾ/ਖਤੌਨੀ ਨੰ: 41/51, ਖਸਰਾ ਨੰ: 120, 654/121, 655/121, ਜਮ੍ਹਾਂਬੰਦੀ ਸਾਲ 2017-2018, ਹਦਬਸਤ ਨੰ: 158, ਪਿੰਡ ਨਾਗਰਾ, ਆਬਾਦੀ ਨੈਸ਼ਨਲ ਪਾਰਕ, ਤਹਿ: ਤੇ ਜ਼ਿਲ੍ਹਾ ਜਲੰਧਰ ਨਾਲ ਸੰਬੰਧਤ ਸਭ ਕੁਝ। ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਮਕਾਨ ਨੰ: 69, ਪੱਛਮ : ਮਕਾਨ ਨੰ: 70 ਦਾ ਬਾਕੀ ਹਿੱਸਾ 70-ਏ, ਉੱਤਰ : ਸੜਕ, ਦੱਖਣ : ਹੋਰ। | 8 ਸਤੰਬਰ 2023 / 30 ਅਕਤੂਬਰ 2023 / ਰੁਪਏ : 9,67,287/- (ਨੌਂ ਲੱਖ ਸਤਾਹਠ ਹਜ਼ਾਰ ਦੋ ਸੌ ਸਤਾਸੀ ਰੁਪਏ ਸਿਰਫ) / ਰੁਪਏ : 1656267/- (ਸੋਲਾਂ ਲੱਖ ਛਪੰਜਾ ਹਜ਼ਾਰ ਦੋ ਸੌ ਸਤਾਹਠ ਰੁਪਏ ਸਿਰਫ) |
| 1. ਸ੍ਰੀ ਲਖਵਿੰਦਰ ਸਿੰਘ ਪੁੱਤਰ ਨਰਿੰਦਰ ਸਿੰਘ ਅਤੇ 2. ਸ੍ਰੀ ਨਰਿੰਦਰ ਸਿੰਘ ਪੁੱਤਰ ਦਰਯੋਧਨ ਸਿੰਘ ਦੋਵੇਂ ਵਾਸੀ ਦਿਆਲਪੁਰ ਕਪੂਰਥਲਾ-144803 ਨਾਲ ਹੀ : ਬਣਿਆ ਮਕਾਨ ਜਿਸ ਦਾ ਪਲਾਟ ਨੰ: 16/ਸੀ, ਕਾਲੀਆ ਕਾਲੋਨੀ ਫੇਜ਼-2, ਸਲੀਮਪੁਰ ਮੁਸਲਮਾਨਾ ਤਹਿ: ਤੇ ਜ਼ਿਲ੍ਹਾ ਜਲੰਧਰ-144001 ਨਾਲ ਹੀ : ਸ੍ਰੀ ਲਖਵਿੰਦਰ ਸਿੰਘ ਪੁੱਤਰ ਨਰਿੰਦਰ ਸਿੰਘ ਸੀਨੀਅਰ ਓਪਰੇਸ਼ਨ ਮੈਨੇਜਰ ਮੈਸਰਜ਼ ਆਪੋਰਚਿਊਨਿਟੀ ਇੰਡੀਆ ਲਿਮ: 58 ਪ੍ਰੀਤਮ ਨਗਰ ਕਰਤਾਰਪੁਰ-144801 ਕਰਜ਼ਾ ਖਾਤਾ ਨੰ: ਪੀ ਐੱਚ ਆਰ 015506568457 | ਬੈਨਾਮਾ ਦਸਤਾਵੇਜ਼ ਨੰ: 2021-22/187/1/5785 ਮਿਤੀ 8 ਅਕਤੂਬਰ 2021 ਅਨੁਸਾਰ ਲਖਵਿੰਦਰ ਸਿੰਘ ਪੁੱਤਰ ਨਰਿੰਦਰ ਸਿੰਘ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ ਨੰ: 16-ਸੀ, ਰਕਬਾ 03 ਮਰਲੇ, 159.25 ਵਰਗ ਫੁੱਟ, ਖਸਰਾ ਨੰ: 23//1/2, 2/1/ 3/1, 4/1, ਕਾਲੀਆ ਕਾਲੋਨੀ, ਫੇਜ਼-2, ਸਲੇਮਪੁਰ ਮੁਸਲਮਾਨਾ, ਤਹਿ: ਤੇ ਜ਼ਿਲ੍ਹਾ ਜਲੰਧਰ ਨਾਲ ਸੰਬੰਧਤ ਸਭ ਕੁਝ। ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਸੜਕ, ਪੱਛਮ : ਪਲਾਟ ਨੰ: 16-ਬੀ, ਉੱਤਰ : ਪਲਾਟ ਨੰ: 16-ਡੀ, ਦੱਖਣ : ਸੜਕ। | 8 ਸਤੰਬਰ 2023 / 31 ਅਕਤੂਬਰ 2023 / ਰੁਪਏ : 1803092/- (ਅਠਾਰਾਂ ਲੱਖ ਤਿੰਨ ਹਜ਼ਾਰ ਬਾਨਵੇਂ ਰੁਪਏ ਸਿਰਫ) |
| 1. ਸ੍ਰੀਮਤੀ ਪਰਮਜੀਤ ਕੌਰ ਪਤਨੀ ਜਤਿੰਦਰ ਸਿੰਘ ਅਤੇ 2. ਸ੍ਰੀ ਬਲਵੰਤ ਸਿੰਘ ਪੁੱਤਰ ਮਹਿੰਦਰ ਸਿੰਘ ਦੋਵੇਂ ਵਾਸੀ ਮਕਾਨ ਨੰ: 25, ਡੇਰਾ ਬਾਬਾ ਜੀਵਨ ਸਿੰਘ ਕਾਲੋਨੀ, ਘਣੂੰਪੁਰ ਛੇਹਰਟਾ, ਅੰਮ੍ਰਿਤਸਰ-143001 ਨਾਲ ਹੀ : ਮਕਾਨ ਜਿਸ ਦਾ ਪ੍ਰਾਈਵੇਟ ਨੰ: 15 ਹਰਗੋਬਿੰਦ ਐਵੇਨਿਊ (ਨਗਰ) ਪਿੰਡ ਕਾਲਾ ਘਣੂੰਪੁਰ, ਨੇੜੇ ਮਿਸਟੀ ਬਿਊਟੀ ਸੈਲੂਨ ਤਹਿ: ਤੇ ਜ਼ਿਲ੍ਹਾ ਅੰਮ੍ਰਿਤਸਰ-143001 ਨਾਲ ਹੀ : ਸ੍ਰੀਮਤੀ ਪਰਮਜੀਤ ਕੌਰ ਪਤਨੀ ਜਤਿੰਦਰ ਸਿੰਘ ਪਿੰਡ ਖੁਰਮਾਣੀਆ ਖਾਸਾ , ਅੰਮ੍ਰਿਤਸਰ-143107 ਨਾਲ ਹੀ : ਸ੍ਰੀਮਤੀ ਪਰਮਜੀਤ ਕੌਰ ਪਤਨੀ ਜਤਿੰਦਰ ਸਿੰਘ ਮੈਸਰਜ਼ ਆਸ਼ਿਕਾ ਬੂਟੀਕ ਅਤੇ ਬਿਊਟੀ ਪਾਰਲਰ ਬਾਬਾ ਜੀਵਨ ਸਿੰਘ ਕਾਲੋਨੀ ਸਾਹਮਣੇ ਆਰਮੀ ਗੇਟ ਨੰਬਰ 2 ਬਾਈਪਾਸ ਜੀ ਟੀ ਰੋਡ ਅੰਮ੍ਰਿਤਸਰ-143107 ਕਰਜ਼ਾ ਖਾਤਾ ਨੰ: ਪੀ ਐੱਚ ਆਰ 068505925030 | ਬੈਨਾਮਾ ਦਸਤਾਵੇਜ਼ ਨੰ: 2020-21/93/1/14256 ਮਿਤੀ 10.3.2021 ਅਨੁਸਾਰ ਪਰਮਜੀਤ ਕੌਰ ਪਤਨੀ ਸ੍ਰੀ ਜਤਿੰਦਰ ਸਿੰਘ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ ਪ੍ਰਾਈਵੇਟ ਨੰ: 15, ਰਕਬਾ 55.22 ਵਰਗ ਗਜ਼, ਖਸਰਾ ਨੰ: 69//10/1, 11 ਮਿਨ, ਖੱਤਾ ਖਤੌਨੀ ਨੰ. 1839/2518, ਜਮ੍ਹਾਂਬੰਦੀ ਸਾਲ 2013-14, ਹਦਬਸਤ ਨੰ: 368, ਕਾਲਾ ਘਣੂੰਪੁਰ, ਸਬ ਅਰਬਨ ਆਬਾਦੀ ਹਰਗੋਬਿੰਦ ਐਵੇਨਿਊ (ਨਗਰ) ਤਹਿ: ਤੇ ਜ਼ਿਲ੍ਹਾ ਅੰਮ੍ਰਿਤਸਰ ਨਾਲ ਸੰਬੰਧਤ ਸਭ ਕੁਝ। ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਗਲੀ ਨੰ: 18' ਚੌੜੀ, ਪੱਛਮ : ਜਾਇਦਾਦ ਦਾ ਬਾਕੀ ਹਿੱਸਾ, ਉੱਤਰ : ਖਾਲੀ ਪਲਾਟ, ਦੱਖਣ : ਹਰਪਿੰਦਰ ਸਿੰਘ ਦਾ ਮਕਾਨ ਨੰ: 16 | 8 ਸਤੰਬਰ 2023 / 3 ਨਵੰਬਰ 2023 / ਰੁਪਏ : 1160820/- (ਗਿਆਰਾਂ ਲੱਖ ਸੱਠ ਹਜ਼ਾਰ ਅੱਠ ਸੌ ਵੀਹ ਰੁਪਏ ਸਿਰਫ) / ਰੁਪਏ : 11,49,000/- (ਗਿਆਰਾਂ ਲੱਖ ਉਨੰਜਾ ਹਜ਼ਾਰ ਰੁਪਏ ਸਿਰਫ) |

ਉਪਰੋਕਤ ਦਰਸਾਏ ਹਾਲਤਾਂ 'ਚ ਉਕਤ ਕਰਜ਼ਦਾਰਾਂ, ਸਹਿ-ਕਰਜ਼ਦਾਰਾਂ ਅਤੇ /ਜਾਂ ਉਨ੍ਹਾਂ ਦੇ ਗਰੰਟਰਾਂ (ਜਿੱਥੇ ਲਾਗੂ ਹੋਣ) ਨੂੰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਉਪਰੋਕਤ ਦਰਸਾਏ ਬਕਾਇਆਂ ਸਮੇਤ ਭਵਿੱਖੀ ਵਿਆਜ ਅਤੇ ਲਾਗੂ ਚਾਰਜਿਜ਼ ਅਦਾ ਕਰਨ ਲਈ ਨੋਟਿਸ ਦਿੱਤਾ ਜਾਂਦਾ ਹੈ। ਅਸਫਲ ਰਹਿਣ 'ਤੇ ਇਸ ਨੋਟਿਸ ਦੇ 60 ਦਿਨ ਗੁਜ਼ਰਨ ਤੋਂ ਬਾਅਦ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਦੇ ਸੈਕਸ਼ਨ 13 (4) ਅਤੇ ਇਸ ਤਹਿਤ ਲਾਗੂ ਨਿਯਮਾਂ ਤਹਿਤ ਕਰਜ਼ਦਾਰਾਂ ਅਤੇ ਗਰੰਟਰਾਂ ਦੇ ਸਕਿਉਰਡ ਐੱਸਟਸ ਵਿਰੁੱਧ ਸਮੇਤ ਕਬਜ਼ਾ ਹਾਸਲ ਕਰਨ ਜਿਹੇ ਅਗਲੇ ਕਦਮ ਉਠਾਏ ਜਾਣਗੇ। ਕ੍ਰਿਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਉਕਤ ਐਕਟ ਦੇ ਸੈਕਸ਼ਨ 13 (13) ਤਹਿਤ ਕਰਜ਼ਦਾਰ ਸਕਿਉਰਡ ਕ੍ਰੈਡਿਟਸ ਤੋਂ ਅਗਾਊਂ ਲਿਖਤੀ ਮਨਜ਼ੂਰੀ ਤੋਂ ਬਿਨਾਂ ਇਸ ਨੋਟਿਸ 'ਚ ਹਵਾਲੇ ਵਾਲੇ ਕੋਈ ਸਕਿਉਰਡ ਐੱਸਟਸ ਵਿਕਰੀ, ਲੀਜ਼ ਜਾਂ ਕਿਸੇ ਹੋਰ ਤਰੀਕੇ ਨਾਲ ਤਬਦੀਲ ਨਹੀਂ ਕਰ ਸਕਦਾ।

ਮਿਤੀ : 14.12.2023
ਸਥਾਨ : ਪੰਜਾਬ

ਅਧਿਕਾਰਤ ਅਫ਼ਸਰ
ਐਕਸਿਸ ਬੈਂਕ ਲਿਮਟਿਡ


ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Fatehpuri**

ਸੰਪਾਦਕ : **ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

# ਹਜ਼ਾਰਾਂ ਏਕੜ ਜ਼ਮੀਨ ਸੇਮ ਦੀ ਮਾਰ ਹੇਠਾਂ ਆਉਣ ਕਾਰਨ ਕਿਸਾਨ ਪ੍ਰੇਸ਼ਾਨ



**ਗੁਰਦਾਸਪੁਰ, (ਜਨਕ ਮਹਾਜਨ)**-ਗੁਰਦਾਸਪੁਰ-ਮੁਕੇਰੀਆਂ ਸੜਕ ਵਿਚਕਾਰ ਵਗਦੀ ਸੇਮ ਨਹਿਰ ਦੀ ਸਫ਼ਾਈ ਤੇ ਡੂੰਘਾਈ ਪਿਛਲੇ ਲੰਬੇ ਸਮੇਂ ਤੋਂ ਨਾ ਹੋਣ ਕਾਰਨ ਹੁਣ ਸੇਮ ਨੇ ਹਜ਼ਾਰਾਂ ਏਕੜ ਜ਼ਮੀਨ ਆਪਣੀ ਲਪੇਟ ਵਿਚ ਲੈ ਲਈ ਹੈ ਜਿਸ ਕਰਕੇ ਕਿਸਾਨਾਂ ਦੀਆਂ ਫ਼ਸਲਾਂ ਦਾ ਭਾਰੀ ਨੁਕਸਾਨ ਹੋ ਰਿਹਾ ਹੈ। ਸੇਮ ਕਿਸਾਨਾਂ ਦੇ ਖੇਤਾਂ ਤੱਕ ਆਉਣ ਕਾਰਨ ਲੋਕ ਮਾਲੀ ਤੌਰ 'ਤੇ ਬਹੁਤ ਪ੍ਰੇਸ਼ਾਨ ਹਨ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਕਿਸਾਨ ਦਿਲਬਾਗ ਸਿੰਘ ਭਾਰਤੀ ਕਿਸਾਨ ਯੂਨੀਅਨ ਉਗਰਾਹਾਂ, ਸੁਖਜਿੰਦਰ ਸਿੰਘ ਸੈਕਟਰੀ, ਪ੍ਰਦੀਪ ਸਿੰਘ, ਸਿਮਰਤਪਾਲ ਸਿੰਘ, ਬਲਵਿੰਦਰ ਸਿੰਘ, ਬਲਜਿੰਦਰ ਸਿੰਘ, ਦਲਵੀਰ ਸਿੰਘ, ਬਲਵੀਰ ਸਿੰਘ, ਅਮਨਦੀਪ ਸਿੰਘ ਅਤੇ ਹੋਰ ਇਲਾਕੇ ਦੇ ਕਿਸਾਨਾਂ ਨੇ ਦੱਸਿਆ ਕਿ ਪਹਿਲੀਆਂ ਸਰਕਾਰਾਂ ਨੇ ਸੇਮ ਨੂੰ ਖ਼ਤਮ ਕਰਨ ਵਾਸਤੇ ਲੱਖਾਂ ਰੁਪਏ ਖਰਚ ਕੀਤੇ ਸਨ ਪਰ ਡਰੇਨੇਜ ਵਿਭਾਗ ਪੰਜਾਬ ਸੇਮ 'ਤੇ ਕਾਬੂ ਪਾਉਣ ਵਿਚ ਅਸਮਰਥ ਰਿਹਾ ਹੈ। ਹੁਣ ਸੇਮ ਨਾਲ ਹਜ਼ਾਰਾਂ ਏਕੜ ਵਾਹੀਯੋਗ ਜ਼ਮੀਨ ਬੰਜਰ ਬਣ ਰਹੀ ਹੈ ਤੇ ਕਿਸਾਨ ਮੌਜੂਦਾ ਸਰਕਾਰ ਤੋਂ ਕਾਫ਼ੀ ਖਫਾ ਨਜ਼ਰ ਆ ਰਹੇ ਹਨ। ਉਨ੍ਹਾਂ ਦੱਸਿਆ ਕਿ ਡਰੇਨੇਜ ਵਿਭਾਗ ਗੁਰਦਾਸਪੁਰ ਨੇ ਪਾਣੀ ਦੇ ਨਿਕਾਸ ਵਾਸਤੇ ਕਾਫ਼ੀ ਪੁਲੀਆਂ ਵੀ ਪਾਈਆਂ ਸਨ ਜੋ ਕਈ ਕਿਸਾਨਾਂ ਨੇ ਆਪਣੇ ਪੱਧਰ 'ਤੇ ਬੰਦ ਕਰ ਦਿੱਤੀਆਂ ਹਨ। ਹੁਣ ਪਾਣੀ ਕਿਸਾਨਾਂ ਦੀਆਂ ਜ਼ਮੀਨਾਂ ਵਿਚ ਖੜ੍ਹਾ ਰਹਿਣ ਕਰਕੇ ਕਾਫ਼ੀ ਨੁਕਸਾਨ ਕਰ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਵਾਰ ਦਰਿਆ ਬਿਆਸ ਵਿਚ ਵਧੇਰੇ ਪਾਣੀ ਆਉਣ ਕਰਕੇ ਕਮਾਦ ਦੀ ਫ਼ਸਲ ਪੂਰੀ ਤਰ੍ਹਾਂ ਨਸ਼ਟ ਹੋ ਗਈ ਹੈ ਤੇ ਕਮਾਦ ਦੇ ਝਾੜ 'ਤੇ ਵੀ ਕਾਫ਼ੀ ਅਸਰ ਪਿਆ ਹੈ। ਕਈ ਕਿਸਾਨਾਂ ਨੇ ਕਮਾਦ ਨੂੰ ਵਾਹ ਦਿੱਤਾ ਅਤੇ ਕਈ ਕਿਸਾਨ ਕਮਾਦ ਦੀ ਫ਼ਸਲ ਨੂੰ ਅੱਗ ਲਗਾਉਣ ਲਈ ਮਜਬੂਰ ਹਨ। ਉਨ੍ਹਾਂ ਕਿਹਾ ਬਹੁਤ ਕਿਸਾਨ ਬੈਂਕਾਂ ਦੇ ਕਰਜ਼ੇ 'ਤੇ ਨਿਰਭਰ ਹਨ।

ਫ਼ਸਲ ਮਾੜੀ ਹੋਣ ਕਰਕੇ ਉਹ ਬੈਂਕਾਂ ਤੋਂ ਲਏ ਕਰਜ਼ਿਆਂ ਦੀਆਂ ਕਿਸ਼ਤਾਂ ਵੀ ਨਹੀਂ ਦੇ ਪਾਉਂਦੇ। ਉਨ੍ਹਾਂ ਕਿਹਾ ਬੇਟ ਖੇਤਰ ਅੰਦਰ ਸੇਮ ਸਮੱਸਿਆ ਸਬੰਧੀ ਮੰਤਰੀਆਂ ਤੇ ਵਿਧਾਇਕਾਂ ਨੂੰ ਵੀ ਦੱਸਿਆ ਗਿਆ ਹੈ ਪਰ ਫ਼ਿਰ ਵੀ ਇਸ ਦਾ ਕੋਈ ਪੱਕਾ ਹੱਲ ਨਹੀਂ ਨਿਕਲ ਰਿਹਾ। ਉਨ੍ਹਾਂ ਪੰਜਾਬ ਦੇ ਮੁੱਖ ਮੰਤਰੀ ਮਾਨ ਨੂੰ ਅਪੀਲ ਕੀਤੀ ਕਿ ਬੇਟ ਇਲਾਕੇ ਦੀ ਸੇਮ ਸਮੱਸਿਆ ਦਾ ਸਬੰਧਿਤ ਵਿਭਾਗ ਤੋਂ ਹੱਲ ਕਰਵਾਇਆ ਜਾਵੇ। ਇਥੇ ਜ਼ਿਕਰਯੋਗ ਹੈ ਕਿ ਕਈ ਕਿਸਾਨਾਂ ਨੇ ਆਪਣੇ ਪੱਧਰ 'ਤੇ ਆਪਣੀਆਂ ਜ਼ਮੀਨਾਂ ਵਿਚ ਮਿੱਟੀ ਪਵਾ ਕੇ ਉਚੀ ਕਰਕੇ ਕੁਝ ਹੱਦ ਤੱਕ ਸੇਮ ਖ਼ਤਮ ਕਰਨ ਦੀ ਕੋਸ਼ਿਸ਼ ਕੀਤੀ ਹੈ। ਲੋਕਾਂ ਨੇ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਕਿ ਸੇਮ ਨਹਿਰ ਦੀ ਸਫ਼ਾਈ ਤੇ ਡੂੰਘਾਈ ਕਰਵਾਈ ਜਾਵੇ ਤਾਂ ਜੋ ਸੇਮ ਸਮੱਸਿਆ ਦਾ ਕੁਝ ਹੱਦ ਤੱਕ ਹੱਲ ਹੋ ਸਕੇ।

# ਸਪੈਸ਼ਲ ਜੁਵੇਨਾਈਲ ਪੁਲਸ ਅਧਿਕਾਰੀਆਂ ਤੇ ਪੋਕਸੋ ਐਕਟ ਦੇ ਤਫਤੀਸ਼ੀ ਅਫਸਰਾਂ ਲਈ ਟ੍ਰੇਨਿੰਗ

**ਐੱਸ.ਏ.ਐੱਸ. ਨਗਰ (ਗੁਰਜੀਤ ਬਿੱਲਾ)**- ਜਸਟਿਸ ਗੁਰਮੀਤ ਸਿੰਘ ਸੰਧਾਵਾਲੀਆ, ਜੱਜ, ਪੰਜਾਬ ਅਤੇ ਹਰਿਆਣਾ ਹਾਈ ਕੋਰਟ ਅਤੇ ਕਾਰਜਕਾਰੀ ਚੇਅਰਮੈਨ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੀਆਂ ਹਦਾਇਤਾਂ ਅਧੀਨ ਅਤੇ ਹਰਪਾਲ ਸਿੰਘ, ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ. ਐਸ.ਏ.ਐਸ. ਨਗਰ ਦੀ ਸਰਪ੍ਰਸਤੀ ਹੇਠ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ. ਨਗਰ ਵਲੋਂ ਸਪੈਸ਼ਲ ਜੁਵੇਨਾਈਲ ਪੁਲਸ ਅਧਿਕਾਰੀਆਂ ਅਤੇ ਪੋਕਸੋ ਐਕਟ ਦੇ ਤਫਤੀਸ਼ੀ ਅਫਸਰਾਂ ਲਈ ਸਥਾਨਕ ਜੁਡੀਸ਼ੀਅਲ ਕੰਪਲੈਕਸ ਵਿਖੇ ਟ੍ਰੇਨਿੰਗ ਪ੍ਰੋਗਰਾਮ ਕਰਵਾਇਆ ਗਿਆ। ਬਲਜਿੰਦਰ ਸਿੰਘ ਮਾਨ, ਸੀ.ਜੇ.ਐਮ.-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾ ਅਥਾਰਟੀ, ਐਸ.ਏ.ਐਸ. ਨਗਰ ਵਲੋਂ ਸਪੈਸ਼ਲ ਜੁਵੇਨਾਈਲ ਪੁਲਸ ਅਧਿਕਾਰੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਗਿਆ ਕਿ ਕਿਸੇ ਵੀ ਨਾਬਾਲਗ ਬੱਚੇ ਦੇ ਕੇਸ ਨੂੰ ਡੀਲ ਕਰਦੇ ਸਮੇਂ ਪੁਲਸ ਅਧਿਕਾਰੀ ਵਰਦੀ ਵਿਚ ਨਹੀਂ ਹੋਣਾ ਚਾਹੀਦਾ ਬਲਕਿ ਸਾਦੇ ਕਪੜਿਆਂ ਵਿਚ ਹੋਣਾ ਚਾਹੀਦਾ ਹੈ। ਪੁਲਸ ਅਧਿਕਾਰੀ ਬੱਚੇ ਨੂੰ ਗ੍ਰਿਫਤਾਰ ਨਹੀਂ ਕਰ ਸਕਦੇ, ਉਸ ਨੂੰ ਕੇਵਲ ਫੜਿਆ ਜਾ ਸਕਦਾ ਹੈ। ਜੇਕਰ ਕਿਸੇ ਬੱਚੇ ਨੂੰ ਕੇਸ ਵਿਚ ਫੜਨਾ ਪਵੇ ਜਾਂ ਕਿਸੇ ਕਿਸਮ ਦੀ ਪੁੱਛ-ਪੜਤਾਲ ਕਰਨੀ ਹੋਵੇ ਤਾਂ ਸਪੈਸ਼ਲ ਜੁਵੇਨਾਈਲ ਪੁਲਸ ਅਧਿਕਾਰੀ ਬੱਚੇ ਦੀ ਸਹੂਲਤ ਅਨੁਸਾਰ ਉਸ ਦੀ ਭਾਸ਼ਾ ਵਿਚ ਗੱਲ ਕਰੇਗਾ।

ਇਸ ਤੋਂ ਇਲਾਵਾ ਜੇਕਰ ਤਫਤੀਸ਼ ਜਾਂ ਪੜਤਾਲ ਦੌਰਾਨ ਬੱਚਾ ਪੁਲਸ ਜਾਂ ਬੋਰਡ ਦੇ ਸਾਹਮਣੇ ਪੇਸ਼ ਨਹੀਂ ਹੁੰਦਾ ਤਾਂ ਉਸ ਨੂੰ ਭਗੌੜਾ ਕਰਾਰ ਨਹੀਂ ਦਿੱਤਾ ਜਾ ਸਕਦਾ, ਉਸ ਨੂੰ ਕੇਵਲ ਗੁੰਮਸ਼ੁਦਾ ਕਿਹਾ ਜਾ ਸਕਦਾ ਹੈ।ਉਹਨਾਂ ਨੇ ਤਫ਼ਤੀਸ਼ੀ ਅਧਿਕਾਰੀਆਂ ਨੂੰ ਪੋਕਸੋ ਐਕਟ ਦੇ ਉਪਬੰਧਾਂ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਅਪਰਾਧ ਪੀੜਤ ਦੀ ਪਹਿਚਾਣ ਗੁਪਤ ਰੱਖੀ ਜਾਣੀ ਜ਼ਰੂਰੀ ਹੈ।ਅਪਰਾਧ ਪੀੜਤ ਨੂੰ ਅਦਾਲਤ ਵਲੋਂ ਮੁਆਵਜ਼ਾ ਤੈਅ ਕੀਤਾ ਜਾਂਦਾ ਹੈ, ਜੋ ਕਿ ਬਿਨਾਂ ਕਿਸੇ ਦੇਰੀ ਤੋਂ ਕਾਨੂੰਨੀ ਸੇਵਾਵਾਂ ਅਥਾਰਟੀ ਜਾਰੀ ਕਰ ਦਿੰਦੀ ਹੈ।ਇਸ ਦੇ ਨਾਲ-ਨਾਲ ਪੀੜਤ ਵਿਅਕਤੀ ਮਾਨਯੋਗ ਅਦਾਲਤ ਵਿਚ ਅਰਜ਼ੀ ਦਾਇਰ ਕਰ ਕੇ ਅੰਤਰਿਮ ਰਾਹਤ ਵਜੋਂ ਵੀ ਮੁਆਵਜ਼ਾ ਲੈ ਸਕਦਾ ਹੈ।ਤਫਤੀਸ਼ੀ ਅਧਿਕਾਰੀਆਂ ਨੂੰ ਪੰਜਾਬ ਅਪਰਾਧ ਪੀੜਤ ਮੁਆਵਜ਼ਾ ਸਕੀਮ ਅਤੇ ਨਾਲਸਾ ਅਪਰਾਧ ਪੀੜਤ ਮੁਆਵਜ਼ਾ ਸਕੀਮ (ਔਰਤਾਂ ਲਈ) ਅਧੀਨ ਪੀੜਤ ਵਿਅਕਤੀਆਂ ਨੂੰ ਦਿੱਤੀ ਜਾਣ ਵਾਲੀ ਰਾਹਤ ਸਬੰਧੀ ਦੀ ਜਾਣਕਾਰੀ ਦਿੱਤੀ ਗਈ।ਇਸ ਦੌਰਾਨ ਸ਼੍ਰੀਮਤੀ ਸੋਨਾਲੀ ਸਿੰਘ, ਪ੍ਰਿੰਸੀਪਲ ਮੈਜਿਸਟ੍ਰੇਟ, ਜੁਵੇਨਾਈਲ ਜਸਟਿਸ ਬੋਰਡ ਐਸ.ਏ.ਐਸ. ਨਗਰ ਨੇ ਪੜਤਾਲੀਆ ਅਫਸਰਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਪੈਸ਼ਲ ਜੁਵੇਨਾਈਲ ਪੁਲਸ ਅਧਿਕਾਰੀ ਬੱਚੇ ਨੂੰ ਜੁਵੇਨਾਈਲ ਜਸਟਿਸ ਬੋਰਡ ਦੇ ਸਾਹਮਣੇ ਪੇਸ਼ ਕਰਨ ਸਮੇਂ ਬੱਚੇ ਦੀ ਸੋਸ਼ਲ ਇੰਨਵੈਸਟੀਗੇਸ਼ਨ ਰਿਪੋਰਟ ਤਿਆਰ ਕਰ ਕੇ ਬੋਰਡ ਨੂੰ ਦੇਣੀ ਜ਼ਰੂਰੀ ਹੈ।ਇਸ ਮੌਕੇ ਸ਼੍ਰੀਮਤੀ ਨਵਪ੍ਰੀਤ ਕੌਰ, ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਅਤੇ ਕੁਲਵੰਤ ਸਿੰਘ, ਚੇਅਰਮੈਨ, ਚਾਈਲਡ ਵੈਲਫੇਅਰ ਕਮੇਟੀ, ਐਸ.ਏ.ਐਸ. ਨਗਰ ਵੀ ਹਾਜ਼ਰ ਸਨ।

## ਟਰੇਡ ਯੂਨੀਅਨ ਨੇ ਧਾਲੀਵਾਲ ਨਾਲ ਕੀਤਾ ਦੁੱਖ ਸਾਂਝਾ

**ਮੋਗਾ (ਅਮਰਜੀਤ ਬੱਬਰੀ)** ਅਧਿਆਪਕ ਆਗੂ ਮਹਿੰਦਰ ਸਿੰਘ ਧਾਲੀਵਾਲ (ਕੀੜਆਲ) ਸਾਬਕਾ ਸੂਬਾ ਉਪ ਪ੍ਰਧਾਨ ਗੌਰਮਿੰਟ ਟੀਚਰ ਯੂਨੀਅਨ ਦੀ ਸੁਪਤਨੀ ਚਰਨਜੀਤ ਕੌਰ ਦਾ ਅਸਟ੍ਰੇਲੀਆ ਵਿਖੇ ਪਿਛਲੇ ਦਿਨੀ ਦਿਹਾਂਤ ਹੋ ਗਿਆ।ਉਹ ਤਕਰੀਨਬ 80 ਵਰ੍ਹਿਆ ਦੇ ਸਨ। ਜਗਦੀਸ਼ ਸਿੰਘ ਚਾਹਲ, ਪੋਹਲਾ ਸਿੰਘ ਬਰਾੜ, ਮਾਸਟਰ ਬਲਬੀਰ ਸਿੰਘ ਰਾਮੂੰਵਾਲਾ, ਭੂਪਿੰਦਰ ਸਿੰਘ ਸੇਖੋ ਅਤੇ ਬਚਿੱਤਰ ਸਿੰਘ ਧੋਥੜ ਸਮੇਤ ਹੋਰ ਟਰੇਡ ਯੂਨੀਅਨ ਅਤੇ ਅਧਿਆਪਕ ਆਗੂਆਂ ਨੇ ਉਨ੍ਹਾ ਦੇ ਨਿਵਾਸ ਧਰਮਕੋਟ ਵਿਖੇ ਮਹਿੰਦਰ ਸਿੰਘ ਨਾਲ ਦੁੱਖ ਸਾਂਝਾ ਕੀਤਾ।ਦੁੱਖ ਸਾਂਝਾ ਕਰਨ ਉਪਰੰਤ ਜਗਦੀਸ਼ ਸਿੰਘ ਚਾਹਲ ਨੇ ਦੱਸਿਆ ਕਿ ਚਰਨਜੀਤ ਕੌਰ ਦੀ ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ 20 ਦਸੰਬਰ ਦਿਨ ਬੁੱਧਵਾਰ ਨੂੰ ਉਨ੍ਹਾ ਦੇ ਨਿਵਾਸ ਧਰਮਕੋਟ ਵਿਖੇ ਦੁਪਿਹਰ 12 ਤੋਂ 1 ਵਜੇ ਤੱਕ ਹੋਵਾਗਾ।

## ਸਿੱਖ ਨੈਸ਼ਨਲ ਕਾਲਜੀਏਟ ਸਕੂਲ ਦੇ ਖਿਡਾਰੀਆਂ ਦੀ ਸੂਬਾ ਪੱਧਰੀ ਖਾਸ ਪ੍ਰਾਪਤੀ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਸਿੱਖ ਨੈਸ਼ਨਲ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ ਕਾਦੀਆਂ ਦੇ ਖਿਡਾਰੀਆਂ ਵੱਲੋਂ ਜ਼ਿਲਾ ਗੁਰਦਾਸਪੁਰ ਦੀ ਨੁਮਾਇੰਦਗੀ ਕਰਦਿਆਂ ਸ੍ਰੀ ਮੁਕਤਸਰ ਸਾਹਿਬ ਵਿਖੇ ਹੋਈਆਂ 67ਵੀਆਂ ਸਕੂਲ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਮੱਲਾਂ ਮਾਰੀਆਂ ਹਨ ।ਸਕੂਲ ਪ੍ਰਿੰਸੀਪਲ ਡਾ. ਹਰਪ੍ਰੀਤ ਸਿੰਘ ਹੁੰਦਲ ਅਤੇ ਇੰਚਾਰਜ ਲੈਕਚਰਾਰ ਰਵਿੰਦਰ ਸਿੰਘ ਨੇ ਸਕੂਲ ਖਿਡਾਰੀਆਂ ਦੀ ਸੂਬਾ ਪੱਧਰ 'ਤੇ ਪ੍ਰਾਪਤੀ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ 67ਵੀਂ ਅੰਤਰ ਜ਼ਿਲਾ ਸਕੂਲ ਖੇਡਾਂ ਜੋ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸ੍ਰੀ ਮੁਕਤਸਰ ਸਾਹਿਬ ਵਿਖੇ ਆਯੋਜਿਤ ਹੋਈਆਂ ਸਨ ਉਸ ਵਿੱਚ ਸਕੂਲ ਦਾ ਬਾਰ੍ਹਵੀਂ ਜਮਾਤ ਮੈਡੀਕਲ ਦਾ ਖਿਡਾਰੀ ਗੁਰਕੀਰਤ ਸਿੰਘ ਨੇ ਅੰਡਰ 19 ਫਰੀ ਸੋਟੀ ਵਿਅਕਤੀਗਤ ਮੁਕਾਬਲੇ ਵਿੱਚੋਂ ਤੀਸਰੇ ਸਥਾਨ 'ਤੇ ਰਹਿ ਕੇ ਤਮਗਾ ਤੇ ਸਰਟੀਫਿਕੇਟ ਹਾਸਿਲ ਕੀਤਾ ।ਇਸੇ ਤਰ੍ਹਾਂ ਅਨਹੱਦਨਾਦ ਸਿੰਘ ਬਾਰ੍ਹਵੀਂ ਜਮਾਤ ਨੇ ਫਰੀ ਸੋਟੀ ਜ਼ਿਲਾ ਗੁਰਦਾਸਪੁਰ ਦੀ ਟੀਮ ਵਿਚ ਖੇਡਦਿਆਂ ਸਮੁੱਚੀ ਟੀਮ ਨੇ ਤੀਸਰਾ ਸਥਾਨ ਪ੍ਰਾਪਤ ਕਰਕੇ ਨਾਮ ਹਾਸਲ ਕੀਤਾ ਹੈ। ਸਕੂਲ ਪ੍ਰਬੰਧਕ ਕਮੇਟੀ ਦੇ ਸਥਾਨਕ ਸਕੱਤਰ ਡਾ. ਬਲਚਰਨਜੀਤ ਸਿੰਘ ਭਾਟੀਆ ਨੇ ਦੋਵਾਂ ਖਿਡਾਰੀਆਂ ਨੂੰ ਟੀਮ ਇੰਚਾਰਜ ਤੇ ਸਮੂਹ ਸਟਾਫ ਨੂੰ ਵਧਾਈ ਭੇਟ ਕੀਤੀ ਹੈ।

# ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਗੈਰ-ਕਾਨੂੰਨੀ ਤਰੀਕੇ ਨਾਲ ਕੱਪੜਾ ਰੰਗਣ ਵਾਲੀ ਫੈਕਟਰੀ ਸੀਲ



**ਅੰਮ੍ਰਿਤਸਰ (ਨਰਿੰਦਰਜੀਤ ਸਿੰਘ)**-ਡਿਪਟੀ ਕਮਿਸ਼ਨਰ ਅੰਮ੍ਰਿਤਸਰ ਘਨਸ਼ਾਮ ਥੋਰੀ ਵੱਲੋਂ ਤੁੰਗ ਢਾਬ ਡਰੇਨ ਦੇ ਪ੍ਰਦੂਸ਼ਣ ਨੂੰ ਰੋਕਣ ਲਈ ਦਿੱਤੀਆਂ ਗਈਆਂ ਹਦਾਇਤਾਂ ਦੇ ਮੱਦੇਨਜ਼ਰ ਪ੍ਰਦੂਸ਼ਣ ਕੰਟਰੋਲ ਵਿਭਾਗ ਨੇ ਨਾਗ ਕਲਾਂ ਵਿਖੇ ਗੈਰ-ਕਾਨੂੰਨੀ ਢੰਗ ਨਾਲ ਚਲਦੀ ਕੱਪੜਾ ਰੰਗਣ ਵਾਲੀ ਫੈਕਟਰੀ ਬੀ. ਐਮ. ਫੈਬਰਿਕ ਨੂੰ ਸੀਲ ਕਰ ਦਿੱਤਾ ਹੈ ।ਵਿਭਾਗ ਦੇ ਐਕਸੀਅਨ ਸੁਖਦੇਵ ਸਿੰਘ ਨੇ ਦੱਸਿਆ ਕਿ ਉਕਤ ਫੈਕਟਰੀ ਕੋਲ ਕੱਪੜੇ ਨੂੰ ਫਿਨਿਸ਼ ਕਰਨ ਦਾ ਲਾਇਸੰਸ ਹੈ, ਪਰ ਕੰਪਨੀ ਨੇ ਇਸ ਵਿੱਚ ਕੱਪੜਾ ਰੰਗਣ ਵਾਲੀਆਂ ਮਸ਼ੀਨਾਂ ਵੀ ਲਗਾ ਲਈਆਂ ਅਤੇ ਇਹ ਲਾਇਸੰਸ ਵੀ ਨਹੀਂ ਲਿਆ ।ਉਕਤ ਫੈਕਟਰੀ ਵਰਤੇ ਗਏ ਗੰਦੇ ਪਾਣੀ ਨੂੰ ਬਿਨਾਂ ਸਾਫ਼ ਕੀਤੇ ਤੁੰਗ ਢਾਬ ਡਰੇਨ ਵਿੱਚ ਸੁੱਟ ਰਹੀ ਸੀ। ਜਦ ਅਧਿਕਾਰੀਆਂ ਨੇ ਮੌਕੇ 'ਤੇ ਜਾ ਕੇ ਪਾਣੀ ਦੇ ਸੈਂਪਲ ਲਏ ਤਾਂ ਉਹ ਫੇਲ੍ਹ ਨਿਕਲੇ ।ਵਿਭਾਗ ਨੇ ਇਹ ਰਿਪੋਰਟ ਚੇਅਰਮੈਨ ਪ੍ਰਦੂਸ਼ਣ ਕੰਟਰੋਲ ਬੋਰਡ ਨੂੰ ਭੇਜੀ ਜਿਨ੍ਹਾਂ ਨੇ ਤੁਰੰਤ ਫੈਕਟਰੀ ਸੀਲ ਕਰਨ ਦੇ ਹੁਕਮ ਦਿੱਤੇ, ਜੋ ਕਿ ਤੁਰੰਤ ਅਮਲ ਵਿੱਚ ਲਿਆ ਦਿੱਤੇ ਗਏ ।ਤੁੰਗ ਢਾਬ ਡਰੇਨ ਨੂੰ ਪ੍ਰਦੂਸ਼ਣ ਮੁਕਤ ਕਰਨ ਲਈ ਡਿਪਟੀ ਕਮਿਸ਼ਨਰ ਵਲੋਂ ਕੀਤੀ ਗਈ ਜ਼ਿਲਾ ਪੱਧਰੀ ਮੀਟਿੰਗ ਵਿੱਚ ਉਨ੍ਹਾਂ ਵਿਭਾਗ ਵਲੋਂ ਕੀਤੀ ਗਈ ਕਾਰਵਾਈ ਦੀ ਸਰਾਹਨਾ ਕਰਦਿਆਂ ਕਿਹਾ ਕਿ ਜੋ ਵੀ ਫੈਕਟਰੀ ਗੰਦਾ ਪਾਣੀ ਡਰੇਨ ਵਿੱਚ ਸੁੱਟਦੀ ਹੈ ਉਸ ਵਿਰੁੱਧ ਨਿਯਮਾਂ ਅਨੁਸਾਰ ਕਾਰਵਾਈ ਕੀਤੀ ਜਾਵੇ ।ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਕਿਹਾ ਕਿ ਉਹ ਡਰੇਨ ਵਿੱਚ ਸੀਵਰੇਜ ਦਾ ਪਾਣੀ ਸੁੱਟਣ ਵਾਲੀਆਂ ਸਾਰੀਆਂ ਰਿਹਾਇਸ਼ੀ ਅਤੇ ਪਿੰਡਾਂ ਦੀ ਸੂਚੀ ਦੇਣ ਤਾਂ ਜੋ ਇਸਦਾ ਪੱਕਾ ਹੱਲ ਕੀਤਾ ਜਾ ਸਕੇ ।ਉਨ੍ਹਾਂ ਦੱਸਿਆ ਕਿ ਅੰਮ੍ਰਿਤਸਰ ਸ਼ਹਿਰ ਦੇ ਗੰਦਲੇ ਪਾਣੀ ਨੂੰ ਸਾਫ ਕਰਨ ਲਈ ਸਰਕਾਰ ਵਲੋਂ ਤਿੰਨ ਸੀਵਰੇਜ ਟਰੀਟਮੈਂਟ ਪਲਾਂਟ ਸਥਾਪਿਤ ਕੀਤੇ ਗਏ ਹਨ ਅਤੇ ਇਹਨਾਂ ਟਰੀਟਮੈਂਟ ਪਲਾਂਟਾ ਦੀ ਕੁੱਲ ਸਮੱਰਥਾ 217.5 ਐੱਮਐੱਲਡੀ ਹੈ ।ਤੁੰਗ ਢਾਬ ਡਰੇਨ ਦੇ ਪ੍ਰਭਾਵੀ ਖੇਤਰ ਅਧੀਨ ਵੀ ਇਹਨਾਂ ਤਿੰਨ ਟਰੀਟਮੈਂਟ ਪਲਾਂਟਾਂ ਵਿੱਚੋਂ ਇਕ ਜਿਸ ਦੀ ਸਮੱਰਥਾ 95 ਐੱਮਐੱਲਡੀ ਹੈ ਜੋ ਕਿ ਰਾਮ ਤੀਰਥ ਰੋਡ ਉੱਪਰ ਪਿੰਡ ਗਾਉਂਸਾਬਾਦ ਵਿਖੇ ਸਥਿਤ ਹੈ ਜੋ ਅੰਮ੍ਰਿਤਸਰ ਦੇ ਇਸ ਖੇਤਰ ਦੇ ਗੰਦੇ ਪਾਣੀ ਨੂੰ ਟਰੀਟ ਕਰਦਾ ਹੈ ।ਉਨ੍ਹਾਂ ਦੱਸਿਆ ਕਿ ਇਨਾਂ ਟ੍ਰੀਟਮੈਂਟ ਪਲਾਂਟਾਂ ਦੀ ਸਮਰੱਥਾ ਵਿੱਚ ਵੀ ਵਾਧਾ ਕੀਤਾ ਜਾ ਰਿਹਾ ਹੈ ।ਇਸ ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ ਹਰਪ੍ਰੀਤ ਸਿੰਘ, ਵਧੀਕ ਡਿਪਟੀ ਕਮਿਸ਼ਨਰ ਸ਼ਹਿਰੀ ਵਿਕਾਸ ਮੈਡਮ ਅਮਨਦੀਪ ਕੌਰ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਸੰਦੀਪ ਮਲਹੋਤਰਾ, ਨਗਰ ਨਿਗਮ ਦੇ ਐਕਸੀਐਨ ਮਨਜੀਤ ਸਿੰਘ, ਏਡੀਏ ਦੇ ਐੱਸਡੀਈ ਜਗਬੀਰ ਸਿੰਘ, ਪੰਜਾਬ ਵਾਟਰ ਸੀਵਰੇਜ ਬੋਰਡ ਐੱਸ. ਈ. ਸਤਨਾਮ ਸਿੰਘ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

## ਰਾਜ ਪੱਧਰੀ ਗਤਕਾ ਮੁਕਾਬਲੇ 'ਚ ਮਾਊਂਟ ਲਿਟਰੀ ਜ਼ੀ ਸਕੂਲ ਅੱਵਲ



**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਮਾਊਂਟ ਲਿਟਰਾ ਜ਼ੀ ਸਕੂਲ ਤਰਨ ਤਾਰਨ ਦੇ ਪ੍ਰਸਿੱਧ ਗਤਕਾ ਕੋਚ ਬਲਵਿੰਦਰ ਸਿੰਘ ਦੀ ਅਗਵਾਈ ਹੇਠ ਮੁਕਤਸਰ ਸਾਹਿਬ ਵਿੱਚ ਚੱਲ ਰਹੇ ਰਾਜ ਪੱਧਰੀ ਗਤਕੇ ਮੁਕਾਬਲੇ ਵਿੱਚ ਮਾਊਂਟ ਲਿਟਰਾ ਜ਼ੀ ਸਕੂਲ ਤਰਨ ਤਾਰਨ ਤੇ ਅੰਡਰ 14 ਗਤਕਾ ਟੀਮ ਨੇ ਪੂਰੇ ਪੰਜਾਬ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ। ਇਸ ਮੁਕਾਬਲੇ ਵਿੱਚ 23 ਜ਼ਿਲਿਆਂ ਵੱਲੋਂ ਤਰਨ ਤਾਰਨ ਜ਼ਿਲ੍ਹੇ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ ਜੋ ਕਿ ਬਹੁਤ ਵੱਡੀ ਪ੍ਰਾਪਤੀ ਹੈ। ਇਸ ਮੌਕੇ ਬਲਵਿੰਦਰ ਸਿੰਘ ਤੇ ਉਨ੍ਹਾਂ ਦੀ ਗਤਕਾ ਟੀਮ ਦਾ ਸਕੂਲ ਵਾਪਸ ਪਰਤਣ ਤੇ ਨਿੱਘਾ ਸਵਾਗਤ ਕੀਤਾ ਗਿਆ ਤੇ ਸਾਰੀ ਟੀਮ ਨੂੰ ਵਧਾਈ ਦਿੱਤੀ ਗਈ। ਇਸ ਜਿੱਤ 'ਤੇ ਖੁਸ਼ੀ ਪ੍ਰਗਟ ਕਰਦਿਆਂ ਸਕੂਲ ਦੇ ਮਾਨਯੋਗ ਪ੍ਰਿੰਸੀਪਲ ਮੈਡਮ ਗਗਨਦੀਪ ਸ਼ਰਮਾ ਵੱਲੋਂ ਬੱਚਿਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਕੂਲ ਦੇ ਚੇਅਰਮੈਨ ਗੁਰਵੰਤ ਸਿੰਘ ਤੇ ਡਾਇਰੈਕਟਰ ਕੁਲਦੀਪ ਸਿੰਘ ਨੇ ਵੀ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕੀਤੀ ਤੇ ਅੱਗੇ ਤੋਂ ਵੀ ਮੁਕਾਬਲਿਆਂ ਵਿੱਚ ਇਵੇਂ ਹੀ ਵੱਧ-ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਇਸ ਵੱਡੀ ਜਿੱਤ ਨਾਲ ਪੂਰੇ ਇਲਾਕੇ ਵਿੱਚ ਸਕੂਲ ਦਾ ਨਾਮ ਰੌਸ਼ਨ ਹੋਇਆ। ਇਸ ਮੌਕੇ ਬੱਚਿਆਂ ਦੇ ਮਾਤਾ-ਪਿਤਾ ਵੀ ਸਕੂਲ ਪਹੁੰਚੇ ਤੇ ਇਸ ਵਿਦਿਅਕ ਅਦਾਰੇ ਵਿੱਚ ਪੜ੍ਹ ਰਹੇ ਵਿਦਿਆਰਥੀਆਂ 'ਤੇ ਮਾਣ ਮਹਿਸੂਸ ਕੀਤਾ।



ਬੁਤਾਲਾ ਮਿੰਨੀ ਹੈਲਥ ਕੇਅਰ ਸੈਂਟਰ ਬੁਤਾਲਾ ਵਿਖੇ ਪੋਲੀਓ ਰੋਕੂ ਬੂੰਦਾਂ ਪਿਲਾਉਂਦੇ ਹੋਏ ਡਾ. ਮੋਨਿਕਾ, ਸਟਾਫ਼ ਨਰਸ ਲਖਵਿੰਦਰ ਕੌਰ, ਸਤਨਾਮ ਸਿੰਘ ਹੈਲਥ ਵਰਕਰ, ਸੰਦੀਪ ਕੌਰ ਅਤੇ ਬਲਵਿੰਦਰ ਕੌਰ ਆਸ਼ਾ ਵਰਕਰ। (ਫ਼ੋਟੋ ਤੇ ਵੇਰਵਾ: ਨਿਰਮਲ ਸਿੰਘ ਬੁਤਾਲਾ)



*ਰੋਜ਼ਾ ਸ਼ਰੀਫ਼ ਮੰਢਾਲੀ ਮੇਲੇ ਮੌਕੇ ਗੱਦੀ ਨਸ਼ੀਨ ਸਾਈਂ ਉਮਰੇ ਸ਼ਾਹ ਕਾਦਰੀ, ਚੌਧਰੀ ਮੋਹਣ ਲਾਲ ਬਹਿਰਾਮ ਸਾਬਕਾ ਵਿਧਾਇਕ ਬੰਗਾ ਨੂੰ ਸਨਮਾਨਿਤ ਕਰਦੇ ਹੋਏ।*
*(ਫੋਟੋ ਅਤੇ ਵੇਰਵਾ : ਅਵਤਾਰ ਕਲੇਰ, ਗੁਰਨਾਮ)*

## ਬਾਲ ਵਿੱਦਿਆ ਮਾਡਰਨ ਸਕੂਲ ਦਾ ਸਾਲਾਨਾ ਇਨਾਮ ਵੰਡ ਸਮਾਗਮ ਤੇ ਸੱਭਿਆਚਾਰਕ ਪ੍ਰੋਗਰਾਮ ਯਾਦਗਾਰੀ ਹੋ ਨਿੱਬੜਿਆ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਬਾਲ ਵਿੱਦਿਆ ਮਾਡਰਨ ਹਾਈ ਸਕੂਲ ਧਾਰੀਵਾਲ ਵਿਖੇ ਸਾਲਾਨਾ ਇਨਾਮ ਵੰਡ ਸਮਾਗਮ ਅਤੇ ਸੱਭਿਆਚਾਰਕ ਪ੍ਰੋਗਰਾਮ ਸਕੂਲ ਦੇ ਪ੍ਰਿੰਸੀਪਲ ਰੁਪਿੰਦਰ ਕੌਰ ਕਾਹਲੋਂ ਦੇ ਪ੍ਰਬੰਧਾਂ ਹੇਠ ਕਰਵਾਇਆ ਗਿਆ। ਸਕੂਲ ਦੇ ਚੇਅਰਮੈਨ ਨਗਵੰਤ ਸਿੰਘ ਕਲੇਰ ਅਤੇ ਮੈਨੇਜਿੰਗ ਡਾਇਰੈਕਟਰ ਪਰਮਜੀਤ ਸਿੰਘ ਕਾਹਲੋਂ ਦੀ ਪ੍ਰਧਾਨਗੀ ਹੇਠ ਹੋਏ ਇਸ ਸਮਾਗਮ ਵਿੱਚ ਨਗਰ ਕੌਂਸਲ ਧਾਰੀਵਾਲ ਦੇ ਪ੍ਰਧਾਨ ਅਸ਼ਵਨੀ ਦੁੱਗਲ ਨੇ ਮੁੱਖ ਮਹਿਮਾਨ ਵਜੋਂ ਸਿਰਕਤ ਕੀਤੀ ਜਦਕਿ ਕੌਂਸਲਰ ਕੁਸ਼ਮ ਖੋਸਲਾ, ਕੌਂਸਲਰ ਕੁਲਦੀਪ ਕੌਰ, ਆਪ ਦੇ ਬਲਾਕ ਪ੍ਰਧਾਨ ਬੀਬੀ ਸੁਖਵਿੰਦਰ ਕੌਰ ਬਾਜਵਾ, ਸੀਨੀਅਰ ਆਗੂ ਨੋਨੀ ਖੋਸਲਾ, ਸਾਬਕਾ ਕੌਂਸਲਰ ਵਿਲੀਅਮ ਹੀਰੋ ਨੇ ਵਿਸ਼ੇਸ਼ ਮਹਿਮਾਨ ਸ਼ਮੂਲੀਅਤ ਕੀਤੀ। ਸਮਾਗਮ ਦੀ ਸ਼ੁਰੂਆਤ ਦੇਸ਼ ਭਗਤੀ ਦੇ ਗੀਤ ਨਾਲ ਕੀਤੀ ਗਈ। ਉਪਰੰਤ ਸਕੂਲ ਦੇ ਵਿਦਿਆਰਥੀਆਂ ਵਲੋਂ ਸਮਾਜਿਕ ਕੁਰੀਤੀਆਂ ਅਤੇ ਨਸ਼ਿਆਂ ਤੋਂ ਪ੍ਰੇਰਿਤ ਕਰਦੀਆਂ ਕੋਰੀਓਗ੍ਰਾਫੀ ਅਤੇ ਸਕਿੱਟਾਂ ਪੇਸ਼ ਕਰਨ ਤੋਂ ਇਲਾਵਾ ਗਿੱਧਾ, ਭੰਗੜਾ ਆਦਿ ਸੱਭਿਆਚਾਰਕ ਪ੍ਰੋਗਰਾਮ ਦੁਆਰਾ ਖੂਬ ਮਨੋਰੰਜਨ ਕੀਤਾ। ਇਸ ਮੌਕੇ ਪ੍ਰਿੰਸੀਪਲ ਰੁਪਿੰਦਰ ਕੌਰ ਕਾਹਲੋਂ ਨੇ ਸਮੂਹ ਹਾਜ਼ਰੀਨ ਦਾ ਧੰਨਵਾਦ ਕੀਤਾ ਅਤੇ ਸਕੂਲ ਦੀ ਸਾਲਾਨਾ ਰਿਪੋਰਟ ਪੜ੍ਹਦਿਆਂ ਸਕੂਲ ਦੀਆਂ ਪ੍ਰਾਪਤੀਆਂ ਬਾਰੇ ਜਾਣਕਾਰੀ ਦਿੱਤੀ। ਮੁੱਖ ਮਹਿਮਾਨ ਅਸ਼ਵਨੀ ਦੁੱਗਲ ਨੇ ਸਕੂਲ ਪ੍ਰਬੰਧਕਾਂ ਵਲੋਂ ਵਿਦਿਆਰਥੀਆਂ ਨੂੰ ਘੱਟ ਖਰਚੇ ਤੇ ਮਿਆਰੀ ਸਿੱਖਿਆ ਪ੍ਰਦਾਨ ਕਰਨ ਦੀ ਸ਼ਲਾਘਾ ਕੀਤੀ ਅਤੇ ਬੱਚਿਆਂ ਨੂੰ ਸਮਾਜਿਕ ਕੁਰੀਤੀਆਂ ਤੋਂ ਦੂਰ ਰਹਿਣ ਅਤੇ ਚੰਗੀ ਸਿੱਖਿਆ ਗ੍ਰਹਿਣ ਕਰਕੇ ਦੇਸ਼ ਦੇ ਚੰਗੇ ਨਾਗਰਿਕ ਬਣਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਪ੍ਰਿੰਸੀਪਲ ਰੁਪਿੰਦਰ ਕੌਰ ਅਤੇ ਆਏ ਮਹਿਮਾਨਾਂ ਦੁਆਰਾ ਸਕੂਲ ਦੇ ਹੋਣਹਾਰ ਵਿਦਿਆਰਥੀਆਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮੁੱਖ ਮਹਿਮਾਨ ਅਸ਼ਵਨੀ ਦੁੱਗਲ, ਪ੍ਰਿੰਸੀਪਲ ਰੁਪਿੰਦਰ ਕੌਰ ਸਮੇਤ ਹੋਰ ਮਹਿਮਾਨਾਂ ਅਤੇ ਪ੍ਰਬੰਧਕਾਂ ਵਲੋਂ ਸਕੂਲ ਦੇ ਹੋਣਹਾਰ ਵਿਦਿਆਰਥੀਆਂ ਨੂੰ ਇਨਾਮ ਅਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਮੰਚ ਸੰਚਾਲਕ ਦੀ ਭੂਮਿਕਾ ਲੇਖਕ ਪਲਵਿੰਦਰ ਸਿੰਘ ਸੋਹਲ ਨੇ ਨਿਭਾਈ। ਇਸ ਸਮਾਗਮ ਵਿੱਚ ਸਕੂਲ ਦੇ ਅਧਿਆਪਕ ਪਲਵਿੰਦਰ ਸੋਹਲ, ਰਾਜ ਰਾਣੀ, ਰੇਨੂੰ ਸ਼ਰਮਾ, ਦਵਿੰਦਰ ਕੌਰ, ਗੁਰਵਿੰਦਰਜੀਤ ਕੌਰ, ਮੈਡਮ ਸਨੀਆ, ਮੈਡਮ ਰਸ਼ਮੀ, ਮੈਡਮ ਪ੍ਰਿਆ, ਹਰਜੀਤ ਕੌਰ, ਰੁਪਾਲੀ ਮਹਾਜਨ, ਮੈਡਮ ਇਸ਼ਾ, ਮੈਡਮ ਜੀਵਤੀ, ਮੈਡਮ ਪਰਾਨਿਧੀ, ਸਰਤਾਜ ਸਿੰਘ ਅਦਿ ਸਮੇਤ ਸਮੂਹ ਸਟਾਫ ਮੈਂਬਰ, ਵਿਦਿਆਰਥੀਆਂ ਅਤੇ ਬੱਚਿਆਂ ਦੇ ਮਾਪੇ ਹਾਜ਼ਰ ਸਨ।

## 'ਖੇਡਾਂ ਵਤਨ ਪੰਜਾਬ ਦੀਆਂ' ਰਾਹੀਂ ਸਰਕਾਰ ਨੇ ਖੇਡਾਂ ਦੇ ਖੇਤਰ ਨੂੰ ਕੀਤਾ ਉਤਸ਼ਾਹਿਤ : ਭੁੱਲਰ



**ਤਰਨ ਤਾਰਨ (ਜਸਬੀਰ ਸਿੰਘ ਪੱਟੀ)**: ਜ਼ਿਲ੍ਹਾ ਐਥਲੈਟਿਕਸ ਐਸੋਸੀਏਸ਼ਨ ਰਜਿ. ਤਰਨ ਤਾਰਨ ਦੇ ਵੱਲੋਂ ਸ੍ਰੀ ਗੁਰੂ ਅਰਜਨ ਦੇਵ ਖੇਡ ਸਟੇਡੀਅਮ ਵਿਖੇ ਵੱਖ-ਵੱਖ ਉਮਰ ਵਰਗ ਦੇ ਮਹਿਲਾ-ਪੁਰਸ਼ਾਂ ਦੇ ਜ਼ਿਲ੍ਹਾ ਪੱਧਰੀ ਐਥਲੈਟਿਕਸ ਮੁਕਾਬਲੇ ਕਰਵਾਏ ਗਏ। ਐਸੋਸੀਏਸ਼ਨ ਦੇ ਸਕੱਤਰ ਜਰਨੈਲ ਸਿੰਘ ਸਖੀਰਾ ਦੇ ਦਿਸ਼ਾ-ਨਿਰਦੇਸ਼ਾਂ ਅਤੇ ਪ੍ਰਧਾਨ ਗੁਰਲਾਲ ਸਿੰਘ ਸੰਧੂ ਦੇ ਬੇਮਿਸਾਲ ਪ੍ਰਬੰਧਾਂ ਹੇਠ ਆਯੋਜਿਤ ਇਨ੍ਹਾਂ ਖੇਡ ਪ੍ਰਤੀਯੋਗਤਾਵਾਂ ਦੇ ਦੌਰਾਨ ਜ਼ਿਲ੍ਹੇ ਦੇ 500 ਦੇ ਕਰੀਬ ਮਹਿਲਾ-ਪੁਰਸ਼ ਖਿਡਾਰੀਆਂ ਨੇ ਸ਼ਮੂਲੀਅਤ ਕਰਦਿਆਂ ਆਪਣੀ ਖੇਡ ਸ਼ੈਲੀ ਦਾ ਲੋਹਾ ਮੰਨਵਾਇਆ। ਇਸ ਦੌਰਾਨ ਹਲਕਾ ਵਿਧਾਇਕ ਡਾ. ਕਸ਼ਮੀਰ ਸਿੰਘ ਸੋਹਲ ਨੇ ਇਨ੍ਹਾਂ ਖੇਡਾਂ ਦਾ ਸ਼ੁਭਾਰੰਭ ਕਰਦਿਆਂ ਸ੍ਰੀ ਗੁਰੂ ਅਰਜਨ ਦੇਵ ਸਟੇਡੀਅਮ ਦੀ ਦਿੱਖ ਸੰਵਾਰਨ ਤੇ ਸਾਂਭ-ਸੰਭਾਲ ਦੀ ਵਚਨਬੱਧਤਾ ਦੋਹਰਾਈ। ਇਸ ਦੌਰਾਨ ਬਤੌਰ ਮੁੱਖ ਮਹਿਮਾਨ ਹਾਜ਼ਰੀ ਦਰਜ ਕਰਵਾਉਂਦਿਆਂ ਰਾਜ ਦੇ ਪੰਚਾਇਤ/ਟ੍ਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸੁਹਿਰਦ ਤੇ ਸੰਜੀਦਾ ਸੋਚ ਦੇ ਸੱਦਕਾ "ਖੇਡਾਂ ਵਤਨ ਪੰਜਾਬ ਦੀਆਂ" ਦੇ ਰਾਹੀਂ ਖੇਡ ਖੇਤਰ ਨੂੰ ਹੋਰ ਵੀ ਪ੍ਰਫੁੱਲਤ ਤੇ ਉਤਸ਼ਾਹਿਤ ਕਰਨ ਦਾ ਮਿਸਾਲੀ ਉਪਰਾਲਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸਰਹੱਦੀ ਜ਼ਿਲ੍ਹਿਆਂ ਦੇ ਵਿੱਚ ਖੇਡ ਖੇਤਰ ਦੇ ਪ੍ਰਚਾਰ ਤੇ ਪ੍ਰਸਾਰ ਦੇ ਵਿੱਚ ਕੋਈ ਕਸਰ ਨਹੀਂ ਛੱਡੀ ਜਾਵੇਗੀ। ਕਰੋੜਾਂ ਰੁਪਏ ਦੇ ਫੰਡ ਇਨ੍ਹਾਂ ਸ਼ੁੱਭ ਕਾਰਜਾਂ ਦੇ ਲਈ ਰਾਖਵੇਂ ਰੱਖ ਗਏ ਹਨ। ਆਉਣ ਵਾਲੇ ਸਮੇਂ ਦੌਰਾਨ ਖਿਡਾਰੀਆਂ ਨੂੰ ਇੱਕ ਠੋਸ ਰਣਨੀਤੀ ਤਹਿਤ ਮੁੱਖ ਸਹੂਲਤਾਂ ਤੇ ਨੌਕਰੀਆਂ ਵਿੱਚ ਰਾਖਵਾਂਕਰਨ ਨੂੰ ਅਮਲੀ ਜਾਮਾ ਪਹਿਨਾਇਆ ਜਾਵੇਗਾ। ਉਨ੍ਹਾਂ ਐਸੋਸੀਏਸ਼ਨ ਨੂੰ 1 ਲੱਖ ਪਏ ਆਪਣੇ ਅਖਤਿਆਰੀ ਫੰਡ ਦੇ ਵਿੱਚੋਂ ਦੇਣ ਦਾ ਐਲਾਨ ਕਰਨ ਦੇ ਨਾਲ ਹਰ ਸੰਭਵ ਸਹਾਇਤਾ ਦਾ ਭਰੋਸਾ ਵੀ ਦਿਵਾਇਆ। ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਤੇ ਪੀਐੱਸਪੀਸੀਐੱਲ ਦੇ ਡਾਇਰੈਕਟਰ ਜਸਬੀਰ ਸਿੰਘ ਸੁਰ ਸਿੰਘ ਨੇ ਵੀ ਖਿਡਾਰੀਆਂ ਨਾਲ ਜਾਣ-ਪਛਾਣ ਕਰਦਿਆਂ ਅਸ਼ੀਰਵਾਦ ਦਿੱਤਾ ਤੇ ਭਵਿੱਖ ਵਿੱਚ ਸਹਿਯੋਗ ਦੇਣ ਦੀ ਗੱਲ ਵੀ ਆਖੀ। ਜੇਤੂ ਖਿਡਾਰੀਆਂ ਨੂੰ ਮੈਡਲ ਤੇ ਸਰਟੀਫਿਕੇਟ ਜਦੋਂਕਿ ਮਹਿਮਾਨਾਂ ਤੇ ਵਿਸ਼ੇਸ਼ ਵਿਅਕਤੀਆਂ ਤੇ ਮੋਹਤਬਰਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਵੀ ਕੀਤਾ ਗਿਆ। ਮੰਚ ਦਾ ਸੰਚਾਲਨ ਗੁਰਮੀਤ ਸਿੰਘ ਸੰਧੂ ਵੱਲੋਂ ਬਾਖੂਬੀ ਨਿਭਾਇਆ ਗਿਆ। ਮੈਡਮ ਗੁਰਵਿੰਦਰ ਕੌਰ ਤੇ ਜੁਗਰਾਜ ਸਿੰਘ ਨੇ ਰਿਕਾਰਡ ਦੇ ਨਤੀਜੇ ਤਿਆਰ ਕਰਨ ਦੀ ਅਹਿਮ ਭੂਮਿਕਾ ਅਦਾ ਕੀਤੀ ਗਈ। ਇਸ ਮੌਕੇ ਡੀਐੱਸਓ ਸਤਵੰਤ ਕੌਰ, ਜੁਆਇੰਟ ਸੈਕਟਰੀ ਕੁਲਵਿੰਦਰ ਸਿੰਘ, ਪ੍ਰਕਾਸ਼ ਸਿੰਘ ਬਾਦਲ, ਦਵਿੰਦਰ ਸਿੰਘ, ਗੁਰਪ੍ਰੀਤ ਸਿੰਘ, ਹਰਜੀਤ ਕੌਰ, ਜਸਲੀਨ ਸਿੰਘ ਸਖੀਰਾ, ਗੁਰਵਿੰਦਰ ਕੌਰ, ਜੁਗਰਾਜ ਸਿੰਘ, ਸਤਨਾਮ ਸਿੰਘ ਸਿੰਘਪੁਰਾ, ਅਮਨਦੀਪ ਸਿੰਘ ਪੱਖੋਕੇ, ਸਿਕੰਦਰ ਸਿੰਘ ਵਰਾਣਾ, ਬਲਵਿੰਦਰ ਕੌਰ, ਜੀਐੱਸ ਸੰਧੂ, ਅਜੇਰਾਜ ਸਿੰਘ ਵਡਾਲੀ, ਸੁਖਮਨਪ੍ਰੀਤ ਕੌਰ, ਸਾਖਸ਼ੀ ਝਾਅ ਆਦਿ ਹਾਜ਼ਰ ਸਨ।

## ਥਾਣਾ ਪੁਰਾਣਾ ਸ਼ਾਲਾ ਦੀ ਪੁਲਸ ਵੱਲੋਂ 6 ਗਰਾਮ ਹੈਰੋਇਨ ਸਮੇਤ 3 ਕਾਬੂ

**ਗੁਰਦਾਸਪੁਰ (ਜਨਕ ਮਹਾਜਨ)**-ਥਾਣਾ ਪੁਰਾਣਾ ਸ਼ਾਲਾ ਪੁਲਸ ਵਲੋਂ ਮਾੜੇ ਅਨਸਰਾਂ ਨੂੰ ਕਾਬੂ ਕਰਨ ਦੀ ਛੇੜੀ ਗਈ ਮੁਹਿੰਮ ਤਹਿਤ ਐਸ.ਆਈ. ਸਿਸਪਾਲ ਸਿੰਘ ਨੇ ਪੁਲਸ ਪਾਰਟੀ ਸਮੇਤ ਪਾਂਧੇ ਦੀ ਪੁਲੀ ਪੰਡੋਰੀ ਬੈਂਸਾਂ 'ਤੇ ਨਾਕਾਬੰਦੀ ਕਰਕੇ ਵਾਹਨਾਂ ਦੀ ਚੈਕਿੰਗ ਕਰ ਰਹੇ ਸਨ ਕਿ ਇਸੇ ਦੌਰਾਨ ਇਕ ਮੁਖਬਰ ਦੀ ਇਤਲਾਹ 'ਤੇ ਦੋਸ਼ੀਆਂ ਅਫ਼ਨਮ ਪੁੱਤਰ ਬਲਕਾਰ ਮਸੀਹ, ਸੈਮੂਅਲ ਮਸੀਹ ਪੁੱਤਰ ਮੁਬਾਰਕ ਮਸੀਹ, ਨਰੇਸ਼ ਮਸੀਹ ਪੁੱਤਰ ਮਨੋਹਰ ਮਸੀਹ ਵਾਸੀਆਨ ਪੰਡੋਰੀ ਬੈਂਸਾਂ ਨੂੰ ਸ਼ੱਕ ਦੇ ਆਧਾਰ 'ਤੇ ਮੋਟਰਸਾਈਕਲ ਨੰਬਰੀ ਪੀਬੀ 91-ਜੀ-6173 ਮਾਰਕਾ ਬਜਾਜ ਸੀਟੀ-100 ਸਮੇਤ ਕਾਬੂ ਕਰਕੇ ਦੋਸ਼ੀਆਂ ਦੀ ਤਲਾਸ਼ੀ ਕੀਤੀ। ਦੌਰਾਨੇ ਤਲਾਸ਼ੀ ਦੋਸ਼ੀ ਅਫ਼ਨਮ ਪਾਸੋਂ 2 ਗ੍ਰਾਮ ਹੈਰੋਇਨ, ਦੋਸ਼ੀ ਸੈਮੂਅਲ ਮਸੀਹ ਪਾਸੋਂ 2 ਗ੍ਰਾਮ ਹੈਰੋਇਨ ਅਤੇ ਨਰੇਸ਼ ਮਸੀਹ ਪਾਸੋਂ 2 ਗ੍ਰਾਮ ਹੈਰੋਇਨ (ਕੁੱਲ 6 ਗ੍ਰਾਂਮ) ਹੈਰੋਇਨ ਬ੍ਰਾਮਦ ਹੋਈ ਹੈ। ਪੁਲਸ ਨੇ ਉਕਤ ਦੋਸ਼ੀਆਂ ਖ਼ਿਲਾਫ਼ ਐੱਨਡੀਪੀਐੱਸ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

## ਪਿੰਡ ਲੁੱਧੜ ਦੀ ਅਧੂਰੀ ਪਈ ਇਮਾਰਤ ਨੂੰ ਐੱਸ ਡੀ ਐੱਮ ਨੇ ਬਣਾ ਦਿੱਤਾ ਗਿਆਨ ਦਾ ਸੋਮਾ

**ਅੰਮ੍ਰਿਤਸਰ (ਨਰਿੰਦਰਜੀਤ ਸਿੰਘ)**-ਮਜੀਠਾ ਤਹਿਸੀਲ ਦੇ ਪਿੰਡ ਲੁੱਧੜ ਵਿਚ ਅਧੂਰੀ ਪਈ ਇਮਾਰਤ, ਜੋ ਕਿ ਕਿਸੇ ਵੇਲੇ ਧਰਮਸ਼ਾਲਾ ਲਈ ਉਸਾਰੀ ਗਈ ਸੀ, ਪਰ ਕਦੇ ਵੀ ਬਣ ਕੇ ਤਿਆਰ ਨਾ ਹੋ ਸਕੀ, ਨੂੰ ਮਜੀਠਾ ਦੇ ਐੱਸਡੀਐੱਮ ਡਾ. ਹਰਨੂਰ ਕੌਰ ਢਿੱਲੋਂ ਨੇ ਲਾਇਬਰੇਰੀ ਲਈ ਬਦਲ ਕੇ ਇਲਾਕੇ ਦੇ ਲੋਕਾਂ ਨੂੰ ਨਵੇਂ ਸਾਲ ਤੋਂ ਪਹਿਲਾਂ ਤੋਹਫ਼ਾ ਦਿੱਤਾ ਹੈ ।ਇਹ ਇਮਾਰਤ ਜੋ ਕਿ ਕਈ ਸਾਲ ਪਹਿਲਾਂ ਪਿੰਡ ਵਾਸੀਆਂ ਵੱਲੋਂ ਧਰਮਸ਼ਾਲਾ ਲਈ ਬਣਾਉਣੀ ਸ਼ੁਰੂ ਕੀਤੀ ਗਈ ਸੀ, ਦਾ ਕੰਮ ਕਿਸੇ ਕਾਰਨ ਅੱਧ ਵਿਚਾਲੇ ਲਟਕ ਗਿਆ ਸੀ ਅਤੇ ਪਿੰਡ ਵਾਸੀਆਂ ਨੇ ਧਰਮਸ਼ਾਲਾ ਕਿਸੇ ਹੋਰ ਪਾਸੇ ਬਣਾ ਲਈ ।ਅੱਧ ਵਿਚਾਲੇ ਰੁਕੀ ਉਸਾਰੀ ਜਿਸਦੀ ਛੱਤ ਤਾਂ ਪੈ ਚੁੱਕੀ ਸੀ, ਪਰ ਨਾ ਪਲਸਤਰ ਹੋਇਆ, ਨਾ ਫ਼ਰਸ਼ ਲੱਗੀ, ਨਾ ਬੂਹੇ ਬਾਰੀਆਂ ਤੇ ਨਾ ਚਾਰਦਿਵਾਰੀ ਹੋਈ ਸੀ, ਗੈਰ-ਸਮਾਜਿਕ ਅਨਸਰਾਂ ਵਾਸਤੇ ਸ਼ਰਨਗਾਹ ਬਣ ਗਈ ।ਪਿੰਡ ਦੀ ਪੰਚਾਇਤ ਤੇ ਸੂਝਵਾਨ ਲੋਕਾਂ ਨੇ ਇਸ ਇਮਾਰਤ ਨੂੰ ਕਿਸੇ ਹੋਰ ਕੰਮ ਲਈ ਵਰਤਣ ਦਾ ਮਤਾ ਪਾ ਕੇ ਵਿਭਾਗ ਨੂੰ ਦਿੱਤਾ ਤਾਂ ਸਬ ਡਵੀਜ਼ਨ ਮੈਜਿਸਟਰੇਟ ਡਾ. ਢਿੱਲੋਂ ਨੇ ਇਮਾਰਤ ਦਾ ਜਾਇਜ਼ਾ ਲੈ ਕੇ ਇਸ ਨੂੰ ਲਾਇਬਰੇਰੀ ਬਣਾਉਣ ਦਾ ਪ੍ਰਸਤਾਵ ਪਿੰਡ ਵਾਸੀਆਂ ਨੂੰ ਦਿੱਤਾ, ਜਿਨ੍ਹਾਂ ਨੇ ਇਸ ਨੂੰ ਮੰਨ ਲਿਆ ।

ਡਾ. ਢਿੱਲੋਂ ਨੇ ਪਿੰਡ ਵਾਸੀਆਂ ਨੂੰ ਚੰਗੇ ਪਾਸੇ ਲਗਾਉਣ ਲਈ ਇਲਾਕੇ ਵਿਚ ਟੋਲ ਟੈਕਸ ਚਲਾਉਂਦੀ ਆਈ. ਆਰ. ਬੀ. ਨਾਮ ਦੀ ਕੰਪਨੀ ਨਾਲ ਗੱਲ ਕੀਤੀ ਅਤੇ ਉਨ੍ਹਾਂ ਨੂੰ ਆਪਣੇ ਕੋਰਪੋਰੇਟ ਦੇ ਨਾਲ-ਨਾਲ ਸਮਾਜਿਕ ਜ਼ਿੰਮੇਵਾਰੀਆਂ ਵਿਚ ਹਿੱਸਾ ਪਾਉਣ ਲਈ ਪ੍ਰੇਰਿਆ ।ਕੰਪਨੀ ਪ੍ਰਬੰਧਕਾਂ ਨੇ ਇਲਾਕੇ ਦੇ ਸਬ ਡਵੀਜ਼ਨ ਮੈਜਿਸਟਰੇਟ ਦੀ ਲੋਕ ਪੱਖੀ ਰਾਇ ਮੰਨਦੇ ਹੋਏ ਪੈਸੇ ਖਰਚ ਕੇ ਇਸ ਇਮਾਰਤ ਨੂੰ ਸੁੰਦਰ ਲਾਇਬਰੇਰੀ ਵਿਚ ਬਦਲ ਦਿੱਤਾ ।ਇੱਥੇ ਬਜ਼ੁਰਗਾਂ ਦੇ ਬੈਠਣ ਲਈ ਵਿਹੜੇ ਵਿਚ ਵੀ ਬੈਂਚ ਲਗਾ ਦਿੱਤੇ ਅਤੇ ਨੌਜਵਾਨ ਤੇ ਬੱਚਿਆਂ ਲਈ ਸ਼ਾਨਦਾਰ ਲਾਇਬਰੇਰੀ ਬਣ ਗਈ ।ਆਈ. ਆਰ. ਬੀ. ਨੇ ਡਾ. ਹਰਨੂਰ ਕੌਰ ਢਿੱਲੋਂ ਕੋਲੋਂ ਇਸ ਦਾ ਉਦਘਾਟਨ ਕਰਵਾ ਕੇ ਇਹ ਗਿਆਨ ਦਾ ਸੋਮਾ ਪਿੰਡ ਵਾਸੀਆਂ ਨੂੰ ਸੌਂਪ ਦਿੱਤਾ ।ਇਸ ਮੌਕੇ ਡਾ. ਢਿੱਲੋਂ ਨੇ ਜਿੱਥੇ ਕੰਪਨੀ ਪ੍ਰਬੰਧਕਾਂ ਦਾ ਧੰਨਵਾਦ ਕੀਤਾ, ਉਥੇ ਪਿੰਡ ਵਾਸੀ, ਜਿਨ੍ਹਾਂ ਨੇ ਇਸ ਇਮਾਰਤ ਦਾ ਨਿੱਕਾ ਜਿਹਾ ਮੁੱਦਾ ਧਿਆਨ ਵਿਚ ਲਿਆਉਣ ਲਈ ਵੀ ਧੰਨਵਾਦ ਕੀਤਾ ।ਉਨ੍ਹਾਂ ਕਿਹਾ ਕਿ ਜੇਕਰ ਇਥੋਂ ਦੇ ਸੂਝਵਾਨ ਲੋਕ ਮੇਰੇ ਧਿਆਨ ਵਿਚ ਇਹ ਬੰਦ ਪਈ ਇਮਾਰਤ ਨਾ ਲਿਆਉਂਦੇ ਤਾਂ ਸ਼ਾਇਦ ਇਹ ਇਮਾਰਤ ਇਸੇ ਤਰਾਂ ਖੰਡਰ ਹੋ ਜਾਂਦੀ, ਪਰ ਅੱਜ ਇਹ ਗਿਆਨ ਦਾ ਘਰ ਬਣ ਗਈ ਹੈ, ਜਿਸ ਲਈ ਇਹ ਕੰਮ ਕਰਨ ਦੀ ਮੈਨੂੰ ਵੀ ਅਥਾਹ ਖੁਸ਼ੀ ਹੈ।

## ਨਾਗਰਿਕ ਕੇਂਦਰਿਤ ਸਕੀਮ ਦਾ ਆਗਾਜ਼ ਕਰਕੇ ਸਰਕਾਰ ਨੇ ਲੋਕ-ਪੱਖੀ ਫੈਸਲਾ ਕੀਤਾ : ਹੈਪੀ ਮਸੀਹ



**ਨੌਸ਼ਹਿਰਾ ਮੱਝਾ ਸਿੰਘ (ਸਤਨਾਮ ਸਿੰਘ ਕਿਰਤੀ)**-ਜਦੋਂ ਤੋਂ ਪੰਜਾਬ ਵਿਚ ਮੁੱਖ ਮੰਤਰੀ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਹੈ ਉਦੋਂ ਤੋਂ ਹੀ ਲਗਾਤਾਰ ਲੋਕਾਂ ਨੂੰ ਹਰ ਤਰ੍ਹਾਂ ਦੀਆਂ ਸਹੂਲਤਾਂ ਦੇਣ ਦਾ ਸਿਲਸਲਾ ਜਾਰੀ ਹੈ, ਜਿਸਦੇ ਤਹਿਤ ਅੱਜ ਪੰਜਾਬ ਦੇ ਲੋਕਾਂ ਨੂੰ ਹੋਰ ਸਹੂਲਤਾਂ ਦੇਣ ਲਈ ਭਗਵੰਤ ਮਾਨ ਸਰਕਾਰ ਤੁਹਾਡੇ ਦੁਆਰਾ ਸਕੀਮ ਤਹਿਤ ਲੋਕਾਂ ਨੂੰ ਘਰ ਬੈਠੇ 1076 'ਤੇ ਕਾਲ ਕਰਕੇ 43 ਸਰਕਾਰੀ ਸੇਵਾਵਾਂ ਦੇਣ ਦੀ ਸ਼ੁਰੂਆਤ ਕੀਤੀ ਹੈ ਗਈ ਜਿਸ ਨਾਲ ਲੋਕਾਂ ਦਾ ਸਮਾਂ ਅਤੇ ਪੈਸਾ ਦੋਵੇਂ ਬਚਣਗੇ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਹੈਪੀ ਮਸੀਹ ਮੋਮਨ ਨੇ ਪੱਤਰਕਾਰਾ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਜੋ ਵਾਅਦੇ ਸਰਕਾਰ ਬਣਨ ਤੋਂ ਪਹਿਲਾਂ ਆਮ ਆਦਮੀ ਪਾਰਟੀ ਨੇ ਪੰਜਾਬ ਦੇ ਲੋਕਾਂ ਨਾਲ ਕੀਤੇ ਸਨ ਉਹ ਇਕ ਇਕ ਕਰਕੇ ਮੁੱਖ ਮੰਤਰੀ ਪੰਜਾਬ ਵੱਲੋਂ ਪੂਰੇ ਕੀਤੇ ਜਾ ਰਹੇ ਹਨ ।ਉਨ੍ਹਾਂ ਕਿਹਾ ਕਿ ਪੰਜਾਬ ਨੂੰ ਮੁੜ ਤੋਂ ਦੇਸ਼ ਦਾ ਨੰਬਰ ਇਕ ਸੂਬਾ ਬਣਾਉਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਕੋਸ਼ਿਸ਼ਾਂ ਲਗਾਤਾਰ ਜਾਰੀ ਹਨ, ਜਿਨ੍ਹਾਂ ਵਿੱਚ ਖੇਡਾ ਵਤਨ ਪੰਜਾਬ ਦੀਆਂ, ਭ੍ਰਿਸ਼ਟਾਚਾਰ ਅਤੇ ਬੇਰੁਜ਼ਗਾਰੀ ਨੂੰ ਠੱਲ੍ਹ ਪਾਉਣ ਦੇ ਨਾਲ-ਨਾਲ ਵਿਕਾਸ ਕਾਰਜਾਂ ਨੂੰ ਪਹਿਲ ਦਿੱਤੀ ਗਈ ਹੈ ।ਉਨ੍ਹਾਂ ਕਿਹਾ ਕਿ ਮਾਨ ਸਰਕਾਰ ਜਿਥੇ ਲੋਕਾਂ ਨੂੰ ਮੁੱਢਲੀਆ ਸਹੂਲਤਾਂ ਮੁਹੱਈਆ ਕਰਵਾਉਣ ਵਿਚ ਕੋਈ ਕਸਰ ਨਹੀ ਛੱਡ ਰਹੀ, ਉਥੇ ਕੀਤੇ ਵਾਅਦੇ ਅਨੁਸਾਰ ਦਿੱਤੀਆਂ ਗਰੰਟੀਆਂ ਨੂੰ ਵੀ ਤੇਜ਼ੀ ਨਾਲ ਅਮਲੀ ਰੂਪ ਦਿੱਤਾ ਜਾ ਰਿਹਾ ਹੈ।ਓਥੇ ਹੀ ਉਨ੍ਹਾਂ ਵਿਧਾਇਕ ਬਟਾਲਾ ਅਮਨਸ਼ੇਰ ਸਿੰਘ (ਸ਼ੈਰੀ ਕਲਸੀ) ਦਾ ਵੀ ਧੰਨਵਾਦ ਕੀਤਾ ਹੈ ਜੋ ਬਟਾਲੇ ਦੇ ਵਿਕਾਸ ਲਈ ਦਿਨ-ਰਾਤ ਇੱਕ ਕਰ ਕੇ ਕੰਮ ਕਰ ਰਹੇ ਹਨ ।

## 'ਮਿਸ਼ਨ ਨਿਸ਼ਚੈ' ਤਹਿਤ ਪੁਲਸ ਵਿਭਾਗ ਗੁਰਦਾਸਪੁਰ ਨੇ ਮਿੰਨੀ ਮੈਰਾਥਨ ਕਰਵਾਈ



**ਗੁਰਦਾਸਪੁਰ, (ਜਨਕ ਮਹਾਜਨ)**-ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀਆਂ ਹਦਾਇਤਾਂ ਤਹਿਤ ਗੌਰਵ ਯਾਦਵ ਡੀਜੀਪੀ ਪੰਜਾਬ ਦੀ ਅਗਵਾਈ ਹੇਠ ਪੰਜਾਬ ਪੁਲਸ ਵਲੋਂ ਨਸ਼ਿਆਂ ਖਿਲਾਫ ਵਿੱਢੀ ਮੁਹਿੰਮ ਤਹਿਤ ਅੱਜ ਪੁਲਸ ਵਿਭਾਗ ਗੁਰਦਾਸਪੁਰ ਵਲੋਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰਨ ਅਤੇ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਲਈ ਗੁਰਦਾਸਪੁਰ ਸ਼ਹਿਰ ਵਿਖੇ 'ਮਿਸ਼ਨ ਨਿਸ਼ਚੈ' ਤਹਿਤ ਮਿੰਨੀ ਮੈਰਾਥਨ ਦਾ ਆਯੋਜਨ ਕੀਤਾ ਗਿਆ। ਇਸ ਮਿੰਨੀ ਮੈਰਾਥਨ ਨੂੰ ਸ਼ਹੀਦ ਲੈਫਟੀਨੈਂਟ ਨਵਦੀਪ ਸਿੰਘ ਸਟੇਡੀਅਮ ਸਰਕਾਰੀ ਕਾਲਜ ਗੁਰਦਾਸਪੁਰ ਤੋਂ ਐੱਸਐੱਸਪੀ ਗੁਰਦਾਸਪੁਰ ਹਰੀਸ਼ ਦਾਯਮਾ, ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ, ਉੱਘੇ ਜਨਤਕ ਆਗੂ ਸ਼ਮਸ਼ੇਰ ਸਿੰਘ, ਗੁਰਦੀਪ ਸਿੰਘ ਰੰਧਾਵਾ, ਵਧੀਕ ਡਿਪਟੀ ਕਮਿਸ਼ਨਰ (ਜ) ਸੁਭਾਸ਼ ਚੰਦਰ, ਐੱਸਡੀਐੱਮ ਅਮਨਦੀਪ ਕੌਰ, ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਸੁਮਿਤ ਭੱਲਾ, ਕੇਂਦਰੀ ਜੇਲ੍ਹ ਗੁਰਦਾਸਪੁਰ ਦੇ ਸੁਪਰਡੈਂਟ ਨਵਇੰਦਰ ਸਿੰਘ, ਐੱਸਪੀ ਨਵਜੋਤ ਸਿੰਘ ਤੋਂ ਇਲਾਵਾ ਹੋਰ ਅਧਿਕਾਰੀਆਂ ਵੱਲੋਂ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ। 'ਮਿਸ਼ਨ ਨਿਸ਼ਚੈ' ਤਹਿਤ ਇਹ ਮਿੰਨੀ ਮੈਰਾਥਨ ਸਰਕਾਰੀ ਕਾਲਜ ਤੋਂ ਸ਼ੁਰੂ ਹੋ ਕੇ ਡਾਕਖਾਨਾ ਚੌਕ, ਪੁਰਾਣਾ ਸਿਵਲ ਹਸਪਤਾਲ, ਹਨੂਮਾਨ ਚੌਕ, ਜਹਾਜ ਚੌਕ, ਪੰਚਾਇਤ ਭਵਨ ਚੌਕ ਰਾਹੀਂ ਹੁੰਦੀ ਹੋਈ ਫਿਸ਼ ਪਾਰਕ ਵਿਖੇ ਸਮਾਪਤ ਹੋਈ। ਮਿੰਨੀ ਮੈਰਾਥਨ ਦੌੜ ਦੌਰਾਨ ਲੜਕਿਆਂ ਦੇ ਵਰਗ ਵਿੱਚ ਭਾਰਤੀ ਫ਼ੌਜ ਦਾ ਜਵਾਨ ਸੋਨਾ ਰਾਮ ਪਹਿਲੇ ਸਥਾਨ 'ਤੇ ਰਿਹਾ, ਜਦਕਿ ਬਟਾਲਾ ਦਾ ਦਿਵਾਕਰ ਦੂਜੇ ਅਤੇ ਨੀਰਜ ਬਟਾਲਾ ਤੀਸਰੇ ਸਥਾਨ 'ਤੇ ਰਹੇ। ਲੜਕੀਆਂ ਦੇ ਵਰਗ ਵਿੱਚ ਬਟਾਲਾ ਦੀਆਂ ਲੜਕੀਆਂ ਨੇ ਬਾਜ਼ੀ ਮਾਰੀ ਹੈ। ਬਟਾਲਾ ਦੀ ਮੁਸਕਾਨ ਪਹਿਲੇ ਸਥਾਨ, ਦੂਜੇ ਸਥਾਨ 'ਤੇ ਤਮੰਨਾ ਅਤੇ ਤੀਜੇ ਸਥਾਨ 'ਤੇ ਮਨੀਸ਼ਾ ਰਹੀਆਂ। ਮੈਰਾਥਨ ਦੇ ਜੇਤੂਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੈਰਾਥਨ ਦੌੜ ਵਿੱਚ 11 ਸਾਲ ਦੀ ਸਭ ਤੋਂ ਛੋਟੀ ਉਮਰ ਦੀ ਦੌੜਾਕ ਚਾਰੂ ਪ੍ਰਭਾ ਨੇ ਵੀ ਭਾਗ ਲਿਆ ਜਿਸ ਲਈ ਉਸ ਨੂੰ ਵੀ ਸਨਮਾਨਿਤ ਕੀਤਾ ਗਿਆ। ਇਸ ਮੌਕੇ ਨੌਜਵਾਨਾਂ ਨੂੰ ਸੰਬੋਧਨ ਕਰਦਿਆਂ ਐੱਸਐੱਸਪੀ ਗੁਰਦਾਸਪੁਰ ਹਰੀਸ਼ ਦਾਯਮਾ ਨੇ ਕਿਹਾ ਕਿ ਗੁਰਦਾਸਪੁਰ ਪੁਲਸ ਮਿਸ਼ਨ ਨਿਸ਼ਚੈ ਤਹਿਤ ਜ਼ਿਲ੍ਹੇ ਵਿਚੋਂ ਨਸ਼ੇ ਨੂੰ ਖਤਮ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਮੈਰਾਥਨ ਦੌੜ ਵਿੱਚ ਹਿੱਸਾ ਲੈਣ ਵਾਲੇ ਭਾਰਤੀ ਫੌਜ ਦੇ ਜਵਾਨਾਂ, ਸਮੂਹ ਖੇਡ ਕਲੱਬਾਂ, ਨਸ਼ਾ ਵਿਰੋਧੀ ਕਮੇਟੀਆਂ, ਨੌਜਵਾਨਾਂ, ਐੱਨਜੀਓ ਕਲੱਬਾਂ ਅਤੇ ਆਮ ਪਬਲਿਕ ਦਾ ਧੰਨਵਾਦ ਕੀਤਾ। ਇਸ ਮੌਕੇ ਸ਼ਮਸ਼ੇਰ ਸਿੰਘ ਨੇ ਵੀ ਪੁਲਸ ਵਿਭਾਗ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ।

# 1.46 ਕਰੋੜ ਰੁਪਏ ਦੀ ਲਾਗਤ ਨਾਲ ਹਯਾਤਨਗਰ ਵਿਖੇ 'ਸਦਭਾਵ ਮੰਡਪ' ਦੀ ਉਸਾਰੀ ਸ਼ੁਰੂ



**ਗੁਰਦਾਸਪੁਰ, (ਦਿਨੇਸ਼ ਕੁਮਾਰ)**-ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਦੀਆਂ ਕੋਸ਼ਿਸ਼ਾਂ ਸਦਕਾ ਵਿਧਾਨ ਸਭਾ ਹਲਕਾ ਗੁਰਦਾਸਪੁਰ ਦੇ ਪਿੰਡ ਹਯਾਤਨਗਰ ਅਤੇ ਇਸਦੇ ਨਾਲ ਲੱਗਦੇ ਪਿੰਡਾਂ ਨੂੰ ਸਦਭਾਵ ਮੰਡਪ (ਕਮਿਊਨਿਟੀ ਹਾਲ) ਦਾ ਖੂਬਸੂਰਤ ਤੋਹਫ਼ਾ ਮਿਲਣ ਜਾ ਰਿਹਾ ਹੈ ।ਪੰਜਾਬ ਸਰਕਾਰ ਵੱਲੋਂ 1.46 ਕਰੋੜ ਦੀ ਲਾਗਤ ਨਾਲ ਹਯਾਤਨਗਰ ਵਿਖੇ ਕਮਿਊਨਿਟੀ ਹਾਲ ਦੀ ਉਸਾਰੀ ਸ਼ੁਰੂ ਕੀਤੀ ਗਈ ਹੈ ਜੋ ਕਿ ਅਗਲੇ 4 ਮਹੀਨਿਆਂ ਵਿੱਚ ਮੁਕੰਮਲ ਹੋ ਜਾਵੇਗੀ ।ਚੇਅਰਮੈਨ ਬਹਿਲ ਵੱਲੋਂ ਅੱਜ ਲੋਕ ਨਿਰਮਾਣ ਵਿਭਾਗ ਦੇ ਅਧਿਕਾਰੀਆਂ ਨਾਲ ਹਯਾਤਨਗਰ ਵਿਖੇ ਬਣ ਰਹੇ ਇਸ ਸਦਭਾਵ ਮੰਡਪ (ਕਮਿਊਨਿਟੀ ਹਾਲ) ਦੇ ਪ੍ਰੋਜੈਕਟ ਦਾ ਨਿਰੀਖਣ ਕੀਤਾ ਗਿਆ। ਇਸ ਮੌਕੇ ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਕਮਿਊਨਿਟੀ ਹਾਲ ਦੀ ਉਸਾਰੀ ਤਹਿ ਸਮੇਂ ਅੰਦਰ ਮੁਕੰਮਲ ਕੀਤੀ ਜਾਵੇ ਅਤੇ ਕੰਮ ਦੀ ਗੁਣਵਤਾ ਦਾ ਪੂਰਾ ਖਿਆਲ ਰੱਖਿਆ ਜਾਵੇ ।ਇਸ ਪ੍ਰੋਜੈਕਟ ਸਬੰਧੀ ਜਾਣਕਾਰੀ ਦਿੰਦਿਆਂ ਚੇਅਰਮੈਨ ਬਹਿਲ ਨੇ ਦੱਸਿਆ ਕਿ ਸਵਾ ਏਕੜ ਰਕਬੇ ਵਿੱਚ ਬਣਨ ਵਾਲੇ ਇਸ ਸਦਭਾਵ ਮੰਡਪ (ਕਮਿਊਨਿਟੀ ਹਾਲ) ਦਾ ਮੁੱਖ ਹਾਲ 90 ਬਾਈ 60 ਵਰਗ ਫੁੱਟ ਦਾ ਹੋਵੇਗਾ। ਇਸ ਤੋਂ ਇਲਾਵਾ ਸਦਭਾਪ ਮੰਡਲ ਵਿੱਚ ਦਫ਼ਤਰ, ਦੋ ਕਮਰੇ, ਰਸੋਈ ਤੇ ਬਾਥਰੂਮ ਵੀ ਬਣਾਏ ਜਾਣਗੇ। ਉਨ੍ਹਾਂ ਦੱਸਿਆ ਕਿ ਇਸ ਪ੍ਰੋਜੈਕਟ ਲਈ ਪਿੰਡ ਹਯਾਤਨਗਰ ਦੀ ਪੰਚਾਇਤ ਨੇ ਜ਼ਮੀਨ ਦਿੱਤੀ ਹੈ। ਉਨ੍ਹਾਂ ਕਿਹਾ ਕਿ ਇਸ ਪ੍ਰੋਜੈਕਟ ਦੇ ਮੁਕੰਮਲ ਹੋਣ ਨਾਲ ਪਿੰਡ ਹਯਾਤਨਗਰ ਦੇ ਨਾਲ ਪਿੰਡ ਵਰਿਆਂ, ਤੁੰਗ, ਕਾਲਾ ਨੰਗਲ, ਪੀਰਾਂ ਬਾਗ, ਸਲੀਮਪੁਰ ਅਰਾਈਆਂ, ਖੋਖਰ ਅਤੇ ਸਲੀਮਪੁਰ ਅਫ਼ਗਾਨਾਂ ਦੇ ਵਸਨੀਕਾਂ ਨੂੰ ਫਾਇਦਾ ਹੋਵੇਗਾ।ਉਨ੍ਹਾਂ ਕਿਹਾ ਕਿ ਇਲਾਕੇ ਦੇ ਲੋਕਾਂ ਨੂੰ ਹੁਣ ਆਪਣੇ ਖੁਸ਼ੀ-ਗਮੀ ਦੇ ਪ੍ਰੋਗਰਾਮਾਂ ਲਈ ਪੈਲੇਸ ਨਹੀਂ ਬੁੱਕ ਕਰਨੇ ਪੈਣਗੇ ਬਲਕਿ ਉਹ ਇਸ ਸਦਭਾਵ ਮੰਡਪ (ਕਮਿਊਨਿਟੀ ਹਾਲ) ਵਿੱਚ ਆਪਣੇ ਪ੍ਰੋਗਰਾਮ ਕਰ ਸਕਣਗੇ। ਉਨ੍ਹਾਂ ਕਿਹਾ ਕਿ ਇਹ ਪ੍ਰੋਜੈਕਟ ਮੁਕੰਮਲ ਹੋਣ ਨਾਲ ਇਲਾਕੇ ਦੇ ਲੋਕਾਂ ਨੂੰ ਵੱਡਾ ਤੋਹਫ਼ਾ ਮਿਲੇਗਾ ।ਇਸ ਮੌਕੇ ਰਮਨ ਬਹਿਲ ਦੇ ਨਾਲ ਲੋਕ ਨਿਰਮਾਣ ਵਿਭਾਗ ਦੇ ਐਕਸੀਅਨ ਹਰਜੋਤ ਸਿੰਘ, ਐੱਸਡੀਓ ਲਵਪ੍ਰੀਤ ਸਿੰਘ, ਐੱਸਡੀਓ ਪਰਮਿੰਦਰ ਸਿੰਘ, ਬੀਡੀਪੀਓ ਬਲਜੀਤ ਸਿੰਘ, ਕੇਸ਼ਵ ਬਹਿਲ, ਅਸ਼ਵਨੀ ਸ਼ਰਮਾ ਬਲਾਕ ਪ੍ਰਧਾਨ ਆਮ ਆਦਮੀ ਪਾਰਟੀ ਤੋਂ ਇਲਾਵਾ ਹੋਰ ਵੀ ਮੋਹਤਬਰ ਹਾਜ਼ਰ ਸਨ ।

# ਸਹਿਜ ਮਹਾਜਨ ਪ੍ਰਾਈਡ ਆਫ਼ ਪੰਜਾਬ ਤੇ ਪ੍ਰਿੰ. ਵਿਨੀਤਾ ਮਹਾਜਨ ਪ੍ਰੈਸਟੀਜੀਅਸ ਪ੍ਰਿੰਸੀਪਲ ਐਵਾਰਡ ਨਾਲ ਸਨਮਾਨਿਤ



**ਪਠਾਨਕੋਟ (ਦਵਿੰਦਰ ਸਿੰਘ)**-ਚੰਡੀਗੜ੍ਹ ਯੂਨੀਵਰਸਿਟੀ ਵਿੱਚ ਫੈਡਰੇਸ਼ਨ ਆਫ਼ ਪ੍ਰਾਈਵੇਟ ਸਕੂਲਜ਼ ਐਂਡ ਐਸੋਸੀਏਸ਼ਨ ਆਫ਼ ਪੰਜਾਬ (ਐੱਫਏਪੀ) ਦੀ ਤਰਫ਼ੋਂ ਪ੍ਰਾਈਡ ਆਫ ਪੰਜਾਬ ਦੇ ਤਹਿਤ ਪੂਰੇ ਪੰਜਾਬ ਵਿੱਚੋਂ 23 ਹੋਣਹਾਰ ਵਿਦਿਆਰਥੀਆਂ ਨੂੰ ਗਿਆਨ ਖੜਗ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ, ਜਿਸ ਵਿੱਚ ਪਠਾਨਕੋਟ ਦੇ ਜੇਐੱਮਕੇ ਇੰਟਰਨੈਸ਼ਨਲ ਸਕੂਲ ਦੇ ਸਹਿਜ ਮਹਾਜਨ ਨੇ ਐੱਫਏਪੀ ਦੁਆਰਾ ਸੰਚਾਲਿਤ ਲਿਖਤੀ ਪ੍ਰੀਖਿਆ ਅਤੇ ਇੰਟਰਵਿਊ ਪਾਸ ਕਰਕੇ ਸਕਾਲਰਸ਼ਿਪ ਹਾਸਿਲ ਕੀਤੀ ਅਤੇ ਚੰਡੀਗੜ੍ਹ ਯੂਨੀਵਰਸਿਟੀ ਵਿੱਚ ਐੱਫਏਪੀ ਦੁਆਰਾ ਗਿਆਨ ਖੜਗ ਐਵਾਰਡ ਨਾਲ ਉਸ ਨੂੰ ਸਨਮਾਨਿਤ ਕੀਤਾ ਗਿਆ ।ਇਸ ਦੌਰਾਨ ਜੇਐੱਮਕੇ ਇੰਟਰਨੈਸ਼ਨਲ ਸਕੂਲ ਦੀ ਪ੍ਰਿੰਸੀਪਲ ਵਿਨੀਤਾ ਮਹਾਜਨ ਨੂੰ ਵੀ ਪ੍ਰੈਸਟੀਜੀਅਸ ਪ੍ਰਿੰਸੀਪਲ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ । ਇਸ ਸਨਮਾਨ ਸਮਾਰੋਹ ਵਿਚ ਬਤੌਰ ਮੁੱਖ ਮਹਿਮਾਨ ਕੈਬਨਿਟ ਮੰਤਰੀ ਅਮਨ ਅਰੋੜਾ, ਇੰਡੀਅਨ ਐਕਟਰ ਅਤੇ ਕਾਮੇਡੀਅਨ ਗੁਰਪ੍ਰੀਤ ਘੁੱਗੀ, ਇੱਕ ਜ਼ਰੀਆ ਫਾਊਂਡੇਸ਼ਨ ਦੇ ਡਾਇਰੈਕਟਰ ਅਤੇ ਸੋਸ਼ਲ ਵਰਕਰ ਅਨਮੋਲ ਕਵਾਤਰਾ ਨੇ ਸ਼ਿਰਕਤ ਕੀਤੀ ।ਇਸ ਮੌਕੇ ਤੇ ਸੀਯੂ ਦੇ ਕੁਲਪਤੀ ਸਤਨਾਮ ਸਿੰਘ ਸੰਧੂ ਅਤੇ ਐੱਫਏਪੀ ਦੇ ਪ੍ਰਧਾਨ ਜਗਜੀਤ ਸਿੰਘ ਧੂਰੀ ਵੀ ਹਾਜ਼ਰ ਸਨ ।ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਉਨ੍ਹਾਂ ਕਿਹਾ ਕਿ ਤੁਹਾਡਾ ਉਦੇਸ਼ ਸਿਰਫ ਪੈਸਾ ਕਮਾਉਣ ਦਾ ਨਾ ਹੋ ਕੇ ਸਮਾਜ ਸੇਵਾ ਅਤੇ ਦੇਸ਼ ਦੀ ਪ੍ਰਗਤੀ ਵਿੱਚ ਯੋਗਦਾਨ ਦੇਣ ਵਾਲਾ ਹੋਣਾ ਚਾਹੀਦਾ ਹੈ ।ਉਨ੍ਹਾਂ ਕਿਹਾ ਕਿ ਇਹ ਨਿਸ਼ਚਿਤ ਰੂਪ ਵਿੱਚ ਤੁਹਾਡੀ ਮਿਹਨਤ ਦਾ ਫਲ ਹੈ ।ਐੱਫਏਪੀ ਦੇ ਪ੍ਰਧਾਨ ਜਗਜੀਤ ਸਿੰਘ ਧੂਰੀ ਅਤੇ ਸੀਯੂ ਦੇ ਕੁਲਪਤੀ ਸਤਨਾਮ ਸਿੰਘ ਸੰਧੂ ਨੇ ਕਿਹਾ ਕਿ ਪ੍ਰਾਈਡ ਆਫ ਪੰਜਾਬ ਐਵਾਰਡ ਨਾਲ ਸਨਮਾਨਿਤ ਵਿਦਿਆਰਥੀ ਜਿਥੇ ਚਾਹੁਣ ਉਥੇ ਪੜ੍ਹ ਸਕਦੇ ਹਨ ਅਤੇ ਨਾਲ ਹੀ ਨਿੱਜੀ ਸਕੂਲਾਂ ਦੇ ਉਹ ਅਧਿਆਪਕ ਜੋ ਪੀ.ਐੱਚਡੀ. ਕਰਨਾ ਚਾਹੁਣਗੇ ਯੂਨੀਵਰਸਿਟੀ ਉਨ੍ਹਾਂ ਦੀ ਵੀ ਸਹਾਇਤਾ ਕਰੇਗੀ ਤਾਂ ਕਿ ਦੇਸ਼ ਵਿੱਚ ਇੱਕ ਗੁਣਵੱਤਾ ਭਰਪੂਰ ਸਿੱਖਿਆ ਪ੍ਰਣਾਲੀ ਦਾ ਵਿਕਾਸ ਹੋ ਸਕੇ।ਅੰਤ ਵਿੱਚ ਪ੍ਰਿੰਸਿਪਲ ਵਿਨੀਤਾ ਮਹਾਜਨ ਨੇ ਚੰਡੀਗੜ੍ਹ ਯੂਨੀਵਰਸਿਟੀ ਅਤੇ ਐੱਫਏਪੀ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਵਿਦਿਆਰਥੀਆਂ ਦੇ ਜੀਵਨ ਨੂੰ ਸਫਲ ਬਣਾਉਣ ਵਿੱਚ ਮਾਂ ਤੋਂ ਬਾਅਦ ਸਭ ਤੋਂ ਵੱਡਾ ਯੋਗਦਾਨ ਇਕ ਅਧਿਆਪਕ ਦਾ ਹੈ ।ਅੱਜ ਪੰਜਾਬ ਦੇ ਜਵਾਨ ਦੇਸ਼ ਅਤੇ ਵਿਦੇਸ਼ 'ਚ ਪੰਜਾਬ ਦਾ ਨਾਮ ਰਾਜਨੀਤੀ, ਨੌਕਰੀ ਅਤੇ ਬਿਜ਼ਨੈਸ ਆਦਿ ਖੇਤਰ ਵਿੱਚ ਉੱਚਾ ਕਰ ਰਹੇ ਹਨ ।

ਨਵਾਂ ਜ਼ਮਾਨਾ

ਵੀਰਵਾਰ, 14 ਦਸੰਬਰ 2023

# ਅਸੰਬਲੀ ਚੋਣਾਂ ਦੇ ਨਤੀਜਿਆਂ ਤੋਂ ਪਰ੍ਹੇ

*ਭਾਜਪਾ ਦਾ 2024 ਦੀ ਲੋਕ ਸਭਾ ਚੋਣ ਦਾ ਨਾਅਰਾ ਹੈ 'ਅਬ ਕੀ ਬਾਰ 400 ਪਾਰ'। ਉਸ ਨੇ 2019 ਵਿਚ 303 ਸੀਟਾਂ ਜਿੱਤੀਆਂ ਸਨ। ਦੋ ਸਾਲਾਂ ਦੌਰਾਨ ਸੂਬਾਈ ਅਸੰਬਲੀਆਂ ਦੀਆਂ ਹੋਈਆਂ ਚੋਣਾਂ ਦੇ ਨਤੀਜੇ ਦੱਸਦੇ ਹਨ ਕਿ ਭਾਜਪਾ ਲਈ ਬਹੁਮਤ ਦਾ 272 ਦਾ ਅੰਕੜਾ ਪਾਰ ਕਰਨਾ ਵੀ ਮੁਸ਼ਕਲ ਹੋਵੇਗਾ। ਮੱਧ ਪ੍ਰਦੇਸ਼, ਰਾਜਸਥਾਨ ਤੇ ਛੱਤੀਸਗੜ੍ਹ ਦੀਆਂ ਅਸੰਬਲੀ ਚੋਣਾਂ ਵਿਚ ਭਾਜਪਾ ਦੀ ਜਿੱਤ ਤੋਂ ਬਾਅਦ ਮੋਦੀ ਨੂੰ ਤੀਜੀ ਵਾਰ ਸੱਤਾ ਵਿਚ ਲਿਆ ਰਹੇ ਸੱਜਣਾਂ ਨੂੰ ਚੇਤੇ ਰੱਖਣਾ ਚਾਹੀਦਾ ਹੈ ਕਿ 2019 ਵਿਚ ਭਾਜਪਾ ਨੂੰ ਮਿਲੀਆਂ 303 ਸੀਟਾਂ ਵਿੱਚ ਮਹਾਰਾਸ਼ਟਰ, ਬਿਹਾਰ ਤੇ ਕਰਨਾਟਕ ਦੀਆਂ 65 ਸੀਟਾਂ ਸ਼ਾਮਲ ਸਨ। ਭਾਜਪਾ ਨੇ ਉਹ ਚੋਣਾਂ ਮਹਾਰਾਸ਼ਟਰ ਵਿਚ ਸ਼ਿਵ ਸੈਨਾ ਅਤੇ ਬਿਹਾਰ ਵਿਚ ਜਨਤਾ ਦਲ (ਯੂ) ਨਾਲ ਮਿਲ ਕੇ ਲੜੀਆਂ ਸਨ। ਹੁਣ ਇਹ ਦੋਨੋਂ ਪਾਰਟੀਆਂ ਐੱਨ ਡੀ ਏ ਦਾ ਹਿੱਸਾ ਨਹੀਂ। ਕਰਨਾਟਕ ਵਿਚ ਕਾਂਗਰਸ ਦੀ ਸਰਕਾਰ ਬਣ ਗਈ ਹੈ। ਮਹੂਆ ਮੋਇਤਰਾ ਨੂੰ ਲੋਕ ਸਭਾ ਵਿੱਚੋਂ ਕੱਢ ਕੇ ਭਾਜਪਾ ਪੱਛਮੀ ਬੰਗਾਲ ਦੀਆਂ 18 ਸੀਟਾਂ ਵਿੱਚੋਂ ਕਿੰਨੀਆਂ ਬਚਾ ਸਕੇਗੀ, ਇਹ ਵੀ ਸੋਚ ਦਾ ਵਿਸ਼ਾ ਹੈ। ਉਸ ਦੀਆਂ ਤਿਲੰਗਾਨਾ ਦੀਆਂ ਚਾਰ, ਹਿਮਾਚਲ ਦੀਆਂ ਚਾਰ ਤੇ ਝਾਰਖੰਡ ਦੀਆਂ 11 ਸੀਟਾਂ ਦਾ ਭਵਿੱਖ ਕੀ ਹੋਵੇਗਾ, ਜਿੱਥੇ ਕਿ ਹੁਣ ਆਪੋਜ਼ੀਸ਼ਨ ਦੀਆਂ ਸਰਕਾਰਾਂ ਹਨ। ਭਾਜਪਾ ਨੇ ਜਿਨ੍ਹਾਂ ਤਿੰਨ ਰਾਜਾਂ (ਮੱਧ ਪ੍ਰਦੇਸ਼, ਰਾਜਸਥਾਨ ਤੇ ਛੱਤੀਸਗੜ੍ਹ) ਵਿਚ ਜਿੱਤ ਹਾਸਲ ਕੀਤੀ ਹੈ, ਉਥੋਂ ਦੀਆਂ 65 ਲੋਕ ਸਭਾ ਸੀਟਾਂ ਵਿੱਚੋਂ 61 ਉਸ ਕੋਲ ਪਹਿਲਾਂ ਹੀ ਹਨ। ਪੁੱਛਿਆ ਜਾਣਾ ਬਣਦਾ ਹੈ ਕਿ ਭਾਜਪਾ ਜੇ 2024 ਨੂੰ ਲੈ ਕੇ ਚਿੰਤਤ ਨਹੀਂ ਤਾਂ ਉਸ ਨੇ ਏਨੀ ਵੱਡੀ ਗਿਣਤੀ ਵਿਚ ਸਾਂਸਦਾਂ ਨੂੰ ਅਸੰਬਲੀ ਚੋਣਾਂ ਕਿਉਂ ਲੜਵਾਈਆਂ ਤੇ ਸੰਸਦ ਤੋਂ ਅਸਤੀਫੇ ਕਿਉਂ ਦਿਵਾਏ ਗਏ? ਅਸੰਬਲੀ ਚੋਣਾਂ ਦੇ ਤਿੰਨ ਦਸੰਬਰ ਨੂੰ ਨਤੀਜੇ ਨਿਕਲ ਆਉਣ ਦੇ ਹਫਤਾ ਬਾਅਦ ਛੱਤੀਸਗੜ੍ਹ ਦੇ ਮੁੱਖ ਮੰਤਰੀ ਦਾ ਐਲਾਨ ਕੀਤਾ ਗਿਆ। ਜੇ ਪਾਰਟੀ ਵਿਚ ਸਭ ਠੀਕ ਚੱਲ ਰਿਹਾ ਹੈ ਤਾਂ ਤਿੰਨੇ ਮੁੱਖ ਮੰਤਰੀ ਝੱਬੇ ਐਲਾਨ ਦਿੱਤੇ ਜਾਂਦੇ। ਅਸਲ ਵਿਚ ਰਾਜਾਂ ਵਿਚ ਸਥਾਪਤ ਆਗੂਆਂ ਨੇ ਹਾਈਕਮਾਨ ਨੂੰ ਚੈਲੰਜ ਕਰਨਾ ਸ਼ੁਰੂ ਕਰ ਦਿੱਤਾ ਹੈ। ਮੱਧ ਪ੍ਰਦੇਸ਼ ਤੇ ਰਾਜਸਥਾਨ ਦੇ ਨਵੇਂ ਮੁੱਖ ਮੰਤਰੀਆਂ ਦਾ ਫੈਸਲਾ ਹੋਣ ਤੋਂ ਪਹਿਲਾਂ ਸ਼ਿਵਰਾਜ ਸਿੰਘ ਚੌਹਾਨ ਤੇ ਵਸੁੰਧਰਾ ਰਾਜੇ, ਜਿਹੜੇ ਅੰਦਾਜ਼ ਵਿਚ ਪੇਸ਼ ਆਏ, ਉਸ ਤੋਂ ਟੋਹ ਲਾਈ ਜਾ ਸਕਦੀ ਹੈ ਕਿ ਮੋਦੀ ਲਈ ਆਉਣ ਵਾਲੇ ਦਿਨ ਕਿਹੋ ਜਿਹੇ ਹੋਣਗੇ। ਜਿਹੜੇ ਅਲੋਚਕ ਅਸੰਬਲੀ ਚੋਣਾਂ ਤੋਂ ਬਾਅਦ ਆਪੋਜ਼ੀਸ਼ਨ ਦੇ ਗੱਠਜੋੜ 'ਇੰਡੀਆ' ਵਿਚ ਮਤਭੇਦਾਂ ਦੀਆਂ ਦਰਾੜਾਂ ਲੱਭ ਰਹੇ ਹਨ, ਉਨ੍ਹਾਂ ਨੂੰ ਇਹ ਵੀ ਪਤਾ ਲਾਉਣਾ ਚਾਹੀਦਾ ਹੈ ਕਿ ਕੀ ਮੋਦੀ ਦਾ ਤਲਿੱਸਮ ਹੁਣ ਕਮਜ਼ੋਰ ਪੈਣ ਲੱਗਾ ਹੈ? ਕੀ ਵੋਟਰਾਂ ਨੇ ਉਨ੍ਹਾ ਦੀਆਂ ਗੱਲਾਂ ਨੂੰ ਨਜ਼ਰਅੰਦਾਜ਼ ਕਰਨਾ ਸ਼ੁਰੂ ਕਰ ਦਿੱਤਾ ਹੈ? ਇਸ ਦਾ ਸੰਕੇਤ ਰਾਜਸਥਾਨ ਦੇ ਬਾੜਮੇਰ ਦੇ ਬਾਯਤੂ ਹਲਕੇ ਦੇ ਨਤੀਜੇ ਤੋਂ ਮਿਲ ਜਾਂਦਾ ਹੈ। ਬਾਯਤੂ ਵਿਚ ਮੋਦੀ ਨੇ ਵੋਟਰਾਂ ਨੂੰ ਸੱਦਾ ਦਿੱਤਾ ਸੀ ਕਿ ਉਹ ਕਮਲ ਦੇ ਬਟਨ ਨੂੰ ਇੰਜ ਦਬਾਉਣ ਜਿਵੇਂ (ਕਾਂਗਰਸ ਨੂੰ) ਫਾਂਸੀ ਦੇ ਰਹੇ ਹੋਣ। ਉਥੇ ਭਾਜਪਾ ਉਮੀਦਵਾਰ ਤੀਜੇ ਨੰਬਰ 'ਤੇ ਰਿਹਾ। ਕਾਂਗਰਸ ਜੇਤੂ ਰਹੀ। ਅਜਿਹੇ ਹੀ ਨਤੀਜੇ ਰਾਜਸਥਾਨ ਦੇ ਤਾਰਾਨਗਰ, ਪੀਲੀਬੰਗਾ, ਹਨੂੰਮਾਨਗੜ੍ਹ, ਸੂਰਤਗੜ੍ਹ, ਝੁਨਝੁਨੂ ਆਦਿ ਹਲਕਿਆਂ ਦੇ ਆਏ ਹਨ, ਜਿੱਥੇ ਮੋਦੀ ਨੇ ਰੈਲੀਆਂ ਕੀਤੀਆਂ ਸਨ। ਹਨੂੰਮਾਨਗੜ੍ਹ ਵਿਚ ਆਜ਼ਾਦ ਉਮੀਦਵਾਰ ਜਿੱਤਿਆ ਤੇ ਹੋਰਨਾਂ ਹਲਕਿਆਂ ਵਿਚ ਕਾਂਗਰਸੀ ਉਮੀਦਵਾਰ ਜਿੱਤੇ। ਇਹ ਵੀ ਨੋਟ ਕਰਨ ਵਾਲੀ ਗੱਲ ਹੈ ਕਿ 'ਇੰਡੀਆ' ਵਿਚ ਪਈਆਂ ਕਥਿਤ ਦਰਾੜਾਂ ਦਾ ਸੰਬੰਧ ਭਾਜਪਾ ਨਾਲ ਮੁਕਾਬਲੇ ਨੂੰ ਲੈ ਕੇ ਨਹੀਂ ਹੈ, ਸਗੋਂ ਸੀਟਾਂ ਦੀ ਸਨਮਾਨਜਨਕ ਵੰਡ ਨਾਲ ਹੈ। ਇਹ ਜਾਨਣਾ ਵੀ ਦਿਲਚਸਪ ਹੋਵੇਗਾ ਕਿ ਤਿੰਨ ਰਾਜਾਂ ਵਿਚ ਜਿੱਤ ਤੋਂ ਬਾਅਦ ਐੱਨ ਡੀ ਏ ਨਾਲ ਹੋਰ ਕਿੰਨੀਆਂ ਪਾਰਟੀਆਂ ਜੁੜੀਆਂ? ਹੁਣ ਬਹਿਸ ਇਹ ਹੋਵੇਗੀ ਕਿ ਭਾਜਪਾ ਤੇ ਐੱਨ ਡੀ ਏ ਦਾ ਭਵਿੱਖ ਕੀ ਰਹੇਗਾ? ਸ਼ਿਵਰਾਜ ਨੇ ਭੋਪਾਲ ਵਿਚ ਇਹ ਕਹਿ ਕੇ ਸੰਕੇਤ ਦੇ ਦਿੱਤੇ ਹਨ : 'ਮਰ ਜਾਵਾਂਗਾ, ਪਰ ਕੰਮ ਮੰਗਣ ਦਿੱਲੀ ਨਹੀਂ ਜਾਵਾਂਗਾ।' ਭਜਨ ਲਾਲ ਸ਼ਰਮਾ ਨੂੰ ਮੁੱਖ ਮੰਤਰੀ ਬਣਾਉਣ ਤੋਂ ਬਾਅਦ ਵਸੁੰਧਰਾ ਰਾਜੇ ਕੀ ਕਰੇਗੀ, ਇਹ ਦੇਖਣਾ ਵੀ ਦਿਲਚਸਪੀ ਤੋਂ ਖਾਲੀ ਨਹੀਂ ਹੋਵੇਗਾ।*

# ਦੇਸ਼ ਦੀ ਮੌਜੂਦਾ ਸਥਿਤੀ ਦੇ ਮੱਦੇਨਜ਼ਰ



ਗੁਰਮੀਤ ਸਿੰਘ ਪਲਾਹੀ

ਦੇਸ਼ 'ਤੇ ਰਾਜ ਕਰਦੀ ਹਾਕਮ ਧਿਰ ਭਾਰਤੀ ਜਨਤਾ ਪਾਰਟੀ, ਤਿੰਨ ਸੂਬਿਆਂ ਰਾਜਸਥਾਨ, ਮੱਧ ਪ੍ਰਦੇਸ਼ ਅਤੇ ਛੱਤੀਸਗੜ੍ਹ ਦੀਆਂ ਵਿਧਾਨ ਸਭਾਵਾਂ ਚੋਣਾਂ ਜਿੱਤ ਕੇ, ਦੇਸ਼ ਦੇ 12 ਸੂਬਿਆਂ ਵਿੱਚ ਆਪਣੀ ਸਰਕਾਰ ਬਣਾਉਣ 'ਚ ਸਫ਼ਲ ਹੋ ਗਈ ਹੈ। ਇਹਨਾ ਚੋਣਾਂ 'ਚ ਸਾਰੀਆਂ ਪਾਰਟੀਆਂ ਵੱਲੋਂ ਆਮ ਲੋਕਾਂ ਨੂੰ ਲਾਰੇ-ਲੱਪੇ ਲਾਏ ਗਏ, ਗਰੰਟੀਆਂ ਦਿੱਤੀਆਂ ਗਈਆਂ ਅਤੇ ਮੁੜ ਵੱਡਾ ਐਲਾਨ ਕੇਂਦਰ ਸਰਕਾਰ ਵੱਲੋਂ 2024 ਦੀਆਂ ਲੋਕ ਸਭਾ ਚੋਣਾਂ ਨੂੰ ਧਿਆਨ 'ਚ ਰੱਖਦਿਆਂ ਕਰ ਦਿੱਤਾ ਗਿਆ। 'ਦੇਸ਼ ਦੇ 80 ਕਰੋੜ ਲੋਕਾਂ ਨੂੰ 5 ਕਿਲੋ ਪ੍ਰਤੀ ਜੀਅ ਅਨਾਜ ਅਗਲੇ 5 ਸਾਲ ਵੀ ਮਿਲਦਾ ਰਹੇਗਾ' ਕਿੱਡਾ ਵੱਡਾ ਪਰਉਪਕਾਰ ਹੈ ਲੋਕਾਂ ਉਤੇ ਦੇਸ਼ ਦੇ ਵੱਡੇ ਹਾਕਮਾਂ ਦਾ।

ਨੌਕਰੀਆਂ, ਰੁਜ਼ਗਾਰ ਕੋਈ ਨਹੀਂ। ਸਿੱਖਿਆ ਸਹੂਲਤਾਂ ਸਿਰਫ਼ ਨਾਂਅ ਦੀਆਂ। ਵਾਤਾਵਰਨ ਪੂਰੀ ਤਰ੍ਹਾਂ ਦੂਸ਼ਿਤ। ਰਹਿਣ-ਸਹਿਣ, ਖਾਣ-ਪੀਣ, ਆਮ ਲੋਕਾਂ ਦਾ ਇਹੋ ਜਿਹਾ, ਜਿਹੋ ਜਿਹਾ ਸ਼ਾਇਦ ਹੀ ਦੁਨੀਆ ਦੇ ਬਹੁਤ ਘੱਟ ਲੋਕਾਂ ਦੇ ਹਿੱਸੇ ਹੋਏਗਾ। ਕੁੱਲੀ, ਗੁੱਲੀ, ਜੁੱਲੀ ਸੁਵਿਧਾ ਨੂੰ ਦੇਸ਼ ਦੇ ਵੱਡੀ ਗਿਣਤੀ ਨਾਗਰਿਕ ਜਿਵੇਂ ਤਰਸ ਹੀ ਗਏ ਹਨ। ਸਰੀਰਕ, ਮਾਨਸਿਕ ਪ੍ਰੇਸ਼ਾਨੀਆਂ ਉਹਨਾ ਦੀ ਚਿੰਤਾ ਹਨ।

ਨੈਸ਼ਨਲ ਕਰਾਈਮ ਰਿਕਾਰਡਜ਼ ਬਿਓਰੋ (ਐੱਨ.ਸੀ.ਆਰ.ਬੀ.) ਦੀ ਰਿਪੋਰਟ ਪੜ੍ਹੋ। ਭਾਰਤ 'ਚ ਰੋਜ਼ਾਨਾ ਔਸਤਨ 31 ਕਿਸਾਨਾਂ ਅਤੇ ਖੇਤ ਮਜ਼ਦੂਰਾਂ ਸਣੇ 114 ਦਿਹਾੜੀਦਾਰ ਖੁਦਕੁਸ਼ੀ ਕਰਦੇ ਹਨ। ਰਿਪੋਰਟ ਅਨੁਸਾਰ 2022 ਵਿੱਚ 1.70 ਲੱਖ ਖੁਦਕੁਸ਼ੀ ਦੇ ਮਾਮਲੇ ਦਰਜ ਕੀਤੇ ਗਏ। (ਇਹ ਸਰਕਾਰੀ ਅੰਕੜੇ ਹਨ, ਗੈਰ-ਸਰਕਾਰੀ ਅੰਕੜੇ ਇਸ ਤੋਂ ਕਈ ਗੁਣਾ ਵੱਧ ਹੋਣਗੇ, ਕਿਉਂਕਿ ਲੋਕ ਚੁੱਪ-ਚੁਪੀਤੇ ਇਹੋ ਜਿਹੇ ਹਾਦਸਿਆਂ ਸਮੇਂ ਸਸਕਾਰ ਕਰ ਦਿੰਦੇ ਹਨ)। ਖੁਦਕੁਸ਼ੀਆਂ ਦੇ ਵੱਧ ਮਾਮਲੇ ਮਹਾਰਾਸ਼ਟਰ, ਕਰਨਾਟਕ, ਆਂਧਰਾ ਪ੍ਰਦੇਸ਼ ਅਤੇ ਮੱਧ ਪ੍ਰਦੇਸ਼ 'ਚ ਹਨ। (ਜਿੱਥੇ ਹੁਣੇ ਜਿਹੇ ਭਾਰਤੀ ਜਨਤਾ ਪਾਰਟੀ ਜਿੱਤੀ ਹੈ ਅਤੇ ਇੱਕ ਦਹਾਕੇ ਤੋਂ ਵੱਧ ਸਮੇਂ ਤੋਂ ਸੂਬੇ 'ਚ ਰਾਜ ਕਰਦੀ ਹੈ) ਚਿੰਤਾ ਵਾਲੀ ਗੱਲ ਤਾਂ ਇਹ ਵੀ ਹੈ ਕਿ ਇਹਨਾ ਸ਼੍ਰੇਣੀਆਂ ਭਾਵ ਕਿਸਾਨਾਂ, ਖੇਤ ਮਜ਼ਦੂਰਾਂ 'ਚ ਖੁਦਕੁਸ਼ੀ ਕਰਨ ਵਾਲਿਆਂ ਵਿੱਚ ਔਰਤਾਂ ਵੀ ਸ਼ਾਮਲ ਹਨ। ਰਿਪੋਰਟ ਇਹ ਵੀ ਕਹਿੰਦੀ ਹੈ ਕਿ ਇਹਨਾ ਖੁਦਕੁਸ਼ੀਆਂ ਕਰਨ ਵਾਲਿਆਂ 'ਚ 58.2 ਫ਼ੀਸਦੀ ਨੇ ਫਾਹਾ ਲਿਆ। 25.4 ਫ਼ੀਸਦੀ ਨੇ ਜ਼ਹਿਰ ਪੀਤੀ। 5 ਫ਼ੀਸਦੀ ਨੇ ਡੁੱਬ ਕੇ ਜਾਨ ਗੁਆਈ। ਕੀ ਸਮਾਜ ਵਿੱਚ ਖੁਦਕੁਸ਼ੀ ਦਾ ਵਧ ਰਿਹਾ ਰੁਝਾਨ ਚਿੰਤਾ ਦਾ ਵਿਸ਼ਾ ਨਹੀਂ ਹੈ? ਕੀ ਇਹ ਸਰਕਾਰ ਦਾ ਫਰਜ਼ ਨਹੀਂ ਕਿ ਉਹ ਆਰਥਿਕ ਤੰਗੀਆਂ-ਤੁਰਸ਼ੀਆਂ ਨੂੰ ਦੂਰ ਕਰਨ ਹਿੱਤ ਇਹੋ ਜਿਹੇ ਪ੍ਰੋਗਰਾਮ ਉਲੀਕੇ, ਜੋ ਨਾਗਰਿਕਾਂ ਦੀ ਖੁਸ਼ਹਾਲੀ ਤੇ ਸੁਖਾਵੇਂ ਜੀਵਨ ਲਈ ਸਹਾਈ ਹੋ ਸਕਨ।

ਮਨੁੱਖੀ ਜ਼ਿੰਦਗੀ ਨਾਲ ਜੁੜਿਆ ਇੱਕ ਹੋਰ ਗੰਭੀਰ ਤੱਥ ਦੇਸ਼ 'ਚ ਵਿਚਾਰਨਯੋਗ ਹੈ। ਦੇਸ਼ ਜਦੋਂ ਅੱਜ ਹੋਰ ਵੱਡੀਆਂ ਅਲਾਮਤਾਂ ਦਾ ਸਾਹਮਣਾ ਕਰ ਰਿਹਾ ਹੈ, ਪੌਣ-ਪਾਣੀ ਬਦਲੀ ਦੇਸ਼ ਲਈ ਗੰਭੀਰ ਚੁਣੌਤੀ ਬਣੀ ਹੋਈ ਹੈ। ਦੇਸ਼ ਦੇ 310 ਇਹੋ ਜਿਹੇ ਜ਼ਿਲ੍ਹਿਆਂ ਦੀ ਸ਼ਨਾਖਤ ਕੀਤੀ ਗਈ ਹੈ, ਜਿੱਥੇ ਇਸ ਤਬਦੀਲੀ ਦਾ ਅਸਰ ਹੋ ਰਿਹਾ ਹੈ, ਜਿਹੜਾ ਖੇਤੀਬਾੜੀ ਖੇਤਰ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕਰ ਰਿਹਾ ਹੈ ਅਤੇ ਕਿਸਾਨਾਂ ਅਤੇ ਫ਼ਸਲਾਂ ਲਈ ਮਾਰੂ ਸਿੱਧ ਹੋ ਰਿਹਾ ਹੈ। ਸਿੱਟੇ ਵਜੋਂ ਕਿਸਾਨਾਂ ਦੀ ਆਰਥਿਕ ਹਾਲਤ ਚਿੰਤਾਜਨਕ ਹੋ ਰਹੀ ਹੈ। ਦੇਸ਼ 'ਚ ਕਿਸਾਨ ਅੰਦੋਲਨਾਂ ਦਾ ਵਧਣਾ ਉਨ੍ਹਾ 'ਚ ਫੈਲੀ ਬੇਚੈਨੀ ਅਤੇ ਅਸੰਤੁਸ਼ਟਤਾ ਦਾ ਸਿੱਟਾ ਹੈ।

ਇਸ ਬੇਚੈਨੀ ਨੂੰ ਦੂਰ ਕਰਨ ਲਈ ਸਾਰਥਿਕ ਯਤਨ ਨਹੀਂ ਹੋ ਰਹੇ। ਉਹਨਾ ਨੂੰ ਹਰ ਤੀਜੇ ਮਹੀਨੇ 2000 ਰੁਪਏ ਦੀ ਰਾਸ਼ੀ ਸਹਾਇਤਾ ਦੇ ਕੇ ਪੁਚਕਾਰਿਆ ਜਾ ਰਿਹਾ ਹੈ, ਜਦਕਿ ਵਿਕਾਸ ਯੋਜਨਾਵਾਂ ਦੇ ਨਾਂਅ ਉੱਤੇ ਉਹਨਾ ਦੀ ਜ਼ਮੀਨ ਹਥਿਆਈ ਜਾ ਰਹੀ ਹੈ, ਜਿਹੜੀ ਉਸ ਦੇ ਰੁਜ਼ਗਾਰ ਦਾ ਸਾਧਨ ਹੈ। ਜਦੋਂ ਕਿਸੇ ਵੀ ਵਿਅਕਤੀ ਨੂੰ ਆਰਥਿਕ ਪੱਖੋਂ ਤੋੜ ਦਿੱਤਾ ਜਾਏਗਾ ਤਾਂ ਉਸ ਦੇ ਪੱਲੇ ਨਿਰਾਸ਼ਾ ਤੋਂ ਬਿਨਾਂ ਹੋਰ ਕੁਝ ਪੱਲੇ ਹੀ ਨਹੀਂ ਬਚਦਾ।

ਦੇਸ਼ ਦੀ ਆਰਥਿਕਤਾ ਦਾ ਮੁੱਖ ਧੁਰਾ ਖੇਤੀ ਹੈ। ਕਿਸਾਨਾਂ, ਖੇਤ ਮਜ਼ਦੂਰਾਂ ਦੀ ਭੈੜੀ ਹਾਲਤ ਦੇ ਮੱਦੇਨਜ਼ਰ ਉਹਨਾ ਨੂੰ ਆਰਥਿਕ ਸੰਕਟ 'ਚੋਂ ਕੱਢਣ ਲਈ ਘੱਟੋ-ਘੱਟ ਕੀਮਤ ਦੇਣ ਦੀ ਗੱਲ ਵੱਖੋ-ਵੱਖਰੀਆਂ ਸਰਕਾਰਾਂ ਵੱਲੋਂ ਕੀਤੀ ਜਾਂਦੀ ਰਹੀ ਹੈ। ਯੂ.ਪੀ.ਏ. ਸਰਕਾਰ ਵਲੋਂ ਖੇਤੀਬਾੜੀ ਸੁਧਾਰਾਂ ਬਾਰੇ ਸਵਾਮੀਨਾਥਨ ਰਿਪੋਰਟ ਵੀ ਲਿਆਂਦੀ ਗਈ ਸੀ, ਜਿਸ ਵਿੱਚ ਫ਼ਸਲਾਂ ਉੱਤੇ ਲਾਗਤ ਨਾਲ ਜਮ੍ਹਾਂ 50 ਫ਼ੀਸਦੀ ਮੁਨਾਫ਼ਾ ਕਿਸਾਨ ਨੂੰ ਦੇਣ ਦੀ ਸਿਫ਼ਾਰਸ਼ ਨਿਸ਼ਚਿਤ ਕੀਤੀ ਗਈ ਸੀ। ਸਵਾਮੀਨਾਥਨ ਰਿਪੋਰਟ ਵਿੱਚ 201 ਸਿਫਾਰਸ਼ਾਂ ਕਿਸਾਨਾਂ ਦੇ ਜੀਵਨ ਸੁਧਾਰ ਲਈ ਕੀਤੀਆਂ ਗਈਆਂ ਸਨ, ਪਰ ਮੋਦੀ ਸਰਕਾਰ ਵੱਲੋਂ ਵੀ ਇਸ ਮੁੱਦੇ 'ਤੇ ਕੋਈ ਧਿਆਨ ਨਹੀਂ ਦਿੱਤਾ ਗਿਆ। ਕਿਸਾਨ ਅੰਦੋਲਨ ਸਮੇਂ ਕਿਸਾਨਾਂ ਨਾਲ ਫ਼ਸਲਾਂ ਦੀ ਘੱਟੋ-ਘੱਟ ਕੀਮਤ ਮਿੱਥਣ ਬਾਰੇ ਵਿਚਾਰ ਕਰਨ ਦਾ ਫ਼ੈਸਲਾ ਹੋਇਆ ਸੀ, ਪਰ ਹਾਲੇ ਤੱਕ ਕੋਈ ਕਾਰਵਾਈ ਅਮਲ 'ਚ ਨਹੀਂ ਲਿਆਂਦੀ ਜਾ ਸਕੀ।

ਸਪੱਸ਼ਟ ਦਿਖਾਈ ਦੇ ਰਿਹਾ ਹੈ ਕਿ ਦੇਸ਼ ਵਿੱਚ ਮੰਦਹਾਲੀ ਹੈ, ਲੋਕਾਂ ਵਿੱਚ ਬੇਚੈਨੀ ਹੈ, ਦੇਸ਼ 'ਚ ਗਰੀਬ-ਅਮੀਰ ਦਾ ਪਾੜਾ ਹੈ। ਬੇਰੁਜ਼ਗਾਰੀ ਦਾ ਦੈਂਤ ਦੇਸ਼ ਨੂੰ ਡੰਗ ਰਿਹਾ ਹੈ, ਪਰ ਦੇਸ਼ ਦੇ ਨੇਤਾ ਲੋਕ ਸਮੇਤ ਹਾਕਮ ਧਿਰ ਦੇ ਨੇਤਾ, ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨ ਤੋਂ ਮੁੱਖ ਮੋੜੀ ਬੈਠੇ ਹਨ। ਧਰਮ, ਜਾਤ ਦੇ ਨਾਂਅ 'ਤੇ ਸਿਆਸਤ ਕਰਨ 'ਚ ਰੁੱਝੇ ਹਨ।

ਇੱਕ ਦੇਸ਼, ਇੱਕ ਬੋਲੀ, ਇੱਕ ਝੰਡਾ, ਇੱਕ ਸੰਵਿਧਾਨ ਜਿਹੇ ਨਾਹਰਿਆਂ ਹੇਠ ਲੋਕਾਂ ਨੂੰ ਭਰਮਿਤ ਕਰਨ 'ਚ ਰੁੱਝੇ ਇਹ ਨੇਤਾ ਆਮ ਲੋਕਾਂ ਦੀ ਤਾਂ ਪੀੜ ਹੀ ਭੁੱਲ ਬੈਠੇ ਹਨ। ਇਹ ਇੱਕ ਭਰਮ ਪਾਲ ਰਹੇ ਹਨ ਕਿ ਭਾਰਤ ਦੇਸ਼, ਦੁਨੀਆ ਦੀ ਤੀਸਰੀ ਸ਼ਕਤੀ ਬਣਨ ਵੱਲ ਅੱਗੇ ਵਧ ਰਿਹਾ ਹੈ।

ਜ਼ਰਾ ਧਿਆਨ ਕਰੋ ਅੰਤਰਰਾਸ਼ਟਰੀ ਰਿਪੋਰਟਾਂ ਵੱਲ। ਦੇਸ਼ 'ਚ ਬੇਰੁਜ਼ਗਾਰੀ ਦੀ ਦਰ 7.9 ਫ਼ੀਸਦੀ ਹੈ। ਇੱਕ ਰਿਪੋਰਟ ਅਨੁਸਾਰ 1000 ਨਵੇਂ ਜੰਮੇ ਬੱਚਿਆਂ 'ਚੋਂ 31 ਜਨਮ ਦੇ 5 ਵਰ੍ਹਿਆਂ ਦੌਰਾਨ ਹੀ ਮਰ ਜਾਂਦੇ ਹਨ। 485 ਮਿਲੀਅਨ ( 48.5 ਕਰੋੜ) ਲੋਕ ਅਤਿ ਦੇ ਗਰੀਬ ਹਨ। ਦੇਸ਼ 'ਚ ਮਹਿੰਗਾਈ ਦੇ ਇਸ ਦੌਰ 'ਚ ਪੇਂਡੂ ਨਿਵਾਸੀ ਔਸਤਨ 1095 ਰੁਪਏ ਪ੍ਰਤੀ ਮਹੀਨੇ ਅਤੇ ਸ਼ਹਿਰੀ ਨਿਵਾਸੀ ਔਸਤਨ 1286 ਰੁਪਏ ਮਹੀਨਾ ਕਮਾਉਂਦੇ ਹਨ। ਹੁਣ ਇਸ ਗੱਲ 'ਤੇ ਵੀ ਹੈਰਾਨ ਹੋਣ ਦੀ ਕੋਈ ਲੋੜ ਨਹੀਂ ਰਹੀ ਕਿ ਵਿਸ਼ਵ ਦੇ 125 ਦੇਸ਼ਾਂ ਵਿੱਚ ਭੁੱਖਮਰੀ ਦੇ ਮਾਮਲੇ 'ਚ ਭਾਰਤ ਦਾ 111ਵਾਂ ਥਾਂ ਹੈ। ਪਿਛਲੇ ਵਰ੍ਹੇ ਇਹ ਸਥਾਨ 107ਵਾਂ ਸੀ। ਭਾਵ ਪਿਛਲੇ ਸਾਲ ਨਾਲੋਂ ਵੀ ਇਸ ਨਾਲ ਭੁੱਖਮਰੀ 'ਚ ਵਾਧਾ ਹੋਇਆ ਹੈ।

ਵਿਡੰਬਨਾ ਵੇਖੋ, ਪਵਿੱਤਰ ਮੰਦਰਾਂ ਦੇ ਅਤੇ ਤੀਰਥ ਸਥਾਨਾਂ ਦੇ ਦਰਸ਼ਨਾਂ ਦੇ ਨਾਂਅ ਉਤੇ ਲੋਕਾਂ ਦੇ ਜਜ਼ਬਿਆਂ ਨਾਲ ਖੇਡਿਆ ਜਾ ਰਿਹਾ ਹੈ। ਫਿਰਕੂ ਫਸਾਦ ਆਮ ਗੱਲ ਬਣਾ ਦਿੱਤੀ ਗਈ ਹੈ। ਦੇਸ਼ ਦੀਆਂ ਘੱਟ ਗਿਣਤੀਆਂ ਦੇਸ਼ 'ਚ ਡਰ ਮਹਿਸੂਸ ਕਰ ਰਹੀਆਂ ਹਨ। ਇਥੋਂ ਤੱਕ ਕਿ ਖੇਤਰੀ ਭਾਸ਼ਾਵਾਂ ਦਾ ਗਲ ਘੁੱਟਣ ਲਈ ਨਵੀਂ ਰਾਸ਼ਟਰਪਤੀ ਸਿੱਖਿਆ ਨੀਤੀ ਲਾਗੂ ਕੀਤੀ ਜਾ ਰਹੀ ਹੈ।

ਜਿਵੇਂ ਖੇਤੀ ਤੇ ਖੇਤ ਕਾਰਪੋਰੇਟਾਂ ਦੇ ਪੱਲੇ ਪਾਉਣ ਦਾ ਦੇਸ਼ 'ਚ ਯਤਨ ਹੋਇਆ ਅਤੇ ਹੋ ਰਿਹਾ ਹੈ। ਹਰੀ ਕ੍ਰਾਂਤੀ ਦੇ ਸਬਜ਼ਬਾਗ ਦਿਖਾ ਕੇ ਕਿਸਾਨਾਂ ਦੇ ਕਿੱਤੇ ਨੂੰ ਭਾਰੀ ਸੱਟ ਮਾਰੀ ਗਈ ਹੈ। ਉਵੇਂ ਹੀ ਰਾਸ਼ਟਰੀ ਸਿੱਖਿਆ ਨੀਤੀ ਦੇ ਨਾਂਅ ਉਤੇ 'ਮਾਂ ਬੋਲੀਆਂ' ਨੂੰ ਅੱਖੋਂ-ਪਰੋਖੇ ਕਰਕੇ ਡਿਜੀਟਲ, ਕੰਪਿਊਟਰ, ਇੰਟਰਨੈੱਟ ਆਦਿ ਨੂੰ ਵਧੇਰੇ ਮਹੱਤਤਾ ਦੇ ਕੇ ਮਨੁੱਖ ਨੂੰ ਉਸ ਦੀ ਬੋਲੀ, ਸੱਭਿਆਚਾਰ ਤੋਂ ਦੂਰ ਕਰਕੇ ਇੱਕ ਮਸ਼ੀਨ ਦਾ ਰੂਪ ਦਿੱਤਾ ਜਾ ਰਿਹਾ ਹੈ। ਕਿੱਡਾ ਸੋਹਣਾ ਲਗਦਾ ਹੈ ਇਹ ਨਾਹਰਾ "ਦੁਨੀਆ ਸਿਰਫ਼ ਇੱਕ ਮੁੱਠੀ 'ਚ ਬੰਦ ਹੈ ਅਤੇ ਸਭ ਦੀ ਪਹੁੰਚ 'ਚ ਹੈ", ਪਰ ਕੀ ਇਹ ਕੁਦਰਤੀ ਮਨੁੱਖੀ ਜੀਵਨ ਨਾਲ ਖਿਲਵਾੜ ਨਹੀਂ।

ਉਵੇਂ ਹੀ ਜਿਵੇਂ ਦੇਸ਼ ਵਿੱਚੋਂ ਜੰਗਲ ਉਜਾੜ ਦਿੱਤੇ ਗਏ, ਜਿਵੇਂ ਦਰਿਆਵਾਂ ਦੇ ਵਹਿਣ ਬਦਲ ਦਿੱਤੇ ਗਏ ਅਤੇ ਰੇਤ, ਬੱਜਰੀ ਖਨਨ ਨਾਲ ਮਾਫੀਏ ਦੀਆਂ ਝੋਲੀਆਂ ਭਰ ਦਿੱਤੀਆਂ ਗਈਆਂ। ਜਿਵੇਂ ਦੇਸ਼ 'ਚ ਨਿੱਜੀਕਰਨ ਦਾ ਦੌਰ ਚੱਲਿਆ। ਜਿਵੇਂ ਕਾਰਪੋਰੇਟਾਂ ਹੱਥ 'ਸਿਆਸਤ' ਦੀ ਡੋਰ ਫੜਾ ਦਿੱਤੀ ਗਈ। ਜਿਵੇਂ ਸਿਆਸਤ ਵਿੱਚ ਆਮ ਲੋਕਾਂ ਨੂੰ ਨੁੱਕਰੇ ਲਾ ਕੇ ਧੰਨ-ਕੁਬੇਰਾਂ ਦਾ ਬੋਲ-ਬਾਲਾ ਕਰ ਦਿੱਤਾ ਗਿਆ। (ਉਦਾਹਰਨ ਵਜੋਂ ਹੁਣੇ ਹੋਈਆਂ ਛੱਤੀਸਗੜ੍ਹ ਵਿਧਾਨ ਸਭਾ ਚੋਣਾਂ 'ਚ 90 ਚੁਣੇ ਹੋਏ ਸਾਰੀਆਂ ਪਾਰਟੀਆਂ ਦੇ ਵਿਧਾਇਕਾਂ 'ਚ 72 ਕਰੋੜਪਤੀ ਹਨ), ਉਵੇਂ ਤਾਂ ਫਿਰ ਦੇਸ਼ ਕੀ ਗੁਲਾਮਾਂ ਦੀ ਮੰਡੀ ਬਣ ਕੇ ਨਹੀਂ ਰਹਿ ਜਾਏਗਾ, ਕੀ ਇਹ ਗੱਲ ਕੋਈ ਝੂਠ ਹੋਵੇਗੀ?

ਜਿਸ ਢੰਗ ਨਾਲ ਮੌਜੂਦਾ ਹਾਕਮ ਦੇਸ਼ ਨੂੰ ਚਲਾ ਰਹੇ ਹਨ। ਇੱਕ ਪੁਰਖੀ, ਇੱਕ ਪਾਰਟੀ ਰਾਜ ਵੱਲ ਦੇਸ਼ ਨੂੰ ਵਧਾਇਆ ਜਾ ਰਿਹਾ ਹੈ। ਸੂਬਿਆਂ ਦੇ ਅਧਿਕਾਰ ਸੀਮਤ ਕਰਕੇ ਕੇਂਦਰ ਆਪਣੀ ਮਨ-ਮਰਜ਼ੀ ਕਰ ਰਿਹਾ ਹੈ। ਕੀ ਉਸ ਨਾਲ ਦੇਸ਼ ਲੋਕਤੰਤਰੀ ਲੀਹੋਂ ਨਹੀਂ ਲੱਥ ਜਾਏਗਾ?

ਦੇਸ਼ ਵਿੱਚ ਵਧ ਰਹੀ ਲੁੱਟ-ਖਸੁੱਟ, ਕੁਨਬਾਪ੍ਰਵਰੀ, ਭ੍ਰਿਸ਼ਟਾਚਾਰ, ਦੇਸ਼ ਭਾਰਤ ਦੇ ਅਕਸ ਨੂੰ ਵਿਸ਼ਵ ਪੱਧਰੀ ਢਾਅ ਲਾ ਰਿਹਾ ਹੈ। ਮਨੁੱਖੀ ਅਧਿਕਾਰਾਂ ਦਾ ਹਨਨ ਦੇਸ਼ 'ਚ ਆਮ ਹੋ ਗਿਆ ਹੈ। ਹੈਂਕੜਬਾਜ਼ੀ ਦੀ ਸਿਆਸਤ ਨੇ ਲੋਕਾਂ ਦਾ ਸਾਹ ਸੂਤ ਲਿਆ ਹੋਇਆ ਹੈ।

ਦੇਸ਼ ਦੀ ਮੌਜੂਦਾ ਸਥਿਤੀ ਦੇ ਮੱਦੇਨਜ਼ਰ, ਲੇਖਕਾਂ, ਬੁੱਧੀਜੀਵੀਆਂ, ਚਿੰਤਕਾਂ ਨੂੰ ਸਿਰ ਜੋੜਨ ਦੀ ਲੋੜ ਹੈ, ਭਾਵੇਂ ਕਿ ਅੱਜ ਦੇਸ਼ ਦੀ ਪ੍ਰੈੱਸ, ਚਿੰਤਕ, ਲੇਖਕ, ਬੁੱਧੀਜੀਵੀ ਦੇਸ਼ ਦੇ ਹਾਕਮਾਂ ਦੇ ਨਿਸ਼ਾਨੇ 'ਤੇ ਹਨ, ਪਰ ਲੋਕਤੰਤਰੀ ਕਦਰਾਂ-ਕੀਮਤਾਂ ਦੇ ਧਾਰਨੀ ਲੋਕ ਕਦੇ ਵੀ ਦੇਸ਼ ਨੂੰ ਮੁੜ ਗੁਲਾਮੀ ਦੀਆਂ ਜੰਜ਼ੀਰਾਂ 'ਚ ਬੱਝਣ ਦੇਣਾ ਪ੍ਰਵਾਨ ਨਹੀਂ ਕਰਨਗੇ।

**# ਸੰਪਰਕ : 98158-02070**

# ਪੰਜਾਬ ਨੂੰ ਖੁਸ਼ਹਾਲ ਬਣਾਉਣ ਲਈ ਨੌਜਵਾਨੀ ਨੂੰ ਨਸ਼ਿਆਂ ਤੋਂ ਬਚਾਓ



ਸੰਜੀਵ ਸਿੰਘ ਸੈਣੀ

ਇਸ ਚੰਦਰੀ ਬਿਮਾਰੀ ਨੇ ਪੰਜਾਬ ਦੀ ਜਵਾਨੀ ਖਾ ਲਈ ਹੈ। ਘਰ-ਘਰ ਸੱਥਰ ਵਿਛ ਚੁੱਕੇ ਨੇ। 'ਚਿੱਟਾ' ਪਤਾ ਨਹੀਂ ਇਹ ਪੰਜਾਬ ਵਿੱਚ ਕਿਥੋਂ ਆ ਗਿਆ ਹੈ, ਪੰਜਾਬ ਦੀ ਨੌਜਵਾਨੀ ਖਤਮ ਕਰ ਰਿਹਾ ਹੈ। ਪੰਜਾਬ ਦਾ ਅਰਥ ਹੈ 'ਪੰਜ ਦਰਿਆਵਾਂ ਦੀ ਧਰਤੀ' ਗੁਰੂਆਂ, ਪੀਰਾਂ-ਪੈਗੰਬਰਾਂ ਦੀ ਧਰਤੀ ਨੂੰ ਪਤਾ ਨਹੀਂ ਕਿਸ ਚੰਦਰੇ ਨੇ ਦਾਗ ਲਾ ਦਿੱਤਾ ਹੈ। ਅੱਜ ਪੰਜਾਬ ਵਿੱਚ ਨਸ਼ਿਆਂ ਦਾ ਛੇਵਾਂ ਦਰਿਆ ਵਗ ਰਿਹਾ ਹੈ। ਕੋਈ ਸਮਾਂ ਹੁੰਦਾ ਸੀ ਜਦੋਂ ਪੰਜਾਬ ਦੀ ਨੌਜਵਾਨੀ ਖੇਤਾਂ ਵਿੱਚ ਆਪ ਹੀ ਕੰਮ ਕਰਦੀ ਸੀ । ਹੱਥੀਂ ਕੰਮ ਨੂੰ ਤਰਜੀਹ ਦਿੱਤੀ ਜਾਂਦੀ ਸੀ। ਘਰ ਦੇ ਬਣੇ ਦੁੱਧ, ਦਹੀਂ, ਪਨੀਰ,ਖੋਆ, ਲੱਸੀ ਹੀ ਸਿਹਤ ਲਈ ਗੁਣਕਾਰੀ ਹੁੰਦਾ ਸੀ। ਨੌਜਵਾਨਾਂ ਦੇ ਚਿਹਰੇ ਤੋਂ ਨੂਰ ਟਪਕਦਾ ਸੀ। ਛੇ ਫੁੱਟ ਦੇ ਚਿੱਟੇ ਚਾਦਰੇ ਬੰਨ੍ਹਣ ਵਾਲੇ ਨੌਜਵਾਨ ਖਿੱਚ ਦਾ ਕੇਂਦਰ ਬਣਦੇ ਸਨ। ਸਮਾਂ ਬਦਲਿਆ। ਪਤਾ ਨਹੀਂ ਇਹ ਚੰਦਰਾ ਨਸ਼ਾ 'ਚਿੱਟਾ' ਪੰਜਾਬ ਵਿੱਚ ਕਿੱਥੋਂ ਆ ਵੜਿਆ। ਗੁਆਂਢੀ ਸਰਹੱਦਾਂ ਤੋਂ ਆਇਆ ਇਹ ਚਿੱਟਾ ਪੰਜਾਬ ਵਿੱਚ ਹੁਣ ਪੈਰ ਪਸਾਰ ਗਿਆ ਹੈ। ਪਤਾ ਨਹੀਂ ਕਿੰਨੇ ਹੀ ਘਰਾਂ ਦੇ ਚਿਰਾਗ ਬੁਝ ਚੁੱਕੇ ਹਨ। ਆਏ ਦਿਨ ਓਵਰਡੋਜ਼ ਕਾਰਨ ਮੌਤਾਂ ਹੋ ਰਹੀਆਂ ਹਨ। ਹਰ ਰੋਜ਼ ਖ਼ਬਰਾਂ ਪੜ੍ਹਦੇ ਹਾਂ ਕਿ ਸਰਹੱਦੀ ਖੇਤਰਾਂ ਤੋਂ ਪਤਾ ਨਹੀਂ ਕਿੰਨੇ ਕਿੱਲੋ ਹੈਰੋਇਨ ਬਰਾਮਦ ਹੁੰਦੀ ਹੈ। ਹਾਲ ਹੀ ਵਿੱਚ ਬੀ ਐੱਸ ਐੱਫ ਨੇ ਸਰਹੱਦੀ ਖੇਤਰ ਵਿੱਚ ਗੋਲਾਬਾਰੀ ਕਰਕੇ ਪਾਕਿਸਤਾਨ ਤੋਂ ਆਇਆ ਡਰੋਨ ਸੁੱਟਿਆ। ਬੀ ਐੱਸ ਐੱਫ ਦੇ ਅਧਿਕਾਰੀਆਂ ਨੇ ਦੱਸਿਆ ਕਿ ਇਸ ਸਾਲ 2023 ਵਿੱਚ ਸਰਹੱਦ ਤੋਂ 90 ਤੋਂ ਵੱਧ ਡਰੋਨ ਬਰਾਮਦ ਕੀਤੇ ਗਏ। 750 ਕਿਲੋਗ੍ਰਾਮ ਤੋਂ ਵੱਧ ਨਸ਼ੀਲੇ ਪਦਾਰਥ, ਕਈ ਰਾਇਫਲਾਂ ਬਰਾਮਦ ਕੀਤੀ ਗਈਆਂ। ਉਹਨਾਂ ਦੱਸਿਆ ਕਿ ਅੱਜ-ਕੱਲ੍ਹ ਛੋਟੇ ਡਰੋਨਾਂ ਦੀ ਵੀ ਵਰਤੋਂ ਕੀਤੀ ਜਾ ਰਹੀ ਹੈ। ਸਰਹੱਦੀ ਸੂਬਿਆਂ ਨਾਲ ਲੱਗਦੇ ਪੰਜਾਬ ਦੇ ਜ਼ਿਲ੍ਹਿਆਂ 'ਚੋਂ ਹਰ ਰੋਜ਼ ਪਤਾ ਨਹੀਂ ਕਿੰਨੇ ਹੀ ਨਸ਼ੀਲੀਆਂ ਗੋਲੀਆਂ ਦੇ ਡੱਬੇ ਫੜੇ ਜਾਂਦੇ ਹਨ। ਹਰ ਰੋਜ਼ ਕਿਸੇ ਨਾ ਕਿਸੇ ਜ਼ਿਲ੍ਹੇ ਦਾ ਜ਼ਿੰਮੇਵਾਰ ਪੁਲਸ ਅਧਿਕਾਰੀ ਕਾਨਫਰੰਸ ਕਰਕੇ ਅਜਿਹੇ ਨਸ਼ੇੜੀਆਂ ਨੂੰ ਫੜਨ ਦਾ ਜ਼ਿਕਰ ਕਰਦਾ ਹੈ। ਸੂਬਾ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਮੁਤਾਬਕ ਜ਼ਿਲ੍ਹਿਆਂ ਵਿੱਚ ਉਸਾਰੀ ਕਾਲੋਨੀਆਂ, ਫਲੈਟਾਂ ਦੀ ਛਾਪੇਮਾਰੀ ਕਰਕੇ ਵੀ ਨਸ਼ਾ ਤਸਕਰਾਂ ਨੂੰ ਕਾਬੂ ਕੀਤਾ ਜਾ ਰਿਹਾ ਹੈ। ਸਰਕਾਰ ਦੀ ਇਹ ਸ਼ਲਾਘਾਯੋਗ ਪਹਿਲ ਹੈ। ਹਰ ਰੋਜ਼ ਪੰਜਾਬ ਪੁਲਸ ਦੇ ਅਧਿਕਾਰੀਆਂ ਵੱਲੋਂ ਨਸ਼ਾ ਤਸਕਰਾਂ ਨੂੰ ਕਾਬੂ ਕੀਤਾ ਜਾ ਰਿਹਾ ਹੈ। ਸੀ ਆਈ ਏ ਸਟਾਫ ਵੀ ਨਸ਼ਾ ਸਮੱਗਲਰਾਂ ਨੂੰ ਕਾਬੂ ਕਰ ਰਿਹਾ ਹੈ। ਔਰਤਾਂ ਵੀ ਹੁਣ ਤਾਂ ਚਿੱਟੇ ਦੀ ਆਦੀ ਹੋ ਚੁੱਕੀਆਂ ਹਨ। ਹਾਲ ਹੀ ਵਿੱਚ ਖਬਰ ਪੜ੍ਹੀ ਕਿ ਹੈਰੋਇਨ ਤੇ ਡਰੱਗ ਮਨੀ ਸਣੇ ਨਾਬਾਲਗ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਅੰਮ੍ਰਿਤਸਰ ਦੇ ਨਾਬਾਲਗ ਬੱਚੇ ਕੋਲੋਂ 15 ਕਿਲੋ ਹੈਰੋਇਨ ਫੜੀ ਗਈ ਹੈ। ਗ੍ਰਿਫ਼ਤਾਰ ਕੀਤੇ ਨਾਬਾਲਗ ਦਾ ਪਿਤਾ ਅਤੇ ਦਾਦਾ ਪਹਿਲਾਂ ਹੀ ਨਸ਼ਿਆਂ ਦੀ ਤਸਕਰੀ ਕਰਕੇ ਜੇਲ੍ਹ ਵਿੱਚ ਬੰਦ ਹਨ। ਹੁਣ ਤੱਕ ਪੰਜਾਬ ਪੁਲਸ ਨੇ 11,000 ਤੋਂ ਵੱਧ ਨਸ਼ਾ ਤਸਕਰ ਫੜੇ ਹਨ। ਤਕਰੀਬਨ ਪਿਛਲੇ 10 ਮਹੀਨਿਆਂ 'ਚ ਨਸ਼ਾ ਤਸਕਰਾਂ ਤੋਂ 12 ਕਰੋੜ ਰੁਪਏ ਦੀ ਡਰੱਗ ਮਨੀ ਬਰਾਮਦ ਹੋਈ ਹੈ, ਜੋ ਕਿ ਮਾਨ ਸਰਕਾਰ ਦੀ ਸ਼ਲਾਘਾਯੋਗ ਪਹਿਲ ਹੈ। ਹਾਲ ਹੀ ਵਿੱਚ ਸਿਹਤ ਮੰਤਰੀ ਨੇ ਵਿਧਾਨ ਸਭਾ ਵਿਚ ਨਸ਼ਿਆਂ ਦਾ ਮੁੱਦਾ ਉਠਾਇਆ ਸੀ। ਉਨ੍ਹਾਂ ਕਿਹਾ ਕਿ ਸੂਬੇ ਦੇ ਕਰੀਬ 10 ਲੱਖ ਤੋਂ ਵੱਧ ਨੌਜਵਾਨ ਨਸ਼ਿਆਂ ਨਾਲ ਪ੍ਰਭਾਵਿਤ ਹਨ ਤੇ ਲੱਖਾਂ ਹੀ ਨੌਜਵਾਨ ਸਰਕਾਰੀ ਨਸ਼ਾ ਛੁਡਾਊ ਕੇਂਦਰਾਂ ਤੋਂ ਇਲਾਜ ਕਰਵਾ ਰਹੇ ਹਨ। ਕੁਝ ਪ੍ਰਾਈਵੇਟ ਸੈਂਟਰਾਂ ਤੋਂ ਇਲਾਜ ਕਰਵਾ ਰਹੇ ਹਨ। ਪ੍ਰਾਈਵੇਟ ਸੈਂਟਰ ਨਸ਼ਿਆਂ ਨਾਲ ਪ੍ਰਭਾਵਿਤ ਨੌਜਵਾਨਾਂ ਦੀ ਚੰਗੀ ਤਰ੍ਹਾਂ ਲੁੱਟ-ਖਸੁੱਟ ਕਰਦੇ ਹਨ। ਅਖਬਾਰ ਵਿੱਚ ਖਬਰ ਪੜ੍ਹਨ ਨੂੰ ਵੀ ਮਿਲੀ ਸੀ ਕਿ ਪ੍ਰਾਈਵੇਟ ਨਸ਼ਾ ਮੁਕਤੀ ਕੇਂਦਰਾਂ ਦੇ ਮਾਲਕ ਮਾਰਕੁਟਾਈ ਵੀ ਕਰਦੇ ਹਨ। 35 ਤੋਂ 40 ਹਜ਼ਾਰ ਰੁਪਏ ਮਹੀਨਾ ਪਰਵਾਰਾਂ ਤੋਂ ਵਸੂਲਦੇ ਹਨ।

ਹਾਲ ਹੀ ਵਿਚ ਇੱਕ ਵੀਡੀਓ ਵਾਇਰਲ ਹੋ ਰਹੀ ਸੀ, ਜਿਸ ਵਿੱਚ ਇੱਕ ਈ ਰਿਕਸ਼ੇ ਵਾਲਾ ਨਸ਼ੇ ਵਿੱਚ ਧੁੱਤ ਮੂਧੇ ਮੂੰਹ ਰਿਕਸ਼ੇ ਵਿੱਚ ਪਿਆ ਸੀ। ਨਸ਼ਿਆਂ ਨੇ ਪੰਜਾਬ ਦੀ ਜਵਾਨੀ ਖਤਮ ਕਰ ਦਿੱਤੀ ਹੈ। ਜ਼ਿਆਦਾਤਰ ਨੌਜਵਾਨ ਜਿਨ੍ਹਾਂ ਦੀ ਉਮਰ 18 ਤੋਂ 25 ਸਾਲ ਵਿੱਚ ਹੈ, ਸਭ ਤੋਂ ਵੱਧ ਉਹ ਓਵਰਡੋਜ਼ ਕਾਰਨ ਮਰ ਰਹੇ ਹਨ। ਹਾਲ ਹੀ ਵਿੱਚ ਅੰਮ੍ਰਿਤਸਰ ਦੇ ਕਟੜਾ ਬੱਗੀਆਂ ਇਲਾਕੇ ਵਿੱਚ ਦੋ ਸਕੇ ਭਰਾਵਾਂ ਦੀ ਨਸ਼ੇ ਦੀ ਓਵਰਡੋਜ਼ ਕਾਰਨ ਮੌਤ ਹੋਈ ਹੈ। ਇੱਕ ਭਰਾ ਜੇਲ੍ਹ ਵਿਚ ਬੰਦ ਸੀ, ਜਿਸ ਦੀ ਇਲਾਜ ਦੌਰਾਨ ਹਸਪਤਾਲ ਵਿੱਚ ਮੌਤ ਹੋ ਚੁੱਕੀ ਹੈ ਤੇ ਦੂਜੇ ਭਰਾ ਦੀ ਨਸ਼ੇ ਦੀ ਜ਼ਿਆਦਾ ਓਵਰਡੋਜ਼ ਕਾਰਨ। ਹਾਲ ਹੀ ਵਿੱਚ ਚੋਹਲਾ ਸਾਹਿਬ (ਤਰਨ ਤਾਰਨ) ਵਿਖੇ ਇਕ ਕਿਸਾਨ ਪਰਵਾਰ ਦੇ ਦੋਵਾਂ ਪੁੱਤਰਾਂ ਦੀ ਨਸ਼ੇ ਦੀ ਓਵਰਡੋਜ਼ ਕਾਰਨ ਮੌਤ ਹੋ ਗਈ। ਵੱਡੇ ਪੁੱਤਰ ਦੀਆਂ ਅੰਤਮ ਰਸਮਾਂ ਵੀ ਅਜੇ ਪੂਰੀਆਂ ਨਹੀਂ ਹੋਈਆਂ ਸਨ ਕਿ ਛੋਟੇ ਪੁੱਤਰ ਦੀ ਵੀ ਪਹਿਲਾਂ ਹੀ ਮੌਤ ਹੋ ਗਈ। ਹਾਲ ਹੀ ਵਿਚ ਪੰਜਾਬ ਪੁਲਸ ਵੱਲੋਂ ਦਿੱਤੀ ਜਾਣਕਾਰੀ ਦੇ ਆਧਾਰ 'ਤੇ ਗੁਜਰਾਤ ਤੋਂ ਕਰੋੜਾਂ ਰੁਪਏ ਦੀ ਹੈਰੋਇਨ ਬਰਾਮਦ ਕੀਤੀ ਗਈ ਹੈ। ਸਰਹੱਦ ਪਾਕਿਸਤਾਨ ਵੱਲੋਂ ਡਰੋਨ ਰਾਹੀਂ ਨਸ਼ਿਆਂ ਦੀ ਤਸਕਰੀ ਲਗਾਤਾਰ ਜਾਰੀ ਹੈ। ਹਾਲ ਹੀ ਵਿੱਚ ਫਿਰੋਜ਼ਪੁਰ ਵਿਖੇ ਬੀ ਐੱਸ ਐੱਫ ਵੱਲੋਂ ਨਸ਼ਿਆਂ ਦੇ ਪੈਕਟ ਬਰਾਮਦ ਕੀਤੇ ਗਏ। ਪਿਛਲੇ ਹਫਤੇ ਲੁਧਿਆਣਾ ਵਿੱਚ ਇੱਕ ਨਾਬਾਲਗ ਦੀ ਨਸ਼ੇ ਵਾਲੀ ਸਰਿੰਜ ਲਗਾ ਕੇ ਮੌਤ ਹੋਣ ਦੀ ਖਬਰ ਪੜ੍ਹੀ। ਮਾਂ-ਪਿਉ ਮਰ-ਮਰ ਕੇ ਜਿਉਂਦੇ ਹਨ। ਨਸ਼ੇ ਦੀ ਪੂਰਤੀ ਲਈ ਕਈ ਨਸ਼ੇੜੀ ਘਰ ਦਾ ਵੀ ਸਾਮਾਨ ਵੇਚਦੇ ਹਨ। ਇਹੀ ਕਾਰਨ ਹੈ ਕਿ ਪੰਜਾਬ ਵਿੱਚ ਲਗਾਤਾਰ ਪ੍ਰਵਾਸ ਵਧ ਰਿਹਾ ਹੈ। ਇਹ ਵੀ ਇੱਕ ਬਹੁਤ ਵੱਡਾ ਕਾਰਨ ਹੈ ਕਿ ਮਾਪੇ ਆਪਣੇ ਬੱਚਿਆਂ ਨੂੰ ਵਿਦੇਸ਼ ਭੇਜ ਰਹੇ ਹਨ। ਮਾਂ-ਬਾਪ ਨੂੰ ਡਰ ਹੈ ਕਿ ਜੇ ਉਨ੍ਹਾਂ ਦਾ ਨੌਜਵਾਨ ਇੱਥੇ ਰਹਿ ਗਿਆ, ਪਤਾ ਨਹੀਂ ਉਹ ਚਿੱਟੇ ਦਾ ਆਦੀ ਹੀ ਨਾ ਹੋ ਜਾਏ। ਵਿਚਾਰਨ ਵਾਲੀ ਗੱਲ ਹੈ ਕਿ ਚੋਰ-ਮੋਰੀਆਂ ਰਾਹੀਂ ਵੱਡੇ-ਵੱਡੇ ਤਸਕਰ ਭਾਰਤ ਵਿਚ ਹੈਰੋਇਨ ਪਹੁੰਚਾਉਣ 'ਚ ਕਾਮਯਾਬ ਹੋ ਗਏ ਹਨ। ਇਸ ਦਾ ਤਾਂ ਸਿੱਧਾ ਮਤਲਬ ਹੀ ਹੈ ਕਿ ਦੇਸ਼ ਵਿੱਚ ਵੱਡੀ ਮਾਤਰਾ ਵਿੱਚ ਲੋਕ ਨਸ਼ੇ ਦੇ ਆਦੀ ਹੋ ਚੁੱਕੇ ਹਨ। ਅੱਜ-ਕੱਲ ਨਸ਼ੀਲੇ ਪਦਾਰਥਾਂ ਦੀ ਖਰੀਦ ਵਿਕਰੀ ਲਈ ਸੋਸ਼ਲ ਨੈੱਟਵਰਕਿੰਗ ਸਾਈਟ ਦਾ ਧੜੱਲੇ ਨਾਲ ਪ੍ਰਯੋਗ ਹੋ ਰਿਹਾ ਹੈ। ਸੋਚਣ ਵਾਲੀ ਗੱਲ ਹੈ ਕਿ ਜੇ ਪੁਲਸ ਪ੍ਰਸ਼ਾਸਨ ਨਸ਼ਿਆਂ ਖਿਲਾਫ ਸਖਤ ਕਦਮ ਚੁੱਕੇਗਾ ਤਾਂ ਆਪਣੇ-ਆਪ ਹੀ ਨਸ਼ਿਆਂ ਦੀਆਂ ਜੜ੍ਹਾਂ ਪੁੱਟੀਆਂ ਜਾਣਗੀਆਂ। ਮਾਲਵੇ ਦੇ ਕਈ ਪਿੰਡਾਂ ਵਿੱਚ ਪੰਚਾਇਤਾਂ ਆਪ ਹੀ ਪਿੰਡਾਂ ਵਿੱਚ ਪਹਿਰਾ ਲਗਾ ਰਹੀਆਂ ਹਨ। ਸਖਤੀ ਕੀਤੀ ਹੋਈ ਹੈ। ਪੰਚਾਇਤਾਂ ਨੇ ਕਹਿ ਦਿੱਤਾ ਹੈ ਕਿ ਪਿੰਡ ਵਿੱਚ ਜੇ ਕੋਈ ਅਣਜਾਣ ਵਿਅਕਤੀ ਫੜਿਆ ਗਿਆ ਤਾਂ ਉਸ ਦੀ ਖੈਰ ਨਹੀਂ। ਸਰਹੱਦੀ ਮੁਲਕਾਂ ਦੇ ਆਲ੍ਹਾ ਅਧਿਕਾਰੀਆਂ ਨੂੰ ਆਪਸੀ ਤਾਲਮੇਲ ਬਣਾ ਕੇ ਨਸ਼ਿਆਂ ਦੀ ਸਮਗਲਿੰਗ ਨੂੰ ਰੋਕਿਆ ਜਾ ਸਕਦਾ ਹੈ।

ਸਾਡੀ ਸਾਰਿਆਂ ਦੀ ਇਹ ਨੈਤਿਕ ਜ਼ਿੰਮੇਵਾਰੀ ਵੀ ਬਣਦੀ ਹੈ ਕਿ ਦੇਸ਼ ਦਾ ਭਵਿੱਖ ਬਚਾਉਣ ਲਈ ਸਰਕਾਰਾਂ, ਆਮ ਜਨਤਾ, ਸਿਆਸਤਦਾਨਾਂ ਨੂੰ ਆਪਣੀ ਜ਼ਿੰਮੇਵਾਰੀ ਇਮਾਨਦਾਰੀ ਨਾਲ ਨਿਭਾਉਣੀ ਚਾਹੀਦੀ ਹੈ। ਕਈ ਪੰਚਾਇਤਾਂ ਨੇ ਵੀ ਹੰਭਲਾ ਮਾਰਿਆ ਹੈ, ਨਸ਼ਾ ਵੰਡਣ ਵਾਲਿਆਂ ਦੀ ਚੰਗੀ ਤਰ੍ਹਾਂ ਮਾਰ-ਕੁਟਾਈ ਕੀਤੀ ਹੈ। ਪੁਲਸ ਦੇ ਹਵਾਲੇ ਵੀ ਕੀਤਾ ਹੈ। ਇਹ ਇਕੱਲੀ ਪੁਲਸ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਨਹੀਂ ਬਣਦੀ ਹੈ, ਸਾਡੀ ਸਾਰਿਆਂ ਦੀ ਜ਼ਿੰਮੇਵਾਰੀ ਬਣਦੀ ਹੈ, ਤਾਂ ਜੋ ਇਸ ਨਾਮੁਰਾਦ ਬਿਮਾਰੀ ਨੂੰ ਜੜ੍ਹ ਤੋਂ ਪੁੱਟਿਆ ਜਾ ਸਕੇ।

***# ਸੰਪਰਕ: 78889-66168***

# ਪਾਣੀ ਨੂੰ ਇੱਕ ਹਥਿਆਰ ਦੇ ਤੌਰ 'ਤੇ ਵਰਤ ਰਿਹੈ ਇਜ਼ਰਾਈਲ

ਨਰਭਿੰਦਰ

ਗਾਜ਼ਾ ਪੱਟੀ ਦੁਨੀਆ ਦੀ ਸਭ ਤੋਂ ਸੰਘਣੀ ਆਬਾਦੀ ਵਾਲੇ ਖੇਤਰਾਂ ਵਿੱਚੋਂ ਇੱਕ ਹੈ। 2005 ਤੋਂ ਲੈ ਕੇ ਇਜ਼ਰਾਈਲ ਨੇ ਇੱਥੋਂ ਦੀਆਂ 21 ਬਸਤੀਆਂ ਨੂੰ ਪਹਿਲਾਂ ਹੀ ਖਾਲੀ ਕਰ ਦਿੱਤਾ ਸੀ ਤੇ ਫਿਰ ਅਕਤੂਬਰ ਤੋਂ ਜਿਹੜੀ ਭਿਆਨਕ ਤ੍ਰਾਸਦੀ ਚੱਲ ਰਹੀ ਹੈ ਇਹ ਦੁਨੀਆ ਦੀਆਂ ਅੱਖਾਂ ਸਾਹਮਣੇ ਹੈ। ਇੱਥੇ ਉਹ ਤ੍ਰਾਸਦੀ ਭੋਗ ਰਹੇ ਫਲਸਤੀਨੀ ਲੋਕਾਂ ਦੀ ਸਿਹਤ ਤੇ ਜ਼ਿੰਦਗੀ ਦੀ ਹੋਂਦ ਬਾਰੇ ਗੱਲ ਕਰਾਂਗੇ, ਜਿਸ ਨੇ ਉਨ੍ਹਾਂ ਦੀ ਹੋਂਦ ਨੂੰ ਹੀ ਖ਼ਤਰਾ ਖੜਾ ਕਰ ਦਿੱਤਾ ਹੈ। ਇਜ਼ਰਾਈਲੀ ਇਤਿਹਾਸਕਾਰ ਇਲਾਨ ਪੱਪੇ ਨੇ ਤੇ ਦੁਨੀਆ ਦੇ ਕਈ ਚਿੰਤਕਾਂ ਨੇ ਇਹਨੂੰ 'ਵਧਦਾ ਹੋਇਆ ਨਰਸੰਹਾਰ' ਕਿਹਾ ਹੈ।

ਇਜ਼ਰਾਈਲ ਦੀ ਲੰਬੀ ਨਾਕੇਬੰਦੀ ਅਤੇ ਦਰਜਨ ਤੋਂ ਵੱਧ ਫੌਜੀ ਹਮਲਿਆਂ ਕਰਕੇ ਗਾਜ਼ਾ ਪੱਟੀ ਵਿੱਚ ਪੀਣਯੋਗ ਪਾਣੀ ਦੀ ਵਿਆਪਕ ਘਾਟ ਖੜੀ ਕਰ ਦਿੱਤੀ ਗਈ ਹੈ। ਯਾਦ ਹੋਵੇਗਾ ਇਸ ਅਕਤੂਬਰ ਵਿੱਚ ਹੀ ਇਜ਼ਰਾਈਲ ਨੇ ਹਮਾਸ ਹਮਲੇ ਪਿੱਛੋਂ ਗਾਜ਼ਾ 'ਚ ਬਿਜਲੀ, ਪਾਣੀ ਤੇ ਹੋਰ ਖੁਰਾਕੀ ਵਸਤੂਆਂ ਦੀ ਸਪਲਾਈ ਬੰਦ ਕਰ ਦਿੱਤੀ ਸੀ ਯੂ ਐੱਨ ਓ ਦੇ ਵਾਰ-ਵਾਰ ਕਹਿਣ 'ਤੇ ਵੀ ਇਜ਼ਰਾਈਲ ਦਾ ਰਵੱਈਆ ਅੜੀਅਲ ਹੀ ਰਿਹਾ। ਭਾਵ ਭੁੱਖੇ-ਤਿਹਾਏ ਰੱਖ ਕੇ ਮਾਰਨ ਦੀ ਸਾਮਰਾਜੀ ਨੀਤੀ ਦੀ ਉੱਘੜਵੀਂ ਮਿਸਾਲ ਹੈ।

ਸਿਰਫ਼ 25 ਮੀਲ ਲੰਮੀ ਅਤੇ ਕੁਝ ਮੀਲ ਚੌੜੀ ਗਾਜ਼ਾ ਪੱਟੀ 'ਚ 23 ਲੱਖ ਲੋਕਾਂ ਦਾ ਵਸੇਬਾ ਹੈ, ਜਿਸ 'ਚੋਂ 70 ਫ਼ੀਸਦੀ ਰਾਜਹੀਣ ਸ਼ਰਨਾਰਥੀ ਅਤੇ ਉਨ੍ਹਾਂ ਦੇ ਵੰਸ਼ਿਜ਼ ਅੱਠ ਸ਼ਰਨਾਰਥੀ ਕੈਂਪਾਂ ਵਿੱਚ ਰਹਿ ਰਹੇ ਹਨ, ਜਿਹੜੇ 1948 'ਚ ਰਾਜ ਬਣਾਉਣ ਦੇ ਸਮੇਂ ਤੋਂ ਬਾਹਰ ਕੱਢ ਦਿੱਤੇ ਗਏ। ਹੁਣ ਆਪਣੇ ਪੁਰਾਣੇ ਘਰਾਂ ਤੋਂ ਕੁਝ ਹੀ ਦੂਰ ਪਿੰਜਰਿਆਂ ਵਰਗੀਆਂ ਥਾਵਾਂ ਵਿੱਚ ਕੈਦ ਹਨ। ਇਜ਼ਰਾਈਲ ਨੇ ਫਲਸਤੀਨ ਉਤੇ 1967 ਤੋਂ ਕਬਜ਼ਾ ਕਰਨਾ ਸ਼ੁਰੂ ਕੀਤਾ ਅਤੇ ਵੱਡੀ ਗਿਣਤੀ 'ਚ ਹਜ਼ਾਰਾਂ ਇਜ਼ਰਾਈਲੀਆਂ ਨੂੰ ਫ਼ੌਜ ਦੀ ਮਦਦ ਨਾਲ ਫਲਸਤੀਨ ਦੇ ਅੰਦਰ ਵਸਾ ਕੇ ਉਨ੍ਹਾਂ ਦੀ ਧਰਤੀ 'ਤੇ ਕਬਜ਼ਾ ਕਰ ਲਿਆ। 1967 ਤੱਕ 20 ਫ਼ੀਸਦੀ ਫਲਸਤੀਨੀ ਧਰਤੀ ਇਜ਼ਰਾਈਲ ਦੇ ਕਬਜ਼ੇ 'ਚ ਆ ਚੁੱਕੀ ਸੀ। ਸੰਨ 2006 ਦੀਆਂ ਫਲਸਤੀਨੀ ਸਥਾਨਕ ਚੋਣਾਂ ਹਮਾਸ ਵੱਲੋਂ ਵੱਡੀ ਗਿਣਤੀ ਵਿੱਚ ਜਿੱਤੀਆਂ ਗਈਆਂ ਤੇ ਗਾਜ਼ਾ ਪੱਟੀ 'ਚ ਆਪਣੀ ਸੱਤਾ ਸਥਾਪਤ ਕਰ ਲਈ। ਇਜ਼ਰਾਈਲ ਨੇ ਮਿਸਰ ਦੀ ਸਹਾਇਤਾ ਤੇ ਅਮਰੀਕੀ ਥਾਪੀ ਨਾਲ ਗਾਜ਼ਾ ਪੱਟੀ ਦੀ ਨਾਕਾਬੰਦੀ ਕਰਕੇ ਦੁਨੀਆ ਤੋਂ ਉਹਨੂੰ ਕੱਟ ਦਿੱਤਾ, ਜਿਹੜਾ ਅੱਜ ਤੱਕ ਜਾਰੀ ਹੈ।

ਇਸ ਨਾਕੇਬੰਦੀ ਨੇ ਗਾਜ਼ਾ ਦੀ ਅਰਥ ਵਿਵਸਥਾ ਨੂੰ ਨਸ਼ਟ ਕਰ ਦਿੱਤਾ। ਹਿਊਮਨ ਰਾਈਟਸ ਵਾਚ ਨੇ ਗਾਜ਼ਾ ਪੱਟੀ ਨੂੰ 'ਖੁੱਲ੍ਹੀ ਹਵਾ ਵਾਲੀ ਜੇਲ੍ਹ' ਦੇ ਰੂਪ ਵਿੱਚ ਚਿੰਨ੍ਹਤ ਕੀਤਾ ਹੈ। ਇਹਦੀ ਆਬਾਦੀ ਬਾਹਰ ਇਜ਼ਰਾਈਲੀ ਫੌਜੀ ਕੰਧਾਂ ਤੇ ਵਾੜਾਂ ਵਿੱਚ ਫਸੀ ਹੋਈ ਹੈ ਅਤੇ ਲਗਾਤਾਰ ਡਰੋਨ ਦੀ ਨਿਗਰਾਨੀ ਹੇਠ ਹੈ, ਜਦੋਂ ਕਿ ਇਜ਼ਰਾਈਲ ਜ਼ਮੀਨੀ ਅਤੇ ਸਮੁੰਦਰੀ ਰਾਹਾਂ ਰਾਹੀਂ ਮਾਲ ਅਤੇ ਲੋਕਾਂ ਦੀ ਆਵਾਜਾਈ ਉਤੇ ਸਖ਼ਤ ਪਹਿਰਾ ਰੱਖਦਾ ਆ ਰਿਹਾ ਹੈ। ਸਮੇਂ-ਸਮੇਂ ਉਤੇ ਘਾਤਕ ਹਮਲੇ "ਮੂਵਿੰਗ ਦਾ ਗ੍ਰਾਸ" ਰਣਨੀਤੀ ਵਾਲੀਆਂ ਫੌਜੀ ਮੁਹਿੰਮਾਂ ਵਿੱਚ ਲੱਗਾ ਰਹਿੰਦਾ ਰਿਹਾ ਹੈ। "ਮੂਵਿੰਗ ਦਾ ਗ੍ਰਾਸ" ਤੋਂ ਭਾਵ ਇਹ ਕਿ ਇਜ਼ਰਾਈਲ ਵੱਲੋਂ ਗਾਜ਼ਾ ਦੇ ਵਿਰੁੱਧ ਲੜਿਆ ਜਾਣ ਵਾਲਾ ਇਹ ਇੱਕ ਅਜਿਹਾ ਯੁੱਧ ਹੈ, ਜਿਸ ਵਿੱਚ ਇਜ਼ਰਾਈਲ ਇਹ ਮੰਨ ਕੇ ਚੱਲ ਰਿਹਾ ਹੈ ਕਿ ਇਹਦਾ ਕੋਈ ਰਾਜਸੀ ਹੱਲ ਨਹੀਂ। ਨਾ ਹੀ ਉਹ ਕਿਸੇ ਰਾਜਨੀਤਕ ਹੱਲ ਤੱਕ ਪਹੁੰਚਣ ਲਈ ਤਿਆਰ ਹੈ।

### ਪਾਣੀ ਇੱਕ ਹਥਿਆਰ

ਗਾਜ਼ਾ ਪੱਟੀ ਵਿੱਚ ਨਵੇਂ ਮਿੱਠੇ ਪਾਣੀ ਦਾ ਇਕੋ-ਇੱਕ ਸਰੋਤ ਹੈ। ਇਹ ਉੱਤਰੀ ਇਜ਼ਰਾਈਲ ਤੋਂ ਮਿਸਰ ਵਿੱਚ ਉੱਤਰੀ ਸਿਨਾਈ-ਜਲ ਟਾਪੂ ਤੱਕ ਫੈਲਿਆ ਤੱਟਵਰਤੀ ਪਾਣੀ ਦਾ ਸੋਮਾ ਹੈ। ਵੈਸਟ ਬੈਂਕ ਦੇ ਹੇਠਲੇ ਜਲ ਸਰੋਤਾਂ ਦੇ ਨਾਲ-ਨਾਲ ਕਬਜ਼ਾ ਸ਼ੁਰੂ ਹੋਣ ਤੋਂ ਪਿੱਛੋਂ ਤੱਟਵਰਤੀ ਪਾਣੀ ਦੇ ਸੋਮੇ ਵੀ ਪੂਰੀ ਤਰ੍ਹਾਂ ਇਜ਼ਰਾਈਲੀ ਕੰਟਰੋਲ ਵਿੱਚ ਆ ਗਏ ਹਨ। 2013 ਵਿੱਚ ਸੰਯੁਕਤ ਰਾਸ਼ਟਰ ਨੇ ਇੱਕ ਅਧਿਐਨ ਕਰਵਾਇਆ ਸੀ, ਜਿਸ ਅਨੁਸਾਰ ਤੱਟ ਵਾਲੇ ਸੋਮਿਆਂ ਵਿੱਚੋਂ 66 ਫ਼ੀਸਦੀ ਪਾਣੀ ਇਜ਼ਰਾਈਲ ਕੱਢਦਾ ਹੈ। ਜਦੋਂ ਕਿ ਗਾਜ਼ਾ ਪੱਟੀ ਸਿਰਫ਼ 23 ਫ਼ੀਸਦੀ ਹੀ ਕੱਢਦੀ ਹੈ ਤੇ ਮਿਸਰ 11 ਫ਼ੀਸਦੀ ਪਾਣੀ ਕੱਢਦਾ ਹੈ।

ਜਦੋਂ ਤੋਂ ਇਜ਼ਰਾਈਲੀ 'ਸ਼ਰਨਾਰਥੀ' ਬਣ ਕੇ ਹਜ਼ਾਰਾਂ ਦੀ ਗਿਣਤੀ ਵਿੱਚ ਗਾਜ਼ਾ ਪੱਟੀ ਵਿੱਚ ਜਾ ਵਸੇ, ਜਲ ਸਰੋਤਾਂ ਉਤੇ ਭਾਰੀ ਦਬਾਅ ਪੈ ਗਿਆ। ਆਪਣੀ ਧਰਤੀ ਉਤੇ ਸਦੀਆਂ ਤੋਂ ਵਸਣ ਵਾਲੇ ਮੂਲ ਨਿਵਾਸੀਆਂ (ਫਲਸਤੀਨੀਆਂ) ਨਾਲੋਂ ਇਹ ਇਜ਼ਰਾਈਲੀ ਪਰਵਾਸੀ ਵਧੇਰੇ ਪਾਣੀ ਕੱਢ ਰਹੇ ਹਨ। 1995 ਤੋਂ 2011 ਦੇ ਸਮੇਂ ਵਿੱਚ ਹੇਠਲੇ ਪਾਣੀ ਦੀ ਨਿਕਾਸੀ 30 ਫ਼ੀਸਦੀ ਵਧ ਗਈ ਹੈ। ਜਿਸ ਨਾਲ ਸਮੁੰਦਰੀ ਪਾਣੀ ਦੇ ਜਲ ਸਰੋਤਾਂ ਨੂੰ ਅੰਦਰ ਆਉਣ ਦਾ ਰਾਹ ਮਿਲ ਗਿਆ ਹੈ। ਇਜ਼ਰਾਈਲ ਦੇ ਡੂੰਘੇ ਖੂਹਾਂ ਨੇ ਗਾਜ਼ਾ ਦੇ ਨਾਲ ਲੱਗਦੇ ਬੋਰ ਹੋਲ (ਧਰਤੀ 'ਚੋਂ ਪਾਣੀ ਕੱਢਣ ਵਾਲੇ ਟਿਊਬਵੈੱਲ) ਅਤੇ ਬੰਨ੍ਹਾਂ ਨੂੰ ਗਾਜ਼ਾ ਪੱਟੀ ਵਿੱਚ ਪਾਣੀ ਦੀ ਲੋੜ ਨੂੰ ਬਹੁਤ ਜ਼ਿਆਦਾ ਪ੍ਰਭਾਵਿਤ ਕੀਤਾ ਹੈ।

2020 ਤੱਕ ਗਾਜ਼ਾ ਨਿਵਾਸੀ ਅਜੇ ਵੀ ਆਪਣੇ ਵਰਤੋਂ ਲਈ ਪਾਣੀ ਦਾ 95 ਫ਼ੀਸਦੀ ਤੋਂ ਵੱਧ ਪ੍ਰਦੂਸ਼ਿਤ ਪਾਣੀ ਧਰਤੀ ਹੇਠੋਂ ਹੀ ਹਾਸਲ ਕਰਦੇ ਰਹੇ ਸਨ ਅਤੇ ਇਸ ਦੀ ਟਿਕਾਊ ਉਪਜ ਦਾ ਇੱਕ ਤਿਹਾਈ ਤੋਂ ਵੱਧ ਕੱਢ ਰਹੇ ਸਨ, ਜਦੋਂ ਕਿ ਪਾਣੀ ਸਪਲਾਈ ਸੰਭਾਲਣ ਦੇ ਜ਼ਰਜ਼ਰ ਬੁਨਿਆਦੀ ਢਾਂਚੇ ਕਰਕੇ ਇਕ ਤਿਹਾਈ ਤੋਂ ਵੱਧ ਪਾਣੀ ਨਸ਼ਟ ਹੋ ਜਾਂਦਾ ਸੀ। ਜ਼ਿਆਦਾ ਖਣਿਜ ਤੇ ਲੂਣ ਦੀ ਮਿਕਦਾਰ ਹੋਣ ਕਰਕੇ ਉਸ ਜ਼ਮੀਨੀ ਪਾਣੀ ਦਾ ਲੱਗਭੱਗ 97 ਫ਼ੀਸਦੀ ਪਾਣੀ ਅਯੋਗ ਸੀ। ਗਾਜ਼ਾ ਦੀ ਬਾਕੀ ਪੂਰਤੀ ਛੋਟੇ ਅਨਿਯਮਤ ਪਾਣੀ ਨੂੰ ਸ਼ੁੱਧ ਕਰਨ ਵਾਲੇ ਯੰਤਰਾਂ ਰਾਹੀਂ ਹਾਸਲ ਕੀਤੀ ਜਾਂਦੀ ਹੈ। ਲੱਗਭੱਗ 2.6 ਫ਼ੀਸਦੀ ਅਤੇ ਬਾਕੀ ਪਾਣੀ ਇਜ਼ਰਾਈਲੀ ਕੌਮੀ ਜਲ ਕੰਪਨੀ ਮੇਕੋਰੈਟ ਪਾਸੋਂ ਨਗਦ ਰਾਸ਼ੀ ਦੇ ਕੇ ਖਰੀਦਦਾ ਹੈ। ਜੇ ਕਿਤੇ ਫਲਸਤੀਨੀ ਇਸ ਮੁੱਲ ਦੇ ਪਾਣੀ ਦੀ ਕੀਮਤ ਅਦਾ ਨਾ ਕਰ ਸਕਣ ਜਾਂ ਅਦਾ ਕਰਨ 'ਚ ਲੇਟ ਹੋ ਜਾਣ ਤਾਂ ਇਜ਼ਰਾਈਲ ਫਲਸਤੀਨ ਨੂੰ ਆਏ ਫੰਡਾਂ ਵਿੱਚੋਂ ਪਾਣੀ ਦੇ ਬਿੱਲਾਂ ਦੀ ਰਾਸ਼ੀ ਕੱਟ ਲੈਂਦਾ ਹੈ।

ਸਾਲ 2020 ਵਿੱਚ ਪ੍ਰਕਾਸ਼ਿਤ ਵਾਤਾਵਰਨ ਮੁਲਾਂਕਣ ਵਿਸ਼ੇਸ਼ ਰੂਪ ਵਿੱਚ ਨਿਰਾਸ਼ਾਜਨਕ ਸੀ। ਇਸ ਵਿੱਚ ਦੱਸਿਆ ਗਿਆ ਕਿ ਤੱਟੀ ਇਲਾਕੇ ਦੇ ਜਲ ਸਰੋਤ ਸਮੁੰਦਰੀ ਤਲ ਤੋਂ ਦਸ ਮੀਟਰ ਹੇਠਾਂ ਤੱਕ ਘਟ ਗਏ ਹਨ, ਜਦੋਂ ਕਿ ਸਿਰਫ਼ 50-60 ਮਿਲੀਅਨ ਕਿਊਬਕ ਮੀਟਰ (ਐੱਮ ਸੀ ਐੱਮ) ਧਰਤੀ ਹੇਠਲੇ ਪਾਣੀ ਨੂੰ ਹੀ ਸੁਰੱਖਿਅਤ ਰੂਪ ਵਿੱਚ ਕੱਢਿਆ ਜਾ ਸਕਦਾ ਸੀ, ਜਦੋਂ ਕਿ ਇਹ ਹਰ ਸਾਲ ਲੱਗਭੱਗ 160-200 ਐੱਮ ਸੀ ਐੱਮ (ਮਿਲੀਅਨ ਕਿਊਬਕ ਮੀਟਰ) ਕੱਢਿਆ ਜਾ ਰਿਹਾ ਸੀ। ਨਗਰ ਪਾਲਿਕਾਵਾਂ ਸਿਰਫ਼ 80 ਫ਼ੀਸਦੀ ਵਾਸੀਆਂ ਦੀਆਂ ਪਾਣੀ ਦੀਆਂ ਲੋੜਾਂ ਪੂਰੀਆਂ ਕਰਨ ਵਿੱਚ ਸਮਰੱਥ ਸਨ ਅਤੇ ਪਾਈਪਾਂ ਰਾਹੀਂ ਕਈ ਦਿਨਾਂ ਤੱਕ ਘਰਾਂ ਤੱਕ ਪਹੁੰਚਾਉਣ ਵਿੱਚ ਨਾਕਾਮ ਰਹੀਆਂ।

ਸਾਫ਼ ਪਾਣੀ ਦੀ ਘਾਟ ਦੀ ਸਮੱਸਿਆ ਇੱਕ ਛੋਟਾ ਹਿੱਸਾ ਹੀ ਹੈ। ਅਕਸਰ ਪ੍ਰਦੂਸ਼ਤ ਪਾਣੀ ਵਾਲੇ ਟੈਂਕਰ ਨੂੰ ਖ਼ਰੀਦਣ ਦੀ ਲਾਗਤ ਕਈ ਗਾਜ਼ਾ ਵਾਸੀਆਂ ਲਈ ਬਹੁਤ ਹੀ ਜ਼ਿਆਦਾ ਹੈ, ਜਿਨ੍ਹਾਂ ਵਿੱਚੋਂ ਅੱਧੇ ਤੋਂ ਵੱਧ ਲੋਕ ਗਰੀਬੀ ਰੇਖਾ ਤੋਂ ਹੇਠਾਂ ਰਹਿੰਦੇ ਹਨ। 2021 ਤੱਕ ਗਾਜਾ ਦੀ ਅੱਧੀ ਆਬਾਦੀ ਬੇਰੁਜ਼ਗਾਰ ਸੀ। ਉਹ ਜਿਸ ਪਾਣੀ ਦੀ ਵਰਤੋਂ ਕਰਦੇ ਹਨ, ਉਹ ਵਿਸ਼ਵ ਸਿਹਤ ਸੰਗਠਨ ਵੱਲੋਂ ਪ੍ਰਤੀ ਵਿਅਕਤੀ ਘਰੇਲੂ ਲੋੜਾਂ ਦੇ ਲਈ ਨਿਰਧਾਰਤ 100 ਲੀਟਰ ਪ੍ਰਤੀ ਦਿਨ ਦੇ ਮਾਪਦੰਡ ਤੋਂ ਕਾਫ਼ੀ ਘੱਟ ਹੈ। 22 ਮਾਰਚ 2022 ਜਿਹੜਾ ਵਿਸ਼ਵ ਜਲ ਦਿਵਸ ਦੇ ਰੂਪ ਵਿੱਚ ਚਿੰਨ੍ਹਤ ਹੈ, ਉਤੇ ਫਲਸਤੀਨੀ ਅੰਕੜਾ ਬਿਊਰੋ ਅਤੇ ਫਲਸਤੀਨੀ ਜਲ ਸਪਲਾਈ ਵਿਭਾਗ ਵੱਲੋਂ ਜਾਰੀ ਇੱਕ ਪ੍ਰੈੱਸ ਬਿਆਨ ਵਿੱਚ ਇਹ ਦੱਸਿਆ ਗਿਆ ਕਿ ਗਾਜਾ ਵਿੱਚ ਘਰੇਲੂ ਵਰਤੋਂ ਲਈ ਪ੍ਰਤੀ ਦਿਨ ਪ੍ਰਤੀ ਵਿਅਕਤੀ 86.6 ਲੀਟਰ ਪਾਣੀ ਹੀ ਦਿੱਤਾ ਗਿਆ। ਹਾਲਾਂਕਿ ਮਨੁੱਖੀ ਵਰਤੋਂ ਲਈ ਭਾਵ ਪੀਣ ਵਾਲਾ ਤੇ ਰਸੋਈ ਦੀ ਵਰਤੋਂ ਵਾਲੇ ਪਾਣੀ ਦੀ ਮਾਤਰਾ ਪ੍ਰਤੀ ਦਿਨ ਸਿਰਫ਼ 26.8 ਲੀਟਰ ਹੈ, ਜਦੋਂ ਕਿ ਇਜ਼ਰਾਈਲ ਵਿੱਚ ਪ੍ਰਤੀ ਵਿਅਕਤੀ ਪਾਣੀ ਦੀ ਖ਼ਪਤ 230 ਲੀਟਰ ਪ੍ਰਤੀ ਦਿਨ ਹੈ।

### ਗਾਜ਼ਾ ਪੱਟੀ ਦਾ ਪਾਣੀ ਇਜ਼ਰਾਈਲ ਦੇ ਨਿਸ਼ਾਨੇ ਹੇਠ

ਫੌਜੀ ਹਮਲਿਆਂ ਅਤੇ ਊਰਜਾ ਸਰੋਤਾਂ ਦੀ ਘਾਟ ਕਾਰਨ ਬੇਕਾਰ ਹੋਏ ਪਾਣੀ ਸਪਲਾਈ ਕਰਨ ਵਾਲੇ ਢਾਂਚੇ ਕਰਕੇ ਗਾਜ਼ਾ ਦੀਆਂ ਪਾਣੀ ਦੀਆਂ ਸਮੱਸਿਆਵਾਂ ਨੂੰ ਹੋਰ ਵਧਾ ਦਿੱਤਾ। 2006 ਵਿੱਚ ਵੀ ਗਾਜ਼ਾ ਵਿੱਚ ਇਜ਼ਰਾਈਲ ਵੱਲੋਂ ਸੁੱਟੀਆਂ ਮਿਜ਼ਾਈਲਾਂ ਨੇ ਇਕੋ ਇੱਕ ਬਿਜਲੀ ਪੈਦਾ ਕਰਨ ਵਾਲੇ ਸਰੋਤ ਨੂੰ ਵੀ ਨਸ਼ਟ ਕਰ ਦਿੱਤਾ। ਜਦੋਂ ਅਗਲੇ ਸਾਲ 2007 ਵਿੱਚ ਇਜ਼ਰਾਈਲ ਨੇ ਗਾਜ਼ਾ ਪੱਟੀ ਦੀ ਨਾਕੇਬੰਦੀ ਕਰ ਦਿੱਤੀ ਤਾਂ ਗਾਜ਼ਾ ਪੱਟੀ ਦਾ ਬੁਨਿਆਦੀ ਢਾਂਚਾ ਖ਼ਤਰਨਾਕ ਹਾਲਤ ਵਿੱਚ ਪਹੁੰਚ ਗਿਆ ਸੀ। 2007 ਵਿੱਚ ਇੱਕ ਸੀਵਰੇਜ ਦੇ ਹਿੱਸੇ ਦੇ ਢਹਿਣ ਨਾਲ ਪੰਜ ਫਲਸਤੀਨੀਆਂ ਦੀ ਡੁੱਬ ਕੇ ਮੌਤ ਹੋ ਗਈ। ਇਵੇਂ ਹੀ ਸਾਲ 2008-09, 2012, 2014, 2021 ਅਤੇ ਅਗਸਤ 2022 ਵਿੱਚ ਇਜ਼ਰਾਈਲ ਵੱਲੋਂ ਲਗਾਤਾਰ ਕੀਤੇ ਫੌਜੀ ਹਮਲਿਆਂ ਕਾਰਨ, ਗਾਜ਼ਾ ਪੱਟੀ ਦੇ ਅੰਦਰਲਾ ਬੁਨਿਆਦੀ ਢਾਂਚਾ ਤਬਾਹ ਕਰ ਦਿੱਤਾ, ਜਿਸ 'ਚ ਬਿਜਲੀ, ਊਰਜਾ ਦੇ ਹੋਰ ਸਰੋਤਾਂ (ਜਿਨ੍ਹਾਂ 'ਚ ਤੇਲ ਤੇ ਹੋਰ), ਪਾਣੀ, ਸੜਕਾਂ, ਆਵਾਜਾਈ ਆਦਿ ਆਉਂਦੇ ਹਨ। 2008-09 ਵਿੱਚ ਇਜ਼ਰਾਈਲ ਨੇ ਅਪਰੇਸ਼ਨ 'ਕਾਸਟਲੀਡ' ਦਰਮਿਆਨ ਪਾਣੀ ਦੇ ਚਾਰ ਵੱਡੇ ਖੂਹਾਂ ਅਤੇ ਪਾਣੀ ਦੇ ਸਟੋਰੇਜ ਲਈ ਬਣੇ ਤਲਾਬਾਂ ਨੂੰ ਤਬਾਹ ਕਰ ਦਿੱਤਾ ਸੀ, ਨਾਲ ਹੀ ਉਹ ਪੰਪਿੰਗ ਸਟੇਸ਼ਨ, ਜੋ ਸਪਲਾਈ ਕਰਨ ਦਾ ਸਾਧਨ ਸੀ, ਇੱਕ ਸੀਵਰੇਜ ਨੂੰ ਕੰਟਰੋਲ ਕਰਨ ਵਾਲਾ ਪਲਾਂਟ ਤੇ 19920 ਮੀਟਰ ਪਾਣੀ ਦੀ ਪਾਈਪ ਲਾਈਨ, 2445 ਮੀਟਰ ਸੀਵਰੇਜ ਦੀ ਪਾਈਪ ਲਾਈਨ ਅਤੇ ਬੇਕਾਰ ਪਾਣੀ ਦੀ ਵਰਤੋਂ ਲਈ ਜ਼ਰੂਰੀ ਬਿਜਲੀ ਨੈੱਟਵਰਕ ਦੇ ਹਿੱਸੇ ਵੀ ਬਰਬਾਦ ਹੋ ਗਏ।

ਮਈ 2021 ਵਿੱਚ 11 ਦਿਨ ਦੌਰਾਨ ਹਵਾਈ ਹਮਲਿਆਂ ਨਾਲ 13 ਪਾਣੀ ਦੇ ਖੂਹ ਭਾਵ ਸਟੋਰ ਤਿੰਨ ਪਾਣੀ ਸਾਫ਼ ਕਰਨ ਵਾਲੇ ਪਲਾਂਟਾਂ ਦੀ ਮਸ਼ੀਨਰੀ ਅਤੇ 250000 ਮੀਟਰ ਪਾਣੀ ਦੀਆਂ ਪਾਈਪਾਂ ਤਬਾਹ ਹੋਈਆਂ। ਇਸ ਵਿੱਚ ਉਹ ਪਾਈਪ ਲਾਈਨ ਵੀ ਸ਼ਾਮਲ ਸੀ, ਜੋ ਇਜ਼ਰਾਈਲੀ ਕੰਪਨੀ ਮੇਕੋਰੇਟ ਦੀ ਮਾਲਕੀ ਵਾਲੀ ਸੀ, ਜੋ ਫਲਸਤੀਨੀਆਂ ਨੂੰ ਮੁੱਲ ਦਾ ਪਾਣੀ ਸਪਲਾਈ ਕਰਦੀ ਸੀ। ਇਵੇਂ ਹੀ ਅਗਸਤ 2022 ਵਿੱਚ ਵੀ ਜਿਹੜੇ ਹਮਲੇ ਇਜ਼ਰਾਈਲ ਨੇ ਕੀਤੇ, ਦਰਮਿਆਨ ਪਾਣੀ ਦੀ ਸਪਲਾਈ ਵੀ ਨੁਕਸਾਨੀ ਗਈ। ਭਾਵ ਇਜ਼ਰਾਈਲ ਨੇ ਗਾਜ਼ਾ ਪੱਟੀ ਅੰਦਰ ਫਲਸਤੀਨੀਆਂ ਨੂੰ ਮੁਹੱਈਆ ਹੋਣ ਵਾਲੇ ਪੀਣ ਵਾਲੇ ਤੇ ਵਰਤੋਂ ਵਾਲੇ ਪਾਣੀ ਨੂੰ ਨਿਸ਼ਾਨਾ ਬਣਾਇਆ। ਉੱਧਰ ਤੇਲ ਤੇ ਊਰਜਾ ਦੀ ਕਮੀ ਕਰਕੇ ਅਸਥਾਈ ਰੂਪ ਵਿੱਚ ਪਾਣੀ ਦੇ ਉਤਪਾਦਨ ਅਤੇ ਸਪਲਾਈ ਵਿੱਚ 50 ਫ਼ੀਸਦੀ ਤੋਂ ਕਮੀ ਆਈ।

ਹਰ ਇੱਕ ਫ਼ੌਜੀ ਹਮਲੇ ਪਿੱਛੋਂ ਇਜ਼ਰਾਈਲ ਦੀ ਨਾਕੇਬੰਦੀ ਨੇ ਮੁੜ ਨਿਰਮਾਣ ਪ੍ਰਕ੍ਰਿਆ ਵਿੱਚ ਮਹੀਨਿਆਂ ਨਹੀਂ, ਸਾਲਾਂ ਦੀ ਦੇਰੀ ਕਰਨ ਵਿੱਚ ਲੱਤ ਅੜਾਈ ਹੈ, ਜਿਸ ਨਾਲ ਗਾਜ਼ਾ ਨਿਵਾਸੀਆਂ ਨੂੰ ਪੀਣ ਵਾਲੇ ਪਾਣੀ ਦੀ ਘਾਟ ਅਤੇ ਸੜਕਾਂ ਉਤੇ ਵਹਿਣ ਵਾਲੇ ਸੀਵਰੇਜ ਵਰਗੀਆਂ ਬਦਤਰ ਹਾਲਤਾਂ ਵਿੱਚ ਜਿਊਣਾ ਪੈ ਰਿਹਾ ਹੈ।

**(● ਬਾਕੀ ਸਫ਼ਾ 9 'ਤੇ)**

# ਨਰੇਗਾ ਨੂੰ ਪਾਰਦਰਸ਼ੀ ਢੰਗ ਲਾਗੂ ਕਰਵਾਉਣ ਲਈ ਨਰੇਗਾ ਮਜ਼ਦੂਰਾਂ ਵੱਲੋਂ ਭੁੱਖ ਹੜਤਾਲ ਸ਼ੁਰੂ



**ਮੋਗਾ (ਅਮਰਜੀਤ ਬੱਬਰੀ)**-ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ (ਏਟਕ) ਦੇ ਸੱਦੇ 'ਤੇ ਮੋਗਾ ਜ਼ਿਲ੍ਹੇ ਦੇ ਨਰੇਗਾ ਕਾਮਿਆਂ ਵੱਲੋਂ ਭੁੱਖ ਹੜਤਾਲ ਸ਼ੁਰੂ ਕੀਤੀ ਗਈ। ਇਸ ਮੌਕੇ ਯੂਨੀਅਨ ਦੇ ਸੂਬਾ ਜਨਰਲ ਸਕੱਤਰ ਜਗਸੀਰ ਸਿੰਘ ਖੋਸਾ ਅਤੇ ਜ਼ਿਲ੍ਹਾ ਸਲਾਹਕਾਰ ਕਾਮਰੇਡ ਕੁਲਦੀਪ ਸਿੰਘ ਭੋਲਾ ਨੇ ਕਿਹਾ ਕਿ ਪੰਜਾਬ ਵਿੱਚ ਨਰੇਗਾ ਦਿਹਾੜੀ ਰੇਟ 431 ਰੁਪਏ ਬਣਦਾ ਹੈ, ਸਾਨੂੰ 303 ਦਿੱਤਾ ਜਾ ਰਿਹਾ ਹੈ, ਪੰਜਾਬ ਸਰਕਾਰ ਕੇਂਦਰ ਸਰਕਾਰ ਨੂੰ 431 ਰੁਪਏ ਦੀ ਸਿਫਾਰਸ਼ ਕਰੇ। ਮਹਿੰਗਾਈ ਨੂੰ ਮੁੱਖ ਰੱਖਦਿਆਂ ਇਸ ਨੂੰ ਵਧਾ ਕੇ 1000 ਰੁਪਏ ਕੀਤਾ ਜਾਵੇ ਅਤੇ 100 ਦਿਨ ਕੰਮ ਦੀ ਗਾਰੰਟੀ ਵਧਾ ਕੇ 200 ਦਿਨ ਕੀਤਾ ਜਾਵੇ।ਨਰੇਗਾ ਬਣਨ ਸਮੇਂ ਮਜ਼ਦੂਰਾਂ ਦੇ ਕੰਮ ਦਾ ਸਮਾਂ ਸੀ ਜੋ ਬਾਅਦ ਵਿੱਚ 9 ਘੰਟੇ ਕਰ ਦਿੱਤਾ ਹੈ। ਅਸੀਂ ਮੰਗ ਕਰਦੇ ਹਾਂ ਕਿ ਇਸ ਨੂੰ 6 ਘੰਟੇ ਬਹਾਲ ਕੀਤਾ ਜਾਵੇ। ਨਰੇਗਾ ਫੰਡ ਰਾਸ਼ੀ ਦੀ ਵੰਡ ਅਨੁਪਾਤ (40:60) ਦੀ ਦੁਰਵਰਤੋਂ ਰੋਕੀ ਜਾਵੇ। ਕਾਮਿਆਂ ਨੂੰ ਕੋਈ ਕਹੀ ਬੱਠਲ ਨਹੀਂ ਦਿੱਤਾ ਜਾਂਦਾ, ਉਹ ਦਿੱਤਾ ਜਾਵੇ।ਇਸ ਅਨੁਪਾਤ ਨੂੰ ਹੁਣ ਸੋਧਿਆ ਜਾਵੇ।ਗਰਾਮ ਸੇਵਕ ਅਤੇ ਮੇਟ ਨਿਯਮਾਂ ਮੁਤਾਬਿਕ ਭਰਤੀ ਕੀਤੇ ਜਾਣ ਉਨ੍ਹਾਂ ਦੇ ਕੰਮ ਅਤੇ ਜ਼ਿੰਮੇਵਾਰੀ ਦੇ ਬੋਰਡ ਲਿਖ ਕੇ ਲਾਏ ਜਾਣ । ਹਰ ਕਾਮੇ ਦੇ ਜਾਬ ਕਾਰਡ 'ਤੇ ਹਾਜ਼ਰੀ ਲਗਾਉਣੀ ਯਕੀਨੀ ਬਣਾਈ ਜਾਵੇ। ਕੰਮ 'ਤੇ ਹਾਜ਼ਰ ਵਿਅਕਤੀ ਦੀ ਹਾਜ਼ਰੀ ਕਾਰਡ ਉੱਤੇ ਨਾ ਲਾਉਣਾ, ਆਰਥਿਕ ਅਪਰਾਧ ਮੰਨ ਕੇ ਅਮਲ ਹੋਵੇ।ਮਸਟਰੋਲ 'ਤੇ ਹਾਜ਼ਰੀ ਰੋਜ਼ਾਨਾ ਕੰਮ ਸਥਾਨ 'ਤੇ ਹੀ ਲੱਗੇ ਅਤੇ ਕਾਮੇ ਨੂੰ ਕਹਿਣ 'ਤੇ ਦਿਖਾਈ ਜਾਵੇ। ਆਨਲਾਈਨ ਹਾਜ਼ਰੀ ਦੀ ਰਿਪੋਰਟ 12 ਵਜੇ ਤੱਕ ਜ਼ਿਲ੍ਹਾ ਦਫ਼ਤਰ ਜ਼ਰੂਰ ਪੁੱਜੇ, ਇਸ ਦੀ ਜਾਣਕਾਰੀ ਯੂਨੀਅਨ ਦੇ ਆਗੂਆਂ ਨੂੰ ਮੰਗਣ 'ਤੇ ਦਿੱਤੀ ਜਾਵੇ।ਇਸ ਨਾਲ ਪਾਰਦਰਸ਼ਤਾ ਵਧੇਗੀ ਤੇ ਕੁਰੱਪਸ਼ਨ ਘਟੇਗੀ। ਜਾਬ ਕਾਰਡ ਉੱਪਰ ਉਹ ਸਾਰਾ ਕੁਝ ਦਰਜ ਹੋਵੇ ਜੋ ਹਦਾਇਤ ਹੈ। ਇਸ ਲਈ ਗਰਾਮ ਸੇਵਕ ਜ਼ਿੰਮੇਵਾਰ ਹੋਵੇ, ਜੇਕਰ ਕਾਮੇ ਦੀ ਅਦਾਇਗੀ ਵਿੱਚ ਦੇਰੀ ਹੋਏ ਤਾਂ ਜ਼ਿੰਮੇਵਾਰ 'ਤੇ ਐਕਸ਼ਨ ਲਿਆ ਜਾਵੇ । ਕਾਨੂੰਨ ਅਨੁਸਾਰ ਹਰਜਾਨੇ ਸਮੇਤ ਅਦਾਇਗੀ ਹੋਵੇ।ਸਮੇਂ ਅਨੁਸਾਰ ਕੰਮ ਜਾਂ ਹਿੱਸੇ ਆਏ ਕੰਮ ਦਾ ਐਲਾਨ ਪਹਿਲਾਂ ਹੋਵੇ, ਦੋਵੇਂ ਨਿਯਮ ਇਕੱਠੇ ਨਾ ਲਾਗੂ ਕੀਤੇ ਜਾਣ।100 ਦਿਨ ਦਾ ਕੰਮ, ਗਾਰੰਟੀ ਹੱਕ ਹੈ। ਕਾਮੇ ਨੂੰ ਬੇਰੁਜ਼ਗਾਰੀ ਭੱਤਾ ਦਿੱਤਾ ਜਾਵੇ। ਜਿਨਾਂ ਕਾਮਿਆਂ ਦੀ ਅਦਾਇਗੀ ਰੁਕੀ ਹੋਈ ਹੈ, ਤਰੁੰਤ ਜਾਰੀ ਹੋਵੇ। ਇਸ ਕਿਰਤੀ ਪੱਖੀ ਕਾਨੂੰਨ ਦੀ ਪਾਰਦਰਸ਼ਤਾ ਨੂੰ ਬਹਾਲ ਰੱਖਿਆ ਜਾਵੇ। ਅੱਜ ਭੁੱਖ ਹੜਤਾਲ ਦੇ ਜੱਥੇ ਵਿੱਚ ਬਿੰਦਰ ਕੌਰ ਗਲੋਟੀ, ਕੁਲਦੀਪ ਕੌਰ, ਬਿੰਦਰ ਕੌਰ, ਅੰਗਰੇਜ਼ ਕੌਰ, ਸੁਖਦੇਵ ਕੌਰ ਦੌਲਤਪੁਰਾ ਉੱਚਾ, ਅਮਨਦੀਪ ਕੌਰ, ਰਵਿੰਦਰ ਕੌਰ, ਸੋਨੀਆ ਮਹੇਸ਼ਰੀ, ਕਰਮਵੀਰ ਕੌਰ ਬੱਧਨੀ, ਕੁਲਦੀਪ ਕੌਰ, ਪੂਜਾ ਕੌਰ ਖੋਸਾ ਪਾਂਡੋ ਪਰਮਜੀਤ ਕੌਰ ਮਨਾਵਾਂ ਸ਼ਾਮਲ ਸਨ।

## ਡਾ. ਸੁਰਜੀਤ ਸਿੰਘ ਭਦੌੜ ਮਿਲਕ ਪਲਾਂਟ ਦੇ ਜਨਰਲ ਮੈਨੇਜਰ ਨਿਯੁਕਤ

**ਲੁਧਿਆਣਾ (ਰਾਜ ਸਿੰਗਲਾ)**-ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਵੈਟਰਨਰੀ ਕਾਲਜ ਦੇ ਪੁਰਾਣੇ ਵਿਦਿਆਰਥੀ ਡਾ ਸੁਰਜੀਤ ਸਿੰਘ ਭਦੌੜ ਨੂੰ ਵੇਰਕਾ ਮਿਲਕ ਪਲਾਂਟ ਲੁਧਿਆਣਾ ਦਾ ਜਨਰਲ ਮੈਨੇਜਰ ਨਿਯੁਕਤ ਕੀਤਾ ਗਿਆ ਹੈ। ਡਾ. ਭਦੌੜ ਕੋਲ ਸਹਿਕਾਰਤਾ ਵਿਭਾਗ ਦੇ ਤਹਿਤ ਚੱਲ ਰਹੇ ਵੇਰਕਾ ਮਿਲਕ ਪਲਾਂਟਾਂ ਵਿੱਚ ਉੱਚ ਅਹੁਦਿਆਂ 'ਤੇ ਕੰਮ ਕਰਨ ਦਾ ਵੀਹ ਸਾਲ ਤੋਂ ਵੱਧ ਸਮੇਂ ਦਾ ਤਜਰਬਾ ਹੈ।ਉਹ ਵੇਰਕਾ ਮਿਲਕ ਪਲਾਂਟ ਲੁਧਿਆਣਾ ਵਿਖੇ ਡਿਪਟੀ ਮੈਨੇਜਰ ਵਜੋਂ ਭਰਤੀ ਹੋਣ ਤੋਂ ਬਾਅਦ ਖੰਨਾ, ਮੋਹਾਲੀ ਤੇ ਫ਼ਰੀਦਕੋਟ ਸਮੇਤ ਕਈ ਜ਼ਿਲ੍ਹਿਆਂ ਵਿੱਚ ਆਪਣੀਆਂ ਸੇਵਾਵਾਂ ਦੇ ਚੁੱਕੇ ਹਨ।ਵੈਟਰਨਰੀ ਸਾਇੰਸ 'ਚ ਗ੍ਰੈਜੂਏਸ਼ਨ ਤੋਂ ਇਲਾਵਾ ਡਾ. ਭਦੌੜ ਐਮ ਬੀ ਏ ਅਤੇ ਜਰਨਲਿਜ਼ਮ ਵਿੱਚ ਪੋਸਟ ਗ੍ਰੈਜੂਏਟ ਡਿਗਰੀ ਧਾਰਕ ਹਨ।

ਉਹ ਹੁਣ ਵੀ ਪੰਜਾਬੀ ਸਾਹਿਤਕ ਤੇ ਸੱਭਿਆਚਾਰਕ ਖੇਤਰ ਨਾਲ ਲਗਾਤਾਰ ਜੁੜੇ ਹੋਏ ਹਨ।ਸਹਿਕਾਰਤਾ ਵਿਭਾਗ ਦੇ ਆਪਣੇ ਤਜਰਬੇ ਦੇ ਅਧਾਰਤ ਉਨ੍ਹਾਂ ਦੀ ਇੱਕ ਮੌਲਿਕ ਪੁਸਤਕ 'ਘਾਲ ਖਾਏ ਕਿਛੁ ਹਥਹੁ ਦੇਇ' ਵੀ ਪ੍ਰਕਾਸ਼ਿਤ ਹੋ ਚੁੱਕੀ ਹੈ। ਉਨ੍ਹਾਂ ਇੱਕ ਸਾਂਝੇ ਕਾਵਿ ਸੰਗ੍ਰਹਿ 'ਸੱਜਰੇ ਸੁਫ਼ਨੇ' ਦਾ ਵੀ ਸੰਪਾਦਨ ਕੀਤਾ ਹੈ।ਉਨ੍ਹਾਂ ਅੱਜ ਮਿਲਕ ਪਲਾਂਟ ਲੁਧਿਆਣਾ ਵਿਖੇ ਅਹੁਦਾ ਸੰਭਾਲਣ ਉਪਰੰਤ ਕਿਹਾ ਕਿ ਲੁਧਿਆਣਾ ਮਿਲਕ ਪਲਾਂਟ ਨਾਲ ਸੰਬੰਧਤ ਖੇਤਰ ਵਿੱਚ ਡੇਅਰੀ ਕਿਸਾਨਾਂ ਦੇ ਸਰਬਪੱਖੀ ਵਿਕਾਸ ਦੇ ਨਾਲ ਉਪਭੋਗਤਾਵਾਂ ਨੂੰ ਉਚ ਗੁਣਵੱਤਾ ਦੇ ਦੁੱਧ ਪਦਾਰਥ ਉਪਲਬਧ ਕਰਾਉਣਾ ਪ੍ਰਮੁੱਖਤਾ ਰਹੇਗੀ।

# ਖੁਰਾਕ ਸਪਲਾਈ ਵਿਭਾਗ ਵੱਲੋਂ 700 ਵਾਲੀ ਤਰਪਾਲ 8050 ਦੀ ਖਰੀਦ ਕੇ ਸਰਕਾਰ ਨੂੰ ਲਾਇਆ ਚੂਨਾ

**ਪੰਜਾਬ ਸਰਕਾਰ ਨੇ ਇਸ ਵੱਡੇ ਘੁਟਾਲੇ ਦੇ ਜਾਂਚ ਦੇ ਜਾਰੀ ਕੀਤੇ ਹੁਕਮ**

**ਸੰਗਰੂਰ (ਪ੍ਰਵੀਨ ਸਿੰਘ)**-ਅਕਸਰ ਲੋਕਾਂ ਨੂੰ ਸਰਕਾਰੀ ਕੰਮ ਕਰਵਾਉਣ ਵੇਲੇ ਇਹ ਕਹਿੰਦੇ ਸੁਣਿਆ ਹੈ ਕਿ ਦਫ਼ਤਰਾਂ ਵਿੱਚ ਤਾਂ ਕੰਮ ਰੱਬ ਹੀ ਕਰਦਾ ਹੈ, ਅਧਿਕਾਰੀ ਤੇ ਕਰਮਚਾਰੀ ਤਾਂ ਸਿਰਫ਼ ਲਾਰੇ ਲਗਾਉਂਦੇ ਹਨ। ਪੰਜਾਬ ਵਿੱਚ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਦੇ ਅਗਵਾਈ ਹੇਠ ਚੱਲ ਰਹੀ ਸਰਕਾਰ ਜਿਸ ਸਮੇਂ ਵੀ ਦਫ਼ਤਰੀ ਕੰਮਕਾਜ ਦੇ ਸਿਸਟਮ ਵਿੱਚ ਨਾ ਭ੍ਰਿਸ਼ਟਾਚਾਰੀ ਨੂੰ ਨੱਥ ਪਈ ਤੇ ਨਾ ਹੀ ਆਮ ਲੋਕਾਂ ਦੇ ਕੰਮ ਹੱਥੋ ਹੱਥੀਂ ਹੋਣ ਲੱਗੇ। ਪੰਜਾਬ ਅੰਦਰ ਖੁਰਾਕ ਤੇ ਸਪਲਾਈ ਵਿਭਾਗ ਵੱਲੋਂ ਅਨਾਜ ਦੀ ਸਾਂਭ ਸੰਭਾਲ ਲਈ ਖਰੀਦੀਆਂ ਗਈਆਂ ਤਰਪਾਲਾਂ ਦੀ ਖਰੀਦਣ ਲਈ ਟੈਂਡਰ ਅਲਾਟ ਕਰਨ ਦੀ ਕਿਰਿਆ ਜਿੰਨੀ ਫੁਰਤੀ ਨਾਲ ਨੇਪਰੇ ਚੜ੍ਹੀ ਉਨੀ ਹੀ ਤੇਜ਼ੀ ਨਾਲ ਕੋਈ ਵੀ ਦਫ਼ਤਰੀ ਕੰਮ ਨਹੀਂ ਹੁੰਦਾ। ਤਾਜ਼ਾ ਮਾਮਲਾ ਖੁਰਾਕ ਤੇ ਸਪਲਾਈ ਵਿਭਾਗ ਵੱਲੋਂ ਅਨਾਜ ਨੂੰ ਢਕਣ ਲਈ ਖਰੀਦੀਆਂ ਗਈਆਂ 65 ਹਜ਼ਾਰ ਤਰਪਾਲਾਂ ਦੀ ਖਰੀਦ ਲਈ ਟੈਂਡਰ ਜਾਰੀ ਕਰਨ ਤੋਂ ਲੈ ਕੇ ਕੰਮਾਂ ਦੇ ਅਲਾਟਮੈਂਟ ਤੱਕ ਜਿਸ ਤਰ੍ਹਾ ਹੱਥੋ ਹੱਥੀਂ ਕੰਮ ਨੇਪਰੇ ਚਾੜ੍ਹਿਆ ਗਿਆ, ਉਹ ਕਈ ਸਵਾਲ ਖੜ੍ਹੇ ਕਰਦਾ ਹੈ। ਵਿਭਾਗ ਦੇ ਡਾਇਰੈਕਟਰ ਪੁਨੀਤ ਗੋਇਲ ਵੱਲੋਂ ਕਿਸੇ ਦੂਸਰੇ ਸੂਬੇ ਵਿੱਚ ਚੋਣ ਡਿਊਟੀ 'ਤੇ ਜਾਣ ਸਮੇਂ ਤਰਪਾਲਾਂ ਖਰੀਦਣ ਅਤੇ ਇਨ੍ਹਾਂ ਟੈਂਡਰਾਂ ਦੀ ਅਲਾਟਮੈਂਟ ਤੇ ਸਰਕਾਰੀ ਖਜ਼ਾਨੇ ਦੀ ਲੁੱਟ ਕਰਨ ਹਿੱਤ ਜਿੰਨੀ ਫੁਰਤੀ ਦਿਖਾਈ ਗਈ, ਕਿਸੇ ਵੀ ਹੋਰ ਕੰਮ ਵਿੱਚ ਅਜਿਹਾ ਨਹੀਂ ਹੁੰਦਾ। ਪੰਜਾਬ ਦੇ ਮੁੱਖ ਮੰਤਰੀ ਦਫ਼ਤਰ ਨੂੰ ਮਿਲੀ ਸ਼ਿਕਾਇਤ ਵਿੱਚ ਇਹ ਗੱਲ ਦਰਸਾਈ ਗਈ ਕਿ ਤਰਪਾਲਾਂ ਦੀ ਖਰੀਦ ਕੀਮਤ ਜਿਹੜੀ ਸਭ ਤੋਂ ਘੱਟ ਦਿਖਾਈ ਗਈ ਉਹ ਹੁਣ 8050 ਰੁਪਏ ਹੈ ਅਤੇ ਇਸ ਰੇਟ 'ਤੇ ਬੋਲੀ ਕਾਰਨ 13 ਹਜ਼ਾਰ ਤਰਪਾਲਾਂ ਦੀ ਸਪਲਾਈ ਦੇਣੀ ਸੀ। ਇਸ ਸਬੰਧੀ ਖੁਰਾਕ ਤੇ ਸਪਲਾਈ ਵਿਭਾਗ ਤੇ ਮੈਨੇਜਿੰਗ ਡਾਇਰੈਕਟਰ ਨੇ 30 ਅਕਤੂਬਰ ਨੂੰ ਵਿਕਰੇਤਾਵਾਂ ਨੂੰ ਮੀਟਿੰਗ ਲਈ ਬੁਲਾਇਆ ਤੇ ਰੇਟ ਘਟਾਉਣ ਦੀ ਗੱਲਬਾਤ ਸ਼ੁਰੂ ਕੀਤੀ। ਅੰਤਿਮ ਕੀਮਤ 8050 ਰੁਪਏ ਪ੍ਰਤੀ ਤਰਪਾਲ ਤੈਅ ਹੋ ਗਈ।ਪਿਛਲੇ ਵਰ੍ਹੇ ਇੱਕ ਤਰਪਾਲ ਦੀ ਖਰੀਦ ਕੀਮਤ ਸਿਰਫ਼ 700 ਰੁਪਏ ਸੀ ਅਤੇ ਉਸ ਉਪਰੰਤ ਤਰਪਾਲਾਂ ਦੇ ਕੱਚੇ ਮੈਟੀਰੀਅਲ ਦੀ ਕੀਮਤ ਵਿੱਚ 40 ਫੀਸਦੀ ਤੋਂ ਵੱਧ ਦੀ ਗਿਰਾਵਟ ਹੋਈ ਹੈ। ਜਿਸ ਕਾਰਨ ਤਰਪਾਲ ਦੀ ਕੀਮਤ ਹੋਰ ਘੱਟ ਹੋਣੀ ਬਣਦੀ ਸੀ ਪਰ ਸਰਕਾਰੀ ਖਜ਼ਾਨੇ ਦੀ ਲੁੱਟ ਕਰਨ ਹਿੱਤ ਤਰਪਾਲ ਦੀ ਕੀਮਤ 8050 ਰੁਪਏ ਤੈਅ ਕਰਕੇ ਤਰਪਾਲਾਂ ਖਰੀਦਣ ਦਾ ਟੈਂਡਰ ਪਾਸ ਕਰ ਦਿੱਤਾ ਗਿਆ। ਇਸ ਵੱਡੇ ਘਪਲੇ ਵਿੱਚ ਵਿਭਾਗ ਦੇ ਉੱਚ ਅਧਿਕਾਰੀਆਂ ਤੋਂ ਲੈ ਕੇ ਕੌਣ ਕੌਣ ਸ਼ਾਮਲ ਸਨ ਇਸ ਮਾਮਲੇ ਦੀ ਉੱਚ ਪੱਧਰੀ ਜਾਂਚ ਕਰਨ ਦੇ ਹੁੱਕਮ ਹੁਣ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਜਾਰੀ ਕਰ ਦਿੱਤੇ ਗਏ ਹਨ। ਸ਼੍ਰੋਮਣੀ ਅਕਾਲੀ ਦਲ (ਬ) ਦੇ ਸੀਨੀਅਰ ਆਗੂ ਵਿਨਰਜੀਤ ਸਿੰਘ ਗੋਲਡੀ ਦਾ ਕਹਿਣਾ ਹੈ ਕਿ ਦੂਸਰੀਆਂ ਸਰਕਾਰਾਂ ਤੇ ਭ੍ਰਿਸ਼ਟਾਚਾਰੀ ਦੇ ਦੋਸ਼ ਮੜ੍ਹਨੇ ਬੜੇ ਆਸਾਨ ਹਨ ਤੇ ਹੁਣ ਆਪਣੀ ਸਰਕਾਰ ਦਾ ਇਹ ਘਪਲਾ ਜਿਹੜਾ ਸਾਹਮਣੇ ਆਇਆ ਹੈ ਇਸ ਬਾਰੇ ਸਰਕਾਰ ਕੀ ਕਹੇਗੀ। ਕਾਂਗਰਸੀ ਆਗੂ ਹਰਪਾਲ ਸਿੰਘ ਸੋਨੂੰ ਨੇ ਕਿਹਾ ਕਿ ਤਰਪਾਲਾਂ ਖਰੀਦਣ ਦੇ ਟੈਂਡਰ ਮਾਮਲੇ ਵਿੱਚ ਹੋਏ ਘਪਲੇ ਦੀ ਹੋਵੇ ਜਾਂਚ। ਸ਼੍ਰੋਮਣੀ ਅਕਾਲੀ ਦਲ (ਅ) ਦੇ ਆਗੂ ਜਥੇ. ਗੁਰਨੈਬ ਸਿੰਘ ਰਾਮਪੁਰਾ ਦਾ ਕਹਿਣਾ ਹੈ ਕਿ ਡੀਂਗਾਂ ਭਾਵੇਂ ਸਰਕਾਰ ਕੁਝ ਵੀ ਮਾਰੀ ਜਾਵੇ ਪਰ ਦਫ਼ਤਰੀ ਕੰਮਾਂਕਾਰਾਂ ਵਿੱਚ ਭ੍ਰਿਸ਼ਟਾਚਾਰ ਨੂੰ ਨੱਥ ਪਾਉਣ ਵਿੱਚ ਪੰਜਾਬ ਸਰਕਾਰ ਪੂਰੀ ਤਰ੍ਹਾਂ ਫੇਲ੍ਹ ਹੋਈ ਹੈ।

## ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਵੱਲੋਂ 19 ਨੂੰ ਐੱਸ ਡੀ ਐੱਮ ਦਫ਼ਤਰ ਅੱਗੇ ਲਗਾਇਆ ਜਾਵੇਗਾ ਰੋਸ ਧਰਨਾ



**ਨਾਭਾ (ਵਰਿੰਦਰ ਵਰਮਾ)**- ਪਿਛਲੇ ਲੰਮੇ ਸਮੇਂ ਤੋਂ ਨਾਭੇ ਦੇ ਵੱਖ ਵੱਖ ਪਿੰਡਾਂ ਦੇ ਲਟਕ ਰਹੇ ਮਸਲਿਆਂ ਦਾ ਹੱਲ ਕਰਾਉਣ ਲਈ ਸਬੰਧੀ ਮਜ਼ਦੂਰ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੀ ਅਗਵਾਈ 'ਚ 19 ਦਸੰਬਰ ਨੂੰ ਰੋਸ ਧਰਨਾ ਲਗਾਇਆ ਜਾਵੇਗਾ।ਪ੍ਰੈਸ ਨੂੰ ਬਿਆਨ ਦਿੰਦੇ ਹੋਏ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਜ਼ੋਨਲ ਮੀਤ ਪ੍ਰਧਾਨ ਗੁਰਵਿੰਦਰ ਬੌੜਾ ਅਤੇ ਆਗੂ ਧਰਮਵੀਰ ਹਰੀਗੜ੍ਹ ਨੇ ਕਿਹਾ ਜਦੋਂ ਮਜ਼ਦੂਰਾਂ ਵੱਲੋਂ ਡੀ ਸੀ ਦਫ਼ਤਰ ਅੱਗੇ ਪੱਕਾ ਮੋਰਚਾ ਲਗਾਇਆ ਗਿਆ ਸੀ ਤਾਂ ਡੀ ਸੀ ਪਟਿਆਲਾ ਵੱਲੋਂ ਮਜ਼ਦੂਰਾਂ ਦੇ ਸਾਰੇ ਮਸਲੇ ਹੱਲ ਕਰਵਾਉਣ ਦਾ ਭਰੋਸਾ ਦਿੰਦੇ ਹੋਏ ਨਾਭਾ ਇਲਾਕੇ ਦੇ ਮਾਮਲੇ ਹੱਲ ਕਰਾਉਣ ਦੀ ਜ਼ਿੰਮੇਵਾਰੀ ਮੀਟਿੰਗ ਵਿੱਚ ਮੌਜੂਦ ਐਸ.ਡੀ.ਐਮ ਨਾਭਾ ਦਮਨਦੀਪ ਕੌਰ ਦੀ ਲਗਾਈ ਸੀ। ਉਨ੍ਹਾਂ ਦੀ ਬਦਲੀ ਹੋਣ ਤੋਂ ਬਾਅਦ ਮਜ਼ਦੂਰਾਂ ਦੇ ਮਸਲਿਆਂ 'ਤੇ ਸਬੰਧਤ ਅਧਿਕਾਰੀਆਂ ਵੱਲੋਂ ਕੋਈ ਅਗਲੀ ਕਾਰਵਾਈ ਨਹੀਂ ਕੀਤੀ ਗਈ। ਇਨ੍ਹਾਂ ਮਸਲਿਆਂ ਵਿੱਚ ਕੁਝ ਪਿੰਡ ਦੀ ਪੰਚਾਇਤੀ ਜ਼ਮੀਨ ਦੀ ਨਿਸ਼ਾਨਦੇਹੀ, ਕੁਝ ਪਿੰਡ ਦੇ ਪੰਜ ਪੰਜ ਮਰਲੇ ਪਲਾਟ ਦੇਣ, ਹੱਡਾਰੋੜੀ, ਪਹਿਲਾਂ ਮਿਲੇ ਪਲਾਂਟਾਂ ਦੀ ਨਿਸ਼ਾਨਦੇਹੀ ਅਤੇ ਲਾਲ ਲਕੀਰ ਅੰਦਰ ਆਉਂਦੇ ਮਕਾਨਾਂ ਦੀ ਰਜਿਸਟ੍ਰੀ ਵਰਗੇ ਹੋਰ ਕਈ ਮਸਲੇ ਸ਼ਾਮਲ ਹਨ। ਇਨ੍ਹਾਂ ਵਿਚੋਂ ਕੁਝ ਮਸਲੇ ਮੌਜੂਦਾ ਐਸ.ਡੀ.ਐਮ ਨਾਭਾ ਤਰਸੇਮ ਚੰਦ ਗਰਗ ਦੇ ਧਿਆਨ ਵਿੱਚ ਲਿਆਉਣ ਤੋਂ ਬਾਅਦ ਵੀ ਕੋਈ ਕਾਰਵਾਈ ਨਹੀਂ ਕੀਤੀ ਗਈ।ਇਸ ਲਈ ਅੱਜ ਸ਼ਾਹੀ ਸਮਾਧਾਂ 'ਤੇ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਵੱਲੋਂ ਇਲਾਕੇ ਦੇ ਇਕਾਈ ਮੈਂਬਰਾਂ ਦੀ ਮੀਟਿੰਗ ਕਰਕੇ ਐਲਾਨ ਕੀਤਾ ਕਿ ਮਜ਼ਦੂਰਾਂ ਦੇ ਮਸਲਿਆਂ ਦਾ ਹੱਲ ਕਰਾਉਣ ਲਈ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਵੱਲੋਂ ਸੰਘਰਸ਼ ਦਾ ਪਿੜ ਮੁੜ ਭਖਾਇਆ ਜਾਵੇਗਾ। ਜਿਸ ਦੀ ਸ਼ੁਰੂਆਤ 19 ਦਸੰਬਰ ਨੂੰ ਐਸ.ਡੀ.ਐਮ ਨਾਭਾ ਦੇ ਦਫ਼ਤਰ ਅੱਗੇ ਧਰਨੇ ਨਾਲ ਕੀਤੀ ਜਾਵੇਗੀ। ਇਸ ਮੌਕੇ ਹੋਰ ਆਗੂ ਨਿਰਮਲ ਸਿੰਘ, ਜਤਿੰਦਰ ਸਿੰਘ, ਲਖਵੀਰ ਸਿੰਘ, ਮਨਦੀਪ ਕੌਰ, ਸੰਦੀਪ ਕੌਰ, ਜਗਸੀਰ ਸਿੰਘ ਬਲਵੀਰ ਸਿੰਘ, ਨਾਥ ਸਿੰਘ, ਆਦਿ ਹਾਜ਼ਰ ਸਨ।

# ਸਬ ਤਹਿਸੀਲ 'ਚ ਨਾਇਬ ਤਹਿਸੀਲਦਾਰ ਨਾ ਆਉਣ ਕਾਰਨ ਲੋਕ ਪ੍ਰੇਸ਼ਾਨ



**ਬਰੇਟਾ (ਰੀਤਵਾਲ)** ਸੁੱਖ ਸਹੂਲਤਾਂ ਦੇਣ ਦੇ ਝੂਠੇ ਵਾਅਦੇ ਕਰਕੇ ਸੱਤਾ 'ਚ ਆਈ ਸੂਬੇ ਦੀ ਸਰਕਾਰ ਦੇ ਡੇਢ ਸਾਲ ਤੋਂ ਉਪਰ ਸਮਾਂ ਬੀਤ ਜਾਣ 'ਤੇ ਵੀ ਲੋਕਾਂ ਨੂੰ ਸੁੱਖ ਸਹੂਲਤਾਂ ਨਸੀਬ ਨਹੀ ਹੋਈਆਂ। ਬੜੀ ਹੈਰਾਨੀ ਦੀ ਗੱਲ ਹੈ ਕਿ ਪਿਛਲੇ ਕਰੀਬ ਦੋ ਮਹੀਨੇ ਤੋਂ ਉਪਰ ਸਮਾਂ ਬੀਤ ਜਾਣ ਤੇ ਬਰੇਟਾ ਦੇ ਸਬ ਤਹਿਸੀਲ ਦਫ਼ਤਰ 'ਚ ਨਾਇਬ ਤਹਿਸੀਲਦਾਰ ਦੀ ਖਾਲੀ ਪਈ ਕੁਰਸੀ ਉਪਰ ਕੋਈ ਤਾਇਨਾਤੀ ਨਾ ਕਰਨ 'ਤੇ ਲੋਕ ਆਪਣੇ ਕੰਮਾਂ-ਕਾਜਾਂ ਲਈ ਰੋਜ਼ਾਨਾ ਹੀ ਖੱਜਲ ਖੁਆਰ ਹੋ ਰਹੇ ਹਨ। ਇਸ ਪ੍ਰੇਸ਼ਾਨੀ ਨੂੰ ਲੈ ਕੇ ਤਹਿਸੀਲ ਦਫ਼ਤਰ ਦੇ ਵਿਹੜੇ 'ਚ ਇਲਾਕਾ ਤੇ ਮੰਡੀ ਵਾਸੀਆਂ ਵੱਲੋਂ ਸਰਕਾਰ ਖਿਲਾਫ਼ ਰੋਸ ਪ੍ਰਦਰਸ਼ਨ ਕਰਦੇ ਹੋਏ ਨਾਅਰੇਬਾਜ਼ੀ ਕੀਤੀ ਗਈ। ਰੋਸ ਕਰਦੇ ਲੋਕਾਂ ਨੇ ਆਖਿਆ ਕਿ ਸੈਂਕੜਿਆਂ ਦੀ ਗਿਣਤੀ 'ਚ ਛੋਟੇ-ਛੋਟੇ ਕੰਮਾਂ ਲਈ ਸਬ ਤਹਿਸੀਲ ਬਰੇਟਾ 'ਚ ਆਉਣ ਵਾਲੇ ਲੋਕਾਂ ਨੂੰ ਸਵੇਰ ਤੋਂ ਸ਼ਾਮ ਤੱਕ ਨਾਇਬ ਤਹਿਸੀਲਦਾਰ ਦੀ ਉਡੀਕ 'ਚ ਖੱਜਲ ਖੁਆਰ ਹੋਣ ਲਈ ਮਜਬੂਰ ਹੋਣਾ ਪੈ ਰਿਹਾ ਹੈ। ਉਨ੍ਹਾਂ ਸਰਕਾਰ ਨੂੰ ਚਿਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਜਲਦ ਇਸ ਸਮੱਸਿਆ ਤਾਂ ਹੱਲ ਨਾ ਕੀਤਾ ਗਿਆ ਤਾਂ ਆਉਣ ਵਾਲੇ ਦਿਨਾਂ 'ਚ ਸਰਕਾਰ ਖਿਲਾਫ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ। ਜਦ ਇਸ ਮਾਮਲੇ ਨੂੰ ਲੈ ਕੇ ਡੀ.ਸੀ.ਮਾਨਸਾ ਪਰਮਵੀਰ ਸਿੰਘ ਨਾਲ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਕਿਹਾ ਕਿ ਬਹੁਤ ਜਲਦ ਹੀ ਬਰੇਟਾ ਵਿਖੇ ਨਾਇਬ ਤਹਿਸੀਲਦਾਰ ਨੂੰ ਭੇਜਿਆ ਜਾ ਰਿਹਾ ਹੈ ।

## ਭਾਰਤੀ ਸਰਹੱਦ 'ਚ ਹੈਰੋਇਨ ਸੁੱਟ ਕੇ ਭੱਜਿਆ ਪਾਕਿਸਤਾਨੀ ਡਰੋਨ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਬੀਐੱਸਐੱਫ ਦੀ 160 ਬਟਾਲੀਅਨ ਦੀ ਐੱਨਐੱਸ ਵਾਲਾ (ਢਾਣੀ ਨੱਥਾ ਸਿੰਘ) ਚੌਂਕ ਪੋਸਟ ਨੇੜੇ ਹੈਰੋਇਨ ਦੇ ਤਿੰਨ ਪੈਕੇਟ ਸੁੱਟ ਕੇ ਪਾਕਿਸਤਾਨੀ ਡਰੋਨ ਵਾਪਸ ਮੁੜ ਗਿਆ। ਤਲਾਸ਼ੀ ਮੁਹਿੰਮ ਦੌਰਾਨ ਬੀਐੱਸਐੱਫ ਤੇ ਪੁਲਸ ਟੀਮ ਨੇ ਹੈਰੋਇਨ ਬਰਾਮਦ ਕੀਤੀ।ਬੀਐੱਸਐੱਫ ਦੇ ਇੱਕ ਅਧਿਕਾਰੀ ਅਨੁਸਾਰ ਬੀਐਸਐਫ ਦੀ 160 ਬਟਾਲੀਅਨ ਦੇ ਅਧੀਨ ਚੈਕ ਪੋਸਟ ਐਨਐਸ ਵਾਲਾ ਦੇ ਨੇੜੇ ਦੁਪਹਿਰ 3 ਵਜੇ ਤਲਾਸ਼ੀ ਮੁਹਿੰਮ ਦੌਰਾਨ, ਇੱਕ ਪਾਕਿਸਤਾਨੀ ਡਰੋਨ ਦੁਆਰਾ ਸੁੱਟਿਆ ਗਿਆ। ਇੱਕ ਪੈਕੇਟ ਭਾਰਤ ਵਾਲੇ ਪਾਸੇ ਕੰਡਿਆਲੀ ਤਾਰ ਤੋਂ ਕਿਲੋਮੀਟਰ ਪਿੱਛੇ ਇੱਕ ਖੇਤ ਵਿੱਚ ਮਿਲਿਆ। ਬਾਰਡਰ ਖੋਲ੍ਹ ਕੇ ਦੇਖਿਆ ਤਾਂ ਉਸ 'ਚੋਂ ਤਿੰਨ ਪੈਕਟ ਹੈਰੋਇਨ ਬਰਾਮਦ ਹੋਈ। ਜਿਸ ਦਾ ਕੁੱਲ ਵਜ਼ਨ 3 ਕਿਲੋ ਦੱਸਿਆ ਜਾ ਰਿਹਾ ਹੈ।ਬੀਐਸਐਫ ਨੇ ਰਾਤ ਵੇਲੇ ਪਾਕਿਸਤਾਨੀ ਡਰੋਨਾਂ ਦੀ ਹਰਕਤ ਵੇਖੀ ਸੀ, ਜਿਸ ਕਾਰਨ ਪੰਜਾਬ ਪੁਲਸ ਅਤੇ ਬੀਐੱਸਐੱਫ ਨੇ ਤਲਾਸ਼ੀ ਮੁਹਿੰਮ ਚਲਾਈ।ਪਿੰਡ ਨੱਥਾ ਸਿੰਘ ਵਾਲਾ ਦੇ ਖੇਤਾਂ ਵਿੱਚੋਂ ਹੈਰੋਇਨ ਦੇ ਤਿੰਨ ਪੈਕਟ ਬਰਾਮਦ ਹੋਏ ਹਨ। ਜਿਸ ਖੇਤ ਤੋਂ ਹੈਰੋਇਨ ਮਿਲੀ ਹੈ, ਉਸ ਦੇ ਮਾਲਕ ਤੋਂ ਪੁੱਛਗਿੱਛ ਕੀਤੀ ਜਾ ਰਹੀ ਹੈ।

# ਵਿਕਾਸ ਕਾਰਜਾਂ 'ਚ ਤੇਜ਼ੀ ਲਿਆਉਣ ਅਧਿਕਾਰੀ : ਵਿਧਾਇਕ ਬੁੱਧ ਰਾਮ



**ਬੁਢਲਾਡਾ (ਅਸ਼ੋਕ ਲਾਕੜਾ)** ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਹਰ ਵਰਗ ਦੀ ਭਲਾਈ ਤੇ ਹਰ ਇਲਾਕੇ ਦੇ ਵਿਕਾਸ ਵੱਲ ਵਿਸ਼ੇਸ਼ ਧਿਆਨ ਰੱਖ ਰਹੀ ਹੈ। ਹਲਕਾ ਬੁਢਲਾਡਾ ਦੇ ਵਿਕਾਸ ਕਾਰਜਾਂ ਵਿੱਚ ਕਿਸੇ ਕਿਸਮ ਦੀ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਇਕ ਹਲਕਾ ਬੁਢਲਾਡਾ-ਕਮ-ਕਾਰਜਕਾਰੀ ਪ੍ਰਧਾਨ ਆਮ ਆਦਮੀ ਪਾਰਟੀ ਪੰਜਾਬ ਪ੍ਰਿੰਸੀਪਲ ਬੁੱਧ ਰਾਮ ਨੇ ਵੱਖ-ਵੱਖ ਵਿਭਾਗੀ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਕੀਤਾ।

ਉਨ੍ਹਾਂ ਸਬ ਡਵੀਜਨ ਬੁਢਲਾਡਾ ਵਿੱਚ ਇਲਾਕੇ ਨਾਲ ਸਬੰਧਤ ਵਿਕਾਸ ਕਾਰਜਾਂ ਦੀ ਸਮੀਖਿਆ ਕੀਤੀ, ਜਿਸ ਵਿੱਚ ਡਰੇਨਜ਼ ਵਿਭਾਗ ਨਾਲ ਸਬੰਧਤ ਚਾਂਦਪੁਰਾ ਬੰਨ੍ਹ ਨੂੰ ਦੋ ਹਜ਼ਾਰ ਫੁੱਟ ਪੱਕਾ ਕਰਨਾ, ਚਾਂਦਪੁਰਾ ਬੰਨ੍ਹ 'ਤੇ ਬਰਸਾਤ ਦੇ ਮੌਸਮ ਵੇਲੇ ਪੋਕਲੇਨ ਮਸ਼ੀਨ ਪੱਕੇ ਤੌਰ 'ਤੇ ਰੱਖਣ ਲਈ ਖਰੀਦ ਕਰਨ, ਲਿੰਕ ਡਰੇਨ 'ਤੇ ਪਿੰਡ ਖੱਤਰੀ ਵਾਲਾ ਅਤੇ ਬਹਾਦਰਪੁਰ ਵਿਚਕਾਰ ਪੁਲ ਬਣਾਉਣ, ਪਿੰਡ ਧਰਮਪੁਰਾ ਕੋਲ ਡਰੇਨ 'ਤੇ ਪੁਲ ਬਣਾਉਣ ਲਈ ਲੋੜੀਂਦੀ ਕਾਰਵਾਈ ਸ਼ੁਰੂ ਕਰਨ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ।

ਵਿਧਾਇਕ ਬੁੱਧ ਰਾਮ ਨੇ ਦੱਸਿਆ ਕਿ ਪਿੰਡ ਮੰਢਾਲੀ ਅਤੇ ਹਸਨਪੁਰ ਕੋਲ ਸਰਹਿੰਦ ਚੋਅ ਡਰੇਨ 'ਤੇ ਨਵੀਂ ਉਸਾਰੀ ਤਹਿਤ ਪੁਲਾਂ ਨੂੰ ਉੱਚਾ ਅਤੇ ਚੌੜਾ ਕਰਨ ਦੇ ਕੰਮਾਂ ਨੂੰ ਮਿੱਥੇ ਸਮੇਂ ਵਿੱਚ ਨੇਪਰੇ ਚਾੜ੍ਹਨ, ਨਹਿਰੀ ਵਿਭਾਗ ਨਾਲ ਸਬੰਧਤ ਵਿਸ਼ਰਾਮ ਘਰਾਂ ਦੀ ਮੁਰੰਮਤ, ਖੇਤੀਬਾੜੀ ਲਈ ਸਿੰਚਾਈ ਲਈ ਜ਼ਮੀਨਦੋਜ਼ ਪਾਈਪਾਂ ਪਾਉਣ ਦਾ ਕੰਮ, ਵਾਟਰ ਸਪਲਾਈ ਅਤੇ ਸੀਵਰੇਜ ਵਿਭਾਗ ਨਾਲ ਸਬੰਧਤ ਪਿੰਡਾਂ ਵਿੱਚ ਵਾਟਰ ਵਰਕਸਾਂ ਨੂੰ ਨਹਿਰੀ ਪਾਣੀ ਦੀ ਸਪਲਾਈ ਲਈ ਜ਼ਮੀਨਦੋਜ਼ ਪਾਈਪਾਂ ਰਾਹੀਂ ਪਾਣੀ ਦੀ ਸਪਲਾਈ ਨਿਰੰਤਰ ਜਾਰੀ ਰੱਖਣ, ਸ਼ਹਿਰਾਂ ਤੇ ਪਿੰਡਾਂ ਵਿੱਚ ਸੀਵਰੇਜ ਸਪਲਾਈ ਦੇ ਚੱਲਦੇ ਕੰਮਾਂ ਨੂੰ ਜਲਦੀ ਮੁਕੰਮਲ ਕਰਾਉਣ, ਪੰਚਾਇਤ ਵਿਭਾਗ ਨਾਲ ਸਬੰਧਤ ਜਿਹੜੇ ਪਿੰਡਾਂ ਵਿੱਚ ਛੱਪੜਾਂ ਦਾ ਨਵੀਨੀਕਰਨ ਦਾ ਕੰਮ, ਨਰੇਗਾ ਨਾਲ ਸਬੰਧਿਤ ਕੰਮ, ਗਲੀਆਂ ਨਾਲੀਆਂ ਦਾ ਕੰਮ ਸਮੇਂ ਸਿਰ ਮੁਕੰਮਲ ਕਰਾਉਣਾ, ਲੋਕ ਨਿਰਮਾਣ ਵਿਭਾਗ ਨਾਲ ਸਬੰਧਤ ਮੁਰੰਮਤ ਅਤੇ ਨਵੇਂ ਸਿਰੇ ਤੋਂ ਬਣਨ ਵਾਲੀਆਂ ਸੜ੍ਹਕਾਂ ਅਤੇ ਪੁਲਾਂ ਕੋਲ ਮਿੱਟੀ ਪਾਉਣੀ, ਬੁਢਲਾਡਾ ਦੀ ਪੁਰਾਣੀ ਕਚਹਿਰੀ ਦੀ ਇਮਾਰਤ ਨੂੰ ਨਵੀਨੀਕਰਨ ਕਰਨਾ ਅਤੇ ਇਸ ਵਿੱਚ ਵੱਖ-ਵੱਖ ਵਿਭਾਗਾਂ ਦੇ ਦਫ਼ਤਰ ਬਣਾਉਣ ਦੀ ਪ੍ਰਕਿਰਿਆ ਨੂੰ ਜਲਦੀ ਕਰਵਾਉਣਾ, ਬਰੇਟਾ ਮੰਡੀ ਵਿੱਚ ਨਵੇਂ ਬਨਣ ਵਾਲੇ ਅੰਡਰ ਬਰਿਜ ਦੀ ਉਸਾਰੀ ਜਲਦੀ ਸ਼ੁਰੂ ਕਰਵਾਉਣਾ, ਪ੍ਰਦੂਸ਼ਣ ਬੋਰਡ ਨਾਲ ਸਬੰਧਤ ਕੰਮਾਂ ਵਿੱਚ ਸ਼ਹਿਰਾਂ ਅਤੇ ਪਿੰਡਾਂ ਵਿੱਚ ਪਲਾਸਟਿਕ ਲਿਫਾਫਿਆਂ ਅਤੇ ਹੋਰ ਤਰੀਕਿਆਂ ਨਾਲ ਹੋ ਰਹੇ ਪ੍ਰਦੂਸ਼ਣ ਨੂੰ ਰੋਕਣ ਲਈ ਪੁਖਤਾ ਪ੍ਰਬੰਧ ਕਰਨ ਬਾਰੇ ਵਿਭਾਗੀ ਅਧਿਕਾਰੀਆਂ ਨਾਲ ਗੱਲਬਾਤ ਕੀਤੀ ਗਈ ਹੈ।

ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਇਨ੍ਹਾਂ ਕੰਮਾਂ ਲਈ ਲੋੜੀਂਦੇ ਫੰਡ ਜਾਰੀ ਹੋ ਚੁੱਕੇ ਹਨ, ਫਿਰ ਵੀ ਜੇਕਰ ਕਿਸੇ ਵਿਭਾਗ ਨੂੰ ਕੋਈ ਦਿੱਕਤ ਪੇਸ਼ ਆਉਂਦੀ ਹੈ ਤਾਂ ਸਿੱਧਾ ਉਨ੍ਹਾਂ ਨਾਲ ਸੰਪਰਕ ਕਰ ਸਕਦੇ ਹਨ।

## ਅਮਲੋਹ ਵਿਖੇ ਖ਼ੂਨਦਾਨ ਕੈਂਪ ਅੱਜ



**ਅਮਲੋਹ, (ਲਖਵੀਰ ਸਿੰਘ, ਹਰਚਰਨ ਉੱਪਲ)**- ਬਾਬਾ ਬੰਦਾ ਸਿੰਘ ਬਹਾਦਰ ਵੈਲਫੇਅਰ ਸੁਸਾਇਟੀ ਰਜਿ ਅਮਲੋਹ ਵੱਲੋਂ ਪ੍ਰਧਾਨ ਜਸਵੰਤ ਸਿੰਘ ਦੀ ਅਗਵਾਈ ਹੇਠ 14 ਦਸੰਬਰ ਨੂੰ ਬਾਬਾ ਫਤਹਿ ਸਿੰਘ ਜੀ ਦੇ ਜਨਮ ਦਿਹਾੜੇ 'ਤੇ ਗੁਰਦੁਆਰਾ ਸਿੰਘ ਸਭਾ ਅਮਲੋਹ ਵਿਖੇ ਖ਼ੂਨਦਾਨ ਕੈਂਪ ਲਗਾਇਆ ਜਾ ਰਿਹਾ ਹੈ। ਇਲਾਕਾ ਨਿਵਾਸੀਆਂ ਨੂੰ ਵੱਧ ਤੋਂ ਵੱਧ ਖ਼ੂਨਦਾਨ ਕਰਨ ਦੀ ਅਪੀਲ ਕੀਤੀ। ਕੈਂਪ ਸਵੇਰੇ 10 ਵਜੇ ਤੋਂ ਸ਼ਾਮ 3 ਵਜੇ ਤੱਕ ਹੈ। ਇਸ ਮੌਕੇ ਹਾਜ਼ਰ ਮੈਂਬਰ ਬਲਪਿੰਦਰ ਸਿੰਘ (ਪੰਚਾਇਤ ਅਫਸਰ) ਸੇਵਾ ਮੁਕਤ ਐਸ ਡੀ ਓ ਬਲਦੇਵ ਸਿੰਘ, ਰੋਸ਼ਨ ਲਾਲ ਸੂਦ ਨੈਸ਼ਨਲ ਐਵਾਰਡੀ ( ਰਿਟਾ ਡਾਇਰੈਕਟਰ, ਸਕੂਲ ਸਿੱਖਿਆ ਵਿਭਾਗ ਪੰਜਾਬ , ਅਮਰਜੀਤ ਸਿੰਘ ਮੁੱਢੜੀਆਂ, ਸਾਬਕਾ ਸਰਪੰਚ ਰਵੀਇੰਦਰ ਸਿੰਘ ਰੰਧਾਵਾ, ਸਰਪੰਚ ਹਰਿੰਦਰ ਸਿੰਘ ਸੇਖੋਂ, ਸਰਪੰਚ ਗੁਰਦੀਪ ਸਿੰਘ ਜੰਜੂਆ, ਸਾਬਕਾ ਸਰਪੰਚ ਹਰਬੰਸ ਸਿੰਘ ਬਡਾਲੀ,ਸਾਬਕਾ ਸਰਪੰਚ ਨਰਿੰਦਰਪਾਲ ਸਿੰਘ,ਸਾਬਕਾ ਕੌਂਸਲਰ ਰਾਕੇਸ਼ ਕੁਮਾਰ ਸ਼ਾਹੀ, ਬਲਵਿੰਦਰ ਸਿੰਘ ਸਿੱਧੂ, ਕੁਲਜਿੰਦਰ ਸਿੰਘ ਨਿਰਵਾਲ, ਅਮਨ ਧਿਮਾਨ, ਰੇਸ਼ਮ ਸਿੰਘ ਵਿਰਕ, ਗੁਰਨਾਮ ਪੁਰੀ, ਹਰਪੀਤ ਸਿੰਘ, ਕੁਲਦੀਪ ਸਿੰਘ ਭੋਲੀਆ, ਸੇਵਾ ਮੁਕਤ ਇੰਸਪੈਕਟਰ ਨਾਹਰ ਸਿੰਘ, ਦਿਨੇਸ਼ ਪੁਰੀ, ਤਰਲੋਕ ਸਿੰਘ ਆਦਿ ਹਾਜ਼ਰ ਸਨ।

## 3 ਕਿੱਲੋ 182 ਗ੍ਰਾਮ ਹੈਰੋਇਨ ਬਰਾਮਦ, ਅਣਪਛਾਤੇ ਵਿਅਕਤੀ ਖਿਲਾ.ਫ ਪਰਚਾ ਦਰਜ

**ਜਲਾਲਾਬਾਦ, (ਜੀਤ ਕੁਮਾਰ)** ਥਾਣਾ ਸਦਰ ਜਲਾਲਾਬਾਦ ਦੀ ਪੁਲਸ ਵੱਲੋਂ 3 ਕਿੱਲੋ 182 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਹਰਦੇਵ ਸਿੰਘ (ਚੌਕੀ ਇੰਚਾਰਜ ਘੁਬਾਇਆ) ਨੇ ਦੱਸਿਆ ਕਿ ਉਹ ਪੁਲਸ ਪਾਰਟੀ ਸਮੇਤ ਗਸ਼ਤ ਕਰਦੇ ਢਾਣੀ ਨੱਥਾ ਸਿੰਘ ਵਾਲੀ ਦੇ ਨਜ਼ਦੀਕ ਪਹੁੰਚੇ ਤਾਂ ਪੁਲਸ ਨੂੰ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਢਾਣੀ ਨੱਥਾ ਸਿੰਘ ਨੂੰ ਜਾਂਦੇ ਸਰਹੱਦੀ ਏਰੀਏ ਨੂੰ ਲਿੰਕ ਰੋਡ ਤੋਂ ਕਰੀਬ ਅੱਧਾ ਕਿੱਲੋਮੀਟਰ ਅੱਗੇ ਕਣਕ ਵਿਚ ਬੀਤੀ ਰਾਤ ਨੂੰ ਅਣਪਛਾਤੇ ਵਿਅਕਤੀਆਂ ਵੱਲੋਂ ਪਾਕਿਸਤਾਨ ਤੋਂ ਹੈਰੋਇਨ ਡਰੋਨ ਰਾਹੀ ਮੰਗਵਾਈ ਗਈ ਹੈ, ਜਿਸ 'ਤੇ ਪੁਲਸ ਪਾਰਟੀ ਨੇ ਸਰਚ ਦੇ ਦੌਰਾਨ 3 ਕਿੱਲੋ 182 ਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ। ਪੁਲਸ ਨੇ ਅਣਪਛਾਤੇ ਵਿਅਕਤੀ ਦੇ ਖਿਲਾਫ਼ ਧਾਰਾ 21,23/61/85 ਐਨ.ਡੀ.ਪੀ.ਐਸ.ਐਕਟ ਤਹਿਤ ਪਰਚਾ ਦਰਜ ਕੀਤਾ ਗਿਆ ਹੈ।

## ਕੁੱਟਮਾਰ ਕਰਨ ਦੇ ਦੋਸ਼ 'ਚ 2 ਵਿਅਕਤੀ ਨਾਮਜ਼ਦ

**ਜਲਾਲਾਬਾਦ, (ਜੀਤ ਕੁਮਾਰ)** ਥਾਣਾ ਸਦਰ ਜਲਾਲਾਬਾਦ ਦੀ ਪੁਲਸ ਵੱਲੋਂ ਪਿੰਡ ਚੱਕ ਲਮੋਚੜ ਉਰਫ਼ ਮੁਰਕ ਵਾਲਾ ਵਿਖੇ ਹੋਈ ਲੜਾਈ ਦੇ ਸਬੰਧ ਵਿੱਚ 2 ਵਿਅਕਤੀਆਂ ਦੇ ਖਿਲਾਫ਼ ਪਰਚਾ ਦਰਜ ਕੀਤਾ ਗਿਆ ਹੈ। ਸ਼ਿਕਾਇਤਕਰਤਾ ਮੰਗਤ ਸਿੰਘ ਪੁੱਤਰ ਜੱਗਾ ਸਿੰਘ ਵਾਸੀ ਚੱਕ ਲਮੋਚੜ (ਮੁਰਕਵਾਲਾ) ਨੇ ਪੁਲਸ ਕੋਲ ਬਿਆਨ ਦਰਜ ਕਰਵਾਏ ਗਏ ਹਨ ਕਿ ਮਿਤੀ 26-09-2023 ਦੁਪਹਿਰੇ ਕਰੀਬ 4.45 ਵਜੇ ਭੇਡਾਂ ਚਰਾਉਣ ਲਈ ਪਿੰਡ ਬਲਾਕੀ ਵਾਲਾ ਸਟੇਡੀਅਮ ਵਿਚ ਗਿਆ ਸੀ ਤੇ ਭੇਡ ਨੂੰ ਖੁੱਲ੍ਹਾ ਛੱਡ ਕੇ ਉਹ ਕੱਪੜਾ ਵਿਸ਼ਾ ਕੇ ਅਰਾਮ ਕਰ ਰਿਹਾ ਸੀ ਤਾਂ ਇਸ ਦੌਰਾਨ ਗੁਰਵਿੰਦਰ ਸਿੰਘ ਪੁੱਤਰ ਵਜੀਰ ਸਿੰਘ ਅਤੇ ਹੁਸ਼ਿਆਰ ਸਿੰਘ ਉਰਫ ਪ੍ਰਤਾਪ ਸਿੰਘ ਵਾਸੀਆਨ ਚੱਕ ਸੁਖੇਰਾ (ਬਲਾਕੀਵਾਲਾ) ਨੇ ਆ ਕੇ ਉਸਦੀ ਕੁੱਟਮਾਰ ਕਰਕੇ ਸੱਟਾਂ ਮਾਰੀਆਂ, ਜਿਸ 'ਤੇ ਉਹ ਸਰਕਾਰੀ ਹਸਪਤਾਲ ਵਿਖੇ ਇਲਾਜ ਲਈ ਦਾਖਿਲ ਹੋਇਆ ਸੀ। ਐਕਸਰੇ ਰਿਪੋਰਟ ਥਾਣੇ ਵਿਚ ਆਉਣ ਤੇ ਪੁਲਸ ਵੱਲੋਂ ਗੁਰਵਿੰਦਰ ਸਿੰਘ ਅਤੇ ਹੁਸ਼ਿਆਰ ਸਿੰਘ ਉਰਫ ਪ੍ਰਤਾਪ ਸਿੰਘ ਦੇ ਖਿਲਾਫ ਧਾਰਾ 325,323,34 ਆਈਪੀਸੀ ਤਹਿਤ ਪਰਚਾ ਦਰਜ ਕੀਤਾ ਗਿਆ ਹੈ।

## ਸਕੂਲ ਦੇ ਸਲਾਨਾ ਸਮਾਗਮ ਨੂੰ ਲੈ ਕੇ ਸਕੂਲੀ ਵਿਦਿਆਰਥੀਆਂ 'ਚ ਉਤਸ਼ਾਹ

**ਗੁਰੂ ਹਰਸਹਾਏ (ਫ਼ਕੀਰ ਚੰਦ ਸਿਕਰੀ)**-ਸਥਾਨਕ ਸ਼ਹਿਰ ਦੇ ਫਰੀਦਕੋਟ ਰੋਡ 'ਤੇ ਸਥਿਤ ਜੇ ਕੇ ਐਸ ਪਬਲਿਕ ਸਕੂਲ ਵਿੱਚ ਸਕੂਲ ਦਾ ਸਲਾਨਾ ਫੰਕਸ਼ਨ 16 ਦਸੰਬਰ ਨੂੰ ਕਰਵਾਇਆ ਜਾ ਰਿਹਾ ਹੈ ਜਿਸ ਵਿੱਚ ਸਕੂਲ ਦੇ ਬੱਚਿਆਂ ਵੱਲੋਂ ਗੀਤ ਸੰਗੀਤ, ਡਾਂਸ, ਸਕਿਟਾਂ, ਭੰਗੜਾ ਗਿੱਧਾ, ਮਾਡਲਿੰਗ ਆਦਿ ਮਨੋਰੰਜਨ ਭਰਪੂਰ ਪੇਸ਼ਕਾਰੀਆਂ ਕੀਤੀਆਂ ਜਾਣਗੀਆਂ।ਇਸ ਮੌਕੇ ਸਕੂਲ ਦੇ ਡਾਇਰੈਕਟਰ ਸੱਤਪਾਲ ਅਰੋੜਾ ਨੇ ਦੱਸਿਆ ਕਿ ਕਰੋਨਾ ਦੇ ਚਲਦਿਆਂ ਪਿਛਲੇ ਤਿੰਨ-ਚਾਰ ਸਾਲਾਂ ਤੋਂ ਸਲਾਨਾ ਫੰਕਸ਼ਨ ਨਹੀਂ ਹੋਇਆ ਸੋ ਇਸ ਸਾਲ ਬੱਚਿਆਂ ਵਿੱਚ ਕਾਫੀ ਖੁਸ਼ੀ ਪਾਈ ਜਾ ਰਹੀ ਹੈ ਅਤੇ ਬੱਚੇ ਇਸ ਵਿੱਚ ਵੱਧ ਚੜ੍ਹ ਕੇ ਹਿੱਸਾ ਲੈ ਰਹੇ ਹਨ।ਉਨ੍ਹਾਂ ਕਿਹਾ ਕਿ ਅਜਿਹੇ ਪ੍ਰੋਗਰਾਮਾਂ ਨਾਲ ਬੱਚਿਆਂ ਦਾ ਹੁਨਰ ਨਿਖਰ ਕੇ ਸਾਹਮਣੇ ਆਉਂਦਾ ਹੈ ਤੇ ਉਨ੍ਹਾਂ ਦਾ ਮਨੋਬਲ ਵੱਧਦਾ ਹੈ। ਉਨ੍ਹਾਂ ਦੱਸਿਆ ਕਿ ਪ੍ਰੋਗਰਾਮ ਤੇ ਮੁੱਖ ਮਹਿਮਾਨ ਦੇ ਤੌਰ 'ਤੇ ਰਮਿੰਦਰ ਸਿੰਘ ਆਂਵਲਾ ਜਲਾਲਾਬਾਦ ਤੋਂ ਕਾਂਗਰਸ ਦੇ ਸਾਬਕਾ ਵਿਧਾਇਕ ਪੁੱਜ ਰਹੇ ਹਨ।

# ਸਕੂਲੀ ਬੱਚਿਆਂ ਦੇ ਵਿੱਦਿਅਕ ਮੁਕਾਬਲੇ ਕਰਾਏ



**ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)** ਬਲਾਕ ਪ੍ਰਾਇਮਰੀ ਸਕੂਲ ਸਿੱਖਿਆ ਅਫ਼ਸਰ ਰਣਜੋਧ ਸਿੰਘ ਦੇ ਦਿਸ਼ਾ-ਨਿਰਦੇਸ਼ ਅਤੇ ਮੁੱਖ ਅਧਿਆਪਕ ਸਚਿਨ ਸਿੰਗਲਾ ਦੀ ਅਗਵਾਈ ਸਹਿਜੋ ਮਾਜਰਾ ਵਿਖੇ ਵਿੱਦਿਅਕ ਮੁਕਾਬਲੇ ਕਰਾਏ ਗਏ। ਮੁੱਖ ਅਧਿਆਪਕ ਬਲਜਿੰਦਰ ਸਿੰਘ ਨੇ ਕਿਹਾ ਕਿ ਬੱਚਿਆਂ ਦੇ ਸਰਬਪੱਖੀ ਵਿਕਾਸ ਵਿਚ ਸਹਿ ਵਿੱਦਿਅਕ ਦਾ ਬਹੁਤ ਰੋਲ ਹੈ ਜਿਸ ਲਈ ਅਜਿਹੇ ਮੁਕਾਬਲੇ ਕਰਾਏ ਜਾਣੇ ਬਹੁਤ ਜ਼ਰੂਰੀ ਹੈ। ਇਨ੍ਹਾਂ ਮੁਕਾਬਲਿਆਂ 'ਚ ਪੋਸਟਰ ਮੇਕਿੰਗ 'ਚ ਸਰਕਾਰੀ ਸਕੂਲ ਪਵਾਤ ਦੀ ਮਾਨਤੀ ਕੁਮਾਰੀ ਨੇ ਪਹਿਲਾ ਅਤੇ ਨੰਦਨੀ ਨੇ ਦੂਜਾ ਸਥਾਨ, ਸੁੰਦਰ ਲਿਖਾਈ (ਕਲਮ) 'ਚ ਰਾਧਾ ਨੇ ਪਹਿਲਾ ਅਤੇ ਮਾਨਤੀ ਕੁਮਾਰੀ ਨੇ ਦੂਜਾ, ਸੁੰਦਰ ਲਿਖਾਈ (ਜੈੱਲ ਪੈੱਨ) 'ਚ ਸੰਦੀਪ ਕੁਮਾਰ ਨੇ ਪਹਿਲਾ ਅਤੇ ਵਿਕਾਸ ਤੇ ਰਾਣੀ ਨੇ ਦੂਜਾ ਸਥਾਨ, ਪਹਾੜੇ ਬੋਲਣ 'ਚ ਸਰਕਾਰੀ ਸਕੂਲ ਨੂਰਪੁਰ ਦੇ ਮਨਜੋਤ ਸਿੰਘ ਨੇ ਪਹਿਲਾ, ਸਰਕਾਰੀ ਸਕੂਲ ਪਵਾਤ ਦੇ ਗੋਬਿੰਦ ਕੁਮਾਰ ਨੇ ਦੂਜਾ ਸਥਾਨ, ਲੇਖ ਲਿਖਣ 'ਚ ਸਰਕਾਰੀ ਸਕੂਲ ਸਹਿਜੋ ਮਾਜਰਾ ਦੇ ਸੁਖਮਨਜੋਤ ਸਿੰਘ ਨੇ ਪਹਿਲਾ ਅਤੇ ਸਰਕਾਰੀ ਸਕੂਲ ਗੜ੍ਹੀ ਬੇਟ ਦੀ ਹਰਸ਼ਪ੍ਰੀਤ ਕੌਰ ਨੇ ਦੂਜਾ ਸਥਾਨ, ਲੋਕ ਗੀਤ (ਘੋੜੀਆਂ ਅਤੇ ਸੁਹਾਗ) 'ਚ ਸਰਕਾਰੀ ਸਕੂਲ ਨੂਰਪੁਰ ਦੀ ਮਨਕੀਰਤ ਕੌਰ ਤੇ ਰਮਨਦੀਪ ਕੌਰ ਨੇ ਪਹਿਲਾ ਅਤੇ ਸਰਕਾਰੀ ਸਕੂਲ ਸਹਿਜੋ ਮਾਜਰਾ ਦੀ ਨਵਜੋਤ ਤੇ ਖੁਸ਼ਬੂ ਨੇ ਦੂਜਾ ਸਥਾਨ ਪ੍ਰਾਪਤ ਕੀਤਾ ਜਦਕਿ ਕਵਿਤਾ ਗਾਇਨ 'ਚ ਸਰਕਾਰੀ ਸਕੂਲ ਨੂਰਪੁਰ ਦੀ ਕਿਰਨਦੀਪ ਕੌਰ ਨੇ ਪਹਿਲਾ ਸਥਾਨ ਤੇ ਰਮਨਦੀਪ ਕੌਰ ਨੇ ਦੂਜਾ ਸਥਾਨ ਪ੍ਰਾਪਤ ਕੀਤਾ।

ਜੇਤੂ ਵਿਦਿਆਰਥੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਸਤਵੀਰ ਸਿੰਘ, ਸਚਿਨ ਕੁਮਾਰ, ਸਰਬਜੀਤ ਕੌਰ, ਨਿਸ਼ਾ, ਪ੍ਰਵੀਨਾ, ਸਤਪਾਲ ਸਿੰਘ, ਗੁਰਮੁਖ ਸਿੰਘ, ਇੰਦਰਜੀਤ ਸਿੰਘ, ਪਰਮਜੀਤ ਸਿੰਘ, ਅਜੈ ਕੁਮਾਰ, ਪਲਵਿੰਦਰ ਕੌਰ, ਪਾਰੂਲ, ਸਿਮਰਨਜੀਤ ਕੌਰ ਅਤੇ ਮਿਡ-ਡੇ-ਮੀਲ ਵਰਕਰ ਵੀ ਮੌਜੂਦ ਸਨ।

## ਮੋਟਰਸਾਈਕਲ ਦੀ ਟੱਕਰ ਨਾਲ ਦੂਜੇ ਮੋਟਰਸਾਈਕਲ ਸਵਾਰ ਦੀ ਮੌਤ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)** -ਸ਼ਹਿਰ ਦੇ ਜਾਖਲ ਰੋਡ 'ਤੇ ਦੋ ਮੋਟਰਸਾਇਕਲਾਂ ਵਿੱਚ ਹੋਈ ਭਿਆਨਕ ਟੱਕਰ ਵਿੱਚ ਇੱਕ ਮੋਟਰਸਾਈਕਲ ਚਾਲਕ ਦੀ ਮੌਕੇ ਉੱਤੇ ਹੀ ਮੌਤ ਹੋ ਗਈ। ਪਰਵਾਰਕ ਮੈਂਬਰਾਂ ਨੂੰ ਨੌਜਵਾਨ ਦੀ ਹੋਈ ਮੌਤ ਦਾ ਪਤਾ ਸਵੇਰ ਹੋਣ ਉਤੇ ਲੱਗਾ। ਸੂਚਨਾ ਮਿਲਣ 'ਤੇ ਮੌਕੇ ਉੱਤੇ ਪਹੁੰਚੀ ਪੁਲਸ ਨੇ ਅਣਪਛਾਤੇ ਮੋਟਰਸਾਈਕਲ ਸਵਾਰ ਖਿਲਾਫ ਕੇਸ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਮ੍ਰਿਤਕ ਨੌਜਵਾਨ ਦੇ ਪਿਤਾ ਰਜਿੰਦਰ ਕੁਮਾਰ ਵਾਸੀ ਵਾਰਡ ਨੰਬਰ ਦੋ ਘੁਮਿਆਰ ਬਸਤੀ ਵੱਲੋਂ ਪੁਲਿਸ ਨੂੰ ਦਿੱਤੇ ਬਿਆਨ ਅਨੁਸਾਰ 11 ਦਸੰਬਰ ਦੀ ਰਾਤ ਨੂੰ ਕਰੀਬ 1.45 ਉਸਦਾ ਲੜਕਾ ਜਗਮੋਹਨ ਆਪਣੇ ਮੋਟਰਸਾਇਕਲ ਉਤੇ ਸਵਾਰ ਹੋ ਕੇ ਜਾਖਲ ਰੋਡ ਪਾਤੜਾਂ 'ਤੇ ਜਾ ਰਿਹਾ ਸੀ ਤਾਂ ਮੋਟਰਸਾਇਕਲ ਨੰਬਰ ਪੀਬੀ 71 ਏ 8349 ਤੇ ਸਵਾਰ ਵਿਅਕਤੀ ਨੇ ਆਪਣਾ ਮੋਟਰਸਾਇਕਲ ਬੜੀ ਤੇਜੀ ਤੇ ਲਾਪ੍ਰਵਾਹੀ ਦੇ ਨਾਲ ਲਿਆ ਕੇ ਉਸਦੇ ਲੜਕੇ ਜਗਮੋਹਨ ਵਿੱਚ ਮਾਰਿਆ, ਜੋ ਐਕਸੀਡੈਂਟ ਵਿੱਚ ਉਸ ਦੀ ਮੌਕੇ 'ਤੇ ਮੌਤ ਹੋ ਗਈ।

ਰਜਿੰਦਰ ਕੁਮਾਰ ਨੇ ਦੱਸਿਆ ਕਿ ਇਸ ਤੋਂ ਵੱਡਾ ਮੇਰੇ ਇੱਕ ਵੱਡਾ ਲੜਕਾ ਸੀ, ਜਿਸ ਦੀ ਬਿਮਾਰ ਹੋਣ ਕਾਰਨ ਮੌਤ ਹੋ ਗਈ। ਜਗਮੋਹਣ ਦੇ ਲੜ ਲਾਇਆ ਸੀ ਤੇ ਇਸ ਤੋਂ ਵੀ ਇੱਕ ਲੜਕੀ ਸੀ, ਹੁਣ ਇਸ ਦੀ ਮੌਤ ਹੋਣ ਜਾਣ ਨਾਲ ਸਾਡੇ ਪਰਿਵਾਰ ਨੂੰ ਗਹਿਰਾ ਸਦਮਾ ਪੁੱਜਾ ਹੈ।

ਇਸ ਮਾਮਲੇ ਦੇ ਪੜਤਾਲੀਆ ਅਫ਼ਸਰ ਨੇ ਦੱਸਿਆ ਕਿ ਇਸ ਸਬੰਧੀ ਮੋਟਰਸਾਇਕਲ ਨੰਬਰ ਪੀ.ਬੀ.71 ਏ 8349 ਤੇ ਸਵਾਰ ਅਣਪਛਾਤੇ ਵਿਅਕਤੀ ਦੇ ਖਿਲਾਫ਼ ਕੇਸ ਦਰਜ ਕਰਕੇ ਇਸ ਦੀ ਭਾਲ ਸ਼ੁਰੂ ਕਰ ਦਿੱਤੀ ਹੈ ਤੇ ਛੇਤੀ ਹੀ ਇਸ ਨੂੰ ਕਾਬੂ ਕਰ ਲਿਆ ਜਾਵੇਗਾ।

# ਮੰਗਾਂ ਮਨਵਾਉਣ ਲਈ ਦ.ਫਤਰੀ ਬਾਬੂਆਂ ਦਾ ਸੰਘਰਸ਼ 35ਵੇਂ ਦਿਨ 'ਚ ਦਾਖਲ



**ਸੰਗਰੂਰ (ਪ੍ਰਵੀਨ ਸਿੰਘ)** -ਜ਼ਿਲ੍ਹਾ ਖ਼ਜ਼ਾਨਾ ਦਫ਼ਤਰ ਵਿਖੇ ਪੰਜਾਬ ਸਟੇਟ ਮਨਿਸਟ੍ਰੀਅਲ ਸਰਵਿਸਜ ਯੂਨੀਅਨ ਪੰਜਾਬ ਵੱਲੋਂ ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ, ਮਹਿੰਗਾਈ ਭੱਤੇ ਦੀ ਕਿਸ਼ਤਾਂ ਸਮੇਤ ਬਕਾਇਆ ਜਾਰੀ ਕਰਾਉਣ ਸਮੇਤ ਹੋਰ ਮੰਗਾਂ ਪੂਰੀਆਂ ਕਰਾਉਣ ਲਈ ਸ਼ੁਰੂ ਕੀਤੇ ਕਲਮਛੋੜ/ਕੰਪਿਊਟਰ ਬੰਦ ਹੜਤਾਲ ਦੇ 35ਵੇਂ ਦਿਨ ਸਮੂਹ ਵਿਭਾਗਾਂ ਦੇ ਮੁਲਾਜ਼ਮ ਜ਼ਿਲ੍ਹਾ ਪ੍ਰਧਾਨ ਰਾਕੇਸ਼ ਸ਼ਰਮਾ ਅਤੇ ਸੂਬਾ ਜਨਰਲ ਸਕੱਤਰ ਅਨੁਜ ਸ਼ਰਮਾ ਦੀ ਅਗਵਾਈ ਵਿੱਚ ਇਕੱਤਰ ਹੋਏ।

ਇਸ ਗੇਟ ਰੈਲੀ ਦੌਰਾਨ ਰੋਸ ਜਾਹਿਰ ਕਰਦਿਆਂ ਆਗੂ ਹਰਵਿੰਦਰ ਸਿੰਘ ਕਾਲਾ ਘਰਾਚੋਂ ਮੀਤ ਪ੍ਰਧਾਨ, ਰਣਜੀਤ ਸਿੰਘ ਭੀਖੀ ਪ੍ਰਧਾਨ ਹੈਲਥ ਵਿਭਾਗ, ਸਾਹਿਲ ਸ਼ਰਮਾ ਐਕਸਾਈਜ ਐਂਡ ਟੈਕਸੇਸ਼ਨ, ਮਨਜੀਤ ਸਿੰਘ ਘਰਾਚੋਂ ਫੂਡ ਸਪਲਾਈ, ਹਰਜੀਤ ਸਿੰਘ ਗਿੱਲ, ਸੰਦੀਪ ਕੌਰ ਤੇ ਹਰਪ੍ਰੀਤ ਸਿੰਘ ਭੁੱਲਰ ਆਗੂ ਫੂਡ ਸਪਲਾਈ, ਮਨਪ੍ਰੀਤ ਕੌਰ ਜਨਰਲ ਸਕੱਤਰ ਹੈਲਥ ਵਿਭਾਗ, ਸੰਜੋਲੀ ਜਸਸ ਵਿਭਾਗ, ਕੁਲਵਿੰਦਰ ਸਿੰਘ ਵੱਲੋਂ ਦੱਸਿਆ ਗਿਆ ਕਿ ਮੁਲਾਜ਼ਮ ਆਪਣੀਆਂ ਹੱਕੀ ਮੰਗਾਂ ਪੂਰੀਆਂ ਕਰਵਾਉਣ ਖਾਤਰ ਹੜਤਾਲ ਕਰਨ ਲਈ ਮਜਬੂਰ ਹੋ ਗਏ ਹਨ। ਉਨਾਂ ਕਿਹਾ ਕਿ ਸਾਡੇ ਗੁਆਂਢੀ ਸੂਬਿਆਂ ਦੇ ਮੁਲਾਜ਼ਮ ਪੰਜਾਬ ਦੇ ਮੁਲਾਜ਼ਮਾਂ ਨਾਲੋਂ ਵੱਧ ਮਹਿੰਗਾਈ ਭੱਤਾ ਲੈ ਰਹੇ ਹਨ, ਜਦਕਿ ਮੌਜੂਦਾ ਸਰਕਾਰ ਵੱਲੋਂ ਹਮੇਸ਼ਾ ਮੁਲਾਜਮਾਂ ਨੂੰ ਵੱਧ ਤਨਖਾਹ ਦੇਣ ਦੀ ਦੁਹਾਈ ਪਾਈ ਜਾਂਦੀ ਹੈ, ਅਸਲ ਵਿੱਚ ਪੰਜਾਬ ਦੇ ਮੁਲਾਜ਼ਮ ਮੌਜੂਦਾ ਸਮੇਂ ਕੇਂਦਰ ਅਤੇ ਬਾਕੀ ਸੂਬਿਆਂ ਦੇ ਮੁਲਾਜ਼ਮਾਂ ਨਾਲੋਂ 12 ਪ੍ਰਤੀਸ਼ਤ ਘੱਟ ਮਹਿੰਗਾਈ ਭੱਤਾ ਲੈ ਰਹੇ ਹਨ ਤੇ ਸਰਕਾਰ ਮੁਲਾਜ਼ਮਾਂ ਨੂੰ ਮੌਜੂਦਾ ਸਮੇਂ ਵੱਧਦੀ ਮਹਿੰਗਾਈ ਦੇ ਹਿਸਾਬ ਨਾਲ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਜਾਰੀ ਕਰਨ ਲਈ ਵੀ ਚੁੱਪੀ ਧਾਰੀ ਬੈਠੀ ਹੈ।

ਆਗੂਆਂ ਨੇ ਅੱਗੇ ਕਿਹਾ ਕਿ ਜਥੇਬੰਦੀ ਦੇ ਮੰਗ ਪੱਤਰ ਵਿੱਚ ਦਰਜ ਮੰਗਾਂ ਦਾ ਨਿਪਟਾਰਾ ਜੇ ਸਰਕਾਰ ਵੱਲੋਂ ਜਲਦ ਨਾ ਕੀਤਾ ਗਿਆ ਤਾਂ 14, 15 ਦਸੰਬਰ ਨੂੰ ਦੋ ਦਿਨਾਂ ਸਮੂਹਿਕ ਛੁੱਟੀ ਲੈ ਕੇ ਸੂਬੇ ਦੇ ਮੁਲਾਜ਼ਮ ਰੋਸ ਜ਼ਾਹਰ ਕਰਨਗੇ।

## ਕਾਮਰੇਡ ਧਰਮ ਸਿੰਘ ਫੱਕਰ ਦੀ 50 ਵੀਂ ਬਰਸੀ ਦਾ ਪੋਸਟਰ ਜਾਰੀ



**ਮਾਨਸਾ/ਭੀਖੀ (ਆਤਮਾ ਸਿੰਘ ਪਮਾਰ)**-ਇਥੋਂ ਥੋੜ੍ਹੀ ਦੂਰ ਸਥਿਤ ਪਿੰਡ ਦਲੇਲ ਸਿੰਘ ਵਾਲਾ ਵਿਖੇ ਮੁਜ਼ਾਰਾ ਲਹਿਰ ਦੇ ਮੋਢੀ ਆਗੂ ਕਾਮਰੇਡ ਧਰਮ ਸਿੰਘ ਫੱਕਰ ਦੀ 50 ਵੀਂ ਬਰਸੀ 20 ਦਸੰਬਰ ਨੂੰ ਇਨਕਲਾਬੀ ਜੋਸ਼ੋ ਖਰੋਸ਼ ਨਾਲ ਮਨਾਈ ਜਾਵੇਗੀ। ਇਹ ਜਾਣਕਾਰੀ ਬਰਸੀ ਦਾ ਪੋਸਟਰ ਜਾਰੀ ਕਰਨ ਉਪਰੰਤ ਪ੍ਰੈਸ ਬਿਆਨ ਜਾਰੀ ਕਰਦਿਆਂ ਸੀ ਪੀ ਆਈ ਸਬ ਡਵੀਜ਼ਨ ਮਾਨਸਾ ਦੇ ਸਕੱਤਰ ਤੇ ਕੁਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਰੂਪ ਸਿੰਘ ਢਿੱਲੋਂ ਨੇ ਦਿੱਤੀ ।ਕਾ. ਢਿੱਲੋਂ ਨੇ ਕਿਹਾ ਕਿ ਬਰਸੀ ਸਮਾਗਮ ਮੌਕੇ ਉੱਘੀਆਂ ਨਾਟਕ ਟੀਮਾਂ ਵੱਲੋਂ ਇਨਕਲਾਬੀ ਨਾਟਕ, ਗੀਤ ਤੇ ਕੋਰੋਗਰਾਫੀਆਂ ਪੇਸ਼ ਕੀਤੀਆਂ ਜਾਣਗੀਆਂ ਤੇ ਸੀ ਪੀ ਆਈ ਦੇ ਕੌਮੀ ਕੌਂਸਲ ਮੈਂਬਰ ਤੇ ਸਾਬਕਾ ਵਿਧਾਇਕ ਕਾਮਰੇਡ ਹਰਦੇਵ ਸਿੰਘ ਅਰਸ਼ੀ, ਸੰਯੁਕਤ ਕਿਸਾਨ ਮੋਰਚੇ ਦੇ ਆਗੂ ਰੁਲਦੂ ਸਿੰਘ ਮਾਨਸਾ, ਕਾਮਰੇਡ ਕ੍ਰਿਸ਼ਨ ਚੌਹਾਨ, ਐਡਵੋਕੇਟ ਕੁਲਵਿੰਦਰ ਸਿੰਘ ਉੱਡਤ, ਮਲਕੀਤ ਸਿੰਘ ਮੰਦਰਾ ਆਦਿ ਸੀਨੀਅਰ ਆਗੂ ਸੰਬੋਧਨ ਕਰਨਗੇ ।ਇਸ ਮੌਕੇ ਹੋਰਨਾਂ ਤੋਂ ਇਲਾਵਾ ਕਾਮਰੇਡ ਮੇਜਰ ਸਿੰਘ ਦਲੇਲ ਸਿੰਘ ਵਾਲਾ, ਗੁਰਦਿਆਲ ਸਿੰਘ ਦਲੇਲ ਸਿੰਘ ਵਾਲਾ , ਗੁਰਦੇਵ ਸਿੰਘ ਦਲੇਲ ਸਿੰਘ ਵਾਲਾ, ਸੁਖਦੇਵ ਸਿੰਘ ਭੱਠਲ, ਉਗਾਜਰ ਸਿੰਘ, ਪੂਰਨ ਸ਼ਰਮਾ ਤੇ ਦਾਰਾ ਖਾਂ ਦਲੇਲ ਸਿੰਘ ਵਾਲਾ ਆਦਿ ਵੀ ਹਾਜ਼ਰ ਸਨ ।

## ਡੀ ਐੱਸ ਪੀ ਦ.ਫਤਰ ਮੂਹਰੇ ਲਾਇਆ ਜਾਣ ਵਾਲਾ ਮੋਰਚਾ 19 ਤੱਕ ਮੁਲਤਵੀ : ਭਾਕਿਯੂ ਡਕੌਂਦਾ

**ਮਾਨਸਾ (ਆਤਮਾ ਸਿੰਘ ਪਮਾਰ)** ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੀ ਹੰਗਾਮੀ ਮੀਟਿੰਗ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ ਦੀ ਪ੍ਰਧਾਨਗੀ ਹੇਠ ਬਾਲ ਭਵਨ ਵਿਖੇ ਹੋਈ।ਮੀਟਿੰਗ ਵਿਸ਼ੇਸ਼ ਤੌਰ 'ਤੇ 15 ਦਸੰਬਰ ਤੋਂ ਡੀਐਸਪੀ ਬੁਢਲਾਡਾ ਦੇ ਦਫ਼ਤਰ ਅੱਗੇ ਸ਼ੁਰੂ ਹੋਣ ਵਾਲੇ ਪੱਕੇ ਮੋਰਚੇ ਦੇ ਸਬੰਧ ਵਿੱਚ ਰੱਖੀ ਗਈ ਸੀ। ਸੂਬਾ ਪ੍ਰੈੱਸ ਸਕੱਤਰ ਅੰਗਰੇਜ਼ ਸਿੰਘ ਮੁਹਾਲੀ ਨੇ ਦੱਸਿਆ ਕਿ ਇਸ ਮੀਟਿੰਗ ਵਿੱਚ ਜ਼ਿਲ੍ਹੇ ਦੇ ਪਿੰਡ ਕੂਲਰੀਆਂ ਵਿਖੇ ਅਬਾਦਕਾਰ ਕਿਸਾਨਾਂ ਦੀ ਜ਼ਮੀਨ ਖੋਹਣ ਦੀ ਨੀਅਤ ਨਾਲ ਪਿੰਡ ਦੇ ਆਮ ਆਦਮੀ ਪਾਰਟੀ ਨਾਲ ਸਬੰਧਤ ਸਰਪੰਚ ਨੇ ਜਾਨਲੇਵਾ ਹਮਲਾ ਕੀਤਾ ਸੀ।ਇਹ ਹਮਲਾ ਪੰਜਾਬ ਸਰਕਾਰ ਦੀ ਸ਼ਹਿ 'ਤੇ ਸਰਪੰਚ ਧਿਰ ਨੇ ਹੋਰ ਪਿੰਡਾਂ ਗੁੰਡਿਆਂ ਤੋਂ ਕਰਾਇਆ ਸੀ। ਇਸ ਲਈ ਜਥੇਬੰਦੀ ਵੱਲੋਂ ਕਈ ਵਾਰ ਧਰਨੇ ਪ੍ਰਦਰਸ਼ਨ ਕਰਕੇ ਅਤੇ ਅਧਿਕਾਰੀਆਂ ਨੂੰ ਮਿਲ ਕੇ ਇਨਸਾਫ਼ ਲੈਣ ਦੇ ਯਤਨ ਕੀਤੇ ਗਏ, ਪਰ ਇਨਸਾਫ ਨਾ ਮਿਲਣ ਕਾਰਨ ਜਥੇਬੰਦੀ ਨੇ 15 ਦਸੰਬਰ ਤੋਂ ਡੀਐਸਪੀ ਬੁਡਲਾਢਾ ਦੇ ਦਫ਼ਤਰ ਅੱਗੇ ਪੱਕਾ ਮੋਰਚਾ ਸ਼ੁਰੂ ਕਰਨ ਦਾ ਐਲਾਨ ਕੀਤਾ ਹੋਇਆ ਸੀ। ਪ੍ਰੰਤੂ ਜਿਲਾ ਮਾਨਸਾ ਦੇ ਪੁਲਸ ਮੁਖੀ ਵੱਲੋਂ ਜਥੇਬੰਦੀ ਨਾਲ ਮੀਟਿੰਗ ਕਰਨ ਉਪਰੰਤ ਮੁੱਖ ਮੰਗਾਂ 19 ਦਸੰਬਰ ਤੱਕ ਲਾਗੂ ਕਰਨ ਦਾ ਵਿਸ਼ਵਾਸ ਦਿਵਾਉਣ ਕੀਰਨ ਮੋਰਚਾ ਮੁਲਤਵੀ ਕਰਨ ਦਾ ਫੈਸਲਾ ਕੀਤਾ ਗਿਆ ਹੈ ।ਕਿਸਾਨਾਂ ਦੀਆਂ ਮੁੱਖ ਮੰਗਾਂ ਵਿੱਚ ਕਿਸਾਨਾਂ 'ਤੇ ਹਮਲਾ ਕਰਨ ਵਾਲੇ ਦੋਸ਼ੀਆਂ ਨੂੰ ਇਰਾਦਾ ਕਤਲ ਦੇ ਪਰਚੇ ਦਰਜ ਕਰਕੇ ਬਣਦੀ ਕਾਨੂੰਨੀ ਕਾਰਵਾਈ ਕਰਨਾ, ਕਿਸਾਨਾਂ ਉੱਪਰ ਬਣਾਏ ਝੂਠੇ ਪਰਚੇ ਵਾਪਸ ਲੈਣ, ਕਾਸ਼ਤਕਾਰ ਕਿਸਾਨਾਂ ਨੂੰ ਜ਼ਮੀਨ ਤੋਂ ਬੇਦਖਲ ਕਰਨ 'ਤੇ ਰੋਕ ਲਗਾਉਣਾ, ਕਿਸਾਨਾਂ ਦੇ ਜ਼ਬਤ ਕੀਤੇ ਟ੍ਰੈਕਟਰ ਆਦਿ ਦੀ ਵਾਪਸੀ ਕਰਾਉਣਾ ਅਤੇ ਜ਼ਮੀਨ 'ਤੇ ਕਿਸਾਨਾਂ ਦੇ ਮਾਲਕੀ ਹੱਕ ਬਹਾਲ ਕਰਨ ਲਈ ਅਗਲੀ ਯੋਗ ਕਾਰਵਾਈ ਕੀਤੇ ਜਾਣ ਦੀ ਮੰਗ ਆਦਿ ਸ਼ਾਮਲ ਸਨ।ਮੀਟਿੰਗ ਵਿੱਚ ਜਥੇਬੰਦੀ ਨੇ ਵਿਚਾਰ ਵਟਾਂਦਰਾ ਕਰਕੇ ਫ਼ੈਸਲਾ ਕੀਤਾ ਕਿ ਪ੍ਰਸ਼ਾਸਨ ਵੱਲੋਂ ਕੀਤੇ ਵਾਅਦੇ ਅਨੁਸਾਰ ਪੱਕਾ ਮੋਰਚਾ ਇੱਕ ਹਫ਼ਤੇ ਲਈ ਮੁਲਤਵੀ ਕੀਤਾ ਜਾਵੇ।ਜੇਕਰ ਪ੍ਰਸ਼ਾਸਨ ਆਪਣੇ ਵਾਅਦੇ 'ਤੇ ਪੂਰਾ ਨਹੀਂ ਉੱਤਰਦਾ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ, ਜਿਸਦੀ ਸਾਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਅਤੇ ਪ੍ਰਸ਼ਾਸਨ ਦੀ ਹੋਵੇਗੀ। ਮੀਟਿੰਗ ਵਿੱਚ ਸੂਬਾ ਸੀਨੀਅਰ ਮੀਤ ਪ੍ਰਧਾਨ ਗੁਰਦੀਪ ਸਿੰਘ ਰਾਮਪੁਰਾ, ਸੂਬਾ ਕਮੇਟੀ ਮੈਂਬਰ ਕੁਲਵੰਤ ਸਿੰਘ ਕਿਸ਼ਨਗੜ੍ਹ, ਮੱਖਣ ਸਿੰਘ ਭੈਣੀ ਬਾਘਾ, ਮਹਿੰਦਰ ਸਿੰਘ ਦਿਆਲਪੁਰਾ ਅਤੇ ਸੂਬਾ ਪ੍ਰੈੱਸ ਸਕੱਤਰ ਅੰਗਰੇਜ਼ ਸਿੰਘ ਤੋਂ ਇਲਾਵਾ ਮਾਨਸਾ ਜ਼ਿਲ੍ਹੇ ਦੇ ਪ੍ਰਧਾਨ ਲਖਵੀਰ ਸਿੰਘ ਅਕਲੀਆ, ਜਨਰਲ ਸਕੱਤਰ ਬਲਵਿੰਦਰ ਸ਼ਰਮਾ, ਖ਼ਜ਼ਾਨਚੀ ਦੇਵੀ ਰਾਮ ਤੇ ਜ਼ਿਲ੍ਹਾ ਮਾਨਸਾ ਦੇ ਸਾਰੇ ਬਲਾਕਾਂ ਦੇ ਆਗੂ ਹਾਜ਼ਰ ਸਨ।

## ਪੀ ਐੱਸ ਈ ਬੀ ਇੰਪਲਾਈਜ਼ ਜੁਆਇੰਟ ਫੋਰਮ ਵੱਲੋਂ ਰੋਸ ਧਰਨਾ

**ਮੱਖੂ (ਰਛਪਾਲ ਸਿੰਘ ਸੰਧੂ)**: ਪੀ ਐਸ ਈ ਬੀ ਇੰਪਲਾਈਜ਼ ਜੁਆਇੰਟ ਫੋਰਮ ਸਬ ਡਵੀਜ਼ਨ ਮਖੂ ਦੇ ਸਮੂਹ ਸਾਥੀਆਂ ਵੱਲੋਂ ਉੱਪ ਮੰਡਲ ਮਖੂ ਵਿਖੇ ਦਫ਼ਤਰੀ ਸਟਾਫ ਦੀ ਘਾਟ ਪੂਰਾ ਕਰਨ, ਕਰਮਚਾਰੀਆਂ ਦੀਆਂ ਲਗਾਈਆਂ ਗਈਆਂ ਗੈਰ ਹਾਜ਼ਰੀਆਂ ਨੂੰ ਠੀਕ ਕਰਨ ਅਤੇ ਐਲ ਡੀ ਸੀ ਹਰਪ੍ਰੀਤ ਸਿੰਘ ਦੀ ਬਦਲੀ ਰੱਦ ਕਰਵਾਉਣ ਲਈ ਉੱਪ ਮੰਡਲ ਮਖੂ ਦਫਤਰ ਵਿਖੇ ਰੋਸ ਧਰਨਾ ਸਾਥੀ ਵੱਸਣ ਸਿੰਘ ਪ੍ਰਧਾਨ ਅਤੇ ਸਾਥੀ ਪ੍ਰਤਾਪ ਸਿੰਘ ਸਕੱਤਰ ਦੀ ਅਗਵਾਈ ਹੇਠ ਲਗਾਇਆ ਗਿਆ। ਇਸ ਰੋਸ ਧਰਨੇ ਦੌਰਾਨ ਸਾਥੀ ਸੁਖਦੇਵ ਸਿੰਘ ਲਹੁਕਾ ਮੰਡਲ ਪ੍ਰਧਾਨ, ਜਗਦੇਵ ਸਿੰਘ ਮੰਡਲ ਆਗੂ, ਸਤਨਾਮ ਸਿੰਘ ਗੁਰਾਰੀ, ਜਸਬੀਰ ਸਿੰਘ ਪੱਟੀ, ਜੀਵਨਜੀਤ ਸਿੰਘ, ਦਲੇਰ ਸਿੰਘ ਸੀਨੀਅਰ ਮੀਤ ਪ੍ਰਧਾਨ, ਗੁਰਚਾਨਣ ਸਿੰਘ, ਉਪਦੇਸ਼ ਕੁਮਾਰ, ਅਮਰੀਕ ਸਿੰਘ ਸਕੱਤਰ, ਸੁਰਿੰਦਰ ਸਿੰਘ ਐਲ ਡੀ ਸੀ, ਹਰਪ੍ਰੀਤ ਸਿੰਘ ਐਲ ਡੀ ਸੀ, ਬਲਕਾਰ ਸਿੰਘ, ਸਰਵਨ ਸਿੰਘ, ਸਤਨਾਮ ਸਿੰਘ ਮਖੂ, ਗੁਰਪ੍ਰੀਤ ਸਿੰਘ ਐਸ ਐਸ ਏ ਆਦਿ ਬੁਲਾਰੇ ਸਾਥੀਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਮੁਲਾਜ਼ਮਾਂ ਦੀਆਂ ਮੰਗੀਆਂ ਹੋਈਆਂ ਮੰਗਾਂ ਨੂੰ ਲਾਗੂ ਨਾ ਕਰਨ ਅਤੇ ਅੱਜ ਦੇ ਧਰਨੇ ਦੌਰਾਨ ਕੀਤੀਆਂ ਹੋਈਆਂ ਮੰਗਾਂ ਨੂੰ ਲਾਗੂ ਨਾ ਕਰਨ ਦੀ ਸੂਰਤ ਵਿੱਚ ਆਉਣ ਵਾਲੇ ਸਮੇਂ ਵਿੱਚ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ।

# 85 ਲੱਖ ਦੀ ਲਾਗਤ ਨਾਲ ਤਿਆਰ ਕਮਰਿਆਂ ਤੇ ਚਾਰੀਦੀਵਾਰੀ ਦਾ ਉਦਘਾਟਨ



**ਜਲਾਲਾਬਾਦ, (ਜੀਤ ਕੁਮਾਰ)** ਵਿਧਾਇਕ ਜਗਦੀਪ ਕੰਬੋਜ ਗੋਲਡੀ ਵੱਲੋਂ ਸਿੱਖਿਆ ਦੇ ਮਿਆਰ ਉੱਚਾ ਚੁੱਕਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਜਗਦੀਪ ਕੰਬੋਜ ਗੋਲਡੀ ਵੱਲੋਂ ਵੱਖ-ਵੱਖ ਸਰਕਾਰੀ ਸਕੂਲਾਂ 'ਚ 85 ਲੱਖ 3 ਹਜ਼ਾਰ ਰੁਪਏ ਦੀ ਰਾਸ਼ੀ ਨਾਲ ਤਿਆਰ ਹੋਏ ਕਮਰਿਆਂ ਸਣੇ ਚਾਰਦੀਵਾਰੀ ਦਾ ਉਦਘਾਟਨ ਕੀਤਾ ਗਿਆ।

ਇਸ ਮੌਕੇ ਉਨ੍ਹਾਂ ਨਾਲ ਮਾਰਕਿਟ ਕਮੇਟੀ ਚੇਅਰਮੈਨ ਦੇਵ ਰਾਜ ਸ਼ਰਮਾ, ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ 1 ਜਸਪਾਲ ਸਿੰਘ, ਸਮਾਜ ਸੇਵੀ ਰਾਜਪਾਲ ਸ਼ਰਮਾ ਸਣੇ ਪਿੰਡਾਂ ਦੇ ਪੰਚ ਸਰਪੰਚ ਤੇ ਸਕੂਲਾਂ ਦੇ ਅਧਿਆਪਕ ਸਾਹਿਬਾਨ ਹਾਜ਼ਰ ਸਨ। ਵਿਧਾਇਕ ਜਗਦੀਪ ਕੰਬੋਜ ਗੋਲਡੀ ਵੱਲੋਂ ਹਲਕੇ ਦੇ ਪਿੰਡ ਚੱਕ ਅਰਨੀ ਵਾਲਾ (ਕੱਟੀਆਂਵਾਲਾ) 'ਚ ਸਰਕਾਰੀ ਪ੍ਰਾਇਮਰੀ ਸਕੂਲ 'ਚ 8 ਲੱਖ 64 ਹਜ਼ਾਰ ਰੁਪਏ, ਸਰਕਾਰੀ ਪ੍ਰਾਇਮਰੀ ਸਕੂਲ ਚੱਕ ਮੰਨੇ ਵਾਲਾ 7 ਲੱਖ 51 ਹਜ਼ਾਰ ਰੁਪਏ, ਸਰਕਾਰੀ ਪ੍ਰਾਇਮਰੀ ਸਕੂਲ ਢਾਬ ਕੜਿਆਲ 29 ਲੱਖ 78 ਹਜ਼ਾਰ ਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵੈਰੋ ਕੇ 'ਚ 39 ਲੱਖ 10 ਹਜ਼ਾਰ ਰੁਪਏ ਦੀ ਰਾਸ਼ੀ ਨਾਲ ਤਿਆਰ ਹੋਏ ਕਮਰਿਆਂ ਸਣੇ ਚਾਰਦੀਵਾਰੀ ਦਾ ਉਦਘਾਟਨ ਕੀਤਾ ਗਿਆ।

ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਪਿੰਡ ਢਾਬ ਕੜਿਆਲ ਵਿਖੇ ਲੋਕਾਂ ਦੇ ਭਰਵੇਂ ਇਕੱਠ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਪੰਜਾਬ ਭਰ ਦੇ ਲੋਕਾਂ ਵੱਲੋਂ ਆਮ ਆਦਮੀ ਪਾਰਟੀ ਨੂੰ ਭਾਰੀ ਬਹੁਮਤ ਦੇ ਨਾਲ ਸੱਤਾ 'ਚ ਲਿਆਂਦਾ ਹੈ ਅਤੇ ਲਗਾਤਾਰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ ਤਾਂ ਜੁ ਪਿੰਡਾਂ ਦੇ ਬੱਚੇ ਵੀ ਚੰਗੀ ਸਿੱਖਿਆ ਹਾਸਲ ਕਰਕੇ ਪੰਜਾਬ ਦਾ ਨਾਂਅ ਰੌਸ਼ਨ ਕਰ ਸਕਣ।

ਗੋਲਡੀ ਕੰਬੋਜ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਆਮ ਲੋਕਾਂ ਦੀ ਚੁਣੀ ਹੋਈ ਸਰਕਾਰ ਹੈ ਤੇ ਹਰੇਕ ਵਰਗ ਨੂੰ ਬਣਦੀਆਂ ਸਹੂਲਤਾਂ ਪ੍ਰਦਾਨ ਕੀਤੀਆ ਜਾ ਰਹੀਆਂ ਹਨ ਅਤੇ ਆਉਣ ਵਾਲੇ ਸਮੇਂ 'ਚ ਵੀ ਲੋਕ ਭਲਾਈ ਸਕੀਮਾਂ ਸਰਕਾਰ ਵੱਲੋਂ ਵੱਧ ਤੋਂ ਵੱਧ ਲੋਕਾਂ ਨੂੰ ਦੇਣ ਲਈ ਵਚਨਬੱਧ ਰਹੇ ਗਈ। ਇਸ ਮੌਕੇ ਪਿੰਡ ਉਨ੍ਹਾਂ ਦੇ ਨਾਲ ਪਿੰਡ ਢਾਬ ਕੜਿਆਲ 'ਚ ਸਕੂਲ ਮੁਖੀ ਨਛੱਤਰ ਸਿੰਘ, ਸਕੂਲ ਮੈਨੇਜਮੈਂਟ ਚੇਅਰਮੈਨ ਗੁਰਮੇਲ ਸਿੰਘ, ਸਰਪੰਚ ਸੁਖਮੰਦਰ ਸਿੰਘ, ਆਪ ਆਗੂ ਹੈਪੀ ਕੰਬੋਜ, ਸੁਰੇਸ਼ ਕੁਮਾਰ, ਜਸਵੀਰ ਸਿੰਘ, ਰੇਸ਼ਮ ਸਿੰਘ, ਦੀਪਕ ਕੰਬੋਜ, ਲੇਖ ਰਾਜ, ਪਿੰਡ ਚੱਕ ਅਰਨੀਵਾਲਾ 'ਚ ਸਕੂਲ ਮੁਖੀ ਦੇਸਾ ਸਿੰਘ, ਸਕੂਲ ਚੇਅਰਮੈਨ ਕੈਲਾਸ਼ ਰਾਣੀ ਸਰਪੰਚ ਮਾਇਆ ਬਾਈ, ਨੱਥਾ ਸਿੰਘ, ਖ਼ਜ਼ਾਨ ਸਿੰਘ, ਮਨਪ੍ਰੀਤ ਸਿੰਘ, ਪਰਮਜੀਤ ਸਿੰਘ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਚੱਕ ਵੈਰੋ ਕਾ ਪ੍ਰਿੰਸੀਪਲ ਰਜੀਵ ਸੇਠੀ, ਕੈਂਪਸ ਮੈਨੇਜਰ ਰਾਜਪਾਲ ਸ਼ਰਮਾ, ਸਕੂਲ ਚੇਅਰਮੈਨ ਲਾਲਜੀਤ ਸਿੰਘ ਆਦਿ ਪਿੰਡਾਂ ਦੇ ਪੰਚ-ਸਰਪੰਚ ਤੇ ਵਿਦਿਆਰਥੀਆਂ ਦੇ ਮਾਪਿਆਂ ਨੇ ਵੀ ਸ਼ਮੂਲੀਅਤ ਕੀਤੀ।

ਉਦਘਾਟਨ ਸਮਾਰੋਹ ਦੌਰਾਨ ਵੱਖ-ਵੱਖ ਸਕੂਲਾਂ ਦੇ ਅਧਿਆਪਕਾਂ ਵੱਲੋਂ ਵਿਧਾਇਕ ਜਗਦੀਪ ਕੰਬੋਜ ਗੋਲਡੀ ਸਣੇ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਤੇ ਆਪ ਆਗੂਆਂ ਨੂੰ ਸਨਮਾਨ ਚਿੰਨ੍ਹ ਭੇਟ ਕੀਤੇ ਗਏ।

## ਪ੍ਰਵਾਸੀ ਭਾਰਤੀ ਵੱਲੋਂ ਸਰਕਾਰੀ ਸਕੂਲ ਦੇ ਵਿਦਿਆਰਥੀਆਂ ਨੂੰ ਕਿਤਾਬਾਂ ਲਈ 24 ਹਜ਼ਾਰ ਭੇਟ

**ਸਮਰਾਲਾ, (ਸੁਰਜੀਤ ਸਿੰਘ)**-ਸੀ.ਓ.ਈ. ਸਰਕਾਰੀ ਸੀਨੀ: ਸੈਕੰ: ਸਕੂਲ (ਲੜਕੇ) ਸਮਰਾਲਾ ਵਿਖੇ ਗਿਆਰ੍ਹਵੀਂ ਅਤੇ ਬਾਰ੍ਹਵੀਂ (ਸਾਇੰਸ) ਜਮਾਤਾਂ ਵਿੱਚ ਪੜ੍ਹ ਰਹੇ ਜ਼ਰੂਰਤਮੰਦ ਵਿਦਿਆਰਥੀਆਂ ਲਈ ਕਿਤਾਬਾਂ ਖਰੀਦਣ ਲਈ ਪ੍ਰਵਾਸੀ ਭਾਰਤੀ ਯੂ. ਕੇ. ਨਿਵਾਸੀ ਦਿਲਬਾਗ ਸਿੰਘ ਵੱਲੋਂ 24000 ਰੁਪਏ ਦੀ ਨਕਦ ਰਾਸ਼ੀ ਸਕੂਲ ਪ੍ਰਿੰਸੀਪਲ ਮੈਡਮ ਸੁਮਨ ਲਤਾ ਨੂੰ ਭੇਟ ਕੀਤੀ, ਤਾਂ ਜੋ ਜਿਨ੍ਹਾਂ ਵਿਦਿਆਰਥੀਆਂ ਦੀ ਆਰਥਿਕ ਹਾਲਤ ਚੰਗੀ ਨਹੀਂ ਹੈ, ਉਨ੍ਹਾਂ ਨੂੰ ਸਕੂਲ ਵੱਲੋਂ ਕਿਤਾਬਾਂ ਖਰੀਦ ਕੇ ਦਿੱਤੀਆਂ ਜਾ ਸਕਣ ਅਤੇ ਉਹ ਆਪਣੀ ਪੜ੍ਹਾਈ ਅੱਗੇ ਜਾਰੀ ਰੱਖ ਸਕਣ। ਇਸ ਮੌਕੇ ਉਨ੍ਹਾਂ ਨਾਲ ਰਿਟਾ: ਲੈਕਚਰਾਰ ਯਾਦਵਿੰਦਰ ਸਿੰਘ ਸ਼ਾਹੀ ਵੀ ਮੌਜੂਦ ਸਨ। ਪ੍ਰਿੰਸੀਪਲ ਸੁਮਨ ਲਤਾ ਨੇ ਪ੍ਰਵਾਸੀ ਭਾਰਤੀ ਦਿਲਬਾਗ ਸਿੰਘ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਨ੍ਹਾਂ ਦਾ ਇਹ ਉਪਰਾਲਾ ਜ਼ਰੂਰਤਮੰਦ ਵਿਦਿਆਰਥੀਆਂ ਲਈ ਬਹੁਤ ਹੀ ਫਾਇਦੇਮੰਦ ਹੋਵੇਗਾ। ਉਨ੍ਹਾਂ ਭਰੋਸਾ ਦਿਵਾਇਆ ਕਿ ਉਹ ਇਸ ਸਬੰਧੀ ਇਨ੍ਹਾਂ ਜਮਾਤਾਂ ਨਾਲ ਸਬੰਧਤ ਅਧਿਆਪਕ ਦੀ ਡਿਊਟੀ ਲਗਾ ਕੇ ਜ਼ਰੂਰਤਮੰਦ ਵਿਦਿਆਰਥੀਆਂ ਨੂੰ ਖੁਦ ਕਿਤਾਬਾਂ ਖਰੀਦ ਕੇ ਦੇਣਗੇ ।

# ਕਲਮ ਛੋੜ ਹੜਤਾਲ ਦੇ 36ਵੇਂ ਦਿਨ ਕੰਮ ਠੱਪ, ਸਰਕਾਰ ਦਾ ਕੀਤਾ ਪਿੱਟ ਸਿਆਪਾ



ਮਾਨਸਾ (ਆਤਮਾ ਸਿੰਘ ਪਮਾਰ)- ਪੀ ਐਸ ਐਮ ਐਸ ਯੂ ਦੇ ਸੱਦੇ 'ਤੇ ਜ਼ਿਲ੍ਹਾ ਮਾਨਸਾ ਦੇ ਸਮੂਹ ਦਫ਼ਤਰਾਂ ਦੇ ਮਨਿਸਟਰੀਅਲ ਕਾਮਿਆਂ ਵੱਲੋਂ 8 ਨਵੰਬਰ ਤੋਂ ਲਗਾਤਾਰ 36ਵੇਂ ਦਿਨ ਵੀ ਮੁਕੰਮਲ ਹੜਤਾਲ ਜਾਰੀ ਰਹੀ। ਦਫ਼ਤਰੀ ਕੰਮ ਕਾਜ ਪੂਰੀ ਤਰ੍ਹਾਂ ਠੱਪ ਰੱਖਿਆ ਗਿਆ। ਮੰਗਾਂ ਨਾ ਮੰਨਣ ਦੀ ਸੂਰਤ ਵਿੱਚ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਮਾਨਸਾ ਦੇ ਦਫ਼ਤਰ ਅੱਗੇ ਸਰਕਾਰ ਵੱਲੋਂ ਮੁਲਾਜ਼ਮਾਂ ਨਾਲ ਕੀਤੇ ਝੂਠੇ ਵਾਅਦਿਆਂ ਦੀ ਪੋਲ ਖੋਲ੍ਹਦਿਆਂ ਪਿੱਟ ਸਿਆਪਾ ਕਰਕੇ ਰੋਸ ਪ੍ਰਦਰਸ਼ਨ ਕਰਦੇ ਹੋਏ ਸਰਕਾਰ ਵਿਰੋਧੀ ਨਾਅਰੇਬਾਜ਼ੀ ਕੀਤੀ ਗਈ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਪ੍ਰਤਾਪ ਸਿੰਘ ਖੁਡਾਲ ਪੀ ਐਸ ਐਮ ਐਸ ਯੂ ਨੇ ਕਿਹਾ ਕਿ ਇਹ ਹੜਤਾਲ ਪੰਜਾਬ ਸਰਕਾਰ ਦੇ ਮੁਲਾਜ਼ਮਾਂ ਜੋ ਅਪ੍ਰੈਲ 2004 ਤੋਂ ਬਾਅਦ ਭਰਤੀ ਹੋਏ ਹਨ। ਉਨ੍ਹਾਂ ਦੀ ਪੁਰਾਣੀ ਪੈਨਸ਼ਨ ਲਾਗੂ ਨਹੀਂ ਕਰ ਰਹੀ, ਏ.ਸੀ.ਪੀ. ਸਕੀਮ ਦੀ ਬਹਾਲੀ, ਕੇਂਦਰੀ ਪੈਟਰਨ 'ਤੇ ਭਰਤੀ ਬੰਦ ਕਰਾਉਣਾ ਅਤੇ ਡੀ ਏ ਦੀਆਂ ਬਕਾਇਆ ਕਿਸ਼ਤਾਂ, ਛੇਵੇਂ ਪੇ ਕਮਿਸ਼ਨ ਦਾ ਬਕਾਇਆ ਜਾਰੀ ਕਰਾਉਣ ਆਦਿ ਸਬੰਧੀ ਪਿਛਲੇ 1 ਮਹੀਨੇ ਤੋਂ ਹੜਤਾਲ ਚੱਲ ਰਹੀ ਹੈ ਮੰਗਾਂ ਨਾ ਮੰਨਣ ਕਾਰਨ ਮੁਲਾਜ਼ਮਾਂ ਵਿੱਚ ਭਾਰੀ ਰੋਹ ਤੇ ਰੋਸ ਪਾਇਆ ਜਾ ਰਿਹਾ ਹੈ। ਸਰਕਾਰ ਦੀਆਂ ਮਾਰੂ ਨੀਤੀਆਂ ਕਰਕੇ ਮੁਲਾਜ਼ਮ ਵਰਗ ਨੂੰ ਸੜਕ 'ਤੇ ਉਤਰਨ ਲਈ ਮਜਬੂਰ ਹੋਣਾ ਪਿਆ ਹੈ, ਜਿਸ ਕਰਕੇ ਲੋਕਾਂ ਦੀ ਖੱਜਲ ਖੁਆਰ ਹੋ ਰਹੇ ਹਨ ਅਤੇ ਸਰਕਾਰ ਕੁੰਭਕਰਨੀ ਨੀਂਦ ਸੁੱਤੀ ਪਈ ਹੈ ਤੇ ਸਰਕਾਰ ਗੱਲਬਾਤ ਸੁਣਨ ਲਈ ਵੀ ਤਿਆਰ ਨਹੀਂ ਹੈ। ਮੱਖਣ ਲਾਲ ਏਟਕ ਜਥੇਬੰਦੀ ਆਡੀਟਰ ਐਸੋਸੀਏਸ਼ਨ ਨੇ ਬੋਲਦਿਆਂ ਇਸ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਵਾਅਦਿਆਂ ਅਤੇ ਗਰੰਟੀਆਂ ਤੋਂ ਮੁੱਕਰਦੇ ਹੋਏ ਔਰਤਾਂ ਨੂੰ ਵੀ ਸੜਕਾਂ ਤੇ ਸੱਥਰ ਵਿਛਾ ਕੇ ਸਰਕਾਰ ਦੇ ਪੁਤਲੇ ਫੂਕਣੇ ਪੈ ਰਹੇ ਹਨ। ਮਨਿਸਟਰੀਅਲ ਕਾਮਿਆਂ ਨੇ ਇਕਸੁਰ ਹੁੰਦਿਆਂ ਕਿਹਾ ਕਿ ਜੇਕਰ ਸਰਕਾਰ ਵੱਲੋਂ ਮੁਲਾਜ਼ਮਾਂ ਦੀਆਂ ਮੰਗਾਂ ਵੱਲ ਧਿਆਨ ਨਾ ਦਿੱਤਾ ਗਿਆ ਤਾਂ ਆਉਣ ਵਾਲੇ ਦਿਨਾਂ ਵਿੱਚ ਤਿੱਖੇ ਐਕਸ਼ਨ ਉਲੀਕ ਕੇ ਸੰਘਰਸ਼ ਦੀ ਰੂਪ ਰੇਖਾ ਵੀ ਤਬਦੀਲ ਕੀਤੀ ਜਾਵੇਗੀ, ਜਿਸ ਦੀ ਸ਼ੁਰੂਆਤ ਸਮੂਹ ਮੁਲਾਜ਼ਮ ਜਥੇਬੰਦੀਆਂ ਵੱਲੋਂ ਮੰਗਾਂ ਨਾ ਮੰਨਣ ਦੇ ਰੋਸ ਵਜੋਂ ਸਰਕਾਰ ਦੇ ਪੁਤਲੇ ਫੂਕ ਕੇ ਸਮੁੱਚੇ ਜ਼ਿਲ੍ਹੇ ਵਿੱਚ ਰੋਸ ਪ੍ਰਦਰਸ਼ਨ ਕੀਤੇ ਜਾਣਗੇ। ਇਸ ਦੌਰਾਨ ਲੋਕਾਂ ਦੀ ਹੋ ਰਹੀ ਖੱਜਲ ਖੁਆਰੀ ਦੀ ਜ਼ਿੰਮੇਵਾਰ ਸਰਕਾਰ ਹੋਵੇਗੀ। ਭਰਾਤਰੀ ਜਥੇਬੰਦੀ ਦੇ ਆਗੂ ਸਿਵਚਰਨ ਦਾਸ ਸੂਚਨ ਜਨ ਚੇਤਨਾ ਮੰਚ ਨੇ ਕਿਹਾ ਕਿ ਸਰਕਾਰ ਪਹਿਲੀਆਂ ਸਰਕਾਰਾਂ ਵਾਂਗ ਕਾਰਪੋਰੇਟ ਘਰਾਣਿਆਂ ਨੂੰ ਤਰਜੀਹ ਦੇ ਰਹੀ ਹੈ, ਜਦਕਿ ਆਮ ਲੋਕ ਸੜਕਾਂ ਤੇ ਰੁਲਣ ਲਈ ਮਜਬੂਰ ਹਨ। ਇਸ ਤੋਂ ਇਲਾਵਾ ਜਸਦੀਪ ਸਿੰਘ ਚਹਿਲ, ਰਾਕੇਸ ਬੋਹਾ, ਡੀ.ਸੀ. ਦਫ਼ਤਰ, ਪਰਮਿੰਦਰ ਕੌਰ, ਐਸ.ਡੀ.ਐਮ. ਦਫ਼ਤਰ, ਮਨਦੀਪ ਸਿੰਘ, ਗੁਰਪ੍ਰੀਤ ਕੌਰ, ਸਿਹਤ ਵਿਭਾਗ ਬੂਟਾ ਸਿੰਘ ਖੇਤੀਬਾੜੀ ਵਿਭਾਗ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਗੁਰਮੀਤ ਸਿੰਘ ਗਾਗੋਵਾਲ, ਰਘਵੀਰ ਸਿੰਘ, ਹਰਵਿੰਦਰ ਸਿੰਘ, ਗੁਰਪ੍ਰੀਤ ਸਿੰਘ, ਅਮਨਦੀਪ ਸਿੰਘ, ਗੁਰਪ੍ਰੀਤ ਕੌਰ, ਸ਼ੈਲੀ ਰਾਣੀ, ਗੁਰਤੇਜ਼ ਸਿੰਘ, ਰਵਨੀਸ਼ ਕੁਮਾਰ, ਹਰਪ੍ਰੀਤ ਸਿੰਘ, ਰਾਕੇਸ਼ ਕੁਮਾਰ, ਸੋਨੀਆ ਗੁਪਤਾ, ਲੱਖਾ ਸਿੰਘ, ਹਰਪ੍ਰੀਤ ਕੌਰ ਤੇ ਸਮੂਹ ਵਿਭਾਗਾਂ ਦੇ ਮਨਿਸਟੀਰੀਅਲ ਸਾਥੀ ਵੀ ਹਾਜ਼ਰ ਹਨ।

# ਅਰਵਿੰਦ ਕੇਜਰੀਵਾਲ ਤੇ ਭਗਵੰਤ ਮਾਨ ਦੀ ਬਠਿੰਡਾ ਫੇਰੀ 17 ਨੂੰ

ਬਠਿੰਡਾ, (ਪਰਵਿੰਦਰ ਜੀਤ ਸਿੰਘ) ਮੁੱਖ ਮੰਤਰੀ ਦਿੱਲੀ ਸ਼੍ਰੀ ਅਰਵਿੰਦ ਕੇਜਰੀਵਾਲ ਤੇ ਮੁੱਖ ਮੰਤਰੀ ਭਗਵੰਤ ਮਾਨ ਜ਼ਿਲ੍ਹੇ ਅਧੀਨ ਪੈਂਦੇ ਮੌੜ ਮੰਡੀ ਵਿਖੇ 17 ਦਸੰਬਰ ਨੂੰ ਕਰਾਏ ਜਾ ਰਹੇ ਇੱਕ ਸਮਾਗਮ ਵਿੱਚ ਸ਼ਿਰਕਤ ਕਰਨਗੇ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਨੇ ਮੁੱਖ ਮਹਿਮਾਨਾਂ ਦੀ ਆਮਦ ਦੇ ਮੱਦੇਨਜ਼ਰ ਅਧਿਕਾਰੀਆਂ ਨਾਲ ਅਗਾਊਂ ਪ੍ਰਬੰਧਾਂ ਸਬੰਧੀ ਬੈਠਕ ਕਰਨ ਮੌਕੇ ਸਾਂਝੀ ਕੀਤੀ। ਇਸ ਦੌਰਾਨ ਉਨ੍ਹਾਂ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਵੀ ਦਿੱਤੇ। ਇਸ ਮੌਕੇ ਉਨ੍ਹਾਂ ਦੇ ਨਾਲ ਏਡੀਜੀਪੀ ਰੇਂਜ ਬਠਿੰਡਾ ਸ਼੍ਰੀ ਐਸਪੀਐਸ ਪਰਮਾਰ, ਐਸਐਸਪੀ ਸ਼੍ਰੀ ਹਰਮਨਵੀਰ ਸਿੰਘ ਗਿੱਲ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਨੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਸਮਾਗਮ ਨੂੰ ਸਫ਼ਲਤਾਪੂਰਵਕ ਢੰਗ ਨਾਲ ਨੇਪਰੇ ਚੜ੍ਹਾਉਣ ਲਈ ਆਪੋ-ਆਪਣੀਆਂ ਡਿਊਟੀਆਂ ਪੂਰੀ ਤਨਦੇਹੀ ਨਾਲ ਨਿਭਾਇਆ ਜਾਵੇ। ਇਸ ਮੌਕੇ ਉਨ੍ਹਾਂ ਅਧਿਕਾਰੀਆਂ ਨੂੰ ਆਦੇਸ਼ ਦਿੰਦਿਆਂ ਕਿਹਾ ਕਿ ਟ੍ਰਾਂਸਪੋਰਟ, ਟ੍ਰੈਫ਼ਿਕ, ਬਿਜਲੀ ਦੀ ਨਿਰਵਿਘਨ ਸਪਲਾਈ, ਮੈਡੀਕਲ ਟੀਮਾਂ ਤੇ ਐਂਬੂਲੈਂਸਾਂ, ਫ਼ਾਇਰ ਬ੍ਰਿਗੇਡ, ਸਾਫ਼ ਪੀਣ ਵਾਲਾ ਪਾਣੀ, ਆਰਜ਼ੀ ਪਖਾਨਿਆਂ, ਬੈਰੀਕੇਡਿੰਗ ਤੇ ਪਾਰਕਿੰਗ ਆਦਿ ਲਈ ਲੋੜੀਂਦੇ ਪ੍ਰਬੰਧ ਮੁਕੰਮਲ ਕਰਨੇ ਯਕੀਨੀ ਬਣਾਏ ਜਾਣੇ। ਉਨ੍ਹਾਂ ਇਹ ਵੀ ਖਾਸ ਹਦਾਇਤ ਕੀਤੀ ਕਿ ਪ੍ਰਬੰਧਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਢਿੱਲਮੱਠ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

ਇਸ ਉਪਰੰਤ ਏਡੀਜੀਪੀ ਰੇਂਜ ਬਠਿੰਡਾ ਸ਼੍ਰੀ ਐਸਪੀਐਸ ਪਰਮਾਰ, ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਅਤੇ ਐਸਐਸਪੀ ਸ਼੍ਰੀ ਹਰਮਨਵੀਰ ਸਿੰਘ ਗਿੱਲ ਵੱਲੋਂ ਸਮਾਗਮ ਵਾਲੀ ਥਾਂ ਦਾ ਦੌਰਾ ਕਰਕੇ ਜਾਇਜ਼ਾ ਲਿਆ ਗਿਆ। ਇਸ ਦੌਰਾਨ ਉਨ੍ਹਾਂ ਮੌਜੂਦ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਸਾਰੇ ਪ੍ਰਬੰਧ ਮੁਕੰਮਲ ਕਰਨੇ ਯਕੀਨੀ ਬਣਾਏ ਜਾਣ ਤਾਂ ਜੁ ਸਮਾਗਮ ਨੂੰ ਸਫ਼ਲਤਾਪੂਰਵਕ ਢੰਗ ਨਾਲ ਨੇਪਰੇ ਚਾੜ੍ਹਿਆ ਜਾ ਸਕੇ।

# ਕਿਸਾਨ ਬਾਲਟੀਆਂ ਨਾਲ ਖੇਤਾਂ 'ਚੋਂ ਪਾਣੀ ਕੱਢਣ ਲਈ ਮਜਬੂਰ



ਪਾਤੜਾਂ, (ਨਿਸ਼ਾਨ ਸਿੰਘ ਬਣਵਾਲਾ) -ਘੱਗਰ ਦਰਿਆ ਦੇ ਨਾਲ ਲੱਗਦੇ ਇਲਾਕੇ ਵਿੱਚ ਇੱਕ ਦਸੰਬਰ ਨੂੰ ਹੋਈ ਭਾਰੀ ਬਰਸਾਤ ਕਾਰਨ ਤਾਜ਼ਾ ਬੀਜੀ ਕਣਕ ਸੈਂਕੜੇ ਏਕੜ ਖਰਾਬ ਹੋ ਗਈ ਹੈ। ਹੜ੍ਹ ਤੋਂ ਪ੍ਰਭਾਵਤ ਕਿਸਾਨਾਂ ਦੁਆਰਾ ਲਾਏ ਝੋਨੇ ਦੇ ਦੇਰੀ ਨਾਲ ਪੱਕਣ ਕਰਕੇ ਪਹਿਲਾਂ ਹੀ ਕਣਕ ਦੀ ਬਿਜਾਈ ਪਛੜ ਰਹੀ ਸੀ।

ਹੁਣ ਖੇਤਾਂ ਵਿੱਚ ਪਾਣੀ ਭਰਨ ਨਾਲ ਬਿਜਾਈ ਹੋਰ ਪਛੜ ਗਈ ਹੈ, ਜਦੋਂਕਿ ਕੁੱਝ ਕਿਸਾਨਾਂ ਨੂੰ ਟਰੈਕਟਰ ਪਿੱਛੇ ਡਰੰਮ ਬੰਨ੍ਹ ਕੇ ਬਾਲਟੀਆਂ ਨਾਲ ਖੇਤਾਂ ਵਿਚੋਂ ਕੱਢ ਕੇ ਜ਼ਮੀਨ ਨੂੰ ਬਿਜਾਈ ਤਿਆਰ ਕਰਨ ਲਈ ਮਿਹਨਤ ਕਰਨੀ ਪੈ ਰਹੀ ਹੈ।

ਪਿੰਡ ਸਧਾਰਨਪੁਰ ਦੇ ਕਿਸਾਨਾਂ ਗੁਰਜਿੰਦਰ ਸਿੰਘ, ਰਣਜੋਧ ਸਿੰਘ, ਅੰਗਰੇਜ਼ ਸਿੰਘ, ਜਸਵਿੰਦਰ ਸਿੰਘ, ਗੁਰਜੰਟ ਸਿੰਘ, ਸੁਖਦੀਪ ਸਿੰਘ, ਨਿਰਵੈਰ ਸਿੰਘ ਆਦਿ ਕਿਸਾਨਾਂ ਨੇ ਦੱਸਿਆ ਕਿ ਉਨ੍ਹਾਂ ਨੂੰ ਸਰਕਾਰ ਅਤੇ ਕੁਦਰਤ ਵੱਲੋਂ ਮਾਰ ਦਰ ਮਾਰ ਪੈ ਰਹੀ ਹੈ।

ਪਹਿਲਾਂ ਜੂਨ ਵਿੱਚ ਆਏ ਹੜ੍ਹ ਕਾਰਨ ਤਾਜ਼ੇ ਲਗਾਏ ਝੋਨੇ ਮਾਰੇ ਗਏ ਸਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਿਰਫ ਪੰਦਰਾਂ ਦਿਨਾਂ ਤੱਕ ਕਿਸਾਨਾਂ ਨੂੰ ਝੋਨੇ ਦੇ ਨੁਕਸਾਨ ਸਮੇਤ ਮਰੀਆਂ ਮੁਰਗੀਆਂ ਤੱਕ ਦਾ ਮੁਆਵਜ਼ਾ ਦੇਣ ਦਾ ਐਲਾਨ ਕੀਤਾ ਸੀ, ਪਰ ਹੁਣ ਤਕਰੀਬਨ ਛੇ ਮਹੀਨੇ ਬੀਤ ਗਏ ਹਨ ਪਰ ਅਜੇ ਤੱਕ ਪਿੰਡ ਦੇ ਕੁੱਝ ਕਿਸਾਨਾਂ ਨੂੰ ਮੁਆਵਜ਼ਾ ਨਹੀਂ ਮਿਲਿਆ। ਹੁਣ ਰਹਿੰਦੀ ਕਸਰ ਕੁਦਰਤ ਨੇ ਦੁਬਾਰਾ ਮੀਂਹ ਪਾ ਕੇ ਕੱਢ ਦਿੱਤੀ ਹੈ। ਉਨ੍ਹਾਂ ਨੇ ਕਿਹਾ ਹੈ ਕਿ ਡਾਕਰ ਜ਼ਮੀਨਾਂ ਵਿਚ ਅਜੇ ਕਣਕ ਦੀ ਬਿਜਾਈ ਕੀਤੀ ਸੀ ਕਿ ਭਾਰੀ ਬਾਰਿਸ਼ ਨੇ ਕਣਕ ਦੀ ਫਸਲ ਖਰਾਬ ਕਰ ਦਿੱਤੀ ਹੈ, ਜਿਥੇ ਬਿਜਾਈ ਰਹਿੰਦੀ ਸੀ ਉਥੇ ਜ਼ਮੀਨਾਂ ਵਿੱਚ ਪਾਣੀ ਭਰ ਜਾਣ ਕਾਰਨ ਕਣਕ ਦੀ ਬਿਜਾਈ ਤਾਂ ਪਛੇਤੀ ਹੋਈ ਹੈ। ਉਲਟਾ ਖੇਤਾਂ ਵਿਚੋਂ ਮਹਿੰਗੇ ਭਾਅ ਦਾ ਟਰੈਕਟਰਾਂ ਵਿਚ ਤੇਲ ਫੂਕ ਕੇ, ਮਜ਼ਦੂਰ ਲਾ ਕੇ ਬਾਲਟੀਆਂ ਨਾਲ ਬਰਸਾਤ ਦਾ ਪਾਣੀ ਕੱਢਣਾ ਪੈ ਰਿਹਾ ਹੈ।

ਕੁੱਝ ਕਿਸਾਨਾਂ ਨੇ ਕਿਹਾ ਕਿ ਪਛੇਤੀ ਕਣਕ ਦਾ ਬੀਜ ਖਰੀਦਣ ਲਈ ਉਨ੍ਹਾਂ ਕੋਲ ਕੋਈ ਪ੍ਰਬੰਧ ਨਹੀਂ ਹੈ। ਇਸ ਕਰਕੇ ਉਨ੍ਹਾਂ ਵੱਲੋਂ ਕਣਕ ਦੀ ਬਿਜਾਈ ਕਰਨੀ ਮੁਸ਼ਕਲ ਹੋ ਰਹੀ ਹੈ।

## ਕਾਤਰਾਂ

### ਰੋਜ਼ੀ ਬਰਕੰਦੀ ਵੱਲੋਂ ਮਦੀਨਾ ਸ਼ੈੱਡ ਲਈ 50 ਹਜ਼ਾਰ ਦੀ ਸਹਾਇਤਾ ਰਾਸ਼ੀ ਭੇਟ



ਸ਼੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ /ਪੂਜਾ )-ਅੱਜ ਸਾਬਕਾ ਵਿਧਾਇਕ ਕੰਵਰਜੀਤ ਸਿੰਘ ਰੋਜ਼ੀ ਬਰਕੰਦੀ ਵੱਲੋਂ ਮਾਡਲ ਟਾਊਨ ਹਲਕਾ ਸ਼੍ਰੀ ਮੁਕਤਸਰ ਸਾਹਿਬ ਵਿਖੇ ਮੁਸਲਿਮ ਭਾਈਚਾਰੇ ਨੂੰ ਮਦੀਨਾ ਸ਼ੈੱਡ ਲਾਉਣ ਲਈ 50 ਹਜ਼ਾਰ ਦੀ ਸਹਾਇਤਾ ਰਾਸ਼ੀ ਭੇਟ ਕੀਤੀ। ਇਸ ਦੌਰਾਨ ਉਨ੍ਹਾ ਨਾਲ ਧਰਮਿੰਦਰ ਸਿੰਘ ਮਾਡਲ ਟਾਊਨ, ਹਰਮੀਤ ਸਿੰਘ, ਹਰਵਿੰਦਰ ਸਿੰਘ ਪੀ ਏ ਆਦਿ ਹਾਜ਼ਰ ਸਨ। ਇਸ ਦੌਰਾਨ ਮੁਸਲਿਮ ਭਾਈਚਾਰੇ ਨੇ ਸਾਬਕਾ ਵਿਧਾਇਕ ਕੰਵਰਜੀਤ ਸਿੰਘ ਰੋਜ਼ੀ ਬਰਕੰਦੀ ਦਾ ਸਹਾਇਤਾ ਰਾਸ਼ੀ ਭੇਟ ਕਰਨ ਲਈ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਰੋਜ਼ੀ ਬਰਕੰਦੀ ਨੂੰ ਵਿਸ਼ਵਾਸ ਦਿਵਾਇਆ ਕਿ ਸਮੂਹ ਮੁਸਲਿਮ ਭਾਈਚਾਰਾ ਉਨ੍ਹਾ ਦੇ ਮੋਢੇ ਨਾਲ ਮੋਢਾ ਲਾ ਕੇ ਖੜ੍ਹਾ ਹੈ ।

### ਮੁਸੀਬਤ ਰੂੰ ਦੇ ਭਰੇ ਥੈਲੇ ਦੀ ਤਰ੍ਹਾਂ ਹੁੰਦੀ ਹੈ : ਬੀ ਕੇ ਸ਼ਾਂਤਨੂੰ



ਜੈਤੋ (ਸਤੀਸ਼ ਕੁਮਾਰ ਭੀਰੀ)- ਮਾਊਂਟ ਆਬੂ ਈਸ਼ਵਰੀਆ ਵਿਸ਼ਵਵਿਦਿਆਲਿਆ ਦੇ ਪ੍ਰਾਂਗਣ ਤੋਂ ਮੀਡੀਆ ਕਾਰਕੁਨਾਂ ਦੇ ਨਾਮ ਸੰਦੇਸ਼ ਦਿੰਦੇ ਹੋਏ ਰਾਸ਼ਟਰੀ ਮੀਡੀਆ ਇੰਚਾਰਜ ਬੀ ਕੇ ਸ਼ਾਂਤਨੂੰ ਨੇ ਕਿਹਾ ਕਿ ਜੀਵਨ ਵਿੱਚ ਆਉਣ ਵਾਲੀਆਂ ਮੁਸੀਬਤਾਂ ਰੂੰ ਦੇ ਥੈਲੇ ਵਰਗੀਆਂ ਹੁੰਦੀਆਂ ਹਨ, ਦੇਖਦੇ ਰਹੇ ਤਾਂ ਬਹੁਤ ਭਾਰੀ ਦਿਖੇਗਾ ਤੇ ਚੁੱਕ ਲਓ ਤਾਂ ਇਕਦਮ ਹਲਕਾ ਲੱਗੇਗਾ। ਉਨ੍ਹਾਂ ਕਿਹਾ ਕਿ ਜੀਵਨ ਵਿੱਚ ਸ਼ਾਂਤੀ ਨੂੰ ਬਰਕਰਾਰ ਰੱਖਣ ਲਈ ਕਦੇ ਕਦੇ ਚੁੱਪ ਧਾਰਨ ਕਰ ਲਵੋ ਪ੍ਰੰਤੂ ਵਿਰੋਧੀਆਂ ਨੂੰ ਨਜ਼ਰਅੰਦਾਜ਼ ਕਰ ਦਿਓ, ਸਮਾਂ ਆਪਣੀ ਚਾਲੇ ਚਲਦਾ ਰਹਿੰਦਾ ਹੈ, ਪਰ ਇਹ ਗੱਲ ਜ਼ਰੂਰ ਯਾਦ ਰੱਖਣੀ ਚਾਹੀਦੀ ਹੈ ਕਿ ਸਮਾਂ ਸਦਾ ਇੱਕੋ ਜਿਹਾ ਨਹੀਂ ਰਹਿੰਦਾ, ਬਦਲਦਾ ਰਹਿੰਦਾ ਹੈ। ਮੁਸੀਬਤ ਆਉਣ 'ਤੇ ਨਿਆਂ ਨਹੀਂ ਬਲਕਿ ਹੱਲ ਹੋਣਾ ਚਾਹੀਦਾ ਹੈ ਕਿਉਂਕਿ ਨਿਆਂ ਨਾਲ ਇੱਕ ਦੇ ਘਰ ਦੀਵੇ ਜਗਦੇ ਹਨ ਤੇ ਦੂਸਰੇ ਦੇ ਘਰ ਹਨੇਰਾ ਪਸਰ ਜਾਂਦਾ ਹੈ ਪ੍ਰੰਤੂ ਹੱਲ ਹੋਣ ਨਾਲ ਦੋਵਾਂ ਦੇ ਘਰ ਦੀਵੇ ਜਗਦੇ ਹਨ।

### ਮਹਿਲਾ ਕਾਲਜ ਔਢਾਂ 'ਚ ਲੱਗਿਆ ਅਧਿਆਪਕ ਸਿਖਲਾਈ ਕੈਂਪ

ਕਾਲਾਂਵਾਲੀ (ਸੁਰਿੰਦਰ ਪਾਲ ਸਿੰਘ) : ਮਾਤਾ ਹਰਕੀ ਦੇਵੀ ਮਹਿਲਾ ਕਾਲਜ ਔਢਾਂ ਵਿਖੇ ਬੀ.ਐੱਡ ਅਧਿਆਪਨ ਸੈਸ਼ਨ 24 ਦੇ ਵਿਦਿਆਰਥੀ ਅਧਿਆਪਕਾਂ ਲਈ ਅਧਿਆਪਕ ਸਿਖਲਾਈ ਪ੍ਰੋਗਰਾਮ ਇਲਾਕੇ ਦੇ ਵੱਖ-ਵੱਖ ਸਕੂਲਾਂ ਵਿੱਚ ਸ਼ੁਰੂ ਕੀਤਾ ਗਿਆ।ਡਾਇਰੈਕਟਰ ਡਾ. ਕੁਲਦੀਪ ਕੌਰ ਆਨੰਦ ਅਤੇ ਸੰਸਥਾ ਦੇ ਸਕੱਤਰ ਮੰਦਰ ਸਿੰਘ ਸਰਾਂ ਨੇ ਸਮੂਹ ਵਿਦਿਆਰਥੀ ਅਧਿਆਪਕਾਂ ਨੂੰ ਸ਼ੁੱਭਕਾਮਨਾਵਾਂ ਭੇਜੀਆਂ ਅਤੇ ਸਕੂਲਾਂ ਨੂੰ ਜਾਣ ਵਾਲੇ ਵਾਹਨਾਂ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ।ਕਾਲਜ ਪ੍ਰਿੰਸੀਪਲ ਡਾ. ਕ੍ਰਿਸ਼ਨਾ ਕਾਂਤ ਨੇ ਕਿਹਾ ਕਿ ਇਸ ਸਿਖਲਾਈ ਪ੍ਰੋਗਰਾਮ ਦਾ ਉਦੇਸ਼ ਅਜਿਹੇ ਅਧਿਆਪਕ ਪੈਦਾ ਕਰਨਾ ਹੈ ਜੋ ਸਮਾਜ ਨੂੰ ਇੱਕ ਨਵੀਂ ਦਿਸ਼ਾ ਵਿੱਚ ਅੱਗੇ ਲਿਜਾ ਸਕਣ। ਵਿਦਿਆਰਥੀ ਅਧਿਆਪਕਾਂ ਨੇ ਕਿਹਾ ਕਿ ਜੋ ਵੀ ਕਲਾਸਾਂ ਵਿੱਚ ਪੜ੍ਹਾਇਆ ਜਾਂਦਾ ਹੈ, ਉਹ ਸਾਨੂੰ ਅਸਲ ਜ਼ਿੰਦਗੀ ਵਿੱਚ ਸਿੱਖਣ ਨੂੰ ਮਿਲੇਗਾ।ਇਨ੍ਹਾਂ ਸਕੂਲਾਂ ਵਿੱਚ ਵਿਦਿਆਰਥਣਾਂ ਦੀ ਜਾਂਚ ਦਾ ਕੰਮ ਕਾਲਜ ਦੇ ਸਹਾਇਕ ਪ੍ਰੋ. ਸੁਰਿੰਦਰ ਸ਼ਾਸਤਰੀ, ਅਦਿੱਤਿਆ ਗੋਦਾਰਾ, ਅਟਲਵੀਰ, ਮਿਸ ਰਾਣੀ ਕੌਰ ਅਤੇ ਮਿਸ ਸੁਲੋਚਨਾ ਟਾਂਡਾ ਵਲੋਂ ਕੀਤਾ ਗਿਆ।

### ਸ੍ਰੀ ਸਾਲਾਸਰ ਧਾਮ ਦੇ ਦਰਸ਼ਨਾਂ ਲਈ 23 ਨੂੰ ਹੋਵੇਗੀ ਬੱਸ ਰਵਾਨਾ

ਬਾਘਾ ਪੁਰਾਣਾ, (ਮਨੀ ਸਿੰਗਲਾ) ਬੱਸ ਸੇਵਾ ਮੰਡਲ ਦੇ ਆਗੂ ਮਨੋਜ ਗੋਇਲ ਤੇ ਰਾਮ ਸੇਵਕ ਬਾਬਾ ਨੇ ਕਿਹਾ ਕਿ 6ਵੀਂ ਬੱਸ ਯਾਤਰਾ ਸ਼੍ਰੀ ਸਾਲਾਸਰ ਧਾਮ, ਸ਼੍ਰੀ ਖਾਟੂ ਸ਼ਾਮ ਅਤੇ ਇੱਛਾਪੂਰਨ ਮੰਦਰ ਦੇ ਦਰਸ਼ਨਾਂ ਲਈ 23 ਦਸੰਬਰ ਨੂੰ ਸ਼ਾਮ 6 ਵਜੇ ਸ਼੍ਰੀ ਸ਼ਿਵ ਮੰਦਰ ਮੋਗਾ ਰੋਡ ਤੋਂ ਰਵਾਨਾ ਹੋਵੇਗੀ, ਜਿਸ ਨੂੰ ਹਰੀ ਝੰਡੀ ਦੇਣ ਦੀ ਰਸਮ ਮਿਸਜ ਰਾਕੇਸ਼ ਗੁਪਤਾ ਵੱਲੋਂ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸ਼ਰਧਾਲੂਆਂ ਲਈ ਸ਼੍ਰੀ ਸਾਲਾਸਰ ਧਾਮ ਤੇ ਖਾਟੂ ਸ਼ਾਮ ਵਿਖੇ ਵਧੀਆ ਕਮਰੇ ਦਾ ਪ੍ਰਬੰਧ ਕੀਤੇ ਗਏ।

### ਭਾਈ ਮਨੀ ਸਿੰਘ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਨਗਰ ਕੀਰਤਨ ਕਰਾਇਆ

ਲੌਂਗੋਵਾਲ, (ਪ੍ਰਦੀਪ ਸਿੰਘ ਸੱਪਲ) ਸ਼੍ਰੋਮਣੀ ਸ਼ਹੀਦ ਭਾਈ ਮਨੀ ਸਿੰਘ ਜੀ ਦੇ ਸ਼ਹੀਦੀ ਦਿਹਾੜੇ ਨੂੰ ਮੁੱਖ ਰੱਖਦੇ ਹੋਏ ਕਸਬਾ ਲੌਂਗੋਵਾਲ ਵਿਖੇ ਵਿਸ਼ਾਲ ਨਗਰ ਕੀਰਤਨ ਕਰਾਇਆ ਗਿਆ, ਜਿਸ ਵਿੱਚ ਇਲਾਕੇ ਦੀ ਸਮੂਹ ਵਿੱਦਿਅਕ ਸੰਸਥਾ ਟੈਗੋਰ ਵਿਦਿਆਲਿਆ ਦੇ ਵਿਦਿਆਰਥੀ ਸ਼ਾਮਲ ਹੋਏ। ਗੁਰਦੁਆਰਾ ਸ਼ਹੀਦ ਭਾਈ ਮਨੀ ਸਿੰਘ ਜੀ ਕਮੇਟੀ ਲੌਂਗੋਵਾਲ ਵੱਲੋਂ ਸਕੂਲ ਪ੍ਰਿੰਸੀਪਲ ਮੈਡਮ ਜਸਵਿੰਦਰ ਕੌਰ ਨੂੰ ਸਿਰੋਪਾ ਭੇਟ ਕਰਕੇ ਸਨਮਾਨ ਕੀਤਾ ਗਿਆ। ਨਗਰ ਕੀਰਤਨ ਦੌਰਾਨ ਸਕੂਲ ਦੇ ਵਿਦਿਆਰਥੀਆਂ ਨੇ ਕਵੀਸ਼ਰੀ ਪੇਸ਼ ਕਰਕੇ ਸੰਗਤ ਨੂੰ ਨਿਹਾਲ ਕੀਤਾ ਤੇ ਪਿੰਡ ਦੀਆਂ ਸਮੂਹ ਸੰਸਥਾਵਾਂ ਵੱਲੋਂ ਵਿਦਿਆਰਥੀਆਂ ਦਾ ਸਨਮਾਨ ਕੀਤਾ ਗਿਆ।

### ਨਸ਼ਿਆਂ ਪ੍ਰਤੀ ਜਾਗਰੂਕਤਾ ਸੈਮੀਨਾਰ

ਜਲਾਲਾਬਾਦ, (ਜੀਤ ਕੁਮਾਰ) ਡਿਪਟੀ ਕਮਿਸ਼ਨਰ ਫ਼ਾਜ਼ਿਲਕਾ ਦੇ ਆਦੇਸ਼ਾਂ ਤਹਿਤ ਨਸ਼ਿਆਂ ਦੇ ਖਾਤਮੇ ਲਈ ਚੱਲ ਰਹੀ ਜਾਗਰੂਕਤਾ ਮੁਹਿੰਮ ਤਹਿਤ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਜਲਾਲਾਬਾਦ ਵਿਖੇ ਸਿਹਤ ਵਿਭਾਗ ਵੱਲੋਂ ਨਸ਼ਾ ਵਿਰੋਧੀ ਜਾਗਰੂਕਤਾ ਸੈਮੀਨਾਰ ਲਾਇਆ ਗਿਆ। ਇਸ ਮੌਕੇ ਸਿਹਤ ਵਿਭਾਗ ਦੀ ਮੈਡਮ ਤਰਨਜੀਤ ਕੌਰ ਨੇ ਬੱਚਿਆਂ ਨੂੰ ਨਸ਼ਿਆਂ ਦੇ ਮਾਰੂ ਪ੍ਰਭਾਵ ਬਾਰੇ ਜਾਣੂ ਕਰਾਇਆ। ਉਨ੍ਹਾਂ ਬੱਚਿਆਂ ਨੂੰ ਪਰਵਾਰਾਂ ਅਤੇ ਸਮਾਜ ਵਿਚ ਨਸ਼ਿਆਂ ਦੇ ਵੱਧਦੇ ਪ੍ਰਭਾਵ ਬਾਰੇ ਦੱਸਿਆ ਅਤੇ ਇਸ 'ਤੇ ਠੱਲ੍ਹ ਪਾਉਣ ਦੇ ਤਰੀਕਿਆਂ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਪ੍ਰਿੰਸੀਪਲ ਅਮਿਤ ਗਗਨੇਜਾ, ਮੈਡਮ ਨਿਰਮਲ, ਮੈਡਮ ਮੋਨਿਕਾ ਚੁੱਘ ਤੇ ਸੋਨੀਆ ਬਜਾਜ ਵੀ ਮੌਜੂਦ ਸਨ।

### ਰੂਪ ਵਾਟਿਕਾ ਸਕੂਲ ਦੇ ਬੱਚਿਆਂ ਨੇ ਜਿੱਤੇ ਹਿੰਦੀ ਓਲੰਪੀਅਡ 'ਚ ਮੈਡਲ



ਜਗਰਾਉਂ, (ਅਮਿਤ ਖੰਨਾ) ਰੂਪ ਵਾਟਿਕਾ ਸਕੂਲ ਵਿੱਚ ਆਏ ਦਿਨ ਕੋਈ ਨਾ ਕੋਈ ਗਤੀਵਿਧੀਆਂ ਹੁੰਦੀਆਂ ਰਹਿੰਦੀਆਂ ਹਨ। ਬੀਤੇ ਦਿਨੀਂ ਰੂਪ ਵਾਟਿਕਾ ਸਕੂਲ ਦੇ ਬੱਚਿਆਂ ਨੇ ਅੰਤਰਰਾਸ਼ਟਰੀ ਹਿੰਦੀ ਉਲੰਪੀਅਡ ਵਿੱਚ ਹਿੱਸਾ ਲਿਆ, ਜਿਸ ਵਿੱਚ ਪੰਜਵੀਂ ਜਮਾਤ ਦੀ ਉਦਿੱਤੀ ਨੂੰ ਗੋਲਡ ਮੈਡਲ, ਤੀਜੀ ਜਮਾਤ ਦੀ ਕਿਸਮਤ ਕੌਰ ਨੂੰ ਗੋਲਡ ਮੈਡਲ, ਚੌਥੀ ਜਮਾਤ ਦੀ ਜੀਆ ਨੂੰ ਗੋਲਡ ਮੈਡਲ, ਚੌਥੀ ਜਮਾਤ ਦੀ ਵੈਸ਼ਨਵੀ ਨੂੰ ਸਿਲਵਰ ਮੈਡਲ ਪ੍ਰਾਪਤ ਹੋਇਆ। ਸਕੂਲ ਦੇ ਪ੍ਰਿੰਸੀਪਲ ਵਿਮੀ ਠਾਕੁਰ ਅਤੇ ਪ੍ਰਧਾਨ ਰਮੇਸ਼ ਜੈਨ ਨੇ ਬੱਚਿਆਂ ਨੂੰ ਵਧਾਈ ਦਿੱਤੀ ਤੇ ਕਿਹਾ ਕਿ ਬੱਚਿਆਂ ਨੂੰ ਹਰ ਵਿਸ਼ੇ ਵਿੱਚ ਮੁਹਾਰਤ ਹਾਸਲ ਕਰਨੀ ਚਾਹੀਦੀ ਹੈ। ਉਨ੍ਹਾਂ ਨੇ ਕਿਹਾ ਕਿ ਬੱਚਿਆਂ ਨੂੰ ਹਰ ਤਰ੍ਹਾਂ ਦੀ ਗਤੀਵਿਧੀਆਂ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ।

### ਸਵਾ 9 ਬੋਤਲਾਂ ਨਜਾਇਜ਼ ਸ਼ਰਾਬ ਸਣੇ ਇੱਕ ਕਾਬੂ

ਜਲਾਲਾਬਾਦ, (ਜੀਤ ਕੁਮਾਰ) ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਵੱਲੋਂ ਸਵਾ 9 ਬੋਤਲਾਂ ਨਜਾਇਜ਼ ਸ਼ਰਾਬ ਸਣੇ ਇਕ ਵਿਅਕਤੀ ਨੂੰ ਕਾਬੂ ਕੀਤਾ ਗਿਆ ਹੈ। ਪਿੰਡ ਹਿਸਾਨਵਾਲਾ ਦੇ ਨਜ਼ਦੀਕ ਨਹਿਰ ਦੀ ਪੱਟੜੀ 'ਤੇ ਗਸ਼ਤ ਕਰਦੇ ਹੋਏ ਹੌਲਦਾਰ ਸਤਪਾਲ ਸਿੰਘ ਸਾਥੀ ਕ੍ਰਮਚਾਰੀਆਂ ਦੇ ਨਾਲ ਡਰੀਮ ਵਿਲਾ ਪੈਲੇਸ ਕੋਲ ਪੁੱਜੇ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਗੁਰਜਿੰਦਰ ਸਿੰਘ ਉਰਫ਼ ਸਵਰਨ ਸਿੰਘ ਵਾਸੀ ਹਿਸਾਨਵਾਲਾ ਨਜਾਇਜ਼ ਸ਼ਰਾਬ ਕਸੀਦ ਕਰਕੇ ਵੇਚਣ ਦਾ ਆਦੀ ਹੈ। ਜੇਕਰ ਹੁਣੇ ਨਾਕਾਬੰਦੀ ਕੀਤੀ ਜਾਵੇ ਤਾਂ ਰੰਗੇ ਹੱਥੀਂ ਕਾਬੂ ਆ ਸਕਦਾ ਹੈ, ਜਿਸ 'ਤੇ ਪੁਲਸ ਪਾਰਟੀ ਨੇ ਕਾਰਵਾਈ ਕਰਦੇ ਹੋਏ ਸਵਾ 9 ਬੋਤਲਾਂ ਨਾਜਾਇਜ਼ ਸ਼ਰਾਬ ਸਣੇ ਗੁਰਜਿੰਦਰ ਸਿੰਘ ਨੂੰ ਕਾਬੂ ਕਰਕੇ ਉਸਦੇ ਖਿਲਾਫ਼ ਧਾਰਾ 61/1/14 ਐਕਸਾਇਜ਼ ਐਕਟ ਤਹਿਤ ਪਰਚਾ ਦਰਜ ਕੀਤਾ ਗਿਆ ਹੈ।

# 'ਭਗਵੰਤ ਮਾਨ ਸਰਕਾਰ, ਤੁਹਾਡੇ ਦੁਆਰ' ਯੋਜਨਾ ਸ਼ੁਰੂ ਕਰਨ 'ਤੇ ਦੇਵ ਮਾਨ ਵੱਲੋਂ ਧੰਨਵਾਦ

ਨਾਭਾ (ਵਰਿੰਦਰ ਵਰਮਾ) ਪੰਜਾਬ ਦੀ ਭਗਵੰਤ ਸਿੰਘ ਮਾਨ ਸਰਕਾਰ ਵੱਲੋਂ 43 ਲੋਕ ਸਹੂਲਤਾਂ ਨੂੰ ਘਰਾਂ 'ਚ ਹੀ ਦੇਣ ਦੀ ਯੋਜਨਾ ਦਾ ਲਾਂਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ 'ਆਪ' ਸੁਪਰੀਮੋ ਅਰਵਿੰਦ ਕੇਜਰੀਵਾਲ ਵੱਲੋਂ ਲੁਧਿਆਣਾ ਵਿਖੇ ਕੀਤਾ ਗਿਆ।

ਭਗਵੰਤ ਸਿੰਘ ਮਾਨ ਸਰਕਾਰ ਦੀ ਇਸ ਪਹਿਲ ਕਦਮੀ ਦਾ ਹਲਕਾ ਨਾਭਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਵੱਲੋਂ ਤਹਿ ਦਿਲੋਂ ਧੰਨਵਾਦ ਕੀਤਾ ਗਿਆ। ਦੇਵ ਮਾਨ ਨੇ ਇਸ ਯੋਜਨਾ ਦੇ ਲਾਂਚ 'ਤੇ ਪ੍ਰਤੀਕਿਰਿਆ ਪ੍ਰਗਟ ਕਰਦਿਆਂ ਕਿਹਾ ਕਿ ਆਮ ਆਦਮੀ ਨੂੰ ਆਪਣੇ ਕੰਮਾਂ ਧੰਦਿਆਂ ਲਈ ਹੁਣ ਸਰਕਾਰੀ ਦਫ਼ਤਰਾਂ ਦੇ ਵਾਰ-ਵਾਰ ਚੱਕਰ ਨਹੀਂ ਮਾਰਨੇ ਪੈਣਗੇ। ਉਨ੍ਹਾਂ ਨੂੰ ਇਹ ਸਹੂਲਤ ਘਰ ਬੈਠੇ ਹੀ ਸਰਕਾਰੀ ਮੁਲਾਜ਼ਮਾਂ ਵੱਲੋਂ ਮੁਹੱਈਆ ਕਰਾਈ ਜਾਵੇਗੀ। ਦੇਵ ਮਾਨ ਨੇ ਦੱਸਿਆ ਕਿ ਇਹ ਸਕੀਮ ਲਾਗੂ ਹੋਣ ਨਾਲ 43 ਨਾਗਰਿਕ ਸੇਵਾਵਾਂ ਇਸ ਯੋਜਨਾ ਦੇ ਘੇਰੇ ਵਿੱਚ ਆਉਣਗੀਆਂ, ਜਿਸ ਤਹਿਤ ਜਨਮ, ਵਿਆਹ, ਮੌਤ, ਆਮਦਨ, ਰਿਹਾਇਸ਼, ਜਾਤੀ, ਪੇਂਡੂ ਖੇਤਰ, ਸਰਹੱਦੀ ਖੇਤਰ, ਪੱਛੜਿਆ ਖੇਤਰ, ਪੈਨਸ਼ਨ, ਬਿਜਲੀ ਬਿੱਲ ਅਦਾਇਗੀ ਆਦਿ ਦੀ ਸਹੂਲਤ ਹੋਵੇਗੀ। ਆਮ ਨਾਗਰਿਕਾਂ ਦੀ ਸਹੂਲਤ ਲਈ ਸਰਕਾਰ ਵੱਲੋਂ ਇੱਕ ਹੈਲਪ ਲਾਈਨ ਨੰਬਰ 1076 ਵੀ ਜਾਰੀ ਕੀਤਾ ਗਿਆ ਹੈ।

# ਸਿਟੀ ਪੁਲਸ ਨੇ ਦੁਕਾਨਦਾਰਾਂ ਕੋਲੋਂ ਸਹਿਯੋਗ ਮੰਗਿਆ



ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)

ਸ਼ਹਿਰ ਅੰਦਰ ਚੋਰੀ ਦੀਆਂ ਘਟਨਾਵਾਂ ਨੂੰ ਰੋਕਣ ਨੂੰ ਲੈ ਕੇ ਸਿਟੀ ਪੁਲਸ ਵੱਲੋਂ ਡੀਐਸਪੀ ਪਾਤੜਾਂ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਦੁਕਾਨਦਾਰਾਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ, ਜਿਸ ਵਿੱਚ ਵੱਖ-ਵੱਖ ਟਰੇਡ ਦੇ ਦੁਕਾਨਦਾਰਾਂ ਨੇ ਸ਼ਮੂਲੀਅਤ ਕੀਤੀ। ਮੀਟਿੰਗ ਦੌਰਾਨ ਸਿਟੀ ਪੁਲਿਸ ਚੌਂਕੀ ਇੰਚਾਰਜ ਜਸਵੰਤ ਸਿੰਘ ਨੇ ਆਉਣ ਵਾਲੇ ਸਰਦੀ ਦੇ ਮੌਸਮ ਦੌਰਾਨ ਹੋਣ ਵਾਲੀਆਂ ਚੋਰੀਆਂ ਆਦਿ ਘਟਨਾਂਵਾਂ ਨੂੰ ਰੋਕਣ ਲਈ ਆਪਣੀ ਆਪਣੀ ਦੁਕਾਨਾਂ ਦੀ ਸੁਰੱਖਿਆ ਲਈ ਚੌਂਕੀਦਾਰ ਰੱਖਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਭਾਵੇ ਸ਼ਹਿਰ ਦੀ ਸਰੱਖਿਆ ਨੂੰ ਲੈ ਕੇ ਰਾਤ ਸਮੇਂ ਪੀਸੀਆਰ ਵੱਲੋਂ ਗਸ਼ਤ ਕੀਤੀ ਜਾਂਦੀ ਹੈ। ਪ੍ਰੰਤੂ ਕੁਝ ਸ਼ਾਤਰ ਲੋਕ ਚੋਰੀ ਦੀਆਂ ਘਟਨਾਵਾਂ ਨੂੰ ਅੰਜਾਮ ਦੇਣ 'ਚ ਕਾਮਯਾਬ ਹੋ ਜਾਂਦੇ ਹਨ। ਇਸ ਲਈ ਦੁਕਾਨਦਾਰਾਂ ਵੱਲੋਂ ਆਪਣੇ ਪੱਧਰ 'ਤੇ ਮਿਲ ਕੇ ਚੌਂਕੀਦਾਰ ਰੱਖੇ ਜਾਣ ਤਾਂ ਸ਼ਹਿਰ ਅੰਦਰ ਹੋਣ ਵਾਲੀਆਂ ਚੋਰੀਆਂ ਨੂੰ ਕਿਸੇ ਹੱਦ ਤੱਕ ਰੋਕਿਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਪੁਲਿਸ 24 ਘੰਟੇ ਸ਼ਹਿਰ ਵਾਸੀਆ ਦੀ ਸੁਰੱਖਿਆ ਲਈ ਵਚਨਬੱਧ ਹੈ, ਜਿਸ ਦੇ ਲਈ ਸ਼ਹਿਰ ਦੇ ਲੋਕਾਂ ਦਾ ਸਹਿਯੋਗ ਜ਼ਰੂਰੀ ਹੈ। ਇਸ ਤੋਂ ਇਲਾਵਾ ਉਨਾਂ ਸ਼ਹਿਰ ਦੇ ਮੁੱਖ ਥਾਂਵਾਂ 'ਤੇ ਲੱਗੇ ਸੀਸੀਟੀਵੀ ਕੈਮਰਿਆਂ ਨੂੰ ਵੀ ਚਾਲੂ ਕਰਨ ਦੀ ਗੱਲ ਕਹੀ ਤਾਂ ਜੁ ਤੀਜੀ ਅਧਖ ਦੀ ਮਦਦ ਨਾਲ ਸਮਾਜ ਵਿਰੋਧੀ ਅਨਸਰਾਂ ਤੇ ਨਿਗ੍ਹਾ ਰੱਖੀ ਜਾ ਸਕੇ। ਮੀਟਿੰਗ ਦੌਰਾਨ ਲਾਲ ਚੰਦ ਲਾਲੀ ਤੇ ਹੋਰ ਦੁਕਾਨਦਾਰਾਂ ਨੇ ਵੀ ਪੁਲਸ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਆਪਣੇ ਪੱਧਰ 'ਤੇ ਚੌਕੀਦਾਰ ਰੱਖਣ ਅਤੇ ਪੁਲਸ ਦਾ ਪੂਰਾ ਸਹਿਯੋਗ ਕਰਨਗੇ।

# ਸਟੈਨਫੋਰਡ ਇੰਟਰਨੈਸ਼ਨਲ ਸਕੂਲ ਚੰਨਣਵਾਲ ਵਿਖੇ ਸਾਲਾਨਾ ਅਥਲੈਟਿਕ ਮੀਟ ਕਰਵਾਈ



ਮਹਿਲ ਕਲਾਂ (ਬਲਵਿੰਦਰ ਵਜੀਦਕੇ,ਪ੍ਰਦੀਪ ਲੋਹਗੜ੍ਹ)-ਸਟੈਨਫੋਰਡ ਇੰਟਰਨੈਸਨਲ ਸਕੂਲ ਚੰਨਣਵਾਲ ਵਿਖੇ ਸਕੂਲ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਡਾਇਰੈਕਟਰ ਐਸ ਐਸ ਵਿਰਦੀ, ਪ੍ਰਿੰਸਪਲ ਪ੍ਰਦੀਪ ਕੌਰ ਦੀ ਦੇਖ- ਰੇਖ ਹੇਠ ਨਰਸਰੀ ਤੋਂ ਲੈ ਕੇ 12 ਵੀਂ ਤੱਕ ਦੇ ਵਿਦਿਆਰਥੀਆਂ ਵਿਚਕਾਰ ਅਥਲੈਟਿਕ ਮੀਟ ਕਰਵਾਈ ਗਈ । ਇਸ ਮੌਕੇ ਮੁੱਖ ਮਹਿਮਾਨ ਗੁਰਪ੍ਰੀਤ ਸਿੰਘ ਜੰਗੀਆਨਾ ਨੇ ਵਿਦਿਆਰਥੀਆਂ ਨੂੰ ਆਸ਼ੀਰਵਾਦ ਦਿੰਦਿਆਂ ਹੌਸਲਾ ਅਫਜ਼ਾਈ ਕੀਤੀ। ਪ੍ਰਤੀਯੋਗਤਾ ਵਿਚ ਵਿਦਿਆਰਥੀਆਂ ਦੇ ਵੱਖ -ਵੱਖ ਖੇਡ ਮੁਕਾਬਲੇ ਜਿਵੇਂ ਦੌੜਾਂ 100 ਮੀਟਰ, 400 ਮੀਟਰ, 1500 ਮੀਟਰ, ਲੰਬੀ ਛਾਲ, ਗੋਲਾ ਸੁੱਟਣਾ, ਰਿਲੇਅ ਰੇਸ ਆਦਿ ਕਰਵਾਏ ਗਏ । ਇਸ ਤੋਂ ਇਲਾਵਾ ਵਿਦਿਆਰਥੀਆਂ ਵਲੋਂ ਗੁਰੱਪ ਡਾਂਸ, ਭੰਗੜਾ ਪੇਸ਼ ਕਰਕੇ ਰੰਗ ਬੰਨ੍ਹਿਆ ਗਿਆ। ਸਕੂਲ ਪ੍ਰਬੰਧਕ ਕਮੇਟੀ ਤੋਂ ਚਮਕੌਰ ਸਿੰਘ ਗਰੇਵਾਲ, ਪਰਮਜੀਤ ਕੌਰ, ਡਾਕਟਰ ਤਪਿੰਦਰ ਸਿੰਘ ਗਰੇਵਾਲ ਨੇ ਵਿਦਿਆਰਥੀਆਂ ਨੂੰ ਹੋਰ ਵਧੇਰੇ ਮਿਹਨਤ ਨਾਲ ਖੇਡਾਂ, ਪੜ੍ਹਾਈ ਦੇ ਖੇਤਰ 'ਚ ਪਹਿਲੀਆਂ ਪੁਜੀਸ਼ਨਾਂ ਹਾਸਲ ਕਰਨ ਲਈ ਪ੍ਰੇਰਿਆ । ਇਸ ਮੌਕੇ ਪਹਿਲਾ ਸਥਾਨ ਗਗਨ, ਹਾਊਸ (ਨੀਲਾ), ਦੂਸਰਾ ਸਥਾਨ ਅਸੋਕ ਕੁਮਾਰ (ਹਰਾ ), ਤੀਸਰਾ ਸਥਾਨ , ਵਿਲੀਅਮ ਸੈਕਸਪੀਅਰ (ਲਾਲ) ਨੇ ਪ੍ਰਾਪਤ ਕੀਤਾ। ਮੰਚ ਦੀ ਜ਼ਿੰਮੇਵਾਰੀ ਸੁਖਜੀਤ ਕੌਰ, ਗੁਰਮੀਤ ਕੌਰ, ਚਨਪ੍ਰੀਤ ਕੌਰ ਅਤੇ ਮਿਸਟਰ ਅਮਨ ਨੇ ਬਾਖੂਬੀ ਨਿਭਾਈ। ਇਸ ਮੌਕੇ ਪ੍ਰਬੰਧਕਾਂ ਨੇ ਪਹਿਲੀਆਂ ਪੁਜੀਸ਼ਨਾਂ ਹਾਸਲ ਕਰਨ ਵਾਲੇ ਹੋਣਹਾਰ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ।

# ਪੀ ਓ ਸਟਾਫ਼ ਨੇ 1 ਭਗੌੜੇ ਨੂੰ ਕੀਤਾ ਕਾਬੂ

ਜਲਾਲਾਬਾਦ, (ਜੀਤ ਕੁਮਾਰ) ਜ਼ਿਲ੍ਹੇ ਦੇ ਐਸ.ਐਸ.ਪੀ. ਮਨਜੀਤ ਸਿੰਘ ਢੇਸੀ ਤੇ ਐਸ.ਪੀ. (ਡੀ) ਮਨਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਪੀ.ਓ. ਸਟਾਫ਼ ਵੱਲੋਂ ਇੱਕ ਭਗੌੜੇ ਵਿਅਕਤੀ ਨੂੰ ਕਾਬੂ ਕੀਤਾ ਗਿਆ ਹੈ।

ਪੀ.ਓ. ਸਟਾਫ ਦੇ ਇੰਚਾਰਜ ਏ.ਐਸ.ਆਈ. ਰਤਨ ਲਾਲ ਨੇ ਦੱਸਿਆ ਕਿ ਥਾਣਾ ਸਦਰ ਜਲਾਲਾਬਾਦ ਵਿਖੇ ਮੁਕੱਦਮਾ ਨੰਬਰ 67 ਮਿਤੀ 18-06-2019 ਨੂੰ ਧਾਰਾ 15/61/85 ਐਨਡੀਪੀਐਸ ਐਕਟ ਤਹਿਤ ਬਲਵਿੰਦਰ ਸਿੰਘ ਉਰਫ ਮੰਗੂ ਪੁੱਤਰ ਨੱਥਾ ਸਿੰਘ ਵਾਸੀ ਪੀਰ ਬਖਸ਼ ਚੌਹਾਨ ਦੇ ਖਿਲਾਫ ਦਰਜ ਹੋਇਆ ਸੀ ਅਤੇ ਇਸ ਨਾਮਜਦ ਵਿਅਕਤੀ ਬਲਵਿੰਦਰ ਸਿੰਘ ਨੂੰ ਮਾਨਯੋਗ ਅਦਾਲਤ ਵੱਲੋਂ ਮਿਤੀ 22-11-2023 ਨੂੰ ਪੀ.ਓ. 299 ਸੀ.ਆਰ.ਪੀ.ਸੀ.ਤਹਿਤ ਭਗੌੜਾ ਘੋਸ਼ਿਤ ਕੀਤਾ ਗਿਆ ਸੀ, ਜਿਸ ਨੂੰ ਅੱਜ ਪੀਓ ਸਟਾਫ ਵੱਲੋਂ ਕਾਬੂ ਕਰਕੇ ਅਗਲੀ ਕਾਰਵਾਈ ਲਈ ਥਾਣਾ ਸਦਰ ਜਲਾਲਾਬਾਦ ਦੀ ਪੁਲਸ ਦੇ ਹਵਾਲੇ ਕਰ ਦਿੱਤਾ ਗਿਆ ਹੈ।

ਇਸ ਮੌਕੇ ਪੀ.ਓ. ਸਟਾਫ ਦੇ ਇੰਚਾਰਜ ਏ.ਐਸ.ਆਈ. ਰਤਨ ਲਾਲ, ਏ.ਐਸ.ਆਈ. ਸਵਾਰ ਸਿੰਘ, ਏ.ਐਸ. ਆਈ. ਰਮੇਸ਼ ਕੁਮਾਰ,ਐਚ.ਸੀ. ਜਰਨੈਲ ਸਿੰਘ, ਜਸਵਿੰਦਰ ਸਿੰਘ, ਐਚਸੀ ਪ੍ਰੇਮ ਸਿੰਘ, ਸੁਨੀਤਾ ਰਾਣੀ, ਸੋਹਨ ਸਿੰਘ ਮੌਜੂਦ ਸਨ।

# ਨੰਬਰਦਾਰ ਲੱਖਾ ਸਿੰਘ ਬਣਵਾਲਾ ਨੂੰ ਸ਼ਰਧਾਂਜਲੀਆਂ



ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ) -ਪਿੰਡ ਬਣਵਾਲਾ ਦੇ ਨੰਬਰਦਾਰ ਦਲਬੀਰ ਸਿੰਘ, ਆਮ ਆਦਮੀ ਪਾਰਟੀ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਸੀਨੀਅਰ ਆਗੂ ਜੁਗਰਾਜ ਸਿੰਘ ਤੇ ਕੁਲਦੀਪ ਸਿੰਘ ਦੇ ਪਿਤਾ ਸਵਰਗੀ ਲੱਖਾ ਸਿੰਘ ਨਮਿਤ ਅੰਤਮ ਅਰਦਾਸ ਅਤੇ ਸ਼ਰਧਾਂਜਲੀ ਸਮਾਰੋਹ ਗੁਰਦੁਆਰਾ ਸਾਹਿਬ ਬਣਵਾਲਾ ਵਿਖੇ ਹੋਇਆ। ਇਸ ਦੌਰਾਨ ਰਾਗੀ ਸਿੰਘ ਭਾਈ ਮੁਖਤਿਆਰ ਸਿੰਘ ਧੂੜੀਆਂ ਦੇ ਜਥੇ ਵੱਲੋਂ ਵੈਰਾਗਮਈ ਕੀਰਤਨ ਕੀਤਾ ਗਿਆ। ਅੰਤਮ ਅਰਦਾਸ ਉਪਰੰਤ ਵੱਖ-ਵੱਖ ਰਾਜਨੀਤਕ, ਧਾਰਮਿਕ ਤੇ ਸਮਾਜਿਕ ਸ਼ਖ਼ਸੀਅਤਾਂ ਨੇ ਵਿਛੜੀ ਹੋਈ ਰੂਹ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਵਿਛੜੀ ਹੋਈ ਰੂਹ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਕਿਹਾ ਕਿ ਸਵ: ਨੰਬਰਦਾਰ ਲੱਖਾ ਸਿੰਘ ਇਲਾਕੇ ਵਿੱਚ ਕਿਸੇ ਜਾਣ-ਪਛਾਣ ਦੇ ਮੁਥਾਜ ਨਹੀਂ। ਉਨ੍ਹਾਂ ਦੇ ਪਰਵਾਰ ਦੀ ਆਪਣੀ ਵਿਲੱਖਣ ਕਿਸਮ ਦੀ ਪਛਾਣ ਹੈ। ਪਰਵਾਰ ਜ਼ਮੀਨ ਨਾਲ ਜੁੜਿਆ ਹੋਇਆ ਹੈ। ਭਾਜਪਾ ਦੇ ਹਲਕਾ ਇੰਚਾਰਜ ਸੁਤਰਾਣਾ ਨਰਾਇਣ ਸਿੰਘ ਨੇ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਕਿਹਾ ਕਿ ਚੰਗੇ ਇਨਸਾਨਾਂ ਦਾ ਦੁਨੀਆਂ ਤੋਂ ਚਲੇ ਜਾਣਾ ਹਮੇਸ਼ਾ ਅਫ਼ਸੋਸਨਾਕ ਹੁੰਦਾ ਹੈ, ਪਰ ਚੰਗੀਆਂ ਪਿਰਤਾਂ ਪਾ ਕੇ ਜਾਣ ਵਾਲਿਆਂ ਉੱਤੇ ਸਮਾਜ ਸਦਾ ਮਾਣ ਕਰਦਾ ਹੈ।

# ਮੁਕਤੀਸਰ ਵੈਲਫੇਅਰ ਕਲੱਬ ਵੱਲੋਂ 10 ਹਜ਼ਾਰ ਤੋਂ ਵੱਧ ਵਾਹਨਾਂ 'ਤੇ ਰਿਫਲੈਕਟਰ ਲਗਾਏ ਜਾਣ ਦਾ ਟੀਚਾ



ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ /ਪੂਜਾ )-ਸੜਕੀ ਹਾਦਸਿਆਂ ਨੂੰ ਰੋਕਣ ਲਈ ਵੱਡੇ ਪੱਧਰ 'ਤੇ ਕੰਮ ਕਰ ਰਹੀ ਮੁਕਤੀਸਰ ਵੈਲਫੇਅਰ ਕਲੱਬ ਰਜਿ: ਨੈਸ਼ਨਲ ਅਵਾਰਡੀ ਐਨ ਜੀ ਓ ਵੱਲੋਂ ਮੇਲੇ ਮਾਘੀ ਦੌਰਾਨ 10 ਹਜ਼ਾਰ ਵਾਹਨਾਂ 'ਤੇ ਰਿਫਲੈਕਟਰ ਲਗਾਏ ਜਾਣਗੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਮੁਕਤੀਸਰ ਵੈਲਫੇਅਰ ਕਲੱਬ ਵੱਲੋਂ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਸ੍ਰੀ ਮੁਕਤਸਰ ਸਾਹਿਬ ਦੇ ਡਿਪਟੀ ਕਮਿਸ਼ਨਰ ਡਾ. ਰੂਹੀ ਦੁੱਗ ਵੱਲੋਂ ਇਹ ਰਿਫਲੈਕਟਰ ਜਾਰੀ ਕੀਤੇ ਗਏ ਹਨ। ਇਸ ਮੌਕੇ ਉਨ੍ਹਾਂ ਦੇ ਨਾਲ ਵਧੀਕ ਡਿਪਟੀ ਕਮਿਸ਼ਨਰ, ਆਰ.ਟੀ.ਏ ਸੰਜੀਵ ਕੁਮਾਰ, ਐਸ ਡੀ ਐਮ ਕੰਵਰਜੀਤ ਸਿੰਘ ਮਾਨ, ਐਸ ਡੀ ਐਮ ਗਿੱਦੜਬਾਹਾ, ਸਿਵਲ ਸਰਜਨ ਕੁਆਡੀਨੇਟਰ ਡਾ. ਨਰੇਸ਼ ਪਰੂਥੀ, ਮੁਕਤੀਸਰ ਵੈਲਫੇਅਰ ਕਲੱਬ ਅਤੇ ਸੀਨੀਅਰ ਸਲਾਹਕਾਰ ਡਾ. ਵਿਜੈ ਬਜਾਜ ਵੀ ਮੌਜੂਦ ਸਨ। ਇਸ ਦੌਰਾਨ ਸਟੇਟ ਅਵਾਰਡੀ ਜਸਪ੍ਰੀਤ ਸਿੰਘ ਛਾਬੜਾ ਨੇ ਕਿਹਾ ਕਿ ਮੁਕਤੀਸਰ ਵੈਲਫੇਅਰ ਕਲੱਬ ਵੱਲੋਂ ਵੱਡੇ ਪੱਧਰ 'ਤੇ ਲੋਕਾਂ ਦੀਆਂ ਕੀਮਤੀ ਜਾਨਾਂ ਬਚਾਉਣ ਲਈ ਖੇਤਰ 'ਚ ਕੰਮ ਕਰ ਰਹੀ ਹੈ। ਉਨ੍ਹਾਂ ਦੱਸਿਆ ਕਿ ਜਨਵਰੀ 'ਚ ਆਉਣ ਵਾਲੇ ਮੇਲਾ ਮਾਘੀ ਦੌਰਾਨ ਮੁਕਤੀਸਰ ਵੈਲਫੇਅਰ ਕਲੱਬ ਦੀ ਟੀਮ ਵੱਲੋਂ ਇਹ ਉਪਰਾਲਾ ਕੀਤਾ ਜਾਵੇਗਾ, ਇਸ ਉਪਰਾਲੇ ਦੀ ਸ਼ਲਾਘਾ ਕਰਦੇ ਹੋਏ ਡਿਪਟੀ ਕਮਿਸ਼ਨਰ ਡਾ. ਰੂਹੀ ਦੁੱਗ ਨੇ ਕਿਹਾ ਕਿ ਬਹੁਤ ਸਾਰੇ ਵਾਹਨਾਂ 'ਤੇ ਰਿਫਲੈਕਟਰ ਨਾ ਲੱਗੇ ਹੋਣ ਕਾਰਨ ਕਈ ਹਾਦਸੇ ਵਾਪਰ ਜਾਂਦੇ ਹਨ ਤੇ ਆਉਣ ਵਾਲੇ ਧੁੰਦ ਦੇ ਸੀਜ਼ਨ 'ਚ ਹਰੇਕ ਵਿਅਕਤੀ ਆਪਣੇ ਵਾਹਨ 'ਤੇ ਰਿਫਲੈਕਟਰ ਜ਼ਰੂਰ ਲਗਾਵੇ ਤਾਂ ਜੋ ਆਪਣੀ ਅਤੇ ਦੂਸਰਿਆਂ ਦੀ ਜਿੰਦਗੀ ਨੂੰ ਬਚਾਇਆ ਜਾ ਸਕੇ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਉਕਤ ਸੰਸਥਾ ਵੱਲੋਂ ਰਿਫਲੈਕਟਰ ਪ੍ਰਾਪਤ ਕਰ ਸਕਦੇ ਹਨ, ਜੋ ਬਿਲਕੁੱਲ ਫ੍ਰੀ ਦਿੱਤੇ ਜਾਣਗੇ।

# ਦੂਲੋ ਨੇ ਪ੍ਰਧਾਨ ਗਰਗ ਨੂੰ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਬਣਨ ਦੀ ਵਧਾਈ ਦਿੱਤੀ



ਅਮਲੋਹ (ਲਖਵੀਰ ਸਿੰਘ, ਹਰਚਰਨ ਉਪਲ)-ਸਾਬਕਾ ਰਾਜ ਸਭਾ ਮੈਂਬਰ ਸ਼ਮਸ਼ੇਰ ਸਿੰਘ ਦੂਲੋ ਨਾਲ ਬਾਰ ਐਸੋਸੀਏਸ਼ਨ ਅਮਲੋਹ ਦੇ ਨਵੇਂ ਪ੍ਰਧਾਨ ਗੋਪਾਲ ਕ੍ਰਿਸ਼ਨ ਗਰਗ ਵੱਲੋਂ ਅਮਲੋਹ ਵਿਖੇ ਵਿਸ਼ੇਸ਼ ਮੁਲਾਕਾਤ ਕੀਤੀ ਗਈ ਉਥੇ ਹੀ ਅਹਿਮ ਵਿਚਾਰਾਂ ਕੀਤੀਆਂ ਅਤੇ ਆਸ਼ੀਰਵਾਦ ਵੀ ਲਿਆ। ਇਸ ਮੌਕੇ ਦੂਲੋ ਨੇ ਪ੍ਰਧਾਨ ਗਰਗ ਨੂੰ ਬਾਰ ਐਸੋਸੀਏਸ਼ਨ ਦੀ ਚੋਣ ਜਿੱਤ ਕੇ ਪ੍ਰਧਾਨ ਬਣਨ ਦੀ ਵਧਾਈ ਦਿੱਤੀ ਅਤੇ ਆਉਣ ਵਾਲੇ ਸਮੇਂ ਵਿੱਚ ਹਰ ਸਹਿਯੋਗ ਦਾ ਭਰੋਸਾ ਵੀ ਦਿੱਤਾ। ਇਸ ਮੌਕੇ ਦੂਲੋ ਨੇ ਗਰਗ ਨੂੰ ਕਿਹਾ ਕਿ ਵਕੀਲ ਭਾਈਚਾਰੇ ਵੱਲੋਂ ਉਨ੍ਹਾਂ ਉਪਰ ਭਰੋਸਾ ਕਰਦੇ ਹੋਏ ਬਾਰ ਐਸੋਸੀਏਸ਼ਸਨ ਅਮਲੋਹ ਦਾ ਪ੍ਰਧਾਨ ਬਣਾਇਆ ਹੈ ਅਤੇ ਉਹ ਵਕੀਲਾਂ ਦੀਆਂ ਉਮੀਦਾਂ 'ਤੇ ਖਰਾ ਉਤਰਨ ਅਤੇ ਉਨ੍ਹਾਂ ਦੀਆਂ ਜੋ ਵੀ ਸਮੱਸਿਆਵਾਂ ਹਨ ਬਿਨਾਂ ਪੱਖਪਾਤ ਉਨ੍ਹਾਂ ਨੂੰ ਹੱਲ ਕਰਨ । ਇਸ ਮੌਕੇ ਸੀਨੀਅਰ ਵਕੀਲ ਦੇਵ ਰਤਨ ਸ਼ਰਮਾ, ਲਵੀ ਦੂਲੋ, ਐਡਵੋਕੇਟ ਬੂਟਾ ਸਿੰਘ, ਐਡਵੋਕੇਟ ਅਜੇ ਮਸਾਲ, ਸੁਨੀਲ ਗਰਗ, ਅਮਰਿੰਦਰ ਗਰਗ, ਸ਼ਮਸ਼ੇਰ ਸਿੰਘ, ਰੋਹਿਤ ਸ਼ਰਮਾ, ਸ਼ਿਵ ਕੁਮਾਰ ਗਰਗ, ਵਕੀਲ ਅਤੇ ਹੋਰ ਲੋਕ ਮੌਜੂਦ ਸਨ।

# 606ਵੇਂ ਦਿਨ ਥਾਣੇ ਮੂਹਰੇ ਹਿਊਮਨ ਰਾਈਟ ਡੇਅ 'ਤੇ ਪੁਲਸ ਦੀ ਨਿਖੇਧੀ



ਜਗਰਾਉਂ (ਨਛੱਤਰ ਸੰਧੂ) ਪੁਲਸ ਅੱਤਿਆਚਾਰਾਂ ਖਿਲਾਫ਼ ਬਣੀ ਸੰਘਰਸ਼ ਕਮੇਟੀ ਦੇ ਕਨਵੀਨਰ ਤੇ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਤਰਲੋਚਨ ਸਿੰਘ ਝੋਰੜਾਂ ਦੀ ਅਗਵਾਈ ਵਿੱਚ ਮੋਗਾ ਜ਼ਿਲ੍ਹੇ ਦੇ ਯੂਨੀਅਨ ਆਗੂਆਂ ਨੇ ਅਣਮਿੱਥੇ ਸਮੇਂ ਦੇ ਚੱਲ ਰਹੇ ਪੱਕੇ ਧਰਨੇ ਦੇ 606ਵੇਂ ਦਿਨ ਕੌਮਾਂਤਰੀ ਹਿਊਮਨ ਰਾਈਟਸ ਡੇਅ ਮੌਕੇ ਪੁਲਸ ਅੱਤਿਆਚਾਰਾਂ ਤੋਂ ਪੀੜਤ ਪਰਵਾਰਾਂ ਦੇ ਹੱਕ ਹਾਅ ਦਾ ਨਾਅਰਾ ਮਾਰਦਿਆਂ ਪੁਲਸ ਅਧਿਕਾਰੀਆਂ ਦੇ ਪੱਖਪਾਤੀ ਵਤੀਰੇ ਦੀ ਨਿਖੇਧੀ ਕੀਤੀ ਅਤੇ ਪੁਲਸ ਅਫ਼ਸਰਾਂ ਵੱਲੋਂ ਕੀਤੇ ਜਾ ਰਹੇ ਮਨੁੱਖੀ ਅਧਿਕਾਰਾਂ ਦੇ ਘਾਣ ਦੀ ਨਿੰਦਾ ਕੀਤੀ। ਤਰਲੋਚਨ ਸਿੰਘ ਝੋਰੜਾਂ, ਨਾਜਰ ਸਿੰਘ ਖਾਈ ਜ਼ਿਲ੍ਹਾ ਮੀਤ ਪ੍ਰਧਾਨ ਮੋਗਾ, ਜਗਸੀਰ ਸਿੰਘ ਬਲਾਕ ਮੀਤ ਪ੍ਰਧਾਨ ਨਿਹਾਲ ਸਿੰਘ ਵਾਲਾ, ਬਲਜਿੰਦਰ ਸਿੰਘ ਮਾਛੀਕੇ, ਹਰਪਾਲ ਸਿੰਘ ਮਾਛੀਕੇ, ਜਸਵੀਰ ਸਿੰਘ ਮਾਛੀਕੇ, ਅਮਰਜੀਤ ਕੌਰ, ਬੇਅੰਤ ਕੌਰ, ਚਰਨ ਕੌਰ ਨੇ ਦੋਸ਼ ਲਾਇਆ ਕਿ ਭਾਵੇਂ ਕੌਮਾਂਤਰੀ ਪੱਧਰ 'ਤੇ ਅੱਜ ਦਿਨ ਸੱਤਾਧਾਰੀ ਰਾਜਨੀਤਕ ਲੋਕਾਂ ਵੱਲੋਂ ਤੇ ਸੁਰੱਖਿਆ ਅਧਿਕਾਰੀਆਂ ਵਲੋਂ ਬਹੁਤ ਕਿਸਮ ਦੇ ਪਖੰਡ ਕੀਤੇ ਜਾਂਦੇ ਹਨ, ਪਰ ਸੱਚਾਈ ਇਹ ਹੈ ਕਿ ਪੁਲਸ ਅਤੇ ਸੁਰੱਖਿਆ ਅਧਿਕਾਰੀ ਹੀ ਸਭ ਤੋਂ ਵਧੇਰੇ ਮਨੁੱਖੀ ਅਧਿਕਾਰਾਂ ਦਾ ਘਾਣ ਕਰਦੇ ਹਨ। ਤਰਲੋਚਨ ਸਿੰਘ ਝੋਰੜਾਂ ਨੇ ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ, ਕੌਮੀ ਮਨੁੱਖੀ ਅਧਿਕਾਰ ਕਮਿਸ਼ਨ ਤੇ ਕੌਮੀ ਅਪਰਾਧ ਰਿਕਾਰਡ ਬਿਊਰੋ ਦੇ ਅੰਕੜੇ 'ਤੇ ਅਧਾਰਤ ਗੱਲ ਕਰਦਿਆਂ ਕਿਹਾ ਕਿ ਇਨ੍ਹਾਂ ਅਦਾਰਿਆਂ ਪਾਸ ਸਭ ਤੋਂ ਵਧੇਰੇ 22222 ਦੇ ਕਰੀਬ ਸ਼ਿਕਾਇਤਾਂ ਦਰਜ ਹਨ। 'ਕੌਮਾਂਤਰੀ ਡੇਅ' ਮੌਕੇ ਧਰਨੇ 'ਚ ਵੱਖਰੇ ਤੌਰ 'ਤੇ ਹਾਜ਼ਰੀ ਭਰਦਿਆਂ ਬੀਕੇਯੂ ਉਗਰਾਹਾਂ ਦੇ ਬਲਾਕ ਪ੍ਰਧਾਨ ਸੁਖਦੇਵ ਸਿੰਘ ਗਾਲਿਬ, ਸੀਪੀਐਮ ਦੇ ਸਾਬਕਾ ਆਗੂ ਕਾਮਰੇਡ ਭਰਪੂਰ ਸਿੰਘ ਛੱਜਾਵਾਲ, ਬੀਕੇਯੂ ਡਕੌਂਦਾ ਦੇ ਰਾਮਤੀਰਥ ਸਿੰਘ ਲੀਲ੍ਹਾ, ਬਸਪਾ ਆਗੂ ਹਰਜੀਤ ਸਿੰਘ ਲੀਲ੍ਹਾ, ਪੇਂਡੂ ਮਜ਼ਦੂਰ ਯੂਨੀਅਨ (ਮਸ਼ਾਲ) ਬਲਦੇਵ ਸਿੰਘ ਫੌਜੀ, ਠੇਕੇਦਾਰ ਅਵਤਾਰ ਸਿੰਘ ਜਗਰਾਉਂ, ਬਾਪੂ ਦਲੀਪ ਸਿੰਘ ਅਖਾੜਾ ਨੇ ਕਿਹਾ ਕਿ ਕੌਮੀ ਕਮਿਸ਼ਨਾਂ ਦੇ ਆਦੇਸ਼ਾਂ ਨਾਂਅ ਵੀ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਹੈ। ਦੱਸਣਯੋਗ ਹੈ ਕਿ ਕੌਮੀ ਕਮਿਸ਼ਨ ਨੇ ਦੋਸ਼ੀਆਂ ਦੀ ਗ੍ਰਿਫ਼ਤਾਰੀ ਕਰਨ, ਪੀੜਤਾਂ ਨੂੰ ਮੁਆਵਜ਼ਾ ਦੇਣ ਅਤੇ ਪੀੜਤ ਮਾਤਾ ਨੂੰ ਪੈਨਸ਼ਨ ਦੇਣ ਦੇ ਹੁਕਮ ਜਾਰੀ ਕੀਤੇ ਹੋਏ ਹਨ, ਪਰ ਅਧਿਕਾਰੀਆਂ ਦੇ ਕੰਨ ਜੂੰ ਨਹੀਂ ਸਰਕ ਰਹੀ, ਜਿਸ ਕਾਰਨ ਜਨਤਕ ਜਥੇਬੰਦੀਆਂ ਦੇ ਨੁਮਾਇੰਦੇ ਅਤੇ ਪੀੜਤ ਲੋਕ 20 ਮਹੀਨਿਆਂ ਤੋਂ ਥਾਣੇ ਮੂਹਰੇ ਅਣਮਿੱਥੇ ਸਮੇਂ ਦੇ ਪੱਕੇ ਧਰਨੇ 'ਤੇ ਬੈਠੇ ਹਨ। ਇਸ ਮੌਕੇ ਪੀੜਤ ਤੇ ਮੁਦਈ ਮੁਕੱਦਮਾ ਇਕਬਾਲ ਸਿੰਘ ਰਸੂਲਪੁਰ ਨੇ ਪੁਲਸ ਅਧਿਕਾਰੀਆਂ ਅਤੇ ਤਫ਼ਤੀਸ਼ੀ ਅਧਿਕਾਰੀਆਂ ਦੇ ਪੱਖਪਾਤੀ ਵਤੀਰੇ ਦੀ ਨਿਖੇਧੀ ਕੀਤੀ।

# ਦੁਰਬਲ ਨਾਥ ਸੇਵਾ ਸੰਮਤੀ ਦੀ ਮੀਟਿੰਗ ਹੋਈ



ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ) ਸ੍ਰੀ ਗੁਰੂ ਦੁਰਬਲ ਨਾਥ ਸੇਵਾ ਸੰਮਤੀ ਦੀ ਇੱਕ ਅਹਿਮ ਮੀਟਿੰਗ ਪ੍ਰਧਾਨ ਸ਼ਿਵਰਾਜ ਰਾਜੌਰਾ ਦੀ ਪ੍ਰਧਾਨਗੀ ਵਿੱਚ ਖਟੀਕ ਧਰਮਸ਼ਾਲਾ ਗਿੱਦੜਬਾਹਾ ਵਿਖੇ ਹੋਈ। ਮੀਟਿੰਗ ਵਿੱਚ ਸੰਮਤੀ ਦੁਆਰਾ ਕੀਤੇ ਗਏ ਕੰਮਾਂ ਅਤੇ ਗਤੀਵਿਧੀਆਂ ਬਾਰੇ ਵਿਚਾਰਾਂ ਕੀਤੀਆਂ ਗਈਆਂ । ਇਸ ਮੌਕੇ ਸਾਰਿਆਂ ਦੀ ਸਹਿਮਤੀ ਨਾਲ ਬਾਬਾ ਦੁਰਬਲ ਨਾਥ ਜੀ ਦੇ ਮੰਦਰ ਨਿਰਮਾਣ ਤੇ ਮੂਰਤੀ ਦੀ ਸਥਾਪਨਾਂ ਦੇ ਕੀਤੇ ਗਏ ਸੰਕਲਪ ਨੂੰ ਦੁਹਰਾਇਆ ਗਿਆ। ਆਗੂਆਂ ਵੱਲੋਂ ਮੰਦਰ ਨਿਰਮਾਣ ਅਤੇ ਮੂਰਤੀ ਦੀ ਸਥਾਪਨਾਂ ਦੇ ਵਡਮੁੱਲੇ ਕਾਰਜ ਲਈ ਫੰਡ ਅਤੇ ਪੂਰਾ ਸਹਿਯੋਗ ਦੇਣ ਦੀ ਲੋਕਾਂ ਨੂੰ ਅਪੀਲ ਵੀ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲ;ਾਵਾ ਬਾਬੂ ਰਾਮ ਰਾਜੌਰਾ, ਪਵਨ ਮਹਿੰਦਰਾ, ਰਵੀ ਮਲਹੋਤਰਾ, ਸ਼ੰਟੀ ਮਲਹੋਤਰਾ ਨੇ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਸਮਾਜ ਵਿੱਚ ਕੁਰਦੀਆਂ ਨੂੰ ਦੂਰ ਕਰਨ ਲਈ ਦ੍ਰਿੜ੍ਹ ਨਿਸਚੇ ਨਾਲ ਕੰਮ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸੰਨੀ ਰਾਜੌਰਾ, ਨਵੀਨ ਮਲਹੋਤਰਾ, ਅਮਨ ਚੌਹਾਨ, ਨੀਰਜ਼ ਰਾਜੌਰਾ, ਵਿੱਕੀ ਰਾਜੌਰਾ, ਸੰਨੀ ਭੱਲਾ, ਗਿਆਨ ਚੰਦ ਰਾਜੌਰਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਮਤੀ ਮੈਂਬਰ ਹਾਜ਼ਰ ਸਨ।

# ਵਿਕਸਤ ਭਾਰਤ ਸੰਕਲਪ ਯਾਤਰਾ ਤਹਿਤ ਸਰਕਾਰੀ ਯੋਜਨਾਵਾਂ ਬਾਰੇ ਲੋਕਾਂ ਨੂੰ ਕੀਤਾ ਜਾਗਰੂਕ



ਮਾਨਸਾ (ਆਤਮਾ ਸਿੰਘ ਪਮਾਰ)- ਸਿਵਲ ਸਰਜਨ ਡਾ. ਰਣਜੀਤ ਰਾਏ ਦੇ ਦਿਸ਼ਾ ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫਸਰ ਡਾ. ਹਰਦੀਪ ਸ਼ਰਮਾ ਦੀ ਅਗਵਾਈ ਵਿੱਚ ਵਿਕਸਤ ਭਾਰਤ ਸੰਕਲਪ ਯਾਤਰਾ ਵੈਨ ਰਾਹੀਂ ਪਿੰਡ ਘਰਾਂਗਣਾ, ਗਾਗੋਵਾਲ, ਅਨੂਪਗੜ੍ਹ ਤੇ ਮੋਜੋ ਕਲਾਂ ਵਿਖੇ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸੇਵਾਵਾਂ ਬਾਰੇ ਜਾਗਰੂਕ ਕੀਤਾ ਗਿਆ ।

ਸੀਨੀਅਰ ਮੈਡੀਕਲ ਅਫ਼ਸਰ ਡਾ. ਹਰਦੀਪ ਸ਼ਰਮਾ ਨੇ ਦੱਸਿਆ ਕਿ ਭਾਰਤ ਸਰਕਾਰ ਵੱਲੋਂ ਵਿਸ਼ੇਸ਼ ਜਾਗਰੂਕਤਾ ਵੈਨ ਰਾਹੀਂ ਸਰਕਾਰ ਦੀਆਂ 17 ਮਹੱਤਵਪੂਰਨ ਯੋਜਨਾਵਾਂ ਨੂੰ ਲੋਕਾਂ ਤੱਕ ਪੁਚਾਉਣ ਤੋਂ ਇਲਾਵਾ ਸੰਭਾਵੀ ਲਾਭਪਾਤਰੀਆਂ ਨੂੰ ਸ਼ਾਮਲ ਕਰਨ ਦੀ ਯੋਜਨਾ ਹੈ। ਵੈਨਾਂ ਵਿਚ ਉਪਲਬਧ ਸਕਰੀਨ, ਪ੍ਰਚਾਰ ਸਮੱਗਰੀ ਅਤੇ ਵੀਡੀਓ ਰਾਹੀਂ 26 ਜਨਵਰੀ ਤੱਕ ਪਿੰਡਾਂ ਵਿਚ ਜ਼ਮੀਨੀ ਪੱਧਰ 'ਤੇ ਸਰਕਾਰੀ ਸਕੀਮਾਂ ਬਾਰੇ ਜਾਣਕਾਰੀ ਦਿੱਤੀ ਜਾ ਰਹੀ ਹੈ।

ਇਸ ਤੋਂ ਇਲਾਵਾ ਸਿਹਤ ਤੇ ਪਰਵਾਰ ਭਲਾਈ ਵਿਭਾਗ ਬਲਾਕ ਖਿਆਲਾ ਕਲਾਂ ਵੱਲੋਂ ਮੈਡੀਕਲ ਚੈੱਕਅਪ ਕੈਂਪ ਲਾਇਆ ਗਿਆ, ਜਿਸ ਵਿੱਚ ਲੋਕਾਂ ਦੇ ਬੀ.ਪੀ, ਸ਼ੂਗਰ ਤੇ ਖੂਨ ਦੀ ਜਾਂਚ ਕੀਤੀ ਗਈ। ਕਮਿਊਨਿਟੀ ਹੈਲਥ ਅਫ਼ਸਰ ਰਮਨਦੀਪ ਕੌਰ, ਮਨਦੀਪ ਕੌਰ ,ਏਐਨਐਮ ਕੁਲਵਿੰਦਰ ਕੌਰ ਅਤੇ ਆਸ਼ਾ ਵਰਕਰਾਂ ਦੀ ਟੀਮ ਵੱਲੋਂ ਗੈਰ ਸੰਚਾਰੀ ਬਿਮਾਰੀਆਂ ਦਾ ਚੈੱਕਅਪ ਕੀਤਾ ਗਿਆ ਅਤੇ ਲੋਕਾਂ ਨੂੰ ਵੈਕਟਰ-ਬੋਰਨ ਬਿਮਾਰੀਆਂ ਤੋਂ ਬਚਾਅ ਲਈ ਜਾਗਰੂਕ ਕੀਤਾ ਗਿਆ। ਆਯੁਸ਼ਮਾਨ ਭਾਰਤ-ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਅਧੀਨ ਸਿਹਤ ਬੀਮਾ ਕਾਰਡ ਬਣਾਏ ਗਏ। ਨੈਸ਼ਨਲ ਟੀ.ਬੀ. ਖਾਤਮਾ ਪ੍ਰੋਗਰਾਮ ਤਹਿਤ ਲੋਕਾਂ ਦੇ ਟੀ.ਬੀ. ਦੇ ਸ਼ੱਕੀ ਮਰੀਜ਼ਾਂ ਦੀ ਜਾਂਚ ਕੀਤੀ ਗਈ। ਸੰਕਲਪ ਯਾਤਰਾ ਸਬੰਧੀ ਪਿੰਡ ਵਿੱਚ ਆਸ਼ਾ ਵਰਕਰਾਂ ਦੁਆਰਾ ਪੇਂਡੂ ਸਿਹਤ ਸਫ਼ਾਈ ਕਮੇਟੀ ਮੈਂਬਰਾਂ ਨੂੰ ਸਰਕਾਰੀ ਸਕੀਮਾਂ ਬਾਰੇ ਜਾਗਰੂਕ ਕੀਤਾ ਗਿਆ।

ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਵੱਲੋਂ ਆਪਣੇ ਆਪਣੇ ਵਿਭਾਗ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਬਾਰੇ ਜਾਣਕਾਰੀ ਦਿੱਤੀ ਗਈ ।

# 2 ਹਫ਼ਤੇ ਦਾ ਡੇਅਰੀ ਸਿਖਲਾਈ ਕੋਰਸ 18 ਤੋਂ ਸ਼ੁਰੂ

ਲੰਬੀ/ਮਲੋਟ, (ਗੁਰਮੀਤ ਸਿੰਘ ਮੱਕੜ) ਪੰਜਾਬ ਸਰਕਾਰ ਸੂਬੇ ਵਿੱਚੋਂ ਬੇਰੁਜ਼ਗਾਰੀ ਨੂੰ ਖਤਮ ਕਰਨ ਦੇ ਮੰਤਵ ਨਾਲ ਵੱਖ ਵੱਖ ਸਕੀਮਾਂ ਤਹਿਤ ਉਪਰਾਲੇ ਕਰ ਰਹੀ ਹੈ ਤਾਂ ਜੁ ਬੇਰੁਜ਼ਗਾਰ ਵਿਅਕਤੀਆਂ ਨੂੰ ਸਵੈਰੋਜ਼ਗਾਰ ਮੁਹੱਈਆ ਕਰਾ ਕੇ ਉਨ੍ਹਾਂ ਨੂੰ ਆਤਮ ਨਿਰਭਰ ਬਣਾਇਆ ਜਾ ਸਕੇ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਪੰਜਾਬ ਦੇ ਖੇਤੀਬਾੜੀ ਤੇ ਡੇਅਰੀ ਵਿਕਾਸ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਡੇਅਰੀ ਵਿਕਾਸ ਵਿਭਾਗ ਵੱਲੋਂ 2 ਹਫਤੇ ਡੇਅਰੀ ਸਿਖਲਾਈ ਕੋਰਸ 18 ਦਸੰਬਰ ਨੂੰ ਇੰਟਾਗ੍ਰੇਟਿਡ ਫਾਰਮਰ ਟ੍ਰੇਨਿੰਗ ਸੈਂਟਰ, ਅਬੁੱਲ ਖੁਰਾਣਾ (ਜ਼ਿਲ੍ਹਾ ਸ਼੍ਰੀ ਮੁਕਤਸਰ ਸਾਹਿਬ) ਵਿਖੇ ਸ਼ੁਰੂ ਕੀਤਾ ਜਾ ਰਿਹਾ ਹੈ।

ਖੁੱਡੀਆਂ ਨੇ ਦੱਸਿਆ ਕਿ ਇਸ ਸਿਖਲਾਈ ਦੌਰਾਨ ਦੁਧਾਰੂ ਪਸ਼ੂਆਂ ਦੀ ਖਰੀਦ, ਉਨ੍ਹਾਂ ਦਾ ਰੱਖ—ਰਖਾਵ, ਖਾਦ—ਖੁਰਾਕ, ਨਸਲ ਸੁਧਾਰ ਤੇ ਮੰਡੀਕਰਨ ਦੀਆਂ ਨਵੀਆਂ ਤਕਨੀਕਾਂ ਬਾਰੇ ਜਾਣਕਾਰੀ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਸ ਸਿਖਲਾਈ ਨਾਲ ਪੜ੍ਹੇ-ਲਿਖੇ ਬੇਰੋਜ਼ਗਾਰ ਨੌਜਵਾਨ ਆਪਣਾ ਡੇਅਰੀ ਦਾ ਧੰਦਾ ਸ਼ੁਰੂ ਕਰਕੇ ਸਵੈ ਰੋਜ਼ਗਾਰ ਚਲਾ ਸਕਦੇ ਹਨ।

ਉਨ੍ਹਾਂ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਸਿਖਲਾਈ ਵਿੱਚ ਭਾਗ ਲੈਣ ਵਾਲੇ ਸਿਖਿਆਰਥੀ ਪੇਂਡੂ ਖੇਤਰ ਨਾਲ ਸਬੰਧ ਰੱਖਦੇ ਹੋਣ, ਜਿਸ ਦੀ ਘੱਟੋ-ਘੱਟ ਵਿਦਿਅਕ ਯੋਗਤਾ ਪੰਜਵੀਂ ਹੋਵੇ ਅਤੇ ਉਮਰ ਹੱਦ 18 ਤੋਂ 50 ਸਾਲ ਤੱਕ ਹੋਵੇ। ਇਸ ਸਿਖਲਾਈ ਦੀ ਫੀਸ 1000 ਰੁਪਏ ਜਨਰਲ ਸ਼੍ਰੇਣੀ ਅਤੇ 750 ਰੁਪਏ ਅਨੁਸੂਚਿਤ ਜਾਤੀ ਦੇ ਸਿਖਿਆਰਥੀਆਂ ਲਈ ਹੋਵੇਗੀ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਡੇਅਰੀ ਵਿਭਾਗ ਦੇ ਇਸ ਸਿਖਲਾਈ ਕੋਰਸ ਦਾ ਵੱਧ ਤੋਂ ਵੱਧ ਲਾਭ ਉਠਾਇਆ ਜਾਵੇ।

# ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਮੋਗਾ ਵਾਸੀ ਲੈ ਸਕਣਗੇ ਮੁਫ਼ਤ ਤੀਰਥ ਯਾਤਰਾ ਦਾ ਲਾਹਾ



ਮੋਗਾ (ਅਮਰਜੀਤ ਬੱਬਰੀ)- ਪੰਜਾਬ ਸਰਕਾਰ ਵੱਲੋਂ ਸਿੱਖਾਂ ਦੀ ਪਹਿਲੀ ਪਾਤਸ਼ਾਹੀ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ 27 ਨਵੰਬਰ ਨੂੰ ਆਪਣੀ 'ਮੁੱਖ ਮੰਤਰੀ ਤੀਰਥ ਯਾਤਰਾ ਸਕੀਮ' ਦੀ ਸ਼ੁਰੂਆਤ ਕੀਤੀ ਗਈ ਹੈ। ਇਸ ਰਾਹੀਂ ਵੱਡੀ ਗਿਣਤੀ ਵਿੱਚ ਲੋਕ ਵਿਸ਼ੇਸ਼ ਟਰੇਨਾਂ ਤੇ ਬੱਸਾਂ ਰਾਹੀਂ ਵੱਖ-ਵੱਖ ਧਾਰਮਿਕ ਸਥਾਨਾਂ ਦੇ ਬਿਲਕੁਲ ਮੁਫ਼ਤ ਦਰਸ਼ਨ ਕਰ ਰਹੇ ਹਨ।ਇਨ੍ਹਾਂ ਵਿਸ਼ੇਸ਼ ਬੱਸਾਂ ਤੇ ਟਰੇਨਾਂ ਵਿੱਚ ਸ਼ਰਧਾਲੂਆਂ ਲਈ ਵਿਸ਼ੇਸ਼ ਪ੍ਰਬੰਧ ਕੀਤੇ ਗਏ ਹਨ।ਮੁਫ਼ਤ ਖਾਣਾ, ਰਹਿਣ-ਸਹਿਣ ਤੇ ਸ਼ਰਧਾਲੂ ਕਿੱਟਾਂ ਤੋਂ ਇਲਾਵਾ ਟੂਰਿਸਟ ਗਾਈਡ ਦੀਆਂ ਸਹੂਲਤਾਂ ਮੁਫ਼ਤ ਮੁਹੱਈਆ ਕਰਾਈਆਂ ਜਾ ਰਹੀਆਂ ਹਨ।

ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਡਿਪਟੀ ਕਮਿਸ਼ਨਰ ਮੋਗਾ ਕੁਲਵੰਤ ਸਿੰਘ ਨੇ ਦੱਸਿਆ ਕਿ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਜ਼ਿਲ੍ਹਾ ਮੋਗਾ ਵਿੱਚੋਂ 3 ਵਿਸ਼ੇਸ਼ ਬੱਸਾਂ 14, 15 ਤੇ 16 ਨੂੰ ਵੱਖ-ਵੱਖ ਧਾਰਮਿਕ ਸਥਾਨਾਂ ਲਈ ਰਵਾਨਾ ਹੋ ਰਹੀਆਂ ਹਨ। ਇਹ ਵਿਸ਼ੇਸ਼ ਬੱਸਾਂ 14 ਦਸੰਬਰ ਨੂੰ ਧਰਮਕੋਟ ਤੋਂ ਸ੍ਰੀ ਆਨੰਦਪੁਰ ਸਾਹਿਬ ਤੇ ਸ਼੍ਰੀ ਅੰਮ੍ਰਿਤਸਰ ਸਾਹਿਬ ਲਈ, 15 ਦਸੰਬਰ ਨੂੰ ਮੋਗਾ ਤੋਂ ਤਲਵੰਡੀ ਸਾਬੋ ਤੇ ਅਨੰਦਪਰ ਸਾਹਿਬ ਲਈ, 16 ਦਸੰਬਰ ਨੂੰ ਬਾਘਾਪੁਰਾਣਾ ਤੋਂ ਸ੍ਰੀ ਆਨੰਦਪੁਰ ਸਾਹਿਬ ਤੇ ਸ਼੍ਰੀ ਅੰਮ੍ਰਿਤਸਰ ਸਾਹਿਬ ਲਈ ਰਵਾਨਾ ਹੋਣਗੀਆਂ। ਹਰੇਕ ਹਲਕੇ ਤੋਂ 8-8 ਬੱਸਾਂ ਵੱਖ ਵੱਖ ਧਾਰਮਿਕ ਸਥਾਨਾਂ ਲਈ ਰਵਾਨਾ ਹੋਣਗੀਆਂ।

ਕੁਲਵੰਤ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਮੋਗਾ ਨਾਲ ਸੰਬੰਧਤ ਸ਼ਰਧਾਲੂ ਉਕਤ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਟਰਾਂਸਪੋਰਟ ਵਿਭਾਗ ਦੀ ਵੈਬਸਾਈਟ ਤੋਂ ਫਾਰਮ ਡਾਊਨਲੋਡ ਕਰਕੇ ਆਪਣੇ ਹਲਕੇ ਦੇ ਵਿਧਾਇਕ ਜਾਂ ਐੱਸ ਡੀ ਐੱਮ ਦਫ਼ਤਰ ਵਿਖੇ ਜਮ੍ਹਾ ਕਰਾ ਸਕਦੇ ਹਨ।ਹਰੇਕ ਯਾਤਰੀ ਲਈ ਆਪਣੀ ਅਗਾਊਂ ਰਜਿਸਟ੍ਰੇਸ਼ਨ ਕਰਾਉਣੀ ਲਾਜ਼ਮੀ ਹੈ।ਬੱਸਾਂ ਵਿੱਚ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਯਾਤਰੀਆਂ ਨੂੰ ਹਰ ਸੰਭਵ ਸੁਵਿਧਾ ਦਿੱਤੀ ਜਾਵੇਗੀ।ਡਿਪਟੀ ਕਮਿਸ਼ਨਰ ਨੇ ਮੋਗਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਸਕੀਮ ਦਾ ਲਾਹਾ ਲੈਣ ਲਈ ਆਪਣੀ ਅਗਾਊਂ ਰਜਿਸਟ੍ਰੇਸ਼ਨ ਕਰਾਉਣਾ ਲਾਜ਼ਮੀ ਤੌਰ 'ਤੇ ਯਕੀਨੀ ਬਣਾਉਣ।

14-Dec-PAGE- 8 qxd.qxd 12/13/2023 10:21 PM Page 1



# ਯੂਰੀਆ ਦੇ ਨਾਲ ਕਿਸੇ ਵੀ ਕਿਸਮ ਦੀ ਕੋਈ ਟੈਗਿੰਗ ਨਾ ਕੀਤੀ ਜਾਵੇ : ਖੁੱਡੀਆਂ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)** ਹਾੜ੍ਹੀ ਦੇ ਸ਼ੀਜਨ ਨੂੰ ਮੁੱਖ ਰੱਖਦੇ ਹੋਏ ਕਿਸਾਨਾਂ ਨੂੰ ਵਧੀਆ ਕੁਆਲਿਟੀ ਦੇ ਖਾਦ, ਬੀਜ ਅਤੇ ਕੀਟਨਾਸ਼ਕ /ਨਦੀਨਨਾਸ਼ਕ ਦਵਾਈਆਂ ਉਪਲਬੱਧ ਕਰਵਾਉਣ ਲਈ ਗੁਰਮੀਤ ਸਿੰਘ ਖੁੱਡੀਆ ਖੇਤੀਬਾੜੀ ਮੰਤਰੀ ਪੰਜਾਬ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਡਾ. ਗੁਰਬਚਨ ਸਿੰਘ ਮੁੱਖ ਖੇਤੀਬਾੜੀ ਅਫਸਰ ਰੂਪਨਗਰ ਦੀ ਅਗਵਾਈ ਹੇਠ ਕੁਆਲਿਟੀ ਕੰਟਰੋਲ ਦੀ ਟੀਮ ਵੱਲੋਂ ਸ੍ਰੀ ਅਨੰਦਪੁਰ ਸਾਹਿਬ ਦੇ ਖਾਦ, ਬੀਜ ਅਤੇ ਕੀਟਨਾਸ਼ਕ ਦਵਾਈਆਂ ਦੇ ਡੀਲਰਾਂ ਨਾਲ ਮੀਟਿੰਗ ਕੀਤੀ। ਮੀਟਿੰਗ ਦੌਰਾਨ ਡਾ. ਗੁਰਬਚਨ ਸਿੰਘ ਨੇ ਡੀਲਰਾਂ ਨੂੰ ਹਦਾਇਤ ਕੀਤੀ ਕਿ ਕੋਈ ਵੀ ਡੀਲਰ ਬਿਨਾਂ ਲਾਇਸੈਂਸ/ ਅਡੀਸ਼ਨ ਤੋਂ ਖਾਦ, ਬੀਜ ਅਤੇ ਕੀੜੇਮਾਰ ਦਵਾਈਆਂ ਆਪਣੀ ਦੁਕਾਨ 'ਤੇ ਰੱਖਕੇ ਨਹੀਂ ਵੇਚੇਗਾ ਅਤੇ ਨਾ ਹੀ ਹੋਰ ਸੋਰਸ ਤੋਂ ਖਰੀਦੇਗਾ। ਇਸ ਲਈ ਸਾਰੇ ਦਸਤਾਵੇਜ਼ ਮੁਕੰਮਲ ਰੱਖੇ ਜਾਣ। ਹਰ ਕਿਸਾਨ ਨੂੰ ਖਰੀਦੇ ਸਮਾਨ ਦਾ ਬਿੱਲ ਜ਼ਰੂਰ ਦਿੱਤਾ ਜਾਵੇ ਅਤੇ ਯੂਰੀਆ ਖਾਦ ਦੇ ਨਾਲ ਕਿਸੇ ਕਿਸਮ ਦੀ ਕੋਈ ਟੈਗਿੰਗ ਵਗੈਰਾ ਨਾ ਕੀਤੀ ਜਾਵੇ। ਇਸ ਮੌਕੇ ਡਾ. ਅਮਰਜੀਤ ਸਿੰਘ ਏ ਡੀ ਓ ਨੇ ਡੀਲਰਾਂ ਨੂੰ ਹਦਾਇਤ ਕੀਤੀ ਕਿ ਬਣਾਏ ਲਾਇਸੈਂਸ ਦੇ ਅਨੁਸਾਰ ਦੁਕਾਨ ਦਾ ਨਕਸ਼ਾ, ਸੇਲ ਪੁਆਇੰਟ ਅਤੇ ਸਟੋਰ ਹੋਵੇ। ਪੀ ਏ ਯੂ ਲੁਧਿਆਣਾ ਵੱਲੋਂ ਸਿਫਾਰਿਸ਼ ਕੀਤੀਆਂ। ਕੀਟਨਾਸ਼ਕ/ਨਦੀਨਾਸ਼ਕ ਦਵਾਈਆ ਨੂੰ ਤਰਜੀਹ ਦਿੱਤੀ ਜਾਵੇ। ਇਸ ਮੌਕੇ ਡਾ. ਦਵਿੰਦਰ ਸਿੰਘ ਏ ਡੀ ਓ ਨੇ ਕਿਹਾ ਕਿ ਸਾਰੇ ਦੁਕਾਨਦਾਰ ਆਪਣੀ-ਆਪਣੀ ਦੁਕਾਨ 'ਤੇ ਬੀਜ ਅਤੇ ਖਾਦ ਦੇ ਸਟਾਕ ਅਤੇ ਰੇਟ ਲਿਸਟ ਡਿਸਪਲੇਅ ਕਰਨ ਤਾਂ ਜੋ ਕਿਸਾਨਾਂ ਨੂੰ ਬੀਜਾਂ ਅਤੇ ਖਾਦ ਦੇ ਸਹੀ ਰੇਟ/ ਸਟਾਕ ਬਾਰੇ ਜਾਣਕਾਰੀ ਹੋ ਸਕੇ। ਇਸ ਮੌਕੇ ਡਾ. ਰਮਨਦੀਪ ਸਿੰਘ ਏ ਡੀ ਓ ਨੇ ਡੀਲਰਾਂ ਨੂੰ ਕਿਹਾ ਕਿ ਚੈਕਿੰਗ/ਸੈਂਪਲਿੰਗ ਦੌਰਾਨ ਅਗਰ ਕਿਸੇ ਵੀ ਕਿਸਮ ਦੀ ਕੋਈ ਉਣਤਾਈ ਫੜੀ ਗਈ ਤਾਂ ਕਾਨੂੰਨ ਅਨੁਸਾਰ ਸਖਤ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਡਾ. ਗੁਰਬਚਨ ਸਿੰਘ ਨੇ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਖਰੀਦੇ ਬੀਜ ਦਾ ਬਿੱਲ ਜ਼ਰੂਰ ਲਿਆ ਜਾਵੇ। ਇਸ ਮੌਕੇ ਡੀਲਰ ਨਵਨੀਤ ਕੁਮਾਰ, ਰਾਣਾ ਰਘਬੀਰ ਸਿੰਘ, ਸਤਨਾਮ ਸਿੰਘ, ਸੰਦੀਪ ਸਿੰਘ, ਨੀਤਨ ਸੋਨੀ ਹਾਜ਼ਰ ਸਨ।

# ਸਾਂਵਲ ਧਾਮੀ ਨੇ ਕਸ਼ਮੀਰ ਸਿੰਘ ਨੰਗਲ ਖਿਲਾੜੀਆਂ ਦਾ ਹਾਲ-ਚਾਲ ਜਾਣਿਆ



**ਮਾਹਿਲਪੁਰ (ਸਫਰੀ** ਮਾਰਚ 2008 'ਚ ਪਾਕਿਸਤਾਨ ਦੀ ਕੈਦ 'ਚੋਂ 35 ਸਾਲ ਬਾਅਦ ਰਿਹਾਅ ਹੋ ਕੇ ਆਏ ਜ਼ਿਲ੍ਹਾ ਹੁਸ਼ਿਆਰਪੁਰ ਦੇ ਖੇਡਾਂ ਦੇ ਖੇਤਰ ਤੇ ਇਲਾਕੇ ਦੇ ਵਿਕਾਸ ਵਿੱਚ ਵਿਸ਼ੇਸ਼ ਯੋਗਦਾਨ ਪਾਉਣ ਵਾਲੇ ਪਿੰਡ ਨੰਗਲ ਖਿਲਾੜੀਆਂ ਦੇ ਕਸ਼ਮੀਰ ਸਿੰਘ ਨੂੰ ਬਹੁਗਿਣਤੀ ਲੋਕ ਤਾਂ ਚੇਤਿਆਂ 'ਚੋਂ ਭੁਲਾ ਚੁੱਕੇ ਹੋਣਗੇ, ਪਰ ਪ੍ਰਸਿੱਧ ਪੰਜਾਬੀ ਕਹਾਣੀਕਾਰ ਸਾਂਵਲ ਧਾਮੀ ਵਰਗੇ ਨੇਕ ਇਨਸਾਨ ਅਜੇ ਵੀ ਆਪਣੇ ਰੁਝੇਵਿਆਂ 'ਚੋਂ ਵਕਤ ਕੱਢ ਕੇ ਉਨ੍ਹਾਂ ਨੂੰ ਅਕਸਰ ਮਿਲਣ ਪਹੁੰਚਦੇ ਤੇ ਉਨ੍ਹਾਂ ਵੱਲੋਂ ਬਿਤਾਏ ਕਸ਼ਟ ਭਰੇ ਸਮਿਆਂ ਨਾਲ ਸਬੰਧਤ ਯਾਦਾਂ ਨੂੰ ਆਉਣ ਵਾਲੀਆਂ ਪੀੜ੍ਹੀਆਂ ਨੂੰ ਵਿਰਾਸਤ 'ਚ ਦੇਣ ਲਈ ਸੰਭਾਲਣ ਲਈ ਯਤਨਸ਼ੀਲ ਰਹਿੰਦੇ ਹਨ। ਭਾਵੇਂ ਕਸ਼ਮੀਰ ਸਿੰਘ ਦੀ ਪਤਨੀ ਪਰਮਜੀਤ ਕੌਰ ਤੇ ਵੱਡੇ ਪੁੱਤਰ ਅਮਰਜੀਤ ਸਿੰਘ ਦੀ ਬੇਵਕਤ ਮੌਤ ਦੇ ਸਦਮੇ ਕਾਰਨ ਉਨ੍ਹਾਂ ਦੀ ਸਿਹਤ ਤੇ ਯਾਦ ਸ਼ਕਤੀ ਕਮਜ਼ੋਰ ਹੋ ਚੁੱਕੀ ਹੈ, ਪਰ ਪਾਕਿਸਤਾਨ ਜੇਲ੍ਹ 'ਚ ਝੱਲੇ ਤਸੀਹਿਆਂ ਤੇ ਮੌਤ ਦੇ ਮੂੰਹ 'ਚੋਂ ਬੱਚ ਕੇ ਆਉਣ ਦੀ ਕਹਾਣੀ ਦਾ ਹਰ ਸੰਕਟਮਈ ਪਲ ਉਨ੍ਹਾਂ ਨੂੰ ਯਾਦ ਹੈ। ਸਾਂਵਲ ਧਾਮੀ ਨੇ ਉਨ੍ਹਾਂ ਨਾਲ ਲੰਬਾ ਸਮਾਂ ਦਿਲ ਖੋਲ੍ਹ ਕੇ ਗੱਲਾਂਬਾਤਾਂ ਕੀਤੀਆਂ ਤੇ ਉਨ੍ਹਾਂ ਨਾਲ ਦੁੱਖ ਸੁੱਖ ਸਾਂਝਾ ਕਰਦਿਆਂ ਚੰਗੀ ਸਿਹਤ ਤੇ ਲੰਬੀ ਉਮਰ ਲਈ ਕਾਮਨਾ ਕੀਤੀ ਤੇ ਜਲਦ ਫਿਰ ਮਿਲਣ ਦਾ ਵਾਅਦਾ ਕੀਤਾ। ਸਾਂਵਲ ਧਾਮੀ ਦਾ ਪਿੰਡ ਨੰਗਲ ਖਿਲਾੜੀਆਂ ਪਹੁੰਚਣ 'ਤੇ ਅਮਰੀਕਾ ਤੋਂ ਵਿਸ਼ੇਸ਼ ਤੌਰ 'ਤੇ ਪਿੰਡ ਆਏ ਉੱਘੇ ਫੁੱਟਬਾਲਰ ਪ੍ਰਗਟ ਸਿੰਘ ਹੀਰ ਤੇ ਕਿਸਾਨ ਆਗੂ ਤਲਵਿੰਦਰ ਸਿੰਘ ਹੀਰ ਵੱਲੋਂ ਦਿਲੋਂ ਧੰਨਵਾਦ ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਤਰਸੇਮ ਸਿੰਘ ਨੰਗਲ ਕਲਾਂ, ਮਨਜੀਤ ਸਿੰਘ ਪਲਾਕੀ, ਹਰਜਿੰਦਰ ਸਿੰਘ, ਸਤਨਾਮ ਸਿੰਘ, ਸਤਪਾਲ ਸਿੰਘ, ਮਲਕੀਤ ਸਿੰਘ, ਕੁਲਦੀਪ ਸਿੰਘ ਸਿੱਧੂ, ਜਸਵਿੰਦਰ ਸਿੰਘ ਬੰਗਾ ਵੀ ਹਾਜ਼ਰ ਸਨ।

# ਫੂਡ ਕਰਾਫਟ ਕਿੱਤਾਮੁਖੀ ਸਕਿੱਲ ਡਿਵੈੱਲਪਮੈਂਟ ਕੋਰਸ ਦਾ ਪਹਿਲਾ ਬੈਚ ਸਫ਼ਲਤਾਪੂਰਵਕ ਸੰਪੰਨ



**ਹੁਸ਼ਿਆਰਪੁਰ,(ਬਲਵੀਰ ਸਿੰਘ ਸੈਣੀ)** ਸ਼੍ਰੀਮਤੀ ਕੋਮਲ ਮਿੱਤਲ ਆਈ ਏ ਐੱਸ ਮਾਨਯੋਗ ਡਿਪਟੀ ਕਮਿਸ਼ਨਰ-ਕਮ-ਚੇਅਰਪਰਸਨ ਜ਼ਿਲ੍ਹਾ ਨਸ਼ਾ ਮੁਕਤੀ ਮੁੜ ਵਸੇਵਾਂ ਸੁਸਾਇਟੀ ਅਤੇ ਰੈੱਡ ਕਰਾਸ ਹੁਸ਼ਿਆਰਪੁਰ ਜੀ ਯਤਨਾਂ ਸਦਕਾ, ਮਾਂਗੇਸ਼ ਸੂਦ ਸਕੱਤਰ ਰੈੱਡ ਕ੍ਰਾਸ ਦੇ ਪ੍ਰਧਾਨਗੀ ਹੇਠ , ਡਾ. ਹਰਬੰਸ ਕੌਰ ਡਿਪਟੀ ਮੈਡੀਕਲ ਕਮਿਸ਼ਨਰ ਯੋਗ ਅਗਵਾਈ ਹੇਠ ਡਾ. ਰਾਜ ਕੁਮਾਰ ਮਨੋਰੋਗ ਮਾਹਿਰ ਅਤੇ ਡਾ. ਸਾਹਿਲਦੀਪ ਸੱਲਣ ਮੈਡੀਕਲ ਅਫਸਰ ਦੀ ਜ਼ਿਲ੍ਹਾ ਨਸ਼ਾ ਮੁਕਤੀ ਮੁੜ ਵਸੇਵਾ ਕੇਂਦਰ ਮੁਹੱਲਾ ਫਤਹਿਗੜ੍ਹ ਵਿਖੇ ਮਰੀਜ਼ ਹਿੱਤ ਲਈ ਸ਼ੁਰੂ ਕੀਤੇ ਗਈ ਸਨ, ਜਿਸ ਦਾ ਪਹਿਲਾਂ ਬੈਚ ਸਫ਼ਲਤਾਪੂਰਵਕ ਪੂਰਾ ਕੀਤਾ ਗਿਆ, ਜਿਸ 'ਚ ਅਭਿਸ਼ੇਕ ਪਾਠਕ, ਸੁਨੀਲ ਸ਼ਰਮਾ ਇੰਸਟਕਚਰ /ਟ੍ਰੇਨਰ ਸ਼ੈਫ ਵੱਲੋਂ ਮਰੀਜ਼ਾ ਨੂੰ ਫੂਡ ਬਣਾਉਣ ਦੀ ਸਿਖਲਾਈ ਦਿੱਤੀ ਗਈ। ਇਸ ਮੌਕੇ ਮਰੀਜ਼ਾ ਨੇ ਵੀ ਜ਼ਿਆਦਾ ਦਿਲਚਸਪੀ ਤੋਂ ਸਵੈ ਇੱਛਾ ਨਾਲ ਕੋਰਸ ਚ ਹਿੱਸਾ ਲਿਆ। ਇਸ ਮੌਕੇ ਮੁੱਖ ਐਗਜ਼ਮੀਨਾਰ ਵਜੋਂ ਨਰੇਸ਼ ਕੁਮਾਰ ਨੇ ਪ੍ਰਯੋਗੀ ਪ੍ਰੀਖਿਆਂ ਲਈ ਗਈ। ਇਹ ਸਾਰਾ ਪ੍ਰੋਗਰਾਮ ਪ੍ਰਿੰਸੀਪਲ ਏ. ਜਗਨਨਾਥਨ ਦੀ ਯੋਗ ਅਗਵਾਈ ਹੇਠ ਪੂਰਨ ਕੀਤਾ ਗਿਆ। ਇਸ ਮੌਕੇ ਪ੍ਰਸ਼ਾਂਤ ਆਦਿਆ, ਰਜਵਿੰਦਰ ਕੌਰ ਹਾਜ਼ਰ ਸਨ।

# ਸਰਕਾਰੀ ਸਕੂਲ ਬਚਾਓ ਮੋਰਚਾ 94ਵੇਂ ਦਿਨ 'ਚ ਦਾਖ਼ਲ



**ਨੂਰਮਹਿਲ, (ਬਾਲ ਕ੍ਰਿਸ਼ਨ ਬਾਲੀ)**- ਸਰਕਾਰੀ ਸਕੂਲ ਬਚਾਓ ਮੋਰਚਾ ਨੂਰਮਹਿਲ ਵੱਲੋਂ ਲਾਇਆ ਧਰਨਾਂ 94ਵੇਂ ਦਿਨ 'ਚ ਦਾਖ਼ਲ ਹੋ ਗਿਆ, ਪਰ ਪੰਜਾਬ ਸਰਕਾਰ 'ਤੇ ਕੋਈ ਵੀ ਅਸਰ ਨਹੀਂ ਹੋਇਆ।ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਸਰਕਾਰੀ ਸਕੂਲ ਬਚਾਓ ਮੋਰਚਾ ਨੂਰਮਹਿਲ ਦੇ ਕਨਵੀਨਰ ਬਾਲ ਕ੍ਰਿਸ਼ਨ ਬਾਲੀ ਪੱਤਰਕਾਰ ਨੂਰਮਹਿਲ ਨੇ ਦੱਸਿਆ ਕਿ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੂਰਮਹਿਲ ਦੀ ਅੱਧੀ ਆਧੂਰੀ ਇਮਾਰਤ ਨੂੰ ਪੂਰੀ ਇਮਾਰਤ ਬਣਾ ਕੇ ਚਾਲੂ ਕਰਨ ਦੇ ਸੰਬੰਧ ਵਿੱਚ ਲਗਾਤਾਰ ਧਰਨਾਂ ਲਾਇਆ ਹੋਇਆ ਹੈ। ਯਾਦ ਰਹੇ ਕਿ ਇਹ ਧਰਨਾ 11 ਸਤੰਬਰ 2023 ਨੂੰ ਸ਼ੁਰੂ ਕੀਤਾ ਸੀ, ਪਰ 94ਵੇਂ ਦਿਨ ਬੀਤ ਜਾਣ 'ਤੇ ਵੀ ਪੰਜਾਬ ਸਰਕਾਰ ਵੱਲੋਂ ਅਤੇ ਹਲਕਾ ਨਕੋਦਰ ਦੇ ਵਿਧਾਇਕ ਬੀਬੀ ਇੰਦਰਜੀਤ ਕੌਰ ਮਾਨ ਵੱਲੋਂ ਕੋਈ ਵੀ ਹਾਂ ਜਾਂ ਨਾਂਹ ਦਾ ਸੁਨੇਹਾ ਨਹੀਂ ਆਇਆ। ਉਨ੍ਹਾਂ ਕਿਹਾ ਕਿ ਇਸ ਸਬੰਧ ਵਿੱਚ ਹਲਕਾ ਨਕੋਦਰ ਦੇ ਵਿਧਾਇਕ ਨੂੰ ਮੰਗ ਪੱਤਰ ਵੀ ਕਈ ਵਾਰ ਦਿੱਤੇ ਗਏ ਹਨ। ਇਸ ਦਾ ਬਾਵਜੂਦ ਨਾ ਤਾਂ ਬੀਬੀ ਇੰਦਰਜੀਤ ਕੌਰ ਮਾਨ ਇੱਥੇ ਸਕੂਲ਼ ਵਿੱਚ ਆਈ ਹੈ ਅਤੇ ਨਾ ਹੀ ਇਹ ਮੋਰਚੇ ਵਾਲਿਆਂ ਨੂੰ ਆਪਣੇ ਨਿਵਾਸ 'ਤੇ ਮਿਲਦੀ ਹੈ।ਕਾਮਰੇਡ ਬਾਲੀ ਨੇ ਕਿਹਾ ਕਿ ਸਕੂਲ ਦੀ ਇਮਾਰਤ ਦੀ ਨੀਹਾਂ 'ਚ ਸ਼ਹਿਰ ਨੂਰਮਹਿਲ ਦੇ ਸੀਵਰੇਜ਼ ਦਾ ਗੰਦਾ ਪਾਣੀ ਪਾਇਆ ਜਾ ਰਿਹਾ ਹੈ ਤਾਂ ਕਿ ਅੱਧੀ ਪਚੱਧੀ ਇਮਾਰਤ ਬਣੀ ਡਿੱਗ ਜਾਵੇ।ਉਨ੍ਹਾਂ ਕਿਹਾ ਕਿ ਅਸੀਂ ਆਪਣਾ ਮੰਗ ਪੱਤਰ ਬੀਬੀ ਦੇ ਮੈਨ ਗੇਟ 'ਤੇ ਚਿੱਪਕਾ ਆਦਾਂ ਸੀ, ਪਰ ਹੁਣ ਤਿੰਨ ਮਹੀਨੇ ਤੋਂ ਸਮਾਂ ਜ਼ਿਆਦਾ ਹੋਣ 'ਤੇ ਵੀ ਇੱਕ ਵਾਰੀ ਵੀ ਸਕੂਲ ਦੀ ਅਤੇ ਧਰਨਾਕਾਰੀਆਂ ਦੀ ਸਾਰ ਨਹੀਂ ਲਈ।

# ਜਥੇਦਾਰ ਸਵਰਨ ਸਿੰਘ ਭਬਿਆਣਾ ਦੀ 38ਵੀਂ ਬਰਸੀ ਮਨਾਈ

ਫਗਵਾੜਾ (ਜਸਵਿੰਦਰ ਢੱਡਾ) ਕਾਮਰੇਡ ਜਥੇਦਾਰ ਸਰਵਨ ਸਿੰਘ ਭਬਿਆਣਾ ਦੀ 38ਵੀਂ ਬਰਸੀ ਸਮਾਗਮ ਪਿੰਡ ਭਬਿਆਣਾ ਵਿਖੇ ਮਨਾਇਆ ਗਿਆ।ਇਸ ਮੌਕੇ ਬੰਤ ਸਿੰਘ ਤੇ ਤਰਲੋਕ ਸਿੰਘ ਭਬਿਆਣਾ, ਜੈਪਾਲ ਸਿੰਘ, ਰਣਧੀਰ ਸਿੰਘ ਰਾਣਾ, ਮਾਸਟਰ ਪ੍ਰਭਾਤ ਕੁਮਾਰ, ਕੇਵਲ ਚੰਦ, ਜੋਗਿੰਦਰ ਸਿੰਘ ਆਦਿ ਨੇ ਸ਼ਰਧਾਂਜਲੀਆਂ ਭੇਟ ਕੀਤੀਆਂ।ਸਟੇਜ ਸੈਕਟਰੀ ਦੀ ਜ਼ਿੰਮੇਵਾਰੀ ਸਵਰਨ ਸਿੰਘ ਦੇ ਸਪੁੱਤਰ ਹਰਜਾਪ ਸਿੰਘ ਨੇ ਨਿਭਾਈ।



# ਰਿੰਕੂ ਨੇ ਪੰਜਾਬ ਦੇ 8000 ਕਰੋੜ ਰੁਪਏ ਦੇ ਫੰਡ ਰੋਕੇ ਜਾਣ ਦਾ ਮੁੱਦਾ ਸੰਸਦ 'ਚ ਉਠਾਇਆ



**ਜਲੰਧਰ ( ਸ਼ੈਲੀ ਐਲਬਰਟ)**:- ਜਲੰਧਰ ਤੋਂ ਆਮ ਆਦਮੀ ਪਾਰਟੀ ਦੇ ਲੋਕ ਸਭਾ ਮੈਂਬਰ ਸੁਸ਼ੀਲ ਕੁਮਾਰ ਰਿੰਕੂ ਵਲੋਂ ਪੰਜਾਬ ਦੇ ਫੰਡ ਰੋਕੇ ਜਾਣ ਦਾ ਮੁੱਦਾ ਪੂਰੇ ਜ਼ੋਰ ਨਾਲ ਚੁੱਕਦਿਆਂ ਅਪੀਲ ਕੀਤੀ ਕਿ ਲਗਭਗ 8000 ਕਰੋੜ ਰੁਪਏ ਦੇ ਫੰਡ ਤੁਰੰਤ ਜਾਰੀ ਕੀਤੇ ਜਾਣ ਤਾਂ ਜੋ ਪੰਜਾਬ ਵਿੱਚ ਚੱਲ ਰਹੀ ਵਿਕਾਸ ਦੀ ਲਹਿਰ ਵਿੱਚ ਹੋਰ ਤੇਜ਼ੀ ਲਿਆਂਦੀ ਜਾ ਸਕੇ। ਸੰਸਦ ਵਿੱਚ ਬੋਲਦਿਆਂ ਲੋਕ ਸਭਾ ਮੈਂਬਰ ਨੇ ਕਿਹਾ ਕਿ 5637 ਕਰੋੜ ਰੁਪਏ ਦੇ ਦਿਹਾਤੀ ਵਿਕਾਸ ਫੰਡ ਰੁਕੇ ਹੋਏ ਹਨ ਜਿਸ ਨਾਲ ਪੰਜਾਬ ਦੇ ਪਿੰਡਾਂ ਵਿੱਚ ਹੋਣ ਵਾਲੇ ਵਿਕਾਸ ਕਾਰਜ ਬੁਰੀ ਤਰ੍ਹਾਂ ਪ੍ਰਭਾਵਿਤ ਹੋਏ ਹਨ। ਉਨ੍ਹਾਂ ਕਿਹਾ ਕਿ ਇਸੇ ਤਰ੍ਹਾਂ ਐਮ ਡੀ ਐਫ ਦੇ 850 ਕਰੋੜ ਰੁਪਏ, ਸਪੈਸ਼ਲ ਅਸਿਸਟੈਂਟ ਫੰਡ ਦੇ 1800 ਕਰੋੜ ਰੁਪਏ, ਨੈਸ਼ਨਲ ਹੈਲਥ ਮਿਸ਼ਨ ਦੇ 621 ਕਰੋੜ ਰੁਪਏ ਸਮੇਤ ਲਗਭਗ 8000 ਕਰੋੜ ਰੁਪਏ ਦੇ ਫੰਡ ਬਕਾਇਆ ਪਏ ਹਨ। ਉਨ੍ਹਾਂ ਕਿਹਾ ਕਿ ਕੇਂਦਰੀ ਸਿਹਤ ਮੰਤਰਾਲੇ ਵਲੋਂ ਇਸ ਗੱਲ 'ਤੇ ਇਤਰਾਜ਼ ਜਾਹਿਰ ਕੀਤਾ ਹੈ ਕਿ ਨੈਸ਼ਨਲ ਹੈਲਥ ਮਿਸ਼ਨ ਦੇ ਪੈਸੇ ਆਮ ਆਦਮੀ ਕਲੀਨਿਕਾਂ ਉਤੇ ਖ਼ਰਚ ਕੀਤੇ ਜਾ ਰਹੇ ਹਨ ਜਦਕਿ ਪੰਜਾਬ ਸਰਕਾਰ ਨੇ ਪਹਿਲਾਂ ਹੀ ਸਪਸ਼ਟ ਕਰ ਦਿੱਤਾ ਹੈ ਕਿ ਨੈਸ਼ਨਲ ਹੈਲਥ ਮਿਸ਼ਨ ਦਾ ਪੈਸਾ ਇਨਾਂ ਕਲੀਨਿਕਾਂ ਉਤੇ ਖ਼ਰਚ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਰਕਾਰ ਆਪਣੇ ਖ਼ਰਚੇ ਉਤ 600 ਮੁਹੱਲਾ ਕਲੀਨਿਕ ਪੰਜਾਬ ਵਿੱਚ ਚਲਾ ਰਹੀ ਹੈ ਜਿਸ ਦਾ ਲੱਖਾਂ ਲੋਕਾਂ ਨੇ ਲਾਭ ਉਠਾਇਆ ਹੈ। ਉਨ੍ਹਾਂ ਅਪੀਲ ਕੀਤੀ ਕਿ ਪੰਜਾਬ ਸਰਕਾਰ ਦੇ ਵਿਕਾਸ ਫੰਡ ਜਲਦ ਤੋਂ ਜਲਦ ਜਾਰੀ ਕੀਤੇ ਜਾਣ।

# ਸਥਾਨਕ ਸਰਕਾਰਾਂ ਬਾਰੇ ਮੰਤਰੀ ਨੇ 142.12 ਲੱਖ ਦੇ ਸੀਵਰੇਜ ਪ੍ਰਾਜੈਕਟਾਂ ਦੇ ਨੀਂਹ ਪੱਥਰ ਰੱਖੇ




**ਜਲੰਧਰ (ਸ਼ੈਲੀ ਐਲਬਰਟ)** ਸਥਾਨਕ ਸਰਕਾਰਾਂ ਬਾਰੇ ਮੰਤਰੀ ਬਲਕਾਰ ਸਿੰਘ ਨੇ ਜ਼ਿਲ੍ਹੇ ਦੇ ਨੂਰਪੁਰ ਕਲੋਨੀ, ਸੇਖੇ ਅਤੇ ਮੁਬਾਰਕਪੁਰ ਇਲਾਕਿਆਂ 'ਚ 142.12 ਲੱਖ ਰੁਪਏ ਦੀ ਲਾਗਤ ਵਾਲੇ ਦੋ ਸੀਵਰੇਜ ਪ੍ਰਾਜੈਕਟਾਂ ਦੇ ਨੀਂਹ ਪੱਥਰ ਰੱਖੇ। ਕੈਬਨਿਟ ਮੰਤਰੀ ਨੇ ਇਸ ਮੌਕੇ ਲੋਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਨੂਰਪੁਰ ਕਲੋਨੀ 'ਚ 200 ਐਮ ਐਮ ਦੀਆਂ 1500 ਮੀਟਰ ਅਤੇ 250 ਐਮ ਐਮ ਦੀਆਂ 171 ਮੀਟਰ ਨਵੀਆਂ ਸੀਵਰੇਜ ਲਾਈਨਾਂ ਵਿਛਾਈਆਂ ਜਾਣਗੀਆਂ ਅਤੇ ਘਰਾਂ ਦੇ ਕੁਨੈਕਸ਼ਨ ਵੀ ਲਾਈਨਾਂ ਨਾਲ ਜੋੜੇ ਜਾਣਗੇ। ਉਨ੍ਹਾਂ ਕਿਹਾ ਕਿ ਇਸ ਪ੍ਰਾਜੈਕਟ ਨਾਲ ਇਲਾਕੇ ਦੇ 5000 ਲੋਕਾਂ ਨੂੰ ਫਾਇਦਾ ਹੋਵੇਗਾ। ਉਨ੍ਹਾਂ ਦੱਸਿਆ ਕਿ ਇਸ ਪ੍ਰਾਜੈਕਟ 'ਤੇ ਕੁੱਲ 102.96 ਲੱਖ ਰੁਪਏ ਦੀ ਲਾਗਤ ਆਵੇਗੀ ਹੈ। ਮੰਤਰੀ ਨੇ ਕਿਹਾ ਕਿ ਸੇਖੇ ਅਤੇ ਮੁਬਾਰਕਪੁਰ ਖੇਤਰਾਂ ਵਿੱਚ 200 ਐਮ ਐਮ ਦੀ 880 ਮੀਟਰ ਦੀ ਨਵੀਂ ਸੀਵਰੇਜ ਲਾਈਨ ਵਿਛਾਈ ਜਾਵੇਗੀ, ਜਿਸ ਦੇ ਲਈ ਪੰਜਾਬ ਜਲ ਸਪਲਾਈ ਅਤੇ ਸੀਵਰੇਜ ਬੋਰਡ ਵੱਲੋਂ 39.16 ਲੱਖ ਰੁਪਏ ਮਨਜ਼ੂਰ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਇਸ ਪ੍ਰਾਜੈਕਟ ਸਦਕਾ ਸੀਵਰੇਜ ਦੀ ਸਮੱਸਿਆ ਹੱਲ ਹੋਵੇਗੀ ਅਤੇ 4000 ਲੋਕਾਂ ਨੂੰ ਲਾਭ ਹੋਵੇਗਾ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੇ ਵਿਕਾਸ ਲਈ 24 ਘੰਟੇ ਕੰਮ ਕਰ ਰਹੀ ਹੈ ਅਤੇ ਪਿੰਡਾਂ ਦੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨ ਲਈ ਲਗਾਤਾਰ ਯਤਨਸ਼ੀਲ ਹੈ।

# ਨਸ਼ਿਆਂ ਖਿਲਾਫ ਜਨ ਯਾਤਰਾ ਦਾ ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ 'ਚ ਪਹੁੰਚਣ 'ਤੇ ਕੀਤਾ ਸਵਾਗਤ

ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)-ਰਾਜ ਸੂਚਨਾ ਕਮਿਸ਼ਨਰ ਲੇਖਕ ਖੁਸ਼ਵੰਤ ਸਿੰਘ ਵਲੋਂ ਨਸ਼ਿਆਂ ਖਿਲਾਫ ਚਲਾਈ ਜਨ ਯਾਤਰਾ ਜੋ ਕਿ ਨਿਊ ਚੰਡੀਗੜ੍ਹ ਤੋਂ ਸ਼ੁਰੂ ਹੋ ਕੇ ਅੱਜ ਪਿੰਡ ਟੌਂਸਾ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਖੇ ਪਹੁੰਚਣ 'ਤੇ ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਨੇ ਉਨ੍ਹਾਂ ਦਾ ਸਵਾਗਤ ਕੀਤਾ। ਇਸ ਮੌਕੇ ਉਨ੍ਹਾਂ ਦੇ ਨਾਲ ਸਹਾਇਕ ਕਮਿਸ਼ਨਰ (ਜ) ਡਾ. ਗੁਰਲੀਨ ਕੌਰ ਵੀ ਮੌਜੂਦ ਸਨ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਰਾਜ ਸੂਚਨਾ ਕਮਿਸ਼ਨਰ ਲੇਖਕ ਖੁਸ਼ਵੰਤ ਸਿੰਘ ਵਲੋਂ ਸ਼ੁਰੂ ਕੀਤੀ ਨਸ਼ਿਆਂ ਖਿਲਾਫ ਜਨ ਯਾਤਰਾ ਦਾ ਮੈਸੇਜ ਘਰ-ਘਰ ਤੱਕ ਪਹੁੰਚੇ। ਉਨ੍ਹਾਂ ਅਜਿਹੇ ਉਪਰਾਲੇ ਕਰਨ 'ਤੇ ਉਨ੍ਹਾਂ ਦੀ ਸ਼ਲਾਘਾ ਵੀ ਕੀਤੀ। ਉਨ੍ਹਾਂ ਦੱਸਿਆ ਕਿ ਇਹ ਜਾਗਰੂਕਤਾ ਪੈਦਲ ਯਾਤਰਾ ਨਿਊ ਚੰਡੀਗੜ੍ਹ ਤੋਂ ਸ਼ੁਰੂ ਹੋਈ ਸੀ 15 ਦਸੰਬਰ ਨੂੰ ਖਟਕੜ ਕਲਾਂ ਵਿਖੇ ਸਮਾਪਤ ਹੋਵੇਗੀ। ਲੇਖਕ ਖੁਸ਼ਵੰਤ ਸਿੰਘ ਨੇ ਦੱਸਿਆ ਕਿ ਨਸ਼ਿਆਂ ਖਿਲਾਫ ਜਨ ਯਾਤਰਾ ਉਨ੍ਹਾਂ ਨੇ ਇਕੱਲਿਆਂ ਸ਼ੁਰੂ ਕੀਤੀ ਸੀ ਅਤੇ ਵੱਖ-ਵੱਖ ਜ਼ਿਲ੍ਹਿਆਂ ਤੋਂ ਲੋਕਾਂ ਅਤੇ ਪ੍ਰਸ਼ਾਸਨ ਦਾ ਬਹੁਤ ਸਹਿਯੋਗ ਮਿਲ ਰਿਹਾ ਹੈ। ਉਨ੍ਹਾਂ ਦਾ ਮੁੱਖ ਮਕਸਦ ਹੈ ਕਿ ਮਾਪੇ 13 ਤੋਂ 18 ਸਾਲ ਤੱਕ ਦੇ ਬੱਚਿਆਂ ਦਾ ਖਾਸ ਧਿਆਨ ਰੱਖਣ ਅਤੇ ਜੇਕਰ ਉਹ ਕਿਸੇ ਮਾੜੀ ਸੰਗਤ ਵਿੱਚ ਪੈਂਦੇ ਹਨ ਤਾਂ ਉਨ੍ਹਾਂ ਦਾ ਮਾਰਗ ਦਰਸ਼ਨ ਕਰਨ।ਇਸ ਮੌਕੇ ਨਵਨੀਤ ਕੌਰ ਢਿੱਲੋਂ ਮਿਸ ਇੰਡੀਆ, ਅੰਕਿਤ ਛਾਬੜਾ, ਸੁਭਾਸ਼ ਚੰਦਰ ਸ਼ਰਮਾ, ਮਿਸ ਮਨਜੀਤ ਪੇਂਟਰਲ, ਪੰਜਾਬ ਗੁੱਡ ਗਵਰਨੈਂਸ ਫੈਲੋ ਸੰਜਨਾ ਸਕਸੈਨਾ, ਐਸ.ਐਚ.ਓ ਪੰਕਜ ਸ਼ਰਮਾ ਤੋਂ ਇਲਾਵਾ ਹੋਰ ਸ਼ਖ਼ਸੀਅਤਾਂ ਵੀ ਮੌਜੂਦ ਸਨ।

# ਇੰਫਲੂਏਂਜਾ ਦੇ ਫੈਲਾਅ ਨੂੰ ਰੋਕਣ ਲਈ ਢੁੱਕਵੇਂ ਪ੍ਰਬੰਧ ਕਰਨੇ ਯਕੀਨੀ ਬਣਾਏ ਜਾਣ : ਡੀ ਸੀ



**ਨਵਾਂਸ਼ਹਿਰ, (ਮਨੋਜ ਲਾਡੀ)** ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਵਿਖੇ ਇੰਫਲੂਏਂਜਾ (ਐੱਚ1ਐੱਨ1) ਸੰਬੰਧੀ ਜ਼ਿਲ੍ਹਾ ਟਾਸਕ ਫੋਰਸ ਦੀ ਮੀਟਿੰਗ ਕੀਤੀ ਗਈ, ਜਿਸ 'ਚ ਸਿਵਲ ਸਰਜਨ ਡਾ. ਜਸਪ੍ਰੀਤ ਕੌਰ ਸਮੇਤ ਡਿਪਟੀ ਮੈਡੀਕਲ ਕਮਿਸ਼ਨਰ ਡਾ. ਹਰਪ੍ਰੀਤ ਸਿੰਘ, ਜ਼ਿਲ੍ਹਾ ਐਪੀਡੀਮੋਲੋਜਿਸਟ ਡਾ. ਰਾਕੇਸ਼ ਪਾਲ, ਸ਼ਿਆਮਾਵੇਦਾ ਦੇਵੀ ਸਮੇਤ ਜ਼ਿਲ੍ਹੇ ਦੇ ਵੱਖ-ਵੱਖ ਭਾਈਵਾਲ ਵਿਭਾਗਾਂ ਦੇ ਨੁਮਾਇੰਦੇ ਹਾਜ਼ਰ ਹੋਏ। ਇਸ ਮੀਟਿੰਗ ਵਿਚ ਇੰਫਲੂਏਂਜਾ ਨੂੰ ਕੰਟਰੋਲ ਕਰਨ ਲਈ ਜ਼ਿਲ੍ਹੇ ਵਿਚ ਕੀਤੇ ਜਾ ਰਹੇ ਪ੍ਰਬੰਧਾਂ ਅਤੇ ਤਿਆਰੀਆਂ ਦੀ ਸਮੀਖਿਆ ਕੀਤੀ ਗਈ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਟਾਸਕ ਫੋਰਸ ਦੀ ਮੀਟਿੰਗ ਵਿੱਚ ਸਿਹਤ ਵਿਭਾਗ ਸਮੇਤ ਸਿੱਖਿਆ ਵਿਭਾਗ ਤੇ ਮਹਿਲਾ ਤੇ ਬਾਲ ਵਿਕਾਸ ਵਿਭਾਗ, ਆਈ ਸੀ ਡੀ ਐੱਸ, ਪੰਚਾਇਤ ਵਿਭਾਗ, ਇੰਡੀਅਨ ਮੈਡੀਕਲ ਕੌਂਸਲ ਅਤੇ ਵੱਖ-ਵੱਖ ਭਾਈਵਾਲ ਵਿਭਾਗਾਂ ਨੂੰ ਹਦਾਇਤ ਕਰਦੇ ਹੋਏ ਕਿਹਾ ਕਿ ਇੰਫਲੂਏਂਜਾ (ਐੱਚ1ਐੱਨ1) ਦੇ ਫੈਲਾਅ ਨੂੰ ਰੋਕਣ ਲਈ ਸਿਹਤ ਵਿਭਾਗ ਨਾਲ ਤਾਲਮੇਲ ਕਰਕੇ ਹਰ ਪੱਖ ਤੋਂ ਸਹਿਯੋਗ ਕੀਤਾ ਜਾਵੇ। ਉਨ੍ਹਾਂ ਜ਼ਿਲ੍ਹਾ ਸਿੱਖਿਆ ਅਫ਼ਸਰ, (ਸੈਕੰਡਰੀ ਅਤੇ ਐਲੀਮੈਂਟਰੀ, ਨੂੰ ਹਦਾਇਤ ਕੀਤੀ ਕਿ ਸਵੇਰ ਦੀ ਐਸੰਬਲੀ ਦੌਰਾਨ ਵਿਦਿਆਰਥੀਆਂ ਨੂੰ ਇੰਫਲੂਏਂਜਾ (ਆਈ ਐੱਲ ਆਈ) ਸੰਬੰਧੀ ਜਾਗਰੂਕ ਕੀਤਾ ਜਾਵੇ। ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫਸਰ ਨੂੰ ਹਦਾਇਤ ਕੀਤੀ ਕਿ ਪਿੰਡਾਂ ਵਿੱਚ ਆਮ ਲੋਕਾਂ ਨੂੰ ਸਮੇਂ ਸਮੇਂ 'ਤੇ ਇੰਫਲੂਏਂਜਾ ਸੰਬੰਧੀ ਜਾਗਰੂਕ ਕੀਤਾ ਜਾਵੇ।

# ਡਾ. ਕੁਲਦੀਪ ਸਿੰਘ ਮੱਤੇਵਾਲ ਨੇ ਮੁੱਖ ਖੇਤੀਬਾੜੀ ਅਫ਼ਸਰ ਹੁਸ਼ਿਆਰਪੁਰ ਦਾ ਅਹੁਦਾ ਸੰਭਾਲਿਆ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਡਾ. ਕੁਲਦੀਪ ਸਿੰਘ ਮੱਤੇਵਾਲ ਵੱਲੋਂ ਜ਼ਿਲ੍ਹਾ ਹੁਸ਼ਿਆਰਪੁਰ ਵਿਚ ਬਤੌਰ ਮੁੱਖ ਖੇਤੀਬਾੜੀ ਅਫ਼ਸਰ ਚਾਰਜ ਸੰਭਾਲਿਆ ਗਿਆ ਹੈ। ਇਸ ਤੋਂ ਪਹਿਲਾਂ ਉਨ੍ਹਾਂ ਨੇ ਵਿਭਾਗ ਵਿਚ ਕਿਸਾਨੀ ਦੀ ਸੇਵਾ ਲਈ ਵੱਖ-ਵੱਖ ਅਹੁਦਿਆਂ 'ਤੇ ਇਕ ਲੰਬਾ ਸਮਾਂ ਗੁਜ਼ਾਰਿਆ ਹੈ, ਜਿਸ ਤਹਿਤ ਉਨ੍ਹਾਂ ਵੱਲੋਂ ਬਤੌਰ ਖੇਤੀਬਾੜੀ ਵਿਕਾਸ ਅਫ਼ਸਰ ਹੁਸ਼ਿਆਰਪੁਰ, ਗੁਰਦਾਸਪੁਰ ਅਤੇ ਅੰਮ੍ਰਿਤਸਰ ਵਿਖੇ, ਬਤੌਰ ਖੇਤੀਬਾੜੀ ਅਫ਼ਸਰ ਜਲੰਧਰ ਅਤੇ ਤਰਨ ਤਾਰਨ ਵਿਖੇ, ਬਤੌਰ ਡਿਪਟੀ ਡਾਇਰੈਕਟਰ ਜਲੰਧਰ ਅਤੇ ਤਰਨ ਤਾਰਨ ਵਿਖੇ ਸੇਵਾਵਾਂ ਨਿਭਾਈਆਂ ਗਈਆਂ ਹਨ। ਹੁਸ਼ਿਆਰਪੁਰ ਵਿਖੇ ਬਤੌਰ ਮੁੱਖ ਖੇਤੀਬਾੜੀ ਅਫ਼ਸਰ ਦਾ ਚਾਰਜ ਸੰਭਾਲਣ ਮੌਕੇ ਉਨ੍ਹਾਂ ਜ਼ਿਲ੍ਹਾ ਹੁਸ਼ਿਆਰਪੁਰ ਵਿਚ ਕਿਸਾਨਾਂ ਦੇ ਹਿੱਤਾਂ ਨੂੰ ਮੁੱਖ ਰੱਖਦਿਆਂ ਵਿਭਾਗੀ ਸਕੀਮਾਂ ਨੂੰ ਸੁਚੱਜੇ ਢੰਗ ਨਾਲ ਉਨ੍ਹਾਂ ਤੱਕ ਪਹੁੰਚਾਉਣ ਦੀ ਆਪਣੀ ਵਚਨਬੱਧਤਾ ਦੁਹਰਾਈ। ਉਨ੍ਹਾਂ ਵਿਭਾਗ ਵੱਲੋਂ ਕਿਸਾਨਾਂ ਦੀ ਭਲਾਈ ਸੰਬੰਧੀ ਚਲਾਈਆਂ ਜਾ ਰਹੀਆਂ ਵੱਖ-ਵੱਖ ਸਕੀਮਾਂ ਅਤੇ ਮੁਹਿੰਮਾਂ ਨੂੰ ਬਿਹਤਰ ਢੰਗ ਨਾਲ ਲਾਗੂ ਕਰਨ ਦਾ ਵਿਸ਼ਵਾਸ ਦਿਵਾਇਆ।

# ਦਰਬਾਰ ਕੁੱਲਾ ਸ਼ਰੀਫ ਵਿਖੇ ਜੋੜ ਮੇਲਾ ਭਲਕੇ ਤੋਂ



**ਮੇਹਲੀ ( ਗੁਰਨਾਮ)**-ਇਥੋਂ ਥੋੜੀ ਦੂਰ ਪਿੰਡ ਬਹਿਰਾਮ ਵਿਖੇ ਸਾਬਰ ਦਾਤਾ ਅਲੀ ਅਹਿਮਦ ਸ਼ਾਹ ਕਾਦਰੀ ਦੀ ਯਾਦ 'ਚ ਸਾਲਾਨਾ ਜੋੜ ਮੇਲਾ ਦਰਬਾਰ ਕੁੱਲਾ ਸ਼ਰੀਫ ਬਹਿਰਾਮ ਵਿਖੇ 15 ਦਸੰਬਰ ਤੋਂ 17 ਦਸੰਬਰ ਤੱਕ ਮਨਾਇਆ ਜਾ ਰਿਹਾ ਹੈ। ਜੋੜ ਮੇਲੇ ਸੰਬੰਧੀ ਸੇਵਾਦਾਰ ਜਗਮੋਹਣ ਸਿੰਘ ਅਟਵਾਲ ਨੇ ਦੱਸਿਆ ਕਿ 15 ਦਸੰਬਰ ਦਿਨ ਸ਼ੁੱਕਰਵਾਰ ਨੂੰ ਝੰਡੇ ਦੀ ਰਸਮ ਅਤੇ ਚਿਰਾਗ ਰੌਸ਼ਨ ਕੀਤੇ ਜਾਣਗੇ। ਦਾਤਾ ਜੀ ਦਾ ਲੰਗਰ ਅਟੁੱਟ ਵਰਤਾਇਆ ਜਾਵੇਗਾ। ਰਾਤ ਦੀ ਮਹਿਫ਼ਲ 'ਚ ਰੌਕੀ ਖਾਨ ਕੱਵਾਲ ਐਂਡ ਪਾਰਟੀ ਫਗਵਾੜਾ, ਕੁਲਦੀਪ ਰੂਹਾਨੀ ਐਂਡ ਪਾਰਟੀ, ਰਾਜ ਕੁਮਾਰ ਰਾਜੂ ਨਕਾਲ ਪਾਰਟੀ ਹੁਸ਼ਿਆਰਪੁਰ ਹਾਜ਼ਰੀ ਭਰਨਗੇ, 16 ਦਸੰਬਰ ਦਿਨ ਸ਼ਨੀਵਾਰ ਨੂੰ ਦਿਨ ਦੀ ਮਹਿਫਲ 'ਚ ਇਬਾਦਤ ਅਲੀ ਕਵਾਲ ਪਾਰਟੀ, ਬੰਟੀ ਕਵਾਰ ਪਾਰਟੀ, ਇਸਰਤ ਗੁਲਾਮ ਅਲੀ ਕਵਾਲ ਪਾਰਟੀ ਅਤੇ ਰਾਤ ਦੀ ਮਹਿਫਲ ਵਿੱਚ ਹਰਮੇਸ਼ ਰੰਗੀਲਾ ਕੱਵਾਲ ਪਾਰਟੀ, ਪ੍ਰੀਤ ਨਕਾਲ ਪਾਰਟੀ ਪ੍ਰੋਗਰਾਮ ਪੇਸ਼ ਕਰਨਗੇ। ਮੇਲੇ ਦੇ ਆਖਰੀ ਦਿਨ 17 ਦਸੰਬਰ ਦਿਨ ਐਤਵਾਰ ਨੂੰ ਰੌਕੀ ਖਾਨ ਕਵਾਲ ਪਾਰਟੀ ਦੀ ਮਹਿਫਲ ਉਪਰੰਤ ਚਾਦਰ ਦੀ ਰਸਮ ਹੋਵੇਗੀ।

# ਭਾਜਪਾ ਵਰਕਰਾਂ ਨੇ ਜਿੱਤ ਦੀ ਖ਼ੁਸ਼ੀ 'ਚ ਲੱਡੂ ਵੰਡੇ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਭਾਰਤੀ ਜਨਤਾ ਪਾਰਟੀ ਦੀ ਤਿੰਨ ਰਾਜਾਂ 'ਚ ਸਰਕਾਰ ਬਣਨ ਦੀ ਖ਼ੁਸ਼ੀ 'ਚ ਭਾਜਪਾ ਆਗੂ ਤੇ ਵਰਕਰ ਖ਼ੁਸ਼ੀ 'ਚ ਖੀਵੇ ਹੋ ਗਏ ਸੀਨੀਅਰ ਭਾਜਪਾ ਨੇਤਾ ਅਸ਼ਵਨੀ ਕੁਮਾਰ ਧੀਰ ਨੇ ਉਨ੍ਹਾਂ ਖੁਸ਼ੀ 'ਚ ਲੱਡੂ ਨਾਲ ਸੀਨੀਅਰ ਭਾਜਪਾ ਆਗੂ ਸੰਜੀਵ ਭਾਰਦਵਾਜ, ਬਹਾਦੁਰ ਚੰਦ ਅਰੋੜਾ ਇਕ, ਦੂਜੇ ਦਾ ਮੂੰਹ ਮਿੱਠਾ ਕਰਵਾਇਆ ਤੇ ਖ਼ੁਸ਼ੀਆਂ ਮਨਾਈਆਂ। ਇਸ ਸਮੇਂ ਸੀਨੀਅਰ ਭਾਜਪਾ ਨੇਤਾ ਅਸ਼ਵਨੀ ਕੁਮਾਰ ਧੀਰ ਨੇ ਕਿਹਾ ਕਿ ਇਹ ਵਿਕਾਸ ਦੀ ਜਿੱਤ ਹੈ।

# ਪਾਈਪ ਬੈਂਡ 'ਚ ਮਹਾਰਾਜਾ ਅਗਰਸੈਨ ਪਬਲਿਕ ਸਕੂਲ ਨਵੀਂ ਦਿੱਲੀ ਜੇਤੂ



**ਮੋਹਾਲੀ (ਗੁਰਜੀਤ ਬਿੱਲਾ)** ਸਕੂਲ ਸਿੱਖਿਆ ਵਿਭਾਗ ਵੱਲੋਂ ਸਕੂਲ ਸਿੱਖਿਆ ਤੇ ਸਾਖ਼ਰਤਾ ਵਿਭਾਗ, ਭਾਰਤ ਸਰਕਾਰ, ਦੇ ਸਹਿਯੋਗ ਨਾਲ ਕਰਵਾਏ ਜਾਣ ਵਾਲੇ ਰਾਸ਼ਟਰੀ ਉੱਤਰੀ ਜ਼ੋਨ ਸਕੂਲ ਬੈਂਡ ਮੁਕਾਬਲਿਆਂ ਦਾ ਇਨਫੈਂਟ ਜੀਸਸ ਕਾਨਵੈਂਟ ਸਕੂਲ, ਸੈਕਟਰ 65, ਐੱਸ.ਏ.ਐੱਸ.ਨਗਰ ਵਿਖੇ ਰੰਗਾਰੰਗ ਆਗਾਜ਼ ਹੋਇਆ। ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਯੋਗ ਅਗਵਾਈ, ਸਿੱਖਿਆ ਸਕੱਤਰ ਕਮਲ ਕਿਸ਼ੋਰ ਯਾਦਵ ਦੀ ਰਹਿਨੁਮਾਈ ਅਤੇ ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਵਿਨੇ ਬੁਬਲਾਨੀ ਦੀ ਦੇਖਰੇਖ ਹੇਠ ਹੋ ਰਹੇ ਬੈਂਡ ਮੁਕਾਬਲਿਆਂ ਦੀ ਸ਼ੁਰੂਆਤ ਸਕੂਲੀ ਵਿਦਿਆਰਥੀਆਂ ਵਲੋਂ ਪੇਸ਼ ਕੀਤੇ ਸ਼ਾਨਦਾਰ ਰੰਗਾਰੰਗ ਪ੍ਰੋਗਰਾਮ ਨਾਲ ਹੋਈ। ਇਨ੍ਹਾਂ ਬੈਂਡ ਮੁਕਾਬਲਿਆਂ ਦਾ ਉਦਘਾਟਨ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ) ਸੰਜੀਵ ਸ਼ਰਮਾ ਨੇ ਸ਼ਮ੍ਹਾ ਰੋਸ਼ਨ ਕਰਕੇ ਕੀਤਾ ਤੇ ਰਸਮੀਂ ਸ਼ੁਰੂਆਤ ਵੀ ਕਰਵਾਈ ਅਤੇ ਟੀਮਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਵਿਦਿਆਰਥੀਆਂ ਨੂੰ ਸਿੱਖਿਆ ਹਾਸਲ ਕਰਨ ਦੇ ਨਾਲ ਨਾਲ ਵੱਖੋ ਵੱਖ ਗਤੀਵਿਧੀਆਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਸਹਾਇਕ ਡਾਇਰੈਕਟਰ ਐੱਸ ਸੀ ਈ ਆਰ ਟੀ, ਸ੍ਰੀਮਤੀ ਸ਼ਰੁਤੀ ਸ਼ੁਕਲਾ, ਨੇ ਦੱਸਿਆ ਕਿ ਇਹਨਾਂ ਬੈਂਡ ਮਕਾਬਲਿਆਂ ਦੇ ਪਹਿਲੇ ਦਿਨ ਲੜਕਿਆਂ ਦੇ ਮੁਕਾਬਲੇ ਕਰਵਾਏ ਗਏ। ਇਹਨਾਂ 'ਚ ਉੱਤਰੀ ਜ਼ੋਨ ਦੇ ਦਸ ਰਾਜਾਂ ਤੇ ਕੇਂਦਰੀ ਸ਼ਾਸ਼ਿਤ ਪ੍ਰਦੇਸ਼ਾਂ ਜਿਨ੍ਹਾਂ ਵਿੱਚ ਪੰਜਾਬ, ਹਰਿਆਣਾ, ਜੰਮੂ-ਕਸ਼ਮੀਰ, ਉੱਤਰਾਖੰਡ, ਹਿਮਾਚਲ ਪ੍ਰਦੇਸ਼, ਉੱਤਰ ਪ੍ਰਦੇਸ਼, ਬਿਹਾਰ, ਲੱਦਾਖ਼, ਦਿੱਲੀ ਦੀਆਂ ਪਾਈਪ ਬੈਂਡ ਤੇ ਬਰਾਸ ਬੈਂਡ ਟੀਮਾਂ ਭਾਗ ਲੈ ਰਹੀਆਂ ਹਨ।

ਪਹਿਲੇ ਦਿਨ ਲੜਕਿਆਂ ਦੇ ਮੁਕਾਬਲੇ ਮੁਕੰਮਲ ਹੋਏ, ਜਿਨ੍ਹਾਂ ਵਿੱਚੋਂ ਪਾਈਪ ਬੈਂਡ ਮੁਕਾਬਲੇ ਵਿੱਚ ਮਹਾਰਾਜਾ ਅਗਰਸੈਨ ਪਬਲਿਕ ਸਕੂਲ ਨਵੀਂ ਦਿੱਲੀ ਦੀ ਟੀਮ ਜੇਤੂ ਰਹੀ ਜਦਕਿ ਬਰਾਸ ਬੈਂਡ ਮੁਕਾਬਲੇ ਵਿੱਚ ਡੀ.ਏ.ਵੀ.ਪਬਲਿਕ ਸਕੂਲ ਹਮੀਰਪੁਰ ਦੀ ਟੀਮ ਚੈਂਪੀਅਨ ਬਣੀ।

ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ) ਡਾ: ਗਿੰਨੀ ਦੁੱਗਲ ਨੇ ਦੱਸਿਆ ਕਿ ਪਹਿਲੇ ਦਿਨ ਲੜਕਿਆਂ ਦੇ ਪਾਈਪ ਤੇ ਬਰਾਸ ਬੈਂਡ ਦੇ ਮੁਕਾਬਲੇ ਕਰਵਾਏ ਗਏ, ਜਦਕਿ 14 ਦਸੰਬਰ ਨੂੰ ਲੜਕੀਆਂ ਦੇ ਮੁਕਾਬਲੇ ਕਰਵਾਏ ਜਾਣਗੇ।

ਸਮਾਗਮ ਦੌਰਾਨ ਸਟੇਜ ਸਕੱਤਰ ਦੀ ਭੂਮਿਕਾ ਲੈਕਚਰਾਰ ਸ੍ਰੀਮਤੀ ਰੁਪਿੰਦਰ ਕੌਰ ਗਰੇਵਾਲ ਵਲੋਂ ਬਾਖ਼ੂਬੀ ਨਿਭਾਈ ਗਈ।

# ਗੁ. ਨੌਵੀਂ ਪਾਤਸ਼ਾਹੀ ਵਿਖੇ ਕਵੀ ਤੇ ਕੀਰਤਨ ਸਮਾਗਮ



**ਲੋਹੀਆਂ ਖਾਸ (ਰੀਨਾ ਸ਼ਰਮਾ, ਯੋਗੇਸ਼ਵਰ)**: ਦੇਸ਼ ਤੇ ਧਰਮ ਦੀ ਰੱਖਿਆ ਲਈ ਲਾਸਾਨੀ ਸ਼ਹਾਦਤ ਦੇਣ ਵਾਲੇ ਨੌਵੇਂ ਗੁਰੂ ਨਾਨਕ ਸਤਿਗੁਰੂ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਦਿਹਾੜੇ ਸੰਬੰਧੀ ਗੁਰਦੁਆਰਾ ਨੌਵੀਂ ਪਾਤਸ਼ਾਹੀ ਸ੍ਰੀ ਦੁਖ ਨਿਵਾਰਨ ਸਾਹਿਬ ਦੀ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਕਰਵਾਏ ਜਾ ਰਹੇ ਹਫਤਾਵਾਰੀ ਸਮਾਗਮਾਂ ਦੀ ਆਰੰਭਤਾ ਬੀਤੇ ਦਿਨੀਂ ਹੋ ਗਈ। ਬੀਤੇ ਐਤਵਾਰ ਕਰਵਾਏ ਗਏ ਸਮਾਗਮ ਵਿਚ ਭਾਈ ਦੀਦਾਰ ਸਿੰਘ ਸੰਗਤਪੁਰੀ (ਢਾਡੀ ਜਥਾ) ਅਤੇ ਦਲਬੀਰ ਸਿੰਘ ਰਿਆੜ ਤੇ ਬਲਬੀਰ ਸਿੰਘ ਕੰਵਲ (ਦੋਵੇਂ ਕਵੀ) ਨੇ ਸੰਗਤਾਂ ਨੂੰ ਢਾਡੀ ਵਾਰਾਂ/ਕਵਿਤਾਵਾਂ ਸੁਣਾ ਕੇ ਨਿਹਾਲ ਕੀਤਾ।

ਸ੍ਰੀ ਰਹਿਰਾਸ ਸਾਹਿਬ ਦੇ ਪਾਠ ਉਪਰੰਤ 7 ਤੋਂ ਰਾਤ 10 ਵਜੇ ਤੱਕ ਕਰਵਾਏ ਗਏ ਸਮਾਗਮ ਵਿੱਚ ਰਛਪਾਲ ਸਿੰਘ ਪਾਲ ਤੇ ਕਰਮਜੀਤ ਸਿੰਘ ਨੂਰ (ਦੋਵੇਂ ਕਵੀ) ਅਤੇ ਭਾਈ ਸੁਰਿੰਦਰ ਸਿੰਘ ਤੇ ਭਾਈ ਨਛੱਤਰ ਸਿੰਘ (ਦੋਵੇਂ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ) ਨੇ ਗੁਰੂ ਸਾਹਿਬ ਦੀ ਉਸਤਤਿ ਅਤੇ ਸ਼ਹੀਦੀ ਇਤਿਹਾਸ ਤੋਂ ਜਾਣੂ ਕਰਵਾਉਂਦੀਆਂ ਕਵਿਤਾਵਾਂ ਤੇ ਅੰਮ੍ਰਿਤਮਈ ਗੁਰਬਾਣੀ ਕੀਰਤਨ ਸੁਣਾ ਕੇ ਨਿਹਾਲ ਕੀਤਾ।

ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਜਥੇ. ਜਗਜੀਤ ਸਿੰਘ ਖਾਲਸਾ ਨੇ ਸੰਗਤਾਂ ਨੂੰ ਕਲਯੁੱਗ ਦੇ ਇਸ ਘੋਰ ਸਮੇਂ ਵਿਚ ਗੁਰੂ ਤੇ ਗੁਰਬਾਣੀ ਨਾਲ ਜੁੜਨ ਦੀ ਪ੍ਰੇਰਨਾ ਦਿੱਤੀ।

# ਵਿਰਦੀ ਭਾਜਪਾ ਮੰਡਲ ਰੁੜਕਾ ਦੇ ਨਵੇਂ ਪ੍ਰਧਾਨ ਨਿਯੁਕਤ



**ਫਿਲੌਰ (ਨਿਰਮਲ)**- ਭਾਜਪਾ ਜ਼ਿਲ੍ਹਾ ਜਲੰਧਰ ਦਿਹਾਤੀ ਪ੍ਰਧਾਨ ਰਣਜੀਤ ਸਿੰਘ ਪਵਾਰ ਨੇ ਵਿਧਾਨ ਸਭਾ ਹਲਕਾ ਫਿਲੌਰ ਦੇ ਰੁੜਕਾ ਮੰਡਲ ਦਾ ਨਵਾਂ ਪ੍ਰਧਾਨ ਰਾਮ ਰਾਜ ਵਿਰਦੀ ਅਤੇ ਮੰਡਲ ਦੇ ਉੱਪ ਪ੍ਰਧਾਨ ਸੋਮ ਨਾਥ ਸ਼ੇਖੂਪੁਰ ਨੂੰ ਨਿਯੁਕਤ ਕੀਤਾ। ਇਸ ਮੌਕੇ ਰਣਜੀਤ ਸਿੰਘ ਪਵਾਰ ਨੇ ਕਿਹਾ ਕਿ ਆਉਣ ਵਾਲੀਆਂ ਲੋਕ ਸਭਾ ਚੋਣਾਂ 'ਚ ਇੱਕ ਵਾਰ ਫਿਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਸਰਕਾਰ ਬਣੇਗੀ, ਜਿਸ ਲਈ ਹਰ ਪਾਰਟੀ ਵਰਕਰ ਦਿਨ-ਰਾਤ ਮਿਹਨਤ ਕਰ ਰਿਹਾ।ਇਸ ਮੌਕੇ ਕੁਲਵਿੰਦਰ ਅਤੇ ਸੂਬਾ ਸਕੱਤਰ ਐਸ ਸੀ ਮੋਰਚਾ ਸੁਰਿੰਦਰ ਕੁਮਾਰ, ਪਰਮਜੀਤ ਸਿੰਘ, ਸੁੱਚਾ ਰਾਮ, ਮੰਗਤ ਰਾਮ, ਸਤਨਾਮ (ਸੱਤੀ), ਸਤਨਾਮ, ਪਵਨ ਕੁਮਾਰ, ਸਤਪਾਲ ਰਾਣਾ, ਸਰਪੰਚ ਦਲਜੀਤ ਕੁਮਾਰ ਸੇਖੂਪੁਰ, ਕਾਲਾ, ਹਰਸ਼ਦੀਪ ਬੰਗੜ ਅਤੇ ਸਰਪੰਚ ਦਲਜੀਤ ਸ਼ੇਖ਼ੂਪੁਰ ਆਦਿ ਹਾਜ਼ਰ ਸਨ।

# 30 ਨੌਜਵਾਨਾਂ ਨੇ ਕੀਤਾ ਖ਼ੂਨਦਾਨ




**ਮੋਹਾਲੀ (ਗੁਰਜੀਤ ਬਿੱਲਾ)** ਵਿਸ਼ਵਾਸ਼ ਫਾਊਂਡੇਸ਼ਨ, ਐਚ ਡੀ ਐਫ ਸੀ ਬੈਂਕ ਅਤੇ ਇੰਡੀਅਨ ਰੈੱਡ ਕਰਾਸ ਸੋਸਾਇਟੀ ਜ਼ਿਲ੍ਹਾ ਸ਼ਾਖਾ ਮੋਹਾਲੀ ਵੱਲੋਂ ਸਾਂਝੇ ਤੌਰ 'ਤੇ ਮਾਰਕੀਟ ਫੇਜ 3ਬੀ2 ਵਿੱਚ ਐਚ ਡੀ ਐਫ ਸੀ ਬੈਂਕ ਦੇ ਸਾਹਮਣੇ ਖ਼ੂਨਦਾਨ ਕੈਂਪ ਲਗਾਇਆ ਗਿਆ। ਇਹ ਕੈਂਪ ਸਵੇਰੇ 11:00 ਵਜੇ ਸ਼ੁਰੂ ਹੋ ਕੇ ਸ਼ਾਮ 4:00 ਵਜੇ ਤੱਕ ਚੱਲਦਾ ਰਿਹਾ। ਖ਼ੂਨ ਲੈਣ ਤੋਂ ਪਹਿਲਾਂ ਡਾਕਟਰਾਂ ਦੀ ਟੀਮ ਨੇ ਖ਼ੂਨਦਾਨੀਆਂ ਦਾ ਚੈਕਅੱਪ ਕੀਤਾ, ਡਾਕਟਰਾਂ ਨੇ ਦੱਸਿਆ ਕਿ ਖ਼ੂਨਦਾਨ ਕਰਨ 'ਚ ਕਿਸੇ ਕਿਸਮ ਦੀ ਕੋਈ ਸਮੱਸਿਆ ਨਹੀਂ ਹੈ। ਇਸ ਦੀ ਬਜਾਇ, ਖ਼ੂਨਦਾਨ ਕਰਨ ਨਾਲ ਵਿਅਕਤੀ ਨੂੰ ਮਾਣ ਮਹਿਸੂਸ ਹੁੰਦਾ ਹੈ। ਵਿਸ਼ਵਾਸ਼ ਫਾਊਂਡੇਸ਼ਨ ਦੀ ਪ੍ਰਧਾਨ ਸਾਧਵੀ ਨੀਲਮਾ ਵਿਸ਼ਵਾਸ਼ ਨੇ ਦੱਸਿਆ ਕਿ ਕੈਂਪ ਦਾ ਉਦਘਾਟਨ ਇੰਡੀਅਨ ਰੈੱਡ ਕਰਾਸ ਸੁਸਾਇਟੀ ਮੋਹਾਲੀ ਦੇ ਸਕੱਤਰ ਹਰਬੰਸ ਸਿੰਘ ਨੇ ਖ਼ੂਨਦਾਨੀਆਂ ਨੂੰ ਬੈਜ ਦੇ ਕੇ ਕੀਤਾ ਅਤੇ ਲੋਕਾਂ ਨੂੰ ਖ਼ੂਨਦਾਨ ਕਰਨ ਲਈ ਪ੍ਰੇਰਿਤ ਵੀ ਕੀਤਾ। ਕੈਂਪ 'ਚ ਖ਼ੂਨਦਾਨ ਕਰਨ ਲਈ 36 ਖ਼ੂਨਦਾਨੀਆਂ ਨੇ ਰਜਿਸਟ੍ਰੇਸ਼ਨ ਕਰਵਾਈ, ਜਿਨ੍ਹਾਂ 'ਚੋਂ 6 ਨੂੰ ਸਿਹਤ ਸੰਬੰਧੀ ਸਮੱਸਿਆਵਾਂ ਕਾਰਨ ਡਾਕਟਰਾਂ ਨੇ ਖ਼ੂਨਦਾਨ ਕਰਨ ਤੋਂ ਇਨਕਾਰ ਕਰ ਦਿੱਤਾ।

ਬਲੱਡ ਬੈਂਕ ਪੰਚਕੂਲਾ ਵੈਲਫੇਅਰ ਟਰੱਸਟ ਦੀ ਟੀਮ ਨੇ ਡਾ: ਸਰੂਤੀ ਸਿੰਗਲਾ ਦੀ ਦੇਖ-ਰੇਖ ਹੇਠ 30 ਯੂਨਿਟ ਖ਼ੂਨ ਇਕੱਤਰ ਕੀਤਾ। ਕੈਂਪ ਦੇ ਅੰਤ 'ਚ ਸਮੂਹ ਖ਼ੂਨਦਾਨੀਆਂ ਨੂੰ ਪ੍ਰਸ਼ੰਸਾ ਪੱਤਰ ਅਤੇ ਤੋਹਫੇ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਵਿਸ਼ਵਾਸ਼ ਫਾਊਂਡੇਸ਼ਨ ਤੋਂ ਰਿਸ਼ੀ ਮੋਹਿਤ ਵਿਸ਼ਵਾਸ਼, ਸ਼ਿਸੂਪਾਲ ਪਠਾਨੀਆ, ਓ ਪੀ ਤੇਜੀ, ਆਸ਼ਾ ਤੇਜੀ, ਭਾਰਤ ਭੂਸ਼ਣ ਨਈਅਰ, ਪ੍ਰੋਮਿਲਾ ਸੂਦ, ਅਨਿਰੁਧ ਪਠਾਨੀਆ, ਰੈੱਡ ਕਰਾਸ ਤੋਂ ਤਰਨਪ੍ਰੀਤ ਸਿੰਘ ਅਤੇ ਅਰਵਿੰਦਰ ਸਿੰਘ ਵੀ ਹਾਜ਼ਰ ਸਨ।

# ਡੂਮਛੇੜੀ ਤੇ ਆਲਮਗੀਰ ਵਿਚਾਲੇ ਝੰਡੀ ਦੀ ਕੁਸ਼ਤੀ ਬਰਾਬਰ



**ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)** ਨਜ਼ਦੀਕੀ ਪਿੰਡ ਮਕੜੌਨਾ ਖੁਰਦ ਵਿਖੇ ਦੰਗਲ ਕਮੇਟੀ ਵੱਲੋਂ ਐਨ ਆਰ ਆਈ, ਗ੍ਰਾਮ ਪੰਚਾਇਤ ਅਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਕਰਵਾਏ 25ਵੇਂ ਸਾਲਾਨਾ ਕੁਸ਼ਤੀ ਮੁਕਾਬਲਿਆਂ ਵਿੱਚ ਕਮਲਜੀਤ ਡੂਮਛੇੜੀ ਤੇ ਹਰਮਨਦੀਪ ਆਲਮਗੀਰ ਵਿਚਾਲੇ ਝੰਡੀ ਦੀ ਕੁਸ਼ਤੀ ਮੁਕਾਬਲੇ ਤੋਂ ਬਾਅਦ ਬਰਾਬਰ ਰਹੀ। ਇਸ ਕੁਸ਼ਤੀ ਲਈ ਪ੍ਰਬੰਧਕਾਂ ਵੱਲੋਂ 71 ਹਜ਼ਾਰ ਰੁਪਏ ਦੇ ਨਗਦ ਇਨਾਮ ਨੂੰ ਦੋਵੇਂ ਪਹਿਲਵਾਨਾਂ ਵਿੱਚ ਬਰਾਬਰ ਵੰਡ ਦਿੱਤਾ ਗਿਆ।ਸ਼ਹੀਦ ਬਾਬਾ ਬਲਾਕਾ ਸਿੰਘ ਦੀ ਯਾਦ ਨੂੰ ਸਮਰਪਿਤ ਅਤੇ ਸੰਤ ਬਾਬਾ ਅਜੀਤ ਸਿੰਘ ਹੰਸਾਲੀ ਵਾਲਿਆਂ ਦੇ ਅਸ਼ੀਰਵਾਦ ਨਾਲ ਕਰਵਾਏ ਇਨ੍ਹਾਂ ਕੁਸ਼ਤੀ ਮੁਕਾਬਲੇ ਦੀ ਦੂਜੇ ਨੰਬਰ ਦੀ ਕੁਸ਼ਤੀ ਵਿੱਚ ਜਤਿੰਦਰ ਡੂਮਛੇੜੀ ਅਤੇ ਸਤਨਾਮ ਮਾਛੀਵਾੜਾ ਵਿਚਕਾਰ ਹੋਈ, ਜਿਸ ਤੇ ਇਹ ਕੁਸ਼ਤੀ ਜਤਿੰਦਰ ਡੂਮਛੇੜੀ ਨੇ ਜਿੱਤੀ ਅਤੇ 31 ਹਜ਼ਾਰ ਰੁਪਏ ਦਾ ਇਨਾਮ ਹਾਸਲ ਕੀਤਾ।ਪ੍ਰਬੰਧਕ ਗੁਰਮੀਤ ਸਿੰਘ ਮਕੜੌਨਾ ਅਤੇ ਬਹਾਦਰ ਸਿੰਘ ਨੇ ਦੱਸਿਆ ਕਿ ਹੋਰ ਮੁਕਾਬਲਿਆਂ ਦੌਰਾਨ ਮਨਵੀਰ ਸਿੰਘ ਨੇ ਪਵਨ ਕੁਮਾਰ ਨੂੰ, ਹਰਦੀਪ ਨੇ ਜਸਮੀਨ ਨੂੰ, ਰਵੀ ਬਾਲਜ਼ੀ ਨੇ ਸੂਰਜ ਦੋਰਾਹਾ ਨੂੰ ਚਿੱਤ ਕੀਤਾ ਆਦਿ ਕੁਸ਼ਤੀਆਂ ਹੋਈਆਂ। ਮੁੱਖ ਮਹਿਮਾਨ ਵਜੋਂ ਪਹੁੰਚੇ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਕਰਨ ਸਿੰਘ ਸਿੱਖ ਪਹਿਲਵਾਨਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕਰਦਿਆਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹਮੇਸ਼ਾਂ ਹੀ ਸਿੱਖੀ ਦਾ ਪਹਿਰੇਦਾਰ ਰਿਹਾ ਹੈ ਅਤੇ ਉਹ ਸਿੱਖ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਿਤ ਕਰਨ ਲਈ ਹਲਕੇ ਅੰਦਰ ਵਿਸ਼ੇਸ਼ ਤੌਰ 'ਤੇ ਮੁਹਿੰਮ ਆਰੰਭ ਕਰਨਗੇ।ਇਸ ਮੌਕੇ ਸੀਨੀਅਰ ਆਗੂ ਹਰਬੰਸ ਸਿੰਘ ਕੰਧੋਲਾ, ਸਾਬਕਾ ਸੰਸਦ ਮੈਂਬਰ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ ਦੇ ਸਿਆਸੀ ਸਕੱਤਰ ਅਮਨਦੀਪ ਸਿੰਘ ਮਾਂਗਟ, ਜਥੇ ਪ੍ਰੀਤਮ ਸਿੰਘ, ਪ੍ਰਗਟ ਸਿੰਘ, ਲਖਵੀਰ ਸਿੰਘ, ਬਾਈ ਪਰਮਿੰਦਰ ਸਿੰਘ ਸੇਖੋਂ, ਭਾਗ ਸਿੰਘ, ਜਸਪਾਲ ਸਿੰਘ ਅਤੇ ਦੀਦਾਰ ਸਿੰਘ ਆਦਿ ਹਾਜ਼ਰ ਸਨ।

# ਪ੍ਰਭ ਆਸਰਾ ਵਿਖੇ ਦਾਖ਼ਲ ਔਰਤ ਦੀ ਹਾਲਤ ਗੰਭੀਰ



**ਕੁਰਾਲੀ (ਮੋਹਨ ਅਗਰਵਾਲ)**- ਕੁਰਾਲੀ ਸ਼ਹਿਰ ਦੀ ਹੱਦ ਵਿੱਚ ਲਾਵਾਰਿਸ ਲੋਕਾਂ ਦੀ ਸੇਵਾ ਸੰਭਾਲ ਕਰ ਰਹੀ ਪ੍ਰਭ ਆਸਰਾ ਸੰਸਥਾ ਵਿੱਚ ਦਾਖ਼ਲ ਔਰਤ ਦੀ ਹਾਲਤ ਕਾਫੀ ਗੰਭੀਰ ਬਣੀ ਹੋਈ ਹੈ। ਸੰਸਥਾ ਦੇ ਮੁੱਖ ਪ੍ਰਬੰਧਕ ਭਾਈ ਸ਼ਮਸ਼ੇਰ ਸਿੰਘ ਅਤੇ ਬੀਬੀ ਰਾਜਿੰਦਰ ਕੌਰ ਪਡਿਆਲਾ ਵੱਲੋਂ ਦੱਸਿਆ ਗਿਆ ਹੈ ਕਿ ਬਿਮਲਾ ਦੇਵੀ ਉਮਰ ਲਗਭਗ 79 ਸਾਲ, ਜੋ ਕਿ ਪਿਛਲੇ 14 ਸਾਲਾਂ ਤੋਂ ਪ੍ਰਭ ਆਸਰਾ ਵਿੱਚ ਰਹਿ ਰਹੇ ਹਨ, ਉਹਨਾਂ ਦਾ ਇਲਾਜ ਸੰਸਥਾ ਵੱਲੋਂ ਕਰਵਾਇਆ ਜਾ ਰਿਹਾ ਹੈ, ਜਿਥੇ ਉਹਨਾਂ ਦੀ ਹਾਲਤ ਕਾਫੀ ਗੰਭੀਰ ਬਣੀ ਹੋਈ ਹੈ।ਡਾਕਟਰਾਂ ਦੇ ਕਹਿਣ ਮੁਤਾਬਿਕ ਉਹਨਾਂ ਦੀ ਸਿਹਤ ਵਿੱਚ ਅਜੇ ਸੁਧਾਰ ਨਹੀਂ ਆ ਰਿਹਾ, ਪਰ ਪ੍ਰਭ ਆਸਰਾ ਦੀ ਟੀਮ ਤੇ ਡਾਕਟਰਾਂ ਵੱਲੋਂ ਉਹਨਾਂ ਦੀ ਸਿਹਤ ਵਿਚ ਸੁਧਾਰ ਲਿਆਉਣ ਲਈ ਦਿਨ ਰਾਤ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ।ਪ੍ਰਬੰਧਕਾਂ ਵੱਲੋਂ ਬਿਮਲਾ ਦੇਵੀ ਦੇ ਵਾਰਸਾਂ ਅਤੇ ਜਾਣ-ਪਹਿਚਾਣ ਦੇ ਸੱਜਣਾ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਜੋ ਵੀ ਇਨ੍ਹਾਂ ਨੂੰ ਮਿਲਣਾ ਚਾਹੁੰਦੇ ਹਨ, ਉਹ ਪ੍ਰਭ ਆਸਰਾ ਸੰਸਥਾ ਕੁਰਾਲੀ, ਐੱਸ ਏ ਐੱਸ ਨਗਰ (ਮੋਹਾਲੀ) ਨਾਲ਼ ਸੰਪਰਕ ਕਰ ਸਕਦੇ ਹਨ।

# ਰਾਜ ਪੱਧਰੀ ਯੁਵਕ ਸਿਖਲਾਈ ਵਰਕਸ਼ਾਪ



**ਚੰਡੀਗੜ੍ਹ,:(ਗੁਰਜੀਤ ਬਿੱਲਾ)** ਪੰਜਾਬ ਦੇ ਯੁਵਕ ਸੇਵਾਵਾਂ ਵਿਭਾਗ ਵੱਲੋਂ ਨੌਜਵਾਨਾਂ ਦੇ ਸਮਾਜਿਕ, ਸੱਭਿਆਚਾਰਕ ਅਤੇ ਨੈਤਿਕ ਪੱਧਰ ਨੂੰ ਉੱਚਾ ਚੁੱਕਣ ਲਈ ਰਾਜ ਪੱਧਰੀ ਯੁਵਕ ਸਿਖਲਾਈ ਵਰਕਸ਼ਾਪ (ਲੜਕਿਆਂ ਲਈ) ਦੇ ਪਹਿਲੇ ਪੜਾਅ ਦਾ ਆਗਾਜ਼ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵਿਖੇ ਕੀਤਾ ਗਿਆ ਹੈ।ਇਹ ਵਰਕਸ਼ਾਪ 15 ਦਸੰਬਰ ਤੱਕ ਜਾਰੀ ਰਹੇਗੀ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਇਕ ਬੁਲਾਰੇ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸੂਬੇ ਦੇ ਨੌਜਵਾਨਾਂ ਦੀ ਊਰਜਾ ਨੂੰ ਸਹੀ ਸੇਧ ਦੇਣ ਦੀ ਹਮੇਸ਼ਾ ਵਕਾਲਤ ਕਰਦੇ ਹਨ।ਇਸੇ ਮਕਸਦ ਦੀ ਪੂਰਤੀ ਲਈ ਖੇਡਾਂ ਅਤੇ ਯੁਵਕ ਸੇਵਾਵਾਂ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਦੀ ਸਰਪ੍ਰਸਤੀ ਹੇਠ ਨੌਜਵਾਨਾਂ ਨੂੰ ਸਹੀ ਸੇਧ ਦੇਣ, ਕਿੱਤਾ-ਮੁੱਖੀ ਕੋਰਸਾਂ, ਪੰਜਾਬ ਸਰਕਾਰ ਦੀਆਂ ਸਕੀਮਾਂ ਅਤੇ ਨੌਜਵਾਨਾਂ ਦੀ ਭਲਾਈ ਅਤੇ ਵਿਕਾਸ ਲਈ ਕੀਤੇ ਜਾ ਰਹੇ ਉਪਰਾਲਿਆ ਸਬੰਧੀ ਜਾਣਕਾਰੀ ਦੇਣ ਲਈ ਇਸ ਵਰਕਸ਼ਾਪ ਦਾ ਪ੍ਰਬੰਧ ਕੀਤਾ ਗਿਆ ਹੈ। ਇਸ ਸਿਖਲਾਈ ਵਰਕਸ਼ਾਪ ਵਿੱਚ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਦੇ 115 ਨੌਜਵਾਨ ਭਾਗ ਲੈ ਰਹੇ ਹਨ।ਇਸ ਯੁਵਕ ਵਰਕਸ਼ਾਪ ਵਿੱਚ ਰਾਜ ਦੇ ਐਫੀਲੀਏਟ ਯੂਥ ਕਲੱਬਾਂ ਦੇ ਅਹੁਦੇਦਾਰਾਂ ਨੂੰ ਸ਼ਾਮਲ ਕੀਤਾ ਗਿਆ ਹੈ ਤਾਂ ਜੋ ਇਹ ਨੌਜਵਾਨ ਯੂਥ ਕਲੱਬਾਂ ਰਾਹੀਂ ਪਿੰਡਾਂ ਦੇ ਵਿਕਾਸ ਵਿੱਚ ਆਪਣਾ ਯੋਗਦਾਨ ਪਾ ਸਕਣ।ਇਸ ਵਰਕਸ਼ਾਪ ਦੌਰਾਨ ਵੱਖ-ਵੱਖ ਉੱਘੇ ਵਿਸ਼ਾ-ਮਾਹਿਰ ਨੌਜਵਾਨਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ।ਇਸ ਵਰਕਸ਼ਾਪ ਦੇ ਉਦਘਾਟਨ ਸਮਾਰੋਹ ਦੌਰਾਨ ਯੁਵਕ ਸੇਵਾਵਾਂ ਵਿਭਾਗ ਦੇ ਸਹਾਇਕ ਡਾਇਰੈਕਟਰ ਕੁਲਵਿੰਦਰ ਸਿੰਘ ਤੇ ਰੁਪਿੰਦਰ ਕੌਰ ਅਤੇ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਦੇ ਯੁਵਕ ਭਲਾਈ ਵਿਭਾਗ ਦੇ ਅਧਿਕਾਰੀ ਹਾਜ਼ਰ ਹੋਏ।ਇਸ ਮੌਕੇ ਸਾਬਕਾ ਡਾਇਰੈਕਟਰ ਡਾ. ਕਮਲਜੀਤ ਸਿੰਘ ਸਿੱਧੂ ਨੇ ਵਿਭਾਗ ਵੱਲੋਂ ਕੀਤੀਆਂ ਜਾਂਦੀਆਂ ਗਤੀਵਿਧੀਆਂ ਅਤੇ ਪ੍ਰੋਗਰਾਮਾਂ ਸੰਬੰਧੀ ਜਾਣਕਾਰੀ ਨੌਜਵਾਨਾਂ ਨਾਲ ਸਾਂਝੀ ਕੀਤੀ।

# ਨਿਊ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਦੀ ਚੋਣ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਨਿਊ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ ਰਜਿ 100 ਦੀ ਮੀਟਿੰਗ ਪਿੰਡ ਲੰਗੜੋਆ ਵਿਖੇ ਜਿਲ੍ਹੇ ਦੀ ਮੀਟਿੰਗ ਹੋਈ ਤੇ ਚੋਣ ਕੀਤੀ ਗਈ ਜਿਸ ਵਿੱਚ ਜਿਲ੍ਹਾ ਪ੍ਰਧਾਨ ਹਰਭਜਨ ਸਿੰਘ ਮੱਲ, ਸੂਬਾ ਜਨਰਲ ਸਕੱਤਰ ਪੰਜਾਬ ਡਾ. ਅਵਤਾਰ ਬਾਲੀ ਨਵਾਂਸ਼ਹਿਰ, ਖਜ਼ਾਨਚੀ ਡਾ. ਸਖਵਿੰਦਰ ਸਿੰਘ ਬੰਗਾ, ਜਿਲ੍ਹਾ ਸਕੱਤਰ ਡਾ. ਅਮਰਜੀਤ ਬਲਾਚੌਰ, ਜਿਲ੍ਹਾ ਪ੍ਰੈਸ ਸਕੱਤਰ ਰਾਮ ਲਾਲ ਬਲਾਚੌਰ, ਵੈਦ ਗੁਰਪ੍ਰੀਤ ਸਿੰਘ ਬੰਗਾ, ਡਾ. ਗੁਰਦੀਪ ਸਿੰਘ, ਡਾ. ਰੋਹਿਤ ਬਾਲੀ, ਚੇਅਰਮੈਨ ਰਾਮ ਲੁਭਾਈਆ ਮੈਡੀਸਨ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ ਰਜਿ. 100 ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਮੀਟਿੰਗ 'ਚ ਐਸੋਸੀਏਸ਼ਨ ਨੂੰ ਪੇਸ਼ ਆ ਰਹੀਆ ਮੁਸ਼ਕਲਾਂ ਬਾਰੇ ਚਰਚਾ ਕੀਤੀ ਗਈ।ਸਰਟੀਫਿਕੇਟ ਵੰਡੇ ਗਏ ਸੂਬਾ ਜਿਲ੍ਹਾ ਜਨਰਲ ਸਕੱਤਰ ਡਾਕਟਰ ਨੇ ਪੰਜਾਬ ਡਾ. ਅਵਤਾਰ ਬਾਲੀ ਨਵਾਂਸ਼ਹਿਰ ਮੀਟਿੰਗ ਨੂੰ ਸੰਬੋਧਨ ਕਰਦਿਆ ਦੱਸਿਆ ਕਿ ਮੈਡੀਕਲ ਪ੍ਰੈਕਟੀਸ਼ਨਰ ਆਪਣੇ ਕਿੱਤੇ ਨੂੰ ਬਚਾਉਣ ਲਈ ਬੀਤੇ ਕਾਫੀ ਲੰਮੇ ਸਮੇਂ ਤੋਂ ਸੰਘਰਸ਼ ਕਰ ਰਹੇ ਹਨ, ਪਰ ਅੱਜ ਤੱਕ ਕਿਸੇ ਵੀ ਸਰਕਾਰ ਨੇ ਸਾਡੇ ਮਸਲੇ ਨੂੰ ਹੱਲ ਕਰਨ ਦੀ ਕੋਸ਼ਿਸ਼ ਨਹੀਂ ਕੀਤੀ, ਸਗੋਂ ਸਮੇਂ ਸਮੇਂ 'ਤੇ ਸਰਕਾਰਾਂ ਨੇ ਸਾਡੇ ਕਿੱਤੇ ਨੂੰ ਉਜਾੜਨ ਲਈ ਨਾਦਰਸ਼ਾਹੀ ਫਰਮਾਨ ਜਾਰੀ ਕੀਤੇ ਗਏ। ਸੂਬਾ ਜਨਰਲ ਸਕੱਤਰ ਡਾ. ਅਵਤਾਰ ਬਾਲੀ ਨੇ ਕਿਹਾ ਕਿ ਜੇ ਮਸਲਾ ਹੱਲ ਕਰਨ ਦਾ ਵਾਅਦਾ ਕੀਤਾ ਸੀ ਪਰ ਹੁਣ ਲੱਗਭਗ 2 ਸਾਲ ਤੋਂ ਪੰਜਾਬ 'ਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਦੇ ਬਾਵਜੂਦ ਮੈਡੀਕਲ ਪ੍ਰੈਕਟੀਸ਼ਨਰ ਦੇ ਮਸਲੇ ਨੂੰ ਊਠ ਦੇ ਬੁੱਲ੍ਹ ਵਾਂਗ ਲਟਕਾਇਆ ਹੋਇਆ ਏ। ਉਨ੍ਹਾ ਪੰਜਾਬ ਸਰਕਾਰ ਤੋਂ ਮੰਗ ਕਰਦਿਆ ਕਿਹਾ ਕਿ ਜਲਦ ਤੋਂ ਜਲਦ ਮੈਡੀਕਲ ਪ੍ਰੈਕਟੀਸ਼ਨਰ ਦੇ ਮਸਲੇ ਦਾ ਹੱਲ ਕੀਤਾ ਜਾਵੇ।

# ਅੱਖਾਂ ਦੇ ਫਰੀ ਆਪ੍ਰੇਸ਼ਨ ਕਰਵਾਉਣਾ ਸਰਬ ਨੌਜਵਾਨ ਸਭਾ ਦਾ ਵਧੀਆ ਉਪਰਾਲਾ : ਮੱਲ੍ਹੀ



**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)** ਸਰਬ ਨੌਜਵਾਨ ਸਭਾ (ਰਜਿ.) ਫਗਵਾੜਾ ਵੱਲੋਂ ਇੱਕ ਲੋੜਵੰਦ ਔਰਤ ਦੀ ਅੱਖ ਦਾ ਅਪ੍ਰੇਸ਼ਨ ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਦੀ ਅਗਵਾਈ ਅਤੇ ਉਦਯੋਗਪਤੀ ਜਤਿੰਦਰ ਸਿੰਘ ਕੁੰਦੀ ਅੰਤਰਰਾਸ਼ਟਰੀ ਡਾਇਰੈਕਟਰ ਅਲਾਇੰਸ ਇੰਟਰਨੈਸ਼ਨਲ ਦੇ ਸਹਿਯੋਗ ਨਾਲ ਕਰਵਾਇਆ ਗਿਆ। ਸਭਾ ਦੇ ਲੜੀਵਾਰ ਪ੍ਰੋਜੈਕਟ 'ਆਓ ਪੁੰਨ ਕਮਾਈਏ' ਤਹਿਤ ਡਾ. ਤੁਸ਼ਾਰ ਅਗਰਵਾਲ ਦੀ ਟੀਮ ਵੱਲੋਂ ਬਜ਼ੁਰਗ ਔਰਤ ਦੀ ਅੱਖ ਦਾ ਸਫਲ ਆਪ੍ਰੇਸ਼ਨ ਕਰਦਿਆਂ ਲੈਂਜ ਪਾ ਕੇ ਨਵੀਂ ਰੌਸ਼ਨੀ ਦਿੱਤੀ ਗਈ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਨਗਰ ਸੁਧਾਰ ਟਰੱਸਟ ਫਗਵਾੜਾ ਦੇ ਚੇਅਰਮੈਨ ਐਡਵੋਕੇਟ ਕਸਮੀਰ ਸਿੰਘ ਮੱਲ੍ਹੀ ਨੇ ਸਭਾ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਉਹਨਾ ਨੇ ਸਰਬ ਨੌਜਵਾਨ ਸਭਾ ਵੱਲੋਂ ਕੀਤੇ ਜਾ ਰਹੇ ਇਸ ਨੇਕ ਉਪਰਾਲੇ ਦੀ ਸ਼ਲਾਘਾ ਵੀ ਕੀਤੀ। ਇਸ ਦੌਰਾਨ ਡਾ. ਤੁਸ਼ਾਰ ਅਗਰਵਾਲ ਨੇ ਅੱਖਾਂ ਦੀ ਸੰਭਾਲ ਸੰਬੰਧੀ ਜਾਣਕਾਰੀ ਦਿੰਦਿਆਂ ਕਿਹਾ ਕਿ ਅੱਖਾਂ ਦੀ ਸੁਰੱਖਿਆ ਅਤਿ ਜ਼ਰੂਰੀ ਹੈ। ਇਸ ਮੌਕੇ ਆਮ ਆਦਮੀ ਪਾਰਟੀ ਐਸ ਸੀ ਵਿੰਗ ਜਿਲ੍ਹਾ ਕਪੂਰਥਲਾ ਦੇ ਪ੍ਰਧਾਨ ਸੰਤੋਸ਼ ਕੁਮਾਰ ਗੋਗੀ ਨੇ ਕਿਹਾ ਕਿ ਕੰਪਿਊਟਰ ਤੇ ਮੋਬਾਇਲ ਫੋਨ ਨਾਲ ਅਜੋਕੇ ਯੁੱਗ 'ਚ ਬੱਚਿਆਂ ਦੀਆਂ ਅੱਖਾਂ ਦਾ ਪ੍ਰਭਾਵਿਤ ਹੋਣਾ ਚਿੰਤਾਜਨਕ ਹੈ।ਅੱਖਾਂ ਦੇ ਬਚਾਅ ਲਈ ਸਾਰਥਕ ਯਤਨ ਜ਼ਰੂਰੀ ਹਨ। ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਨੇ ਦੱਸਿਆ ਕਿ ਲੋੜਵੰਦ ਔਰਤ ਦੀ ਅੱਖ 'ਚ ਫੋਲਡੇਬਲ ਲੈਂਜ਼ ਪਾਇਆ ਗਿਆ ਹੈ। ਉਹਨਾਂ ਸਭਾ ਦੇ ਪ੍ਰੋਜੈਕਟਾਂ ਬਾਰੇ ਵੀ ਦੱਸਿਆ ਕਿ ਸਰਬ ਨੌਜਵਾਨ ਸਭਾ ਜਿੱਥੇ ਲੋੜਵੰਦ ਮਰੀਜ਼ਾਂ ਦੇ ਆਪ੍ਰੇਸ਼ਨ ਕਰਵਾਉਂਦੀ ਹੈ, ਉੱਥੇ ਹੀ ਇਲਾਜ ਲਈ ਆਰਥਕ ਸਹਾਇਤਾ ਵੀ ਦਿੰਦੀ ਹੈ। ਇਸ ਮੌਕੇ 'ਆਪ' ਆਗੂ ਕੁਲਵਿੰਦਰ ਸਿੰਘ ਚੱਠਾ, ਸਭਾ ਦੇ ਉਪ ਪ੍ਰਧਾਨ ਰਵਿੰਦਰ ਸਿੰਘ ਰਾਏ, ਜਨਰਲ ਸਕੱਤਰ ਡਾ: ਵਿਜੇ ਕੁਮਾਰ, ਅਨੂਪ ਦੁੱਗਲ, ਮਨਦੀਪ ਬੱਸੀ, ਜਸ਼ਨ ਮਹਿਰਾ, ਰਾਜੀਵ ਸ਼ਰਮਾ, ਮੈਨੇਜਰ ਜਗਜੀਤ ਸੇਠ, ਮੈਡਮ ਪੂਜਾ ਸੈਣੀ, ਮੈਡਮ ਤਨੂੰ, ਮੈਡਮ ਰਮਨਦੀਪ ਕੌਰ, ਮੈਡਮ ਸਪਨਾ ਸ਼ਾਰਧਾ, ਸਾਹਿਬਜੀਤ ਸਾਬੀ, ਰਾਜਕੁਮਾਰ ਰਾਜਾ ਆਦਿ ਹਾਜ਼ਰ ਸਨ।

# ਐੱਨ ਓ ਸੀ ਜਾਰੀ ਕਰਨ 'ਚ ਕੋਈ ਵੀ ਦੇਰੀ ਨਾ ਕੀਤੀ ਜਾਵੇ : ਕਟਾਰੂਚੱਕ



**ਚੰਡੀਗੜ੍ਹ, (ਗੁਰਜੀਤ ਬਿੱਲਾ)** ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਦੀ ਕਾਰਜਕੁਸ਼ਲਤਾ 'ਚ ਵਾਧਾ ਕਰਨ ਅਤੇ ਇਸ ਦੇ ਕੰਮਕਾਜ ਨੂੰ ਹੋਰ ਸੁਚਾਰੂ ਬਣਾਉਣ ਦੇ ਉਦੇਸ਼ ਨਾਲ, ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਮੰਤਰੀ ਲਾਲ ਚੰਦ ਕਟਾਰੂਚਕ ਨੇ ਵਿਭਾਗ ਦੇ ਅਧਿਕਾਰੀਆਂ ਨੂੰ ਚੱਲ ਰਹੇ ਪ੍ਰਾਜੈਕਟਾਂ ਨੂੰ ਤੇਜ਼ੀ ਲਿਆਉਣ ਅਤੇ ਇਹਨਾਂ ਨੂੰ ਸਮੇਂ ਸਿਰ ਮੁਕੰਮਲ ਕਰਨ ਦੇ ਨਾਲ ਨਾਲ ਪ੍ਰਾਪਤ ਗ੍ਰਾਂਟਾਂ ਦੀ ਸੁਚੱਜੀ ਵਰਤੋਂ ਕਰਨ ਦੇ ਨਿਰਦੇਸ਼ ਦਿੱਤੇ। ਇੱਥੇ ਪੰਜਾਬ ਸਿਵਲ ਸਕੱਤਰੇਤ ਵਿਖੇ ਉੱਚ ਪੱਧਰੀ ਮੀਟਿੰਗ ਦੌਰਾਨ ਮੰਤਰੀ ਨੂੰ ਜਾਣੂੰ ਕਰਵਾਇਆ ਗਿਆ ਕਿ ਦਿੜ੍ਹਬਾ ਪਾਰਕ ਲਈ ਵਿਕਾਸ ਯੋਜਨਾ ਅਨੁਸਾਰ ਪਖਾਨੇ, ਚਾਰਦੀਵਾਰੀ ਦਾ ਨਿਰਮਾਣ ਕਰਨ ਦੀ ਤਜਵੀਜ਼ ਹੈ। ਇਸ ਤੋਂ ਇਲਾਵਾ ਲੈਂਡਸਕੇਪਿੰਗ, ਵਾਕਿੰਗ ਟਰੈਕ, ਗਾਰਡ ਕੁਆਟਰ ਵੀ ਬਣਾਏ ਜਾਣਗੇ। ਇਸ ਦੇ ਨਾਲ ਹੀ ਫਰਵਰੀ ਦੇ ਅੱਧ ਤੋਂ ਬਾਅਦ ਪੌਦੇ ਲਗਾਉਣ ਦਾ ਕੰਮ ਸ਼ੁਰੂ ਕੀਤਾ ਜਾਵੇਗਾ ਕਿਉਂਕਿ ਉਦੋਂ ਤੱਕ ਸਰਦੀਆਂ ਦਾ ਮੌਸਮ ਖਤਮ ਹੋ ਜਾਵੇਗਾ। ਜੰਗਲਾਤ ਸੰਭਾਲ ਐਕਟ, 1980 ਤਹਿਤ ਐਨ ਓ ਸੀਜ ਦਾ ਮੁੱਦਾ ਉਠਾਉਂਦਿਆਂ ਮੰਤਰੀ ਨੇ ਹਦਾਇਤ ਕੀਤੀ ਕਿ ਤੱਥਾਂ ਦੀ ਪੜਤਾਲ ਉਪਰੰਤ ਐਨ ਓ ਸੀ ਜਾਰੀ ਕਰਨ 'ਚ ਕੋਈ ਦੇਰੀ ਨਹੀਂ ਹੋਣੀ ਚਾਹੀਦੀ। ਇਸ ਤੋਂ ਇਲਾਵਾ ਪੰਜਾਬ ਸਰਕਾਰ ਦੀ ਨੀਤੀ ਅਨੁਸਾਰ ਕਿਸੇ ਵੀ ਤਰ੍ਹਾਂ ਦੇ ਭ੍ਰਿਸ਼ਟਾਚਾਰ ਨੂੰ ਬਰਦਾਸਤ ਨਹੀਂ ਕੀਤਾ ਜਾਵੇਗਾ।

ਸੂਬੇ ਦੇ ਹਿੱਤਾਂ ਲਈ ਅਧਿਕਾਰੀਆਂ ਨੂੰ ਇੱਕ ਟੀਮ ਵਜੋਂ ਕੰਮ ਕਰਨ ਲਈ ਉਤਸ਼ਾਹਿਤ ਕਰਦਿਆਂ ਮੰਤਰੀ ਨੇ ਪਠਾਨਕੋਟ 'ਚ ਕਥਲੌਰ ਜੰਗਲੀ ਜੀਵ ਰੱਖ ਦੇ ਵਿਕਾਸ ਅਤੇ ਵਲਚਰ ਰੈਸਟੋਰੈਂਟ ਦੀ ਢੁਕਵੀਂ ਸਾਂਭ-ਸੰਭਾਲ ਤੋਂ ਇਲਾਵਾ ਕੰਢੀ ਖੇਤਰਾਂ 'ਚ ਕੁਦਰਤੀ ਤਰੀਕੇ ਨਾਲ ਪੌਦੇ ਲਗਾਉਣ ਦੇ ਵਿਕਲਪ ਤਲਾਸ਼ਣ 'ਤੇ ਜ਼ੋਰ ਦਿੱਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਵਿੱਤ ਕਮਿਸ਼ਨਰ (ਜੰਗਲਾਤ) ਵਿਕਾਸ ਗਰਗ, ਪੀ ਸੀ ਸੀ ਐਫ ਆਰ ਕੇ ਮਿਸਰਾ, ਸੀ ਸੀ ਐਫ (ਐਫ ਸੀ ਏ) ਬਸੰਤਾ ਰਾਜ ਕੁਮਾਰ ਅਤੇ ਕੰਜ਼ਰਵੇਟਰ ਆਫ਼ ਫਾਰੈਸਟ (ਸਾਊਥ ਸਰਕਲ) ਅਜੀਤ ਕੁਲਕਰਨੀ ਸ਼ਾਮਲ ਸਨ।

# ਪੰਜਾਬ ਪੈਨਸ਼ਨਰਜ਼ ਯੂਨੀਅਨ ਹੁਸ਼ਿਆਰਪੁਰ ਦੀ ਮਹੀਨਾਵਾਰ ਮੀਟਿੰਗ



**ਹੁਸ਼ਿਆਰਪੁਰ, (ਓ ਪੀ ਰਾਣਾ, ਬਲਵੀਰ ਸਿੰਘ ਸੈਣੀ)**-ਪੰਜਾਬ ਪੈਨਸ਼ਨਰਜ਼ ਯੂਨੀਅਨ ਹੁਸ਼ਿਆਰਪੁਰ ਦੀ ਮਹੀਨਾਵਾਰ ਮੀਟਿੰਗ ਦਫਤਰ ਬੈਂਕ ਕਲੋਨੀ ਵਿਖੇ ਕੁਲਦੀਪ ਸਿੰਘ ਸੈਣੀ ਪ੍ਰਧਾਨ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੀ ਸ਼ੁਰੂਆਤ 'ਚ ਸੋਸ਼ਲਿਸਟ ਪਾਰਟੀ ਦੇ ਉੱਘੇ ਆਗੂ ਬਲਵੰਤ ਸਿੰਘ ਖੇੜਾ ਦੀ ਮੌਤ 'ਤੇ ਸ਼ੋਕ ਮਤਾ ਪਾਸ ਕੀਤਾ ਗਿਆ ਅਤੇ ਵਿਛੜੀ ਆਤਮਾ ਦੀ ਸ਼ਾਂਤੀ ਵਾਸਤੇ ਅਤੇ ਪਰਵਾਰ ਨੂੰ ਭਾਣਾ ਮਿੱਠਾ ਕਰਕੇ ਮੰਨਣ ਲਈ ਅਰਦਾਸ ਕੀਤੀ ਗਈ। ਇਸ ਮੌਕੇ ਯੂਨੀਅਨ ਦੇ ਆਗੂਆਂ ਉਂਕਾਰ ਸਿੰਘ ਪ੍ਰਧਾਨ, ਅਮਰੀਕ ਸਿੰਘ ਜਨਰਲ ਸਕੱਤਰ, ਸੀਨੀਅਰ ਮੀਤ ਪ੍ਰਧਾਨ ਜੋਗਾ ਸਿੰਘ ਅਤੇ ਬਿੱਕਰ ਸਿੰਘ ਨੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਸਾਂਝੀਆਂ ਮੰਗਾਂ ਦਾ ਜ਼ਿਕਰ ਕੀਤਾ ਤੇ ਕਿਹਾ ਕਿ ਦਫ਼ਤਰੀ ਮੁਲਾਜ਼ਮਾਂ ਦੀ ਕਲਮ ਛੋੜ ਹੜਤਾਲ ਜੋ ਕਿ ਦੂਸਰੇ ਮਹੀਨੇ ਵਿੱਚ ਦਾਖਲ ਹੋ ਗਈ ਹੈ, ਪਰ ਪੰਜਾਬ ਸਰਕਾਰ ਵੱਲੋਂ ਅੜੀਅਲ ਵਤੀਰਾ ਧਾਰਨ ਕੀਤਾ ਹੋਇਆ ਹੈ। ਸਰਕਾਰ ਮੀਟਿੰਗ ਦਾ ਟਾਈਮ ਦੇ ਕੇ ਮੀਟਿੰਗ ਵਿੱਚ ਆਨਾ ਬਹਾਨਾ ਕਰਕੇ ਮੀਟਿੰਗ ਅੱਗੇ ਪਾ ਰਹੀ ਹੈ। ਜਿਸ ਦੀ ਯੂਨੀਅਨ ਆਗੂਆਂ ਵੱਲੋਂ ਨਿਖੇਧੀ ਕੀਤੀ ਗਈ। ਯੂਨੀਅਨ ਆਗੂਆਂ ਨੇ ਸਰਕਾਰ ਨੂੰ ਇਹ ਵੀ ਚਿਤਾਵਨੀ ਦਿੱਤੀ ਕਿ ਜਿਸ ਤਰ੍ਹਾਂ ਦੂਸਰੀਆਂ ਸਟੇਟਾਂ ਵਿੱਚ ਆਮ ਆਦਮੀ ਪਾਰਟੀ ਦਾ ਚੋਣਾਂ ਵਿੱਚ ਜੋ ਹਸ਼ਰ ਹੋਇਆ ਹੈ ਪੰਜਾਬ ਵਿੱਚ ਵੀ ਲੋਕ ਸਭਾ ਦੀਆਂ ਹੋਣ ਵਾਲੀਆਂ ਚੋਣਾਂ ਵਿੱਚ ਇਹ ਹੀ ਹਾਲ ਸਰਕਾਰ ਦਾ ਹੋਵੇਗਾ। ਮੀਟਿੰਗ ਵਿੱਚ ਪ੍ਰਿਥੀਪਾਲ ਸਿੰਘ ਮਾੜੀ ਮੇਘਾ ਨੇ ਵੀ ਆਪਣੇ ਵਿਚਾਰ ਰੱਖੇ। ਉਪਰੋਕਤ ਤੋਂ ਇਲਾਵਾ ਮੀਟਿੰਗ ਵਿੱਚ ਸੁਰਜੀਤ ਸਿੰਘ, ਸੰਤੋਖ ਸਿੰਘ, ਗੁਰਮੀਤ ਸਿੰਘ, ਦਲਵਿੰਦਰ ਸਿੰਘ, ਮਨਜੀਤ ਸਿੰਘ, ਦਵਿੰਦਰ ਸਿੰਘ, ਗੁਰਸ਼ਰਨ ਸਿੰਘ, ਅਮਰਜੀਤ ਸਿੰਘ ਆਦਿ ਹਾਜ਼ਰ ਸਨ।

# ਯੁਵਕ ਸੇਵਾਵਾਂ ਕਲੱਬ ਵੱਲੋਂ ਮੀਟਿੰਗ

**ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)** ਨਾਨੋਵਾਲ ਦੇ ਪੰਚਾਇਤ ਘਰ ਵਿੱਚ ਨਾਨੋਵਾਲ ਪਿੰਡ ਦੇ ਯੁਵਕ ਸੇਵਾਵਾਂ ਕਲੱਬ ਵੱਲੋਂ ਪਿੰਡ ਦੀ ਓਪਨ ਮੀਟਿੰਗ ਕੀਤੀ ਗਈ। ਇਸ ਮੀਟਿੰਗ ਦੀ ਅਗਵਾਈ ਪ੍ਰਧਾਨ ਦੀਪਕ ਸ਼ਰਮਾ ਨੇ ਕੀਤੀ, ਜਿਸ 'ਚ ਪਿੰਡ ਦੇ ਨੌਜਵਾਨਾਂ ਸਾਹਿਤ ਪਿੰਡ ਦੇ ਸੁਝਵਾਨ ਪਤਵੰਤੇ ਸੱਜਣ ਹਾਜ਼ਰ ਹੋਏ ਇਸ ਮੀਟਿੰਗ 'ਚ ਬੋਲਦੇ ਹੋਏ ਕਲੱਬ ਦੇ ਸਰਪ੍ਰਸਤ ਭੁਪਿੰਦਰ ਸਿੰਘ ਫੌਜੀ ਨੇ ਕਲੱਬ ਦੁਆਰਾ ਕੀਤੇ ਗਏ ਕੰਮਾਂ ਤੋਂ ਜਾਣੂ ਕਰਵਾਇਆ ਅਤੇ ਜੋ ਕੰਮ ਕਰਨ ਵਾਲੇ ਨੇ ਉਨ੍ਹਾਂ 'ਤੇ ਚਰਚਾ ਹੋਈ। ਆਗੂਆਂ ਨੇ ਕਿਹਾ ਕਿ ਸਾਡੇ ਪਿੰਡ 'ਚ ਮਨਰੇਗਾ ਦਾ ਕੰਮ ਨਹੀਂ ਚੱਲ ਰਿਹਾ ਉਸ ਨੂੰ ਚਲਾਉਣ ਸੰਬੰਧੀ ਅਧਿਕਾਰੀਆਂ ਨਾਲ ਮਿਲ ਕੇ ਇਹ ਕੰਮ ਸ਼ੁਰੂ ਕਰਵਾਇਆ ਜਾਵੇ ਦੂਜਾ ਗੇਮ ਸੈਂਚੁਰੀ ਦੇ ਖੁੱਲ੍ਹੇ ਹੋਣ ਕਾਰਨ ਪਿੰਡ ਵਾਸੀਆਂ ਨੂੰ ਆ ਰਹੀਆਂ ਸਮੱਸਿਆਵਾਂ ਜਿਵੇਂ ਕਿ ਜੰਗਲੀ ਜਾਨਵਰ ਸਾਡਿਆਂ ਹਰਿਆਂ ਭਰਿਆ ਫਸਲਾਂ ਨੂੰ ਉਜਾੜ ਦਿੰਦੇ ਹਨ ਤੀਜੀ ਸਾਡੇ ਅੱਧੇ ਪਿੰਡ 'ਚ ਸਿੰਚਾਈ ਵਾਲਾਂ ਪਾਣੀ ਨਹੀਂ ਪੁੱਜਦਾ ਉਸ 'ਤੇ ਚਰਚਾ ਹੋਈ। ਅੰਤ 'ਚ ਜਿਮ ਦੇ ਰੱਖ ਰਖਾਵ ਤੇ ਸਮਾਨ ਸੰਬੰਧੀ ਅਤੇ ਮਹਿਲਾਵਾਂ ਨੂੰ ਉਹਨਾਂ ਦਾ ਬਣਦਾ ਹੱਕ ਦਿਵਾਉਣ ਲਈ ਮਹਿਲਾ ਮੰਡਲ ਬਣਾਉਣ 'ਤੇ ਜ਼ੋਰ ਦਿੱਤਾ ਗਿਆ। ਇਹਨਾਂ ਮੁਦਿਆ 'ਤੇ ਯੂਥ ਸੁਝਵਾਨ ਲੋਕਾਂ ਅਤੇ ਪਤਵੰਤੇ ਸੱਜਣਾ ਨੇ ਕਲੱਬ ਦਾ ਪੂਰਾ ਸਾਥ ਦੇਣ ਦੀ ਗੱਲ ਆਖੀ।

ਪਿੰਡ ਦੇ ਪੰਚ ਰਤਨ ਲਾਲ ਬਿੱਟੂ ਨੇ ਵੀ ਇਹਨਾਂ ਮੁਦਿਆ 'ਤੇ ਕਲੱਬ ਦਾ ਸਾਥ ਦੇਣ ਦੀ ਗੱਲ ਕੀਤੀ ਜੋ ਵਿਸ਼ੇਸ਼ ਤੌਰ 'ਤੇ ਉਥੇ ਹਾਜ਼ਰ ਸਨ।

# 43 ਸਰਕਾਰੀ ਸੇਵਾਵਾਂ ਮਿਲਣ ਨਾਲ ਲੋਕਾਂ ਦਾ ਸਮਾਂ ਤੇ ਪੈਸਾ ਦੋਵੇਂ ਬਚਣਗੇ : ਸੰਧੂ, ਸੈਣੀ, ਮਾਹਲ

**ਫਿਲੌਰ (ਨਿਰਮਲ)**- ਜਦੋਂ ਤੋਂ ਪੰਜਾਬ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਹੈ, ਉਦੋਂ ਤੋਂ ਹੀ ਲਗਾਤਾਰ ਲੋਕਾਂ ਨੂੰ ਹਰ ਤਰ੍ਹਾਂ ਦੀਆਂ ਸਹੂਲਤਾਂ ਦੇਣ ਦਾ ਸਿਲਸਿਲਾ ਜਾਰੀ ਹੈ।ਜਿਸ ਤਹਿਤ ਪੰਜਾਬ ਦੇ ਲੋਕਾਂ ਨੂੰ ਹੋਰ ਸਹੂਲਤਾਂ ਦੇਣ ਲਈ 'ਭਗਵੰਤ ਮਾਨ ਸਰਕਾਰ ਤੁਹਾਡੇ ਦੁਆਰਾ' ਸਕੀਮ ਤਹਿਤ ਲੋਕਾਂ ਨੂੰ ਘਰ ਬੈਠੇ 1076 'ਤੇ ਕਾਲ ਕਰਕੇ 43 ਸਰਕਾਰੀ ਸੇਵਾਵਾਂ ਦੇਣ ਦੀ ਸ਼ੁਰੂਆਤ ਕੀਤੀ ਹੈ।ਜਿਸ ਨਾਲ ਲੋਕਾਂ ਦਾ ਸਮਾਂ ਅਤੇ ਪੈਸਾ ਦੋਵੇਂ ਬਚਣਗੇ।ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਰਜਿੰਦਰ ਸੰਧੂ, ਵਰਿੰਦਰ ਸਿੰਘ ਸੈਣੀ, ਪਰਮਿੰਦਰ ਸਿੰਘ ਮਾਹਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਹੇ। ਉਨ੍ਹਾ ਕਿਹਾ ਕਿ ਜੋ ਵਾਅਦੇ ਸਰਕਾਰ ਬਣਨ ਤੋਂ ਪਹਿਲਾਂ ਆਮ ਆਦਮੀ ਪਾਰਟੀ ਨੇ ਪੰਜਾਬ ਦੇ ਲੋਕਾਂ ਨਾਲ ਕੀਤੇ ਸਨ ਉਹ ਇਕ ਇਕ ਕਰਕੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਪੂਰੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਮੁੜ ਤੋਂ ਦੇਸ਼ ਦਾ ਨੰਬਰ ਇੱਕ ਸੂਬਾ ਬਣਾਉਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆ ਕੋਸ਼ਿਸ਼ਾ ਲਗਾਤਰ ਜਾਰੀ ਹਨ, ਜਿਨ੍ਹਾ 'ਚ ਖੇਡਾਂ ਪੰਜਾਬ ਦੀਆ, ਭ੍ਰਿਸ਼ਟਾਚਾਰ ਅਤੇ ਬੇਰੁਜ਼ਗਾਰੀ ਨੂੰ ਠੱਲ੍ਹ ਪਾਉਣ ਦੇ ਨਾਲ-ਨਾਲ ਵਿਕਾਸ ਕਾਰਜਾਂ ਨੂੰ ਪਹਿਲ ਦਿੱਤੀ ਗਈ ਹੈ।ਉਨ੍ਹਾ ਕਿਹਾ ਕਿ ਮਾਨ ਸਰਕਾਰ ਜਿੱਥੇ ਲੋਕਾਂ ਨੂੰ ਮੁੱਢਲੀਆ ਸਹੂਲਤਾਂ ਮੁਹੱਈਆ ਕਰਵਾਉਣ 'ਚ ਕੋਈ ਕਸਰ ਨਹੀਂ ਛੱਡ ਰਹੀ, ਉਥੇ ਕੀਤੇ ਵਾਅਦੇ ਅਨੁਸਾਰ ਦਿੱਤੀਆ ਗਰੰਟੀਆਂ ਨੂੰ ਵੀ ਤੇਜੀ ਨਾਲ ਅਮਲੀਰੂਪ ਦਿੱਤਾ ਜਾ ਰਿਹਾ ਹੈ।

# ਜਿੰਪਾ ਨੇ 'ਮੁੱਖ ਮੰਤਰੀ ਤੀਰਥ ਯਾਤਰਾ ਸਕੀਮ' ਤਹਿਤ ਬੱਸ ਨੂੰ ਝੰਡੀ ਦਿਖਾ ਕੇ ਕੀਤਾ ਰਵਾਨਾ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਤਹਿਤ ਕੈਬਨਿਟ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਹੁਸ਼ਿਆਰਪੁਰ ਤੋਂ ਸ੍ਰੀ ਸਾਲਾਸਰ ਧਾਮ ਅਤੇ ਸ੍ਰੀ ਖਾਟੂ ਸ਼ਿਆਮ ਦੇ ਦਰਸ਼ਨਾਂ ਲਈ ਚੱਲ ਰਹੀ ਪਹਿਲੀ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਇਸ ਦੌਰਾਨ ਉਨ੍ਹਾਂ ਦੇ ਨਾਲ ਮੇਅਰ ਸੁਰਿੰਦਰ ਕੁਮਾਰ, ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸੈਣੀ, ਡਿਪਟੀ ਮੇਅਰ ਰਣਜੀਤ ਚੌਧਰੀ, ਕਮਿਸ਼ਨਰ ਨਗਰ ਨਿਗਮ ਜੋਤੀ ਬਾਲਾ ਮੱਟੂ ਅਤੇ ਐਸ.ਡੀ.ਐਮ ਹੁਸ਼ਿਆਰਪੁਰ ਪ੍ਰੀਤਇੰਦਰ ਸਿੰਘ ਬੈਂਸ ਵੀ ਮੌਜੂਦ ਸਨ।

ਹੁਸ਼ਿਆਰਪੁਰ ਤੋਂ ਸ੍ਰੀ ਸਾਲਾਸਰ ਧਾਮ ਅਤੇ ਸ੍ਰੀ ਖਾਟੂ ਸ਼ਿਆਮ ਦੇ ਦਰਸ਼ਨਾਂ ਲਈ ਸ਼ਰਧਾਲੂਆਂ ਦੀ ਬੱਸ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕਰਨ ਮੌਕੇ ਕੈਬਨਿਟ ਮੰਤਰੀ ਜਿੰਪਾ ਨੇ ਕਿਹਾ ਕਿ ਇਸ ਯੋਜਨਾ ਦੇ ਸ਼ੁਰੂ ਹੋਣ ਨਾਲ ਪੰਜਾਬ ਦੇ ਲੋਕਾਂ ਨੂੰ ਦੇਸ ਭਰ ਦੇ ਵੱਖ-ਵੱਖ ਤੀਰਥ ਸਥਾਨਾਂ ਦੇ ਦਰਸਨਾਂ ਲਈ ਯਾਤਰਾ ਦੀ ਸਫਰ ਦੀ ਸਹੂਲਤ ਮੁਫਤ ਮਿਲੀ ਹੈ।

ਬ੍ਰਮ ਸੰਕਰ ਜਿੰਪਾ ਨੇ ਸਰਧਾਲੂਆਂ ਨੂੰ ਸ਼ੁਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਰਾਜ ਸਰਕਾਰ ਨੇ ਇਸ ਤੀਰਥ ਯਾਤਰਾ 'ਤੇ ਜਾਣ ਲਈ ਦੋ ਤਰ੍ਹਾਂ ਦੇ ਸਾਧਨਾਂ ਦਾ ਪ੍ਰਬੰਧ ਕੀਤਾ ਹੈ। ਉਨ੍ਹਾਂ ਦੱਸਿਆ ਕਿ ਲੰਬੀ ਦੂਰੀ ਦੇ ਧਾਰਮਿਕ ਸਥਾਨਾਂ ਦੀ ਯਾਤਰਾ ਦਾ ਸਾਧਨ ਰੇਲ ਗੱਡੀ ਅਤੇ ਛੋਟੀ ਦੂਰੀ ਲਈ ਸੜਕ ਮਾਰਗ ਰਾਹੀਂ ਏ.ਸੀ ਬੱਸਾਂ ਰਾਹੀਂ ਯਾਤਰਾ ਦਾ ਪ੍ਰਬੰਧ ਕੀਤਾ ਗਿਆ ਹੈ। ਇਸ ਮੌਕੇ ਸਕੱਤਰ ਖੇਤਰੀ ਟਰਾਂਸਪੋਰਟ ਅਥਾਰਟੀ ਆਰ ਐਸ ਗਿੱਲ, ਜੀ ਐਮ ਪੰਜਾਬ ਰੋਡਵੇਜ ਹੁਸ਼ਿਆਰਪੁਰ ਡਿਪੂ ਜਸਬੀਰ ਕੋਟਲਾ, ਸਹਾਇਕ ਕਮਿਸਨਰ ਨਗਰ ਨਿਗਮ ਸੰਦੀਪ ਤਿਵਾੜੀ, ਰਾਜੇਸ਼ਵਰ ਦਿਆਲ ਬੱਬੀ, ਵਰਿੰਦਰ ਸ਼ਰਮਾ ਬਿੰਦੂ, ਸਚਿਨ ਗੁਪਤਾ, ਆਮ ਆਦਮੀ ਪਾਰਟੀ ਦੇ ਸੂਬਾ ਜੁਆਇੰਟ ਸਕੱਤਰ ਸਤਵੰਤ ਸਿੰਘ ਸਿਆਣ, ਕੌਂਸਲਰ ਵਿਜੇ ਅਗਰਵਾਲ, ਪ੍ਰਦੀਪ ਬਿੱਟੂ, ਸੰਤੋਸ਼ ਸੈਣੀ, ਧੀਰਜ ਸ਼ਰਮਾ, ਮੁਨੀਸ਼ ਸ਼ਰਮਾ, ਮਨੀ ਗੋਗੀਆ ਅਤੇ ਹੋਰ ਪਤਵੰਤੇ ਹਾਜ਼ਰ ਸਨ।

# ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਦੇ 25ਵੇਂ ਜਥੇ ਨੇ ਕੀਤੇ ਕਰਤਾਰਪੁਰ ਸਾਹਿਬ ਦੇ ਦਰਸ਼ਨ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਵਿੱਤਰ ਅਸਥਾਨ ਸ੍ਰੀ ਕਰਤਾਪੁਰ ਸਾਹਿਬ (ਪਾਕਿਸਤਾਨ) ਦੇ ਦਰਸ਼ਨਾਂ ਲਈ ਲਗਾਤਾਰ ਭੇਜੇ ਜਾ ਰਹੇ ਜਥਿਆਂ ਦੀ ਲੜੀ ਤਹਿਤ ਇਸ ਵਾਰ 55 ਸ਼ਰਧਾਲੂਆਂ ਦਾ 25ਵਾਂ ਜਥਾ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਕਰਤਾਰਪੁਰ ਸਾਹਿਬ ਵਿਖੇ ਨਤਮਸਤਕ ਹੋਇਆ।ਇਸ ਜਥੇ ਵਿਚ ਨਵਾਂਸ਼ਹਿਰ ਅਤੇ ਆਸ ਪਾਸ ਦੇ ਇਲਾਕੇ ਦੀਆਂ ਸੰਗਤਾਂ ਸ਼ਾਮਲ ਸਨ ਜੋਗਾ ਸਿੰਘ ਥਾਂਦੀ ਦੀ ਅਗਵਾਈ 'ਚ ਇਹ ਜਥਾ ਸਵੇਰੇ ਚਾਰ ਵਜੇ ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਦੇ ਦਫਤਰ ਤੋਂ ਰਵਾਨਾ ਹੋਇਆ। ਗੁਰਦੁਆਰਾ ਬਾਬਾ ਬਕਾਲਾ ਸਾਹਿਬ ਦੇ ਦਰਸ਼ਨ ਕਰਨ ਉਪਰੰਤ ਇਹ ਜਥਾ ਡੇਰਾ ਬਾਬਾ ਨਾਨਕ ਟਰਮੀਨਲ ਤੋਂ ਕਰਤਾਰਪੁਰ ਸਾਹਿਬ ਕਾਰੀਡੋਰ ਰਾਹੀਂ ਪਾਕਿਸਤਾਨ ਵਿਚ ਦਾਖਲ ਹੋਇਆ ਜਿੱਥੇ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਮੁਕੱਦਸ ਅਸਥਾਨ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਕਰਤਾਰਪੁਰ ਸਾਹਿਬ (ਪਾਕਿ:) ਦੇ ਖੁੱਲ੍ਹੇ ਦਰਸ਼ਨ ਦੀਦਾਰ ਕੀਤੇ।ਇਸ ਜਥੇ ਵਿਚ ਨਵਾਂਸ਼ਹਿਰ ਤੋਂ ਇਲਾਵਾ ਰਾਹੋਂ, ਬੰਗਾ, ਦੌਲਤਪੁਰ, ਕਰੀਹਾ, ਖੁਰਦ ਗਹੂੰਣ, ਲੋਹਟ ਅਤੇ ਸੈਲਾ ਖੁਰਦ ਤੋਂ ਵੀ ਸੰਗਤਾਂ ਸ਼ਾਮਲ ਸਨ। ਇਹ ਜਾਣਕਾਰੀ ਦਿੰਦੇ ਹੋਏ ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਦੇ ਮੁੱਖ ਸੇਵਾਦਾਰ ਸੁਰਜੀਤ ਸਿੰਘ ਨੇ ਦੱਸਿਆ ਕਿ ਸੁਸਾਇਟੀ ਰਾਹੀਂ ਜਾਣ ਵਾਲੇ ਹਰ ਜਥੇ ਲਈ ਸੁਸਾਇਟੀ ਵਲੋਂ ਆਉਣ ਜਾਣ ਦੇ ਸਾਧਨਾਂ ਤੋਂ ਇਲਾਵਾ ਸਵੇਰ ਦੇ ਨਾਸ਼ਤੇ ਅਤੇ ਵਾਪਸੀ ਸਮੇਂ ਰਾਤ ਦੇ ਖਾਣੇ ਦਾ ਪ੍ਰਬੰਧ ਵੀ ਕੀਤਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਵਲੋਂ ਕਰਤਾਰਪੁਰ ਸਾਹਿਬ ਦੀ ਯਾਤਰਾ ਲਈ ਅਗਲਾ ਅਤੇ 26ਵਾਂ ਜਥਾ 30 ਦਸੰਬਰ ਨੂੰ ਭੇਜਿਆ ਜਾਵੇਗਾ।

# ਸੰਤ ਚਾਨਣ ਰਾਮ ਸ਼ੇਰਗੜ੍ਹ ਤੇ ਮਾਤਾ ਹਰਨਾਮ ਕੌਰ ਦੀ ਯਾਦ ਸਮਾਗਮ ਅੱਜ



**ਹੁਸ਼ਿਆਰਪੁਰ (ਓ ਪੀ ਰਾਣਾ)** 108 ਸੰਤ ਚਾਨਣ ਰਾਮ ਸ਼ੇਰਗੜ੍ਹ ਵਾਲਿਆਂ ਦੀ 11ਵੀਂ ਬਰਸੀ ਅਤੇ ਮਾਤਾ ਹਰਨਾਮ ਕੌਰ ਦੀ ਯਾਦ ਵਿੱਚ ਸਾਲਾਨਾ ਸਮਾਗਮ 14 ਦਸੰਬਰ ਦਿਨ ਵੀਰਵਾਰ ਨੂੰ ਧਾਮ ਚਾਣਨਪੁਰੀ ਸ਼ੇਰਗੜ੍ਹ ਚੰਡੀਗੜ੍ਹ ਰੋਡ ਅਸਲਾਮਾਬਾਦ ਹੁਸ਼ਿਆਰਪੁਰ ਵਿਖੇ ਬੜੀ ਸ਼ਰਧਾ ਪੂਰਵਕ ਮਨਾਏ ਜਾਣਗੇ।ਡੇਰੇ ਦੇ ਮੌਜੂਦਾ ਸੰਚਾਲਕ ਸੰਤ ਧਰਮਪਾਲ ਸਟੇਜ ਸਕੱਤਰ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ) ਪੰਜਾਬ ਨੇ ਸਮਾਗਮ ਸੰਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ 14 ਦਸੰਬਰ ਸਵੇਰੇ 8 ਵਜੇ ਨਿਸ਼ਾਨ ਸਾਹਿਬ ਦੇ ਚੋਲੇ ਬਦਲਣ ਦੀ ਸੇਵਾ, 10 ਵਜੇ ਪਹਿਲਾਂ ਆਰੰਭ ਸ੍ਰੀ ਸਹਿਜ ਪਾਠ ਦੇ ਭੋਗ ਪੈਣਗੇ ਉਪਰੰਤ ਖੁੱਲ੍ਹੇ ਦੀਵਾਨਾਂ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਕੀਰਤਨ ਦੇ ਦੀਵਾਨ ਸਜਾਏ ਜਾਣਗੇ, ਜਿਸ ਵਿੱਚ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਦੇ ਵੱਖ ਵੱਖ ਡੇਰਿਆਂ ਦੇ ਸੰਤ ਮਹਾਂਪੁਰਸ਼, ਰਾਗੀ, ਢਾਡੀ ਅਤੇ ਕਥਾਵਾਚਕ ਕੀਰਤਨ, ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।ਉਨ੍ਹਾਂ ਸੰਗਤਾਂ ਨੂੰ ਸਮਾਗਮਾਂ ਵਿੱਚ ਹੁੰਮ ਹੁਮਾ ਕੇ ਪਹੁੰਚਣ ਦੀ ਅਪੀਲ ਕੀਤੀ।

# ਮਾਨ ਨੇ ਆਂਗਨਵਾੜੀ ਹੈਲਪਰਾਂ ਤੇ ਵਰਕਰਾਂ ਨੂੰ ਨਿਯੁਕਤੀ ਪੱਤਰ ਸੌਂਪੇ



**ਮਾਜਰੀ (ਮੋਹਨ ਅਗਰਵਾਲ ਜੋਗਾ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਕੇਵਲ ਡੇਢ ਸਾਲ ਦੇ ਅਰਸੇ ਦੌਰਾਨ ਹੀ 37 ਹਜ਼ਾਰ ਤੋਂ ਵੱਧ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦੇ ਨਿਯੁਕਤੀ ਪੱਤਰ ਪ੍ਰਦਾਨ ਕੀਤੇ ਗਏ ਹਨ ਤੇ ਇਹ ਮੁਹਿੰਮ ਲਗਾਤਾਰ ਜਾਰੀ ਹੈ। ਇਹ ਪ੍ਰਗਟਾਵਾ ਕੈਬਨਿਟ ਮੰਤਰੀ ਅਨਮੋਲ ਗਗਨ ਮਾਨ ਨੇ ਬੀ ਡੀ ਪੀ ਓ ਦਫਤਰ ਮਾਜਰੀ ਵਿਖੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਵੱਲੋਂ ਨਵੇਂ ਭਰਤੀ ਕੀਤੇ 39 ਆਂਗਨਵਾੜੀ ਹੈਲਪਰਾਂ ਅਤੇ 13 ਆਂਗਨਵਾੜੀ ਵਰਕਰਾਂ ਨੂੰ ਨਿਯੁਕਤੀ ਪੱਤਰ ਸੌਂਪਦਿਆਂ ਆਖੀ। ਇਸ ਮੌਕੇ ਬੇਟੀ ਬਚਾਓ ਬੇਟੀ ਪੜ੍ਹਾਓ ਮੁਹਿੰਮ ਤਹਿਤ 15 ਨਵਜਨਮੀਆਂ ਬੱਚੀਆਂ ਨੂੰ ਬੇਬੀ ਕਿਟਸ ਵੀ ਵੰਡੀਆਂ ਗਈਆਂ। ਕੈਬਨਿਟ ਮੰਤਰੀ ਨੇ ਅੱਗੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਿਰੋਲ ਮੈਰਿਟ ਅਤੇ ਪਾਰਦਰਸ਼ੀ ਤਰੀਕੇ ਨਾਲ ਰਾਜ ਅੰਦਰ ਭਰਤੀ ਮੁਹਿੰਮ ਚਲਾਈ ਜਾ ਰਹੀ ਹੈ, ਜਿਸ ਨਾਲ ਸਿਰਫ ਕਾਬਲ, ਹੱਕਦਾਰ ਤੇ ਲੋੜਵੰਦ ਉਮੀਦਵਾਰਾਂ ਨੂੰ ਨੌਕਰੀਆਂ ਦਿੱਤੀਆਂ ਜਾ ਰਹੀਆਂ ਹਨ। ਇਸ ਭਰਤੀ ਮੁਹਿੰਮ 'ਚ ਮੈਰਿਟ ਤੋਂ ਬਿਨਾਂ ਸਿਫਾਰਸ਼ ਜਾਂ ਹੋਰ ਚੋਰ-ਮੋਰੀ ਲਈ ਕੋਈ ਥਾਂ ਨਹੀਂ ਹੈ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ 'ਰੰਗਲਾ ਪੰਜਾਬ' ਸਿਰਜਣ ਲਈ ਅਣਥੱਕ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ, ਇਸੇ ਤਹਿਤ ਰਾਜ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖ ਕੇ ਅਤੇ ਵਿਦੇਸ਼ ਜਾਣ ਦੇ ਰੁਝਾਨ ਨੂੰ ਠੱਲ੍ਹ ਪਾਉਣ ਹਿੱਤ ਮਾਨ ਸਰਕਾਰ ਨੇ ਆਪਣੇ ਕਾਰਜਕਾਲ ਦੇ ਪਹਿਲੇ 18 ਮਹੀਨਿਆਂ 'ਚ ਹੀ ਨੌਜਵਾਨਾਂ ਨੂੰ ਏਨੀ ਵੱਡੀ ਗਿਣਤੀ 'ਚ ਨੌਕਰੀਆਂ ਦਿੱਤੀਆਂ ਹਨ। ਕੈਬਨਿਟ ਮੰਤਰੀ ਨੇ ਨਵੇਂ ਨਿਯੁਕਤ ਹੋਏ ਹੈਲਪਰਾਂ ਤੇ ਆਂਗਣਵਾੜੀ ਵਰਕਰਜ਼ ਨੂੰ ਵਧਾਈ ਦਿੰਦਿਆਂ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਕੰਮ ਕਰਨ ਅਤੇ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਦਾ ਲਾਭ ਲੋੜਵੰਦਾਂ ਤੇ ਯੋਗ ਲਾਭਪਾਤਰੀਆਂ ਤੱਕ ਪੁੱਜਦਾ ਕਰਨ ਦੀ ਹਦਾਇਤ ਵੀ ਕੀਤੀ।

ਇਸ ਮੌਕੇ ਬੀ ਡੀ ਪੀ ਓ ਮਾਜਰੀ ਵਿਨੋਦ ਜੋਸ਼ੀ, ਸੀ ਡੀ ਪੀ ਓ ਸੁਭਮ ਭਾਰਦਵਾਜ, ਸਮੇਤ ਵੱਖੋ ਵੱਖ ਵਿਭਾਗਾਂ ਦੇ ਅਧਿਕਾਰੀ ਵੱਡੀ ਗਿਣਤੀ ਪਿੰਡਾਂ ਦੇ ਲੋਕ ਤੇ ਪਤਵੰਤੇ ਹਾਜ਼ਰ ਸਨ।

# ਗੈਰ-ਕਾਨੂੰਨੀ ਹਥਿਆਰਾਂ ਦੀ ਸਪਲਾਈ ਕਰਨ ਵਾਲੇ ਗਰੋਹ ਦੇ ਦੋ ਮੁਲਜ਼ਮ ਗ੍ਰਿਫ਼ਤਾਰ



**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ )** : ਜ਼ਿਲ੍ਹਾ ਜਲੰਧਰ ਪੁਲਸ ਵੱਲੋਂ ਪੁਲਸ ਕਮਿਸ਼ਨਰ ਸਵਪਨ ਸ਼ਰਮਾ ਦੀ ਅਗਵਾਈ ਵਿੱਚ ਸੀ ਆਈ ਏ ਟੀਮ ਨੇ ਐਮ ਪੀ ਤੋਂ ਗੈਰ-ਕਾਨੂੰਨੀ ਹਥਿਆਰਾਂ ਦੀ ਸਪਲਾਈ ਕਰਨ ਵਾਲੇ ਇੱਕ ਗਰੋਹ ਦਾ ਪਰਦਾਫਾਸ਼ ਕਰਦਿਆਂ ਦੋ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਨ ਵਿੱਚ ਵੱਡੀ ਸਫ਼ਲਤਾ ਪ੍ਰਾਪਤ ਕੀਤੀ ਹੈ। ਪੁਲਸ ਨੇ ਦੋਨਾਂ ਮੁਲਜ਼ਮਾਂ ਕੋਲੋਂ .32 ਬੋਰ ਦੇ 10 ਦੇਸੀ ਪਿਸਤੌਲ ਅਤੇ 10 ਮੈਗਜ਼ੀਨ ਬਰਾਮਦ ਕੀਤੇ ਹਨ।ਫੜੇ ਗਏ ਮੁਲਜ਼ਮਾਂ ਦੀ ਪਛਾਣ ਦਿਲਪ੍ਰੀਤ ਸਿੰਘ ਉਰਫ਼ ਦਿਲ ਪੁੱਤਰ ਗੁਰਨਾਮ ਸਿੰਘ ਵਾਸੀ ਗੁਰਦਾਸਪੁਰ, ਅਜੀਤਪਾਲ ਸਿੰਘ ਉਰਫ਼ ਸ਼ਾਲੂ ਪੁੱਤਰ ਹਰਬੰਦ ਸਿੰਘ ਵਾਸੀ ਗੁਰਦਾਸਪੁਰ ਵਜੋਂ ਹੋਈ ਹੈ। ਪੁਲਸ ਕਮਿਸ਼ਨਰ ਸਵਪਨ ਸ਼ਰਮਾ ਨੇ ਦੱਸਿਆ ਕਿ ਡੀ ਸੀ ਪੀ ਇਨਵੈਸਟੀਗੇਸ਼ਨ ਹਰਵਿੰਦਰ ਵਿਰਕ, ਏ ਸੀ ਪੀ ਇਨਵੈਸਟੀਗੇਸ਼ਨ ਪਰਮਜੀਤ ਸਿੰਘ ਦੀ ਅਗਵਾਈ ਵਿੱਚ ਸੀ ਆਈ ਏ ਸਟਾਫ਼ ਦੇ ਇੰਚਾਰਜ ਸੁਰਿੰਦਰ ਕੁਮਾਰ ਦੀ ਟੀਮ ਨੇ ਪਰਾਗਪੁਰ ਲਿੰਕ ਰੋਡ 'ਤੇ ਨਾਕਾਬੰਦੀ ਕੀਤੀ ਹੋਈ ਸੀ।ਇਸ ਦੌਰਾਨ ਪੁਲਸ ਨੂੰ ਗੁਪਤ ਸੂਚਨਾ ਮਿਲੀ ਸੀ ਕਿ ਦੋਵੇਂ ਮੁਲਜ਼ਮ ਮੱਧ ਪ੍ਰਦੇਸ਼ ਤੋਂ ਨਾਜਾਇਜ਼ ਹਥਿਆਰ ਖਰੀਦ ਕੇ ਪੰਜਾਬ 'ਚ ਸਪਲਾਈ ਕਰ ਰਹੇ ਹਨ। ਜਿਨ੍ਹਾਂ ਕੋਲ ਭਾਰੀ ਮਾਤਰਾ 'ਚ ਨਾਜਾਇਜ਼ ਹਥਿਆਰ ਹਨ। ਅੱਜ ਵੀ ਉਹ ਨਾਜਾਇਜ਼ ਹਥਿਆਰਾਂ ਦੀ ਸਪਲਾਈ ਕਰਨ ਲਈ ਪਰਾਗਪੁਰ ਚੌਕ ਵੱਲ ਆ ਰਹੇ ਹਨ।ਇਸ ਦੌਰਾਨ ਫਗਵਾੜਾ ਵੱਲੋਂ ਆ ਰਹੇ ਸ਼ੱਕੀ ਵਿਅਕਤੀਆਂ ਦੀ ਪਰਾਗਪੁਰ ਲਿੰਕ ਰੋਡ 'ਤੇ ਨਾਕਾਬੰਦੀ ਕਰ ਚੈਕਿੰਗ ਕੀਤੀ ਗਈ। ਚੈਕਿੰਗ ਦੌਰਾਨ ਦੋਵਾਂ ਦੇ ਕਬਜ਼ੇ 'ਚੋਂ .32 ਬੋਰ ਦੇ 10 ਦੇਸੀ ਪਿਸਤੌਲ ਅਤੇ 10 ਮੈਗਜ਼ੀਨ ਬਰਾਮਦ ਹੋਏ। ਪੁੱਛਗਿੱਛ ਦੌਰਾਨ ਖੁਲਾਸਾ ਹੋਇਆ ਕਿ ਦਿਲਪ੍ਰੀਤ ਆਪਣੇ ਨੇੜਲੇ ਪਿੰਡ ਦੇ ਅਜੈ ਕੁਮਾਰ ਨਾਲ ਮਿਲ ਕੇ ਮੱਧ ਪ੍ਰਦੇਸ਼ ਤੋਂ ਹਥਿਆਰਾਂ ਦੀ ਖੇਪ ਲੈ ਕੇ ਆਇਆ ਸੀ।ਦੋਵੇਂ ਮੁਲਜ਼ਮਾਂ ਨੇ ਆਪਣੇ ਕੋਲ ਹਥਿਆਰ ਵੀ ਰੱਖੇ ਹੋਏ ਸਨ। ਦੋਵੇਂ 5 ਦਸੰਬਰ ਦੀ ਰਾਤ ਨੂੰ ਅੰਮ੍ਰਿਤਸਰ ਤੋਂ ਬੱਸ ਰਾਹੀਂ ਦਿੱਲੀ ਗਏ ਸਨ। ਜਿਸ ਤੋਂ ਬਾਅਦ ਉਹ ਦਿੱਲੀ ਤੋਂ ਇੰਦੌਰ ਚਲਾ ਗਿਆ, ਜਿੱਥੇ ਉਸ ਨੇ ਆਪਣੇ ਜਾਣਕਾਰ ਨਾਲ ਸੰਪਰਕ ਕੀਤਾ।ਇਸ ਦੌਰਾਨ ਮੁਲਜ਼ਮ ਨਾਜਾਇਜ਼ ਹਥਿਆਰਾਂ ਸਮੇਤ ਬੱਸ ਰਾਹੀਂ ਵਾਪਸ ਆ ਗਏ।ਇਸ ਦੌਰਾਨ ਦੋਵੇਂ ਪਰਾਗਪੁਰ ਨੇੜੇ ਬੱਸ ਤੋਂ ਹੇਠਾਂ ਉਤਰ ਕੇ ਕਿਸੇ ਹੋਰ ਵਾਹਨ ਦੀ ਉਡੀਕ ਕਰ ਰਹੇ ਸਨ। ਦੋਸ਼ੀਆਂ ਨੇ ਪੁੱਛਗਿੱਛ ਦੌਰਾਨ ਦੱਸਿਆ ਕਿ ਉਹ ਮੱਧ ਪ੍ਰਦੇਸ਼ ਤੋਂ ਇੱਕ ਪਿਸਤੌਲ 22 ਹਜ਼ਾਰ ਰੁਪਏ ਵਿੱਚ ਖਰੀਦ ਕੇ ਪੰਜਾਬ ਵਿੱਚ 70 ਤੋਂ 80 ਹਜ਼ਾਰ ਰੁਪਏ ਵਿੱਚ ਵੇਚਦੇ ਹਨ। ਦੋਸ਼ੀਆਂ ਨੇ ਦੱਸਿਆ ਕਿ ਪੰਜਾਬ, ਹਰਿਆਣਾ ਅਤੇ ਰਾਜਸਥਾਨ ਦੇ ਗੈਂਗਸਟਰਾਂ ਸਮੇਤ ਹੋਰ ਬਦਮਾਸ਼ ਮੱਧ ਪ੍ਰਦੇਸ਼ ਤੋਂ ਨਾਜਾਇਜ਼ ਹਥਿਆਰ ਲੈ ਕੇ ਆਉਂਦੇ ਹਨ।ਪੁਲਸ ਨੇ ਦੱਸਿਆ ਕਿ ਮਾਮਲੇ ਦੀ ਹੋਰ ਜਾਂਚ ਕੀਤੀ ਜਾ ਰਹੀ ਹੈ।

# ਖੋਸਲਾ ਭਗਵਾਨ ਵਾਲਮੀਕਿ ਸਤਿਕਾਰ ਕਮੇਟੀ (ਭਾਰਤ) ਦੇ ਰਾਸ਼ਟਰੀ ਪ੍ਰਧਾਨ ਨਿਯੁਕਤ



**ਭੋਗਪੁਰ ( ਗੁਰਪ੍ਰੀਤ ਸਿੰਘ ਭੋਗਲ)** ਡੈਮੋਕਰੈਟਿਕ ਭਾਰਤੀਯ ਲੋਕ ਦਲ ਦੇ ਰਾਸ਼ਟਰੀ ਪ੍ਰਧਾਨ ਗੁਰਮੁੱਖ ਸਿੰਘ ਖੋਸਲਾ ਆਪਣੇ ਸਾਥੀਆਂ ਸਮੇਤ ਸੰਤ ਹਰੀ ਨਾਥ ਮਹਾਰਾਜ ਦੀ ਬਰਸੀ 'ਤੇ ਉਨ੍ਹਾਂ ਦੇ ਪਵਿੱਤਰ ਸਥਾਨਾ 'ਤੇ ਸ਼ਰਧਾ ਦੇ ਫੁੱਲ ਭੇਟ ਕਰਨ ਪਹੁੰਚੇ। ਇਸ ਮੌਕੇ ਸੰਤ ਮਲਕੀਤ ਨਾਥ ਮਹਾਰਾਜ ਗੱਦੀਨਸ਼ੀਨ ਧੂਣਾ ਸਾਹਿਬ ਵਾਲਮੀਕਿ ਤੀਰਥ ਅੰਮ੍ਰਿਤਸਰ ਤੋਂ ਆਸ਼ੀਰਵਾਦ ਪ੍ਰਾਪਤ ਕਰਕੇ ਭਗਵਾਨ ਵਾਲਮੀਕਿ ਸਤਿਕਾਰ ਕਮੇਟੀ (ਭਾਰਤ) ਦਾ ਐਲਾਨ ਕੀਤਾ ਗਿਆ ਅਤੇ ਗੁਰਮੁੱਖ ਸਿੰਘ ਖੋਸਲਾ ਨੂੰ ਸਰਬਸੰਮਤੀ ਕਮੇਟੀ ਦੇ ਰਾਸ਼ਟਰੀ ਪ੍ਰਧਾਨ ਨਿਯੁਕਤ ਕੀਤਾ ਗਿਆ। ਇਸ ਮੌਕੇ ਗੁਰਮੁੱਖ ਸਿੰਘ ਖੋਸਲਾ ਨੇ ਸੰਤ ਮਲਕੀਤ ਨਾਥ ਮਹਾਰਾਜ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਅੱਜ ਅਸੀਂ ਸੰਤ ਮਹਾਪੁਰਸ਼ਾ ਦੇ ਆਸ਼ੀਰਵਾਦ ਸਦਕਾ ਭਗਵਾਨ ਵਾਲਮੀਕਿ ਸਤਿਕਾਰ ਕਮੇਟੀ (ਭਾਰਤ) ਦਾ ਗਠਨ ਕੀਤਾ ਹੈ ਅਤੇ ਜਹਿੜੀ ਮੈਨੂੰ ਜਿੰਮੇਵਾਰੀ ਸੌਂਪੀ ਗਈ ਹੈ ਮੈਂ ਉਸ ਨੂੰ ਆਪਣੀ ਤੰਨਦੇਹੀ ਨਾਲ ਨਿਭਾਵਾਂਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੰਤ ਬਲਵੰਤ ਨਾਥ, ਓਮ ਪ੍ਰਕਾਸ਼ ਗੱਬਰ ਚੇਅਰਮੈਨ ਧੂਣਾ ਸਾਹਿਬ ਟਰੱਸਟ ਵਾਲਮੀਕਿ ਤੀਰਥ ਅੰਮ੍ਰਿਤਸਰ, ਸਰਵਣ ਸਿੰਘ ਬਿੱਟੂ ਨਾਥ, ਚੇਅਰਮੈਨ ਨਛੱਤਰ ਨਾਥ ਸ਼ੇਰ ਗਿਲ, ਰੂੜਾ ਰਾਮ ਰਾਸ਼ਟਰੀ ਜਨਰਲ ਸਕੱਤਰ, ਮੰਗਤ ਰਾਮ ਕਲਿਆਣ ਰਾਸ਼ਟਰੀ ਸਕੱਤਰ, ਕੁਲਜੀਤ ਸਿੰਘ ਰਾਸ਼ਟਰੀ ਸਪੋਕਸ ਪਰਸਨ, ਮਨੋਜ ਕੁਮਾਰ ਰਾਸ਼ਟਰੀ ਸਕੱਤਰ, ਨੀਲਮ ਗਿੱਲ ਜਨਰਲ ਸਕੱਤਰ ਮਹਿਲਾ ਵਿੰਗ ਪੰਜਾਬ, ਮਨਜੀਤ ਕੌਰ ਮਾਨ ਸੀਨੀਅਰ ਆਗੂ ਡੈਮੋਕਰੈਟਿਕ ਭਾਰਤੀਯ ਲੋਕ ਦਲ ਆਦਿ ਸਾਥੀ ਮੌਜੂਦ ਸਨ।

# ਪਾਣੀ ਨੂੰ ਇੱਕ ਹਥਿਆਰ ਦੇ ਤੌਰ 'ਤੇ ਵਰਤ ਰਿਹੈ ਇਜ਼ਰਾਈਲ... (ਸ.ਫਾ 4 ਦੀ ਬਾਕੀ)

ਸਤੰਬਰ 2014 ਵਿੱਚ ਇਜ਼ਰਾਈਲ, ਫਲਸਤੀਨੀ ਸਮੱਸਿਆ ਪ੍ਰਤੀ ਸੰਯੁਕਤ ਰਾਸ਼ਟਰ ਨੇ ਪੁਨਰ ਨਿਰਮਾਣ ਸਮੱਗਰੀ ਗਾਜ਼ਾ ਪੱਟੀ ਵਿੱਚ ਪਹੁੰਚਾਉਣ ਲਈ, 'ਗਾਜ਼ਾ ਪੁਨਰ ਨਿਰਮਾਣ ਤੰਤਰ' (ਜੀ ਆਰ ਐੱਮ) ਦੀ ਸਥਾਪਨਾ ਕੀਤੀ। ਇਸ ਨੇ ਮੁੱਖ ਤੌਰ 'ਤੇ ਜੋ ਭੂਮਿਕਾ ਨਿਭਾਉਣੀ ਸੀ, ਉਹਦੇ ਨਾਲ ਗਾਜ਼ਾ ਪੱਟੀ 'ਚ ਹਥਿਆਰਾਂ ਦੀ ਸਪਲਾਈ ਨਾ ਪਹੁੰਚਾਈ ਜਾਵੇ, ਜਿਸ ਦੀ ਨਿਗਰਾਨੀ ਇਸ ਜੀ ਆਰ ਐੱਮ ਨੇ ਕਰਨੀ ਸੀ।

ਜੀ ਆਰ ਐੱਮ ਦੀ ਨੌਕਰਸ਼ਾਹ ਟੀਮ ਨੇ ਦੋਹਰੀ ਵਰਤੋਂ ਵਾਲੀਆਂ ਚੀਜ਼ਾਂ ਉਤੇ ਪਾਬੰਦੀ ਲਾ ਦਿੱਤੀ। ਜਿਹਦੇ ਵਿੱਚ ਸੀਮਿੰਟ, ਲੱਕੜੀ, ਇਲੈਕਟਰੋ ਮਕੈਨੀਕਲ ਮਸ਼ੀਨਰੀ ਅਤੇ ਪਾਈਪ ਤੱਕ ਸ਼ਾਮਲ ਸਨ। ਉਨ੍ਹਾਂ ਨੂੰ ਖਦਸ਼ਾ ਸੀ ਕਿ ਇਨ੍ਹਾਂ ਦੀ ਵਰਤੋਂ ਹਮਾਸ ਫੌਜੀ ਵਰਤੋਂ ਲਈ ਕਰ ਸਕਦਾ ਹੈ। ਕਿੰਨਾ ਭੱਦਾ ਮਜ਼ਾਕ ਸੀ ਸੰਯੁਕਤ ਰਾਸ਼ਟਰ ਦੀ ਨਿਗਰਾਨ ਟੀਮ ਦਾ ਗਾਜ਼ਾ ਪੱਟੀ ਨਾਲ। 'ਦੋਹਰੀ ਵਰਤੋਂ' ਵਾਲੀਆਂ ਵਸਤੂਆਂ ਦੀ ਸੂਚੀ ਵਿੱਚ ਹਜ਼ਾਰਾਂ ਵਸਤੂਆਂ 'ਤੇ ਪਾਬੰਦੀ ਨੇ ਗਾਜ਼ਾ ਪੱਟੀ ਦੇ ਵਾਸੀਆਂ ਦੀ ਜ਼ਿੰਦਗੀ ਨੂੰ ਹੀ ਨਹੀਂ ਪ੍ਰਭਾਵਿਤ ਕੀਤਾ, ਉਥੋਂ ਦੀ ਅਰਥ ਵਿਵਸਥਾ ਵਿੱਚ ਵੀ ਖੜੋਤ ਆ ਗਈ ਤੇ ਉਧਰ ਫਲਸਤੀਨੀਆਂ ਦੇ ਜਿਉਂਦੇ ਰਹਿਣਯੋਗ ਉਹ ਨਿਰਧਾਰਤ ਕੈਲੋਰੀ ਵਾਲੀ ਖੁਰਾਕ ਦੀ ਪੂਰਤੀ ਨਾ ਹੋਣ ਕਾਰਨ ਸਿਹਤ ਉਤੇ ਵੀ ਬੁਰਾ ਪ੍ਰਭਾਵ ਪਿਆ। ਜਨਵਰੀ 2022 ਤੱਕ ਇਜ਼ਰਾਈਲ ਨੇ ਜੋ ਮਈ 2021 ਤੱਕ ਪੀਣ ਵਾਲੇ ਪਾਣੀ ਦੇ ਢਾਂਚੇ ਨੂੰ ਤਬਾਹ ਕੀਤਾ ਸੀ, ਦੀ ਮੁਰੰਮਤ ਕਰਨ ਲਈ ਜ਼ਰੂਰੀ ਸਾਮਾਨ ਗਾਜ਼ਾ ਪੱਟੀ ਅੰਦਰ ਜਾਣ ਦੀ ਇਜਾਜ਼ਤ ਨਹੀਂ ਦਿੱਤੀ ਸੀ, ਹਾਲਾਂਕਿ ਇਹ ਸੰਯੁਕਤ ਰਾਸ਼ਟਰ ਦੀ ਨਿਗਰਾਨੀ ਟੀਮ ਦੀ ਨਿਗਰਾਨੀ ਵਿੱਚ ਹੀ ਜਾਣਾ ਸੀ। ਊਰਜਾ ਭਾਵ ਤੇਲ ਤੇ ਬਿਜਲੀ ਦੀ ਸਮੱਸਿਆ ਕਰਕੇ ਯੂਰਪੀਨ ਸੰਘ ਵੱਲੋਂ ਵਿੱਤੀ ਸਹਾਇਤਾ ਨਾਲ ਸੂਰਜੀ ਊਰਜਾ ਪੈਨਲ ਪਾਣੀ ਸੋਧ ਕਰਨ ਵਾਲੇ ਪਲਾਂਟਾਂ ਨੂੰ ਲੋੜੀਂਦੀ ਬਿਜਲੀ ਦੀ ਮਹਿਜ਼ 12 ਫ਼ੀਸਦੀ ਹੀ ਪੂਰਤੀ ਕਰ ਰਹੇ ਹਨ। ਜਿਹੜਾ ਦੱਖਣੀ ਗਾਜ਼ਾ ਪੱਟੀ ਵਿੱਚ 75000 ਲੋਕਾਂ ਨੂੰ ਪਾਣੀ ਮੁਹੱਈਆ ਕਰਾਉਣ ਲਈ 2017 ਵਿੱਚ ਖੋਹਲਿਆ ਗਿਆ ਸੀ। ਉੱਤਰੀ ਗਾਜ਼ਾ ਸਮੁੰਦਰੀ ਪਾਣੀ ਦੇ ਸੋਧ ਪਲਾਂਟਾਂ ਨੂੰ ਜਿਨ੍ਹਾਂ ਨੂੰ ਮਈ 2021 ਵਿੱਚ ਬੰਦ ਕਰ ਦਿੱਤਾ ਗਿਆ ਸੀ, ਜਿਸ ਨਾਲ 250000 ਲੋਕ ਪਾਣੀ ਤੋਂ ਵਾਂਝੇ ਹੋ ਗਏ, ਇਹ ਗਾਜ਼ਾ ਪੱਟੀ ਦੇ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਸਾਹਮਣੇ ਖੜੀਆਂ ਰੁਕਾਵਟਾਂ ਨੂੰ ਦਰਸਾਉਂਦਾ ਹੈ। ਉਪਰੋਕਤ ਸਾਰੇ ਤੱਥ 2022 ਤੱਕ ਦੇ ਹਨ। ਹੁਣ 2023 ਵਿੱਚ ਜੋ ਭਿਆਨਕ ਹਮਲੇ ਹੋ ਰਹੇ ਹਨ, ਜਿਸ ਵਿੱਚ ਹਜ਼ਾਰਾਂ ਮਕਾਨ ਤੇ ਸਾਰੇ ਪਾਣੀ-ਬਿਜਲੀ ਦੇ ਸਰੋਤ ਤਬਾਹ ਕਰ ਦਿੱਤੇ ਹਨ, ਇੱਥੇ ਹੀ ਬੱਸ ਨਹੀਂ, ਹਸਪਤਾਲਾਂ ਤੇ ਬੱਚਿਆਂ ਨੂੰ ਬੰਬਾਰੀ ਦਾ ਨਿਸ਼ਾਨਾ ਬਣਾਇਆ ਜਾ ਰਿਹਾ ਹੈ, ਨੇ ਕਿਹੋ ਜਿਹੀ ਹਾਲਤ ਵਿੱਚ ਫਲਸਤੀਨੀ ਲੋਕਾਂ ਨੂੰ ਪਹੁੰਚਾ ਦਿੱਤਾ ਹੈ, ਇਹਦੀਆਂ ਕਿਆਸਰਾਈਆਂ ਤਾਂ ਕੀਤੀਆਂ ਜਾ ਸਕਦੀਆਂ ਹਨ, ਹਕੀਕੀ ਤਸਵੀਰ ਇਹ ਹਾਲਤ ਕੁਝ ਸੁਧਰਨ ਉਤੇ ਸਾਹਮਣੇ ਆਵੇਗੀ।

ਪਰ ਇੱਕ ਗੱਲ ਸਾਫ਼ ਹੈ ਕਿ ਇਨ੍ਹਾਂ ਹਮਲਿਆਂ ਤੋਂ ਪਹਿਲਾਂ ਵੀ ਫਲਸਤੀਨੀ ਲੋਕਾਂ ਦੀ ਸਿਹਤ ਬੁਰੀ ਤਰ੍ਹਾਂ ਪ੍ਰਭਾਵਿਤ ਹੋਈ ਪਈ ਸੀ। ਗਾਜ਼ਾ ਪੱਟੀ ਵਿੱਚ ਇੱਕ ਚੌਥਾਈ ਬਿਮਾਰੀਆਂ ਦੀ ਵਜ੍ਹਾ ਪਾਣੀ ਹੈ, ਜੋ ਅਸ਼ੁੱਧ ਵੀ ਹੈ ਤਾਂ ਲੋੜੀਂਦੀ ਮਾਤਰਾ ਵਿੱਚ ਵੀ ਨਹੀਂ ਮਿਲ ਰਿਹਾ। ਕਈ ਕੌਮਾਂਤਰੀ ਰਿਪੋਰਟਾਂ ਨੇ ਇਹ ਸਾਫ਼ ਕੀਤਾ ਹੈ ਕਿ ਬੇਕਾਰ ਜਲ ਪ੍ਰਦੂਸ਼ਨ ਨਾਲ ਪਾਣੀ ਵਿੱਚ ਨਾਈਟਰੇਟ ਦੀ ਮਾਤਰਾ ਵਿਸ਼ਵ ਸਿਹਤ ਸੰਗਠਨ ਦੇ ਮਾਪਦੰਡਾਂ ਨਾਲੋਂ ਛੇ ਗੁਣਾ ਵਧੇਰੇ ਹੈ

ਇੱਕ ਅਧਿਐਨ ਨੇ ਦੱਸਿਆ ਕਿ ਗਾਜ਼ਾ ਵਿੱਚ 59.2 ਫ਼ੀਸਦੀ ਬੱਚਿਆਂ ਵਿੱਚ ਘੱਟ ਤੋਂ ਘੱਟ ਇੱਕ ਪਰਜੀਵੀ ਕੀਟਾਣੂੰਆਂ ਨਾਲ ਗ੍ਰਸਤ ਸੀ, ਐਨੇ ਕੁ ਹੀ ਤਾਦਾਦ ਅਨੀਮੀਆ ਨਾਲ ਪੀੜਤ ਸੀ। ਕੈਂਸਰ ਅਤੇ ਗੁਰਦਿਆਂ ਦੀਆਂ ਬੀਮਾਰੀਆਂ ਤੇਜ਼ੀ ਨਾਲ ਆਮ ਹੋ ਰਹੀਆਂ ਹਨ। ਗੁਰਦਿਆਂ ਦੇ ਫੇਲ੍ਹ ਹੋਣ ਨਾਲ ਪੀੜਤ ਰੋਗੀਆਂ ਦੀ ਗਿਣਤੀ ਵਿੱਚ ਹਰ ਸਾਲ 13 ਫ਼ੀਸਦੀ ਵਾਧਾ ਹੋ ਰਿਹਾ ਹੈ। ਤਿੱਖੇ ਹੈਪੇਟਾਈਟਸ-ਏ, ਤਿੱਖੇ ਦਸਤ ਅਤੇ ਟਾਈਫਾਈਡ ਬੁਖਾਰ ਵਰਗੀਆਂ ਫੈਲਣ ਵਾਲੀਆਂ ਬਿਮਾਰੀਆਂ ਦਾ ਭਿਆਨਕ ਹਮਲਾ ਜਾਰੀ ਹੈ। ਸਾਫ਼ ਪਾਣੀ ਦੀ ਘਾਟ ਕਾਰਨ ਫੌਜੀ ਹਮਲਿਆਂ ਵਿੱਚ ਜ਼ਖ਼ਮੀ ਨਾਗਰਿਕ ਮਰੀਜ਼ਾਂ ਦੇ ਇਲਾਜ ਲਈ ਐਂਟੀਬਾਇਓਟਿਕ ਦਵਾਈਆਂ ਦੀ ਵਿਆਪਕ ਵਰਤੋਂ ਨਾਲ ਉਭਰਨ ਵਾਲੇ ਬਹੁ-ਦਵਾ ਪ੍ਰਤੀਰੋਧੀ ਜੀਵਾਂ ਰਾਹੀਂ ਫੈਲਣ ਵਾਲੇ ਸੰਕਰਮਣਾਂ ਨੂੰ ਰੋਕਣ 'ਚ ਮੁਸ਼ਕਲ ਹੋ ਜਾਂਦਾ ਹੈ। ਭਾਵ ਦਵਾਈਆਂ ਦੀ ਨਿਸ਼ੰਗ ਵਰਤੋਂ ਸਰੀਰ ਦੀ ਸਵੈ ਸੁਰੱਖਿਆ ਪ੍ਰਣਾਲੀ ਨੂੰ ਨੁਕਸਾਨ ਪਹੁੰਚਾਉਂਦੀ ਹੈ।

ਸਿਹਤ ਨੂੰ ਹੋਰ ਪ੍ਰਭਾਵਿਤ ਕਰਨ ਵਾਲੀਆਂ ਬਿਮਾਰੀਆਂ ਬੰਬਾਰੀ ਨਾਲ ਜਮ੍ਹਾਂ ਹੋਈਆਂ ਹਵਾ, ਪਾਣੀ ਤੇ ਧਰਤੀ ਵਿੱਚ ਰਚੀਆਂ ਭਾਰੀ ਧਾਤੂਆਂ ਨਾਲ ਸੰਬੰਧਤ ਹਨ, ਜਿਹੜੀਆਂ ਮਿੱਟੀ ਵਿੱਚ ਪਈਆਂ ਹਨ ਅਤੇ ਇਹ ਬੰਬਾਰੀ ਦਾ ਮਲਬਾ ਗਾਜ਼ਾ ਦੀ ਨਾਕੇਬੰਦੀ ਕਰਕੇ ਕਿਤੇ ਸੁੱਟਿਆ ਨਹੀਂ ਜਾ ਸਕਦਾ। ਜਿੱਥੇ ਇਜ਼ਰਾਈਲ ਖੁਰਾਕੀ ਵਸਤੂਆਂ ਤੇ ਪਾਣੀ ਦੀ ਸਪਲਾਈ ਨੂੰ ਰੋਕ ਰਿਹਾ ਹੈ, ਉਥੇ ਜ਼ਹਿਰ ਤੇ ਬਾਰੂਦ ਦੀ ਰਹਿੰਦ-ਖੂੰਹਦ ਦੀ ਸੜ੍ਹਾਂਦ ਵਿੱਚ ਵੀ ਫਲਸਤੀਨੀਆਂ ਨੂੰ ਦਮ ਘੁੱਟ ਕੇ ਮਰਨ ਲਈ ਮਜਬੂਰ ਕਰ ਰਿਹਾ ਹੈ। ਵਿਸ਼ਵ ਦੇ ਖੋਜਾਰਥੀਆਂ ਨੇ ਇਨ੍ਹਾਂ ਜ਼ਹਿਰੀਲੇ ਖ਼ਤਰਨਾਕ ਪਦਾਰਥਾਂ ਨੂੰ ਸਮੇਂ ਤੋਂ ਪਹਿਲਾਂ ਭਾਵ ਸਤਮਾਹੇ ਜਨਮ ਲੈਣ ਵਾਲੇ ਬੱਚਿਆਂ ਅਤੇ ਗੰਭੀਰ ਰੂਪ ਵਿੱਚ ਘੱਟ ਵਜ਼ਨ ਵਾਲੇ ਬੱਚਿਆਂ ਦੇ ਨਾਲ ਜੋੜਿਆ ਹੈ।

**ਇਹ ਸਮੂਹਕ ਸਜ਼ਾ ਦੇਣ ਵਾਲੀ ਸਥਿਤੀ ਹੈ**

ਕੌਮਾਂਤਰੀ ਰੈੱਡ ਕਰਾਸ ਸੁਸਾਇਟੀ ਨੇ ਇਸ ਦੀ ਨਿੰਦਾ ਬੇਸ਼ੱਕ ਕੀਤੀ ਹੈ, ਪਰ ਉਹ ਖੁਦ ਅਸਮਰੱਥ ਹੈ। ਉਹਨੇ ਹੀ ਚਿੰਨ੍ਹਤ ਕੀਤਾ ਹੈ ਕਿ ਇਜ਼ਰਾਈਲ ਵੱਲੋਂ ਇਹ ਫਲਸਤੀਨੀਆਂ ਨੂੰ ਸਮੂਹਕ ਸਜ਼ਾ ਦਿੱਤੀ ਜਾ ਰਹੀ ਹੈ, ਭਾਵ ਘੁੱਟ-ਘੁੱਟ ਕੇ ਮਰਨ ਲਈ ਮਜਬੂਰ ਕੀਤਾ ਜਾ ਰਿਹਾ ਹੈ। ਜਿਹੜਾ ਕੌਮਾਂਤਰੀ ਕਾਨੂੰਨਾਂ ਦੀ ਉਲੰਘਣਾ ਹੈ। ਹਮਾਸ ਨੂੰ ਉਖਾੜ ਸੁੱਟਣ, ਆਬਾਦੀ ਨੂੰ ਮਰਨ ਲਈ ਮਜਬੂਰ ਕਰਨ, 15 ਸਾਲ ਤੋਂ ਚੁਫੇਰਿਉਂ ਪਾਬੰਦੀ ਲਾ ਕੇ ਬੰਦ ਜੇਲ੍ਹ ਬਣਾ ਕੇ ਰੱਖਣਾ, ਇਜ਼ਰਾਈਲ ਦੇ ਤਰਕਾਂ ਨੇ ਜਾਂ ਇਜ਼ਰਾਈਲ ਦੇ ਸਵੈ ਸੁਰੱਖਿਆ ਦੇ ਤਰਕ, ਗਾਜ਼ਾ ਪੱਟੀ ਵਾਸੀਆਂ ਨੂੰ ਚੰਗੀ ਜ਼ਿੰਦਗੀ ਦੀਆਂ ਬੁਨਿਆਦੀ ਲੋੜਾਂ ਦੇ ਅਧਿਕਾਰ ਨੂੰ ਮਸਲ ਨਹੀਂ ਸਕਦੇ।

ਇਜ਼ਰਾਈਲ ਆਪਣੀਆਂ ਲੋੜਾਂ ਨਾਲੋਂ 20 ਫ਼ੀਸਦੀ ਵੱਧ ਪਾਣੀ ਦਾ ਉਤਪਾਦਨ ਕਰਦਾ ਹੈ, ਪਰ ਇਸ ਨੂੰ ਗਾਜ਼ਾ ਪੱਟੀ ਵਾਸੀਆਂ ਜੋ ਪਾਣੀ ਦੀ ਥੁੜ ਨਾਲ ਜੂਝ ਰਹੇ ਹਨ, ਮੁਹੱਈਆ ਨਹੀਂ ਕਰਵਾ ਰਿਹਾ ਅਤੇ ਜਿਹਨੇ ਵੈਸਟ ਬੈਂਕ ਦੇ ਪਾਣੀ ਸਰੋਤਾਂ ਤੱਕ ਵੀ ਗਾਜ਼ਾ ਪੱਟੀ ਵਾਸੀਆਂ ਨੂੰ ਰੋਕ ਦਿੱਤਾ ਹੈ। ਵਿਸ਼ਵ ਦੇ ਲੋਕਾਂ ਵੱਲੋਂ ਬਣਾਏ ਦਬਾਅ ਬਿਨਾਂ ਚੀਜ਼ਾਂ ਬਦਲਣ ਦੀ ਸੰਭਾਵਨਾ ਨਹੀਂ। 2017 ਤੋਂ ਇਜ਼ਰਾਈਲ ਹਮਾਸ ਦੀਆਂ ਉਨ੍ਹਾਂ ਸਾਰੀਆਂ ਯੁੱਧਬੰਦੀ ਦੀਆਂ ਪੇਸ਼ਕਸ਼ਾਂ ਨੂੰ ਰੱਦ ਕਰਦਾ ਆ ਰਿਹਾ ਹੈ। ਜੇ ਕੋਈ ਸਮਝੌਤਾ ਹੋਇਆ ਵੀ, ਉਸ ਨੂੰ ਛਪਣ ਤੇ ਜਾਰੀ ਹੋਣ ਤੋਂ ਪਹਿਲਾਂ ਹੀ ਇਜ਼ਰਾਈਲ ਨੇ ਰੱਦ ਕਰ ਦਿੱਤਾ। ਇਹ ਪਿਛਲੇ ਦਿਨੀਂ 7 ਦਿਨਾਂ ਜੰਗਬੰਦੀ ਤੋਂ ਵੀ ਦੇਖਿਆ ਜਾ ਸਕਦਾ ਹੈ, ਦੋ ਦਿਨ ਪਹਿਲਾਂ ਹੀ ਇਸ ਸਮਝੌਤੇ ਨੂੰ ਤੋੜ ਕੇ ਇਜ਼ਰਾਈਲ ਨੇ ਫਿਰ ਬੰਬਾਰੀ ਸ਼ੁਰੂ ਕਰ ਦਿੱਤੀ, ਜਿਸ ਨਾਲ 179 ਫਲਸਤੀਨੀ ਮਾਰੇ ਗਏ। ਉਹਦੇ ਲਈ ਗਾਜ਼ਾ ਪੱਟੀ ਇੱਕ ਦੁਸ਼ਮਨਾ ਇਕਾਈ ਹੈ।

ਜੇ ਗਾਜ਼ਾ ਪੱਟੀ ਦੇ ਸੰਕਟ ਨੂੰ ਟਾਲਣਾ ਹੈ ਤਾਂ ਵਿਸ਼ਵ ਲੋਕਾਈ ਵੱਲੋਂ ਆਵਾਜ਼ ਉਠਾ ਕੇ ਪੱਛਮੀ ਦੇਸ਼ਾਂ ਅਤੇ ਕੌਮਾਂਤਰੀ ਸੰਸਥਾਵਾਂ ਨੂੰ ਫਲਸਤੀਨੀ ਲੋਕਾਂ ਨੂੰ ਖ਼ਤਮ ਕਰਨ ਦੀ ਸਮੂਹਕ ਸਜ਼ਾ ਵਿਰੁੱਧ ਇਜ਼ਰਾਈਲ ਵਿਰੁੱਧ ਐਕਸ਼ਨ ਲੈਣ ਲਈ ਮਜਬੂਰ ਕਰਨਾ ਪਵੇਗਾ। ਕੌਮਾਂਤਰੀ ਭਾਈਚਾਰੇ ਨੂੰ ਗਾਜ਼ਾ ਪੱਟੀ ਦੀ ਨਾਕੇਬੰਦੀ ਵਿਰੁੱਧ ਆਵਾਜ਼ ਉਠਾਉਣੀ ਚਾਹੀਦੀ ਹੈ।

# ਸੰਪਰਕ : 93544-30211



*ਰੋਜ਼ਾ ਸ਼ਰੀ.ਫ ਮੰਢਾਲੀ ਮੇਲੇ 'ਤੇ ਏਕ ਨੂਰ ਸੰਸਥਾ ਲੁਧਿਆਣਾ ਵੱਲੋਂ ਮੈਡੀਕਲ ਕੈਂਪ ਲਗਾਇਆ ਗਿਆ । ਪ੍ਰਬੰਧਕ ਗੱਦੀ ਨਸ਼ੀਨ ਸਾਈਂ ਉਮਰੇ ਸ਼ਾਹ ਕਾਦਰੀ ਨੂੰ ਸਨਮਾਨਿਤ ਕਰਦੇ ਹੋਏ। (ਫੋਟੋ ਤੇ ਵੇਰਵਾ : ਅਵਤਾਰ ਕਲੇਰ, ਬਹਿਰਾਮ)*

# ਭੁੱਲਰ ਨੇ ਨਵਾਂਗਾਉਂ ਵਿਖੇ 24 ਏਕੜ ਪੰਚਾਇਤੀ ਜ਼ਮੀਨ ਨੂੰ ਕਬਜ਼ੇ ਤੋਂ ਮੁਕਤ ਕਰਵਾਇਆ



**ਮੂਨਕ (ਰਾਜਪਾਲ ਸਿੰਗਲਾ)**- ਬੀਤੇ ਦਿਨੀਂ ਪੰਜਾਬ ਦੇ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਨੇੜਲੇ ਪਿੰਡ ਨਵਾਂਗਾਉਂ ਵਿਖੇ 24 ਏਕੜ ਪੰਚਾਇਤੀ ਜ਼ਮੀਨ ਨੂੰ ਨਜਾਇਜ਼ ਕਬਜ਼ੇ ਤੋਂ ਮੁਕਤ ਕਰਵਾਇਆ। ਸੂਬੇ ਵਿੱਚ ਪੰਚਾਇਤੀ ਜ਼ਮੀਨਾਂ ਨੂੰ ਨਜਾਇਜ਼ ਕਬਜ਼ੇ ਤੋਂ ਮੁਕਤ ਕਰਵਾਉਣ ਲਈ ਵਿੱਢੀ ਮੁਹਿੰਮ ਤਹਿਤ ਕੈਬਨਿਟ ਮੰਤਰੀ ਭੁੱਲਰ ਖੁਦ ਵੱਖ ਵੱਖ ਜ਼ਿਲ੍ਹਿਆਂ ਵਿੱਚ ਜਾ ਕੇ ਇਸ ਮੁਹਿੰਮ ਦੀ ਅਗਵਾਈ ਕਰ ਰਹੇ ਹਨ। ਪਿੰਡ ਨਵਾਂ ਗਾਉਂ ਵਿਖੇ ਵਿਧਾਇਕ ਲਹਿਰਾ ਬਰਿੰਦਰ ਗੋਇਲ ਦੀ ਮੌਜੂਦਗੀ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਭੁੱਲਰ ਨੇ ਕਿਹਾ ਕਿ ਇਸ ਮੁਹਿੰਮ ਸਦਕਾ ਸੂਬੇ ਵਿਚ ਹੁਣ ਤੱਕ 12000 ਏਕੜ ਤੋਂ ਵੱਧ ਜ਼ਮੀਨ ਨਜਾਇਜ਼ ਕਬਜ਼ੇ ਤੋਂ ਛੁਡਵਾ ਕੇ ਪੰਚਾਇਤਾਂ ਨੂੰ ਸੌਂਪੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਲਹਿਰਾ ਹਲਕੇ ਅਧੀਨ ਆਉਂਦੇ ਇਸ ਪਿੰਡ ਦੀ ਇਹ ਜ਼ਮੀਨ ਪਿਛਲੇ ਲੰਬੇ ਸਮੇਂ ਤੋਂ ਨਜਾਇਜ਼ ਕਬਜ਼ੇ ਹੇਠ ਸੀ ਜਿਸ ਤੋਂ ਕਬਜ਼ਾਧਾਰੀਆਂ ਨੇ ਅੱਜ ਖੁਦ ਕਬਜ਼ਾ ਛੱਡ ਦਿੱਤਾ ਹੈ। ਉਨ੍ਹਾਂ ਦੱਸਿਆ ਕਿ ਅਗਲੇ ਸੀਜ਼ਨ ਦੌਰਾਨ ਇਸ ਜ਼ਮੀਨ ਦੀ ਖੁੱਲ੍ਹੀ ਬੋਲੀ ਕਰਵਾਈ ਜਾਵੇਗੀ ਅਤੇ ਉਸ ਸਮੇਂ ਕੋਈ ਵੀ ਸਫਲ ਬੋਲੀਕਾਰ ਚਕੌਤੇ ਉਤੇ ਇਹ ਜ਼ਮੀਨ ਲੈ ਸਕੇਗਾ। ਉਨ੍ਹਾਂ ਨਾਲ ਹੀ ਤਾੜਨਾ ਕਰਦਿਆਂ ਕਿਹਾ ਕਿ ਜੇਕਰ ਕਿਸੇ ਵੀ ਵਿਅਕਤੀ ਨੇ ਖਾਲੀ ਕਰਵਾਈ ਜ਼ਮੀਨ 'ਤੇ ਮੁੜ ਤੋਂ ਨਜਾਇਜ਼ ਕਬਜ਼ਾ ਕਰਨ ਦੀ ਕੋਸ਼ਿਸ਼ ਕੀਤੀ ਤਾਂ ਉਸ ਖਿਲਾਫ ਵੀ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਵਿਧਾਇਕ ਬਰਿੰਦਰ ਗੋਇਲ ਨੇ ਕੈਬਨਿਟ ਮੰਤਰੀ ਦਾ ਧੰਨਵਾਦ ਕੀਤਾ ਅਤੇ ਪੰਜਾਬ ਸਰਕਾਰ ਵੱਲੋਂ ਜੋਸ਼ੋ ਖਰੋਸ਼ ਨਾਲ ਚਲਾਈ ਜਾ ਰਹੀ ਮੁਹਿੰਮ ਦੀ ਸ਼ਲਾਘਾ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜਾਇੰਟ ਡਾਇਰੈਕਟਰ ਜਗਵਿੰਦਰਜੀਤ ਸਿੰਘ ਸੰਧੂ, ਐਸ.ਡੀ.ਐਮ. ਲਹਿਰਾ ਸੂਬਾ ਸਿੰਘ, ਡਵੀਜ਼ਨਲ ਡਿਪਟੀ ਡਾਇਰੈਕਟਰ ਪੰਚਾਇਤ ਵਿਨੋਦ ਕੁਮਾਰ ਗਾਗਟ, ਡੀ.ਡੀ.ਪੀ.ਓ. ਸੁਖਚੈਨ ਸਿੰਘ, ਡੀ.ਐਸ.ਪੀ. ਪਰਮਿੰਦਰ ਸਿੰਘ, ਬੀ.ਡੀ.ਪੀ.ਓ. ਗੁਰਤੇਗ ਸਿੰਘ, ਸਰਪੰਚ ਨਵਾਂਗਾਉਂ ਕੁਲਵੰਤ ਸਿੰਘ ਤੇ ਪੰਚਾਇਤ ਮੈਂਬਰ ਤੇ ਪਿੰਡ ਵਾਸੀ ਹਾਜ਼ਰ ਸਨ।

# ਕਾਕਾ ਬਰਾੜ ਨੇ ਕੀਤੀ ਜੌੜਾਮਾਜਰਾ ਨਾਲ ਮੀਟਿੰਗ

## ਨਹਿਰੀ ਪਾਣੀ ਨੂੰ ਲੈ ਕੇ ਕੀਤੀਆਂ ਵਿਚਾਰਾਂ

**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ /ਪੂਜਾ )** : ਹਲਕੇ ਦੀਆਂ ਕੱਸੀਆਂ ਦੀਆਂ ਰਿਪੇਅਰ ਅਤੇ ਨਹਿਰੀ ਪਾਣੀ ਦੀਆਂ ਸਮੱਸਿਆਵਾਂ ਨੂੰ ਲੈ ਕੇ ਆਮ ਆਦਮੀ ਪਾਰਟੀ ਦੇ ਸਟੇਟ ਵਾਈਸ ਪ੍ਰਧਾਨ ਅਤੇ ਵਿਧਾਇਕ ਜਗਦੀਪ ਸਿੰਘ 'ਕਾਕਾ ਬਰਾੜ' ਨੇ ਜਲ ਸਰੋਤ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨਾਲ ਮੁਲਾਕਾਤ ਕੀਤੀ।ਮੁਲਾਕਾਤ ਦੌਰਾਨ ਵਿਧਾਇਕ ਜਗਦੀਪ ਸਿੰਘ 'ਕਾਕਾ ਬਰਾੜ' ਨੇ ਮੰਤਰੀ ਨੂੰ ਦੱਸਿਆ ਕਿ ਹਲਕੇ ਦੀਆਂ ਕੱਸੀਆਂ ਦੀ ਰਿਪੇਅਰ ਕਰਨ ਦੀ ਸਖਤ ਲੋੜ ਹੈ। ਇਸ ਤੋਂ ਇਲਾਵਾ ਨਹਿਰੀ ਪਾਣੀ ਨੂੰ ਟੇਲਾਂ 'ਤੇ ਪਹੁੰਚਾਉਣ ਲਈ ਵਾਧੂ ਪਾਣੀ ਛੱਡਣ ਬਾਰੇ ਵੀ ਅਪੀਲ ਕੀਤੀ। ਇਸ ਦੌਰਾਨ ਜੌੜਾਮਾਜਰਾ ਨੇ ਵਿਧਾਇਕ ਕਾਕਾ ਬਰਾੜ ਨੂੰ ਭਰੋਸਾ ਦੁਆਇਆ ਕਿ ਉਹ ਬਹੁਤ ਹੀ ਜਲਦ ਇੱਕ ਉਚ ਪੱਧਰੀ ਮੀਟਿੰਗ ਕਰਨ ਜਾ ਰਹੇ ਹਨ। ਜਿਸ ਵਿੱਚ ਫਿਰੋਜ਼ਪੁਰ ਲੋਕ ਸਭਾ ਹਲਕੇ ਦੇ ਵਿਧਾਇਕ ਅਤੇ ਅਧਿਕਾਰੀ ਸ਼ਾਮਲ ਹੋਣਗੇ। ਉਨ੍ਹਾਂ ਕਿਹਾ ਕਿ ਜਲਦ ਹੀ ਸਾਰੀਆਂ ਸਮੱਸਿਆ ਦਾ ਮੀਟਿੰਗ ਦੌਰਾਨ ਹੱਲ ਕੱਢਿਆ ਜਾਵੇਗਾ। ਇਸ ਮੌਕੇ ਸੁਖਪਾਲ ਸਿੰਘ ਪਾਲ ਫੱਤਣਵਾਲਾ ਵੀ ਹਾਜ਼ਰ ਸਨ।

# ਕਿਰਤੀ ਕਿਸਾਨ ਯੂਨੀਅਨ ਵੱਲੋਂ ਅੱਜ ਕੀਤਾ ਜਾਏਗਾ ਚੱਕਾ ਜਾਮ, ਮਾਮਲਾ ਬੱਸਾਂ ਨਾ ਰੁਕਣ ਦਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ /ਪੂਜਾ)**- ਪਿਛਲੇ ਲੰਬੇ ਸਮੇਂ ਤੋਂ ਪਿੰਡ ਝਬੇਲਵਾਲੀ, ਕੋਟਲੀ ਸੰਘਰ,, ਡੋਡਾਂ ਵਾਲੀ, ਤਖਤ ਮਿਲਾਣਾ, ਜੰਮੂਆਣਾ, ਚੱਕ ਬਾਜਾ, ਚੱਕ ਗਾਂਧਾ ਸਿੰਘ ਵਾਲਾ ਤੋਂ ਇਲਾਵਾ ਪੂਰੇ ਇਲਾਕਾ ਨਿਵਾਸੀਆਂ ਦੀ ਜ਼ੋਰਦਾਰ ਮੰਗ ਰਹੀ ਹੈ ਕਿ ਪਿੰਡ ਝਬੇਲਵਾਲੀ ਜਿੱਥੇ ਇਨ੍ਹਾਂ ਸਾਰੇ ਪਿੰਡਾਂ ਦੀਆਂ ਸਵਾਰੀਆਂ ਬੱਸ ਰਾਹੀਂ ਸਫਰ ਕਰਦੀਆਂ ਹਨ, ਬੱਸਾਂ ਰੁਕ ਕੇ ਜਾਣ ਤਾਂ ਜੋ ਕਈ ਕਈ ਘੰਟੇ ਬੱਸਾਂ ਨਾ ਰੁਕਣ ਕਰਕੇ ਸਵਾਰੀਆਂ ਨੂੰ ਪ੍ਰੇਸ਼ਾਨੀ ਨਾ ਝੱਲਣੀ ਪਵੇ। ਇਸ ਮੰਗ ਨੂੰ ਲੈ ਕੇ ਕਿਰਤੀ ਕਿਸਾਨ ਯੂਨੀਅਨ ਵੱਲੋਂ ਵਾਰ ਵਾਰ ਪ੍ਰਸ਼ਾਸਨ ਦੇ ਧਿਆਨ ਵਿੱਚ ਲਿਆਂਦਾ ਗਿਆ ਹੈ ਪਰ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦਾ ਪ੍ਰਸ਼ਾਸਨ ਕੁੰਭਕਰਨੀ ਨੀਂਦ ਸੁੱਤਾ ਹੋਇਆ ਹੈ। ਜਿਸ ਕਾਰਨ ਕਿਰਤੀ ਕਿਸਾਨ ਯੂਨੀਅਨ ਦੀ ਅਗਵਾਈ ਹੇਠ ਇਲਾਕਾ ਨਿਵਾਸੀਆਂ ਵਲੋਂ 14 ਦਸੰਬਰ ਨੂੰ ਝਬੇਲਵਾਲੀ ਬੱਸ ਸਟੈਂਡ ਤੇ ਵਿਸ਼ਾਲ ਧਰਨਾ ਦਿੱਤਾ ਜਾ ਰਿਹਾ ਹੈ ਅਤੇ ਜਾਮ ਲਾਇਆ ਜਾ ਰਿਹਾ ਹੈ। ਧਰਨੇ ਦੀ ਤਿਆਰੀ ਲਈ ਵੱਖ ਵੱਖ ਪਿੰਡਾਂ ਵਿੱਚ ਜ਼ਿਲ੍ਹਾ ਸਕੱਤਰ ਜਥੇਦਾਰ ਹਰਪ੍ਰੀਤ ਸਿੰਘ ਝਬੇਲਵਾਲੀ ਅਤੇ ਪਿੰਡ ਇਕਾਈ ਦੇ ਪ੍ਰਧਾਨ ਬਲਜੀਤ ਸਿੰਘ ਫੌਜੀ ਦੀ ਅਗਵਾਈ ਹੇਠ ਵੱਖ ਵੱਖ ਪਿੰਡਾਂ ਵਿੱਚ ਤਿਆਰੀ ਮੀਟਿੰਗਾਂ ਕਰਵਾਈਆਂ ਗਈਆਂ ਜਿਨ੍ਹਾਂ ਦਾ ਇਲਾਕਾ ਨਿਵਾਸੀਆਂ ਵੱਲੋਂ ਭਰਵਾਂ ਹੁੰਗਾਰਾ ਦਿੱਤਾ ਗਿਆ ਤੇ ਵੱਡੀ ਗਿਣਤੀ ਵਿੱਚ ਧਰਨੇ ਵਿੱਚ ਸ਼ਮੂਲੀਅਤ ਕਰਨ ਦਾ ਵਿਸ਼ਵਾਸ ਦਿੱਤਾ।

ਸੂਬਾ ਵਿੱਤ ਸਕੱਤਰ ਜਸਵਿੰਦਰ ਸਿੰਘ ਝਬੇਲਵਾਲੀ ਅਤੇ ਜ਼ਿਲ੍ਹਾ ਪ੍ਰਧਾਨ ਬਲਜੀਤ ਸਿੰਘ ਲੰਡੇ ਰੋਡੇ ਨੇ ਕਿਹਾ ਕਿ ਜੇਕਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਲਾਕਾ ਨਿਵਾਸੀਆਂ ਦੀ ਮੰਗ ਨੂੰ ਫੌਰੀ ਤੌਰ 'ਤੇ ਨਾ ਮੰਨਿਆ ਗਿਆ, ਹਰ ਬੱਸ ਦਾ ਝਬੇਲਵਾਲੀ ਤੇ ਵੜਿੰਗ ਬੱਸ ਸਟੈਂਡ 'ਤੇ ਰੁਕਣਾ ਨਾ ਸ਼ੁਰੂ ਕੀਤਾ ਤਾਂ ਧਰਨਾ ਪੱਕੇ ਤੌਰ 'ਤੇ ਲਗਾ ਦਿੱਤਾ ਜਾਵੇਗਾ। ਇਸ ਮੌਕੇ ਬਲਵਿੰਦਰ ਸਿੰਘ ਕੋਟਲੀ ਸੰਘਰ, ਪ੍ਰਗਟ ਸਿੰਘ ਝਵੇਲਵਾਲੀ, ਸਰਬਜੀਤ ਸਿੰਘ, ਸੁਖਦੇਵ ਸਿੰਘ, ਵਜੀਰ ਸਿੰਘ, ਚਮਕੌਰ ਸਿੰਘ ਤਖਤ ਮੁਲਾਣਾ, ਪ੍ਰਦੀਪ ਕੌਰ, ਰਮਨਜੀਤ ਸਿੰਘ, ਕਵਰਜੀਤ ਸਿੰਘ, ਲੱਖਾ ਸਿੰਘ, ਮੋਹਨ ਸਿੰਘ ਆਦਿ ਆਗੂ ਹਾਜ਼ਰ ਸਨ।

# 0 ਤੋਂ 5 ਸਾਲ ਦੇ ਬੱਚਿਆਂ ਨੂੰ ਪਿਲਾਈਆਂ ਪੋਲੀਓ ਰੋਕੂ ਬੂੰਦਾਂ

**ਫਤਿਹਗੜ੍ਹ ਸਾਹਿਬ,(ਪ੍ਰਮੋਦ ਭਾਰਦਵਾਜ)** – ਸਿਵਲ ਸਰਜਨ ਫਤਿਹਗੜ੍ਹ ਸਾਹਿਬ ਡਾ. ਦਵਿੰਦਰਜੀਤ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫਸਰ ਡਾ. ਭੁਪਿੰਦਰ ਸਿੰਘ ਦੀ ਅਗਵਾਈ ਹੇਠ ਪੀ.ਐਚ.ਸੀ ਨੰਦਪੁਰ ਕਲੌੜ ਸੰਸਥਾ ਅਧੀਨ ਆਉਂਦੇ ਪੇਂਡੂ ਖੇਤਰ ਵਿੱਚ ਤਿੰਨ ਦਿਨ ਵਿਸ਼ੇਸ਼ ਮੁਹਿੰਮ ਚਲਾ ਪੋਲੀਓ ਰੋਕੂ ਬੂੰਦਾਂ ਪਿਲਾਇਆਂ ਗਈਆਂ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਡਾ. ਭੁਪਿੰਦਰ ਨੇ ਕਿਹਾ ਕਿ ਵਿਸ਼ਵ ਸਿਹਤ ਸੰਗਠਨ ਅਤੇ ਸਿਹਤ ਵਿਭਾਗ ਦੀਆਂ ਹਦਾਇਤਾਂ ਮੁਤਾਬਕ ਇਹ ਵਿਸ਼ੇਸ਼ ਮੁਹਿੰਮ ਚਲਾਈ ਗਈ ਜਿਸ ਵਿੱਚ 0 ਤੋਂ 5 ਸਾਲ ਦੇ ਬੱਚਿਆਂ ਨੂੰ ਪੋਲੀਉ ਰੋਕੂ ਬੂੰਦਾਂ ਪਿਲਾਈਆਂ ਜਾਂਦੀਆਂ ਹਨ।ਉਨ੍ਹਾਂ ਕਿਹਾ ਕਿ ਇਸ ਸਾਲ ਹਾਈ ਰਿਸਕ ਏਰੀਆ ਦੇ ਨਾਲ ਨਾਲ ਪਿੰਡਾਂ ਵਿੱਚ ਰਹਿ ਰਹੀ ਆਬਾਦੀ ਨੂੰ ਵੀ ਕਵਰ ਕੀਤਾ ਗਿਆ ਹੈ ।ਉਨ੍ਹਾਂ ਦੱਸਿਆ ਕਿ ਪਹਿਲੇ ਦਿਨ ਬੂਥ ਲਗਾ 6058 ਬੱਚਿਆਂ ਨੂੰ ਅਤੇ ਦੂਸਰੇ ਦਿਨ ਘਰ ਘਰ ਜਾ ਕੇ 2224 ਬੱਚਿਆਂ ਨੂੰ ਪੋਲੀਉ ਰੋਕੂ ਬੂੰਦਾਂ ਪਿਲਾਈਆਂ ਗਈਆਂ। ਉਨ੍ਹਾਂ ਦੱਸਿਆ ਕਿ ਨੰਦਪੁਰ ਕਲੌੜ ਅਧੀਨ ਪੈਂਦੇ ਖੇਤਰ ਅਧੀਨ ਕਵਰ ਕੀਤੇ ਜਾਣ ਵਾਲੇ 0 ਤੋਂ 5 ਸਾਲ ਦੇ ਬੱਚਿਆਂ ਦੀ ਗਿਣਤੀ 8377 ਸੀ ਜਿਸ ਨੂੰ ਕਿ ਤੀਸਰੇ ਦਿਨ ਘਰ ਘਰ ਜਾ ਕੇ ਟੀਮਾਂ ਵੱਲੋਂ ਤੀਸਰੇ ਦਿਨ 592 ਬੱਚਿਆਂ ਨੂੰ ਪੋਲੀਉ ਰੋਕੂ ਬੂੰਦਾਂ ਪਿਲਾ ਤਿੰਨ ਦਿਨ ਵਿੱਚ ਕੁੱਲ 8874 ਬੱਚਿਆਂ ਨੂੰ ਕਵਰ ਕੀਤਾ ਗਿਆ ।

# ਸੂਬਾ ਪੱਧਰੀ ਕਿੱਕ ਬਾਕਸਿੰਗ ਮੁਕਾਬਲਿਆਂ 'ਚ ਪੀ ਪੀ ਐੱਸ ਨੇ ਜਿੱਤੇ ਮੈਡਲ



**ਭੀਖੀ (ਧਰਮਵੀਰ ਸ਼ਰਮਾ)**- ਮਾਲੇਰਕੋਟਲਾ ਵਿਖੇ ਹੋਈਆਂ ਪੰਜਾਬ ਪੱਧਰੀ 67ਵੀਆਂ ਪੰਜਾਬ ਸਕੂਲ ਗੇਮਜ਼ ਕਿੱਕ ਬਾਕਸਿੰਗ ਮੁਕਾਬਲਿਆਂ ਵਿੱਚ ਵੱਖ ਵੱਖ ਜ਼ਿਲ੍ਹਿਆਂ ਦੀਆਂ ਟੀਮਾਂ ਦੇ ਖਿਡਾਰੀਆਂ ਨੇ ਭਾਗ ਲਿਆ, ਜਿਸ ਵਿੱਚ ਪੈਰਾਮਾਉਂਟ ਪਬਲਿਕ ਸਕੂਲ ਚੀਮਾਂ ਦੇ ਕਿੱਕ ਬਾਕਸਿੰਗ ਦੇ ਖਿਡਾਰੀਆਂ ਨੇ ਅੰਡਰ 14, 17 ਤੇ 19 ਵਰਗ (ਮੁੰਡੇ ਤੇ ਕੁੜੀਆਂ) ਨੇ ਭਾਗ ਲਿਆ, ਜਿਸ ਵਿੱਚ ਮਾਨਵਦੀਪ ਸਿੰਘ 45 ਕਿਲੋਗ੍ਰਾਮ ਵਿੱਚੋਂ ਗੋਲਡ, ਰਮਨੀਤ ਕੌਰ 32 ਕਿਲੋਗ੍ਰਾਮ ਵਿੱਚੋਂ ਸਿਲਵਰ, ਪ੍ਰਨੀਤ ਕੌਰ 45 ਕਿਲੋਗ੍ਰਾਮ ਵਿੱਚੋਂ ਬਰਾਊਂਜ਼, ਰਾਹਤ ਕੌਰ 42 ਕਿਲੋਗ੍ਰਾਮ ਵਿੱਚੋਂ ਬਰਾਊਂਜ਼ ਤੇ ਹਰਮਨ ਬਾਂਸਲ 65 ਕਿਲੋਗ੍ਰਾਮ ਭਾਰ ਵਿੱਚੋਂ ਬਰਾਊਂਜ਼ ਮੈਡਲ ਹਾਸਲ ਕਰਕੇ ਸਕੂਲ ਦਾ ਨਾਂ ਰੋਸ਼ਨ ਕੀਤਾ।

ਇਸ ਮੌਕੇ ਖਿਡਾਰੀਆਂ ਦਾ ਸਕੂਲ ਪਹੁੰਚਣ 'ਤੇ ਸੰਸਥਾ ਦੇ ਐੱਮ. ਡੀ. ਜਸਵੀਰ ਸਿੰਘ ਚੀਮਾ, ਮੈਡਮ ਕਿਰਨਪਾਲ ਕੌਰ ਤੇ ਪ੍ਰਿੰਸੀਪਲ ਸੰਜੇ ਕੁਮਾਰ ਵੱਲੋਂ ਵਿਸ਼ੇਸ਼ ਤੌਰ 'ਤੇ ਬੱਚਿਆਂ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਡੀ.ਪੀ.ਈ. ਮੰਗਤ ਰਾਏ, ਵੀਰਪਾਲ ਕੌਰ ਤੇ ਅਮਨਦੀਪ ਕੌਰ ਹਾਜ਼ਰ ਸਨ।

# ਕੋਟ ਭਾਈ ਤੋਂ ਵਿਰਕਾਂ ਨੂੰ ਜਾਣ ਵਾਲੀ ਸੜਕ ਬਣਾਉਣ ਦੀ ਮੰਗ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਪਿੰਡ ਕੋਟਭਾਈ ਵਿਖੇ ਇਤਿਹਾਸਕ ਗੁਰਦੁਆਰਾਂ ਤੋਂ ਪਿੰਡ ਵੱਡੇ ਵਿਰਕਾਂ ਨੂੰ ਜਾਣ ਵਾਲੀ ਸੜਕ ਆਉਣ-ਜਾਣ ਵਾਲੇ ਲੋਕਾਂ ਲਈ ਇੱਕ ਵੱਡੀ ਮੁਸੀਬਤ ਬਣੀ ਹੋਈ ਹੈ।

ਇਸ ਸਬੰਧੀ ਆਸ-ਪਾਸ ਦੇ ਰਹਿਣ ਵਾਲੇ ਲੋਕਾਂ ਨੇ ਆਪਣਾ ਰੋਸ ਪ੍ਰਗਟ ਕਰਦੇ ਹੋਏ ਕੁਲਦੀਪ ਸਿੰਘ ਨੇਤਾ ਕੋਟਭਾਈ ਜ਼ਿਲ੍ਹਾ ਜੁਆਇੰਟ ਸਕੱਤਰ ਭਾਰਤੀ ਕਿਸਾਨ ਯੂਨੀਅਨ ਖੋਸਾ, ਗੁਰਜੰਟ ਸਿੰਘ ਮੈਂਬਰ, ਸੁਖਪਾਲ ਸਿੰਘ ਗੋਲਡੀ, ਦਿਲਬਾਰਾ ਸਿੰਘ ਸਾਬਕਾ ਮੈਂਬਰ, ਪੱਪੂ ਸਿੰਘ ਖਾਲਸਾ, ਜਗਸੀਰ ਸਿੰਘ ਖਾਲਸਾ, ਇਕਬਾਲ ਸਿੰਘ ਡਾਕਟਰ, ਜਸਪਾਲ ਸਿੰਘ, ਬਲਜੀਤ ਕੌਰ, ਛਿੰਦਰ ਕੌਰ ਅਤੇ ਸੁਖਜੀਤ ਕੌਰ ਨੇ ਦੱਸਿਆ ਕਿ ਪਿਛਲੇ ਲੰਬੇ ਸਮੇ ਤੋਂ ਇਸ ਸੜਕ ਦਾ ਬੁਰਾ ਹਾਲ ਹੈ, ਪਾਣੀ ਦਾ ਸਹੀ ਨਿਕਾਸ ਨਾ ਹੋਣ ਕਰਕੇ ਸੜਕ ਤੇ ਵੱਡੇ-ਵੱਡੇ ਟੋਏ ਜੋ ਪਾਣੀ ਨਾਲ ਭਰੇ ਰਹਿੰਦੇ ਹਨ ਤੇ ਕਦੋਂ ਵੀ ਕੋਈ ਘਟਨਾ ਵਾਪਰ ਸਕਦੀ ਹੈ, ਪਾਣੀ ਖੜ੍ਹਨ ਨਾਲ ਮੱਖੀਆਂ ਮੱਛਰਾਂ ਦੀ ਭਰਮਾਰ ਹੋਣ ਕਰਕੇ ਭਿਆਨਕ ਬਿਮਾਰੀਆਂ ਫੈਲਣ ਦਾ ਡਰ ਬਣਿਆ ਹੈ।

ਉਨ੍ਹਾਂ ਦੱਸਿਆ ਕਿ ਇਸ ਸੜਕ ਤੇ ਬਾਬਾ ਬਾਲਮੀਕ ਦਾ ਮੰਦਰ ਅਤੇ ਬਾਬਾ ਗੋਰਖ ਨਾਥ ਦਾ ਟਿੱਲਾ ਹੈ, ਜਿਥੇ ਸ਼ਰਧਾਲੂਆ ਨੂੰ ਜਾਣ-ਆਉਣ ਵਿੱਚ ਬੜੀ ਮੁਸ਼ਕਲ ਦਾ ਸਾਹਮਣਾ ਕਰਨਾ ਪੈਂਦਾ ਹੈ। ਉਨ੍ਹਾਂ ਸਰਕਾਰ ਤੇ ਸਬੰਧਤ ਵਿਭਾਗ ਤੋਂ ਮੰਗ ਕੀਤੀ ਹੈ ਕਿ ਇਸ ਸੜਕ ਨੂੰ ਜਲਦੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਜੇਕਰ ਸਾਡੀ ਮੰਗ ਪੂਰੀ ਨਾ ਕੀਤੀ ਗਈ ਤਾਂ ਆਉਣ ਵਾਲੇ ਸਮੇ ਵਿੱਚ ਤਿੱਖਾ ਸੰਘਰਸ਼ ਸੁਰੂ ਕੀਤਾ ਜਾਵੇਗਾ। ਇਸ ਮੌਕੇ ਅਰਸ਼ਪ੍ਰੀਤ ਕੌਰ, ਕਿਰਨਦੀਪ ਕੌਰ, ਲਖਵੀਰ ਕੌਰ, ਜਸਨਦੀਪ ਕੌਰ, ਜਸਪ੍ਰੀਤ ਕੌਰ, ਸੁਖਪ੍ਰੀਤ ਕੌਰ, ਜਸਵਿੰਦਰ ਕੌਰ, ਸੁਰਜੀਤ ਕੌਰ, ਲਖਵਿੰਦਰ ਸਿੰਘ, ਰਣਜੀਤ ਸਿੰਘ, ਰਾਜਿੰਦਰ ਸਿੰਘ, ਬਲਜੀਤ ਸਿੰਘ, ਰਾਜੂ ਸਿੰਘ, ਮੰਦਰ ਸਿੰਘ, ਜਗਸੀਰ ਸਿੰਘ ਅਤੇ ਜੋਗਿੰਦਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।

# ਟੂਰਨਾਮੈਂਟ ਕਰਵਾਉਣ ਦੀ ਮੁੱਖ ਮੰਤਰੀ ਦੇ ਦਖਲ ਉਪਰੰਤ ਮਿਲੀ ਪ੍ਰਵਾਨਗੀ

**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਜੋ ਪੰਜਾਬ ਦੇ ਲੋਕਾਂ ਨੂੰ ਸਰਕਾਰੀ ਦਫ਼ਤਰਾਂ ਦੇ ਗੇੜੇ ਨਾ ਮਾਰਨ ਅਤੇ ਲੋਕਾਂ ਦੇ ਕੰਮ ਉਨ੍ਹਾਂ ਦੇ ਘਰਾਂ ਤੱਕ ਜਾ ਕੇ ਕਰਨ ਦੇ ਹਾਮੀ ਰਹੇ ਹਨ। ਉਨ੍ਹਾਂ ਦੀ ਪੰਜਾਬ ਪੱਖੀ ਸੋਚ ਕਾਰਨ ਸੂਬੇ ਅੰਦਰ ਆ ਰਹੇ ਸਾਰਥਕ ਬਦਲਾਅ ਨੇ ਬਸੀ ਪਠਾਣਾ ਦੇ ਬਲਬੀਰ ਸਿੰਘ ਨੂੰ ਲੰਮੇ ਸਮੇਂ ਤੋਂ ਕੁਸ਼ਤੀ ਦੰਗਲ ਕਰਵਾਉਣ ਦੀ ਲਟਕ ਰਹੀ ਪ੍ਰਵਾਨਗੀ ਚਾਰ ਘੰਟੇ ਅੰਦਰ ਹੀ ਦਵਾ ਦਿੱਤੀ। ਬਲਬੀਰ ਸਿੰਘ ਨੂੰ ਬਸੀ ਪਠਾਣਾ ਦੇ ਡੀ.ਐਸ.ਪੀ. ਮੋਹਿਤ ਸਿੰਗਲਾ ਨੇ ਆਪਣੇ ਦਫ਼ਤਰ ਬੁਲਾ ਕੇ ਖੇਡ ਟੂਰਨਾਮੈਂਟ ਕਰਵਾਉਣ ਦੀ ਪ੍ਰਵਾਨਗੀ ਸੌਂਪ ਦਿੱਤੀ। ਬਸੀ ਪਠਾਣਾ ਦੇ ਬਲਬੀਰ ਸਿੰਘ ਨੇ ਦੱਸਿਆ ਕਿ ਉਹ ਮਹਾਂਵੀਰ ਬਜਰੰਗੀ ਕਲੱਬ ਵੱਲੋਂ ਕੁਸ਼ਤੀ ਦੰਗਲ ਕਰਵਾਉਂਦੇ ਹਨ ਅਤੇ ਉਨ੍ਹਾਂ ਨੇ ਤੀਸਰਾ ਕੁਸ਼ਤੀ ਦੰਗਲ ਕਰਵਾਉਣ ਲਈ ਬਸੀ ਪਠਾਣਾ ਵਿਖੇ ਪ੍ਰਵਾਨਗੀ ਲੈਣ ਲਈ ਅਪਲਾਈ ਕੀਤਾ ਸੀ। ਉਸ ਨੇ ਦੱਸਿਆ ਕਿ ਬਸੀ ਪਠਾਣਾ ਦੇ ਸਾਂਝ ਕੇਂਦਰ ਵੱਲੋਂ ਉਸ ਨੂੰ ਇਹ ਪ੍ਰਵਾਨਗੀ ਦੇਣ ਵਿੱਚ ਆਨਾਕਾਨੀ ਕੀਤੀ ਜਾ ਰਹੀ ਸੀ ਜਿਸ ਕਾਰਨ ਉਹ ਕਾਫੀ ਮਾਯੂਸ ਹੋ ਗਿਆ ਸੀ। ਉਸ ਨੇ ਦੱਸਿਆ ਕਿ ਬੀਤੀ 7 ਦਸੰਬਰ ਨੂੰ ਉਹ ਪ੍ਰਵਾਨਗੀ ਲੈਣ ਲਈ ਮੁੜ ਬਸੀ ਪਠਾਣਾ ਤਹਿਸੀਲ ਵਿੱਚ ਗਿਆ ਸੀ ਜਿਥੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਲੋਕਾਂ ਦੀਆਂ ਮੁਸ਼ਕਲਾਂ ਸੁਣ ਰਹੇ ਸਨ। ਉਨ੍ਹਾਂ ਦੱਸਿਆ ਕਿ ਉਸ ਨੇ ਕੁਸ਼ਤੀ ਦੰਗਲ ਕਰਵਾਉਣ ਦੀ ਪ੍ਰਵਾਨਗੀ ਨਾ ਮਿਲਣ ਕਾਰਨ ਮੁੱਖ ਮੰਤਰੀ ਕੋਲ ਫਰਿਆਦ ਕੀਤੀ ਸੀ ਜਿਸ 'ਤੇ ਮੁੱਖ ਮੰਤਰੀ ਨੇ ਮੌਕੇ 'ਤੇ ਮੌਜੂਦ ਡਿਪਟੀ ਕਮਿਸ਼ਨਰ ਪਰਨੀਤ ਸ਼ੇਰਗਿੱਲ ਅਤੇ ਜ਼ਿਲ੍ਹਾ ਪੁਲਸ ਮੁਖੀ ਡਾ. ਰਵਜੋਤ ਗਰੇਵਾਲ ਨੂੰ ਆਦੇਸ਼ ਦਿੱਤੇ ਕਿ ਪ੍ਰਵਾਨਗੀ ਦੇਣ ਬਾਰੇ ਤੁਰੰਤ ਕਾਰਵਾਈ ਕੀਤੀ ਜਾਵੇ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਦੇ ਦਖਲ ਤੋਂ ਬਾਅਦ ਉਸ ਨੂੰ ਚਾਰ ਘੰਟੇ ਵਿੱਚ ਹੀ ਪ੍ਰਵਾਨਗੀ ਮਿਲ ਗਈ ਜਿਸ ਤੋਂ ਉਹ ਬਹੁਤ ਖੁਸ਼ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜਿਸ ਤਰ੍ਹਾਂ ਉਸ ਦੀ ਮੁਸ਼ਕਲ ਦਾ ਹੱਲ ਕੀਤਾ ਹੈ ਉਸ ਲਈ ਉਹ ਮੁੱਖ ਮੰਤਰੀ ਦੇ ਦਿਲੋਂ ਧੰਨਵਾਦੀ ਹਨ।



# ਕੇਂਦਰੀ ਜੇਲ੍ਹ 'ਚੋਂ 16 ਮੋਬਾਇਲ ਫੋਨ ਤੇ ਨਸ਼ੀਲੇ ਪਦਾਰਥ ਬਰਾਮਦ, ਮਾਮਲਾ ਦਰਜ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਕੇਂਦਰੀ ਜੇਲ੍ਹ ਫਿਰੋਜ਼ਪੁਰ ਵਿੱਚ ਮੋਬਾਇਲ ਮਿਲਣ ਦਾ ਸਿਲਸਿਲਾ ਲਗਾਤਾਰ ਜਾਰੀ ਹੈ। ਕੇਂਦਰੀ ਜੇਲ੍ਹ ਫਿਰੋਜ਼ਪੁਰ ਵਿੱਚ ਤਲਾਸ਼ੀ ਅਤੇ ਥਰੋ ਕੀਤੇ ਪੈਕੇਟਾਂ 'ਚੋਂ 16 ਮੋਬਾਇਲ ਫੋਨ, ਇਕ ਚਾਰਜਰ ਤੇ 26 ਪੈਕੇਟ ਤੰਬਾਕੂ (ਜਰਦਾ), 65 ਬੰਡਲ ਬੀੜੀਆਂ ਬਰਾਮਦ ਹੋਈਆਂ ਹਨ। ਇਸ ਸਬੰਧ ਵਿੱਚ ਥਾਣਾ ਸਿਟੀ ਫਿਰੋਜ਼ਪੁਰ ਪੁਲਿਸ ਨੇ ਤਿੰਨ ਹਵਾਲਾਤੀਆਂ, 2 ਕੈਦੀਆਂ ਅਤੇ ਅਣਪਛਾਤੇ ਵਿਅਕਤੀਆਂ ਖਿਲਾਫ 52-ਏ, 42 ਪਰੀਸਿਨਜ਼ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਸਹਾਇਕ ਥਾਣੇਦਾਰ ਗੁਰਮੇਲ ਸਿੰਘ ਨੇ ਦੱਸਿਆ ਕਿ ਪੱਤਰ ਨੰਬਰ 6134 ਰਾਹੀਂ ਰਿਸ਼ਵਪਾਲ ਗੋਇਲ ਸਹਾਇਕ ਸੁਪਰਡੈਂਟ ਕੇਂਦਰੀ ਜੇਲ੍ਹ ਫ਼ਿਰੋਜ਼ਪੁਰ ਨੇ ਦੱਸਿਆ ਕਿ ਮਿਤੀ 10 ਦਸੰਬਰ 2023 ਨੂੰ ਉਹ ਸਮੇਤ ਸਾਥੀ ਕ੍ਰਮਚਾਰੀਆਂ ਦੇ ਗੁਪਤ ਸੂਚਨਾ ਦੇ ਆਧਾਰ ਤੇ ਤਲਾਸ਼ੀ ਕੀਤੀ ਗਈ ਤੇ ਤਲਾਸ਼ੀ ਦੌਰਾਨ ਹਵਾਲਾਤੀ ਪ੍ਰਿੰਸ ਕੁਮਾਰ ਉਰਫ ਮੋਹਿਤ ਕੁਮਾਰ ਪੁੱਤਰ ਰਜਿੰਦਰ ਕੁਮਾਰ ਵਾਸੀ ਛੱਜਘੜਾ ਮੁਹੱਲਾ ਕੋਟਕਪੂਰਾ ਜ਼ਿਲ੍ਹਾ ਫਰੀਦਕੋਟ ਕੋਲੋਂ 1 ਮੋਬਾਇਲ ਫੋਨ ਪੂਰੀ ਤਰ੍ਹਾਂ ਸੜਿਆ ਹੋਇਆ ਬਰਾਮਦ ਹੋਇਆ ਅਤੇ ਕੈਦੀ ਮਹਿੰਦਰ ਪ੍ਰਤਾਪ ਪੁੱਤਰ ਵਿਜੈ ਸਿੰਘ ਵਾਸੀ ਪਿੰਡ ਸਿਆਗਾਂ ਵਾਲੀ ਥਾਣਾ ਸਦਰ ਸ੍ਰੀ ਗੰਗਾ ਨਗਰ, ਰਾਜਸਥਾਨ ਹਾਲ ਕੇਂਦਰੀ ਜੇਲ੍ਹ ਫ਼ਿਰੋਜ਼ਪੁਰ ਕੋਲੋਂ 1 ਮੋਬਾਇਲ ਫੋਨ ਟੱਚ ਸਕਰੀਨ ਬਿਨਾਂ ਸਿਮ ਕਾਰਡ ਬਰਾਮਦ ਹੋਇਆ। ਜਾਂਚਕਰਤਾ ਗੁਰਮੇਲ ਸਿੰਘ ਨੇ ਦੱਸਿਆ ਕਿ ਪੱਤਰ ਨੰਬਰ 14432 ਰਾਹੀਂ ਨਿਰਮਲਜੀਤ ਸਿੰਘ ਸਹਾਇਕ ਸੁਪਰਡੈਂਟ ਕੇਂਦਰੀ ਜੇਲ੍ਹ ਫ਼ਿਰੋਜ਼ਪੁਰ ਨੇ ਦੱਸਿਆ ਕਿ ਮਿਤੀ 10 ਦਸੰਬਰ 2023 ਨੂੰ ਕਰੀਬ 6 ਪੀਐੱਮ 'ਤੇ ਕੇਂਦਰੀ ਜੇਲ੍ਹ ਫ਼ਿਰੋਜ਼ਪੁਰ ਵਿੱਚ ਕੁਝ ਸ਼ਰਾਰਤੀ ਅਨਸਰਾਂ ਵੱਲੋਂ ਜੇਲ੍ਹ ਦੇ ਬਾਹਰੋਂ ਟਾਵਰ ਨੰਬਰ 7 ਤੇ 8 ਵਿਚਕਾਰ 4 ਪੈਕੇਟ ਫੈਂਕੇ (ਥਰੋ) ਸੁੱਟੇ ਗਏ, ਜਿਨ੍ਹਾਂ ਨੂੰ ਖੋਲ੍ਹ ਕੇ ਚੈੱਕ ਕੀਤਾ ਗਿਆ ਤਾਂ 26 ਪੈਕੇਟ ਤੰਬਾਕੂ (ਜਰਦਾ), 65 ਬੰਡਲ ਬੀੜੀਆਂ ਅਤੇ 1 ਮੋਬਾਇਲ ਫੋਨ ਟੱਚ ਸਕਰੀਨ ਬਿਨਾਂ ਸਿਮ ਕਾਰਡ ਬਰਾਮਦ ਹੋਇਆ। ਜਾਂਚਕਰਤਾ ਗੁਰਮੇਲ ਸਿੰਘ ਨੇ ਦੱਸਿਆ ਕਿ ਪੱਤਰ ਨੰਬਰ 6138 ਰਾਹੀਂ ਰਿਸ਼ਵਪਾਲ ਗੋਇਲ ਸਹਾਇਕ ਸੁਪਰਡੈਂਟ ਕੇਂਦਰੀ ਜੇਲ੍ਹ ਫ਼ਿਰੋਜ਼ਪੁਰ ਨੇ ਦੱਸਿਆ ਕਿ ਮਿਤੀ 10 ਦਸੰਬਰ 2023 ਨੂੰ ਉਹ ਕੇਂਦਰੀ ਜੇਲ੍ਹ ਫ਼ਿਰੋਜ਼ਪੁਰ ਵਿੱਚ ਸਮੇਤ ਸਾਥੀ ਕ੍ਰਮਚਾਰੀਆਂ ਦੇ ਗੁਪਤ ਸੂਚਨਾ ਦੇ ਆਧਾਰ 'ਤੇ ਤਲਾਸ਼ੀ ਕੀਤੀ ਗਈ ਤੇ ਤਲਾਸ਼ੀ ਦੌਰਾਨ ਵਾਰਡ ਨੰਬਰ 3 ਦੀ ਚੱਕੀ ਨੰਬਰ 4 ਦੀ ਤਲਾਸ਼ੀ ਕੀਤੀ ਗਈ ਤੇ ਇਸ ਚੱਕੀ ਵਿਚੋਂ ਦੋਸ਼ੀਅਨ ਹਵਾਲਾਤੀ ਮਨਵਿੰਦਰ ਸਿੰਘ ਉਰਫ ਨਿੱਕਾ ਪੁੱਤਰ ਸੁਖਦੇਵ ਸਿੰਘ, ਹਵਾਲਾਤੀ ਬਲਜਿੰਦਰ ਸਿੰਘ ਉਰਫ ਬਿੰਦਰ ਪੁੱਤਰ ਨੈਬ ਸਿੰਘ ਅਤੇ ਕੈਦੀ ਥੋਮਸ ਉਰਫ ਰੇਸ਼ਮ ਮਸੀਹ ਪੁੱਤਰ ਸਾਦਿਕ ਮਸੀਹ ਕੋਲੋਂ 1 ਮੋਬਾਇਲ ਫੋਨ ਨੋਕੀਆ ਕੀਪੈਡ ਸਮੇਤ ਸਿੰਮ ਕਾਰਡ ਵੀਆਈ ਅਤੇ 1 ਚਾਰਜਰ ਬਰਾਮਦ ਹੋਇਆ। ਜਾਂਚਕਰਤਾ ਗੁਰਮੇਲ ਸਿੰਘ ਨੇ ਦੱਸਿਆ ਕਿ ਇਕ ਹੋਰ ਪੱਤਰ ਨੰਬਰ 14461 ਰਾਹੀਂ ਨਿਰਮਲਜੀਤ ਸਿੰਘ ਸਹਾਇਕ ਸੁਪਰਡੈਂਟ ਕੇਂਦਰੀ ਜੇਲ੍ਹ ਫਿਰੋਜ਼ਪੁਰ ਨੇ ਦੱਸਿਆ ਕਿ ਮਿਤੀ 10 ਦਸੰਬਰ 2023 ਨੂੰ ਉਹ ਸਮੇਤ ਸਾਥੀ ਕ੍ਰਮਚਾਰੀਆਂ ਦੇ ਗੁਪਤ ਸੂਚਨਾ ਦੇ ਆਧਾਰ ਤੇ ਤਲਾਸ਼ੀ ਕੀਤੀ ਗਈ ਤਾਂ ਪੁਰਾਣੀ ਬੈਰਕ ਨੰਬਰ 8 ਦੇ ਬਾਹਰ ਬਣੀਆਂ ਭੱਠੀਆਂ ਵਿਚੋਂ 2 ਮੋਬਾਇਲ ਫੋਨ ਜੀਓ ਭਾਰਤ ਕੀਪੈਡ ਸਮੇਤ ਬੈਟਰੀ ਤੇ ਬਿਨਾਂ ਸਿਮ ਕਾਰਡ, 6 ਮੋਬਾਇਲ ਫੋਨ ਨੋਕੀਆ ਕੀਪੈਡ ਸਮੇਤ ਬੈਟਰੀਆਂ ਤੇ ਬਿਨਾਂ ਸਿਮ ਕਾਰਡ, 3 ਮੋਬਾਇਲ ਫੋਨ ਉਪੋ ਟੱਚ ਸਕਰੀਨ ਬਿਨਾਂ ਸਿਮ ਕਾਰਡ ਅਤੇ 1 ਆਈਫੋਨ ਬਿਨਾਂ ਸਿਮ ਕਾਰਡ ਬਰਾਮਦ ਹੋਇਆ। ਪੁਲਸ ਨੇ ਦੱਸਿਆ ਕਿ ਉਕਤ ਹਵਾਲਾਤੀਆਂ, ਕੈਦੀਆਂ ਤੇ ਅਣਪਛਾਤੇ ਵਿਅਕਤੀਆਂ ਖਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ।

# ਨਰਮੇ ਦੀ ਫ਼ਸਲ ਬਣੀ ਕਿਸਾਨਾਂ ਲਈ ਘਾਟੇ ਦਾ ਸੌਦਾ



**ਮਲੋਟ (ਗੁਰਮੀਤ ਸਿੰਘ ਮੱਕੜ)**:-ਇਸ ਵਾਰ ਨਰਮੇ ਦੀ ਫਸਲ ਚੰਗੀ ਨਾ ਹੋਣ ਕਰਕੇ ਕਿਸਾਨਾਂ ਵਲੋਂ ਨਰਮੇ ਦੀ ਫਸਲ ਤੋਂ ਮੁੱਖ ਮੋੜਨਾ ਸ਼ੁਰੂ ਕਰ ਦਿੱਤਾ ਹੈ। ਸਥਾਨਕ ਦਾਣਾ ਮੰਡੀ ਵਿਚ ਨਰਮੇ ਦੀ ਫਸਲ ਲੈ ਕੇ ਆਏ ਕਿਸਾਨਾਂ ਨੇ ਏਜੰਸੀਆਂ ਵਲੋਂ ਖਰੀਦ ਸਮੇਂ ਨਰਮਾ ਮਾੜਾ ਹੋਣ ਕਰਕੇ ਖਰੀਦ ਨਾ ਕਰਨ ਦੇ ਦੋਸ਼ ਲਗਾਏ ਹਨ। ਇਸ ਮੌਕੇ ਕਿਸਾਨਾਂ ਨੇ ਦੱਸਿਆ ਕਿ ਨਰਮੇ ਦੀ ਫਸਲ ਉਪਰ ਪਹਿਲਾਂ ਹੀ ਗੁਲਾਬੀ ਸੁੰਡੀ ਦੇ ਹਮਲੇ ਨੇ ਕਿਸਾਨਾਂ ਦਾ ਨਰਮੇ ਦੀ ਫਸਲ ਤੋਂ ਦਿਲ ਤੋੜ ਦਿੱਤਾ ਸੀ, ਇਸ ਵਾਰ ਕੁਝ ਫਸਲ ਚੰਗੀ ਹੋਣ ਦੀ ਉਮੀਦ ਸੀ, ਪ੍ਰੰਤੂ ਪਿਛਲੇ ਸਮੇਂ ਵਿਚ ਹੋਈਆਂ ਬਾਰਿਸ਼ਾਂ ਨੇ ਨਰਮੇ ਦੀ ਫਸਲ ਦਾ ਕਾਫੀ ਨੁਕਸਾਨ ਕੀਤਾ ਅਤੇ ਝਾੜ ਘੱਟ ਹੋਣ ਕਰਕੇ ਕਿਸਾਨਾਂ ਨਰਮੇ ਦੀ ਫਸਲ ਤੋਂ ਤੋਬਾ ਕਰਨ ਲੱਗੇ ਹਨ। ਕਿਸਾਨਾਂ ਦਾ ਦੋਸ਼ ਲਗਾਇਆ ਕਿ ਪਹਿਲਾਂ ਨਰਮੇ ਦੀ ਫਸਲ ਦਾ ਬਾਰਿਸ਼ ਨੇ ਨੁਕਸਾਨ ਕੀਤਾ ਅਤੇ ਹੁਣ ਜਦੋਂ ਨਰਮਾ ਵੇਚਣ ਆਉਂਦੇ ਹਾਂ ਤਾਂ ਏਜੰਸੀਆਂ ਖਰੀਦ ਕਰਨ ਤੋਂ ਇਨਕਾਰ ਕਰਦੀਆਂ ਹਨ ਅਤੇ ਭਾਅ ਵੀ ਬਹੁਤ ਘੱਟ ਮਿਲ ਰਿਹਾ ਹੈ, ਇਸ ਕਰਕੇ ਉਹ ਨਰਮੇ ਦੀ ਫਸਲ ਦੀ ਬਿਜਾਈ ਕਰਨ ਤੋਂ ਪਿੱਛੇ ਹਟ ਰਹੇ ਹਨ। ਦੂਜੇ ਪਾਸੇ ਮਾਰਕੀਟ ਕਮੇਟੀ ਦੇ ਸਕੱਤਰ ਅਮਨਦੀਪ ਸਿੰਘ ਕੰਗ ਨੇ ਦੱਸਿਆ ਮਲੋਟ ਦੀ ਮਾਰਕਿਟ ਕਮੇਟੀ ਅਧੀਨ ਹੁੰਦੀ ਨਰਮੇ ਦੀ ਖਰੀਦ ਨਿਰਵਿਘਨ ਚੱਲ ਰਹੀ ਹੈ। ਮਾਰਕੀਟ ਕਮੇਟੀ ਦੇ ਰਿਕਾਰਡ ਮੁਤਾਬਿਕ ਅੱਜ ਤੱਕ 4500 ਕੁਇੰਟਲ ਦੇ ਕਰੀਬ ਖਰੀਦ ਹੋ ਚੁੱਕੀ ਹੈ ਅਤੇ ਪਿਛਲੇ ਸਾਲਾਂ ਨਾਲੋਂ ਇਸ ਵਾਰ ਆਮਦ ਕੁਝ ਘੱਟ ਆ ਰਹੀ ਹੈ, ਜਿਸ ਵਿਚ ਹਰ ਰੋਜ਼ 300 ਤੋਂ 400 ਕੁਇੰਟਲ ਨਰਮੇ ਦੀ ਆਮਦ ਹੋ ਰਹੀ ਹੈ।

# ਪ੍ਰਕਾਸ਼ ਪੁਰਬ ਨੂੰ ਸਮਰਪਤ ਰਹੀ ਵਿਸ਼ਵ ਪੰਜਾਬੀ ਕਾਨਫਰੰਸ

**ਸਿਰਸਾ (ਸੁਰਿੰਦਰ ਪਾਲ ਸਿੰਘ)** : ਗੁਰੂ ਨਾਨਕ ਦੇਵ ਜੀ ਦੇ 554ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਵਿਸ਼ਵ ਪੰਜਾਬੀ ਕਾਨਫਰੰਸ ਅਤੇ ਕਲਮ ਲੈਂਗੂਏਜ ਡਿਵੈਲਪਮੈਂਟ ਫਾਊਂਡੇਸ਼ਨ ਔਫ ਨੌਰਥ ਅਮਰੀਕਾ ਦੇ ਮੈਂਬਰਾਂ ਦੀ ਮੀਟਿੰਗ ਅਜੀਤ ਭਵਨ ਵਿਖੇ ਹੋਈ।ਕਲਮ ਲੈਂਗੂਏਜ ਫਾਊਂਡੇਸ਼ਨ ਔਫ ਨੌਰਥ ਅਮਰੀਕਾ ਦੇ ਸਰਪ੍ਰਸਤ ਸਵ. ਡਾ. ਦਰਸ਼ਨ ਸਿੰਘ ਬੈਂਸ ਦੇ ਸਹਿਪਾਠੀ ਸੇਵਾਮੁਕਤ ਨੇਵੀ ਅਫਸਰ ਜਸਮੇਰ ਸਿੰਘ ਨੇ ਡਾ.ਬੈਂਸ ਨੂੰ ਯਾਦ ਕਰਦਿਆਂ ਉਨ੍ਹਾਂ ਨਾਲ ਬਿਤਾਏ ਸਮੇਂ ਦੀਆਂ ਯਾਦਾਂ ਸ੍ਰੋਤਿਆਂ ਨਾਲ ਸਾਂਝੀਆਂ ਕੀਤੀਆਂ।ਇਸ ਮਟਿੰਗ ਦਾ ਆਗਾਜ਼ ਨੀਟਾ ਬਲਵਿੰਦਰ ਨੇ ਆਪਣੇ ਸ਼ਾਇਰਾਨਾ ਅੰਦਾਜ਼ ਨਾਲ ਕੀਤਾ।ਸਰਪ੍ਰਸਤ ਮੈਡਮ ਕੰਵਲਜੀਤ ਕੌਰ ਬੈਂਸ ਅਤੇ ਗੁਰਮੀਤ ਕੌਰ 'ਜੱਸੀ' ਪ੍ਰਧਾਨਗੀ ਮੰਡਲ ਵਿੱਚ ਸੁਸ਼ੋਭਿਤ ਸਨ। ਇਸ ਕਾਵਿ-ਮਿਲਣੀ ਵਿੱਚ ਅਜਮੇਰ ਸਿੰਘ ਪਰਦੇਸੀ, ਨਾਹਰ ਸਿੰਘ, ਗੁਰਮੀਤ ਕੌਰ ਜੱਸੀ, ਗਿਆਨ ਸਿੰਘ ਦਰਦੀ, ਪ੍ਰੀਤਮ ਸਿੰਘ ਧੰਜਲ, ਅਮਰ ਸਿੰਘ ਤੁੱਸੜ, ਮਕਸੂ ਚੌਧਰੀ, ਬਲਦੇਵ ਸਿੰਘ ਧਾਲੀਵਾਲ, ਰਵੀ ਦੱਤ ਬੱਸਰਾ, ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ, ਨਾਹਰ ਸਿੰਘ, ਗੁਰਦੇਵ ਸਿੰਘ ਰੱਖੜਾ, ਗੁਰਮੇਲ ਸਿੰਘ ਢਿੱਲੋਂ ਨੇ ਆਪਣੀਆਂ ਰਚਨਾਵਾਂ ਦੀ ਸਾਂਝ ਪਾਈ।ਇਸ ਤੋਂ ਇਲਾਵਾ ਮਟਿੰਗ ਵਿੱਚ ਨਾਵੀਦ ਚੌਧਰੀ ਨੇ ਪਹਿਲੀ ਵਿਸ਼ਵ ਪੰਜਾਬੀ ਕਾਨਫਰੰਸ ਅਤੇ ਕਲਮ ਲੈਂਗੂਏਜ ਫਾਊਂਡੇਸ਼ਨ ਔਫ ਨਾਰਥ ਅਮਰੀਕਾ ਵੱਲੋਂ ਪੰਜਾਬੀ ਸੱਭਿਆਚਾਰ ਅਤੇ ਸਾਹਿਤ ਵਿੱਚ ਪਾਏ ਵਡਮੁੱਲੇ ਯੋਗਦਾਨ ਦੀ ਪ੍ਰਸ਼ੰਸਾ ਕੀਤੀ। ਬਲਵਿੰਦਰ ਨੀਟਾ ਨੇ ਮੰਚ ਸੰਚਾਲਕ ਦੀ ਜ਼ਿੰਮੇਵਾਰੀ ਨਿਭਾਈ ਅਤੇ ਰੁਪਿੰਦਰਜੀਤ ਕੌਰ ਨੇ ਮੀਟਿੰਗ ਫੋਟੋਗ੍ਰਾਫਰੀ ਕੀਤੀ।ਪ੍ਰੋਗਰਾਮ ਦੇ ਆਖੀਰ 'ਚ ਸਰਪ੍ਰਸਤ ਮੈਡਮ ਕੰਵਲਜੀਤ ਕੌਰ ਬੈਂਸ ਵਲੋਂ ਸਭ ਦਾ ਧੰਨਵਾਦ ਕੀਤਾ ਗਿਆ।

# ਨੈਸ਼ਨਲ ਪਬਲਿਕ ਸੀ. ਸੈ. ਸਕੂਲ 'ਚ ਕਰਵਾਈ 36ਵੀਂ ਸਲਾਨਾ ਅਥਲੈਟਿਕ ਮੀਟ



**ਮੁਕਤਸਰ (ਸ਼ਮਿੰਦਰਪਾਲ /ਪੂਜਾ)**-ਨੈਸ਼ਨਲ ਪਬਲਿਕ ਸਕੂਲ ਸ੍ਰੀ ਮੁਕਤਸਰ ਸਾਹਿਬ ਵਿੱਚ ਸੈਸ਼ਨ 2023 ਦੀ ਸਲਾਨਾ ਅਥਲੈਟਿਕ ਮੀਟ ਨੈਸ਼ਨਲ ਪਬਲਿਕ ਸਕੂਲ ਦੀ ਮੈਨੇਜਮੈਂਟ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ 8 ਦਸੰਬਰ ਨੂੰ ਪ੍ਰੋਗਰਾਮ ਦੀ ਸ਼ੁਰੂਆਤ ਚਾਰੇ ਹਾਊਸਾਂ ਦੇ ਮਾਰਚ ਪਾਸਟ ਅਤੇ ਸਾਡੇ ਸਕੂਲ ਦੇ ਖਿਡਾਰੀ ਤੇ ਖਿਡਾਰਨਾਂ ਨੇ ਜਿਨ੍ਹਾਂ ਨੇ ਜ਼ੋਨ, ਜ਼ਿਲ੍ਹਾ ਅਤੇ ਸਟੇਟ ਲੈਵਲ 'ਤੇ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸਕੂਲ ਦਾ ਨਾਮ ਰੋਸ਼ਨ ਕੀਤਾ ਉਨ੍ਹਾਂ ਵੱਲੋਂ ਮਿਸ਼ਾਲ ਦੌੜ ਵਿੱਚ ਸ਼ਿਰਕਤ ਕੀਤੀ। ਬੱਚਿਆਂ ਨੇ ਵੱਖ—ਵੱਖ ਖੇਡਾਂ ਵਿੱਚ ਹਿੱਸਾ ਲੈਂਦੇ ਹੋਏ ਆਪਣੇ ਹੁਨਰ ਤੇ ਜੋਸ਼ ਦਾ ਪ੍ਰਦਰਸ਼ਨ ਕੀਤਾ। ਪ੍ਰੋਗਰਾਮ ਦੀ ਸ਼ੁਰੂਆਤ ਰਾਜਸਥਾਨੀ ਡਾਂਸ ਨਾਲ ਸਕੂਲ ਦੀਆਂ ਵਿਦਿਆਰਥਣ ਵੱਲੋਂ ਕੀਤੀ ਗਈ। ਇਸ ਮੌਕੇ ਤੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਵਿਸ਼ੇਸ਼ ਸੱਦਾ ਦਿੱਤਾ ਗਿਆ ਅਤੇ ਉਹਨਾਂ ਦੇ ਖੇਡ ਮੁਕਾਬਲੇ ਵੀ ਕਰਵਾਏ ਗਏ। ਇਨ੍ਹਾਂ ਖੇਡਾਂ ਵਿੱਚ ਮਨਸੀਰਤ ਕੌਰ (ਛੇਵੀਂ—ਬੀ) ਕਲਾਸ ਅਤੇ ਗੁਰਾਜ ਸਿੰਘ (12ਵੀਂ), (ਨਕਤਵ) ਚੁਣੇ ਗਏ। ਸਾਰੇ ਜੇਤੂਆਂ ਨੂੰ ਮੈਡਲ ਅਤੇ ਸਰਟੀਫਿਕੇਟਸ ਦੇ ਨਾਲ ਸਨਮਾਨਤ ਕੀਤਾ ਗਿਆ। ਪ੍ਰੀ ਪ੍ਰਾਇਮਰੀ ਵਿੰਗ ਵਿਚ ਛੋਟੇ ਬੱਚਿਆਂ ਵਲੋਂ ਰੇਸਾਂ ਵਿੱਚ ਹਿੱਸਾ ਲੈਂਦੇ ਹੋਏ ਬੱਚਿਆਂ ਨੇ ਖੂਬ ਆਨੰਦ ਲਿਆ। ਵੱਡੇ ਬੱਚਿਆਂ ਦੁਆਰਾ 100 ਮੀ., 200 ਮੀ., 400 ਮੀ., 800 ਮੀ., ਅਤੇ 1600 ਮੀ. ਵਿੱਚ ਹਿੱਸਾ ਲਿਆ। ਰਿਲੇਅ ਰੇਸ ਦਾ ਦਰਸ਼ਕਾਂ ਸਭ ਤੋਂ ਵੱਧ ਆਨੰਦ ਮਾਣਿਆ ਗਿਆ। ਸਕੂਲ ਦੇ ਚੇਅਰਮੈਨ ਮਨਜੀਤ ਸਿੰਘ ਸੰਧੂ, ਚੇਅਰਪਰਸਨ ਕੁਲਦੀਪ ਕੌਰ ਸੰਧੂ ਅਤੇ ਸਕੂਲ ਪ੍ਰਿੰਸੀਪਲ ਰਾਜੇਸ਼ਵਰ ਪ੍ਰਸਾਦ ਵੱਲੋਂ ਡੀ. ਪੀ. ਟੀਚਰ ਕਰਨਬੀਰ ਸਿੰਘ, ਸਟਾਫ ਅਤੇ ਸਮੂਹ ਵਿਦਿਆਰਥੀਆਂ ਨੂੰ ਵਧਾਈ ਅਤੇ ਭਵਿੱਖ ਵਿੱਚ ਏਸੇ ਤਰ੍ਹਾਂ ਤਰੱਕੀਆਂ ਕਰਨ ਦੀ ਪ੍ਰੇਰਨਾ ਦਿੱਤੀ। ਇਸ ਫੰਕਸ਼ਨ ਨੂੰ ਸਫਲਤਾ ਪੂਰਵਕ ਸਿਰੇ ਚੜ੍ਹਾਉਣ ਲਈ ਦਰਜਾ ਚਾਰ ਮੁਲਾਜ਼ਮਾਂ ਤੋਂ ਲੈ ਕੇ ਸਾਰੇ ਅਧਿਆਪਕਾਂ ਦੇ ਯੋਗਦਾਨ ਲਈ ਮੈਨੇਜਮੈਂਟ ਵੱਲੋਂ ਧੰਨਵਾਦ ਕੀਤਾ ਗਿਆ।

# ਇਸ ਵਾਰ ਮਾਘੀ ਮੇਲਾ ਹੋਵੇਗਾ ਪਲਾਸਟਿਕ ਕਚਰੇ ਤੋਂ ਮੁਕਤ: ਡਿਪਟੀ ਕਮਿਸ਼ਨਰ

## ਡਿਪਟੀ ਕਮਿਸ਼ਨਰ ਵੱਲੋਂ ਮੇਲੇ ਦੀਆਂ ਤਿਆਰੀਆਂ ਦਾ ਜਾਇਜ਼ਾ




**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ, ਪੂਜਾ, ਕੁਲਭੂਸ਼ਨ ਚਾਵਲਾ)**-ਸ੍ਰੀ ਮੁਕਤਸਰ ਸਾਹਿਬ ਦਾ ਇਤਿਹਾਸਕ ਮਾਘੀ ਮੇਲਾ ਇਸ ਵਾਰ ਪਲਾਸਟਿਕ ਮੁਕਤ ਰੱਖਣ ਦਾ ਟੀਚਾ ਜ਼ਿਲ੍ਹਾ ਪ੍ਰਸ਼ਾਸਨ ਨੇ ਮਿੱਥਿਆ ਹੈ। ਇਹ ਗੱਲ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਡਾ. ਰੂਹੀ ਦੁੱਗ ਨੇ ਮੇਲੇ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਰੱਖੀ ਬੈਠਕ ਦੀ ਪ੍ਰਧਾਨਗੀ ਕਰਦਿਆਂ ਆਖੀ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸ੍ਰੀ ਮੁਕਤਸਰ ਸਾਹਿਬ ਦੇ ਗੌਰਵਸ਼ਾਲੀ ਇਤਿਹਾਸ ਤੋਂ ਪ੍ਰੇਰਿਤ ਮਾਘੀ ਦੇ ਦਿਨ ਲੱਗਣ ਵਾਲੇ ਜੋੜ ਮੇਲੇ ਨੂੰ ਪਲਾਸਟਿਕ ਕਚਰੇ ਤੋਂ ਮੁਕਤ ਕਰਕੇ ਸਾਡੇ ਗੁਰੂ ਸਾਹਿਬਾਨ ਵੱਲੋਂ ਕੁਦਰਤ ਦੀ ਸੰਭਾਲ ਕਰਨ ਦੇ ਦਿੱਤੇ ਸੰਦੇਸ਼ ਦੀ ਪਾਲਣਾ ਕੀਤੀ ਜਾਵੇਗੀ।ਉਨ੍ਹਾਂ ਨੇ ਨਗਰ ਕੌਂਸਲ ਨੂੰ ਕਿਹਾ ਕਿ ਇਸ ਸਬੰਧੀ ਪਹਿਲਾਂ ਤੋਂ ਹੀ ਸਬੰਧਤ ਧਿਰਾਂ ਨਾਲ ਗੱਲਬਾਤ ਕਰਕੇ ਉਨ੍ਹਾਂ ਨੂੰ ਪ੍ਰੇਰਿਤ ਕੀਤਾ ਜਾਵੇ। ਉਨ੍ਹਾਂ ਨੇ ਸ਼ਹਿਰ ਵਾਸੀਆਂ ਅਤੇ ਲੰਗਰ ਲਗਾਉਣ ਵਾਲੀਆਂ ਕਮੇਟੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਜ਼ਿਲ੍ਹਾ ਪ੍ਰਸ਼ਾਸਨ ਦੇ ਇਸ ਸੰਕਲਪ ਵਿਚ ਸਾਥ ਦੇਣ। ਉਨ੍ਹਾ ਕਿਹਾ ਕਿ ਗੈਰ ਸਰਕਾਰੀ ਸਮਾਜਿਕ ਸੰਗਠਨਾਂ ਤੋਂ ਵੀ ਇਸ ਵਿਚ ਮਦਦ ਲਈ ਜਾਵੇਗੀ।

ਡਿਪਟੀ ਕਮਿਸ਼ਨਰ ਨੇ ਇਸ ਮੌਕੇ ਹੋਰ ਦੱਸਿਆ ਕਿ ਮੇਲੇ ਦੌਰਾਨ ਸ਼ਹਿਰ ਨੂੰ 7 ਸੈਕਟਰਾਂ ਵਿਚ ਵੰਡ ਕੇ ਮੇਲੇ ਦੇ ਪ੍ਰਬੰਧ ਕੀਤੇ ਜਾਣਗੇ। ਇਸ ਲਈ 8 ਆਰਜ਼ੀ ਪਾਰਕਿੰਗ ਅਤੇ 7 ਆਰਜ਼ੀ ਬੱਸ ਅੱਡੇ ਵੀ ਬਣਨਗੇ। ਉਨ੍ਹਾਂ ਨੇ ਸਬੰਧਤ ਵਿਭਾਗਾਂ ਨੂੰ ਸਾਰੀਆਂ ਤਿਆਰੀਆਂ ਅਗੇਤੇ ਤੌਰ 'ਤੇ ਕਰਨ ਦੀ ਹਦਾਇਤ ਕੀਤੀ। ਉਨ੍ਹਾਂ ਨੇ ਨਗਰ ਕੌਂਸਲ ਨੂੰ ਸਟਰੀਟ ਲਾਈਟਾਂ ਦਰੁਸਤ ਕਰਨ ਲਈ ਵੀ ਕਿਹਾ।ਬੈਠਕ ਵਿਚ ਏ ਡੀ ਸੀ ਜਨਰਲ ਕੰਵਰਜੀਤ ਸਿੰਘ, ਏ ਡੀ ਸੀ ਡੀ ਮਨਮੋਹਨ ਸਿੰਘ, ਐਸ ਡੀ ਐਮ ਮਲੋਟ ਡਾ. ਸੰਜੀਵ ਕੁਮਾਰ ਵੀ ਹਾਜ਼ਰ ਸਨ।

ਮਾਘੀ ਮੇਲੇ ਵਿਚ ਸਵੈ ਸਹਾਇਤਾ ਸਮੂਹਾਂ ਅਤੇ ਛੋਟੇ ਦਸਤਕਾਰਾਂ ਦੀ ਮਦਦ ਲਈ ਉਨ੍ਹਾਂ ਨੂੰ ਵੀ ਆਪਣੇ ਸਟਾਲ ਲਗਾਉਣ ਦੀ ਆਗਿਆ ਦਿੱਤੀ ਜਾਵੇਗੀ। ਇਸ ਲਈ ਪੰਜਾਬ ਭਰ ਤੋਂ ਸਵੈ ਸਹਾਇਤਾ ਸਮੂਹ ਅਤੇ ਦਸਤਕਾਰ ਆਪਣੇ ਸਟਾਲ ਲਗਾਉਣ ਲਈ ਇਸ ਵਾਰ ਸ੍ਰੀ ਮੁਕਤਸਰ ਸਾਹਿਬ ਵਿਖੇ ਪਹੁੰਚਣਗੇ।

# ਧੂਰੀ 'ਚ ਪੈਨਸ਼ਨਰਜ਼ ਦਿਹਾੜਾ 17 ਨੂੰ, ਸੂਬਾ ਪ੍ਰਧਾਨ ਧਨੋਆ ਕਰਨਗੇ ਸੰਬੋਧਨ






**ਧੂਰੀ (ਸੁਖਦੇਵ ਧੂਰੀ)**- ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਰਜਿ: ਧੂਰੀ ਵੱਲੋਂ ਇਸ ਵਾਰ ਪੈਨਸ਼ਨਰਜ਼ ਦਿਵਸ 17 ਦਸੰਬਰ ਨੂੰ ਸਵੇਰੇ 10 ਵਜੇ ਤੋਂ ਮੰਗਲਾ ਆਸ਼ਰਮ ( ਗਊ ਸ਼ਾਲਾ ) ਵਿਖੇ ਮਨਾਇਆ ਜਾ ਰਿਹਾ ਹੈ। ਇਸ ਵਾਰ ਸਮਾਗਮ 'ਚ ਜੁਝਾਰੂ ਪੈਨਸ਼ਨਰਜ਼ ਆਗੂ ਤੇ ਪੈਨਸ਼ਨਰਜ਼ ਕਨਫੈਡਰੇਸ਼ਨ ਦੇ ਸੂਬਾ ਪ੍ਰਧਾਨ ਕਰਮ ਸਿੰਘ ਧਨੋਆ, ਸੂਬਾ ਸਕੱਤਰ ਕੁਲਵਰਨ ਸਿੰਘ, ਜ਼ਿਲ੍ਹਾ ਪ੍ਰਧਾਨ ਰਾਜ ਕੁਮਾਰ ਅਰੋੜਾ ਅਤੇ ਜ਼ਿਲ੍ਹਾ ਜਨਰਲ ਸਕੱਤਰ ਆਰ. ਐਲ. ਪਾਂਧੀ ਵਿਸ਼ੇਸ਼ ਤੌਰ 'ਤੇ ਪਹੁੰਚ ਰਹੇ ਹਨ। ਇਸ ਸੰਬੰਧੀ ਧੂਰੀ ਯੂਨਿਟ ਦੇ ਜਨਰਲ ਸਕੱਤਰ ਡਾ. ਅਮਰਜੀਤ ਸਿੰਘ ਨੇ ਦੱਸਿਆ ਕਿ ਪ੍ਰੋਗਰਾਮ ਦੀਆਂ ਤਿਆਰੀਆਂ ਨੂੰ ਮੁਕੰਮਲ ਕਰ ਲਿਆ ਗਿਆ ਹੈ। ਇਸ ਸੰਬੰਧੀ ਅੱਜ ਪੈਨਸ਼ਨ ਦਫਤਰ ਵਿੱਚ ਤਿਆਰੀਆਂ ਨੂੰ ਅੰਤਿਮ ਰੂਪ ਦੇਣ ਲਈ ਕਾਰਜਕਾਰਨੀ ਦੀ ਮੀਟਿੰਗ ਪ੍ਰਧਾਨ ਸੁਖਦੇਵ ਸ਼ਰਮਾ ਦੀ ਅਗਵਾਈ ਵਿੱਚ ਹੋਈ। ਇਸ ਮੀਟਿੰਗ 'ਚ ਕੁਝ ਮੈਂਬਰਾਂ ਵੱਲੋਂ ਅੱਡ ਧੜਾ ਬਣਾ ਕੇ ਵੱਖਰਾ ਪ੍ਰੋਗਰਾਮ ਕੀਤੇ ਜਾਣ ਦੀ ਕਾਰਵਾਈ ਨੂੰ ਮੰਦਭਾਗਾ ਦੱਸਦਿਆਂ ਇਸ ਵਰਤਾਰੇ ਨੂੰ ਪੈਨਸ਼ਨਰਜ਼ ਸੰਘਰਸ਼ ਨੂੰ ਢਾਹ ਲਾਉਣ ਵਾਲਾ ਕਰਾਰ ਦਿੱਤਾ। ਨਾਲ ਹੀ ਮੀਟਿੰਗ 'ਚ ਪੰਜਾਬ ਸਰਕਾਰ ਖਿਲਾਫ ਜ਼ੋਰਦਾਰ ਨਾਹਰੇਬਾਜ਼ੀ ਕਰਦਿਆਂ ਪੈਨਸ਼ਨਰ ਮੰਗਾਂ ਤੇ ਮਸਲਿਆਂ ਵੱਲ ਧਿਆਨ ਦੇਣ ਦੀ ਮੰਗ ਕੀਤੀ । ਬੁਲਾਰਿਆਂ ਨੇ ਛੇਵੇਂ ਤਨਖਾਹ ਕਮਿਸ਼ਨ ਦਾ 1. 1. 2016 ਤੋਂ ਬਕਾਇਆ, ਡੀ ਏ ਦੀਆਂ ਬਾਕੀ ਰਹਿੰਦੀਆਂ ਕਿਸ਼ਤਾਂ ਦੇ ਬਕਾਏ, 2.59 ਫੈਕਟਰ ਅਨੁਸਾਰ ਪੈਨਸ਼ਨ ਸੁਧਾਈ ਦਾ ਮਾਮਲਾ ਉਠਾਇਆ। ਮੀਟਿੰਗ ਦੀ ਸਮਾਪਤੀ ਮੌਕੇ ਪ੍ਰੋਗਰਾਮ ਲਈ ਕਮੇਟੀਆਂ ਦਾ ਗਠਨ ਕਰਕੇ ਡਿਊਟੀਆਂ ਦੀ ਵੰਡ ਕੀਤੀ ਗਈ। ਇਸ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਕਾਰਜਕਾਰੀ ਪ੍ਰਧਾਨ ਜਸਦੇਵ ਸਿੰਘ, ਚਰਨਜੀਤ ਸਿੰਘ ਕੈਂਥ, ਰਤਨ ਸਿੰਘ ਭੰਡਾਰੀ, ਇੰਦਰਜੀਤ ਸ਼ਰਮਾ, ਸੋਮ ਨਾਥ ਅੱਤਰੀ, ਆਤਮਾ ਸਿੰਘ ਘਨੌਰ, ਫਕੀਰ ਸਿੰਘ, ਕਰਮ ਸਿੰਘ ਸੋਢੀ, ਅਵਤਾਰ ਸਿੰਘ, ਗੁਰਦਾਸ ਬਾਂਸਲ, ਮਦਨ ਲਾਲ, ਗੁਰਚਰਨ ਸਿੰਘ ਧਾਂਦਰਾ, ਭਜਨ ਸਿੰਘ ਰੰਗੀਆਂ, ਰਾਮ ਸਰੂਪ ਧੂਰੀ, ਦਰਸ਼ਨ ਸਿੰਘ ਧਾਂਦਰਾ, ਤਰਲੋਚਨ ਸਿੰਘ, ਸ਼ੇਰ ਸਿੰਘ, ਬਲਦੇਵ ਸਿੰਘ, ਨਛੱਤਰ ਸਿੰਘ, ਜੋਗਿੰਦਰ ਸਿੰਘ ਪੁੰਨਾਵਾਲ, ਜੋਰਾ ਸਿੰਘ, ਸੁਰਜਨ ਸਿੰਘ, ਸ਼ਿਵ ਕੁਮਾਰ ਲੋਮਸ ਸਮੇਤ ਅਨੇਕਾਂ ਪੈਨਸ਼ਨਰ ਮੌਜੂਦ ਸਨ।

# ਨੰਬਰਦਾਰ ਧਾਲੀਵਾਲ ਯਾਦਗਾਰੀ ਸਮਾਗਮ 'ਚ ਹੋਣਹਾਰ ਵਿਦਿਆਰਥੀਆਂ ਦਾ ਸਨਮਾਨ



**ਮਹਿਲ ਕਲਾਂ,13 ਦਸੰਬਰ (ਪ੍ਰਦੀਪ ਸਿੰਘ ਲੋਹਗੜ੍ਹ)**- ਨੰਬਰਦਾਰ ਮੇਜਰ ਸਿੰਘ ਧਾਲੀਵਾਲ ਦੀ ਯਾਦ ਨੂੰ ਸਮਰਪਤ ਅੱਠਵਾਂ ਸਾਲਾਨਾ ਸਮਾਗਮ ਪ੍ਰੋ: ਕਰਮਜੀਤ ਸਿੰਘ ਧਾਲੀਵਾਲ ਦੀ ਅਗਵਾਈ ਹੇਠ ਸਰਕਾਰੀ ਐਲੀਮੈਂਟਰੀ ਸਕੂਲ ਚੁਹਾਣਕੇ ਖੁਰਦ (ਬਰਨਾਲਾ) ਵਿਖੇ ਕਰਵਾਇਆ ਗਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਸਾਮਲ ਹੋਏ ਏ ਡੀ ਸੀ ਬਰਨਾਲਾ ਸਤਵੰਤ ਸਿੰਘ ਨੇ ਪ੍ਰਬੰਧਕਾਂ ਦੇ ਇਸ ਉੱਦਮ ਸ਼ਲਾਘਾ ਕੀਤੀ । ਉਨ੍ਹਾਂ ਵਿਦਿਆਰਥੀਆਂ ਨੂੰ ਵਧੇਰੇ ਲਗਨ ਮਿਹਨਤ ਨਾਲ ਖੇਡਾਂ ਵਿੱਦਿਆ ਦੇ ਖੇਤਰ 'ਚ ਮੱਲਾਂ ਮਾਰਨ ਲਈ ਉਤਸ਼ਾਹਿਤ ਕੀਤਾ। ਸ਼੍ਰੋਮਣੀ ਸਾਹਿਤਕਾਰ ਓਮ ਪ੍ਰਕਾਸ ਗਾਸੋ ਨੇ ਕਿਹਾ ਕਿ ਧਾਲੀਵਾਲ ਪਰਵਾਰ ਵਾਂਗ ਆਪਣੇ ਪੁਰਖਿਆਂ ਦੀ ਯਾਦ 'ਚ ਹਰ ਸਾਲ ਸਨਮਾਨ ਸਮਾਗਮ ਕਰਵਾ ਕੇ ਵਿਦਿਆਰਥੀਆਂ ਨੂੰ ਉਸਾਰੂ ਸੋਚ 'ਚ ਪ੍ਰਪੱਕ ਬਣਾਉਣਾ ਚਾਹੀਦਾ ਹੈ। ਇਸ ਮੌਕੇ ਧਾਲੀਵਾਲ ਪਰਵਾਰ ਵੱਲੋਂ ਖੇਡਾਂ, ਵਿੱਦਿਆ 'ਚ ਪਹਿਲੀਆਂ ਪੁਜੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਪ੍ਰਬੰਧਕਾਂ ਨੇ ਸਕੂਲ ਦੀ ਲਾਇਬਰੇਰੀ ਲਈ 200 ਸਾਹਿਤਕ ਕਿਤਾਬਾਂ ਵੀ ਭੇਟ ਕੀਤੀਆਂ। ਹੈੱਡਮਾਸਟਰ ਪੁਨੀਤ ਗਰਗ ਨੇ ਮੁੱਖ ਮਹਿਮਾਨ ਸਮੇਤ ਸਾਰਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਸ਼੍ਰੋਮਣੀ ਪੰਜਾਬੀ ਬਾਲ ਸਾਹਿਤ ਲੇਖਕ ਦਰਸ਼ਨ ਸਿੰਘ ਆਸ਼ਟ, ਜ਼ਿਲ੍ਹਾ ਖੇਤੀਬਾੜੀ ਅਫ਼ਸਰ ਡਾ. ਜਗਦੀਸ਼ ਸਿੰਘ, ਇੰਜ: ਸਵਰਨਜੀਤ ਸਿੰਘ ਯੂ ਐਸ ਏ, ਪਰਮਿੰਦਰ ਸਿੰਘ, ਹੈੱਡਮਾਸਟਰ ਪੁਨੀਤ ਗਰਗ, ਰਾਜੇਸ਼ ਗੋਇਲ ਨਾਈਵਾਲਾ, ਚੇਅਰਮੈਨ ਲਖਵੀਰ ਸਿੰਘ, ਸਰਪੰਚ ਮਹਿੰਦਰ ਸਿੰਘ, ਵੀਨਾ ਰਾਣੀ, ਰੋਹਿਤ ਸਿੰਗਲਾ, ਸ਼ਰਨਜੀਤ ਕੌਰ, ਦਰਸ਼ਨਾ ਰਾਣੀ, ਗੁਰਸੇਵਕ ਕੌਰ, ਰਵਨੀਤ ਕੌਰ, ਮਨਜੀਤ ਕੌਰ, ਗੁਰਮੀਤ ਕੌਰ, ਬਲਵਿੰਦਰ ਸਿੰਘ, ਰਾਜੇਸ਼ ਕੁਮਾਰ ਆਦਿ ਹਾਜ਼ਰ ਸਨ।

# 'ਮਾਨ ਸਰਕਾਰ, ਤੁਹਾਡੇ ਦੁਆਰ' ਸਕੀਮ ਲੋਕਾਂ ਵਾਸਤੇ ਬੇਹੱਦ ਫਾਇਦੇਮੰਦ ਸਾਬਤ ਹੋਵੇਗੀ : ਦਹੀਆ, ਸਰਾਰੀ



**ਮਮਦੋਟ (ਜਸਬੀਰ ਸਿੰਘ ਕੰਬੋਜ)**- ਵਿਧਾਨ ਸਭਾ ਹਲਕਾ ਫਿਰੋਜ਼ਪੁਰ ਦਿਹਾਤੀ ਦੇ ਵਿਧਾਇਕ ਐਡਵੋਕੇਟ ਰਜਨੀਸ਼ ਦਹੀਆ ਅਤੇ ਸਾਬਕਾ ਕੈਬਨਿਟ ਮੰਤਰੀ ਵਿਧਾਇਕ ਫੌਜਾ ਸਿੰਘ ਸਰਾਰੀ ਐੱਮ ਐੱਲ ਹਲਕਾ ਗੁਰੂਹਰਸਹਾਏ ਅੱਜ ਪ੍ਰੈੱਸ ਕਲੱਬ ਮਮਦੋਟ ( ਰਜਿ:) ਦੇ ਦਫਤਰ ਵਿਖੇ ਪਹੁੰਚੇ ਜਿੱਥੇ ਪ੍ਰੈੱਸ ਕਲੱਬ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਸੰਧੂ ਦੀ ਅਗਵਾਈ ਹੇਠ ਸਮੂਹ ਪੱਤਰਕਾਰ ਭਾਈਚਾਰੇ ਵੱਲੋਂ ਦੋਹਾਂ ਵਿਧਾਇਕਾਂ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ।

ਇਸ ਮੌਕੇ ਵਿਧਾਇਕ ਦਹੀਆ ਤੇ ਵਿਧਾਇਕ ਸਰਾਰੀ ਨੇ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਜੋ ਪੰਜਾਬ ਦੇ ਲੋਕਾਂ ਨਾਲ ਵਾਅਦਾ ਕੀਤਾ ਸੀ ਕਿ ਲੋਕਾਂ ਨੂੰ ਘਰੇ ਬੈਠਿਆਂ ਹੀ ਲੋੜੀਂਦੀਆਂ ਸੇਵਾਵਾਂ ਮੁਹੱਈਆ ਕਰਵਾਈਆਂ ਜਾਣਗੀਆਂ ਜਿਸ ਦੇ ਤਹਿਤ ਸੂਬਾ ਸਰਕਾਰ ਹੋਣ ਵੱਲੋਂ 10 ਦਸੰਬਰ ਤੋਂ ਸ਼ੁਰੂ ਕੀਤੀ 'ਭਗਵੰਤ ਮਾਨ ਸਰਕਾਰ ਤੁਹਾਡੇ ਦੁਆਰ' ਇਹ ਸਕੀਮ ਬਹੁਤ ਸ਼ਲਾਘਾਯੋਗ ਕਦਮ ਹੈ। ਉਨ੍ਹਾਂ ਦੱਸਿਆ ਕਿ ਘਰ-ਘਰ ਤੱਕ ਸੇਵਾਵਾਂ ਦੇਣ ਦੀ ਸ਼ੁਰੂਆਤ ਵਾਲੀ ਇਹ ਪਹਿਲਕਦਮੀ ਲੋਕਾਂ ਦੀ ਸਰਕਾਰੀ ਸੇਵਾਵਾਂ ਤੱਕ ਸਿੱਧੀ ਤੇ ਆਸਾਨ ਪਹੁੰਚ ਮੁਹੱਈਆ ਕਰਵਾਏਗੀ । ਇਸ ਸਕੀਮ ਦੇ ਸ਼ੁਰੂ ਹੋਣ 'ਤੇ ਜਨਮ ਤੇ ਮੌਤ ਸਰਟੀਫਿਕੇਟ, ਆਮਦਨ, ਰਿਹਾਇਸ਼, ਜਾਤ ਤੇ ਪੈਨਸ਼ਨ ਦਾ ਸਰਟੀਫਿਕੇਟ, ਬਿਜਲੀ ਬਿੱਲਾਂ ਦੀ ਅਦਾਇਗੀ ਅਤੇ ਹੋਰ ਸੇਵਾਵਾਂ ਸੂਬੇ ਭਰ ਵਿੱਚ ਘਰ-ਘਰ ਤੱਕ ਮੁਹੱਈਆ ਹੋਣਗੀਆਂ। ਅੰਤ ਵਿੱਚ ਸੀਨੀਅਰ ਪੱਤਰਕਾਰ ਬਲਦੇਵ ਸ਼ਰਮਾ ਨੇ ਵਿਧਾਇਕ ਦਹੀਆ ਤੇ ਵਿਧਾਇਕ ਸਰਾਰੀ ਪ੍ਰੈੱਸ ਕਲੱਬ ਪਹੁੰਚਣ 'ਤੇ ਵਿਸ਼ੇਸ਼ ਧੰਨਵਾਦ ਕੀਤਾ । ਇਸ ਮੌਕੇ ਸਰਪ੍ਰਸਤ ਬਲਦੇਵ ਸ਼ਰਮਾ, ਹਰਪਾਲ ਸਿੰਘ ਸੋਢੀ ਚੇਅਰਮੈਨ ਪ੍ਰੈੱਸ ਕਲੱਬ, ਵਾਈਸ ਪ੍ਰਧਾਨ ਜੋਗਿੰਦਰ ਸਿੰਘ ਭੋਲਾ, ਉਪ ਪ੍ਰਧਾਨ ਰਵਿੰਦਰ ਕਾਲਾ, ਜਰਨਲ ਸਕੱਤਰ ਜਸਬੀਰ ਸਿੰਘ ਕੰਬੋਜ, ਵਿੱਤ ਸਕੱਤਰ ਹਰਪ੍ਰੀਤ ਸਿੰਘ ਹੈਪੀ, ਰਾਜਿੰਦਰ ਸਿੰਘ ਹਾਂਡਾ, ਜਸਵੰਤ ਸਿੰਘ ਬਿੰਦ ਪ੍ਰਧਾਨ ਪ੍ਰੈੱਸ ਕਲੱਬ ਫਿਰੋਜ਼ਪੁਰ ਦਿਹਾਤੀ, ਸੰਜੀਵ ਮਦਾਨ, ਤੇਜਿੰਦਰ ਢੀਂਗਰਾ, ਬਲਜੀਤ ਸਿੰਘ ਕਚੂਰਾ, ਸੰਦੀਪ ਸੋਨੀ, ਨਿਸ਼ਾਨ ਸਿੰਘ ਖਾਲਸਾ ਆਦਿ ਪੱਤਰਕਾਰ ਹਾਜ਼ਰ ਸਨ।

# ਅਹਿਮਦ ਸਲੀਮ ਦਾ ਦੇਹਾਂਤ ਲੇਖਕ ਲਹਿਰ ਲਈ ਨਾ ਪੂਰਾ ਹੋਣ ਵਾਲਾ ਘਾਟਾ : ਡਾ. ਹਰਵਿੰਦਰ

**ਸਿਰਸਾ:12 :ਦਸੰਬਰ (ਸੁਰਿੰਦਰ ਪਾਲ ਸਿੰਘ)** : ਸਰਬ ਭਾਰਤੀ ਪ੍ਰਗਤੀਸ਼ੀਲ ਲੇਖਕ ਸੰਘ (ਪ੍ਰਲੇਸ) ਅਤੇ ਪੰਜਾਬੀ ਲੇਖਕ ਸਭਾ ਸਿਰਸਾ ਵਲੋਂ ਪ੍ਰਤੀਬੱਧ ਪ੍ਰਗਤੀਸ਼ੀਲ ਪਾਕਿਸਤਾਨੀ ਲੇਖਕ ਅਹਿਮਦ ਸਲੀਮ ਦੇ ਦੇਹਾਂਤ 'ਤੇ ਡੂੰਘੇ ਅਫ਼ਸੋਸ ਦਾ ਇਜ਼ਹਾਰ ਕੀਤਾ ਹੈ। ਹਰਿਆਣਾ ਪ੍ਰਲੇਸ ਦੇ ਪ੍ਰਧਾਨ ਡਾ. ਸੁਭਾਸ਼ ਮਾਨਸਾ, ਜਨਰਲ ਸਕੱਤਰ ਡਾ. ਹਰਵਿੰਦਰ ਸਿੰਘ ਸਿਰਸਾ, ਪ੍ਰਲੇਸ ਸਿਰਸਾ ਪ੍ਰਧਾਨ ਡਾ.ਗੁਰਪ੍ਰੀਤ ਸਿੰਘ ਸਿੰਧਰਾ, ਸਕੱਤਰ ਡਾ. ਸ਼ੇਰ ਚੰਦ, ਪੰਜਾਬੀ ਲੇਖਕ ਸਭਾ ਸਿਰਸਾ ਦੇ ਪ੍ਰਧਾਨ ਪਰਮਾਨੰਦ ਸ਼ਾਸਤਰੀ ਅਤੇ ਸਕੱਤਰ ਸੁਰਜੀਤ ਸਿਰੜੀ ਨੇ ਕਿਹਾ ਹੈ ਕਿ ਅਹਿਮਦ ਸਲੀਮ ਦਾ ਦੇਹਾਂਤ ਪਾਕਿਸਤਾਨ ਅਤੇ ਭਾਰਤ ਦੀ ਅਗਾਂਹਵਧੂ ਲੇਖਕ ਲਹਿਰ ਲਈ ਨਾ ਪੂਰਾ ਹੋਣ ਵਾਲਾ ਘਾਟਾ ਹੈ। ਪ੍ਰਲੇਸ ਦੇ ਜਨਰਲ ਸਕੱਤਰ ਡਾ. ਹਰਵਿੰਦਰ ਸਿਰਸਾ ਨੇ ਕਿਹਾ ਕਿ ਅਹਿਮਦ ਸਲੀਮ ਨੂੰ ਖੋਜ, ਲੇਖਣ ਅਤੇ ਸਿਆਸਤ ਦੇ ਖੇਤਰ ਵਿੱਚ ਪਾਏ ਯੋਗਦਾਨ ਲਈ ਪਾਕਿਸਤਾਨ ਸਰਕਾਰ ਦੁਆਰਾ ਪ੍ਰਾਈਡ ਆਫ਼ ਪਰਫਾਰਮੈਂਸ ਦੇ ਜੀਵਨ ਭਰ ਦੀ ਪ੍ਰਾਪਤੀ ਪੁਰਸਕਾਰ ਨਾਲ ਸਨਮਾਨਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਅਹਿਮਦ ਸਲੀਮ ਉਨ੍ਹਾਂ ਲੋਕਾਂ ਵਿੱਚੋਂ ਇੱਕ ਸਨ ਜਿਨ੍ਹਾਂ ਬੰਗਲਾਦੇਸ਼ ਦੀ ਆਜ਼ਾਦੀ ਦੇ ਅੰਦੋਲਨ ਦੇ ਸਮਰਥਨ ਵਿੱਚ ਸਪੱਸ਼ਟ ਸਟੈਂਡ ਲਿਆ ਅਤੇ ਜੀਵੇ ਬੰਗਲਾਦੇਸ਼ ਨਾਮ ਦੀ ਨਜ਼ਮ ਲਿਖੀ। ਉਨ੍ਹਾ ਅਫਕਾਰ ਅਤੇ ਇੱਕ ਮਜ਼ਦੂਰ ਮੈਗਜ਼ੀਨ ਜ਼ਫਾਕੈਸ਼ ਦਾ ਸੰਪਾਦਨ ਵੀ ਕੀਤਾ। ਡਾ. ਸਿਰਸਾ ਨੇ ਕਿਹਾ ਕਿ ਇੱਕ ਕਵੀ, ਲੇਖਕ, ਅਧਿਆਪਕ, ਅਨੁਵਾਦਕ, ਖੋਜਕਾਰ, ਸੰਪਾਦਕ ਅਤੇ ਕਾਰਕੁਨ ਵਜੋਂ ਉਨ੍ਹਾ ਦੀਆਂ 175 ਦੇ ਕਰੀਬ ਰਚਨਾਵਾਂ ਅਤੇ ਲਗਭਗ 40 ਪੁਸਤਕਾਂ ਪੰਜਾਬੀ, ਅੰਗਰੇਜ਼ੀ ਅਤੇ ਉਰਦੂ ਸਾਹਿਤ ਦੀ ਖੋਜ ਨਾਲ ਸੰਬੰਧਤ ਹਨ।ਮਨੁੱਖੀ ਅਧਿਕਾਰਾਂ ਅਤੇ ਭਾਸ਼ਾਈ ਅਧਿਕਾਰਾਂ ਪ੍ਰਤੀ ਉਨ੍ਹਾਂ ਦੀ ਦ੍ਰਿੜ ਪ੍ਰਤੀਬੱਧਤਾ ਮਿਸਾਲੀ ਹੈ।ਪੰਜਾਬੀ ਲੇਖਕ ਸਭਾ ਸਿਰਸਾ ਦੇ ਪ੍ਰਧਾਨ ਪਰਮਾਨੰਦ ਸ਼ਾਸਤਰੀ ਅਤੇ ਸਕੱਤਰ ਸੁਰਜੀਤ ਸਿਰੜੀ ਨੇ ਕਿਹਾ ਕਿ ਪ੍ਰਗਤੀਸ਼ੀਲ ਪਾਕਿਸਤਾਨੀ ਲੇਖਕ ਅਹਿਮਦ ਸਲੀਮ ਦੇ ਪਾਕਿਸਤਾਨ ਦੀ ਸਾਹਿਤਕ ਪਰੰਪਰਾ ਨੂੰ ਬਖੂਬੀ ਨਿਭਾਉਣ ਸਦਕਾ ਉਨ੍ਹਾ ਦੇ ਮਹਾਨ ਕਾਰਜ ਦੀ ਸਾਰਥਕਤਾ ਸਦੀਵੀ ਬਣੀ ਰਹੇਗੀ।

# 305 ਗ੍ਰਾਮ ਹੈਰੋਇਨ, 2 ਪਿਸਤੌਲ, 8 ਜ਼ਿੰਦਾ ਰੌਂਦ ਤੇ ਮੋਟਰਸਾਈਕਲ ਸਮੇਤ 3 ਨੌਜਵਾਨ ਕਾਬੂ



**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**-ਸੂਬੇ ਦੇ ਨੌਜਵਾਨਾਂ ਨੂੰ ਨਸ਼ਿਆਂ ਦੇ ਦੈਂਤ ਤੋਂ ਬਚਾਉਣ ਲਈ ਐੱਸਐੱਸਪੀ ਤਰਨ ਤਾਰਨ ਅਸ਼ਵਨੀ ਕਪੂਰ ਅਤੇ ਡੀਐੱਸਪੀ ਭਿੱਖੀਵਿੰਡ ਪ੍ਰੀਤਇੰਦਰ ਸਿੰਘ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ 'ਤੇ ਚੱਲਦਿਆਂ ਥਾਣਾ ਖੇਮਕਰਨ ਦੀ ਪੁਲਸ ਨੇ 305 ਗ੍ਰਾਮ ਹੈਰੋਇਨ, 2 ਦੇਸੀ ਪਿਸਤੌਲ, 8 ਜ਼ਿੰਦਾ ਰੌਂਦ ਅਤੇ ਇੱਕ ਬਿਨਾਂ ਨੰਬਰੀ ਮੋਟਰਸਾਈਕਲ ਸਮੇਤ ਤਿੰਨ ਨੌਜਵਾਨਾਂ ਨੂੰ ਕਾਬੂ ਕਰਨ 'ਚ ਸਫਲਤਾ ਹਾਸਲ ਕੀਤੀ ਹੈ ।ਇਸ ਸੰਬੰਧੀ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਸਬ ਡਵੀਜ਼ਨ ਭਿੱਖੀਵਿੰਡ ਦੇ ਡੀਐੱਸਪੀ ਪ੍ਰੀਤਇੰਦਰ ਸਿੰਘ ਨੇ ਦੱਸਿਆ ਕਿ ਐੱਸਆਈ ਗੁਰਿੰਦਰ ਸਿੰਘ ਸਮੇਤ ਪੁਲਸ ਪਾਰਟੀ ਭੈੜੇ ਪੁਰਸ਼ਾਂ ਦੀ ਤਲਾਸ਼ 'ਚ ਖੇਮਕਰਨ ਤੋਂ ਭੂਰਾ ਕੋਹਨਾ, ਭੂਰਾ ਕਰੀਮਪੁਰਾ, ਮਨਾਵਾਂ ਵਾਲੇ ਪਾਸੇ ਨੂੰ ਜਾ ਰਹੇ ਸਨ ।ਜਦੋਂ ਪੁਲਸ ਪਾਰਟੀ ਪਿੰਡ ਭੂਰਾ ਕੋਹਨਾ ਤੋਂ ਪਿੰਡ ਮਨਾਵਾਂ ਵੱਲ ਨੂੰ ਜਾਂਦੇ ਲਿੰਕ ਰੋਡ ਨੂੰ ਮੁੜੀ ਤਾਂ ਸਾਹਮਣੇ ਤੋਂ ਬਿਨਾਂ ਨੰਬਰੀ ਹੀਰੋ ਐੱਚਐੱਫ ਡੀਲਕਸ ਮੋਟਰਸਾਈਕਲ ਤੇ ਸਵਾਰ ਤਿੰਨ ਨੌਜਵਾਨ ਆਉਂਦੇ ਦਿਖਾਈ ਦਿੱਤੇ, ਜੋ ਪੁਲਸ ਪਾਰਟੀ ਨੂੰ ਵਰਦੀ ਵਿੱਚ ਦੇਖ ਕੇ ਘਬਰਾ ਗਏ ਅਤੇ ਉਨ੍ਹਾਂ ਨੇ ਆਪਣੀਆਂ ਪੈਂਟ ਦੀਆਂ ਜੇਬਾਂ ਵਿੱਚੋਂ ਮੋਮੀ ਲਿਫਾਫੇ ਬਾਹਰ ਕੱਢ ਕੇ ਸੜਕ ਦੇ ਕਿਨਾਰੇ ਘਾਹ-ਫੂਸ ਵਿੱਚ ਸੁੱਟ ਦਿੱਤੇ ।ਜਦੋਂ ਪੁਲਸ ਪਾਰਟੀ ਨੇ ਸ਼ੱਕ ਦੇ ਆਧਾਰ 'ਤੇ ਤਿੰਨਾਂ ਨੌਜਵਾਨਾਂ ਨੂੰ ਕਾਬੂ ਕਰਕੇ ਉਨ੍ਹਾਂ ਦੀ ਤਲਾਸ਼ੀ ਲਈ ਤਾਂ ਸੁਨੀਲ ਨਾਮਕ ਨੌਜਵਾਨ ਪਾਸੋਂ 85 ਗ੍ਰਾਮ ਹੈਰੋਇਨ ਅਤੇ ਉਸ ਦੀ ਪੈਂਟ ਦੀ ਸੱਜੀ ਜੇਬ 'ਚੋਂ 32 ਬੋਰ ਦੇ 4 ਜ਼ਿੰਦਾ ਰੌਂਦ ਬ੍ਰਾਮਦ ਹੋਏ। ਹਰਪ੍ਰੀਤ ਸਿੰਘ ਨਾਮਕ ਨੌਜਵਾਨ ਪਾਸੋਂ 100 ਗ੍ਰਾਮ ਹੈਰੋਇਨ ਤੇ ਉਸ ਦੀ ਖੱਬੀ ਡੱਬ ਵਿੱਚੋਂ ਇੱਕ 32 ਬੋਰ ਦਾ ਦੇਸੀ ਪਿਸਟਲ ਸਮੇਤ ਮੈਗਜ਼ੀਨ ਅਤੇ 02 ਜ਼ਿੰਦਾ ਰੌਂਦ, ਅਮਨ ਨਾਮਕ ਨੌਜਵਾਨ ਪਾਸੋਂ 120 ਗ੍ਰਾਮ ਹੈਰੋਇਨ ਅਤੇ ਉਸ ਦੀ ਖੱਬੀ ਡੱਬ ਵਿੱਚੋਂ ਇੱਕ 32 ਬੋਰ ਦਾ ਦੇਸੀ ਪਿਸਟਲ ਦੇਸੀ ਸਮੇਤ ਮੈਗਜ਼ੀਨ 2 ਜ਼ਿੰਦਾ ਰੌਂਦ ਅਤੇ ਇੱਕ ਮੋਟਰਸਾਈਕਲ ਬ੍ਰਾਮਦ ਹੋਏ, ਜਿਸ 'ਤੇ ਖੇਮਕਰਨ ਪੁਲਸ ਨੇ ਹੈਰੋਇਨ ਸਮੇਤ ਫੜੇ ਗਏ ਨੌਜਵਾਨਾਂ ਵਿਰੁੱਧ ਐੱਨਡੀਪੀਐੱਸ ਐਕਟ ਧਾਰਾ 212/61/85 ਅਤੇ 25/54/59 ਅਸਲਾ ਐਕਟ ਤਹਿਤ ਮੁਕੱਦਮਾ ਨੰਬਰ 119 ਮਿਤੀ 11/12/2023 ਨੂੰ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ ।

# ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਗੁਰਦਾਸਪੁਰ ਤੋਂ ਸ਼ਰਧਾਲੂਆਂ ਦੀ ਬੱਸ ਰਵਾਨਾ



ਗੁਰਦਾਸਪੁਰ (ਜਨਕ ਮਹਾਜਨ, ਦਿਨੇਸ਼ ਕੁਮਾਰ)-ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਦੇ ਤਹਿਤ ਅੱਜ ਸਵੇਰੇ ਵਿਧਾਨ ਸਭਾ ਹਲਕਾ ਗੁਰਦਾਸਪੁਰ ਤੋਂ ਸ਼ਰਧਾਲੂਆਂ ਨੂੰ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਬੱਸ ਰਾਹੀਂ ਰਵਾਨਾ ਕੀਤਾ ਗਿਆ। ਤੀਰਥ ਅਸਥਾਨ ਨੈਣਾ ਦੇਵੀ, ਸ੍ਰੀ ਅਨੰਦਪੁਰ ਸਾਹਿਬ, ਜਵਾਲਾ ਜੀ ਅਤੇ ਚਿੰਤਪੁਰਨੀ ਦੇ ਦਰਸ਼ਨਾਂ ਲਈ ਜਾਣ ਵਾਲੀ ਇਸ ਬੱਸ ਨੂੰ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਰਵਿੰਦਰਪਾਲ ਸਿੰਘ ਸੰਧੂ, ਸੈਕਟਰੀ ਜ਼ਿਲ੍ਹਾ ਪ੍ਰੀਸ਼ਦ ਜਿੰਦਰਪਾਲ ਸਿੰਘ ਨੇ ਸਾਂਝੇ ਤੌਰ 'ਤੇ ਬੱਸ ਨੂੰ ਹਰੀ ਝੰਡੀ ਦਿਖਾਈ ਅਤੇ ਸ਼ਰਧਾਲੂਆਂ ਨੂੰ ਸੁਰੱਖਿਅਤ ਸਫ਼ਰ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਚੇਅਰਮੈਨ ਬਹਿਲ ਨੇ ਦੱਸਿਆ ਕਿ ਅੱਜ 43 ਸ਼ਰਧਾਲੂਆਂ ਨੂੰ ਤੀਰਥ ਅਸਥਾਨ ਨੈਣਾ ਦੇਵੀ, ਸ੍ਰੀ ਅਨੰਦਪੁਰ ਸਾਹਿਬ, ਜਵਾਲਾ ਜੀ ਅਤੇ ਚਿੰਤਪੁਰਨੀ ਦੇ ਦਰਸ਼ਨਾਂ ਦੀ ਯਾਤਰਾ ਲਈ ਬੱਸ ਰਾਹੀਂ ਰਵਾਨਾ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਰੋਡਵੇਜ਼ ਦੀ ਲਗਜ਼ਰੀ ਬੱਸ ਅੱਜ ਸਭ ਤੋਂ ਪਹਿਲਾਂ ਸ੍ਰੀ ਨੈਣਾ ਦੇਵੀ ਜਾਵੇਗੀ ਜਿਥੇ ਸ਼ਰਧਾਲੂ ਮਾਤਾ ਦੇ ਦਰਬਾਰ 'ਚ ਮੱਥਾ ਟੇਕਣਗੇ। ਉਸ ਤੋਂ ਬਾਅਦ ਯਾਤਰਾ ਦਾ ਅਗਲਾ ਪੜਾਅ ਸ੍ਰੀ ਅਨੰਦਪੁਰ ਸਾਹਿਬ ਹੋਵੇਗਾ ਜਿਥੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਅਤੇ ਹੋਰ ਗੁਰਧਾਮਾਂ ਦੇ ਦਰਸ਼ਨ ਕਰਨ ਤੋਂ ਬਾਅਦ ਰਾਤ ਦਾ ਸਟੇਅ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੀ ਹੋਵੇਗਾ। ਅਗਲੇ ਦਿਨ ਬੱਸ ਯਾਤਰਾ ਸ੍ਰੀ ਜਵਾਲਾ ਜੀ ਅਤੇ ਮਾਤਾ ਚਿੰਤਪੁਰਨੀ ਦੇ ਦਰਸ਼ਨ ਕਰਨ ਤੋਂ ਬਾਅਦ ਸ਼ਾਮ ਨੂੰ ਗੁਰਦਾਸਪੁਰ ਵਿਖੇ ਵਾਪਸ ਆਵੇਗੀ। ਉਨ੍ਹਾਂ ਕਿਹਾ ਕਿ ਯਾਤਰਾ ਦੌਰਾਨ ਆਉਣ-ਜਾਣ ਅਤੇ ਓਥੇ ਰਹਿਣ ਦਾ ਸਾਰਾ ਪ੍ਰਬੰਧ ਪੰਜਾਬ ਸਰਕਾਰ ਵੱਲੋਂ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਨਿਰਧਾਰਿਤ ਸਮਾਂ ਸਾਰਣੀ ਅਨੁਸਾਰ ਪੰਜਾਬ ਦੇ ਹਰੇਕ ਹਲਕੇ ਵਿੱਚੋਂ ਬੱਸਾਂ ਅਤੇ ਰੇਲ ਗੱਡੀਆਂ ਰਾਹੀਆਂ ਪੰਜਾਬ ਤੇ ਦੇਸ਼ ਦੇ ਵੱਖ-ਵੱਖ ਰਾਜਾਂ ਵਿੱਚ ਸਥਿਤ ਧਾਰਮਿਕ ਅਸਥਾਨਾਂ ਦੀ ਸ਼ਰਧਾਲੂਆਂ ਨੂੰ ਮੁਫ਼ਤ ਯਾਤਰਾ ਕਰਵਾਉਣ ਦੀ ਯੋਜਨਾ ਨੂੰ ਆਰੰਭਿਆ ਗਿਆ ਹੈ ਜਿਸ ਤਹਿਤ ਅੱਜ ਗੁਰਦਾਸਪੁਰ ਤੋਂ ਪਹਿਲੀ ਬੱਸ ਰਵਾਨਾ ਹੋਈ ਹੈ। ਸ੍ਰੀ ਰਮਨ ਬਹਿਲ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਰਾਜ ਸਰਕਾਰ ਵੱਲੋਂ ਆਰੰਭੀ ਗਈ ਇਸ ਯੋਜਨਾ ਲਈ ਧੰਨਵਾਦ ਕਰਦਿਆਂ ਕਿਹਾ ਕਿ ਇਹ ਪੰਜਾਬ ਸਰਕਾਰ ਦਾ ਇੱਕ ਅਗਾਂਹਵਧੂ ਉਪਰਾਲਾ ਹੈ ਜਿਸ ਨੂੰ ਸੂਬੇ ਭਰ ਵਿੱਚੋਂ ਭਰਵਾਂ ਹੁੰਗਾਰਾ ਮਿਲੇਗਾ।

# ਬਾਬਾ ਸੋਹਣ ਸਿੰਘ ਭਕਨਾ ਦੇ ਜਨਮ ਦਿਹਾੜੇ 'ਤੇ ਵਿਸ਼ੇਸ਼ ਸਮਾਗਮ 4 ਨੂੰ: ਪਿਰਥੀਪਾਲ ਸਿੰਘ ਮਾੜੀਮੇਘਾ



**ਭਿੱਖੀਵਿੰਡ (ਨਜ਼ਸ)**-ਸੀ ਪੀ ਆਈ ਬਲਾਕ ਭਿੱਖੀਵਿੰਡ ਦੀ ਮੀਟਿੰਗ ਪੂਰਨ ਸਿੰਘ ਮਾੜੀਮੇਘਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸੀ ਪੀ ਆਈ ਦੇ ਕੌਮੀ ਕੌਂਸਲ ਮੈਂਬਰ ਪਿਰਥੀਪਾਲ ਸਿੰਘ ਮਾੜੀਮੇਘਾ ਨੇ ਕਿਹਾ ਕਿ 4 ਜਨਵਰੀ ਨੂੰ ਗ਼ਦਰ ਪਾਰਟੀ ਦੇ ਬਾਨੀ ਪ੍ਰਧਾਨ ਬਾਬਾ ਸੋਹਣ ਸਿੰਘ ਭਕਨਾ ਦੇ ਜਨਮ ਦਿਹਾੜੇ ਤੇ ਸੀਨੀਅਰ ਸੈਕੰਡਰੀ ਸਕੂਲ ਭਕਨਾ ਵਿਖੇ ਵਿਸ਼ੇਸ਼ ਸਮਾਗਮ ਕੀਤਾ ਜਾ ਰਿਹਾ ਹੈ।

ਇਸ ਸਮਾਗਮ ਦੇ ਇਕੱਠ ਵਿੱਚ ਗ਼ਦਰੀਆਂ ਦੀ ਸੋਚ ਦਾ ਸਮਾਜ ਬਣਾਉਣ ਦਾ ਅਹਿਦ ਲਿਆ ਜਾਵੇਗਾ ।ਗ਼ਦਰੀਆਂ ਦੀ ਸੋਚ ਇਹ ਸੀ ਕਿ ਅੰਗਰੇਜ਼ਾਂ ਤੋਂ ਹਿੰਦੁਸਤਾਨ ਆਜ਼ਾਦ ਕਰਵਾ ਕੇ ਦੇਸ਼ ਵਿੱਚ ਧਰਮਨਿਰਪੱਖ ਰਾਜ ਪ੍ਰਬੰਧ ਕਾਇਮ ਕਰਨਾ ਸੀ। ਅਜਿਹੇ ਰਾਜ ਪ੍ਰਬੰਧ ਵਿੱਚ ਹੀ ਹਰੇਕ ਮਨੁੱਖ ਨੂੰ ਰੁਜ਼ਗਾਰ ਤੇ ਵਿੱਦਿਆ ਦਿੱਤੀ ਜਾ ਸਕਦੀ ਹੈ ।ਇਸ ਲਈ ਸਮਾਗਮ ਵਿੱਚ ਹੁੰਮ-ਹੁੰਮਾ ਕੇ ਪਹੁੰਚਣਾ ਚਾਹੀਦਾ ਹੈ ।

ਮੀਟਿੰਗ ਨੂੰ ਸੀ ਪੀ ਆਈ ਤਰਨਤਾਰਨ ਜ਼ਿਲ੍ਹੇ ਦੇ ਸਕੱਤਰ ਦਵਿੰਦਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਪਾਰਟੀ ਨੂੰ ਮਜ਼ਬੂਤ ਕਰਨਾ ਹਰੇਕ ਕਾਮਰੇਡ ਦਾ ਫਰਜ਼ ਹੈ।

ਮੀਟਿੰਗ ਨੂੰ ਸੀ ਪੀ ਆਈ ਬਲਾਕ ਭਿੱਖੀਵਿੰਡ ਦੇ ਸਕੱਤਰ ਨਰਿੰਦਰ ਸਿੰਘ ਅਲਗੋਂ, ਜੈਮਲ ਸਿੰਘ ਬਾਠ, ਸੁਖਦੇਵ ਸਿੰਘ ਕਾਲਾ, ਰਛਪਾਲ ਸਿੰਘ ਬਾਠ, ਰੁਪਿੰਦਰ ਕੌਰ ਮਾੜੀਮੇਘਾ ਤੇ ਜਸਪਾਲ ਸਿੰਘ ਕਲਸੀਆਂ ਨੇ ਵੀ ਸੰਬੋਧਨ ਕੀਤਾ।

# ਗਗਨ ਜੈਨ ਵੱਲੋਂ ਪਿਤਾ ਦੀ ਬਰਸੀ ਮੌਕੇ ਚੌਂਕਾ ਬੀਬੀ ਰਜਨੀ ਨੂੰ ਦੋ ਕੁਇੰਟਲ ਆਟਾ ਭੇਟ



ਪੱਟੀ, (ਬਲਦੇਵ ਸਿੰਘ ਸੰਧੂ)-ਚੌਂਕਾ ਬੀਬੀ ਰਜਨੀ ਜੀ ਵੱਲੋਂ ਇਲਾਕਾ ਨਿਵਾਸੀਆਂ ਵਾਸਤੇ 10 ਰੁਪਏ ਵਿੱਚ ਲੋੜਵੰਦ ਪਰਿਵਾਰਾਂ ਨੂੰ ਢਿੱਡ ਭਰ ਕੇ ਪ੍ਰਸ਼ਾਦਾ ਛਕਾਉਣ ਦੀ ਸ਼ੁਰੂ ਕੀਤੀ ਪ੍ਰੰਪਰਾ ਨੂੰ ਮੁੱਖ ਰੱਖਦਿਆਂ ਮਰਹੂਮ ਸਮਾਜਸੇਵੀ ਬੁੱਢਾ ਮੱਲ ਜੈਨ ਸਾਬਕਾ ਕੌਂਸਲਰ ਦੇ ਪੋਤਰੇ ਅਤੇ ਸਵਰਗੀ ਸੁਭਾਸ਼ ਚੰਦਰ ਜੈਨ ਕੱਪੜਿਆਂ ਵਾਲੇ ਦੇ ਸਪੁੱਤਰ ਗਗਨ ਜੈਨ ਵੱਲੋਂ ਆਪਣੇ ਪਿਤਾ ਦੀ ਚੌਥੀ ਬਰਸੀ ਮੌਕੇ ਚੌਂਕਾ ਬੀਬੀ ਰਜਨੀ ਜੀ ਵਿਖੇ ਪਹੁੰਚ ਕੇ ਚੌਂਕਾ ਦੇ ਪ੍ਰਬੰਧਕ ਭਵਨ ਕੁਮਾਰ ਟਾਹ ਨੂੰ ਦੋ ਕੁਇੰਟਲ ਆਟੇ ਦੀ ਰਸਤ ਭੇਟ ਕਰਕੇ ਚੌਥੀ ਬਰਸੀ ਮਨਾਈ ।ਗਗਨ ਜੈਨ ਨੇ ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸਮਾਜ ਅੰਦਰ ਬਹੁਤ ਦਾਨੀ ਸੱਜਣ ਹਨ, ਸਿਰਫ ਦਾਨ ਦੀ ਦਿਸ਼ਾ ਬਦਲਣ ਦੀ ਲੋੜ ਹੈ ।ਦਸ ਰੁਪਏ ਵਿੱਚ ਕਿਤਿਓਂ ਵੀ ਢਿੱਡ ਭਰ ਕੇ ਰੋਟੀ ਨਹੀਂ ਮਿਲਦੀ, ਸਿਰਫ ਤੇ ਸਿਰਫ ਇੱਕ ਚੌਂਕਾ ਬੀਬੀ ਰਜਨੀ ਜੀ ਦਾ ਹੀ ਹੈ ਜਿੱਥੋਂ ਹਰੇਕ ਲੋੜਵੰਦ ਪਰਿਵਾਰ ਨੂੰ 10 ਰੁਪਏ ਵਿੱਚ ਢਿੱਡ ਭਰ ਕੇ ਪ੍ਰਸ਼ਾਦਾ ਛਕਾਉਣ ਦੀ ਪ੍ਰੰਪਰਾ ਹੈ ।ਇਹ ਚੌਂਕਾ ਸਮਾਜ ਸੇਵੀਆਂ ਦੇ ਸਹਿਯੋਗ ਨਾਲ ਸੇਵਾਵਾਂ ਨਿਭਾਅ ਰਿਹਾ ਹੈ। ਉਨ੍ਹਾਂ ਨੇ ਇਲਾਕਾ ਨਿਵਾਸੀਆਂ ਨੂੰ ਸੱਦਾ ਦਿੱਤਾ ਕਿ ਆਪਣੇ ਪਰਿਵਾਰਾਂ 'ਚ ਸ਼ਗਨ, ਵਿਆਹ ਅਤੇ ਨਵੇਂ ਆਏ ਮਹਿਮਾਨ ਦੀ ਖੁਸ਼ੀ ਅਤੇ ਆਪਣੇ ਵੱਡਿਆਂ ਵਡੇਰੇ ਦੀਆਂ ਬਰਸੀਆਂ ਮੌਕੇ ਚੌਂਕਾ ਨੂੰ ਸਮਰਥਨ ਕਰਕੇ ਮਨਾਉਣ।ਇਸ ਮੌਕੇ ਚੌਂਕਾ ਦੇ ਪ੍ਰਧਾਨ ਜੇਤਿਨ ਕੁਮਾਰ ਸ਼ਰਮਾ ਪਟਵਾਰੀ ਨੇ ਜੈਨ ਪਰਿਵਾਰ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਜੈਨ ਪਰਿਵਾਰ ਸਮਾਜਸੇਵੀ ਪਰਿਵਾਰ ਹੈ ਜੋ ਪਿਛਲੇ ਲੰਬੇ ਸਮੇਂ ਤੋਂ ਚੌਂਕਾ ਬੀਬੀ ਰਜਨੀ ਜੀ ਨਾਲ ਜੁੜਿਆ ਹੋਇਆ ਹੈ ਅਤੇ ਹਰੇਕ ਖੁਸ਼ੀ ਗਮੀ ਚੌਂਕਾ ਨਾਲ ਸਾਂਝੀ ਕਰਦੇ ਹਨ ਇਸ ਮੌਕੇ ਹੋਰਨਾਂ ਤੋਂ ਇਲਾਵਾ ਦੁਪਿੰਦਰ ਕੁਮਾਰ ਪਟਵਾਰੀ, ਸਾਗਰ ਬਾਂਸਲ ਪਟਵਾਰੀ, ਭਵਨ ਕੁਮਾਰ ਟਾਹ, ਜਤਿਨ ਕੁਮਾਰ ਸ਼ਰਮਾ, ਸਮਾਜਸੇਵੀ ਧਰਮਵੀਰ ਸਿੰਘ ਸੰਧੂ ਪਟਵਾਰੀ, ਕੁਲਦੀਪ ਰਾਏ ਸ਼ਰਮਾ ਅਤੇ ਮਹਿਲ ਸਿੰਘ ਆਦਿ ਹਾਜ਼ਰ ਸਨ।

# ਪਿਛਲੇ ਤਿੰਨ ਮਹੀਨਿਆਂ ਦੌਰਾਨ 270 ਪ੍ਰਾਰਥੀਆਂ ਨੂੰ ਮੁਹੱਈਆ ਕਰਵਾਈ ਮੁਫ਼ਤ ਕਾਨੂੰਨੀ ਸਹਾਇਤਾ:ਪ੍ਰਿਆ ਸੂਦ



ਤਰਨ ਤਾਰਨ (ਪ੍ਰਿਤਪਾਲ ਸਿੰਘ)-ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ-ਕਮ-ਚੇਅਰਪਰਸਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਤਰਨ ਤਾਰਨ ਸ਼੍ਰੀਮਤੀ ਪ੍ਰਿਆ ਸੂਦ ਵੱਲੋਂ ਅੱਜ ਜ਼ਿਲ੍ਹਾ ਕਚਹਿਰੀਆਂ ਤਰਨ ਤਾਰਨ ਵਿਖੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਤਰਨ ਤਾਰਨ ਦੀ ਕਮੇਟੀ ਮੈਂਬਰਾਂ ਨਾਲ ਮੀਟਿੰਗ ਕੀਤੀ ਗਈ, ਜਿਸ ਵਿੱਚ ਅਸ਼ਵਨੀ ਕਪੂਰ, ਸੁਪਰਡੈਂਟ ਆਫ਼ ਪੁਲਸ ਤਰਨ ਤਾਰਨ, ਸ਼੍ਰੀਮਤੀ ਪ੍ਰਤਿਮਾ ਅਰੋੜਾ ਚੀਫ਼ ਜੁਡੀਸ਼ੀਅਲ ਮੈਜਿਸਟਰੇਟ-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਤਰਨ ਤਾਰਨ, ਮਿਸ. ਸ਼ਿਲਪਾ, ਚੀਫ਼ ਜੁਡੀਸ਼ੀਅਲ ਮੈਜਿਸਟਰੇਟ, ਤਰਨ ਤਾਰਨ, ਅਵਤਾਰ ਸਿੰਘ, ਜ਼ਿਲ੍ਹਾ ਲੋਕ ਸੰਪਰਕ ਵਿਭਾਗ, ਤਰਨ ਤਾਰਨ, ਗੁਰਚਰਨ ਸਿੰਘ ਧਾਲੀਵਾਲ, ਸੁਪਰਡੈਂਟ, ਸੈਂਟਰਲ ਜੇਲ ਸ੍ਰੀ ਗੋਇੰਦਵਾਲ ਸਾਹਿਬ, ਜਤਿੰਦਰਪਾਲ ਸਿੰਘ, ਸਬ-ਜੇਲ ਪੱਟੀ ਅਤੇ ਕਮੇਟੀ ਮੈਂਬਰ ਹਾਜ਼ਰ ਸਨ।

ਮੀਟਿੰਗ ਦੌਰਾਨ ਉਨ੍ਹਾਂ ਦੱਸਿਆ ਕਿ ਪਿਛਲੇ ਤਿੰਨ ਮਹੀਨਿਆਂ (ਜੁਲਾਈ, ਅਗਸਤ ਅਤੇ ਸਤੰਬਰ) ਵਿੱਚ 270 ਪ੍ਰਾਰਥੀਆਂ ਨੂੰ ਫਰੀ ਲੀਗਲ ਏਡ ਵੱਲੋਂ ਵਕੀਲ ਮੁਹੱਈਆ ਕਰਵਾਏ ਗਏ ਸਨ। ਉਨ੍ਹਾਂ ਨੂੰ ਕੌਂਸਲ ਫੀਸ ਦੇਣ ਦੀ ਮਨਜ਼ੂਰੀ ਇਸ ਮੀਟਿੰਗ ਵਿੱਚ ਦਿੱਤੀ ਗਈ। ਜੇਲਾਂ ਵਿੱਚ ਬੰਦ ਅੰਡਰ ਟਰਾਈਲ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਤੋਂ ਇਲਾਵਾ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਤਰਨ ਤਾਰਨ ਦੀ ਪਬਲੀਸਿਟੀ ਕਿਵੇਂ ਵੱਧ ਤੋਂ ਵੱਧ ਕੀਤੀ ਜਾ ਸਕਦੀ ਹੈ ਇਸ ਬਾਰੇ ਵੀ ਵਿਚਾਰ ਵਟਾਂਦਰਾ ਕੀਤਾ ਗਿਆ ਅਤੇ ਸਭ ਨੇ ਆਪਣੇ ਸੁਝਾਅ ਦਿੱਤੇ। ਇਸ ਤੋਂ ਇਲਾਵਾ ਆਉਣ ਵਾਲੀ ਨੈਸ਼ਨਲ ਲੋਕ ਅਦਾਲਤ ਦੀ ਪਬਲੀਸਿਟੀ ਅਤੇ ਉਸ ਵਿੱਚ ਵੱਧ ਤੋਂ ਵੱਧ ਕੇਸਾਂ ਦਾ ਨਿਪਟਾਰਾ ਕਿਵੇਂ ਹੋ ਸਕਦਾ ਹੈ ਇਸ ਬਾਰੇ ਵੀ ਚਰਚਾ ਕੀਤੀ ਗਈ।

# 12 ਰੋਜ਼ਾ 'ਆਪਦਾ ਮਿੱਤਰ ਸਿਖਲਾਈ ਕੈਂਪ' ਲਗਾਇਆ



**ਬਟਾਲਾ, (ਤਰਲੋਕ ਬੱਗਾ)**-ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ 'ਚ ਮਹਾਤਮਾ ਗਾਂਧੀ ਸਟੇਟ ਇੰਸਟੀਚਿਊਟ ਆਫ ਪਬਲਿਕ ਐਡਮਿਨਸਟ੍ਰੇਸ਼ਨ (ਮਗਸੀਪਾ) ਵੱਲੋਂ ਅਤੇ ਰਾਸ਼ਟਰੀ ਆਫ਼ਤ ਪ੍ਰਬੰਧਨ ਅਥਾਰਟੀ (ਐੱਨਡੀਐੱਮਏ) ਦੇ ਸਹਿਯੋਗ ਨਾਲ ਵੱਖ-ਵੱਖ ਜ਼ਿਲਿਆਂ ਵਿਚ ਆਫਤਾਂ ਨਾਲ ਨਜਿੱਠਣ ਲਈ ਅੱਪ-ਸਕੇਲਿੰਗ ਸਕੀਮ ਤਹਿਤ ਆਪਦਾ ਮਿੱਤਰ ਸਿਖਲਾਈ ਕੈਂਪ ਚਲਾਏ ਜਾ ਰਹੇ ਹਨ। ਇਸੇ ਤਹਿਤ ਤਰਨ ਤਾਰਨ ਵਿਖੇ ਚੱਲ ਰਹੇ 12 ਰੋਜ਼ਾ ਆਪਦਾ ਮਿੱਤਰ ਸਿਖਲਾਈ ਕੈਂਪ ਦੌਰਾਨ ਆਫਤ ਪ੍ਰਬੰਧਨ ਦੇ ਮੁੱਖ ਸਲਾਹਕਾਰ ਜੋਗ ਸਿੰਘ ਭਾਟੀਆ ਵੱਲੋਂ ਇਕ ਪ੍ਰਸ਼ੰਸਾ-ਪੱਤਰ ਹਰਬਖਸ਼ ਸਿੰਘ, ਪੋਸਟ ਵਾਰਡਨ ਸਿਵਲ ਡਿਫੈਂਸ ਬਟਾਲਾ ਨੂੰ ਦਿੱਤਾ। ਇਨ੍ਹਾਂ ਵੱਲੋਂ ਬਟਾਲਾ ਵਿਖੇ ਚਲਾਏ ਗਏ ਕੈਂਪ ਦੌਰਾਨ ਸ਼ਲਾਘਾਯੋਗ ਯੋਗਦਾਨ ਪਾਉਣ ਲਈ ਆਫ਼ਤ ਵਿੱਚ ਸਥਾਨਕ ਸਮਰੱਥਾ ਵਿੱਚ ਸੁਧਾਰ ਕਰਨ ਲਈ ਹਰ ਪੱਖੋਂ ਵਧੀਆ ਸਹਿਯੋਗ ਅਤੇ ਜਾਗਰੂਕ ਕਰਨ ਲਈ ਦਿੱਤਾ ਗਿਆ।

ਇਸ ਮੌਕੇ ਹਰਬਖਸ਼ ਸਿੰਘ ਵੱਲੋਂ ਆਪਦਾ ਮਿੱਤਰ ਦੇ ਆਫਤ ਪ੍ਰਬੰਧਨ ਦੇ ਮੁੱਖ ਸਲਾਹਕਾਰ ਤੇ ਇੰਸਟ੍ਰਕਟਰਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਟੀਮ ਸਿਵਲ ਡਿਫੈਂਸ ਬਟਾਲਾ ਵੱਲੋਂ ਹੁਣ ਤੱਕ ਆਫਤਾਂ ਨਾਲ ਨਜਿੱਠਣ ਲਈ 255 ਜਾਗਰੂਕਤਾ ਕੈਂਪ ਲਗਾਏ ਜਾ ਚੁੱਕੇ ਹਨ ਜੋ ਅੱਗੋਂ ਵੀ ਨਿਰੰਤਰ ਜਾਰੀ ਰਹਿਣਗੇ। ਇਸ ਮੌਕੇ ਆਪਦਾ ਮਿੱਤਰ ਇੰਸਟ੍ਰਕਟਰ ਜੁਗੇਸ਼ ਉਨਿਆਲ, ਸਚਿਨ, ਨੂਰ ਨਿਸ਼ਾ, ਸਟੈਨਜ਼ਿਨ ਟਸੇਲਾ, ਜੀਵਨਜੋਤ ਕੌਰ, ਸਚਿਨ ਤੇ ਆਪਦਾ ਮਿੱਤਰ ਮੌਜੂਦ ਸਨ।

# ਮਹਾਂ ਰੈਲੀਆਂ ਸਬੰਧੀ ਕਿਸਾਨ ਆਗੂਆਂ ਵੱਲੋਂ ਪਿੰਡ-ਪਿੰਡ ਮੀਟਿੰਗਾਂ ਦਾ ਸਿਲਸਿਲਾ ਜਾਰੀ



ਮੀਆਂਵਿੰਡ (ਰਵੀ ਖਹਿਰਾ)-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ (ਪੰਜਾਬ) ਦੇ ਜ਼ੋਨ ਸ੍ਰੀ ਗੁਰੂ ਅੰਗਦ ਦੇਵ ਜੀ ਦੇ ਅਧੀਨ ਆਉਂਦੇ ਪਿੰਡਾਂ ਵਿੱਚ ਅੱਜ ਤੀਸਰੇ ਦਿਨ ਜ਼ੋਨ ਪ੍ਰਧਾਨ ਮੁਖ਼ਤਾਰ ਸਿੰਘ ਬਿਹਾਰੀਪੁਰ, ਸਕੱਤਰ ਸਤਨਾਮ ਸਿੰਘ ਖੋਜਕੀਪੁਰ, ਸੀਨੀਅਰ ਮੀਤ ਪ੍ਰਧਾਨ ਮਨਜੀਤ ਸਿੰਘ ਵੈਰੋਵਾਲ, ਪਰਮਜੀਤ ਸਿੰਘ ਦਾਰਾਪੁਰ ਅਤੇ ਸਾਹਿਬ ਸਿੰਘ ਨਰੋਤਮਪੁਰ ਦੀ ਅਗਵਾਈ ਹੇਠ ਮੀਟਿੰਗਾਂ ਦਾ ਸਿਲਸਿਲਾ ਜਾਰੀ ਰਿਹਾ। ਜਾਣਕਾਰੀ ਦਿੰਦਿਆਂ ਪ੍ਰੈੱਸ ਸਕੱਤਰ ਹਰਜਿੰਦਰ ਸਿੰਘ ਘੱਗੇ ਨੇ ਦੱਸਿਆ ਕਿ ਜ਼ੋਨ ਦੇ ਪਿੰਡਾਂ ਜਿਵੇਂ ਕਿ ਵੈਰੋਵਾਲ, ਦਾਰਾਪੁਰ, ਰਾਮਪੁਰ, ਖੋਜਕੀਪੁਰ, ਘੱਗੇ, ਜਲਾਲਾਬਾਦ, ਗਗੜੇਵਾਲ, ਰਾਮਪੁਰ ਨਰੋਤਮਪੁਰ, ਜਲਾਲਾਬਾਦ ਖ਼ੁਰਦ ਆਦਿਕ ਵਿੱਚ ਇਕੱਤਰ ਹੋਏ ਕਿਸਾਨਾਂ/ਮਜ਼ਦੂਰਾਂ ਨੂੰ ਵੱਖ-ਵੱਖ ਮੁੱਦਿਆਂ 'ਤੇ ਸੰਬੋਧਨ ਕਰਦਿਆਂ ਜਥੇਬੰਦੀ ਦੇ ਆਗੂਆਂ ਨੇ ਪਿੰਡਾਂ ਵਿਚ ਜਥੇਬੰਦਕ ਢਾਂਚਿਆਂ ਨੂੰ ਮਜ਼ਬੂਤ ਕਰਨ ਲਈ ਜ਼ੋਰ ਦਿੱਤਾ ਅਤੇ ਵੱਧ ਤੋਂ ਵੱਧ ਫੰਡ ਇਕੱਠਾ ਕਰਨ ਲਈ ਆਉਂਦੇ ਦਿਨਾਂ ਵਿੱਚ ਸਰਕਾਰ ਵੱਲੋਂ ਲੋਕਾਂ ਦੇ ਹੱਕਾਂ ਉਪਰ ਮਾਰੇ ਜਾ ਰਹੇ ਡਾਕਿਆਂ ਖਿਲਾਫ ਵੱਡੇ ਸੰਘਰਸ਼ਾਂ ਦੀ ਲਾਮਬੰਦੀ ਕਰਕੇ ਲੋਕਾਂ ਨੂੰ ਆਪਣੇ ਬਣਦੇ ਹੱਕ ਲੈਣ ਵਾਸਤੇ ਪ੍ਰੇਰਿਤ ਕੀਤਾ ਗਿਆ ਅਤੇ 2 ਜਨਵਰੀ ਨੂੰ ਜੰਡਿਆਲਾ ਗੁਰੂ ਅਤੇ 6 ਜਨਵਰੀ ਨੂੰ ਬਰਨਾਲਾ ਵਿਖੇ ਪੰਜਾਬ ਦੀਆਂ 18 ਗੈਰ-ਸਿਆਸੀ ਕਿਸਾਨ ਜਥੇਬੰਦੀਆਂ ਵੱਲੋਂ ਲਾਮਿਸਾਲ ਕੀਤੀਆਂ ਜਾ ਰਹੀਆਂ ਮਹਾਂ ਰੈਲੀਆਂ ਵਿੱਚ ਵੱਡੇ ਕਾਫਲੇ ਲੈ ਕੇ ਟਰੈਕਟਰ ਟਰਾਲੀਆਂ ਰਾਹੀਂ ਪਹੁੰਚਣ ਦੀ ਅਪੀਲ ਕੀਤੀ ।ਉਨ੍ਹਾਂ ਕਿਹਾ ਕਿ ਪਿੰਡਾਂ ਦੇ ਵਿਚ ਬੀਬੀਆਂ, ਭੈਣਾਂ, ਮਾਤਾਵਾਂ, ਨੌਜੁਆਨਾਂ ਦੀਆਂ ਇਕਾਈਆਂ ਨੂੰ ਮਜ਼ਬੂਤ ਕੀਤਾ ਜਾਵੇ ।ਆਗੂਆਂ ਨੇ ਜਥੇਬੰਦੀ ਦੀਆਂ ਨੀਤੀਆਂ ਤੋਂ ਜਾਣੂ ਕਰਵਾਉਂਦੇ ਹੋਏ ਕਿਹਾ ਕਿ ਪੰਜਾਬ ਅਤੇ ਸੈਂਟਰ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਦਿਨ-ਬ-ਦਿਨ ਆਮ ਲੋਕਾਂ ਉਪਰ ਹਾਵੀ ਹੋ ਰਹੀਆਂ ਹਨ ।ਉਨ੍ਹਾਂ ਸਰਕਾਰ ਵੱਲੋਂ ਦਰਿਆਵਾਂ ਵਿੱਚ ਛੱਡੇ ਬੇਲੋੜੇ ਪਾਣੀ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਕਿਹਾ ਕਿ ਇਹ ਕੇਂਦਰ ਅਤੇ ਪੰਜਾਬ ਸਰਕਾਰ ਦੀ ਪੰਜਾਬ ਦੇ ਕਿਸਾਨਾਂ ਨੂੰ ਕੰਗਾਲ ਕਰਨ ਦੀ ਮਾੜੀ ਸੋਚ ਨਤੀਜਾ ਹੈ। ਉਨ੍ਹਾਂ ਕਿਹਾ ਕਿ ਸਾਡੀਆਂ ਉਪਜਾਊ ਜ਼ਮੀਨਾਂ ਉਪਰ ਸਰਕਾਰ ਨਜਾਇਜ਼ ਕਬਜ਼ੇ ਕਰਕੇ ਲੋਕਾਂ ਨੂੰ ਰੋਜ਼ੀ ਰੋਟੀ ਤੋਂ ਮੁਥਾਜ ਕਰ ਰਹੀ ਹੈ ।ਚਿੱਪ ਵਾਲੇ ਮੀਟਰ ਲਗਾ ਕੇ ਸਰਕਾਰ ਪੰਜਾਬ ਦੇ ਗਰੀਬ ਲੋਕਾਂ ਉਪਰ ਹੋਰ ਬੋਝ ਪਾਉਣਾ ਚਾਹੁੰਦੀ ਹੈ ।ਭਾਰਤ ਮਾਲਾ ਹਾਈਵੇ ਪ੍ਰੋਜੈਕਟ ਦੌਰਾਨ ਕਿਸਾਨਾਂ ਦੀਆਂ ਜ਼ਮੀਨਾਂ ਖੋਹ ਕੇ ਸਰਕਾਰ ਕਿਸਾਨਾਂ ਨੂੰ ਖ਼ੁਦਕੁਸ਼ੀਆਂ ਕਰਨ ਲਈ ਮਜਬੂਰ ਕਰ ਰਹੀ ਹੈ। ਇਸ ਲਈ ਸਾਨੂੰ ਵੱਧ ਤੋਂ ਵੱਧ ਜਥੇਬੰਦਕ ਢਾਂਚੇ ਨੂੰ ਮਜ਼ਬੂਤ ਕਰਨ ਦੀ ਲੋੜ ਹੈ ।ਇਸ ਦੌਰਾਨ ਜਸਬੀਰ ਸਿੰਘ ਜਲਾਲਾਬਾਦ ਖੁਰਦ, ਹਰਪਾਲ ਸਿੰਘ, ਤਰਲੋਚਨ ਸਿੰਘ, ਗੁਰਪਾਲ ਸਿੰਘ ਜਲਾਲਾਬਾਦ, ਪ੍ਰਭਜੋਤ ਸਿੰਘ ਜਲਾਲਾਬਾਦ, ਲਵਜੀਤ ਸਿੰਘ ਖੋਜਕੀਪੁਰ, ਜਸਵਿੰਦਰ ਸਿੰਘ ਖੋਜਕੀਪੁਰ, ਕੁਲਵੰਤ ਸਿੰਘ ਖੋਜਕੀਪੁਰ, ਸੁਖਚੈਨ ਸਿੰਘ ਦਾਰਾਪੁਰ, ਬਲਜਿੰਦਰ ਸਿੰਘ ਘੱਗੇ, ਬਲਜੀਤ ਸਿੰਘ ਘੱਗੇ, ਰਤਨ ਸਿੰਘ ਸ਼ਾਹ ਰਾਮਪੁਰ, ਬਲਬੀਰ ਸਿੰਘ ਰਾਮਪੁਰ, ਤਜਿੰਦਰ ਸਿੰਘ ਬਹਾਦਰਪੁਰ, ਕੰਵਰਜੀਤ ਸਿੰਘ ਬਹਾਦਰਪੁਰ, ਵਿਰਸਾ ਸਿੰਘ ਜਲਾਲਾਬਾਦ, ਬਿਕਰਮਜੀਤ ਸਿੰਘ ਮੀਆਂਵਿੰਡ ਆਦਿ ਮੌਕੇ ਉੱਪਰ ਹਾਜ਼ਰ ਸਨ ।

# 'ਸਾਹਿਬਜ਼ਾਦਿਆਂ ਦੇ ਸ਼ਹੀਦੀ' ਵਿਸ਼ੇ 'ਤੇ ਸੈਮੀਨਾਰ



ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਅੰਮ੍ਰਿਤਸਰ ਤਰਨਤਾਰਨ ਜ਼ੋਨ ਦੇ ਖੇਤਰ ਅਜਨਾਲਾ ਦੇ ਪ੍ਰਚਾਰਕ ਹਰਪ੍ਰਤਾਪ ਸਿੰਘ ਅਜਨਾਲਾ ਦੁਆਰਾ ਚਾਰ ਸਾਹਿਬਜ਼ਾਦਿਆਂ ਦੇ ਸ਼ਹੀਦੀ ਸਫਰ-ਏ-ਦਾਸਤਾਨ ਵਿਸ਼ੇ ਉਪਰ ਸ੍ਰੀ ਗੁਰੂ ਕਲਗੀਧਰ ਸਕੂਲ ਭੱਲਾ ਪਿੰਡ, ਸ੍ਰੀ ਗੁਰੂ ਕਲਗੀਧਰ ਸਕੂਲ ਕੋਟਲੀ ਅੰਬ ਵਿਖੇ ਸੈਮੀਨਾਰ ਦੁਆਰਾ ਬੱਚਿਆਂ ਨਾਲ ਵਿਚਾਰ ਸਾਂਝੇ ਕੀਤੇ ਗਏ। ਬੱਚਿਆਂ ਨੂੰ ਸਾਹਿਬਜ਼ਾਦਿਆਂ ਦੇ ਜੀਵਨ ਤੋਂ ਸੇਧ ਲੈ ਕੇ ਸਿੱਖੀ ਦੇ ਅਸੂਲਾਂ 'ਤੇ ਚੱਲਣ ਤੇ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ। ਪਿੰਡ ਧਾਰੀਵਾਲ ਕਲੇਰ ਗੁਰਦਵਾਰਾ ਅਤੇ ਪਿੰਡ ਮਾਲਾ ਖੇੜੀ ਗੁਰਦਵਾਰਾ ਵਿਖੇ ਧਾਰਮਿਕ ਫਿਲਮ ਵਿਖਾਈ ਗਈ। ਇਸ ਮੌਕੇ ਪ੍ਰਿੰਸੀਪਲ ਹਰਜਿੰਦਰ ਕੌਰ, ਬਲਸ਼ਰਨ ਕੌਰ, ਵਿਪਨ ਸ਼ਰਮਾ, ਹਰਮਨਪ੍ਰੀਤ ਸਿੰਘ ਧਾਰੀਵਾਲ ਮੌਜੂਦ ਸਨ।

# ਪੈਨਸ਼ਨਰ ਐਸ: ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਮੰਡਲ ਪੱਟੀ ਦੀ ਮਹੀਨਾਵਾਰ ਮੀਟਿੰਗ



ਪੱਟੀ, (ਬਲਦੇਵ ਸਿੰਘ ਸੰਧੂ)-ਪੈਨਸ਼ਨਰ ਐਸੋਸੀਏਸ਼ਨ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਮੰਡਲ ਪੱਟੀ ਦੀ ਮਹੀਨਾਵਾਰ ਮੀਟਿੰਗ ਮੰਡਲ ਪ੍ਰਧਾਨ ਹਰਬੰਤ ਸਿੰਘ ਆਸਲ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਪੈਨਸ਼ਨਰਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ।ਇਸ ਮੀਟਿੰਗ ਨੂੰ ਵਿਸ਼ੇਸ਼ ਤੌਰ ਤੇ ਸਰਕਲ ਤਰਨ ਤਰਨ ਦੇ ਸਰਪ੍ਰਸਤ ਧਨਵੰਤ ਸਿੰਘ ਰੰਧਾਵਾ, ਸਰਕਲ ਸਕੱਤਰ ਬਲਵਿੰਦਰ ਸਿੰਘ ਪਲਾਸੌਰ, ਸਰਕਲ ਵਿੱਤ ਸਕੱਤਰ ਹਰਭਜਨ ਸਿੰਘ ਪੱਟੀ, ਮੰਡਲ ਪੱਟੀ ਸਕੱਤਰ ਰਸ਼ਪਾਲ ਸਿੰਘ ਸਹਿਦੇਵ ਨੇ ਸੰਬੋਧਨ ਕਰਦਿਆਂ ਜਥੇਬੰਦੀ ਦੇ ਇਤਿਹਾਸ ਤੋਂ ਜਾਣੂ ਕਰਵਾਇਆਂ ।ਆਗੂਆਂ ਦੱਸਿਆ ਕਿ ਮਾਨ ਸਰਕਾਰ ਵੀ ਪਹਿਲੀਆਂ ਸਰਕਾਰਾਂ ਦੀ ਤਰ੍ਹਾਂ ਟਾਲ ਮਟੋਲ ਕਰ ਰਹੀ ਹੈ ਵਾਰ-ਵਾਰ ਮੀਟਿੰਗਾਂ ਦੇ ਕੇ ਮੁੱਕਰ ਰਹੀ ਹੈ ।ਉਨ੍ਹਾਂ ਕਿਹਾ ਕਿ ਪਾਵਰ ਕੌਮ ਦੀ ਮੈਨੇਜਮੈਂਟ ਸਹਿਮਤੀਆਂ ਕਰਕੇ ਲਾਗੂ ਕਰਨ ਤੋਂ ਭਗੌੜੀ ਹੋਈ ਬੈਠੀ ਹੈ ਅਤੇ ਬਿਰਧ ਅਵਸਥਾ ਵਿੱਚ ਪੈਨਸ਼ਨਰਾਂ ਨੂੰ ਸੰਘਰਸ਼ ਕਰਨ ਵਾਸਤੇ ਮਜਬੂਰ ਕੀਤਾ ਜਾ ਰਿਹਾ । ਆਗੂਆਂ ਦੱਸਿਆ ਕਿ ਸੂਬਾ ਕਮੇਟੀ ਦੇ ਫੈਸਲੇ ਅਨੁਸਾਰ 19 ਦਸੰਬਰ ਨੂੰ ਬਾਰਡਰ ਅੰਮ੍ਰਿਤਸਰ ਵਿਖੇ ਦਿੱਤੇ ਜਾ ਰਹੇ ਧਰਨਾ ਦਿੱਤਾ ਵਿੱਚ ਇੱਕ ਬੱਸ ਰਾਹੀਂ ਪੈਨਸ਼ਨਰ ਜੋਰ ਸ਼ੋਰ ਨਾਲ ਸ਼ਾਮਿਲ ਹੋਣਗੇ।ਸਰਕਲ ਆਗੂ ਰਤਨ ਸਿੰਘ ਡਾਲੇਕੇ, ਮੰਡਲ ਪੱਟੀ ਦੇ ਸਰਪ੍ਰਸਤ ਕੁਲਵੰਤ ਸਿੰਘ ਜੇਈ ਮਾਣਕਪੁਰਾ, ਮੀਤ ਪ੍ਰਧਾਨ ਅਵਤਾਰ ਸਿੰਘ ਸਰਹਾਲੀ, ਗਿਆਨ ਸਿੰਘ ਪੱਟੀ ਆਦਿ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਤਿੰਨ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਅਤੇ ਪੇ ਕਮਿਸ਼ਨ ਦੀ ਰਿਪੋਰਟ ਦਾ ਬਕਾਇਆ ਰਾਸ਼ੀ ਨੱਪ ਕੇ ਬੈਠੀ ਹੋਈ ਹੈ ਜਦ ਕਿ ਜਨਵਰੀ 24 ਵਿੱਚ ਚੌਥੀ ਕਿਸਤ ਦੇਣੀ ਬਣ ਜਾਏਗੀ।ਆਗੂਆਂ ਨੇ ਪੰਜਾਬ ਸਰਕਾਰ ਅਤੇ ਪਾਵਰ ਕਾਰਪੋਰੇਸ਼ਨ ਦੀ ਮੈਨੇਜਮੈਂਟ ਤੋਂ ਮੰਗ ਕੀਤੀ ਕਿ ਮਹਿਗਾਈ ਭੱਤੇ ਦੀਆਂ ਕਿਸ਼ਤਾਂ ਜਾਰੀ ਕੀਤੀਆਂ ਜਾਣ, ਪੇ-ਕਮਿਸ਼ਨ ਦੀ ਰਿਪੋਰਟ ਦਾ ਬਕਾਇਆ ਰਿਲੀਜ਼ ਕੀਤਾ ਜਾਵੇ, ਕੈਸ਼ਲੈਸ ਮੈਡੀਕਲ ਸਕੀਮ ਸੋਧ ਕੇ ਲਾਗੂ ਕੀਤੀ ਜਾਵੇ, ਜਨਵਰੀ ਤੋਂ ਜੂਨ 2021 ਤੱਕ ਦੀ ਗੁਰੈਚਟੀ ਜਾਰੀ ਕੀਤੀ ਜਾਵੇ, ਪਹਿਲੀ ਜਨਵਰੀ 2016 ਤੋਂ ਬਾਅਦ ਸੇਵਾ ਮੁਕਤ ਹੋਏ ਪੈਨਸ਼ਨਰਾਂ ਨੂੰ ਰਿਵਾਈਜ਼ ਲੀਵਇਨ ਕੈਸ਼ਮੈਂਟ ਜਾਰੀ ਕੀਤੀ ਜਾਵੇ, ਮੈਡੀਕਲ ਭੱਤਾ 2000 ਕੀਤਾ ਜਾਵੇ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਵਨ ਸਿੰਘ ਆਸਲ, ਮੁਖਤਿਆਰ ਸਿੰਘ ਲਹੋਕਾ, ਜਗਤਾਰ ਸਿੰਘ ਜੱਗਾ, ਬਾਬਾ ਜਸਵੰਤ ਸਿੰਘ, ਕਰਨੈਲ ਸਿੰਘ ਜੇਈ, ਇੰਦਰਜੀਤ ਸਿੰਘ ਲਹੋਕਾ ਅਤੇ ਬੂਟਾ ਸਿੰਘ ਆਸਲ ਆਦਿ ਹਾਜ਼ਰ ਸਨ ।

# ਸੰਯੁਕਤ ਕਿਸਾਨ ਮੋਰਚੇ ਦੇ ਡੈਪੂਟੇਸ਼ਨ ਨੇ ਡਿਪਟੀ ਕਮਿਸ਼ਨਰ ਨੂੰ ਦਿੱਤੇ ਮੰਗ ਪੱਤਰ




ਗੁਰਦਾਸਪੁਰ, (ਜਨਕ ਮਹਾਜਨ)-ਸੰਯੁਕਤ ਕਿਸਾਨ ਮੋਰਚੇ ਦਾ ਇੱਕ ਵਫਦ ਰਾਸ਼ਟਰਪਤੀ ਦੇ ਨਾਮ ਮੰਗ ਪੱਤਰ ਦੇਣ ਲਈ ਡਿਪਟੀ ਕਮਿਸ਼ਨਰ ਗੁਰਦਾਸਪੁਰ ਪੁੱਜਾ। ਇਸ ਮੰਗ ਪੱਤਰ ਵਿਚ ਮੰਗ ਕੀਤੀ ਗਈ ਕਿ 2020-21 ਵਿੱਚ ਦਿੱਲੀ ਦੇ 13 ਮਹੀਨੇ ਦੇ ਲਗਾਤਾਰ ਕੀਤੇ ਸੰਘਰਸ਼ ਬਾਅਦ ਕਾਲੇ ਕਾਨੂੰਨ ਰੱਦ ਕਰਨ ਅਤੇ ਇਸ ਦੌਰਾਨ ਕਿਸਾਨਾਂ ਤੇ ਕੀਤੇ ਝੂਠੇ ਕੇਸ ਵਾਪਸ ਲੈਣ ਦਾ ਜੋ ਕੇਂਦਰ ਸਰਕਾਰ ਨੇ ਲਿਖਤੀ ਸਮਝੌਤਾ ਕੀਤਾ ਸੀ, ਉਸ ਨੂੰ ਇਮਾਨਦਾਰੀ ਨਾਲ ਲਾਗੂ ਕੀਤਾ ਜਾਵੇ। ਜਿਸ ਤਰ੍ਹਾਂ ਬਿਨਾਂ ਕਾਰਨ ਕਿਸਾਨ ਮੀਟਿੰਗ ਲਈ ਕੋਲੰਬੀਆ ਜਾ ਰਹੇ ਸੰਯੁਕਤ ਕਿਸਾਨ ਮੋਰਚਾ ਆਗੂ ਸਾਥੀ ਯੁੱਧਵੀਰ ਨੂੰ ਹਵਾਈ ਅੱਡੇ 'ਤੇ ਗ੍ਰਿਫਤਾਰ ਕਰ ਲਿਆ ਅਤੇ ਸਖਤ ਵਿਰੋਧ ਕਰਨ 'ਤੇ ਹੀ ਰਿਹਾਅ ਕੀਤਾ ਗਿਆ, ਅਜਿਹੀਆਂ ਕਈ ਘਟਨਾਵਾਂ ਸਭ ਬੰਦ ਹੋਣੀਆਂ ਚਾਹੀਦੀਆਂ ਹਨ ਅਤੇ ਸਾਰੇ ਕੇਸ ਵਾਪਸ ਲਏ ਜਾਣੇ ਚਾਹੀਦੇ ਹਨ। ਦੂਸਰੇ ਮੰਗ ਪੱਤਰ ਵਿੱਚ ਮੰਗ ਕੀਤੀ ਗਈ ਕਿ ਜਿਹੜਾ ਪੀ. ਡਬਲਯੂ. ਡੀ. ਅਤੇ ਮਾਰਕੀਟ ਕਮੇਟੀ ਤੇ ਹੋਰ ਵਿਭਾਗਾਂ ਵਲੋਂ ਸੜਕਾਂ ਦੀ ਮੁਰੰਮਤ ਸਮੇਂ ਪਹਿਲਾਂ ਸੜਕਾਂ 'ਤੇ ਵਿੱਛੀ ਬੱਜਰੀ ਦੇ ਉਪਰ ਬੱਜਰੀ ਵਿਛਾ ਕੇ ਸੜਕਾਂ ਨੂੰ ਉੱਚਾ ਕਰ ਦਿੱਤਾ ਜਾਂਦਾ ਹੈ, ਨਿਯਮਾਂ ਅਨੁਸਾਰ ਪਹਿਲੀ ਪਈ ਬੱਜਰੀ ਚੁੱਕਣੀ ਹੁੰਦੀ ਹੈ, ਇਸ ਨਾਲ ਖੇਤ ਗਲੀਆਂ ਘਰ ਸਭ ਨੀਵੇਂ ਹੁੰਦੇ ਜਾ ਰਹੇ ਹਨ। ਇਸ ਵਰਤਾਰੇ ਨੂੰ ਰੋਕਿਆ ਜਾਵੇ ਅਤੇ ਦੀਨਾਨਗਰ-ਕਥਲੌਰ ਸੜਕ ਨੂੰ ਉੱਚਾ ਹੋਣ ਤੋਂ ਰੋਕਿਆ ਜਾਵੇ। ਇਸ ਮੌਕੇ ਮੱਖਣ ਸਿੰਘ ਕੁਹਾੜ, ਸੁਖਦੇਵ ਸਿੰਘ ਭਾਗੋਕਾਵਾਂ, ਸੁਰਿੰਦਰ ਸਿੰਘ ਕੋਠੇ, ਸੁਨੀਲ ਦੱਤ ਦੀਨਾਨਗਰ, ਬਚਨ ਸਿੰਘ ਭਬੋਈ, ਡਾਕਟਰ ਲਖਬੀਰ ਸਿੰਘ ਪੀਰਾਂਬਾਗ, ਨਰਿੰਦਰ ਸਿੰਘ ਰੰਧਾਵਾ, ਅਜੀਤ ਸਿੰਘ ਹੁੰਦਲ, ਕਪੂਰ ਸਿੰਘ ਘੁੰਮਣ, ਲਵਪ੍ਰੀਤ ਸਿੰਘ ਘਰਾਲਾ, ਪਲਵਿੰਦਰ ਸਿੰਘ ਘਰਾਲਾ, ਲਾਡੀ ਸ਼ਾਹ, ਬਲਬੀਰ ਸਿੰਘ ਉੱਚਾ ਧਾਕਲਾ ਆਗੂ ਵੀ ਹਾਜ਼ਰ ਸਨ।

# ਸੀ ਟੀ ਯੂ ਪੰਜਾਬ ਨੇ ਭੱਠਾ ਮਜ਼ਦੂਰਾਂ ਦੀਆਂ ਮੰਗਾਂ ਸਬੰਧੀ ਦਿੱਤਾ ਮੰਗ ਪੱਤਰ



ਪਠਾਨਕੋਟ (ਦਵਿੰਦਰ ਸਿੰਘ)-ਲਾਲ ਝੰਡਾ ਪੰਜਾਬ ਭੱਠਾ ਲੇਬਰ ਯੂਨੀਅਨ ਸਬੰਧਤ ਸੀ ਟੀ ਯੂ ਪੰਜਾਬ ਜ਼ਿਲ੍ਹਾ ਪਠਾਨਕੋਟ ਵੱਲੋਂ 8 ਦਸੰਬਰ ਨੂੰ ਭੱਠਾ ਮਜ਼ਦੂਰਾਂ ਨੂੰ ਨਵੇਂ ਰੇਟਾਂ ਨਾਲ ਮਜ਼ਦੂਰੀ ਦਿਵਾਉਣ ਲਈ ਅਸਿਸਟੈਂਟ ਲੇਬਰ ਕਮਿਸ਼ਨਰ ਜ਼ਿਲ੍ਹਾ ਪਠਾਨਕੋਟ ਦੇ ਦਫ਼ਤਰ ਲੇਬਰ ਇਨਫੋਰਸਮੈਂਟ ਅਫ਼ਸਰ ਪਠਾਨਕੋਟ ਨਵਦੀਪ ਸਿੰਘ ਨੂੰ ਮੰਗ ਪੱਤਰ ਦਿੱਤਾ ਗਿਆ ਸੀ ਪਰ ਮਜ਼ਦੂਰਾਂ ਨੂੰ ਲਗਾਤਾਰ ਅਣਗੌਲਿਆਂ ਕੀਤਾ ਜਾ ਰਿਹਾ ਹੈ ।ਵੱਖ-ਵੱਖ ਭੱਠਿਆਂ ਉਪਰ ਕੰਮ ਕਰਦੇ ਮਜ਼ਦੂਰਾਂ ਨੂੰ ਭੱਠਾ ਮਾਲਕ ਸਰਦੀ ਸੀਜ਼ਨ ਦਾ ਰੇਟ 909 ਰੁਪਏ ਦੇਣ ਤੋਂ ਆਨਾਕਾਨੀ ਕਰ ਰਹੇ ਹਨ ।ਇੱਕ ਹਫਤਾ ਬੀਤ ਜਾਣ ਦੇ ਬਾਵਜੂਦ ਲੇਬਰ ਵਿਭਾਗ ਦੇ ਅਧਿਕਾਰੀਆਂ ਵਲੋਂ ਬਣਦੀ ਕਾਰਵਾਈ ਨਹੀਂ ਕੀਤੀ ਜਾ ਰਹੀ ।ਅਸਿਸਟੈਂਟ ਲੇਬਰ ਕਮਿਸ਼ਨਰ ਜ਼ਿਲ੍ਹਾ ਪਠਾਨਕੋਟ ਦੀ ਮੌਜੂਦਗੀ ਵਿਚ ਭੱਠਾ ਮਾਲਕ ਐਸੋਸੀਏਸ਼ਨ ਅਤੇ ਲਾਲ ਝੰਡਾ ਪੰਜਾਬ ਭੱਠਾ ਲੇਬਰ ਯੂਨੀਅਨ ਵਿਚਕਾਰ 15 ਮਈ 2023 ਨੂੰ ਹੋਏ ਸਮਝੌਤੇ ਤਹਿਤ ਮਜ਼ਦੂਰਾਂ ਦੀ ਬਹੁਤ ਵਾਜਿਬ ਮੰਗ ਲੇਬਰ ਕਮਿਸ਼ਨਰ ਪੰਜਾਬ ਦੇ ਮੁੱਖ ਦਫਤਰ ਵਲੋਂ ਜਾਰੀ ਮਿਨੀਮਮ ਵੇਜ ਨੋਟੀਫਿਕੇਸ਼ਨ ਨੂੰ ਲਾਗੂ ਕਰਦਿਆਂ ਮਜ਼ਦੂਰਾਂ ਦੀ ਪੂਰੀ ਮਜ਼ਦੂਰੀ ਦਿਵਾਈ ਜਾਵੇ । ਸੀਟੀਯੂ ਪੰਜਾਬ ਦੇ ਵਿੱਤ ਸਕੱਤਰ ਕਾਮਰੇਡ ਸ਼ਿਵ ਕੁਮਾਰ ਨੇ ਦੱਸਿਆ ਕਿ 15 ਦਸੰਬਰ ਨੂੰ ਲਾਲ ਝੰਡਾ ਪੰਜਾਬ ਭੱਠਾ ਲੇਬਰ ਯੂਨੀਅਨ ਦੀ ਅਗਵਾਈ ਹੇਠ ਜ਼ਿਲ੍ਹਾ ਹੈੱਡਕੁਆਰਟਰ ਪਠਾਨਕੋਟ ਵਿਖੇ ਅਣਮਿੱਥੇ ਸਮੇਂ ਲਈ ਵਿਸ਼ਾਲ ਧਰਨਾ ਦਿੱਤਾ ਜਾਵੇਗਾ ਜਿਸ ਦੀ ਸਾਰੀ ਜ਼ਿੰਮੇਵਾਰੀ ਭੱਠਾ ਮਾਲਕਾਂ ਅਤੇ ਜ਼ਿਲ੍ਹਾ ਪ੍ਰਸ਼ਾਸਨ ਪਠਾਨਕੋਟ ਦੀ ਹੋਵੇਗੀ।

# ਕੇਂਦਰੀ ਵਿੱਦਿਆਲਾ ਤਿੱਬੜੀ ਕੈਂਟ ਵਿਖੇ ਸਾਲਾਨਾ ਖੇਡ ਦਿਵਸ ਭਲਕੇ

**ਗੁਰਦਾਸਪੁਰ (ਜਨਕ ਮਾਹਜਨ)**-ਕੇਂਦਰੀ ਵਿੱਦਿਆਲਾ ਤਿੱਬੜੀ ਕੈਂਟ ਵਿਖੇ ਸਾਲਾਨਾ ਖੇਡ ਦਿਵਸ 15 ਦਸੰਬਰ ਨੂੰ ਮਨਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਿੰ. ਡਾ. ਦਿਨੇਸ਼ ਕੁਮਾਰ ਨੇ ਦੱਸਿਆ ਕਿ ਇਹ ਖੇਡ ਦਿਵਸ 15 ਦਸੰਬਰ 2023 ਦਿਨ ਸ਼ੁੱਕਰਵਾਰ ਨੂੰ ਸਵੇਰੇ 11 ਵਜੇ ਸਕੂਲ ਦੀ ਗਰਾਊਂਡ ਵਿਚ ਮਨਾਇਆ ਜਾ ਰਿਹਾ ਹੈ ਜਿਸ ਵਿਚ ਬ੍ਰਿਗੇਡੀਅਰ ਕਰਨ ਸਿੰਘ ਬਤੌਰ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਣਗੇ। ਪ੍ਰੋਗਰਾਮ ਸਬੰਧੀ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਮੁੱਖ ਮਹਿਮਾਨ ਵਲੋਂ ਸਭ ਤੋਂ ਪਹਿਲਾਂ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਜਾਵੇਗੀ, ਉਸ ਤੋਂ ਬਾਅਦ ਬੱਚਿਆਂ ਵੱਲੋਂ ਮਾਰਚ ਪਾਸਟ ਕੀਤਾ ਜਾਵੇਗਾ ਤੇ ਸਹੁੰ ਚੁੱਕ ਸਮਾਗਮ ਹੋਵੇਗਾ।

ਉਨ੍ਹਾਂ ਦੱਸਿਆ ਇਸ ਦੌਰਾਨ ਸੱਭਿਆਚਾਰਕ ਪ੍ਰੋਗਰਾਮ ਦੇ ਨਾਲ ਨਾਲ ਖੇਡਾਂ ਅਤੇ ਹੋਰ ਪ੍ਰੋਗਰਾਮ ਕਰਵਾਏ ਜਾਣਗੇ ਜਿਸ ਵਿਚ ਭੰਗੜਾ ਆਦਿ ਵੀ ਸ਼ਾਮਿਲ ਹੈ। ਅਖ਼ੀਰ ਵਿਚ ਮੁੱਖ ਮਹਿਮਾਨ ਵੱਲੋਂ ਜੇਤੂ ਖਿਡਾਰੀਆਂ ਨੂੰ ਇਨਾਮ ਵੀ ਤਕਸੀਮ ਕੀਤੇ ਜਾਣਗੇ।

# ਮੇਹਰ ਚੰਦ ਰੋਡ 'ਤੇ ਸ਼ੋਅ ਰੂਮ ਦੀ ਪਹਿਲੀ ਮੰਜ਼ਿਲ'ਤੇ ਲੱਗੀ ਭਿਆਨਕ ਅੱਗ



**ਗੁਰਦਾਸਪੁਰ, (ਜਨਕ ਮਹਾਜਨ)**-ਗੁਰਦਾਸਪੁਰ ਸ਼ਹਿਰ ਦੇ ਮੇਹਰ ਚੰਦ ਰੋਡ 'ਤੇ ਸਥਿਤ ਨਵੇਂ ਸੈਮਸੰਗ ਦੇ ਸ਼ੋਰੂਮ ਦੀ ਪਹਿਲੀ ਮੰਜ਼ਿਲ 'ਤੇ ਭਿਆਨਕ ਅੱਗ ਲੱਗਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਜਾਣਕਾਰੀ ਅਨੁਸਾਰ ਇਸ ਸ਼ੋਰੂਮ ਦੀ ਪਹਿਲੀ ਮੰਜ਼ਿਲ 'ਤੇ ਕੰਪਨੀ ਦਾ ਰਿਪੇਅਰਿੰਗ ਸੈਂਟਰ ਹੈ ਜਿਸ 'ਤੇ ਬੀਤੀ ਸ਼ਾਮ ਕਰੀਬ 6:30 ਵਜੇ ਦੇ ਕਰੀਬ ਦੁਕਾਨ ਦੇ ਕਰਮਚਾਰੀਆਂ ਨੇ ਧੂੰਆਂ ਨਿਕਲਦਾ ਦਿਖਾਈ ਦਿੱਤਾ, ਜਿਨ੍ਹਾਂ ਨੇ ਰੌਲਾ ਪਾਉਣਾ ਸ਼ੁਰੂ ਕਰ ਦਿੱਤਾ, ਜਿਸ ਉਪਰੰਤ ਸ਼ੋਰੂਮ ਦੇ ਬਾਹਰ ਲੋਕ ਇਕੱਠੇ ਹੋਣੇ ਸ਼ੁਰੂ ਹੋ ਗਏ ਅਤੇ ਫਾਇਰ ਬ੍ਰਿਗੇਡ ਨੂੰ ਸੂਚਿਤ ਕੀਤਾ ਗਿਆ। ਫਾਇਰ ਬ੍ਰਿਗੇਡ ਦੀ ਗੱਡੀ ਵੀ ਮੌਕੇ 'ਤੇ ਪਹੁੰਚ ਗਈ। ਪਹਿਲੀ ਮੰਜ਼ਿਲ 'ਤੇ ਫੈਲੇ ਧੂਏਂ ਕਾਰਨ ਫਾਇਰ ਬ੍ਰਿਗੇਡ ਕਰਮਚਾਰੀਆਂ ਨੂੰ ਉੱਪਰ ਜਾ ਕੇ ਅੱਗ ਬੁਝਾਉਣ ਵਿੱਚ ਮੁਸ਼ਕਲ ਪੇਸ਼ ਆ ਰਹੀ ਸੀ। ਮੌਕੇ 'ਤੇ ਫਾਇਰ ਬ੍ਰਿਗੇਡ ਦੀਆਂ ਦੋ ਗੱਡੀਆਂ ਮੰਗਵਾਈਆਂ ਗਈਆਂ ਅਤੇ ਲਗਭਗ ਇਕ ਘੰਟੇ ਦੀ ਮਸ਼ੱਕਤ ਤੋਂ ਬਾਅਦ ਖ਼ਬਰ ਲਿਖੇ ਜਾਣ ਤੱਕ ਅੱਗ 'ਤੇ ਕਾਫੀ ਹੱਦ ਤੱਕ ਕਾਬੂ ਪਾ ਲਿਆ ਗਿਆ।

ਪੁਲਸ ਕਰਮਚਾਰੀ ਅਤੇ ਨਗਰ ਕੌਂਸਲ ਦੇ ਕਰਮਚਾਰੀ ਵੀ ਮੌਕੇ 'ਤੇ ਪਹੁੰਚ ਚੁੱਕੇ ਸਨ। ਦੱਸਿਆ ਜਾ ਰਿਹਾ ਹੈ ਕਿ ਇਹ ਸ਼ੋਅਰੂਮ ਸ਼ਸ਼ੀਪਾਲ ਨਾਮ ਦੇ ਵਿਅਕਤੀ ਦਾ ਹੈ ਅਤੇ ਜਿਸ ਵਲੋਂ ਪਿਛਲੇ ਮਹੀਨੇ ਹੀ ਇਸ ਦਾ ਮਹੂਰਤ ਕੀਤਾ ਗਿਆ ਸੀ। ਫਿਲਹਾਲ ਅੱਗ ਲੱਗਣ ਦੇ ਸਹੀ ਕਾਰਨਾਂ ਅਤੇ ਹੋਏ ਨੁਕਸਾਨ ਦਾ ਪਤਾ ਨਹੀਂ ਲੱਗ ਸਕਿਆ ਹੈ।

# ਖ਼ਾਲਸਾ ਕਾਲਜ ਆਫ ਵੈਟਰਨਰੀ ਵਿਖੇ ਐੱਨ ਐੱਸ ਐੱਸ ਵਿਸ਼ੇਸ਼ ਸਰਦ ਰੁੱਤ ਕੈਂਪ ਲਗਾਇਆ




**ਅੰਮ੍ਰਿਤਸਰ ( ਜਸਬੀਰ ਸਿੰਘ ਪੱਟੀ)**-ਖ਼ਾਲਸਾ ਕਾਲਜ ਆਫ਼ ਵੈਟਰਨਰੀ ਐਂਡ ਐਨੀਮਲ ਸਾਇੰਸਜ਼ ਵਿਖੇ 'ਇਗਨਾਇਟਿੰਗ ਯੂਥ ਫ਼ਾਰ ਨੈਸ਼ਨਲ ਇੰਟੈਗਰਿਟੀ ਐਂਡ ਸੋਸ਼ਲ ਸਰਵਿਸਿਜ਼' ਵਿਸ਼ੇ 'ਤੇ ਐਨ. ਐਸ. ਐਸ. ਵਿਸ਼ੇਸ਼ ਸਰਦ ਰੁੱਤ ਕੈਂਪ ਲਗਾਇਆ ਗਿਆ। ਜਿਸ ਦਾ ਉਦਘਾਟਨ ਕਾਲਜ ਪ੍ਰਿੰਸੀਪਲ ਡਾ. ਐੱਚ. ਕੇ. ਵਰਮਾ ਵੱਲੋਂ ਕੀਤਾ ਗਿਆ। ਇਸ ਪ੍ਰੋਗਰਾਮ 'ਚ ਕਰੀਬ 86 ਐੱਨ. ਐੱਸ. ਐੱਸ. ਵਲੰਟੀਅਰਾਂ ਅਤੇ 12 ਸੱਦਾ-ਪੱਤਰਾਂ ਨੇ ਸ਼ਿਰਕਤ ਕੀਤੀ। ਸਮਾਗਮ ਦੀ ਸ਼ੁਰੂਆਤ ਕਾਲਜ ਵਿਦਿਆਰਥੀਆਂ ਦੁਆਰਾ ਸ਼ਬਦ ਗਾਇਨ ਕਰਨ ਉਪਰੰਤ ਡਾ. ਵਰਮਾ ਵੱਲੋਂ ਸ਼ਮ੍ਹਾਂ ਰੌਸ਼ਨ ਕੀਤੀ ਗਈ। ਇਸ ਮੌਕੇ ਡਾ. ਵਰਮਾ ਨੇ ਐੱਨ. ਐੱਸ. ਐੱਸ. ਵਲੰਟੀਅਰਾਂ (ਦੂਜੇ ਪ੍ਰੋਫੈਸ਼ਨਲ ਬੀ. ਵੀ. ਐੱਸ. ਸੀ. ਅਤੇ ਏ. ਐਚ.) ਨੂੰ ਉਤਸ਼ਾਹਿਤ ਕਰਦਿਆਂ ਦੇਸ਼ ਦੇ ਨੌਜਵਾਨਾਂ 'ਚ ਜ਼ਰੂਰੀ ਸਮਾਜਿਕ ਕਦਰਾਂ-ਕੀਮਤਾਂ ਨੂੰ ਪੈਦਾ ਕਰਨ ਅਤੇ ਸਮਾਜਿਕ ਸੇਵਾਵਾਂ ਬਾਰੇ ਜਾਗਰੂਕਤਾ ਪੈਦਾ ਕਰਨ 'ਚ ਐੱਨ. ਐੱਸ. ਐੱਸ. ਦੀਆਂ ਗਤੀਵਿਧੀਆਂ ਦੀ ਅਨਿੱਖੜ ਭੂਮਿਕਾ 'ਤੇ ਜ਼ੋਰ ਦਿੱਤਾ। ਡਾ. ਵਰਮਾ ਨੇ ਵਲੰਟੀਅਰਾਂ ਨੂੰ ਉਨ੍ਹਾਂ ਗਤੀਵਿਧੀਆਂ 'ਚ ਸਰਗਰਮ ਭਾਗੀਦਾਰੀ ਲਈ ਉਤਸ਼ਾਹਿਤ ਕੀਤਾ ਜੋ ਨਾ ਸਿਰਫ ਉਨ੍ਹਾਂ ਦਾ ਆਤਮ-ਵਿਸ਼ਵਾਸ ਪੈਦਾ ਕਰਨਗੇ, ਬਲਕਿ ਉਨ੍ਹਾਂ ਦੇ ਸਕਾਰਾਤਮਕ ਰਵੱਈਏ ਨੂੰ ਵੀ ਹੁਲਾਰਾ ਦੇਣਗੀਆਂ। ਉਨ੍ਹਾਂ ਨੇ ਵਲੰਟੀਅਰਾਂ ਨੂੰ ਹੋਰ ਹੁਨਰਮੰਦ ਬਣਾਉਣ ਲਈ ਪ੍ਰੇਰਿਤ ਕੀਤਾ ਕਿਉਂਕਿ ਉਹ ਸਾਡੇ ਰਾਸ਼ਟਰ ਦੇ ਨੌਜਵਾਨਾਂ ਦੀ ਨੁਮਾਇੰਦਗੀ ਕਰਦੇ ਹਨ। ਉਨ੍ਹਾਂ ਨੇ ਵਿਕਸ਼ਿਤ ਭਾਰਤ ਦੇ ਸੁਪਨੇ ਨੂੰ ਹਕੀਕਤ 'ਚ ਬਣਾਉਣ ਲਈ ਵਲੰਟੀਅਰਾਂ (ਭਾਰਤ ਦੀ ਯੁਵਾ ਸ਼ਕਤੀ) ਨੂੰ ਉਤਸ਼ਾਹਿਤ ਕੀਤਾ। ਇਸ ਤੋਂ ਇਲਾਵਾ ਉਨ੍ਹਾਂ ਜ਼ੋਰ ਦਿੰਦਿਆਂ ਕਿਹਾ ਕਿ ਤੁਸੀਂ ਪਹਿਲਾਂ ਗਿਆਨ ਪ੍ਰਾਪਤ ਕਰੋ ਅਤੇ ਫਿਰ ਸਮਾਜ ਖਾਸ ਕਰਕੇ ਪੇਂਡੂ ਕਿਸਾਨਾਂ ਦੀ ਸੇਵਾ ਕਰੋ। ਇਸ ਮੌਕੇ ਐਨ. ਐਸ. ਐਸ. ਇੰਚਾਰਜ ਡਾ. ਮਨਰਾਜ ਨੇ ਐੱਨ. ਐੱਸ. ਐੱਸ. ਦੀ ਮਹੱਤਤਾ ਬਾਰੇ ਚਰਚਾ ਕੀਤੀ। ਉਨ੍ਹਾਂ ਨੇ ਸਮਾਜ ਨਾਲ ਵਲੰਟੀਅਰਾਂ ਦੇ ਸਬੰਧਾਂ, ਸਮਾਜਿਕ ਅਤੇ ਨਾਗਰਿਕ ਜ਼ਿੰਮੇਵਾਰੀਆਂ ਅਤੇ ਉਨ੍ਹਾਂ ਦੀ ਪਹੁੰਚ ਸਥਾਨਕ ਆਬਾਦੀ ਦੀਆਂ ਸਮੱਸਿਆਵਾਂ ਨੂੰ ਕਿਵੇਂ ਹੱਲ ਕਰ ਸਕਦੀ ਹੈ, ਬਾਰੇ ਚਰਚਾ ਕੀਤੀ। ਉਨ੍ਹਾਂ ਨੇ ਹੁਨਰ ਹਾਸਲ ਕਰਨ, ਲੀਡਰਸ਼ਿਪ ਦੇ ਗੁਣਾਂ ਨੂੰ ਗ੍ਰਹਿਣ ਕਰਨ, ਟੀਮ ਨਿਰਮਾਣ ਅਤੇ ਲੋਕਤੰਤਰੀ ਕਦਰਾਂ ਕੀਮਤਾਂ 'ਤੇ ਜ਼ੋਰ ਦਿੱਤਾ। ਉਕਤ ਚਰਚਾ ਦੀ ਸਮਾਪਤੀ 'ਐਨ. ਐਸ. ਐਸ. ਕੇਵਲ ਵਲੰਟੀਅਰਿੰਗ ਬਾਰੇ ਨਹੀਂ ਹੈ, ਇਹ ਦੂਜਿਆਂ ਦੀ ਸੇਵਾ ਦੁਆਰਾ ਖ਼ੁਦ ਨੂੰ ਵਿਕਸਿਤ ਕਰਨ ਬਾਰੇ ਹੈ' ਵਿਸ਼ੇ 'ਤੇ ਕੀਤੀ ਗਈ। ਇਸ ਮੌਕੇ ਹਰਨੀਤ ਕੌਰ ਨੇ ਮਹਿਮਾਨਾਂ ਦਾ ਸਵਾਗਤ ਕਰਕੇ ਸਮਾਗਮ ਦੀ ਸ਼ੁਰੂਆਤ ਕੀਤੀ ਅਤੇ ਧੰਨਵਾਦ ਮਤਾ ਪੇਸ਼ ਕੀਤਾ। ਇਸ ਸਮਾਗਮ 'ਚ ਡਾ. ਟੀ. ਏ. ਐੱਸ. ਗਨਈ, ਡਾ.ਸ਼ਗੁਫ਼ਤਾ ਆਜ਼ਮੀ, ਡਾ. ਸੁਭਾਸ਼ ਪਾਰਨੇਕਰ, ਡਾ. ਮਨਰਾਜਦੀਪ ਸਿੰਘ, ਡਾ. ਸ਼ੇਖ ਉਜ਼ਮਾ, ਡਾ. ਹਰਨੀਤ ਕੌਰ, ਡਾ. ਪਪਲਪ੍ਰੀਤ ਸਿੰਘ, ਡਾ. ਸਿਮਰਨਜੀਤ ਉੱਤਮ, ਡਾ. ਮਨਿੰਦਰ ਸਿੰਘ, ਲਵਪ੍ਰੀਤ ਸਿੰਘ ਨੇ ਭਾਗ ਲਿਆ।

# ਸਰਕਾਰੀ ਹਾਈ ਸਕੂਲ ਤੁਗਲਵਾਲਾ 'ਚ ਸਾਲਾਨਾ ਇਨਾਮ ਵੰਡ ਸਮਾਗਮ ਆਯੋਜਿਤ




**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)** ਅੱਜ ਸਰਕਾਰੀ ਹਾਈ ਸਕੂਲ ਤੁਗਲਵਾਲਾ ਵਿੱਚ ਸਕੂਲ ਦਾ ਸਲਾਨਾ ਇਨਾਮ ਵੰਡ ਸਮਾਗਮ ਸਕੂਲ ਮੁਖੀ ਮੈਡਮ ਰਜਵੰਤ ਕੌਰ ਦੀ ਰਹਿਨੁਮਾਈ ਹੇਠ ਆਯੋਜਿਤ ਕੀਤਾ ਗਿਆ। ਜਿਸ ਵਿੱਚ ਸਮੂਹ ਸਕੂਲ ਵਿਦਿਆਰਥੀਆਂ ਤੇ ਸਟਾਫ ਵੱਲੋਂ ਉਤਸ਼ਾਹ ਨਾਲ ਭਾਗ ਲਿਆ ਗਿਆ ।ਇਸ ਮੌਕੇ ਇੱਕ ਸ਼ਾਨਦਾਰ ਸਭਿਆਚਾਰਕ ਰੰਗਾ ਰੰਗ ਪ੍ਰੋਗਰਾਮ ਵੀ ਆਯੋਜਿਤ ਹੋਇਆ ।ਪ੍ਰੋਗਰਾਮ ਵਿੱਚ ਧਾਰਮਿਕ, ਸਭਿਆਚਾਰਕ, ਇਤਿਹਾਸਕ, ਸਮਾਜਿਕ ਸਰੋਕਾਰਾਂ ਨੂੰ ਬਿਆਨ ਕਰਦੀਆਂ ਸਭ ਵੰਨਗੀਆਂ ਦੀ ਪੇਸ਼ਕਾਰੀ ਕੀਤੀ ਗਈ। ਪ੍ਰੋਗਰਾਮ ਦੀ ਸ਼ੁਰੂਆਤ ਸਕੂਲ ਅਧਿਆਪਕਾਂ ਦੁਆਰਾ ਕੀਤੇ ਗਏ ਸ਼ਬਦ ਗਾਇਨ ਨਾਲ ਹੋਈ।ਇਸ ਤੋਂ ਕਵੀਸ਼ਰੀ, ਗੀਤ, ਨਾਚ, ਨਾਟਕ ਦੀ ਸਫ਼ਲ ਪੇਸ਼ਕਾਰੀ ਦੁਆਰਾ ਵਿਦਿਆਰਥੀਆਂ ਤੇ ਅਧਿਆਪਕਾਂ ਦੁਆਰਾ ਚੰਗਾ ਰੰਗ ਬੰਨ੍ਹਿਆ ਗਿਆ ।ਪ੍ਰੋਗਰਾਮ ਦੇ ਅੰਤਲੇ ਪੜਾਅ ਤੇ ਸਕੂਲ ਦੇ ਪਿਛਲੇ ਸੈਸ਼ਨ ਵਿੱਚ ਅਕਾਦਮਿਕ ਪ੍ਰਾਪਤੀਆਂ ਕਰਨ ਵਾਲੇ ਵਿਦਿਆਰਥੀਆਂ ਨੂੰ ਇਨਾਮ ਵੰਡੇ ਗਏ ।ਇਸਤੋਂ ਇਲਾਵਾ ਖੇਡਾਂ ਵਿਚ ਸਕੂਲ ਦਾ ਸਟੇਟ ਲੈਵਲ ਤੇ ਨਾਂ ਚਮਕਾਉਣ ਵਾਲੇ ਵਿਦਿਆਰਥੀਆਂ ਦਾ ਵੀ ਸਨਮਾਨ ਕੀਤਾ ਗਿਆ।ਸਕੂਲ ਆਫ ਐਮੀਨੈਂਸ ਵਿੱਚ ਸਿਲੈਕਟ ਹੋਏ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ ।ਇਸ ਮੌਕੇ ਸੂਹੀ ਸਵੇਰ ਮੈਗਜ਼ੀਨ ਦੇ ਸੰਪਾਦਕ ਡਾਕਟਰ ਗੁਰਚਰਨ ਗਾਂਧੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਵਿੱਦਿਆ ਜਿੰਦਗੀ ਦੀ ਕਵਿਤਾ ਹੈ ਤੇ ਵਿੱਦਿਆ ਕੌੜੀ ਵੀ ਹੈ ਪਰ ਇਸ ਦਾ ਫਲ ਮਿੱਠਾ ਹੁੰਦਾ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਹਾਈ ਸਕੂਲ ਤੁਗਲਵਾਲ ਅਜਿਹਾ ਮਿਸਾਲੀ ਸਕੂਲ ਹੈ ਜਿਸ ਦੇ ਅਧਿਆਪਕ ਸੱਚਮੁੱਚ ਹੀ ਪ੍ਰਤਿਭਾਵਾਨ ਤੇ ਅਸਲੀ ਅਧਿਆਪਕ ਹਨ ਜੋ ਵਿਦਿਆਰਥੀਆਂ ਨੂੰ ਅਜੋਕੇ ਸਮੇਂ ਵਿੱਚ ਵੀ ਵਿਚਾਰਧਾਰਕ ਪੱਖੋਂ, ਸਮਾਜਿਕ, ਆਰਥਿਕ, ਅਤੇ ਰਾਜਨੀਤਕ ਸਮੱਸਿਆਵਾਂ ਨੂੰ ਸਫਲਤਾ ਪੂਰਵਕ ਸਮਝਣ ਦੀ ਸਮਰੱਥਾ ਪ੍ਰਦਾਨ ਕਰਕੇ ਉਨ੍ਹਾਂ ਦੀ ਬੌਧਿਕਤਾ ਨੂੰ ਉਨੱਤ ਅਤੇ ਵਿਵੇਕਸ਼ੀਲ ਬਣਾਉਣ ਲਈ ਯਤਨਸ਼ੀਲ ਹਨ। ਜਿਨ੍ਹਾਂ ਵਿੱਚ ਸਕੂਲ ਮੁੱਖੀ ਰਾਜਵੰਤ ਕੌਰ ਅਤੇ ਹਰਫਨਮੌਲਾ ਅਧਿਆਪਕਾ ਸਤਨਾਮ ਕੌਰ ਤੁਗਲਵਾਲਾ ਦਾ ਨਾਂ ਮਾਣ ਨਾਲ ਲਿਆ ਜਾ ਸਕਦਾ ਹੈ ।ਪ੍ਰੋਗਰਾਮ ਵਿੱਚ ਲਖਵਿੰਦਰ ਸਿੰਘ ਪ੍ਰਿੰਸੀਪਲ ਸ:ਸ:ਸ:ਸੀ:ਸੈ:ਸਕੂਲ ਹਰਚੋਵਾਲ, ਮੈਡਮ ਕੰਵਲਜੀਤ ਕੌਰ, ਪ੍ਰਿੰਸੀਪਲ ਸ:ਸੀ:ਸੈ:ਸਕੂਲ ਡੱਲਾ, ਵਿਜੈ ਕੁਮਾਰ ਮੁੱਖ ਅਧਿਆਪਕ ਸਰਕਾਰੀ ਹਾਈ ਸਕੂਲ ਬਸਰਾਵਾਂ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ ।ਇਸ ਤੋਂ ਛੁੱਟ ਕੰਪਿਊਟਰ ਫੈਕਲਟੀ ਸਤਨਾਮ ਸਿੰਘ, ਰਵਿੰਦਰ ਸਿੰਘ, ਕੁਲਭੂਸ਼ਨ ਕਾਦੀਆਂ, ਰਾਜਿੰਦਰਜੀਤ ਕੌਰ ਪੱਤੀ ਟਾਂਡਾ, ਵਰਿੰਦਰ ਕੌਰ ਊਧਨਵਾਲ ਕੁਲਵਿੰਦਰ ਕੌਰ ਮਾੜੀ ਪੰਨਵਾਂ, ਚੇਅਰਮੈਨ ਬਲਾਕ ਸੰਮਤੀ ਪਰਮਿੰਦਰ ਸਿੰਘ ਬਸਰਾ, ਸਰਪੰਚ ਜਾਗੀਰ ਸਿੰਘ, ਗੁਰਚਰਨ ਗਾਂਧੀ, ਨੇਰਚਦੀਪ ਕਾਹਲੋਂ, ਰਣਬੀਰ ਸਿੰਘ ਰਾਣਾ, ਗੁਰ ਅਮ੍ਰਿਤਪਾਲ ਸਿੰਘ ,ਨਵਪ੍ਰੀਤ ਸਿੰਘ (ਬੱਬੂ) ਐੱਨਆਰਆਈ ਨੇ ਉਚੇਚੇ ਤੌਰ ਤੇ ਪ੍ਰੋਗਰਾਮ ਵਿੱਚ ਸ਼ਾਮਲ ਹੋ ਕੇ ਬੱਚਿਆਂ ਦੀ ਹੌਂਸਲਾ ਅਫਜ਼ਾਈ ਕੀਤੀ ।ਪ੍ਰੋਗਰਾਮ ਵਿੱਚ ਸ਼ਾਮਲ ਹੋਣ ਵਾਲੇ ਸਭ ਪਤਵੰਤੇ ਮਹਿਮਾਨਾਂ ਤੇ ਵਿਦਿਆਰਥੀਆਂ ਦੇ ਮਾਤਾ ਪਿਤਾ ਦਾ ਸਕੂਲ ਮੁੱਖੀ ਤੇ ਸਮੂਹ ਸਟਾਫ ਵੱਲੋਂ ਧੰਨਵਾਦ ਕੀਤਾ ਗਿਆ।

14-Dec-PAGE- 12 qxd.qxd 12/13/2023 10:19 PM Page 1



# ਖੈਰੜ ਰਾਵਲ ਬੱਸੀ 'ਚ 55.18 ਲੱਖ ਰੁਪਏ ਦੀ ਲਾਗਤ ਵਾਲੀ ਜਲ ਸਪਲਾਈ ਸਕੀਮ ਦਾ ਉਦਘਾਟਨ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਕੈਬਨਿਟ ਮੰਤਰੀ ਪੰਜਾਬ ਬ੍ਰਹਮ ਸ਼ੰਕਰ ਜਿੰਪਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਵਿਚ 2 ਹਜ਼ਾਰ ਕਰੋੜ ਰੁਪਏ ਦੀ ਲਾਗਤ ਨਾਲ ਜਲ ਸਪਲਾਈ ਦੇ ਪ੍ਰਾਜੈਕਟ ਚਲਾਏ ਜਾ ਰਹੇ ਹਨ, ਜਿਸ ਨਾਲ ਲੋਕਾਂ ਨੂੰ ਪੀਣ ਵਾਲਾ ਸਾਫ਼ ਪਾਣੀ ਮੁਹੱਈਆ ਕਰਵਾਇਆ ਜਾ ਰਿਹਾ ਹੈ।ਉਹ ਬਲਾਕ ਮਾਹਿਲਪੁਰ ਦੇ ਪਿੰਡ ਖੈਰੜ ਰਾਵਲ ਬੱਸੀ 'ਚ 55.18 ਲੱਖ ਰੁਪਏ ਦੀ ਲਾਗਤ ਨਾਲ ਬਣੀ ਜਲ ਸਪਲਾਈ ਸਕੀਮ ਦਾ ਉਦਘਾਟਨ ਕਰਨ ਮੌਕੇ ਇਲਾਕਾ ਨਿਵਾਸੀਆਂ ਨੂੰ ਸੰਬੋਧਨ ਕਰ ਰਹੇ ਸਨ।ਇਸ ਦੌਰਾਨ ਉਨ੍ਹਾਂ ਦੇ ਨਾਲ ਪੰਜਾਬ ਅਨੁਸੂਚਿਤ ਜਾਤੀ ਭੂਮੀ ਵਿਕਾਸ ਅਤੇ ਵਿੱਤ ਨਿਗਮ ਦੇ ਚੇਅਰਮੈਨ ਹਰਮਿੰਦਰ ਸਿੰਘ ਸੰਧੂ ਅਤੇ ਦਿ ਹੁਸ਼ਿਆਰਪੁਰ ਕੋਆਪਰੇਟਿਵ ਬੈਂਕ ਦੇ ਚੇਅਰਮੈਨ ਵਿਕਰਮ ਸ਼ਰਮਾ ਵੀ ਮੌਜੂਦ ਸਨ।ਕੈਬਨਿਟ ਮੰਤਰੀ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਇਹ ਜਲ ਸਪਲਾਈ ਸਕੀਮ 2009 ਵਿੱਚ 3 ਪਿੰਡਾਂ ਲਈ ਸ਼ੁਰੂ ਕੀਤੀ ਗਈ ਸੀ, ਪਰ ਪਿੰਡ ਖੈਰੜ ਰਾਵਲ ਬੱਸੀ ਦੇ ਵਾਸੀਆਂ ਨੂੰ ਪੀਣ ਵਾਲਾ ਪਾਣੀ ਉਪਲਬੱਧ ਨਹੀਂ ਸੀ, ਜਿਸ ਕਾਰਨ ਪਿੰਡ ਖੈਰੜ ਰਾਵਲ ਬੱਸੀ ਲਈ ਵੱਖਰੀ ਜਲ ਸਪਲਾਈ ਸਕੀਮ ਸ਼ੁਰੂ ਕਰਨ ਲਈ ਬੇਨਤੀ ਕੀਤੀ ਗਈ ਸੀ, ਜਿਸ 'ਤੇ ਗੰਭੀਰਤਾ ਨਾਲ ਵਿਚਾਰ ਕੀਤਾ ਗਿਆ ਅਤੇ 55.18 ਲੱਖ ਰੁਪਏ ਦੀ ਲਾਗਤ ਨਾਲ ਸਕੀਮ ਨੂੰ ਮਨਜ਼ੂਰੀ ਦੇ ਦਿੱਤੀ ਗਈ।ਉਨ੍ਹਾਂ ਦੱਸਿਆ ਕਿ ਇਸ ਸਕੀਮ ਰਾਹੀਂ ਪਿੰਡ ਦੀ 2180 ਆਬਾਦੀ ਨੂੰ ਪੀਣ ਵਾਲਾ ਸਾਫ਼ ਪਾਣੀ ਮੁਹੱਈਆ ਕਰਵਾਇਆ ਗਿਆ ਹੈ।ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਲੋਕਾਂ ਦੀ ਹਰ ਛੋਟੀ-ਵੱਡੀ ਲੋੜ ਨੂੰ ਧਿਆਨ ਵਿਚ ਰੱਖਿਆ ਹੈ। ਜਿਥੇ ਆਮ ਲੋਕਾਂ ਨੂੰ 600 ਯੂਨਿਟ ਮੁਫ਼ਤ ਬਿਜਲੀ ਮੁਹੱਈਆ ਕਰਵਾਈ ਗਈ ਹੈ, ਉਥੇ ਹੀ ਆਮ ਆਦਮੀ ਕਲੀਨਿਕਾਂ ਰਾਹੀਂ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਨੇੜੇ ਮੁਫ਼ਤ ਸਿਹਤ ਸੇਵਾਵਾਂ ਵੀ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਇਸ ਮੌਕੇ ਡੀ ਐਸ ਪੀ ਦਲਜੀਤ ਸਿੰਘ ਖੱਖ, ਐਸ ਈ ਹੁਸ਼ਿਆਰਪੁਰ ਵਿਜੇ ਕੁਮਾਰ, ਐਕਸੀਅਨ ਗੜ੍ਹਸ਼ੰਕਰ ਗੁਰਪ੍ਰੀਤ ਸਿੰਘ, ਐਸ ਡੀ ਓ ਮਾਹਿਲਪੁਰ ਜੋਗਿੰਦਰ ਪਾਲ, ਜੇ ਈ ਮਾਹਿਲਪੁਰ ਗੁਰਪ੍ਰੀਤ ਸਿੰਘ, ਮੋਹਨ ਲਾਲ ਚਿੱਟੋਂ, ਜਸਵੀਰ ਸਿੰਘ, ਵਰਿੰਦਰ ਸ਼ਰਮਾ ਬਿੰਦੂ, ਐਡਵੋਕੇਟ ਅਮਰਜੋਤ ਸੈਣੀ, ਤਰੁਣ ਅਰੋੜਾ ਅਤੇ ਹੋਰ ਪਤਵੰਤੇ ਹਾਜ਼ਰ ਸਨ।

# ਭਗਵੰਤ ਮਾਨ ਅਚਨਚੇਤ ਸਕੂਲ ਆਫ਼ ਐਮੀਨੈਂਸ ਪਹੁੰਚੇ



**ਮੋਰਿੰਡਾ (ਜੈਜ਼ੀ ਸਰਦਾਰ)** ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਅਚਨਚੇਤ ਸਕੂਲ ਆਫ਼ ਐਮੀਨੈਂਸ ਸੱਖੋਂ ਮਾਜਰਾ ਪਹੁੰਚ ਕੇ ਸਕੂਲ ਦਾ ਜਾਇਜ਼ਾ ਲਿਆ ਗਿਆ ਅਤੇ ਸਕੂਲ ਦੇ ਬੱਚਿਆਂ ਨੂੰ ਸਕੂਲ ਆਉਣ ਜਾਣ ਲਈ ਤੋਹਫ਼ੇ ਵਜੋਂ ਬੱਸਾਂ ਦੇਣ ਦਾ ਐਲਾਨ ਵੀ ਕੀਤਾ।ਉਹਨਾਂ ਕਿਹਾ ਕਿ ਜਿਹੜੀਆਂ ਬੱਸਾਂ ਸਕੂਲ ਨੂੰ ਦਿੱਤੀਆਂ ਜਾਣਗੀਆਂ ਉਹ ਬੱਸਾਂ ਜੀ ਪੀ ਐੱਸ ਦੀ ਸੁਵਿਧਾਵਾਂ ਨਾਲ ਲੈਸ ਹੋਣਗੀਆਂ।ਜਿਸ ਨਾਲ ਬੱਚਿਆਂ ਦੇ ਮਾਪਿਆਂ ਨੂੰ ਪਤਾ ਲੱਗ ਸਕੇਗਾ ਕਿ ਉਨ੍ਹਾਂ ਦੇ ਬੱਚੇ ਕਿੱਥੇ ਪਹੁੰਚ ਗਏ ਹਨ ਤਾਂ ਉਹ ਆਪਣੇ ਬੱਚਿਆਂ ਨੂੰ ਉਥੇ ਪਹੁੰਚ ਕੇ ਲੈ ਸਕਦੇ ਹਨ।ਇਸ ਤੋਂ ਇਲਾਵਾ ਮੁੱਖ ਮੰਤਰੀ ਵੱਲੋਂ ਬੱਚਿਆਂ ਨੂੰ ਆਪਣੇ ਕੋਲ ਬੁਲਾ ਕੇ ਬੱਚਿਆਂ ਨੂੰ ਪੁੱਛਿਆ ਉਹ ਭਵਿੱਖ ਵਿੱਚ ਕੀ ਬਣਨਾ ਚਾਹੁੰਦੇ ਹਨ।ਉਹਨਾਂ ਇਹ ਵੀ ਕਿਹਾ ਕਿ 16 ਦਸੰਬਰ ਨੂੰ ਇੱਕ ਪੂਰੇ ਪੰਜਾਬ ਦੇ ਸਕੂਲਾਂ ਵਿੱਚ ਪਏਰੈਂਟਸ ਮੀਟਿੰਗ ਦਾ ਐਲਾਨ ਵੀ ਕੀਤਾ ਜਿਸ ਵਿੱਚ ਮਾਪੇ ਆਪਣੇ ਬੱਚਿਆਂ ਬਾਰੇ ਟੀਚਰਾਂ ਨਾਲ ਗੱਲਬਾਤ ਕਰਨਗੇ।ਮੁੱਖ ਮੰਤਰੀ ਨੇ ਬੇਟੀਆਂ (ਧੀਆਂ) ਦੀ ਤਾਰੀਫ਼ ਕਰਦਿਆਂ ਕਿਹਾ ਕਿ ਅੱਜ ਸਾਡੀਆਂ ਬੇਟੀਆਂ ਦੇਸ਼-ਵਿਦੇਸ਼ ਵਿੱਚ ਸਾਡੇ ਦੇਸ਼ ਦਾ ਨਾਂਅ ਰੌਸ਼ਨ ਕਰ ਰਹੀਆਂ ਹਨ। ਉਹਨਾਂ ਇਹ ਵੀ ਕਿਹਾ ਕਿ ਪੜ੍ਹਾਈ ਦੇ ਨਾਲ ਨਾਲ ਬੱਚੇ ਖੇਡਾਂ, ਗਿੱਧੇ, ਭੰਗੜੇ ਅਤੇ ਹੋਰ ਫੀਲਡ ਜਾ ਕੇ ਵੀ ਆਪਣਾ ਭਵਿੱਖ ਚਮਕਾਂ ਸਕਦੇ ਹਨ।

# ਰਾਜ ਪੱਧਰੀ ਬਾਲ ਦਿਵਸ ਸਮਾਗਮ



**ਹੁਸ਼ਿਆਰਪੁਰ : (ਓ ਪੀ ਰਾਣਾ)** ਬਾਲ ਭਲਾਈ ਕੌਂਸਲ ਪੰਜਾਬ ਵੱਲੋਂ ਜ਼ਿਲ੍ਹਾ ਬਾਲ ਭਲਾਈ ਕੌਂਸਲ ਅਤੇ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਦੇ ਸਹਿਯੋਗ ਨਾਲ ਸਿਟੀ ਸੈਂਟਰ ਹੁਸ਼ਿਆਰਪੁਰ ਵਿਖੇ ਰਾਜ ਪੱਧਰੀ ਬਾਲ ਦਿਵਸ ਬੜੀ ਧੂਮ ਧਾਮ ਨਾਲ ਮਨਾਇਆ ਗਿਆ, ਜਿਸ ਵਿਚ ਸੂਬੇ ਦੇ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਨੇ ਗਰੁੱਪ ਲੋਕ ਗੀਤ, ਗਰੁੱਪ ਲੋਕ ਨਾਚ ਅਤੇ ਕਵਿਤਾ ਗਾਇਨ ਮੁਕਾਬਲਿਆਂ 'ਚ ਭਾਗ ਲੈ ਕੇ ਆਪਣੇ ਹੁਨਰ ਦਾ ਪ੍ਰਦਰਸ਼ਨ ਕੀਤਾ।ਡਿਪਟੀ ਕਮਿਸ਼ਨਰ ਕੋਮਲ ਮਿੱਤਲ ਦੀ ਅਗਵਾਈ ਹੇਠ ਕਰਵਾਏ ਗਏ ਇਸ ਸਮਾਗਮ ਦੌਰਾਨ ਬਾਲ ਭਲਾਈ ਕੌਂਸਲ ਵੱਲੋਂ ਵੱਖ-ਵੱਖ ਜੇਤੂ ਜ਼ਿਲ੍ਹਿਆਂ ਦੇ ਬੱਚਿਆਂ ਨੂੰ ਸਨਮਾਨਿਤ ਕੀਤਾ ਗਿਆ। ਸਮਾਗਮ ਦੀ ਸ਼ੁਰੂਆਤ ਐਸ ਡੀ ਐਮ ਹੁਸ਼ਿਆਰਪੁਰ ਪ੍ਰੀਤਇੰਦਰ ਸਿੰਘ ਬੈਂਸ, ਬਾਲ ਭਲਾਈ ਕੌਂਸਲ ਪੰਜਾਬ ਦੀ ਚੇਅਰਪਰਸਨ ਪ੍ਰਾਜਕਤਾ ਅਵਧ ਨੀਲਕੰਠ ਅਤੇ ਸਕੱਤਰ ਡਾ. ਪ੍ਰੀਤਮ ਸੰਧੂ ਨੇ ਸਾਂਝੇ ਤੌਰ 'ਤੇ ਸ਼ਮ੍ਹਾ ਰੌਸ਼ਨ ਕਰਕੇ ਕੀਤੀ। ਇਸ ਮੌਕੇ ਉਨ੍ਹਾਂ ਨਾਲ ਸਕੱਤਰ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਮੰਗੇਸ਼ ਸੂਦ ਵੀ ਹਾਜ਼ਰ ਸਨ।ਮੁੱਖ ਮਹਿਮਾਨ ਐਸ ਡੀ ਐਮ ਪ੍ਰੀਤਇੰਦਰ ਸਿੰਘ ਬੈਂਸ ਨੇ ਕਿਹਾ ਕਿ ਅਜਿਹੇ ਮੁਕਾਬਲੇ ਸਾਨੂੰ ਸੰਘਰਸ਼ ਰਾਹੀਂ ਜ਼ਿੰਦਗੀ ਵਿੱਚ ਅੱਗੇ ਵਧਣਾ ਸਿਖਾਉਂਦੇ ਹਨ।ਉਨ੍ਹਾਂ ਕਿਹਾ ਕਿ ਅਜਿਹੇ ਮੁਕਾਬਲੇ ਬੱਚਿਆਂ ਵਿੱਚ ਮੁਕਾਬਲੇ ਦੀ ਭਾਵਨਾ ਪੈਦਾ ਕਰਦੇ ਹਨ।ਉਨ੍ਹਾਂ ਵਿਦਿਆਰਥੀਆਂ ਨੂੰ ਕਿਹਾ ਕਿ ਭਾਵੇਂ ਵਿੱਦਿਆ ਹੋਵੇ, ਕਲਾ ਹੋਵੇ ਜਾਂ ਖੇਡਾਂ, ਉਨ੍ਹਾਂ ਨੂੰ ਵੱਧ ਤੋਂ ਵੱਧ ਮੁਕਾਬਲਿਆਂ 'ਚ ਭਾਗ ਲੈਣਾ ਚਾਹੀਦਾ ਹੈ। ਇਸ ਮੌਕੇ ਬਾਲ ਭਲਾਈ ਕੌਂਸਲ ਪੰਜਾਬ ਦੀ ਚੇਅਰਪਰਸਨ ਪ੍ਰਾਜਕਤਾ ਅਵਧ ਨੀਲਕੰਠ ਨੇ ਦੱਸਿਆ ਕਿ ਕੌਂਸਲ ਵੱਲੋਂ ਹਰ ਸਾਲ ਵੱਖ-ਵੱਖ ਜ਼ਿਲ੍ਹਿਆਂ 'ਚ ਬਾਲ ਮੇਲਾ ਕਰਵਾਇਆ ਜਾਂਦਾ ਹੈ, ਜਿਸ ਵਿਚ ਸੂਬੇ ਦੇ ਵੱਖ-ਵੱਖ ਜ਼ਿਲ੍ਹੇ ਭਾਗ ਲੈਂਦੇ ਹਨ। ਉਨ੍ਹਾਂ ਕਿਹਾ ਕਿ ਰਾਜ ਪੱਧਰੀ ਮੁਕਾਬਲੇ ਵਿੱਚ ਗਰੁੱਪ ਲੋਕ ਗੀਤ 'ਚ ਜਲੰਧਰ ਪਹਿਲੇ, ਫਰੀਦਕੋਟ ਦੂਜੇ ਅਤੇ ਹੁਸ਼ਿਆਰਪੁਰ ਤੀਜੇ ਸਥਾਨ 'ਤੇ ਰਿਹਾ।ਲੋਕ ਨਾਚ ਸੰਮੀ 'ਚ ਫਰੀਦਕੋਟ ਪਹਿਲੇ, ਗੁਰਦਾਸਪੁਰ ਦੂਜੇ ਅਤੇ ਹੁਸ਼ਿਆਰਪੁਰ ਤੀਜੇ ਸਥਾਨ 'ਤੇ ਰਿਹਾ। ਕਵਿਤਾ ਗਾਇਨ ਮੁਕਾਬਲੇ 'ਚ ਬਰਨਾਲਾ ਦੀ ਗੁਨੀਤ ਸ਼ਰਮਾ ਪਹਿਲੇ, ਹੁਸ਼ਿਆਰਪੁਰ ਦੀ ਵੰਸ਼ਿਕਾ ਦੂਜੇ ਅਤੇ ਫ਼ਰੀਦਕੋਟ ਦੀ ਹਰਲੀਨ ਤੀਜੇ ਸਥਾਨ 'ਤੇ ਰਹੀ।ਇਸ ਮੌਕੇ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਵਿਭਾਗ ਪ੍ਰੀਤ ਕੋਹਲੀ, ਡਾ. ਮੋਨਿਕਾ, ਡਾ. ਰੁਬਿਨ ਬਾਹਲਵੀ, ਡਿਪਟੀ ਡੀ.ਈ.ਓ. ਧੀਰਜ ਵਸ਼ਿਸ਼ਟ, ਮਦਨ ਵੀਰਾ, ਡਾ. ਜਸਵੰਤ ਰਾਏ, ਪ੍ਰੋ. ਹਰਜਿੰਦਰ ਸਿੰਘ, ਡਾ. ਸੀਮਾ ਚੱਢਾ, ਰਵੀ ਸ਼ਰਮਾ, ਅਜੈ ਕੁਮਾਰ, ਅਦਿੱਤਿਆ ਰਾਣਾ, ਨਰਿੰਦਰ ਅਰੋੜਾ, ਸਰਬਜੀਤ ਸਿੰਘ ਅਤੇ ਹੋਰ ਪਤਵੰਤਿਆਂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।

# ਐਲ ਪੀ ਯੂ ਸਕੂਲ ਆਫ ਫੈਸ਼ਨ ਨੂੰ ਮਿਲੇ ਤਕਨੀਕੀ ਟੈਕਸਟਾਈਲ ਰਿਸਰਚ ਲਈ 6.20 ਕਰੋੜ ਰੁਪਏ



**ਜਲੰਧਰ (ਸ਼ੈਲੀ ਐਲਬਰਟ):-** ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲ ਪੀ ਯੂ) ਦੇ ਸਕੂਲ ਆਫ ਫੈਸ਼ਨ ਡਿਜ਼ਾਈਨ ਐਂਡ ਟੈਕਨਾਲੋਜੀ ਨੂੰ ਤਕਨੀਕੀ ਟੈਕਸਟਾਈਲ 'ਚ ਅਤਿ-ਆਧੁਨਿਕ ਖੋਜ ਪ੍ਰੋਜੈਕਟਾਂ ਲਈ 6.20 ਕਰੋੜ ਰੁਪਏ ਦਿੱਤੇ ਗਏ ਹਨ।ਫੰਡਿੰਗ ਭਾਰਤ ਦੇ ਟੈਕਸਟਾਈਲ ਮੰਤਰਾਲੇ ਦੇ ਨੈਸ਼ਨਲ ਟੈਕਨੀਕਲ ਟੈਕਸਟਾਈਲ ਮਿਸ਼ਨ ਤੋਂ ਆਉਂਦੀ ਹੈ।ਗ੍ਰਾਂਟ ਦਾ ਉਦੇਸ਼ ਭਾਰਤ 'ਚ ਤਕਨੀਕੀ ਟੈਕਸਟਾਈਲ ਦੇ ਖੇਤਰ 'ਚ ਸਵਦੇਸ਼ੀ ਵਿਕਾਸ ਨੂੰ ਅੱਗੇ ਵਧਾਉਣਾ ਹੈ।ਐਲ ਪੀ ਯੂ ਦਾ ਸਕੂਲ ਆਫ ਫੈਸ਼ਨ ਦੇਸ਼ ਦੇ ਚੋਟੀ ਦੇ ਫੈਸ਼ਨ ਡਿਜ਼ਾਈਨ ਸੰਸਥਾਵਾਂ 'ਚੋਂ ਇੱਕ ਹੈ ਅਤੇ ਇਸ ਨੂੰ ਵੱਕਾਰੀ ਰੈਂਕਿੰਗ ਏਜੰਸੀਆਂ ਤੋਂ ਮਾਨਤਾ ਮਿਲੀ ਹੈ । ਡਾ: ਅਸ਼ੋਕ ਕੁਮਾਰ ਮਿੱਤਲ ਸੰਸਥਾਪਕ ਚਾਂਸਲਰ ਅਤੇ ਸੰਸਦ ਮੈਂਬਰ (ਰਾਜ ਸਭਾ) ਨੇ ਆਪਣੀ ਖੁਸ਼ੀ ਦਾ ਪ੍ਰਗਟਾਵਾ ਕੀਤਾ ਅਤੇ ਫੈਕਲਟੀ ਨੂੰ ਨਵੀਨਤਾ ਲਈ ਉਨ੍ਹਾਂ ਦੀ ਵਚਨਬੱਧਤਾ ਅਤੇ ਵਿਦਿਆਰਥੀਆਂ ਨੂੰ ਇੱਕ ਬੇਮਿਸਾਲ ਸਿੱਖਣ ਦਾ ਤਜਰਬਾ ਪ੍ਰਦਾਨ ਕਰਨ ਲਈ ਵਧਾਈ ਦਿੱਤੀ। ਡਾ.ਅਸ਼ੋਕ ਕੁਮਾਰ ਮਿੱਤਲ ਨੇ ਦੱਸਿਆ ਕਿ ਸਕੂਲ ਆਫ ਫੈਸ਼ਨ ਦੇਸ਼ ਦੀ ਸਰਵੋਤਮ ਸੰਸਥਾ ਬਣਨ ਲਈ ਵਚਨਬੱਧ ਹੈ।ਡਾ. ਮਿੱਤਲ ਨੇ ਇਹ ਵੀ ਭਰੋਸਾ ਪ੍ਰਗਟਾਇਆ ਕਿ ਇਸ ਗ੍ਰਾਂਟ ਨਾਲ ਸਕੂਲ ਆਫ ਫੈਸ਼ਨ ਦੇ ਵਿਕਾਸ ਦੀ ਗਤੀ 'ਚ ਮਹੱਤਵਪੂਰਨ ਵਾਧਾ ਹੋਵੇਗਾ।ਐਲ ਪੀ ਯੂ ਵਿਖੇ ਗ੍ਰਾਂਟ ਕੀਤੇ ਪ੍ਰੋਜੈਕਟਾਂ ਦੇ ਤਾਲਮੇਲ ਦੀ ਨਿਗਰਾਨੀ ਡਾ. ਨੇਹਾ ਸ਼ਾਹ, ਜਸਵੰਤ ਸਿੰਘ ਅਤੇ ਮੇਘਨਾ ਗੁਪਤਾ ਕਰਨਗੇ।

# ਲਾਇਨਜ਼ ਕਲੱਬ ਆਦਮਪੁਰ ਦਾ ਸਹੁੰ ਚੁੱਕ ਸਮਾਗਮ ਅਮਿੱਟ ਯਾਦਾਂ ਛੱਡਦਾ ਸਮਾਪਤ



**ਆਦਮਪੁਰ (ਪਰਮਜੀਤ ਸਿੰਘ)-** ਲਾਇਨਜ਼ ਕਲੱਬ ਆਦਮਪੁਰ ਦੋਆਬਾ ਵੱਲੋਂ ਸਾਲਾਨਾ ਸਮਾਗਮ ਸਾਲ 2023-24 ਦੀ ਨਵੀਂ ਕਾਰਜਕਾਰਨੀ ਦਾ ਸਹੁੰ ਚੁੱਕ ਸਮਾਗਮ ਅਮਿੱਟ ਯਾਦਾਂ ਛੱਡਦਾ ਹੋਇਆ ਸਮਾਪਤ ਹੋਇਆ।ਸਮਾਗਮ ਦੌਰਾਨ ਮੁੱਖ ਮਹਿਮਾਨ ਵਜੋਂ ਲਾਇਨਜ਼ ਕਲੱਬ 321ਡੀ ਜੋਨ ਦੇ ਜ਼ਿਲ੍ਹਾ ਗਵਰਨਰ ਲਾਇਨ ਇੰਜ. ਐਸ ਪੀ ਸੋਂਧੀ, ਸ਼ਾਈਨਿੰਗ ਸਟਾਰ ਵਜੋਂ ਪ੍ਰਸਿੱਧ ਸਮਾਜ ਸੇਵਕ ਜਤਿੰਦਰ ਜੇ ਮਿਨਹਾਸ, ਸਟਾਰ ਗੈਸਟ ਵਜੋਂ ਕੁਲਜੀਤ ਸਿੰਘ ਮਿਨਹਾਸ ਕਨੇਡਾ, ਪਰਮਜੀਤ ਕੌਰ ਮਿਨਹਾਸ ਕਨੇਡਾ, ਪਰਮਜੀਤ ਸਿੰਘ ਰਾਏਪੁਰ ਮੈਂਬਰ ਐਸ ਜੀ ਪੀ ਸੀ, ਵਿਸ਼ੇਸ਼ ਮਹਿਮਾਨ ਵਜੋਂ ਵਰਲਡ ਪੀਸ ਇੰਸਟੀਚਿਊਟ ਤੋਂ ਡਾ.ਪਰਵਿੰਦਰ ਸਿੰਘ, ਵਿਸ਼ਵ ਦੋਆਬਾ ਰਾਜਪੂਤ ਸਭਾ ਦੇ ਪ੍ਰਧਾਨ ਓਂਕਾਰ ਸਿੰਘ ਮਿਨਹਾਸ, ਚੇਅਰਮੈਨ ਜਸਪਾਲ ਸਿੰਘ ਬਿੰਜੋਂ ਸ਼ਾਮਲ ਹੋਏ।ਇਸ ਮੌਕੇ ਪ੍ਰਧਾਨ ਅਕਸ਼ਰਦੀਪ ਸ਼ਰਮਾ, ਸਕੱਤਰ ਜੈਮਿਨੀ ਜੱਗੀ, ਖਜਾਨਚੀ ਰਾਜੀਵ ਸਿੰਗਲਾ, ਉਪ ਪ੍ਰਧਾਨ ਕੁਲਵੀਰ ਸਿੰਘ, ਟੇਮਰ ਗੁਰਮੀਤ ਸਿੰਘ ਬੋਪਾਰਾਏ, ਟੇਲ ਟਵਿਸਟਰ ਹਰਿੰਦਰ ਸਿੰਘ ਬਾਂਸਲ ਨੇ ਸਹੁੰ ਚੁੱਕੀ।ਸਮਾਗਮ ਦੀ ਸ਼ੁਰੂਆਤ ਕਰਦਿਆਂ ਇੰਸਟਾਲੇਸ਼ਨ ਅਧਿਕਾਰੀ ਸਾਬਕਾ ਜ਼ਿਲ੍ਹਾ ਗਵਰਨਰ ਪਰਮਜੀਤ ਸਿੰਘ ਚਾਵਲਾ ਨੇ ਨਵੀਂ ਟੀਮ ਨੂੰ ਸਹੁੰ ਚੁਕਾਈ ਅਤੇ ਕਲੱਬ ਵੱਲ ਉਨ੍ਹਾਂ ਦੀਆਂ ਡਿਊਟੀਆਂ ਸਮਝਾਉਂਦਿਆਂ ਆਸ ਪ੍ਰਗਟ ਕੀਤੀ ਕਿ ਉਨ੍ਹਾਂ ਨੂੰ ਪੂਰਾ ਯਕੀਨ ਹੈ ਕਿ ਇਸ ਸਾਲ ਇਹ ਟੀਮ ਪ੍ਰਧਾਨ ਅਕਸ਼ਰਦੀਪ ਸ਼ਰਮਾ ਦੀ ਅਗਵਾਈ ਹੇਠ ਸਮਾਜ ਸੇਵਾ ਦੇ ਖੇਤਰ ਅੰਦਰ ਨਵੇਂ ਕੀਰਤੀਮਾਨ ਸਥਾਪਤ ਕਰੇਗੀ।ਇਸ ਮੌਕੇ ਉਪ ਜ਼ਿਲ੍ਹਾ ਗਵਰਨਰ ਇੱਕ ਰਸ਼ਪਾਲ ਸਿੰਘ ਬੱਚਾਜੀਵੀ ਨੇ ਕਲੱਬ ਨਾਲ ਜੁੜੇ ਨਵੇਂ ਮੈਂਬਰ ਨੂੰ ਸਹੁੰ ਚੁਕਾਈ ਅਤੇ ਦੱਸਿਆ ਕਿ ਉਹ ਹੁਣ ਲਾਇਨਜ਼ ਪਰਵਾਰ ਨਾਲ ਜੁੜੇ ਹਨ ਅਤੇ ਉਨ੍ਹਾਂ ਦਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਖੁਸ਼ੀ ਹੋ ਰਹੀ ਹੈ ਕਿ ਅੱਜ ਉਨ੍ਹਾਂ ਦੇ ਪਰਵਾਰ ਵਿਚ ਵਾਧਾ ਹੋ ਰਿਹਾ ਹੈ ਤੇ ਖਾਸ ਤੌਰ 'ਤੇ ਨੌਜਵਾਨ ਅੱਜ ਸਮਾਜ ਸੇਵਾ ਦੇ ਖੇਤਰ ਅੰਦਰ ਅੱਗੇ ਆ ਰਹੇ ਹਨ।ਇਸ ਮੌਕੇ ਸ਼ਾਈਨਿੰਗ ਸਟਾਰ ਗੈਸਟ ਜਤਿੰਦਰ ਜੇ ਮਿਨਹਾਸ ਨੇ ਕਿਹਾ ਕਿ ਲਾਇਨਜ਼ ਕਲੱਬ ਆਦਮਪੁਰ ਨਾਲ ਕੰਮ ਕਰਦਿਆਂ ਉਨ੍ਹਾਂ ਨੂੰ ਲੰਬਾ ਸਮਾਂ ਹੋ ਚੁੱਕਾ ਹੈ ਤੇ ਜਿਸ ਤਰੀਕੇ ਨਾਲ ਇਹ ਕਲੱਬ ਪਹਿਲਾਂ ਕੰਮ ਕਰਦਾ ਰਿਹਾ ਹੈ ਉਹ ਹਮੇਸ਼ਾ ਉਨ੍ਹਾਂ ਦੀ ਸੇਵਾ ਭਾਵਨਾ ਨੂੰ ਵੇਖਦਿਆਂ ਹਰ ਸੰਭਵ ਸਹਾਇਤਾ ਕਰਦੇ ਆ ਰਹੇ ਹਨ। ਇਸ ਮੌਕੇ ਮੁੱਖ ਮਹਿਮਾਨ ਵਜੋਂ ਜ਼ਿਲ੍ਹਾ ਗਵਰਨਰ ਇੰਜ. ਐਸ ਪੀ ਸੋਂਧੀ ਨੇ ਕਿਹਾ ਕਿ ਲਾਇਨਜ਼ ਕਲੱਬ ਦਾ ਗਠਨ ਹੀ ਸੇਵਾ ਭਾਵਨਾ ਨੂੰ ਮੁੱਖ ਰੱਖਦਿਆਂ ਹੋਇਆ ਸੀ ਤੇ ਅੱਜ ਸਾਡੀ ਸੰਸਥਾ ਹਰ ਦੇਸ਼ ਅੰਦਰ ਆਪਣੇ ਆਪਣੇ ਖੇਤਰਾਂ ਵਿੱਚ ਸਮਾਜ ਸੇਵਾ ਦੇ ਖੇਤਰ ਅੰਦਰ ਪੂਰੀ ਤਨਦੇਹੀ ਨਾਲ ਕੰਮ ਕਰ ਰਿਹਾ ਹੈ। ਅੱਜ ਦੀ ਨੌਜਵਾਨ ਟੀਮ ਨੂੰ ਵੇਖ ਉਹ ਵੀ ਉਤਸ਼ਾਹਿਤ ਹਨ ਤੇ ਉਨ੍ਹਾਂ ਨੂੰ ਵੀ ਪੂਰੀ ਆਸ ਹੈ ਕਿ ਪ੍ਰਧਾਨ ਅਕਸ਼ਰਦੀਪ ਸ਼ਰਮਾ ਇਸ ਸਾਲ ਕਲੱਬ ਨੂੰ ਨਵੀਆਂ ਉਚਾਈਆਂ 'ਤੇ ਲੈ ਕੇ ਜਾਣਗੇ। ਅਖੀਰ ਉਪ ਜ਼ਿਲ੍ਹਾ ਗਵਰਨਰ ਦੋ ਲਾਇਨ ਵੀ ਐਮ ਗੋਇਲ ਨੇ ਅੰਤਰ ਰਾਸ਼ਟਰੀ ਪੱਧਰ 'ਤੇ ਕਲੱਬ ਵੱਲੋਂ ਕੀਤੇ ਜਾ ਰਹੇ ਕੰਮਾਂ ਸਬੰਧੀ ਸਭਨਾਂ ਨੂੰ ਜਾਣੂ ਕਰਵਾਇਆ। ਸਮਾਗਮ ਦੌਰਾਨ ਆਪਣੇ ਸੰਬੋਧਨ ਅੰਦਰ ਪ੍ਰਧਾਨ ਅਕਸ਼ਰਦੀਪ ਸ਼ਰਮਾ ਨੇ ਸਾਰਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਮਾਸਟਰ ਆਫ ਸੈਰੇਮਨੀ ਲਾਇਨ ਅਮਰਜੀਤ ਸਿੰਘ ਭੋਗਪੁਰੀਆ, ਹਰਵਿੰਦਰ ਸਿੰਘ ਪ੍ਰਹਾਰ ਨੇ ਸਮਾਗਮ ਨੂੰ ਤਰਤੀਬ ਵਾਰ ਅੱਗੇ ਵਧਾਇਆ।ਅਖੀਰ ਲਾਇਨ ਦਸ਼ਵਿਦਰ ਚਾਂਦ ਨੇ ਆਏ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ।ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਕਲੱਬ ਦੇ ਮੈਂਬਰ, ਇਲਾਕਾ ਅਤੇ ਸ਼ਹਿਰ ਵਾਸੀਆਂ ਨੇ ਨਵੀਂ ਟੀਮ ਨੂੰ ਵਧਾਈ ਦਿੱਤੀ।

# ਟਰਾਲੀ ਦੀ ਲਪੇਟ 'ਚ ਆਉਣ ਨਾਲ ਇੱਕ ਦੀ ਮੌਤ





**ਭੋਗਪੁਰ-(ਗੁਰਪ੍ਰੀਤ ਸਿੰਘ ਭੋਗਲ)** ਭੋਗਪੁਰ ਅਧੀਨ ਪੈਂਦੇ ਪਿੰਡ ਬਿੰਨਪਾਲਕੇ ਵਿਖੇ ਟਰਾਲੀ ਦੀ ਲਪੇਟ ਵਿੱਚ ਆਉਣ ਨਾਲ ਸਰਵਣ ਸਿੰਘ ਪਿੰਡ ਬੂਲੇ, ਡਾਕਖਾਨਾ ਮੁਸਤਾਫਪੁਰ, ਜ਼ਿਲ੍ਹਾ ਜਲੰਧਰ ਦੀ ਮੌਕੇ 'ਤੇ ਮੌਤ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ।ਇਸ ਮੌਕੇ ਮਿਲੀ ਜਾਣਕਾਰੀ ਅਨੁਸਾਰ ਸਰਵਣ ਸਿੰਘ ਪਿੰਡ ਬੂਲੇ, ਡਾਕਖਾਨਾ ਮੁਸਤਾਫਪੁਰ, ਜ਼ਿਲ੍ਹਾ ਜਲੰਧਰ ਗੁੜ ਵੇਚਣ ਦੀ ਫੇਰੀ ਲਾਉਣ ਦਾ ਕੰਮ ਕਰਦੇ ਸਨ।ਸਰਵਣ ਸਿੰਘ ਗੁੜ ਦੀ ਫੇਰੀ ਲਾਉਣ ਪਿੰਡ ਸੱਧੇ ਤੋਂ ਪਿੰਡ ਬਿਨਪਾਲਕੇ ਵੱਲ ਨੂੰ ਆ ਰਹੇ ਸਨ ਤਾਂ ਭੋਗਪੁਰ ਤੋਂ ਆਦਮਪੁਰ ਦੀ ਸੜਕ ਕ੍ਰੋਸ ਕਰਕੇ ਬਿੰਨਪਾਲਕੇ ਅੰਦਰ ਜਾਣ ਲੱਗੇ ਤਾਂ ਭੋਗਪੁਰ ਤੋਂ ਆਦਮਪੁਰ ਵੱਲ ਜਾ ਰਹੇ ਤੇਜ਼ ਰਫਤਾਰ ਟਰੈਕਟਰ ਟਰਾਲੀ ਦੀ ਲਪੇਟ ਵਿੱਚ ਆ ਗਏ।ਜਿਨ੍ਹਾਂ ਦੀ ਕੁਝ ਟਾਇਮ ਤੋਂ ਬਾਅਦ ਮੌਤ ਹੋ ਗਈ।ਜਾਣਕਾਰੀ ਮੁਤਾਬਕ ਟਰੈਕਟਰ ਇੱਕ ਪ੍ਰਵਾਸੀ ਭਈਆ ਚਲਾ ਰਿਹਾ ਸੀ ਜੋ ਪਿੰਡ ਮਾਨਕਰਾਈ ਦਾ ਦੱਸਿਆ ਜਾ ਰਿਹਾ ਹੈ।

ਪਰਵਾਰਿਕ ਮੈਂਬਰਾਂ ਨੇ ਦੱਸਿਆ ਕਿ ਐਂਬੂਲੈਂਸ ਫੋਨ ਕਰਨ 'ਤੇ ਵੀ ਘਟਨਾ ਸਥਲ 'ਤੇ ਨਹੀਂ ਪਹੁੰਚੀ ਅਤੇ ਪਰਵਾਰਿਕ ਮੈਂਬਰਾਂ ਨੇ ਪੁਲਸ ਇੱਕ ਘੰਟਾ ਲੇਟ ਪੁੱਜਣ ਦੇ ਵੀ ਦੋਸ਼ ਲਗਾਏ ਅਤੇ ਕਿਹਾ ਜੇਕਰ ਐਂਬੂਲੈਂਸ ਜਾਂ ਪ੍ਰਸ਼ਾਸ਼ਨ ਟਾਈਮ ਸਿਰ ਆ ਜਾਂਦੇ ਤਾਂ ਸ਼ਾਇਦ ਉਹਨਾਂ ਦੇ ਪਿਤਾ ਦੀ ਜਾਨ ਬਚ ਜਾਂਦੀ।ਇਸ ਮੌਕੇ ਪੁਲਸ ਪ੍ਰਸ਼ਾਸ਼ਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੁਲਸ ਦੀਆਂ ਡਿਊਟੀਆਂ ਜਲੰਧਰ ਲੱਗਣ ਦੇ ਨਾਲ ਸਟਾਫ ਦੀ ਦੀ ਘਾਟ ਚੱਲ ਰਹੀ ਹੈ।

# 'ਗੂੰਜ ਦਾ ਰੈਜ਼ੋਨੈਂਸ' ਸਿਰਲੇਖ ਹੇਠ ਕਰਵਾਇਆ ਸਲਾਨਾ ਸਮਾਗਮ



**ਮਹਿਤਪੁਰ (ਰਾਜਾ)** ਏਕਮ ਪਬਲਿਕ ਸਕੂਲ ਮਹਿਤਪੁਰ ਵਿਖੇ ਗੂੰਜ ਦਾ ਰੈਜ਼ੋਨੈਂਸ' ਦੇ ਸਿਰਲੇਖ ਹੇਠ ਸਾਲਾਨਾ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ ਜਿਸ 'ਚ ਇਲਾਕੇ ਦੇ ਐਮ ਐੱਲ ਏ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਨੇ ਮੁੱਖ ਮਹਿਮਾਨ ਦੇ ਤੌਰ 'ਤੇ ਸ਼ਿਰਕਤ ਕੀਤੀ।ਇਸ ਮੌਕੇ ਵਿਸ਼ੇਸ਼ ਮਹਿਮਾਨ ਰਾਣਾ ਹਰਦੀਪ ਸਿੰਘ ਸੀਨੀਅਰ ਲੀਡਰ 'ਆਪ' ਅਤੇ ਪਿੰਦਰ ਪੰਡੋਰੀ ਇੰਟਰਨੈਸ਼ਨਲ ਕਬੱਡੀ ਪਲੇਅਰ, ਸੁਰਿੰਦਰ ਸਿੰਘ, ਸੀਨੀਅਰ ਐਡਵੋਕੇਟ ਸ਼ਿਵਕਰਨ ਮਲਹੋਤਰਾ, ਦਲਜੀਤ ਸਿੰਘ (ਪ੍ਰਧਾਨ), ਡਾਇਰੈਕਟਰ ਨਿਰਮਲ ਸਿੰਘ, ਪ੍ਰਿੰਸੀਪਲ ਅਮਨਦੀਪ ਕੌਰ ਅਤੇ ਸ਼੍ਰੀਮਤੀ ਅਮਰਜੀਤ ਕੌਰ ਵਲੋਂ ਸਾਂਝੇ ਤੌਰ 'ਤੇ ਸ਼ਮਾ ਰੌਸ਼ਨ ਕਰਕੇ ਸਮਾਗਮ ਦੀ ਸ਼ੁਰੂਆਤ ਕੀਤੀ।ਇਸ ਉਪਰੰਤ ਵਿਦਿਆਰਥੀਆਂ ਵੱਲੋਂ ਸ਼ਬਦ ਗਾਇਨ ਕੀਤਾ ਗਿਆ। ਸਮਾਰੋਹ ਦੌਰਾਨ ਰਤਨ ਸਿੰਘ ਕਾਕੜ ਕਲਾਂ ਹਲਕਾ ਇੰਚਾਰਜ ਆਪ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ।ਇਸ ਮੌਕੇ ਸਕੂਲ ਦੇ ਬੱਚਿਆਂ ਵੱਲੋਂ ਗੂੰਜ ਦਾ ਰੈਜ਼ੋਨੈਂਸ ਦੇ ਸਿਰਲੇਖ ਹੇਠ ਰੰਗਾ ਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ ਜਿਸ ਨੇ ਆਏ ਹੋਏ ਸਭ ਮਹਿਮਾਨਾਂ ਅਤੇ ਮਾਪਿਆਂ ਨੂੰ ਕੀਲ ਕੇ ਰੱਖ ਲਿਆ। ਨੰਨੇ ਮੁੰਨੇ ਬੱਚਿਆਂ ਵਲੋਂ ਪੇਸ਼ ਕੀਤੇ ਗਏ ਜੰਗਲ ਅਤੇ ਅਮਰੇਲਾ ਡਾਂਸ ਨੇ ਸਭ ਦਾ ਮਨ ਮੋਹ ਲਿਆ। ਸਕੂਲ ਦੇ ਵਿਦਿਆਰਥੀਆਂ ਵਲੋਂ ਪੇਸ਼ ਕੀਤੇ ਗਏ ਪੰਜਾਬੀ ਨਾਟਕ 'ਰਿਸ਼ਤਿਆ ਦੀ ਗੂੰਜ' ਨੇ ਸਭ ਦੇ ਅੰਦਰ ਇੱਕ ਹਲਚਲ ਮਚਾ ਦਿੱਤੀ। ਇਸੇ ਪ੍ਰਕਾਰ 'ਵਿਰਸੇ ਦੀ ਗੂੰਜ' 'ਚੋਂ ਸਿੱਕਾ, ਜੱਗਾ ਅਤੇ ਝੂਮਰ ਨੇ ਇੱਕ ਵੱਖਰਾ ਹੀ ਰੰਗ ਬੰਨ੍ਹ ਦਿੱਤਾ। ਸਕੂਲ ਪ੍ਰਿੰਸੀਪਲ ਸ਼੍ਰੀਮਤੀ ਅਮਨਦੀਪ ਕੌਰ ਵੱਲੋਂ ਆਏ ਹੋਏ ਮਹਿਮਾਨਾਂ ਨੂੰ ਜੀ ਆਇਆ ਆਖਿਆ ਗਿਆ।ਇਨਾਮ ਵੰਡ ਸਮਾਰੋਹ ਦੌਰਾਨ ਮੁੱਖ ਮਹਿਮਾਨ ਵੱਲੋਂ ਪਹਿਲੀ ਤੋਂ ਬਾਰ੍ਹਵੀਂ ਤੱਕ ਦੇ ਫਸਟ, ਸੈਕਿੰਡ ਅਤੇ ਥਰਡ ਪੁਜੀਸ਼ਨ ਵਾਲੇ ਵਿਦਿਆਰਥੀਆਂ ਨੂੰ ਇਨਾਮ ਤਸਦੀਕ ਕੀਤੇ ਗਏ।ਇਸਦੇ ਨਾਲ ਹੀ ਸਕੂਲ ਦੇ ਦੋ ਵਿਦਿਆਰਥੀਆਂ ਕਿਰਨਦੀਪ ਕੌਰ ਬਾਜਵਾ ਅਤੇ ਮਿਲਨ ਦੀਪ ਸਿੰਘ ਨੂੰ ਸਟੂਡੈਂਟ ਆਫ਼ ਦੀ ਯੀਅਰ ਨਾਲ ਨਵਾਜ਼ਿਆ ਗਿਆ। ਛੇ ਵਿਦਿਆਰਥੀਆਂ ਨੂੰ ਬੈਸਟ ਅਟੈਂਨਡੈਂਸ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ।ਮਹਿੰਦਰਪਾਲ ਸਿੰਘ ਟੁਰਨਾ, ਸੁਖਵਿੰਦਰ ਸਿੰਘ, ਡਾਕਟਰ ਅਮਰਜੀਤ ਸਿੰਘ ਥਿੰਦ, ਨਰਿੰਦਰਪਾਲ ਸਿੰਘ ਚੰਦੀ, ਸੁਖਦੇਵ ਸਿੰਘ ਜੱਜ, ਨਰਿੰਦਰ ਅਰੋੜਾ, ਪਰਵੀਨ ਗਰੋਵਰ, ਹਰਵਿੰਦਰ ਸਿੰਘ ਮਠਾੜੂ, ਤਜਿੰਦਰ ਸਿੰਘ ਰਾਮਪੁਰ, ਬਲਕਾਰ ਸਿੰਘ ਚੱਠਾ ਚੇਅਰਮੈਨ, ਬਲਕਾਰ ਸਿੰਘ ਨੰਬਰਦਾਰ, ਹਰਪਾਲ ਸਿੰਘ ਚੰਦੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਸਕੂਲ ਮੈਨੇਜਮੈਂਟ ਵੱਲੋਂ ਆਏ ਹੋਏ ਮਹਿਮਾਨਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।ਸਟੇਜ ਦਾ ਸੰਚਾਲਨ ਮੈਡਮ ਸਵਪਨਦੀਪ ਕੌਰ ਅਤੇ ਰਣਜੋਧ ਸਿੰਘ ਵੱਲੋਂ ਕੀਤਾ ਗਿਆ।

# ਰੋਜ਼ਾ ਸ਼ਰੀਫ਼ ਮੰਢਾਲੀ ਮੇਲੇ 'ਤੇ ਕਲਾਕਾਰਾਂ ਨੇ ਭਰੀਆਂ ਹਾਜ਼ਰੀਆਂ



**ਬਹਿਰਾਮ, ਮੇਹਲੀ (ਅਵਤਾਰ ਕਲੇਰ, ਗੁਰਨਾਮ)** ਦਰਬਾਰ ਸੱਯਦ ਉੱਲ ਸ਼ੇਖ ਬਾਬਾ ਅਬਦੁੱਲੇ ਸ਼ਾਹ ਕਾਦਰੀ ਰੋਜ਼ਾ ਸ਼ਰੀਫ਼ ਮੰਢਾਲੀ ਵਿਖੇ, ਸਾਬਰ ਦਾਤਾ ਅਲੀ ਅਹਿਮਦ ਸ਼ਾਹ ਕਾਦਰੀ ਦਾ ਸਾਲਾਨਾ ਮੇਲਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ।ਮੇਲੇ ਦੇ ਪਹਿਲੇ ਦਿਨ ਨਿਸ਼ਾਨ ਸਾਹਿਬ ਦੀ ਰਸਮ ਅਤੇ ਚਿਰਾਗ ਰੌਸ਼ਨ ਕੀਤੇ।ਦੂਸਰੇ ਦਿਨ ਪੰਜਾਬ ਦੇ ਮਸ਼ਹੂਰ ਕਲਾਕਾਰਾਂ ਗੁਰਮੇਜ ਮੇਹਲੀ, ਰਮੇਸ਼ ਚੌਹਾਨ, ਰਾਣੀ ਅਰਮਾਨ, ਕਮਲ ਕਟਾਣੀਆ, ਜੀ ਸਿੱਧੂ, ਬੂਟਾ ਮੁਹੰਮਦ ਖ਼ਾਨ, ਪੰਮਾ ਤੱਲ੍ਹਣ ਤੋਂ ਇਲਾਵਾ ਹੋਰ ਵੀ ਕਲਾਕਾਰਾਂ ਨੇ ਹਾਜ਼ਰੀਆਂ ਭਰੀਆਂ।ਵੱਖ ਵੱਖ ਦਰਬਾਰਾਂ ਤੋਂ ਸੰਤ ਮਹਾਂਪੁਰਸ਼ਾਂ ਸ਼ਿਰਕਤ ਕੀਤੀ।ਦਾਤਾ ਜੀ ਦਾ ਲੰਗਰ ਅਤੁੱਟ ਵਰਤਾਇਆ ਗਿਆ।ਇਸ ਮੌਕੇ ਸਾਈਂ ਉਮਰੇ ਸ਼ਾਹ ਕਾਦਰੀ, ਮੁਹੰਮਦ ਆਸ਼ਿਕ ਨੀਲਾ, ਡਾ ਸਤਨਾਮ ਪਰਸੋਵਾਲ, ਗੋਰਾ ਚੱਕ ਪ੍ਰੇਮਾ, ਚਰਨਜੀਤ ਸਿੰਘ, ਸੋਨੂੰ ਜੱਸੋਮਜਾਰਾ, ਨੂਰ ਮੁਹੰਮਦ, ਜੈ ਪਾਲ, ਪੱਪੀ ਅਨੀਹਰ, ਮਨੀ, ਗੱਗੀ, ਹਨੀ, ਜੀਤਾ, ਹਰਪ੍ਰੀਤ ਜੱਖੂ, ਚੰਨੀ ਖੋਥੜਾਂ, ਹਰਬੰਸ ਕੁਲਥਮ, ਮੀਰਾ ਸ਼ਰਮਾ ਸਰਪੰਚ ਮੰਢਾਲੀ, ਬਲਜੀਤ ਸਿੰਘ ਸਰਪੰਚ ਕੁਲਥਮ, ਕਮਲਜੀਤ ਕੌਰ ਸਾਬਕਾ ਸਰਪੰਚ ਮੰਢਾਲੀ, ਧਰਮਿੰਦਰ ਸਿੰਘ ਨੰਬਰਦਾਰ ਮੰਢਾਲੀ, ਮਲਕੀਤ ਮੰਢਾਲੀ ਹੁਸਨ ਲਾਲ ਜੱਬੋਵਾਲ, ਸੋਨੀ ਮੰਢਾਲੀ, ਬੰਟੀ ਮੰਢਾਲੀ ਆਦਿ ਹਾਜ਼ਰ ਸਨ।

# 8ਵੇਂ ਸਪਾਰਕ ਕਰੀਅਰ ਗਾਈਡੈਂਸ ਪ੍ਰੋਗਰਾਮ ਦੀ ਸ਼ੁਰੂਆਤ



**ਜਲੰਧਰ ( ਸ਼ੈਲੀ ਐਲਬਰਟ):-** ਸਥਾਨਕ ਸਰਕਾਰਾਂ ਬਾਰੇ ਮੰਤਰੀ ਬਲਕਾਰ ਸਿੰਘ ਅਤੇ ਡਿਪਟੀ ਕਮਿਸ਼ਨਰ ਜਲੰਧਰ ਵਿਸ਼ੇਸ਼ ਸਾਰੰਗਲ ਨੇ ਇਥੇ ਗੁਰੂ ਗੋਬਿੰਦ ਸਿੰਘ ਸਟੇਡੀਅਮ ਵਿਖੇ 8ਵੇਂ ਸਪਾਰਕ ਕਰੀਅਰ ਗਾਈਡੈਂਸ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ। ਇੱਥੇ ਸਟੇਡੀਅਮ ਵਿੱਚ ਇਕੱਤਰ ਵਿਦਿਆਰਥੀਆਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਸਥਾਨਕ ਸਰਕਾਰਾਂ ਬਾਰੇ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਨੌਜਵਾਨਾਂ ਲਈ ਰੋਜ਼ਗਾਰ ਅਤੇ ਵਿਕਾਸ ਦੀਣ ਨਵੇਂ ਰਾਹ ਖੋਲ੍ਹਣ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਇਸ ਕਰੀਅਰ ਗਾਈਡੈਂਸ ਪ੍ਰੋਗਰਾਮ ਦਾ ਉਦੇਸ਼ ਵਿਦਿਆਰਥੀਆਂ ਨੂੰ ਆਪਣੀ ਕਿਸਮਤ ਨੂੰ ਬਦਲਣ ਲਈ ਤਿਆਰ ਕਰਨਾ ਹੈ ਅਤੇ ਇਸ ਦੋ ਦਿਨਾਂ ਪ੍ਰੋਗਰਾਮ ਵਿੱਚ ਭਾਗ ਲੈਣ ਵਾਲੇ ਮਾਹਰ ਵਿਦਿਆਰਥੀਆਂ ਨੂੰ ਜੀਵਨ ਵਿੱਚ ਉੱਤਮਤਾ ਹਾਸਲ ਕਰਨ ਦਾ ਰਾਹ ਦਿਖਾਉਣਗੇ।ਸਥਾਨਕ ਸਰਕਾਰਾਂ ਬਾਰੇ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਨੌਜਵਾਨਾਂ ਨੂੰ 40000 ਤੋਂ ਵੱਧ ਸਰਕਾਰੀ ਨੌਕਰੀਆਂ ਪੂਰੀ ਤਰ੍ਹਾਂ ਮੈਰਿਟ ਦੇ ਆਧਾਰ 'ਤੇ ਦਿੱਤੀਆਂ ਗਈਆਂ ਹਨ। ਇਸੇ ਤਰ੍ਹਾਂ ਸੂਬੇ ਵਿੱਚ 58000 ਕਰੋੜ ਤੋਂ ਵੱਧ ਦਾ ਨਿਵੇਸ਼ ਹੋਇਆ ਹੈ, ਜਿਸ ਨਾਲ ਪ੍ਰਾਈਵੇਟ ਖੇਤਰ ਵਿੱਚ 2.98 ਲੱਖ ਤੋਂ ਵੱਧ ਨੌਕਰੀਆਂ ਪੈਦਾ ਹੋਣਗੀਆਂ। ਸਥਾਨਕ ਸਰਕਾਰਾਂ ਬਾਰੇ ਮੰਤਰੀ ਨੇ ਕਿਹਾ ਕਿ ਸੂਬੇ ਵਿੱਚ 'ਆਪ' ਦੀ ਸਰਕਾਰ ਬਣਨ ਤੋਂ ਬਾਅਦ ਮਹਾਨ ਕੌਮੀ ਆਗੂਆਂ ਦੇ ਸੁਪਨੇ ਸਾਕਾਰ ਹੋਣ ਦਾ ਲੋਕਾਂ ਦਾ ਲੰਮਾ ਇੰਤਜ਼ਾਰ ਪੂਰਾ ਹੋ ਗਿਆ ਹੈ। ਸਥਾਨਕ ਸਰਕਾਰਾਂ ਬਾਰੇ ਮੰਤਰੀ ਨੇ ਕਿਹਾ ਕਿ ਨੌਜਵਾਨਾਂ ਨੂੰ ਲਾਭ ਦੇਣ ਲਈ ਸਿੱਖਿਆ ਦੇ ਖੇਤਰ ਵਿੱਚ ਬਹੁਤ ਸਾਰੇ ਸੁਧਾਰ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਸਰਕਾਰ ਪਹਿਲਾਂ ਤੋਂ ਹੀ ਇਹ ਯਕੀਨੀ ਬਣਾਉਣ ਲਈ ਅਣਥੱਕ ਮਿਹਨਤ ਕਰ ਰਹੀ ਹੈ ਕਿ ਸਿੱਖਿਆ ਦੇ ਪਾਠਕ੍ਰਮ ਨੂੰ ਇਸ ਤਰੀਕੇ ਨਾਲ ਤੈਅ ਕੀਤਾ ਜਾਵੇ ਕਿ ਇਹ ਨੌਜਵਾਨਾਂ ਨੂੰ ਨੌਕਰੀਆਂ ਪ੍ਰਾਪਤ ਕਰਨ ਵਿੱਚ ਸਹਾਈ ਹੋਵੇ। ਇਸ ਦੌਰਾਨ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਨੇ ਕਿਹਾ ਕਿ ਅੱਜ ਦੇ ਮੁਕਾਬਲੇ ਦੇ ਯੁੱਗ ਵਿੱਚ ਸਹੀ ਮਾਰਗਦਰਸ਼ਨ ਸਫ਼ਲਤਾ ਦੀ ਕੁੰਜੀ ਹੈ।ਉਨ੍ਹਾਂ ਕਿਹਾ ਕਿ ਇਸ ਦੋ ਦਿਨਾਂ ਪ੍ਰੋਗਰਾਮ 'ਚ ਵਿਦਿਆਰਥੀਆਂ ਵੱਖ-ਵੱਖ ਖੇਤਰਾਂ ਦੇ ਮਾਹਰਾਂ ਦੇ ਵਿਚਾਰ ਸੁਣਨਗੇ, ਜਿਸ ਸਦਕਾ ਉਹ ਆਪਣੀ ਪਸੰਦ ਦੇ ਕਰੀਅਰ ਵਿੱਚ ਉੱਤਮਤਾ ਪ੍ਰਾਪਤ ਕਰ ਸਕਣਗੇ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸੁਪਨੇ ਦੇਖਣਾ, ਸਖ਼ਤ ਮਿਹਨਤ ਅਤੇ 'ਗ੍ਰੋਥ ਮਾਈਂਡਸੈੱਟ' ਦੇ ਤਿੰਨ ਸਿਧਾਂਤ ਨੌਜਵਾਨਾਂ ਨੂੰ ਆਪਣੀ ਜ਼ਿੰਦਗੀ ਵਿੱਚ ਉੱਤਮਤਾ ਪ੍ਰਾਪਤ ਕਰਨ ਵਿੱਚ ਸਹਾਈ ਹੋ ਸਕਦੇ ਹਨ। ਸ੍ਰੀ ਸਾਰੰਗਲ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਨ ਲਈ ਆਪਣਾ ਕੀਮਤੀ ਸਮਾਂ ਕੱਢਣ ਲਈ ਸਥਾਨਕ ਸਰਕਾਰਾਂ ਬਾਰੇ ਮੰਤਰੀ ਦਾ ਧੰਨਵਾਦ ਵੀ ਕੀਤਾ।

# ਸਰਕਾਰਾਂ ਦੀਆਂ ਗਰੀਬ, ਮਜ਼ਦੂਰ ਮਾਰੂ ਨੀਤੀਆਂ : ਬੇਗਮਪੁਰਾ ਟਾਇਗਰ ਫੋਰਸ



**ਹੁਸ਼ਿਆਰਪੁਰ (ਓ ਪੀ ਰਾਣਾ)** ਬੇਗਮਪੁਰਾ ਟਾਈਗਰ ਫੋਰਸ ਦੀ ਇੱਕ ਜ਼ਰੂਰੀ ਮੀਟਿੰਗ ਫੋਰਸ ਦੇ ਮੁੱਖ ਦਫਤਰ ਭਗਤ ਨਗਰ ਨੇੜੇ ਮਾਡਲ ਟਾਊਨ ਹੁਸ਼ਿਆਰਪੁਰ ਵਿਖੇ ਫੋਰਸ ਦੇ ਜ਼ਿਲ੍ਹਾ ਪ੍ਰਧਾਨ ਹੈਪੀ ਫਤਿਹਗੜ੍ਹ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਉਚੇਚੇ ਤੌਰ 'ਤੇ ਫੋਰਸ ਦੇ ਕੌਮੀ ਚੇਅਰਮੈਨ ਦਾ ਤਰਸੇਮ ਦੀਵਾਨਾ, ਸਟੇਟ ਪ੍ਰਧਾਨ ਵੀਰਪਾਲ ਠਰੋਲੀ, ਦੁਆਬਾ ਪ੍ਰਧਾਨ ਨੇਕੂ ਅਜਨੋਹਾ ਵਿਸ਼ੇਸ਼ ਤੌਰ 'ਤੇ ਪਹੁੰਚੇ। ਮੀਟਿੰਗ ਨੂੰ ਸੰਬੋਧਨ ਕਰਦਿਆਂ ਆਗੂਆ ਨੇ ਕਿਹਾ ਕਿ ਪੰਜਾਬ ਵਿੱਚ ਲੱਕ ਤੋੜਵੀਂ ਮਹਿਂਗਾਈ ਨੇ ਤਾਂ ਪਹਿਲਾ ਹੀ ਆਮ ਲੋਕਾਂ ਦਾ ਜਿਊਣਾ ਮੁਹਾਲ ਕੀਤਾ ਹੋਇਆ ਹੈ, ਜਿਸ ਲਈ ਜ਼ਿੰਮੇਵਾਰ ਪੰਜਾਬ ਦੀ ਸੂਬਾ ਸਰਕਾਰ ਅਤੇ ਕੇਂਦਰ ਦੀ ਭਾਜਪਾ ਸਰਕਾਰ ਹੈ।ਰੋਜ਼ਾਨਾ ਵਰਤੋਂ ਵਾਲਾ ਘਰੇਲੂ ਸਾਮਾਨ ਜਿਵੇਂ ਕਿ ਰਸੋਈ ਗੈਸ, ਸਬਜ਼ੀ, ਘਿਓ, ਆਟਾ, ਦਾਲ ਵਗੈਰਾ ਗ਼ਰੀਬ ਪਰਵਾਰਾ ਦੀ ਪਹੁੰਚ ਤੋਂ ਬਹੁਤ ਹੀ ਦੂਰ ਦਿਖਾਈ ਦੇ ਰਹੇ ਹਨ।ਜਦਕਿ ਸਮੇਂ ਸਮੇਂ ਦੀਆਂ ਸਰਕਾਰਾਂ ਵੱਲੋਂ ਦੇਸ਼ ਵਾਸੀਆ ਪਾਸੋਂ ਮੋਟੇ ਟੈਕਸ ਵਸੂਲੇ ਜਾ ਰਹੇ ਹਨ।ਏਨੇ ਟੈਕਸ ਦੇਣ ਦੇ ਬਾਵਜੂਦ ਵੀ ਪੰਜਾਬ ਵਾਸੀਆਂ ਨੂੰ ਕੋਈ ਸਹੂਲਤ ਮੁਹੱਈਆ ਨਾ ਕਰਵਾਉਣਾ ਪੰਜਾਬ ਸਰਕਾਰ ਤੇ ਕੇਂਦਰ ਸਰਕਾਰ ਦੀ ਨਾਕਾਮੀ ਸਾਫ਼ ਨਜ਼ਰ ਆਉਦੀ ਹੈ।ਉਨ੍ਹਾਂ ਕਿਹਾ ਕਿ ਜੇਕਰ ਪੰਜਾਬ ਸਰਕਾਰ ਚਾਹੇ ਤਾਂ ਉਹ ਖਾਣ ਪੀਣ ਦੀਆਂ ਰੋਜ਼ਾਨਾ ਵਰਤੋਂ ਵਿੱਚ ਆਉਣ ਵਾਲੀਆਂ ਵਸਤੂਆਂ ਤੋਂ ਆਪਣਾ ਸੂਬਾ ਟੈਕਸ ਹਟਾ ਕੇ ਜਾਂ ਘਟਾ ਕੇ ਪੰਜਾਬ ਵਾਸੀਆਂ ਨੂੰ ਕੁਝ ਰਾਹਤ ਦੇ ਸਕਦੀ ਹੈ। ਉਨ੍ਹਾਂ ਕਿਹਾ ਕਿ ਇੱਕ ਗ਼ਰੀਬ ਦਿਹਾੜੀਦਾਰ 400 ਰੁਪਏ ਦਿਹਾੜੀ ਲੈ ਕੇ ਆਪਣੇ ਪਰਵਾਰ ਦਾ ਪੇਟ ਨਹੀਂ ਪਾਲ ਸਕਦਾ ਕਿਉਂਕਿ 35 ਰੁਪਏ ਕਿੱਲੋ ਆਟਾ ਅਤੇ ਲੱਗਭਗ 60 ਕਿੱਲੋ ਦੁੱਧ ਹੋ ਗਿਆ ਹੈ ਜੋ ਕਿ ਗ਼ਰੀਬ ਪਰਵਾਰ ਦੀ ਪਹੁੰਚ ਤੋਂ ਕੋਹਾਂ ਦੂਰ ਹੈ।ਇਸ ਮੌਕੇ ਹੋਰਨਾ ਤੋਂ ਇਲਾਵਾ ਮੀਡੀਆ ਇੰਚਾਰਜ ਚੰਦਰ ਪਾਲ ਹੈਪੀ, ਸਤੀਸ਼ ਕੁਮਾਰ ਸ਼ੇਰਗੜ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ, ਰਾਜ ਕੁਮਾਰ ਬੱਧਣ ਨਾਰਾ ਜ਼ਿਲ੍ਹਾ ਉੱਪ ਪ੍ਰਧਾਨ, ਰਾਜ ਕੁਮਾਰ ਬੱਧਣ ਸ਼ੇਰਗੜ ਪ੍ਰਧਾਨ ਬਲਾਕ 2, ਰਾਕੇਸ ਕੁਮਾਰ ਭੱਟੀ, ਅਮਨਦੀਪ, ਮੁਨੀਸ਼ ਕੁਮਾਰ, ਵਿੱਕੀ ਸਿੰਘ ਪੁਰਹੀਰਾ, ਮੰਗਾ ਸ਼ੇਰਗੜ, ਭੁਪਿੰਦਰ ਮਾਨਾ, ਅਮਨਦੀਪ, ਮੁਨੀਸ਼, ਗੁਰਪ੍ਰੀਤ ਕੁਮਾਰ, ਸਨੀ ਸੀਣਾ, ਭਿੰਦਾ ਸੀਣਾ, ਰਾਕੇਸ਼ ਕੁਮਾਰ ਜਲੋਵਾਲ, ਅਮਨਦੀਪ, ਜੱਸਾ ਸਿੰਘ ਨੰਦਨ, ਚਰਨਜੀਤ ਸਿੰਘ ਡਾਡਾ ਤੇ ਹੋਰ ਅਹੁਦੇਦਾਰ ਤੇ ਮੈਂਬਰ ਹਾਜ਼ਰ ਸਨ।

# ਖੋਸਲਾ ਭਗਵਾਨ ਵਾਲਮੀਕਿ ਸਤਿਕਾਰ ਕਮੇਟੀ ਦੇ ਰਾਸ਼ਟਰੀ ਪ੍ਰਧਾਨ ਨਿਯੁਕਤ



**ਕਾਲਾ ਸੰਘਿਆਂ (ਮਨਜੀਤ ਮਾਨ)** ਡੈਮੋਕਰੈਟਿਕ ਭਾਰਤੀਯ ਲੋਕ ਦਲ ਦੇ ਰਾਸ਼ਟਰੀ ਪ੍ਰਧਾਨ ਗੁਰਮੁੱਖ ਸਿੰਘ ਖੋਸਲਾ ਨੇ ਆਪਣੇ ਸਾਥੀਆਂ ਸਮੇਤ ਸੰਤ ਹਰੀ ਨਾਥ ਦੀ ਬਰਸੀ 'ਤੇ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ। ਇਸ ਮੌਕੇ ਸੰਤ ਮਲਕੀਤ ਨਾਥ ਗੱਦੀਨਸ਼ੀਨ ਧੂਣਾ ਸਾਹਿਬ ਵਾਲਮੀਕਿ ਤੀਰਥ ਅੰਮ੍ਰਿਤਸਰ ਤੋਂ ਆਸ਼ੀਰਵਾਦ ਪ੍ਰਾਪਤ ਕਰਕੇ ਭਗਵਾਨ ਵਾਲਮੀਕਿ ਸਤਿਕਾਰ ਕਮੇਟੀ (ਭਾਰਤ) ਦਾ ਐਲਾਨ ਕੀਤਾ ਗਿਆ ਅਤੇ ਗੁਰਮੁੱਖ ਸਿੰਘ ਖੋਸਲਾ ਨੂੰ ਸਰਬਸੰਮਤੀ ਕਮੇਟੀ ਦੇ ਰਾਸ਼ਟਰੀ ਪ੍ਰਧਾਨ ਨਿਯੁਕਤ ਕੀਤਾ ਗਿਆ । ਗੁਰਮੁੱਖ ਸਿੰਘ ਖੋਸਲਾ ਨੇ ਕਿਹਾ ਕਿ ਅਸੀਂ ਸੰਤ ਮਹਾਪੁਰਸ਼ਾਂ ਦੇ ਆਸ਼ੀਰਵਾਦ ਸਦਕਾ ਭਗਵਾਨ ਵਾਲਮੀਕਿ ਸਤਿਕਾਰ ਕਮੇਟੀ (ਭਾਰਤ) ਦਾ ਗਠਨ ਕੀਤਾ ਹੈ ਅਤੇ ਜਿਹੜੀ ਮੈਨੂੰ ਜ਼ਿੰਮੇਵਾਰੀ ਸੌਂਪੀ ਗਈ ਹੈ ਮੈਂ ਉਸ ਨੂੰ ਤਨਦੇਹੀ ਨਾਲ ਨਿਭਾਵਾਂਗਾ! ਉਨ੍ਹਾਂ ਨੇ ਕਿਹਾ ਕੇ ਜਲਦੀ ਹੀ ਅਸੀਂ ਭਾਰਤ ਦੇ ਅਲੱਗ ਅਲੱਗ ਸੂਬਿਆਂ ਤੋਂ ਨੁਮਾਇੰਦੇ ਲੈ ਕੇ ਐਡਜੈਕਟਿਵ ਬਾਡੀ ਦਾ ਐਲਾਨ ਕਰਾਂਗੇ ! ਇਸ ਮੌਕੇ ਹੋਰਨਾਂ ਤੋਂ ਇਲਾਵਾ ਸੰਤ ਬਲਵੰਤ ਨਾਥ, ਓਮ ਪ੍ਰਕਾਸ਼ ਗੱਬਰ ਚੇਅਰਮੈਨ ਧੂਣਾ ਸਾਹਿਬ ਟ੍ਰਸੱਟ ਵਾਲਮੀਕਿ ਤੀਰਥ ਅੰਮ੍ਰਿਤਸਰ, ਸਰਵਣ ਸਿੰਘ ਬਿੱਟੂ ਨਾਥ,ਚੇਅਰਮੈਨ ਨਛੱਤਰ ਨਾਥ ਸ਼ੇਰਗਿੱਲ, ਰੁੜਾ ਰਾਮ ਰਾਸ਼ਟਰੀ ਜਨਰਲ ਸਕੱਤਰ, ਮੰਗਤ ਰਾਮ ਕਲਿਆਣ ਰਾਸ਼ਟਰੀ ਸਕੱਤਰ, ਕੁਲਜੀਤ ਸਿੰਘ ਰਾਸ਼ਟਰੀ ਸਪੋਕਸਪਰਸਨ, ਮਨੋਜ ਕੁਮਾਰ ਰਾਸ਼ਟਰੀ ਸਕੱਤਰ,ਨੀਲਮ ਗਿੱਲ ਜਨਰਲ ਸਕੱਤਰ ਮਹਿਲਾ ਵਿੰਗ ਪੰਜਾਬ, ਮਨਜੀਤ ਕੌਰ ਮਾਨ ਸੀਨੀਅਰ ਆਗੂ ਡੈਮੋਕਰੈਟਿਕ ਭਾਰਤੀਯ ਲੋਕ ਦਲ ਆਦਿ ਸਾਥੀ ਮੌਜੂਦ ਸਨ ।

# ਕਨਵੋਕੇਸ਼ਨ ਸਮਾਰੋਹ 17 ਨੂੰ

**ਫਗਵਾੜਾ (ਡਾ. ਰਮਨ)** ਮੋਹਣ ਲਾਲ ਉੱਪਲ ਡੀ ਏ ਵੀ ਕਾਲਜ ਮੇਹਟਾ ਫਗਵਾੜਾ ਦੇ ਪ੍ਰਿੰਸੀਪਲ ਡਾ. ਕਿਰਨਜੀਤ ਕੌਰ ਰੰਧਾਵਾ ਨੇ ਦੱਸਿਆ ਕਿ ਕਾਲਜ ਵਿਖੇ 17 ਦਸੰਬਰ ਦਿਨ ਐਤਵਾਰ ਸਵੇਰੇ 11:00 ਵਜੇ ਕਨਵੋਕੇਸ਼ਨ ਸਮਾਰੋਹ ਦਾ ਆਯੋਜਨ ਕੀਤਾ ਜਾ ਰਿਹਾ ਹੈ ਜਿਸ ਵਿੱਚ ਡਾ. ਕੰਚਨ ਗਰਗ, ਸੰਯੁਕਤ ਕਮਿਸ਼ਨਰ, ਇਨਕਮ ਟੈਕਸ, ਨਵੀਂ ਦਿੱਲੀ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ ਜਦਕਿ ਰਣਬੀਰ ਸਿੰਘ ਸੀਹਰਾ, ਪ੍ਰੈਜ਼ੀਡੈਂਟ ਅਤੇ ਸੀ ਈ ਓ, ਜੀ ਐਨ ਏ ਐਕਸਲਜ਼ ਲਿਮਟਿਡ, ਗੈਸਟ ਆਫ਼ ਆਨਰ ਵਜੋਂ ਸਮਾਗਮ ਦੀ ਪ੍ਰਧਾਨਗੀ ਕਰਨਗੇ।

# ਕੀਰਤਨ ਦਰਬਾਰ ਕਰਵਾਇਆ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)** ਨੂਰਮਹਿਲ ਦੇ ਮੁਹੱਲਾ ਗੁਰੂ ਰਵਿਦਾਸ ਪੁਰਾ ਮੁਹੱਲਾ ਵਿਖੇ ਗੁਰਦੇਵ ਸਰੋਏ ਅਤੇ ਨਿਰਮਲ ਸਰੋਏ ਉਨ੍ਹਾਂ ਦੇ ਸਮੂਹ ਸਰੋਏ ਪਰਵਾਰ ਵੱਲੋਂ ਧੰਨ ਧੰਨ ਸਤਿਗੁਰੂ ਸੈਣ ਭਗਤ ਮਹਾਰਾਜ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਦੂਸਰਾ ਕੀਰਤਨ ਦਰਬਾਰ ਕਰਵਾਇਆ ਗਿਆ।ਜਿਸ ਵਿੱਚ ਪੰਜਾਬ ਦੇ ਪ੍ਰਸਿੱਧ ਕੀਰਤਨੀ ਜੱਥੇ ਬਾਬਾ ਗੁਲਾਬ ਸਿੰਘ ਚਮਕੌਰ ਸਾਹਿਬ ਵਾਲੇ, ਮੀਰੀ ਪੀਰਾ ਖਾਲਸਾ ਜੱਥਾ ਜਗਾਧਰੀ ਵਾਲੇ ਕਰਮਜੀਤ ਕੋਮਲ ਉੱਘੀ ਚਿੱਟੀ ਵਾਲੇ ਨੇ ਸੰਗਤਾਂ ਨੂੰ ਆਪਣੇ ਰੂਹਾਨੀ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ।ਆਈਆਂ ਹੋਈਆਂ ਸੰਗਤਾਂ ਦਾ ਧੰਨਵਾਦ ਵੰਸ਼ ਸਰੋਏ ਨੇ ਕੀਤਾ। ਇਸ ਮੌਕੇ ਗੁਰੂ ਦਾ ਅਤੁੱਟ ਲੰਗਰ ਵਰਤਾਇਆ ਗਿਆ।

## ਵਰ੍ਹੇਗੰਢ ਮੁਬਾਰਕ



ਹੈੱਡਮਾਸਟਰ ਵਿਜੈ ਕੁਮਾਰ ਤੇ ਹੈੱਡ ਮਿਸਟਰੈਸ ਰਜਵੰਤ ਕੌਰ ਪਿੰਡ ਭੈਣੀ ਬਾਂਗਰ (ਕਾਦੀਆਂ) ਨੇ ਵਿਆਹ ਦੀ 17ਵੀਂ ਵਰ੍ਹੇਗੰਢ ਮਨਾਈ।



ਜੋਗਿੰਦਰ ਸਿੰਘ ਆਸਟਰੇਲੀਆ ਤੇ ਅਰਸ਼ਪ੍ਰੀਤ ਕੌਰ ਆਸਟਰੇਲੀਆ ਨੇ ਵਿਆਹ ਦੀ 8 ਵੀਂ ਵਰ੍ਹੇਗੰਢ ਮਨਾਈ।

# ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਚੱਬੇਵਾਲਾ ਤੋਂ ਬੱਸ ਰਵਾਨਾ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਪੰਜਾਬ ਅਨੁਸੂਚਿਤ ਜਾਤੀ ਭੂਮੀ ਵਿਕਾਸ ਅਤੇ ਵਿੱਤ ਕਾਰਪੋਰੇਸ਼ਨ ਦੇ ਚੇਅਰਮੈਨ ਹਰਮਿੰਦਰ ਸਿੰਘ ਸੰਧੂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ 'ਮੁਖੀ ਮੰਤਰੀ ਤੀਰਥ ਯਾਤਰਾ ਯੋਜਨਾ' ਤਹਿਤ ਸ੍ਰੀ ਸਾਲਾਸਰ ਧਾਮ ਅਤੇ ਸ੍ਰੀ ਖਾਟੂ ਸ਼ਿਆਮ ਦਾ ਦੌਰੇ ਲਈ ਰਵਾਨਾ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਪੰਜਾਬ ਦੇ ਮੁੱਖ ਮੰਤਰੀ ਨੇ ਸੂਬੇ ਦੇ ਲੋਕਾਂ ਨਾਲ ਕੀਤਾ ਹਰ ਵਾਅਦਾ ਪੂਰਾ ਕੀਤਾ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸ਼ਰਧਾਲੂਆਂ ਨੂੰ ਵੱਖ-ਵੱਖ ਤੀਰਥ ਅਸਥਾਨਾਂ ਦੇ ਮੁਫ਼ਤ ਦਰਸ਼ਨ ਕਰਵਾਏ ਜਾ ਰਹੇ ਹਨ।ਇਸ ਦੌਰਾਨ ਉਨ੍ਹਾਂ ਦੇ ਨਾਲ ਐਸ ਡੀ ਐਮ ਹੁਸ਼ਿਆਰਪੁਰ ਪ੍ਰੀਤਇੰਦਰ ਸਿੰਘ ਬੈਂਸ, ਸਕੱਤਰ ਆਰ ਟੀ ਏ ਆਰ ਐਸ ਗਿੱਲ ਵੀ ਮੌਜੂਦ ਸਨ। ਸੰਧੂ ਨੇ ਕਿਹਾ ਕਿ ਬੜੀ ਖੁਸ਼ੀ ਦਾ ਦਿਨ ਹੈ ਕਿ ਚੱਬੇਵਾਲ ਵਿਧਾਨ ਸਭਾ ਖੇਤਰ ਦੇ ਲੋਕ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਜਾ ਰਹੇ ਹਨ। ਚੱਬੇਵਾਲ ਤੋਂ ਸ਼ਰਧਾਲੂਆਂ ਦੀ ਬੱਸ ਨੂੰ ਸ੍ਰੀ ਸਾਲਾਸਰ ਧਾਮ ਅਤੇ ਸ੍ਰੀ ਖਾਟੂ ਸ਼ਿਆਮ ਲਈ ਰਵਾਨਾ ਕਰਨ ਮੌਕੇ ਪੰਜਾਬ ਅਨੁਸੂਚਿਤ ਜਾਤੀ ਭੂਮੀ ਵਿਕਾਸ ਅਤੇ ਵਿੱਤ ਕਾਰਪੋਰੇਸ਼ਨ ਦੇ ਚੇਅਰਮੈਨ ਨੇ ਕਿਹਾ ਕਿ ਇਸ ਯੋਜਨਾ ਦੇ ਸ਼ੁਰੂ ਹੋਣ ਨਾਲ ਦੇਸ਼ ਭਰ ਵਿੱਚ ਪੰਜਾਬ ਦੇ ਲੋਕਾਂ ਨੂੰ ਵੱਖਰਾ ਲਾਭ ਮਿਲੇਗਾ।ਉਨ੍ਹਾਂ ਸ਼ਰਧਾਲੂਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸੂਬਾ ਸਰਕਾਰ ਨੇ ਇਸ ਤੀਰਥ ਯਾਤਰਾ 'ਤੇ ਜਾਣ ਲਈ ਦੋ ਤਰ੍ਹਾਂ ਦੀਆਂ ਸਹੂਲਤਾਂ ਦਾ ਪ੍ਰਬੰਧ ਕੀਤਾ ਹੈ। ਉਨ੍ਹਾਂ ਦੱਸਿਆ ਕਿ ਲੰਬੀ ਦੂਰੀ ਦੇ ਧਾਰਮਿਕ ਸਥਾਨਾਂ ਦੀ ਯਾਤਰਾ ਦਾ ਸਾਧਨ ਰੇਲਗੱਡੀ ਅਤੇ ਛੋਟੀ ਦੂਰੀ ਲਈ ਸੜਕ ਮਾਰਗ ਰਾਹੀਂ ਏ ਸੀ ਬੱਸਾਂ ਰਾਹੀਂ ਯਾਤਰਾ ਕੀਤੀ ਜਾਵੇਗੀ। ਇਸ ਮੌਕੇ ਮੋਹਨ ਲਾਲ ਚਿੱਟੋ, ਗਗਨਦੀਪ ਚਣਕੂ, ਦਵਿੰਦਰ ਸਿੰਘ ਭੂਨੋ, ਬੂਟਾ ਸਿੰਘ, ਲਖਬੀਰ ਸਿੰਘ, ਨਵਜੋਤ ਸਿੰਘ ਸੰਧੂ, ਨਿਰਪਾਲ ਸਿੰਘ, ਰਣਜੀਤ ਸਿੰਘ, ਸੁਰਜੀਤ ਸਿੰਘ, ਕੁਲਦੀਪ ਰਾਏ, ਰਣਵੀਰ ਸਿੰਘ ਬੋਹਣ, ਸੁਰਿੰਦਰਪਾਲ ਸਿੰਘ ਸੰਧੂ ਅਤੇ ਹੋਰ ਪਤਵੰਤੇ ਵੀ ਹਾਜ਼ਰ ਸਨ।

# ਆਯੂਸ਼ ਪੰਜਾਬ ਸਕੂਲ ਖੇਡਾਂ 'ਚੋਂ ਜਿੱਤਿਆ ਗੋਲਡ ਮੈਡਲ



**ਭੋਗਪੁਰ:-(ਗੁਰਪ੍ਰੀਤ ਸਿੰਘ ਭੋਗਲ)**-67ਵੀਆਂ ਪੰਜਾਬ ਸਕੂਲ ਖੇਡਾਂ ਜੋ ਕਿ ਜ਼ਿਲ੍ਹਾ ਮਲੇਰਕੋਟਲਾ ਵਿਖੇ ਹੋਈਆਂ। ਇਸ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਭੋਗਪੁਰ ਦੇ ਖਿਡਾਰੀ ਆਯੂਸ਼ ਕੇ. ਸੀ. ਨੇ ਅੰਡਰ 17 ਸਾਲ ਉਮਰ ਵਰਗ ਵਿੱਚ 70 ਕਿਲੋਗ੍ਰਾਮ ਵਿੱਚ ਜ਼ਿਲ੍ਹਾ ਜਲੰਧਰ ਦੀ ਟੀਮ ਵੱਲੋਂ ਖੇਡਦੇ ਹੋਏ ਕਿੱਕ ਬਾਕਸਿੰਗ ਖੇਡ 'ਚ ਆਪਣੇ ਵੱਖ ਵੱਖ ਜ਼ਿਲ੍ਹਿਆਂ ਦੇ ਵਿਰੋਧੀ ਖਿਡਾਰੀਆਂ ਨੂੰ ਹਰਾ ਕੇ ਗੋਲਡ ਮੈਡਲ ਜਿੱਤ ਕੇ ਆਪਣੇ ਸਕੂਲ ਅਤੇ ਆਪਣੇ ਜ਼ਿਲ੍ਹਾ ਦਾ ਨਾਂਅ ਰੋਸ਼ਨ ਕੀਤਾ।ਉਸ ਦਾ ਸਕੂਲ ਪਹੁੰਚਣ 'ਤੇ ਪ੍ਰਿੰਸੀਪਲ ਸੋਮਪਾਲ, ਲੈਕਚਰਾਰ ਸੁਨੀਤਾ ਦੇਵੀ, ਲੈਕਚਰਾਰ ਕੁਲਵੀਰ ਸਿੰਘ, ਲੈਕਚਰਾਰ ਇੰਦਰਜੀਤ ਕੌਰ, ਰਵੀ ਆਰਤੀ, ਲੈਕਚਰਾਰ ਤਜਿੰਦਰ ਪਾਲ ਕੌਰ, ਲੈਕਚਰਾਰ ਰਜਨੀ ਬਾਲਾ, ਕਲਾਸ ਇੰਚਾਰਜ ਊਸ਼ਾ ਕਿਰਨ, ਵਰਿੰਦਰ ਕੁਮਾਰ, ਰਮਨਜੀਤ ਸਿੰਘ, ਸ਼ਿਵ ਕੁਮਾਰੀ, ਗੁਰਜੀਤ ਕੌਰ, ਬਲਵਿੰਦਰ ਕੌਰ (ਪੀ. ਟੀ. ਆਈ), ਏਕਤਾ ਸ਼ਰਮਾ, ਅੰਜੂ ਕਾਲੀਆ, ਸੰਦੀਪ ਕੌਰ, ਮੁਕਤਾ ਸੈਣੀ, ਮਨਜੋਤ ਕੌਰ, ਅੰਮ੍ਰਿਤਸਰ ਜੋਤੀ, ਹਰਜੀਤ ਸਿੰਘ, ਸੁਰਿੰਦਰ ਕੁਮਾਰ, ਗੋਪਾਲ ਸਿੰਘ, ਰਜੇਸ਼ ਕੁਮਾਰ, ਨਰਿੰਦਰ ਪਾਲ ਸਿੰਘ, ਨਰੇਸ਼ ਕੁਮਾਰ ਨੇ ਸਨਮਾਨ ਕੀਤਾ।

# ਲਿਟਲ ਕਿੰਗਡਮ ਇੰਟਰਨੈਸ਼ਨਲ ਸਕੂਲ ਦੇ ਇਨਾਮ ਵੰਡ ਸਮਾਰੋਹ ਦੀਆਂ ਤਿਆਰੀਆਂ ਮੁਕੰਮਲ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)**-ਲਿਟਲ ਕਿੰਗਡਮ ਇੰਟਰਨੈਸ਼ਨਲ ਸਕੂਲ ਅਹੀਆਪੁਰ ਵਿਖੇ 17 ਦਸੰਬਰ ਨੂੰ ਕਰਵਾਏ ਜਾ ਰਹੇ ਸਾਲਾਨਾ ਇਨਾਮ ਵੰਡ ਸਮਾਰੋਹ ਦੀਆਂ ਤਿਆਰੀਆਂ ਸੰਬੰਧੀ ਵਿਚਾਰ ਵਟਾਂਦਰਾ ਕਰਨ ਲਈ ਸਕੂਲ ਪ੍ਰਿੰਸੀਪਲ ਮੀਤਾ ਆਨੰਦ ਦੀ ਅਗਵਾਈ 'ਚ ਇੱਕ ਮੀਟਿੰਗ ਦਾ ਆਯੋਜਨ ਕੀਤਾ ਗਿਆ ਜਿਸ 'ਚ ਸਮੂਹ ਸਕੂਲ ਸਟਾਫ ਤੋਂ ਇਲਾਵਾ ਸਕੂਲ ਦੇ ਡਾਇਰੈਕਟਰ ਹਿਮਾਂਸ਼ੂ ਵੈਦ ਆਸ਼ੂ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਡਾਇਰੈਕਟਰ ਹਿਮਾਂਸ਼ੂ ਵੈਦ ਆਸ਼ੂ ਨੇ ਕਿਹਾ ਕਿ 17 ਦਸੰਬਰ ਨੂੰ ਕਰਵਾਏ ਜਾ ਰਹੇ ਸਾਲਾਨਾ ਇਨਾਮ ਵੰਡ ਸਮਾਰੋਹ 'ਚ ਦਰਸ਼ਕਾਂ ਦਾ ਮਨੋਰੰਜਨ ਕਰਨ ਲਈ ਸਕੂਲ ਦੇ ਵਿਦਿਆਰਥੀਆਂ ਵੱਲੋਂ ਪੇਸ਼ ਕੀਤੇ ਜਾ ਰਹੇ ਗਿੱਦਾ, ਭੰਗੜਾ, ਗੀਤ ਸੰਗੀਤ ਅਤੇ ਸਕਿੱਟਾਂ ਤੋਂ ਇਲਾਵਾ ਵੱਖ-ਵੱਖ ਪਹਿਰਾਵੇ ਦੀਆਂ ਝਲਕੀਆਂ ਪੇਸ਼ ਕਰਨ ਦੀ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ।

ਉਨ੍ਹਾਂ ਕਿਹਾ ਕਿ ਇਸ ਸਮਾਰੋਹ ਦੀ ਕਾਮਯਾਬੀ ਲਈ ਸਕੂਲ ਦਾ ਸਾਰਾ ਸਟਾਫ ਤਹਿ ਦਿਲੋਂ ਮਿਹਨਤ ਕਰ ਰਿਹਾ ਹੈ। ਪ੍ਰਿੰਸੀਪਲ ਮੀਤਾ ਆਨੰਦ ਨੇ ਕਿਹਾ ਕਿ ਅਜੋਕੇ ਕੰਪੀਟੀਸ਼ਨ ਯੁੱਗ 'ਚ ਉਹ ਵਿਦਿਆਰਥੀ ਹੀ ਕਾਮਯਾਬੀ ਦੀਆਂ ਬੁਲੰਦੀਆਂ ਛੂਹ ਸਕਦੇ ਹਨ ਜਿਹੜੇ ਵਿਦਿਆਰਥੀ ਆਪਣੀ ਪੜ੍ਹਾਈ ਦੇ ਨਾਲ ਨਾਲ ਖੇਡਾਂ 'ਚ ਵੀ ਚੰਗੀਆਂ ਪੋਜੀਸ਼ਨਾਂ ਹਾਸਲ ਕਰਦੇ ਹਨ। ਉਨ੍ਹਾਂ ਕਿਹਾ ਕਿ ਸਮਾਰੋਹ ਦੇ ਆਖਰ ਵਿੱਚ ਇਲਾਕੇ ਦੀਆਂ ਉਘੀਆਂ ਸ਼ਖਸੀਅਤਾਂ ਪੜ੍ਹਾਈ ਅਤੇ ਖੇਡਾਂ 'ਚ ਚੰਗੀਆਂ ਪੋਜੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਸਨਮਾਨਿਤ ਕਰਨਗੀਆਂ। ਇਸ ਮੌਕੇ ਗਗਨਦੀਪ ਕੌਰ, ਰਾਧਾ ਭੱਲਾ, ਸੁਮਿਤਰੀ, ਮੀਨੂ ਕਟਿਆਲ, ਚਰਨਜੀਤ ਕੌਰ, ਸ਼ੀਤਲ ਕੌਰ, ਸਰਬਜੀਤ ਕੌਰ, ਤਲਵਿੰਦਰ ਸਿੰਘ, ਮਮਤਾ, ਨੀਨੂ ਵਾਲੀਆ, ਨਿਕਤਾ, ਸੰਜਨਾ ਅਤੇ ਹੋਰ ਹਾਜ਼ਰ ਸਨ।